ਮੰਗਲਵਾਰ, 14 ਜੁਲਾਈ, 2026
30 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 43

ਰੋਜ਼ਾਨਾ
# ਨਵਾਂ ਜ਼ਮਾਨਾ
DAILY NAWAN ZAMANA • TUESDAY, 14 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160
nawan zamana TV

ਕੀਮਤ/PRICE : 5.00 ਰੁਪਏ  Regd. No : L-4/Pb-JL-0023/2024-26, (R.N.I.)-00068/57  E-mail : nawanzamana@gmail.com  www.nawanzamana.in  ਸਫ਼ੇ : 12

# ਠੇਕੇਦਾਰੀ ਤੇ ਆਊਟਸੋਰਸਿੰਗ ਪ੍ਰਥਾ ਦਾ ਖ਼ਾਤਮਾ ਛੇਤੀ : ਮਾਨ

**ਮੁਹਾਲੀ (ਗੁਰਜੀਤ ਬਿੱਲਾ)**

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਸੋਮਵਾਰ ਇੱਥੇ ਵਿਕਾਸ ਭਵਨ ਵਿਖੇ ਜੰਗਲਾਤ ਵਿਭਾਗ ਦੇ 516 ਮੁਲਾਜ਼ਮਾਂ ਨੂੰ ਪੱਕੇ ਕਰਨ ਉਪਰੰਤ ਨਿਯੁਕਤੀ ਪੱਤਰ ਵੰਡੇ।

ਇਨ੍ਹਾਂ ਦਿਹਾੜੀਦਾਰ ਮੁਲਾਜ਼ਮਾਂ ਵਿੱਚ ਡਰਾਈਵਰ, ਬੇਲਦਾਰ ਅਤੇ ਹੋਰ ਮੁਲਾਜ਼ਮ ਸ਼ਾਮਲ ਹਨ, ਜਿਨ੍ਹਾਂ ਵਿੱਚੋਂ ਕਈ ਪਿਛਲੇ 20 ਤੋਂ 25 ਸਾਲਾਂ ਤੋਂ ਕੱਚੇ ਤੌਰ 'ਤੇ ਹੀ ਆਪਣੀਆਂ ਸੇਵਾਵਾਂ ਨਿਭਾ ਰਹੇ ਸਨ। ਪੱਕੇ ਕੀਤੇ ਗਏ ਮੁਲਾਜ਼ਮਾਂ ਵਿੱਚ 464 ਮਰਦ ਅਤੇ 52 ਮਹਿਲਾਵਾਂ ਸ਼ਾਮਲ ਹਨ। ਇਨ੍ਹਾਂ ਵਿੱਚੋਂ 9 ਮੁਲਾਜ਼ਮਾਂ ਨੂੰ ਉਮਰ ਵਿੱਚ ਛੋਟ, 439 ਮੁਲਾਜ਼ਮਾਂ ਨੂੰ ਪੜ੍ਹਾਈ ਵਿੱਚ ਛੋਟ ਅਤੇ 58 ਕਾਮਿਆਂ ਨੂੰ ਉਮਰ ਅਤੇ ਪੜ੍ਹਾਈ ਦੋਵਾਂ ਵਿੱਚ ਛੋਟ ਦੇ ਕੇ ਪੱਕੇ ਕਰਨ ਦੀ ਪ੍ਰਵਾਨਗੀ ਦਿੱਤੀ ਗਈ ਹੈ। ਇਹ ਪੱਕੇ ਕੀਤੇ ਗਏ ਕਾਮੇ ਪੰਜਾਬ ਦੇ 18 ਜ਼ਿਲ੍ਹਿਆਂ ਨਾਲ ਸੰਬੰਧਤ ਹਨ। ਕਾਮਿਆਂ ਨੂੰ ਨਿਯੁਕਤੀ ਪੱਤਰ ਵੰਡਣ ਉਪਰੰਤ ਇਕੱਠ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਭਗਵੰਤ ਮਾਨ ਨੇ ਸਾਰਿਆਂ ਨੂੰ ਪੱਕੇ ਹੋਣ ਦੀ ਵਧਾਈ ਦਿੱਤੀ। ਉਨ੍ਹਾ ਕਿਹਾ, 'ਮੇਰੇ ਦਸਤਖਤ ਹਮੇਸ਼ਾ ਪੰਜਾਬ ਦੇ ਭਲੇ ਲਈ ਹੁੰਦੇ ਹਨ।' ਉਨ੍ਹਾ ਐਲਾਨ ਕੀਤਾ ਕਿ ਪੰਜਾਬ ਵਿੱਚੋਂ ਜਲਦੀ ਹੀ ਠੇਕੇਦਾਰੀ ਅਤੇ ਆਊਟਸੋਰਸਿੰਗ ਪ੍ਰਥਾ ਖਤਮ ਕਰਕੇ ਸਾਰੇ ਮੁਲਾਜ਼ਮਾਂ ਨੂੰ ਸਰਕਾਰ ਦੇ ਅਧੀਨ ਲਿਆਂਦਾ ਜਾਵੇਗਾ, ਜਿਸ ਨਾਲ ਉਨ੍ਹਾਂ ਦੀ ਤਨਖਾਹ ਵਧੇਗੀ, ਛੁੱਟੀਆਂ ਮਿਲਿਆ ਕਰਨਗੀਆਂ ਅਤੇ ਨੌਕਰੀ ਛੁੱਟਣ ਦੀ ਅਸੁਰੱਖਿਆ ਮੁਕੰਮਲ ਤੌਰ 'ਤੇ ਖਤਮ ਹੋ ਜਾਵੇਗੀ। ਉਨ੍ਹਾ ਕਿਹਾ ਕਿ ਬਾਕੀ ਵਿਭਾਗਾਂ ਦੇ ਮੁਲਾਜ਼ਮਾਂ ਨੂੰ ਪੱਕੇ ਕਰਨ ਦੀ ਪ੍ਰਕਿਰਿਆ ਵੀ ਚੱਲ ਰਹੀ ਹੈ ਅਤੇ ਇਸ ਸੰਬੰਧੀ ਅਦਾਲਤੀ ਰੋਕਾਂ ਨੂੰ ਦੂਰ ਕੀਤਾ ਜਾ ਰਿਹਾ ਹੈ। ਮੁੱਖ ਮੰਤਰੀ ਨੇ ਇਹ ਵੀ ਦੱਸਿਆ ਕਿ ਜੰਗਲਾਤ ਵਿਭਾਗ ਵਿੱਚ ਚਿਰਾਂ ਤੋਂ ਰੁਕੀਆਂ ਹੋਈਆਂ 237 ਮੁਲਾਜ਼ਮਾਂ ਅਤੇ ਅਧਿਕਾਰੀਆਂ ਦੀਆਂ ਤਰੱਕੀਆਂ ਵੀ ਕਰ ਦਿੱਤੀਆਂ ਗਈਆਂ ਹਨ। ਮੁੱਖ ਮੰਤਰੀ ਨੇ ਪਿਛਲੀਆਂ ਸਰਕਾਰਾਂ 'ਤੇ ਵਰ੍ਹਦਿਆਂ ਕਿਹਾ ਕਿ ਇਹ ਕੰਮ ਪੰਦਰਾਂ-ਵੀਹ ਸਾਲ ਪਹਿਲਾਂ ਹੋ ਜਾਣਾ ਚਾਹੀਦਾ ਸੀ। ਉਨ੍ਹਾ ਕਿਹਾ ਕਿ ਪਿਛਲੀਆਂ ਸਰਕਾਰਾਂ ਨੇ ਲੋਕਾਂ ਅਤੇ ਮੁਲਾਜ਼ਮਾਂ ਦੀ ਬਜਾਏ ਸਿਰਫ ਆਪਣੇ ਅਤੇ ਆਪਣੇ ਪਰਵਾਰਾਂ ਵੱਲ ਵੇਖਿਆ ਤੇ ਲੋਕਾਂ ਨੂੰ ਕੁਝ ਨਹੀਂ ਸਮਝਿਆ। ਉਨ੍ਹਾ ਕਿਹਾ ਕਿ ਇਹੀ ਕਾਰਨ ਹੈ ਕਿ ਜਿਹੜੇ ਲੋਕ ਪਹਿਲਾਂ ਜਨਤਾ ਨੂੰ ਟਿੱਚ ਜਾਣਦੇ ਸਨ, ਅੱਜ ਲੋਕ ਉਨ੍ਹਾਂ ਨੂੰ ਟਿੱਚ ਜਾਣਦੇ ਹਨ ਅਤੇ ਉਹ ਹੁਣ ਰੁਲਦੇ ਫਿਰ ਰਹੇ ਹਨ।

## ਜੰਗਲਾਤ ਵਿਭਾਗ ਦੇ 516 ਕੱਚੇ ਕਾਮਿਆਂ ਨੂੰ ਪੱਕਾ ਕਰਨ ਦੇ ਸਰਟੀਫਿਕੇਟ ਤਕਸੀਮ




### ਡੇਢ ਕਰੋੜ ਬੂਟੇ ਲਾਏ ਜਾਣਗੇ

ਮੁੱਖ ਮੰਤਰੀ ਮਾਨ ਨੇ ਐਲਾਨ ਕੀਤਾ ਕਿ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਸੰਬੰਧੀ ਜੰਗਲਾਤ ਵਿਭਾਗ ਵੱਲੋਂ ਸੂਬੇ ਦੇ ਹਰ ਜ਼ਿਲ੍ਹੇ ਵਿੱਚ ਸਾਢੇ ਛੇ ਲੱਖ ਬੂਟੇ ਲਗਾਏ ਜਾਣਗੇ। ਉਨ੍ਹਾ ਕਿਹਾ ਕਿ ਸੂਬੇ ਵਿੱਚ ਕੁੱਲ ਡੇਢ ਕਰੋੜ ਬੂਟੇ ਲਗਾਏ ਜਾਣਗੇ, ਜਿਸ ਸੰਬੰਧੀ ਜਲਦੀ ਹੀ ਸਾਰੀ ਵਿਉਂਤਬੰਦੀ ਐਲਾਨੀ ਜਾਵੇਗੀ।

# ਜ਼ਮੀਨ ਦੇਣ ਵਾਲਿਆਂ ਨੂੰ ਟਿਊਬਵੈੱਲ ਕੁਨੈਕਸ਼ਨ ਮਿਲੇਗਾ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਸਰਕਾਰ ਨੇ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਨੂੰ ਕਾਮਯਾਬ ਕਰਨ ਲਈ ਕਿਸਾਨਾਂ ਨੂੰ ਟਿਊਬਵੈੱਲ ਕੁਨੈਕਸ਼ਨ ਦੇਣ ਦੀ ਪੇਸ਼ਕਸ਼ ਕੀਤੀ ਹੈ। ਪਹਿਲੀ ਜੁਲਾਈ 2026 ਨੂੰ ਪੰਜਾਬ ਕੈਬਨਿਟ ਨੇ ਜਿਸ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਨੂੰ ਪ੍ਰਵਾਨਗੀ ਦਿੱਤੀ ਸੀ, ਉਸ ਦਾ ਹੁਣ ਨੋਟੀਫਿਕੇਸ਼ਨ ਜਾਰੀ ਹੋ ਗਿਆ ਹੈ। ਨੋਟੀਫਿਕੇਸ਼ਨ ਮੁਤਾਬਕ ਜਿਨ੍ਹਾਂ ਕਿਸਾਨਾਂ ਦੀ ਜ਼ਮੀਨ ਲੈਂਡ ਪੂਲਿੰਗ ਨੀਤੀ ਤਹਿਤ ਐਕੁਆਇਰ ਹੋਵੇਗੀ, ਉਨ੍ਹਾਂ ਨੂੰ ਤਰਜੀਹੀ ਆਧਾਰ 'ਤੇ ਟਿਊਬਵੈੱਲ ਕੁਨੈਕਸ਼ਨ ਦਿੱਤਾ ਜਾਵੇਗਾ।

ਸਰਕਾਰ ਵੱਲੋਂ ਪਾਵਰਕੌਮ ਲਈ ਇਹ ਲਾਜ਼ਮੀ ਕਰਾਰ ਦਿੱਤਾ ਗਿਆ ਹੈ ਕਿ ਜਿਉਂ ਹੀ ਕਿਸਾਨ ਲੈਂਡ ਪੂਲਿੰਗ ਨੀਤੀ ਤਹਿਤ ਐਕੁਆਇਰ ਹੋਈ ਜ਼ਮੀਨ ਬਾਰੇ ਭੌਂ ਪ੍ਰਾਪਤੀ ਕਲੈਕਟਰ ਵੱਲੋਂ ਜਾਰੀ ਸਰਟੀਫਿਕੇਟ ਪਾਵਰਕੌਮ ਕੋਲ ਅਰਜ਼ੀ ਨਾਲ ਦੇਵੇਗਾ ਤਾਂ ਉਸ ਨੂੰ ਤੁਰੰਤ ਪਹਿਲ ਦੇ ਆਧਾਰ 'ਤੇ ਟਿਊਬਵੈੱਲ ਕੁਨੈਕਸ਼ਨ ਜਾਰੀ ਕੀਤਾ ਜਾਵੇ। ਇਹ ਕੁਨੈਕਸ਼ਨ ਲੈਣ ਦੀ ਮਿਆਦ ਵੀ ਚਾਰ ਸਾਲ ਤੱਕ ਦੀ ਰਹੇਗੀ। ਪੰਜਾਬ 'ਚ ਸਾਲ 2017-18 ਤੋਂ ਨਵੇਂ ਖੇਤੀ ਮੋਟਰਾਂ 'ਤੇ ਪਾਬੰਦੀ ਲੱਗੀ ਹੋਈ ਹੈ।

ਕਿਸਾਨਾਂ ਲਈ ਨਵਾਂ ਖੇਤੀ ਮੋਟਰ ਕੁਨੈਕਸ਼ਨ ਲੈਣਾ ਵੱਡੀ ਸਮੱਸਿਆ ਹੈ। ਜਦੋਂ ਹੁਣ ਸਰਕਾਰ ਨਹਿਰੀ ਪਾਣੀ ਦੀ ਵਰਤੋਂ ਨੂੰ ਹੁਲਾਰਾ ਦੇ ਰਹੀ ਹੈ ਤਾਂ ਠੀਕ ਉਸ ਸਮੇਂ ਹੀ ਨਵੇਂ ਖੇਤੀ ਕੁਨੈਕਸ਼ਨਾਂ ਦਾ ਰਾਹ ਵੀ ਖੋਲ੍ਹ ਦਿੱਤਾ ਗਿਆ ਹੈ। 2017 ਦੀਆਂ ਵਿਧਾਨ ਸਭਾ ਚੋਣਾਂ ਲਈ ਚੋਣ ਜ਼ਾਬਤਾ ਲੱਗਣ ਤੋਂ ਪਹਿਲਾਂ ਤੱਤਕਾਲੀ ਅਕਾਲੀ-ਭਾਜਪਾ ਗੱਠਜੋੜ ਸਰਕਾਰ ਨੇ ਕਰੀਬ 32 ਹਜ਼ਾਰ ਟਿਊਬਵੈੱਲ ਕੁਨੈਕਸ਼ਨ ਚੇਅਰਮੈਨੀ ਕੋਟੇ ਵਾਲੇ ਵੰਡੇ ਸਨ। ਉਸ ਮਗਰੋਂ ਬਣੀ ਕਾਂਗਰਸ ਸਰਕਾਰ ਨੇ ਇਨ੍ਹਾਂ 32 ਹਜ਼ਾਰ ਕੁਨੈਕਸ਼ਨਾਂ 'ਚੋਂ ਸਿਰਫ 7 ਹਜ਼ਾਰ ਕੁਨੈਕਸ਼ਨਾਂ ਨੂੰ ਹੀ ਪ੍ਰਵਾਨਗੀ ਦਿੱਤੀ ਸੀ, ਕਿਉਂਕਿ ਬਾਕੀ 25 ਹਜ਼ਾਰ ਕੁਨੈਕਸ਼ਨਾਂ ਦੀ ਪ੍ਰੋਸੈਸਿੰਗ ਫੀਸ ਨਹੀਂ ਭਰੀ ਗਈ ਸੀ। ਕੌਮੀ ਗਰੀਨ ਟ੍ਰਿਬਿਊਨਲ ਵੱਲੋਂ ਨਵੇਂ ਖੇਤੀ ਟਿਊਬਵੈੱਲਾਂ 'ਤੇ ਪਾਬੰਦੀ ਲਗਾਈ ਹੋਈ ਹੈ। ਹੁਣ ਸੂਬਾ ਸਰਕਾਰ ਨੇ ਨਵਾਂ ਪੈਂਤੜਾ ਲਿਆ ਹੈ ਤਾਂ ਜੋ ਲੈਂਡ ਪੂਲਿੰਗ ਨੀਤੀ ਨੂੰ ਅਪਣਾਉਣ ਲਈ ਕਿਸਾਨ ਤਰਜੀਹ ਦੇਣ। ਲੈਂਡ ਪੂਲਿੰਗ ਨੀਤੀ ਤਹਿਤ ਜ਼ਮੀਨ ਦੇਣ ਵਾਲੇ ਕਿਸਾਨਾਂ ਨੂੰ ਹੋਰਨਾਂ ਵਪਾਰਕ ਲਾਭਾਂ ਤੋਂ ਇਲਾਵਾ ਸਟੈਂਪ ਡਿਊਟੀ ਤੋਂ ਵੀ ਛੋਟ ਦਿੱਤੀ ਜਾਵੇਗੀ। ਜੇ ਕਿਸਾਨ ਜ਼ਮੀਨ ਐਕੁਆਇਰ ਹੋਣ ਮਗਰੋਂ ਪੰਜਾਬ 'ਚ ਕਿਤੇ ਹੋਰ ਨਵੀਂ ਜ਼ਮੀਨ ਖਰੀਦਦਾ ਹੈ ਤਾਂ ਉਸ ਨੂੰ ਨਵੀਂ ਜ਼ਮੀਨ ਖਰੀਦਣ ਲਈ ਸਟੈਂਪ ਡਿਊਟੀ ਨਹੀਂ ਦੇਣੀ ਪਵੇਗੀ।

'ਆਪ' ਸਰਕਾਰ ਨੇ 14 ਮਈ 2025 ਨੂੰ ਲੈਂਡ ਪੂਲਿੰਗ ਨੀਤੀ ਐਲਾਨੀ ਸੀ, ਜਿਸ ਦਾ ਪੰਜਾਬ 'ਚ ਕਿਸਾਨਾਂ ਨੇ ਵੱਡਾ ਵਿਰੋਧ ਕੀਤਾ ਸੀ। ਉਸ ਤੋਂ ਬਾਅਦ ਸਰਕਾਰ ਨੇ ਪਹਿਲਾਂ ਚਾਰ ਜੂਨ ਅਤੇ ਫਿਰ 25 ਜੁਲਾਈ 2025 ਨੂੰ ਸੋਧਾਂ ਵੀ ਕੀਤੀਆਂ ਸਨ। ਕਿਸਾਨਾਂ ਦੇ ਨਾ ਮੰਨਣ 'ਤੇ 11 ਅਗਸਤ 2025 ਨੂੰ ਲੈਂਡ ਪੂਲਿੰਗ ਨੀਤੀ ਵਾਪਸ ਲੈ ਲਈ ਸੀ। ਹੁਣ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਨੂੰ ਪਹਿਲੀ ਜੁਲਾਈ ਨੂੰ ਪ੍ਰਵਾਨ ਕੀਤਾ ਗਿਆ ਹੈ।

# ਨਿੱਜੀ ਸਕੂਲਾਂ 'ਚ ਫੀਸਾਂ 'ਚ 5 ਫੀਸਦੀ ਤੱਕ ਵਾਧੇ ਦੀ ਹੱਦ ਤੈਅ

## ਰਾਜਪਾਲ ਵੱਲੋਂ ਆਰਡੀਨੈਂਸ ਨੂੰ ਮਨਜ਼ੂਰੀ

**ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)**

ਪੰਜਾਬ ਵਿੱਚ ਗੈਰ-ਸਹਾਇਤਾ ਪ੍ਰਾਪਤ ਪ੍ਰਾਈਵੇਟ ਸਕੂਲਾਂ ਵੱਲੋਂ ਕੀਤੀ ਜਾਂਦੀ ਲੁੱਟ 'ਤੇ ਨੱਥ ਪਾਉਣ ਲਈ ਪੰਜਾਬ ਸਰਕਾਰ ਦੇ ਵਿਸ਼ੇਸ਼ ਆਰਡੀਨੈਂਸ ਨੂੰ ਰਾਜਪਾਲ ਗੁਲਾਬ ਚੰਦ ਕਟਾਰੀਆ ਨੇ ਪ੍ਰਵਾਨਗੀ ਦੇ ਦਿੱਤੀ ਹੈ। ਰਾਜਪਾਲ ਦੀ ਮਨਜ਼ੂਰੀ ਮਿਲਣ ਨਾਲ ਹੁਣ ਇਹ ਫੀਸ ਨਿਯੰਤਰਣ ਪ੍ਰਣਾਲੀ ਪੂਰੇ ਸੂਬੇ ਵਿੱਚ ਕਾਨੂੰਨੀ ਤੌਰ 'ਤੇ ਲਾਗੂ ਹੋ ਗਈ ਹੈ, ਜਿਸ ਤਹਿਤ ਕੋਈ ਵੀ ਪ੍ਰਾਈਵੇਟ ਸਕੂਲ ਸਾਲਾਨਾ ਫੀਸ ਵਿੱਚ ਪੰਜ ਫੀਸਦੀ ਤੋਂ ਜ਼ਿਆਦਾ ਵਾਧਾ ਨਹੀਂ ਕਰ ਸਕੇਗਾ।

ਮੁੱਖ ਮੰਤਰੀ ਭਗਵੰਤ ਮਾਨ ਨੇ ਰਾਜਪਾਲ ਗੁਲਾਬ ਚੰਦ ਕਟਾਰੀਆ ਦਾ ਧੰਨਵਾਦ ਕਰਦਿਆਂ ਆਪਣੇ ਸੋਸ਼ਲ ਮੀਡੀਆ ਪਲੇਟਫਾਰਮ ਐਕਸ 'ਤੇ ਲਿਖਿਆ, "ਮਾਣਯੋਗ ਗਵਰਨਰ ਸਾਹਿਬ ਦਾ ਤਹਿ ਦਿਲੋਂ ਧੰਨਵਾਦ ਜਿਨ੍ਹਾ ਨੇ ਪੰਜਾਬ ਦੇ ਬੱਚਿਆਂ ਅਤੇ ਮਾਪਿਆਂ ਦੇ ਹੱਕ ਵਿੱਚ ਲਏ ਸਾਡੇ ਵੱਡੇ ਫੈਸਲੇ 'ਤੇ ਮੋਹਰ ਲਗਾ ਦਿੱਤੀ ਹੈ। ਪ੍ਰਾਈਵੇਟ ਸਕੂਲਾਂ ਦੀਆਂ ਫੀਸਾਂ ਦੀ ਲੁੱਟ ਨੂੰ ਨੱਥ ਪਾਉਣ ਲਈ ਸਾਡੀ ਸਰਕਾਰ ਵੱਲੋਂ ਲਿਆਂਦੇ ਗਏ ਆਰਡੀਨੈਂਸ 'ਤੇ ਗਵਰਨਰ ਸਾਹਿਬ ਨੇ ਸਾਈਨ ਕਰ ਦਿੱਤੇ ਹਨ। ਇਸ ਆਰਡੀਨੈਂਸ ਦੇ ਲਾਗੂ ਹੋਣ ਨਾਲ ਹੁਣ ਕੋਈ ਵੀ ਪ੍ਰਾਈਵੇਟ ਸਕੂਲ ਆਪਣੀ ਮਰਜ਼ੀ ਨਾਲ 5 ਫੀਸਦੀ ਤੋਂ ਵੱਧ ਫੀਸ ਨਹੀਂ ਵਧਾ ਸਕੇਗਾ। ਸਾਡੀ ਸਰਕਾਰ ਸਿੱਖਿਆ ਨੂੰ ਵਪਾਰ ਨਹੀਂ ਬਣਨ ਦੇਵੇਗੀ ਅਤੇ ਆਮ ਲੋਕਾਂ ਦੀ ਜੇਬ 'ਤੇ ਪੈਂਦੇ ਵਾਧੂ ਬੋਝ ਨੂੰ ਘਟਾਉਣ ਲਈ ਅਸੀਂ ਪੂਰੀ ਤਰ੍ਹਾਂ ਵਚਨਬੱਧ ਹਾਂ।"

ਪੰਜਾਬ ਕੈਬਨਿਟ ਮੀਟਿੰਗ ਵਿੱਚ 'ਪੰਜਾਬ ਰੈਗੂਲੇਸ਼ਨ ਆਫ ਫੀਸ ਆਫ ਅਨ-ਏਡਿਡ ਐਜੂਕੇਸ਼ਨਲ ਇੰਸਟੀਚਿਊਸ਼ਨਜ਼ (ਸੋਧ) ਆਰਡੀਨੈਂਸ-2026' ਲਿਆਉਣ ਨੂੰ ਪ੍ਰਵਾਨਗੀ ਦਿੱਤੀ ਗਈ ਸੀ। ਸਰਕਾਰ ਨੇ ਇਹ ਕਦਮ ਅੰਮ੍ਰਿਤਸਰ ਵਿੱਚ ਫੀਸਾਂ ਦੇ ਬੇਲੋੜੇ ਦਬਾਅ ਕਾਰਨ ਇੱਕ 17 ਸਾਲਾ ਵਿਦਿਆਰਥਣ ਵੱਲੋਂ ਖ਼ੁਦਕੁਸ਼ੀ ਕਰਨ ਦੀ ਵਾਪਰੀ ਮੰਦਭਾਗੀ ਘਟਨਾ ਤੋਂ ਬਾਅਦ ਚੁੱਕਿਆ ਸੀ।

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਨੇ ਦੱਸਿਆ ਕਿ ਰਾਜਪਾਲ ਵੱਲੋਂ ਪ੍ਰਵਾਨਤ ਇਸ ਨਵੀਂ ਵਿਵਸਥਾ ਤਹਿਤ ਜੇ ਕਿਸੇ ਸਕੂਲ ਨੇ 5 ਫੀਸਦੀ ਤੋਂ ਵੱਧ ਫੀਸ ਵਧਾਉਣੀ ਹੈ, ਤਾਂ ਉਸ ਨੂੰ ਰੈਗੂਲੇਟਰੀ ਬਾਡੀ ਤੋਂ ਅਗਾਊਂ ਮਨਜ਼ੂਰੀ ਲੈਣੀ ਹੋਵੇਗੀ, ਜੋ ਸਕੂਲ ਦਾ ਵਿੱਤੀ ਆਡਿਟ ਕਰੇਗੀ। ਇਸ ਦੇ ਨਾਲ ਹੀ ਜਿਨ੍ਹਾਂ ਸਕੂਲਾਂ ਨੇ ਪਿਛਲੇ ਤਿੰਨ ਸਾਲਾਂ ਦੌਰਾਨ ਵਾਧੂ ਫੀਸਾਂ ਵਸੂਲੀਆਂ ਹਨ, ਉਨ੍ਹਾਂ ਦਾ ਰਿਕਾਰਡ ਸੀਜ਼ ਕਰਕੇ ਮਾਪਿਆਂ ਨੂੰ ਪੈਸੇ ਰਿਫੰਡ ਕੀਤੇ ਜਾਣਗੇ। ਆਗਾਮੀ ਵਿਧਾਨ ਸਭਾ ਸੈਸ਼ਨ ਵਿੱਚ ਇਸ ਆਰਡੀਨੈਂਸ ਦੀ ਥਾਂ ਪੱਕਾ ਬਿੱਲ ਲਿਆਂਦਾ ਜਾਵੇਗਾ।

# ਵਾਂਗਚੁਕ ਦੀ ਹਾਲਤ ਵਿਗੜੀ, ਠਾਕਰੇ ਵੱਲੋਂ ਅੰਦੋਲਨ ਦੀ ਹਮਾਇਤ

**ਨਵੀਂ ਦਿੱਲੀ (ਨ ਜ਼ ਸ)**

ਜੰਤਰ-ਮੰਤਰ 'ਤੇ ਅਣਮਿੱਥੇ ਸਮੇਂ ਦੀ ਭੁੱਖ ਹੜਤਾਲ 'ਤੇ ਚੱਲ ਰਹੇ ਜਲਵਾਯੂ ਕਾਰਕੁਨ ਸੋਨਮ ਵਾਂਗਚੁੱਕ ਦਾ ਭਾਰ 8.2 ਕਿੱਲੋ ਅਤੇ ਬਲੱਡ ਗਲੂਕੋਜ਼ ਦਾ ਪੱਧਰ 67 ਮਿਲੀਗ੍ਰਾਮ/ ਡੀ ਐੱਲ ਤੱਕ ਘਟ ਗਿਆ ਹੈ। ਭੁੱਖ ਹੜਤਾਲ ਦੇ ਸੋਮਵਾਰ 16ਵੇਂ ਦਿਨ ਵਿੱਚ ਦਾਖਲ ਹੋਣ ਦੇ ਨਾਲ ਵਾਂਗਚੁਕ ਦੀ ਸਿਹਤ ਹੋਰ ਵੀ ਵਿਗੜ ਗਈ ਹੈ। ਉਨ੍ਹਾ ਦਾ ਬਲੱਡ ਪ੍ਰੈਸ਼ਰ 107/70 ਮਿਲੀਮੀਟਰ ਐੱਚ ਜੀ ਦਰਜ ਕੀਤਾ ਗਿਆ।



ਇਸੇ ਦੌਰਾਨ ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਬਾਨੀ ਅਭਿਜੀਤ ਦੀਪਕੇ ਨੇ ਕਿਹਾ ਹੈ, 'ਮੈਂ ਕੇਂਦਰ ਸਰਕਾਰ ਨੂੰ ਬੇਨਤੀ ਕਰਦਾ ਹਾਂ ਕਿ ਉਹ ਮੁੱਦੇ ਨੂੰ ਹੰਕਾਰ ਦੀ ਲੜਾਈ ਵਿੱਚ ਨਾ ਬਦਲੇ, ਕਿਉਂਕਿ ਇੱਥੇ ਮਨੁੱਖੀ ਜਾਨਾਂ ਦਾਅ 'ਤੇ ਲੱਗੀਆਂ ਹਨ। ਗਲਤੀ ਸਵੀਕਾਰ ਕਰਨਾ ਕਮਜ਼ੋਰੀ ਦੀ ਨਿਸ਼ਾਨੀ ਨਹੀਂ। ਇਹ ਪਰਪੱਕਤਾ, ਜਵਾਬਦੇਹੀ ਅਤੇ ਰਾਹ ਸੁਧਾਰਨ ਦੀ ਇੱਛਾ ਦੀ ਨਿਸ਼ਾਨੀ ਹੈ। ਅਸੀਂ ਸਿਰਫ ਜਵਾਬਦੇਹੀ ਦੀ ਮੰਗ ਕਰ ਰਹੇ ਹਾਂ।'

ਉਧਰ ਸ਼ਿਵ ਸੈਨਾ (ਯੂ ਬੀ ਟੀ) ਦੇ ਮੁਖੀ ਊਧਵ ਠਾਕਰੇ ਨੇ ਵਾਂਗਚੁਕ ਦੀ ਹਮਾਇਤ ਕਰਦਿਆਂ ਕਿਹਾ ਕਿ ਉਹ ਜੰਤਰ-ਮੰਤਰ ਜਾਣਗੇ। ਮੁੰਬਈ ਵਿੱਚ ਪ੍ਰੈੱਸ ਕਾਨਫਰੰਸ 'ਚ ਠਾਕਰੇ ਨੇ ਕਿਹਾ, 'ਮੈਂ ਵੀ 20 ਜੁਲਾਈ ਨੂੰ ਜਾਵਾਂਗਾ। ਰਾਹੁਲ ਗਾਂਧੀ ਜੀ ਨੂੰ ਵੀ ਜਾਣਾ ਚਾਹੀਦਾ ਹੈ। ਜਿਨ੍ਹਾਂ ਨੂੰ ਦੇਸ਼ ਦੇ ਨੌਜਵਾਨਾਂ 'ਤੇ ਵਿਸ਼ਵਾਸ ਹੈ, ਉਨ੍ਹਾਂ ਸਾਰਿਆਂ ਨੂੰ ਜਾਣਾ ਚਾਹੀਦਾ ਹੈ। ਪੂਰੇ ਦੇਸ਼ ਦੇ ਲੋਕਾਂ ਨੂੰ ਸੜਕਾਂ 'ਤੇ ਆਉਣਾ ਚਾਹੀਦਾ ਹੈ ਅਤੇ ਉਨ੍ਹਾਂ ਦਾ ਸਮਰਥਨ ਕਰਨਾ ਚਾਹੀਦਾ ਹੈ।'

ਪੇਪਰ ਲੀਕ ਵਰਗੀਆਂ ਵੱਖ-ਵੱਖ ਪ੍ਰੀਖਿਆ ਬੇਨੇਮੀਆਂ ਕਾਰਨ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦੇ ਅਸਤੀਫੇ ਦੀ ਮੰਗ ਲਈ ਕੀਤੇ ਜਾ ਰਹੇ ਅੰਦੋਲਨ ਤਹਿਤ 20 ਜੁਲਾਈ ਨੂੰ ਸੰਸਦ ਵੱਲ ਮਾਰਚ ਕੀਤਾ ਜਾਣਾ ਹੈ। ਸੀ ਪੀ ਆਈ, ਆਮ ਆਦਮੀ ਪਾਰਟੀ, ਤ੍ਰਿਣਮੂਲ ਕਾਂਗਰਸ ਅਤੇ ਹੋਰ ਪਾਰਟੀਆਂ ਦੇ ਆਗੂਆਂ ਨੇ ਜਾਂ ਤਾਂ ਆਪਣੀ ਏਕਤਾ ਪ੍ਰਗਟ ਕੀਤੀ ਹੈ ਜਾਂ ਜੰਤਰ-ਮੰਤਰ ਵਿਖੇ ਵਿਰੋਧ ਪ੍ਰਦਰਸ਼ਨ ਵਾਲੀ ਥਾਂ ਦਾ ਦੌਰਾ ਕੀਤਾ ਹੈ। ਕਾਂਗਰਸ ਨੇ ਅਜੇ ਤੱਕ ਜਨਤਕ ਤੌਰ 'ਤੇ ਆਪਣੇ ਸਮਰਥਨ ਦਾ ਐਲਾਨ ਨਹੀਂ ਕੀਤਾ, ਹਾਲਾਂਕਿ ਇਹ ਕਈ ਮਹੀਨਿਆਂ ਤੋਂ ਇਹੀ ਮੁੱਦਾ ਚੁੱਕ ਰਹੀ ਹੈ।

## ਸਕੂਲ, ਸਟੇਸ਼ਨ ਉਡਾਉਣ ਦੀ ਧਮਕੀ

**ਚੰਡੀਗੜ੍ਹ (ਨ ਜ਼ ਸ) :** ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ ਚੰਡੀਗੜ੍ਹ ਤੇ ਪੰਜਾਬ ਦੌਰੇ ਤੋਂ ਠੀਕ ਪਹਿਲਾਂ ਸਕੂਲਾਂ ਨੂੰ ਧਮਕੀ ਭਰੀ ਈ-ਮੇਲ ਮਿਲੀ ਹੈ, ਜਿਸ ਵਿੱਚ 17 ਜੁਲਾਈ ਨੂੰ ਚੰਡੀਗੜ੍ਹ ਤੇ ਜਲੰਧਰ ਵਿੱਚ ਬੰਬ ਧਮਾਕੇ ਕਰਨ ਦਾ ਦਾਅਵਾ ਕੀਤਾ ਗਿਆ ਹੈ। ਇਸ ਦੇ ਨਾਲ ਹੀ ਰੇਲਵੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਜਾਨੋਂ ਮਾਰਨ ਦੀ ਧਮਕੀ ਵੀ ਦਿੱਤੀ ਗਈ ਹੈ। ਮੁਹਾਲੀ ਤੇ ਚੰਡੀਗੜ੍ਹ ਦੇ ਕਈ ਸਕੂਲਾਂ ਨੂੰ ਭੇਜੀ ਗਈ ਇਸ ਈ-ਮੇਲ ਵਿੱਚ ਲਿਖਿਆ ਗਿਆ ਹੈ ਕਿ 17 ਜੁਲਾਈ ਨੂੰ ਸਥਾਨਕ ਸਕੂਲਾਂ, ਮੁਹਾਲੀ ਮੇਅਰ ਦੇ ਦਫਤਰ ਅਤੇ ਜਲੰਧਰ-ਚੰਡੀਗੜ੍ਹ ਰੇਲਵੇ ਸਟੇਸ਼ਨਾਂ 'ਤੇ ਆਈ ਈ ਡੀ ਧਮਾਕੇ ਕੀਤੇ ਜਾਣਗੇ।

## ਪ੍ਰਮੋਦ ਨੌਟਿਆਲ ਗ੍ਰਿਫਤਾਰ

**ਦੇਹਰਾਦੂਨ :** ਉੱਤਰਾਖੰਡ ਪੁਲਸ ਨੇ ਬਦਰੀਨਾਥ ਮੰਦਰ ਵਿੱਚ ਚੜ੍ਹਾਈ ਜਾਣ ਵਾਲੀ ਦਾਨ ਰਾਸ਼ੀ ਦੇ ਪ੍ਰਬੰਧਨ ਵਿੱਚ ਕਥਿਤ ਗੜਬੜੀਆਂ ਦੇ ਮੁੱਖ ਮੁਲਜ਼ਮ ਪ੍ਰਮੋਦ ਨੌਟਿਆਲ ਨੂੰ ਗ੍ਰਿਫਤਾਰ ਕਰ ਲਿਆ ਹੈ। ਚਮੋਲੀ ਦੇ ਐੱਸ ਐੱਸ ਪੀ ਸੁਰਜੀਤ ਸਿੰਘ ਪੰਵਾਰ ਨੇ ਸੋਮਵਾਰ ਦੱਸਿਆ ਕਿ ਨੌਟਿਆਲ 'ਸ੍ਰੀ ਬਦਰੀਨਾਥ-ਕੇਦਾਰਨਾਥ ਮੰਦਰ ਕਮੇਟੀ' ਦਾ ਮੁਅੱਤਲ ਕਰਮਚਾਰੀ ਹੈ। ਉਹ ਕਮੇਟੀ ਦੇ ਚੇਅਰਮੈਨ ਦੇ ਨਿੱਜੀ ਸਹਾਇਕ ਵਜੋਂ ਸੇਵਾਵਾਂ ਨਿਭਾਅ ਰਿਹਾ ਸੀ।

## ਪੱਬ 'ਚ ਅੱਗ, 27 ਮੌਤਾਂ

**ਬੈਂਕਾਕ :** ਥਾਈਲੈਂਡ ਦੀ ਰਾਜਧਾਨੀ ਬੈਂਕਾਕ ਦੇ ਉੱਤਰੀ ਹਿੱਸੇ 'ਚ ਇੱਕ ਪੱਬ ਵਿੱਚ ਸੋਮਵਾਰ ਤੜਕੇ ਲੱਗੀ ਅੱਗ ਕਾਰਨ 27 ਜਣਿਆਂ ਦੀ ਮੌਤ ਹੋ ਗਈ। ਹਾਦਸੇ ਤੋਂ ਬਾਅਦ ਸਾਹਮਣੇ ਆਈਆਂ ਤਸਵੀਰਾਂ ਵਿੱਚ ਪੱਬ ਦੇ ਅੰਦਰ ਸੜ ਚੁੱਕੀਆਂ ਕੁਰਸੀਆਂ, ਮੇਜ਼ ਅਤੇ ਬੁਰੀ ਤਰ੍ਹਾਂ ਨੁਕਸਾਨਿਆ ਅੰਦਰੂਨੀ ਹਿੱਸਾ ਦਿਖਾਈ ਦੇ ਰਿਹਾ ਹੈ।

## ਟੈਂਟ ਸਿਟੀ 'ਚ ਅੱਗ ਨਾਲ 13 ਟੈਂਟ ਸੜੇ

**ਸ੍ਰੀ ਆਨੰਦਪੁਰ ਸਾਹਿਬ :** 'ਮੁੱਖ ਮੰਤਰੀ ਤੀਰਥ ਯਾਤਰਾ ਸਕੀਮ' ਤਹਿਤ ਸ੍ਰੀ ਆਨੰਦਪੁਰ ਸਾਹਿਬ ਆਉਣ ਵਾਲੇ ਸ਼ਰਧਾਲੂਆਂ ਲਈ ਅਗੰਮਪੁਰ ਸਥਿਤ ਸਰਕਾਰੀ ਆਈ ਟੀ ਆਈ ਦੇ ਪਿਛਲੇ ਪਾਸੇ ਬਣਾਈ ਗਈ ਟੈਂਟ ਸਿਟੀ ਵਿੱਚ ਅਚਾਨਕ ਅੱਗ ਲੱਗਣ ਕਾਰਨ 13 ਟੈਂਟ ਸੜ ਕੇ ਸੁਆਹ ਹੋ ਗਏ। ਘਟਨਾ ਵੇਲੇ ਟੈਂਟਾਂ ਵਿੱਚ ਠਹਿਰੇ ਸ਼ਰਧਾਲੂ ਗੁਰਧਾਮਾਂ ਦੇ ਦਰਸ਼ਨਾਂ ਲਈ ਜਾ ਚੁੱਕੇ ਸਨ, ਜਿਸ ਕਾਰਨ ਜਾਨੀ ਨੁਕਸਾਨ ਹੋਣ ਤੋਂ ਬਚ ਗਿਆ। ਹਾਲਾਂਕਿ ਟੈਂਟਾਂ ਅਤੇ ਹੋਰ ਸਾਮਾਨ ਦਾ ਵੱਡਾ ਨੁਕਸਾਨ ਹੋਇਆ ਹੈ।

# ਮੁਕਤ ਵਪਾਰ ਸਮਝੌਤਿਆਂ ਖਿਲਾਫ ਕਿਸਾਨਾਂ ਦਾ ਚੰਡੀਗੜ੍ਹ 'ਚ ਮਾਰਚ

**ਚੰਡੀਗੜ੍ਹ (ਨ ਜ਼ ਸ)**



ਭਾਰਤੀ ਕਿਸਾਨ ਯੂਨੀਅਨ (ਰਾਜੇਵਾਲ) ਦੇ ਪ੍ਰਧਾਨ ਬਲਬੀਰ ਸਿੰਘ ਰਾਜੇਵਾਲ ਦੀ ਅਗਵਾਈ ਹੇਠ ਵੱਡੀ ਗਿਣਤੀ ਕਿਸਾਨਾਂ ਵੱਲੋਂ ਸੋਮਵਾਰ ਮੁਹਾਲੀ ਤੋਂ ਵਿਸ਼ਾਲ ਮੋਟਰਸਾਈਕਲ ਮਾਰਚ ਚੰਡੀਗੜ੍ਹ ਦੇ ਸੈਕਟਰ 34 ਤੱਕ ਕੱਢਿਆ ਗਿਆ। ਉੱਥੇ ਰਾਜੇਵਾਲ ਸਣੇ ਸਮੁੱਚੀ ਲੀਡਰਸ਼ਿਪ ਨੇ ਪੰਜਾਬ ਦੇ ਪਾਣੀਆਂ, ਲੈਂਡ ਪੂਲਿੰਗ ਨੀਤੀ, ਭਾਰਤ-ਅਮਰੀਕਾ ਵਿਚਕਾਰ ਹੋਣ ਵਾਲੇ ਕਰ-ਮੁਕਤ ਵਪਾਰ ਸਮਝੌਤੇ ਅਤੇ ਹੋਰਨਾਂ ਕਿਸਾਨੀ ਮੰਗਾਂ ਨੂੰ ਉਭਾਰਿਆ। ਕਿਸਾਨ ਆਗੂਆਂ ਨੇ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅਤੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਨਾਂਅ ਪ੍ਰਸ਼ਾਸਨਿਕ ਅਧਿਕਾਰੀਆਂ ਨੂੰ ਮੰਗ ਪੱਤਰ ਸੌਂਪੇ। ਕਿਸਾਨਾਂ ਨੇ ਕੇਂਦਰ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇ ਸਰਕਾਰ ਨੇ ਬਾਹਰਲੇ ਦੇਸ਼ਾਂ ਨਾਲ ਵਪਾਰਕ ਸਮਝੌਤੇ ਕੀਤੇ ਤਾਂ ਕਿਸਾਨਾਂ ਵੱਲੋਂ ਤਿੱਖਾ ਦੇਸ਼ ਪੱਧਰੀ ਅੰਦੋਲਨ ਵਿੱਢਿਆ ਜਾਵੇਗਾ। ਮੁੱਖ ਮੰਤਰੀ ਮਾਨ ਨੂੰ ਸੌਂਪੇ ਗਏ ਮੰਗ ਪੱਤਰ ਵਿੱਚ ਪੰਜਾਬ ਨਾਲ ਸੰਬੰਧਤ 20 ਅਹਿਮ ਮੁੱਦਿਆਂ ਨੂੰ ਉਭਾਰਿਆ ਗਿਆ ਹੈ। ਦੂਜੇ ਪਾਸੇ, ਪ੍ਰਧਾਨ ਮੰਤਰੀ ਮੋਦੀ ਦੇ ਨਾਂਅ ਭੇਜੇ ਗਏ ਮੰਗ ਪੱਤਰ ਵਿੱਚ ਕੇਂਦਰ ਸਰਕਾਰ ਨਾਲ ਸੰਬੰਧਤ 12 ਪ੍ਰਮੁੱਖ ਮੁੱਦਿਆਂ ਨੂੰ ਜ਼ੋਰ-ਸ਼ੋਰ ਨਾਲ ਉਠਾਇਆ ਗਿਆ ਹੈ।

ਕਿਸਾਨਾਂ ਦੇ ਕਾਫਲਿਆਂ ਦੇ ਚੰਡੀਗੜ੍ਹ ਵਿੱਚ ਦਾਖਲ ਹੋਣ ਨਾਲ ਪ੍ਰਮੁੱਖ ਸੜਕਾਂ 'ਤੇ ਸੈਂਕੜੇ ਵਾਹਨ ਜਾਮ ਵਿੱਚ ਫਸ ਗਏ। ਸਥਿਤੀ ਦੀ ਗੰਭੀਰਤਾ ਨੂੰ ਦੇਖਦੇ ਹੋਏ ਸੈਕਟਰ 34 ਦੇ ਪ੍ਰਦਰਸ਼ਨੀ ਮੈਦਾਨ ਅਤੇ ਵਪਾਰਕ ਕੇਂਦਰ (ਬਿਜ਼ਨੈੱਸ ਹੱਬ ਮਾਰਕੀਟ) ਦੇ ਆਲੇ-ਦੁਆਲੇ ਭਾਰੀ ਪੁਲਸ ਬਲ ਤਾਇਨਾਤ ਕੀਤਾ ਗਿਆ ਸੀ। ਸੈਕਟਰ 20-21/34-35 (ਪੁਰਾਣਾ ਲੇਬਰ ਚੌਕ) ਅਤੇ ਸੈਕਟਰ 34-35 ਦੇ ਚੌਕਾਂ 'ਤੇ ਭਾਰੀ ਬੈਰੀਕੇਡਿੰਗ ਕੀਤੀ ਗਈ ਸੀ। ਸੈਕਟਰ 33/34 ਨੂੰ ਵੰਡਦੀ ਸੜਕ 'ਤੇ ਵੀ ਸਖਤ ਪਹਿਰੇ ਲਾਏ ਗਏ।

# ਸੁਪਰੀਮ ਕੋਰਟ ਨੇ ਦਾਨ ਚੋਰੀ ਮਾਮਲੇ ਦੀ ਜਾਂਚ ਦੀ ਸਟੇਟਸ ਰਿਪੋਰਟ ਮੰਗੀ

**ਨਵੀਂ ਦਿੱਲੀ (ਨ ਜ਼ ਸ)**

ਸੁਪਰੀਮ ਕੋਰਟ ਨੇ ਸੋਮਵਾਰ ਕੇਂਦਰ, ਯੂ ਪੀ ਸਰਕਾਰ ਅਤੇ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਨੂੰ ਤਿੰਨ ਜਨਹਿੱਤ ਪਟੀਸ਼ਨਾਂ 'ਤੇ ਨੋਟਿਸ ਜਾਰੀ ਕੀਤਾ, ਜਿਸ ਵਿੱਚ ਅਯੁੱਧਿਆ ਦੇ ਰਾਮ ਮੰਦਰ ਵਿੱਚ ਦਾਨ ਦੀ ਦੁਰਵਰਤੋਂ ਦੇ ਦੋਸ਼ਾਂ ਤੋਂ ਬਾਅਦ ਟਰੱਸਟ ਦੇ ਵਿੱਤ ਦੀ ਸੁਪਰੀਮ ਕੋਰਟ ਦੀ ਸਿੱਧੀ ਨਿਗਰਾਨੀ ਹੇਠ ਸੀ ਬੀ ਆਈ ਤੋਂ ਸੁਤੰਤਰ ਜਾਂਚ ਦੀ ਮੰਗ ਕੀਤੀ ਗਈ ਹੈ।

ਚੀਫ ਜਸਟਿਸ ਸੂਰੀਆ ਕਾਂਤ, ਜਸਟਿਸ ਜੋਇਮਲਿਆ ਬਾਗਚੀ ਅਤੇ ਜਸਟਿਸ ਵੀ ਮੋਹਨਾ ਦੀ ਬੈਂਚ ਨੇ ਯੂ ਪੀ ਸਰਕਾਰ ਵੱਲੋਂ ਬਣਾਈ ਗਈ ਵਿਸ਼ੇਸ਼ ਜਾਂਚ ਟੀਮ (ਸਿੱਟ) ਨੂੰ ਸੀਲਬੰਦ ਲਿਫਾਫੇ ਵਿੱਚ ਸਿੱਟ ਦੀ ਰਚਨਾ ਦਾ ਜ਼ਿਕਰ ਕਰਦੇ ਹੋਏ ਇੱਕ ਸਥਿਤੀ ਰਿਪੋਰਟ ਦਾਇਰ ਕਰਨ ਦਾ ਨਿਰਦੇਸ਼ ਦਿੱਤਾ ਅਤੇ ਮਾਮਲੇ ਨੂੰ ਸੋਮਵਾਰ ਨੂੰ ਸੁਣਵਾਈ ਲਈ ਮੁਲਤਵੀ ਕਰ ਦਿੱਤਾ।

ਇਹ ਹੁਕਮ ਭਾਰਤ ਦੇ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਵੱਲੋਂ ਕੇਂਦਰ ਅਤੇ ਯੂ ਪੀ ਸਰਕਾਰ ਵੱਲੋਂ ਪੇਸ਼ ਕੀਤੇ ਗਏ ਇਸ ਬਿਆਨ ਤੋਂ ਬਾਅਦ ਆਇਆ ਕਿ ਰਾਜ ਸਰਕਾਰ ਵੱਲੋਂ ਗਠਿਤ ਸਿੱਟ ਪਹਿਲਾਂ ਹੀ ਮਾਮਲੇ ਦੀ ਜਾਂਚ ਕਰ ਰਹੀ ਹੈ। ਬੈਂਚ ਟਰੱਸਟ ਨੂੰ ਨੋਟਿਸ ਜਾਰੀ ਕਰਨਾ ਮੁਲਤਵੀ ਕਰਨ ਦੀ ਮਹਿਤਾ ਦੀ ਬੇਨਤੀ ਨਾਲ ਸਹਿਮਤ ਨਹੀਂ ਹੋਈ। ਇਸ ਤੋਂ ਪਹਿਲਾਂ, ਸੁਪਰੀਮ ਕੋਰਟ ਨੇ ਅੰਸ਼ਕ ਕੰਮਕਾਜੀ ਦਿਨਾਂ ਦੌਰਾਨ ਇਨ੍ਹਾਂ ਪਟੀਸ਼ਨਾਂ ਨੂੰ ਤੁਰੰਤ ਸੂਚੀਬੱਧ ਕਰਨ ਤੋਂ ਇਨਕਾਰ ਕਰ ਦਿੱਤਾ ਸੀ।

# 'ਚੜ੍ਹਾਵਾ ਚੋਰਾਂ' ਖਿਲਾਫ ਐੱਫ ਆਈ ਆਰ ਲਈ ਕੋਰਟ ਜਾਣ ਦਾ ਫੈਸਲਾ

**ਅਯੁੱਧਿਆ (ਨ ਜ਼ ਸ)**

ਫੈਜ਼ਾਬਾਦ ਬਾਰ ਐਸੋਸੀਏਸ਼ਨ ਦੇ ਵਕੀਲਾਂ ਨੇ ਸੋਮਵਾਰ ਕਿਹਾ ਕਿ ਉਹ ਅਦਾਲਤ ਦਾ ਦਰਵਾਜ਼ਾ ਖੜਕਾਉਣਗੇ, ਕਿਉਂਕਿ ਪੁਲਸ ਨੇ ਰਾਮ ਮੰਦਰ ਦੇ ਦਾਨ ਗਬਨ ਮਾਮਲੇ ਵਿੱਚ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੇ ਸਾਬਕਾ ਜਨਰਲ ਸਕੱਤਰ ਚੰਪਤ ਰਾਏ ਅਤੇ ਸਾਬਕਾ ਟਰੱਸਟ ਮੈਂਬਰਾਂ ਅਨਿਲ ਮਿਸ਼ਰਾ ਤੇ ਗੋਪਾਲ ਰਾਓ ਵਿਰੁੱਧ ਐੱਫ ਆਈ ਆਰ ਦਰਜ ਕਰਨ ਤੋਂ ਇਨਕਾਰ ਕਰ ਦਿੱਤਾ ਹੈ। ਵਕੀਲਾਂ ਨੇ ਕਿਹਾ ਕਿ ਪੁਲਸ ਨੇ 2 ਜੁਲਾਈ ਨੂੰ ਰਾਮ ਜਨਮ ਭੂਮੀ ਪੁਲਸ ਸਟੇਸ਼ਨ ਵਿੱਚ ਸ਼ਿਕਾਇਤ ਦਰਜ ਕਰਾਉਣ ਵੇਲੇ ਉਨ੍ਹਾਂ ਪੁਲਸ ਨੂੰ ਐੱਫ ਆਈ ਆਰ ਦਰਜ ਕਰਨ ਲਈ ਦੋ ਹਫਤੇ ਦਿੱਤੇ ਸਨ। ਸੋਮਵਾਰ ਫੈਜ਼ਾਬਾਦ ਬਾਰ ਐਸੋਸੀਏਸ਼ਨ ਦੇ ਵਫਦ ਨੇ ਪੁਲਸ ਸਟੇਸ਼ਨ ਦਾ ਦੌਰਾ ਕੀਤਾ ਤਾਂ ਅਧਿਕਾਰੀਆਂ ਨੇ ਦੱਸਿਆ ਕਿ ਐੱਫ ਆਈ ਆਰ ਦਰਜ ਨਹੀਂ ਕੀਤੀ ਗਈ ਅਤੇ ਸ਼ਿਕਾਇਤ ਆਪਣੇ ਸੀਨੀਅਰ ਅਧਿਕਾਰੀਆਂ ਨੂੰ ਭੇਜ ਦਿੱਤੀ ਹੈ। ਵਫਦ ਅਯੁੱਧਿਆ ਦੇ ਐੱਸ ਐੱਸ ਪੀ ਨੂੰ ਵੀ ਮਿਲਿਆ, ਪਰ ਉਨ੍ਹਾ ਕਿਹਾ ਕਿ ਐੱਫ ਆਈ ਆਰ ਦਰਜ ਨਹੀਂ ਕੀਤੀ ਗਈ। ਹੁਣ ਉਹ ਅਦਾਲਤ ਕੋਲ ਪਹੁੰਚ ਕਰਨਗੇ ਅਤੇ ਰਾਏ, ਮਿਸ਼ਰਾ ਤੇ ਰਾਓ ਵਿਰੁੱਧ ਐੱਫ ਆਈ ਆਰ ਦਰਜ ਕਰਵਾਉਣਗੇ।

ਫੈਜ਼ਾਬਾਦ ਬਾਰ ਐਸੋਸੀਏਸ਼ਨ ਨੇ ਇੱਕ ਜਨਰਲ ਬਾਡੀ ਮੀਟਿੰਗ ਦੌਰਾਨ ਰਾਮ ਮੰਦਰ ਦੇ ਮੁਲਜ਼ਮਾਂ ਦਾ ਕੇਸ ਨਾ ਲੜਨ ਦਾ ਫੈਸਲਾ ਕੀਤਾ ਸੀ। ਇਸ ਨੇ ਇਹ ਵੀ ਹੁਕਮ ਦਿੱਤਾ ਸੀ ਕਿ ਜੇ ਇਸ ਦੇ ਕਿਸੇ ਵੀ ਮੈਂਬਰ ਨੇ ਮੁਲਜ਼ਮਾਂ ਦਾ ਕੇਸ ਲੜਨ ਦੀ ਕੋਸ਼ਿਸ਼ ਕੀਤੀ, ਤਾਂ ਉਸ ਨੂੰ 5 ਲੱਖ ਰੁਪਏ ਦਾ ਜੁਰਮਾਨਾ ਲਗਾਇਆ ਜਾਵੇਗਾ ਅਤੇ ਐਸੋਸੀਏਸ਼ਨ ਤੋਂ ਬਰਖਾਸਤ ਕਰ ਦਿੱਤਾ ਜਾਵੇਗਾ।

## ਸੀ ਈ ਓ ਲਈ ਅਰਜ਼ੀਆਂ ਮੰਗੀਆਂ

**ਅਯੁੱਧਿਆ :** ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਨੇ ਸੋਮਵਾਰ ਅਯੁੱਧਿਆ ਵਿੱਚ ਰਾਮ ਮੰਦਰ ਦੇ ਪਹਿਲੇ ਮੁੱਖ ਕਾਰਜਕਾਰੀ ਅਧਿਕਾਰੀ (ਸੀ ਈ ਓ) ਦੇ ਅਹੁਦੇ ਲਈ ਅਰਜ਼ੀਆਂ ਮੰਗੀਆਂ। ਨਾਂਅ ਜਮ੍ਹਾਂ ਕਰਾਉਣ ਦਾ ਸਮਾਂ 18 ਜੁਲਾਈ ਸ਼ਾਮ ਚਾਰ ਵਜੇ ਨਿਰਧਾਰਤ ਕੀਤਾ ਗਿਆ ਹੈ। ਰਾਮ ਮੰਦਰ ਨਿਰਮਾਣ ਕਮੇਟੀ ਦੇ ਚੇਅਰਮੈਨ ਨ੍ਰਿਪੇਂਦਰ ਮਿਸ਼ਰਾ ਨੇ ਕਿਹਾ ਕਿ ਸੀ ਈ ਓ ਦੀ ਮੁੱਢਲੀ ਜ਼ਿੰਮੇਵਾਰੀ ਟਰੱਸਟ ਵਿੱਚ ਸ਼ਰਧਾਲੂਆਂ ਦੇ ਵਿਸ਼ਵਾਸ ਨੂੰ ਕਾਇਮ ਰੱਖਣਾ ਹੋਵੇਗੀ।

# ਜਨਮ ਦਿਨ ਦੀ ਖੁਸ਼ੀ ਵਿੱਚ ਸਹਾਇਤਾ



ਕਾਮਰੇਡ ਰਛਪਾਲ ਸਿੰਘ ਬੜਾ ਪਿੰਡ ਪ੍ਰਧਾਨ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ ਜਲੰਧਰ ਦੀ ਦੋਹਤੀ ਅਵਨੂਰ ਕੌਰ ਗਿੱਲ ਸਪੁੱਤਰੀ ਅਮਨਦੀਪ ਕੌਰ ਤੇ ਸੁਖਪਾਲ ਸਿੰਘ ਗਿੱਲ ਦੇ 8ਵੇਂ ਜਨਮ ਦਿਨ ਦੀ ਖੁਸ਼ੀ ਮੌਕੇ ਪਰਵਾਰ ਵੱਲੋਂ ਸੀਨੀਅਰ ਪੱਤਰਕਾਰ ਜਤਿੰਦਰ ਪਨੂੰ ਰਾਹੀਂ 200 ਡਾਲਰ 'ਨਵਾਂ ਜ਼ਮਾਨਾ' ਨੂੰ ਸਹਾਇਤਾ ਵਜੋਂ ਦਿੱਤੇ ਗਏ ਹਨ। ਅਦਾਰਾ ਖੁਸ਼ੀ ਵਿੱਚ ਸ਼ਾਮਲ ਹੁੰਦਾ ਹੋਇਆ ਪਰਵਾਰ ਦਾ ਧੰਨਵਾਦੀ ਹੈ।

— ਐਡੀਟਰ

## ਅੱਜ-ਨਾਮਾ

ਮਾਮਲਾ ਮੰਦਰ ਦਾ ਕੋਰਟ ਸੁਪਰੀਮ ਪੁੱਜਾ,
ਆਖਰ ਲੱਗੀ ਅੱਜ ਹੋਣ ਸੁਣਵਾਈ ਭਾਈ।
ਸਾਰੀਆਂ ਧਿਰਾਂ ਫਿਰ ਆਪਣੀ ਬਾਤ ਆਖੀ,
ਸੁਣੀ ਦੂਜੀ ਹੈ ਜਿਹੜੀ ਕੁਝ ਆਈ ਭਾਈ।
ਅਦਾਲਤ ਮੰਗੀ ਰਿਪੋਰਟ ਆ ਟੀਮ ਵਾਲੀ,
ਯੋਗੀ ਸਰਕਾਰ ਨੇ ਜਿਹੜੀ ਬਣਾਈ ਭਾਈ।
ਆਖਿਆ ਦੱਸ ਦਿਉ ਆਇ ਕੇ ਗੱਲ ਸਾਰੀ,
ਕੋਈ ਵੀ ਗੱਲ ਨਹੀਂ ਜਾਵੇ ਲੁਕਾਈ ਭਾਈ।
ਪ੍ਰਬੰਧਕ ਮੰਦਰ ਦੇ ਓਧਰ ਸਰਗਰਮ ਹੋਏ,
ਤੌਰ-ਤਰੀਕੇ ਵੱਲ ਬਦਲੀਆਂ ਕਰਨ ਲੱਗੇ।
ਡਰਨਾ ਉਨ੍ਹਾਂ ਕੀ ਕੋਰਟ-ਕਚਹਿਰੀਆਂ ਤੋਂ,
ਜਦ ਉਸ ਰੱਬ ਤੋਂ ਚੋਰ ਨਹੀਂ ਡਰਨ ਲੱਗੇ।

-ਤੀਸ ਮਾਰ ਖਾਂ

# ਮੰਦਰ-ਮਸਜਿਦ ਝਗੜਿਆਂ 'ਚ ਸੁਪਰੀਮ ਕੋਰਟ ਦੀ ਵਿਚੋਲਗੀ ਨਾਮਨਜ਼ੂਰ

**ਨਵੀਂ ਦਿੱਲੀ (ਨ ਜ਼ ਸ)**

ਹਿੰਦੂ ਅਤੇ ਮੁਸਲਿਮ ਧਿਰਾਂ ਨੇ ਸੋਮਵਾਰ ਯੂ ਪੀ ਦੇ ਤਿੰਨ ਮੰਦਰ-ਮਸਜਿਦ ਵਿਵਾਦਾਂ ਵਿੱਚ ਸੁਪਰੀਮ ਕੋਰਟ ਦੀ ਵਿਚੋਲਗੀ ਦੀ ਪੇਸ਼ਕਸ਼ ਨੂੰ ਰੱਦ ਕਰ ਦਿੱਤਾ। ਇਹ ਵਿਵਾਦ ਵਾਰਾਣਸੀ ਵਿੱਚ ਗਿਆਨਵਾਪੀ ਮਸਜਿਦ, ਮਥੁਰਾ ਵਿੱਚ ਸ੍ਰੀ ਕ੍ਰਿਸ਼ਨ ਜਨਮਭੂਮੀ-ਸ਼ਾਹੀ ਈਦਗਾਹ ਅਤੇ ਸੰਭਲ ਵਿੱਚ ਸ਼ਾਹੀ ਜਾਮਾ ਮਸਜਿਦ ਨਾਲ ਸੰਬੰਧਤ ਹਨ। ਸੁਪਰੀਮ ਕੋਰਟ ਨੇ ਇਨ੍ਹਾਂ ਮਾਮਲਿਆਂ ਨੂੰ ਸ਼ਾਂਤੀਪੂਰਵਕ ਹੱਲ ਕਰਨ ਲਈ ਆਪਣੀ 'ਸਮਾਧਾਨ ਸਮਾਰੋਹ 2026' ਪਹਿਲਕਦਮੀ ਦੇ ਹਿੱਸੇ ਵਜੋਂ ਵਿਚੋਲਗੀ ਦੀ ਤਜਵੀਜ਼ ਦਾ ਪੱਤਰ ਭੇਜ ਕੇ ਦੋਵਾਂ ਧਿਰਾਂ ਤੋਂ ਸਹਿਮਤੀ ਮੰਗੀ ਸੀ, ਪਰ ਕੋਈ ਵੀ ਧਿਰ ਸਹਿਮਤ ਨਹੀਂ ਹੋਈ। ਦੋਵਾਂ ਧਿਰਾਂ ਨੇ ਕਿਹਾ ਹੈ ਕਿ ਉਹ ਅਦਾਲਤ-ਦਰ-ਅਦਾਲਤ ਲੜਾਈ ਰਾਹੀਂ ਫੈਸਲਾ ਚਾਹੁੰਦੇ ਹਨ। 'ਸਮਾਧਾਨ ਸਮਾਰੋਹ' ਦੇ ਹਿੱਸੇ ਵਜੋਂ 21 ਤੋਂ 23 ਅਗਸਤ ਤੱਕ ਸੁਪਰੀਮ ਕੋਰਟ ਕੰਪਲੈਕਸ ਵਿੱਚ ਇੱਕ ਵਿਸ਼ੇਸ਼ ਲੋਕ ਅਦਾਲਤ ਦਾ ਆਯੋਜਨ ਕੀਤਾ ਜਾਵੇਗਾ। ਇਸ ਦਾ ਉਦੇਸ਼ ਲੰਬੀ ਕਾਨੂੰਨੀ ਲੜਾਈ ਦੀ ਬਜਾਏ ਗੱਲਬਾਤ ਰਾਹੀਂ ਹੱਲ ਲੱਭਣਾ ਹੈ। ਵਾਰਾਣਸੀ ਵਿੱਚ ਕਾਸ਼ੀ ਵਿਸ਼ਵਨਾਥ ਮੰਦਰ ਦੇ ਨਾਲ ਸਥਿਤ ਗਿਆਨਵਾਪੀ ਮਸਜਿਦ ਵਿਵਾਦਾਂ ਵਿੱਚ ਘਿਰੀ ਹੋਈ ਹੈ। ਹਿੰਦੂ ਪੱਖ ਦਾ ਦਾਅਵਾ ਹੈ ਕਿ 17ਵੀਂ ਸਦੀ ਵਿੱਚ, ਮੁਗਲ ਸਮਰਾਟ ਔਰੰਗਜ਼ੇਬ ਨੇ ਪ੍ਰਾਚੀਨ ਵਿਸ਼ਵੇਸ਼ਵਰ (ਕਾਸ਼ੀ ਵਿਸ਼ਵਨਾਥ) ਮੰਦਰ ਨੂੰ ਅੰਸ਼ਕ ਤੌਰ 'ਤੇ ਢਾਹ ਕੇ ਮਸਜਿਦ ਬਣਾਈ ਸੀ। ਹਿੰਦੂ ਪੱਖ ਦਾ ਕਹਿਣਾ ਹੈ ਕਿ ਗਿਆਨਵਾਪੀ ਕੰਪਲੈਕਸ ਨੂੰ ਪ੍ਰਾਚੀਨ ਵਿਸ਼ਵੇਸ਼ਵਰ ਮੰਦਰ ਐਲਾਨਿਆ ਜਾਵੇ। ਮਸਜਿਦ ਦੇ ਅਹਾਤੇ ਵਿੱਚ ਨਿਯਮਤ ਪੂਜਾ ਲਈ ਇਜਾਜ਼ਤ ਦਿੱਤੀ ਜਾਵੇ। ਕੰਪਲੈਕਸ ਵਿੱਚ ਮਿਲੇ ਧਾਰਮਿਕ ਅਵਸ਼ੇਸ਼ਾਂ ਨੂੰ ਮੰਦਰ ਦਾ ਹਿੱਸਾ ਮੰਨਿਆ ਜਾਵੇ।

ਮੁਸਲਿਮ ਪੱਖ ਦਾ ਕਹਿਣਾ ਹੈ ਕਿ ਗਿਆਨਵਾਪੀ ਨੂੰ ਮਸਜਿਦ ਦੇ ਰੂਪ ਵਿੱਚ ਹੀ ਰੱਖਿਆ ਜਾਣਾ ਚਾਹੀਦਾ ਹੈ। ਪੂਜਾ ਸਥਾਨ ਐਕਟ, 1991 ਦੇ ਤਹਿਤ ਨਵੇਂ ਦਾਅਵਿਆਂ ਨੂੰ ਰੱਦ ਕਰ ਦਿੱਤਾ ਜਾਣਾ ਚਾਹੀਦਾ ਹੈ। ਮੁਸਲਮਾਨਾਂ ਦੇ ਮਸਜਿਦ ਵਿੱਚ ਨਮਾਜ਼ ਅਦਾ ਕਰਨ ਦੇ ਅਧਿਕਾਰ ਦੀ ਰੱਖਿਆ ਕੀਤੀ ਜਾਣੀ ਚਾਹੀਦੀ ਹੈ।

ਇਸੇ ਵੇਲੇ ਵਾਰਾਣਸੀ ਜ਼ਿਲ੍ਹਾ ਅਦਾਲਤ, ਇਲਾਹਾਬਾਦ ਹਾਈ ਕੋਰਟ ਅਤੇ ਸੁਪਰੀਮ ਕੋਰਟ ਵਿੱਚ ਪੂਜਾ ਦੇ ਅਧਿਕਾਰ, ਏ ਐੱਸ ਆਈ ਸਰਵੇਖਣ, ਵਾਸ਼ੂਮ ਖੇਤਰ ਅਤੇ ਪੂਜਾ ਸਥਾਨ ਐਕਟ ਨਾਲ ਸੰਬੰਧਤ ਮਾਮਲਿਆਂ 'ਤੇ ਸੁਣਵਾਈਆਂ ਚੱਲ ਰਹੀਆਂ ਹਨ।

ਮਥੁਰਾ ਵਿੱਚ ਭਗਵਾਨ ਕ੍ਰਿਸ਼ਨ ਦੇ ਜਨਮ ਸਥਾਨ ਦੇ ਨੇੜੇ ਸਥਿਤ ਸ਼ਾਹੀ ਈਦਗਾਹ ਮਸਜਿਦ ਵਿਵਾਦ ਦੇ ਘੇਰੇ ਵਿੱਚ ਹੈ। ਹਿੰਦੂ ਪੱਖ ਦਾ ਦਾਅਵਾ ਹੈ ਕਿ ਮਸਜਿਦ ਭਗਵਾਨ ਕ੍ਰਿਸ਼ਨ ਦੇ ਜਨਮ ਸਥਾਨ 'ਤੇ ਬਣੇ ਮੰਦਰ ਨੂੰ ਢਾਹ ਕੇ ਬਣਾਈ ਗਈ ਸੀ। ਹਿੰਦੂ ਪੱਖ ਦੀ ਮੰਗ ਹੈ ਕਿ ਸ਼ਾਹੀ ਈਦਗਾਹ ਮਸਜਿਦ ਨੂੰ ਹਟਾ ਦਿੱਤਾ ਜਾਣਾ ਚਾਹੀਦਾ ਹੈ।

ਸਾਰੀ ਜ਼ਮੀਨ ਸ੍ਰੀ ਕ੍ਰਿਸ਼ਨ ਜਨਮ ਭੂਮੀ ਟਰੱਸਟ ਨੂੰ ਸੌਂਪ ਦਿੱਤੀ ਜਾਣੀ ਚਾਹੀਦੀ ਹੈ।

• ਬਾਕੀ ਸਫਾ 2 'ਤੇ

## ਨਸ਼ਿਆਂ ਵਿਰੁੱਧ ਮੁਹਿੰਮ ਤਹਿਤ 2 ਮੁਕੱਦਮੇ ਦਰਜ, 3 ਕਾਬੂ



**ਸੰਗਰੂਰ/ਮੂਨਕ (ਪ੍ਰਵੀਨ ਸਿੰਘ)**-ਡਾ. ਰਵਜੋਤ ਗਰੇਵਾਲ, ਐਸ.ਐਸ.ਪੀ. ਵੱਲੋਂ ਦੱਸਿਆ ਕਿ ਸਬ ਡਵੀਜ਼ਨ ਮੂਨਕ ਪੁਲਸ ਵੱਲੋਂ 'ਯੁੱਧ ਨਸ਼ਿਆਂ ਵਿਰੁੱਧ' ਤੇ ਪਿੰਡਾਂ ਦੇ ਪਹਿਰੇਦਾਰ ਚਲਾਈ ਗਈ ਮੁਹਿੰਮ ਦੌਰਾਨ ਕਾਰਵਾਈ ਕਰਦੇ ਹੋਏ ਡਰੱਗ ਦੇ 02 ਮੁਕੱਦਮੇ ਦਰਜ ਕਰਕੇ 03 ਕਥਿਤ ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਮੁਲਜ਼ਮਾਂ ਪਾਸੋਂ 16 ਕਿਲੋ ਗ੍ਰਾਮ ਭੁੱਕੀ ਚੂਰਾ ਪੋਸਤ ਤੇ 500 ਗ੍ਰਾਮ ਸੁਲਫਾ ਬਰਾਮਦ ਕਰਾਏ ਗਏ।27 ਐਨ.ਡੀ.ਪੀ.ਐਸ ਤਹਿਤ 03 ਮੁਕੱਦਮੇ ਦਰਜ ਕਰਕੇ 04 ਮੁਲਜ਼ਮਾਂ ਨੂੰ ਨਸ਼ਾ ਛੁਡਾਊ ਕੇਂਦਰ ਵਿੱਚ ਦਾਖਲ ਕਰਾਇਆ ਗਿਆ ਤੇ ਨਸ਼ੇ ਦੀ ਦਲਦਲ ਵਿੱਚ ਫਸੇ 12 ਵਿਅਕਤੀਆਂ ਨੂੰ ਨਸ਼ਾ ਛੁਡਾਊ ਕੇਂਦਰ ਵਿਚੋਂ ਦਵਾਈ ਦਿਵਾਈ ਗਈ।ਵੱਖ-ਵੱਖ ਧਾਰਾਵਾਂ ਤਹਿਤ ਦਰਜ ਹੋਏ ਮੁਕੱਦਮਿਆਂ ਵਿੱਚ 16 ਮੁਲਜ਼ਮਾਂ ਨੂੰ ਗ੍ਰਿਫਤਾਰ ਕੀਤਾ ਗਿਆ। ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਵਾਹਨਾਂ ਦੇ ਵੱਖ-ਵੱਖ ਜੁਰਮਾਂ ਤਹਿਤ 135 ਟ੍ਰੈਫਿਕ ਚਲਾਨ ਕੀਤੇ ਗਏ ਹਨ।ਸ਼ੱਕੀ ਵਿਅਕਤੀਆਂ ਦੀ ਚੈਕਿੰਗ ਕਰਕੇ 59 ਵਿਅਕਤੀਆਂ ਵਿਰੁੱਧ ਕਾਰਵਾਈ ਕੀਤੀ ਗਈ ਤੇ 11 ਵਿਅਕਤੀਆਂ ਵਿਰੁੱਧ ਰੋਕੂ ਕਾਰਵਾਈ ਅਮਲ ਵਿੱਚ ਲਿਆਂਦੀ ਗਈ ਹੈ।ਪਬਲਿਕ ਨੂੰ ਵੀ ਨਸ਼ਾ ਵਿਰੋਧੀ ਮੁਹਿੰਮ ਵਿੱਚ ਸਹਿਯੋਗ ਦੇਣ ਲਈ ਅਪੀਲ ਕੀਤੀ ਗਈ।ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਪੰਚਾਇਤਾਂ/ਸਪੋਰਟਸ ਕਲੱਬਾਂ/ਮੋਤਬਰਾਂ ਨਾਲ ਮੀਟਿੰਗਾਂ ਕਰਕੇ ਆਮ ਪਬਲਿਕ ਤੇ ਨੌਜਵਾਨਾ ਨੂੰ ਜਾਗਰੂਕ ਕੀਤਾ ਜਾ ਰਿਹਾ ਹੈ, ਤਾਂ ਜੁ ਨਸ਼ੇ ਦੇ ਕੋਹੜ ਨੂੰ ਜੜ੍ਹ ਤੋਂ ਖਤਮ ਕੀਤਾ ਜਾ ਸਕੇ।

## ਪ੍ਰੋਫ਼ੈਸ਼ਨਲ ਤੇ ਵੋਕੇਸ਼ਨਲ ਕੋਰਸਾਂ ਦੇ ਵਿਦਿਆਰਥੀਆਂ ਲਈ ਓਰੀਐਂਟੇਸ਼ਨ ਪ੍ਰੋਗਰਾਮ



**ਬੁਢਲਾਡਾ (ਅਸ਼ੋਕ ਲਾਕੜਾ)**-ਗੁਰੂ ਨਾਨਕ ਕਾਲਜ ਵੱਲੋਂ ਪ੍ਰੋਫ਼ੈਸ਼ਨਲ ਤੇ ਵੋਕੇਸ਼ਨਲ ਕੋਰਸਾਂ ਦੇ ਨਵੇਂ ਦਾਖ਼ਲ ਹੋਏ ਵਿਦਿਆਰਥੀਆਂ ਲਈ ਵਿਸ਼ੇਸ਼ ਓਰੀਐਂਟੇਸ਼ਨ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ ਪਰਮਜੀਤ ਸਿੰਘ, ਰੀਜਨਲ ਡਾਇਰੈਕਟਰ, ਐਂਟਰਪ੍ਰਿਨਿਊਰਸ਼ਿਪ ਡਿਵੈਲਪਮੈਂਟ ਸੈੱਲ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਨੂੰ ਕਾਲਜ ਦੇ ਅਕਾਦਮਿਕ ਮਾਹੌਲ, ਆਧੁਨਿਕ ਬੁਨਿਆਦੀ ਢਾਂਚੇ, ਪ੍ਰਾਪਤੀਆਂ, ਨੀਤੀਆਂ, ਵਿਦਿਆਰਥੀ ਸਹਾਇਤਾ ਸੇਵਾਵਾਂ ਅਤੇ ਭਵਿੱਖੀ ਮੌਕਿਆਂ ਨਾਲ ਜਾਣੂ ਕਰਾਉਣਾ ਸੀ।ਪ੍ਰੋਗਰਾਮ ਦੇ ਮੁੱਖ ਬੁਲਾਰੇ ਪਰਮਜੀਤ ਸਿੰਘ, ਰੀਜਨਲ ਡਾਇਰੈਕਟਰ, ਐਂਟਰਪ੍ਰਿਨਿਊਰਸ਼ਿਪ ਡਿਵੈਲਪਮੈਂਟ ਸੈੱਲ, ਚੰਡੀਗੜ੍ਹ ਨੇ ਵਿਦਿਆਰਥੀਆਂ ਨੂੰ ਕਰੀਅਰ ਯੋਜਨਾਬੰਦੀ, ਰੁਜ਼ਗਾਰ ਦੇ ਮੌਕਿਆਂ, ਉੱਦਮਤਾ, ਹੁਨਰ ਵਿਕਾਸ, ਨੌਕਰੀਆਂ ਤੇ ਪਲੇਸਮੈਂਟ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਅਤੇ ਭਵਿੱਖ ਲਈ ਮਾਰਗਦਰਸ਼ਨ ਦਿੱਤਾ।ਡਾ. ਤਨੂਪ੍ਰੀਤ ਕੌਰ, ਸਕਾਲਰਸ਼ਿਪ ਇੰਚਾਰਜ, ਨੇ ਵਿਦਿਆਰਥੀਆਂ ਨੂੰ ਵੱਖ-ਵੱਖ ਸਕਾਲਰਸ਼ਿਪ ਸਕੀਮਾਂ ਅਤੇ ਵਿੱਤੀ ਸਹਾਇਤਾ ਦੇ ਮੌਕਿਆਂ ਬਾਰੇ ਜਾਣਕਾਰੀ ਦਿੱਤੀ।ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਜੀ ਆਇਆਂ ਆਖਦਿਆਂ ਕਾਲਜ ਤੇ ਵਿਦਿਆਰਥੀਆਂ ਦੀਆਂ ਅਕਾਦਮਿਕ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਪਲੇਸਮੈਂਟ ਅਤੇ ਹੋਰ ਵੱਖ-ਵੱਖ ਖੇਤਰਾਂ ਵਿੱਚ ਪ੍ਰਾਪਤ ਕੀਤੀਆਂ ਸ਼ਾਨਦਾਰ ਉਪਲਬਧੀਆਂ ਬਾਰੇ ਜਾਣਕਾਰੀ ਦਿੱਤੀ।

## ਪ੍ਰੋਫ਼ੈਸਰ ਹਰਦਿਆਲ ਮੈਦਾਨ ਨੂੰ ਭਾਵ-ਭਿੰਨੀਆਂ ਸ਼ਰਧਾਂਜਲੀਆਂ ਭੇਟ



**ਸਮਾਣਾ (ਇਕਬਾਲ ਸਿੰਘ ਬੱਲ)**-ਪ੍ਰੋਫ਼ੈਸਰ ਹਰਦਿਆਲ ਮੈਦਾਨ ਦੇ ਅਕਾਲ ਚਲਾਣੇ 'ਤੇ ਵੱਖ-ਵੱਖ ਰਾਜਨੀਤਿਕ, ਸਮਾਜਿਕ ਅਤੇ ਸਿੱਖਿਆ ਜਗਤ ਨਾਲ ਜੁੜੀਆਂ ਹਸਤੀਆਂ ਵੱਲੋਂ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ ਗਿਆ।ਇਸ ਸਬੰਧੀ ਮਾਤਾ ਨੈਣਾ ਆਰੀਆ ਧਰਮਸ਼ਾਲਾ ਵਿਖੇ ਆਯੋਜਿਤ ਸਮਾਗਮ ਦੌਰਾਨ ਉਨ੍ਹਾਂ ਨੂੰ ਭਾਵ-ਭਿੰਨੀਆਂ ਸ਼ਰਧਾਂਜਲੀਆਂ ਭੇਟ ਕੀਤੀਆਂ ਗਈਆਂ।ਜ਼ਿਕਰਯੋਗ ਹੈ ਕਿ ਪ੍ਰੋ. ਮੈਦਾਨ ਸੰਸਾਰਕ ਯਾਤਰਾ ਪੂਰੀ ਕਰਦੇ ਹੋਏ ਗੁਰੂ ਚਰਨਾਂ ਵਿੱਚ ਜਾ ਬਿਰਾਜੇ ਸਨ।ਸਮਾਗਮ ਦੌਰਾਨ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ ਨੇ ਕਿਹਾ ਕਿ ਪ੍ਰੋਫ਼ੈਸਰ ਹਰਦਿਆਲ ਮੈਦਾਨ ਨੇ ਆਪਣੇ ਜੀਵਨ ਕਾਲ ਦੌਰਾਨ ਹਜ਼ਾਰਾਂ ਵਿਦਿਆਰਥੀਆਂ ਨੂੰ ਮਾਰਗਦਰਸ਼ਨ ਕੀਤਾ ਅਤੇ ਉਨ੍ਹਾਂ ਨੂੰ ਉੱਚ ਮੁਕਾਮਾਂ 'ਤੇ ਪਹੁੰਚਾਉਣ ਵਿੱਚ ਅਹਿਮ ਭੂਮਿਕਾ ਨਿਭਾਈ।ਦੁੱਖ ਦਾ ਪ੍ਰਗਟਾਵਾ ਕਰਦਿਆਂ ਨਗਰ ਕੌਂਸਲ ਦੇ ਮੌਜੂਦਾ ਪ੍ਰਧਾਨ ਦੇ ਪ੍ਰਤੀਨਿਧ ਕਪੂਰ ਚੰਦ ਬਾਂਸਲ ਨੇ ਕਿਹਾ ਕਿ ਪ੍ਰੋਫ਼ੈਸਰ ਹਰਦਿਆਲ ਮੈਦਾਨ ਇੱਕ ਨਿੱਘੇ ਸੁਭਾਅ ਵਾਲੇ, ਮਿਹਨਤੀ ਅਤੇ ਇਮਾਨਦਾਰ ਇਨਸਾਨ ਸਨ।ਉਨ੍ਹਾਂ ਵੱਲੋਂ ਸਮਾਜ ਅਤੇ ਸਿੱਖਿਆ ਦੇ ਖੇਤਰ ਵਿੱਚ ਪਾਇਆ ਯੋਗਦਾਨ ਹਮੇਸ਼ਾ ਯਾਦ ਰੱਖਿਆ ਜਾਵੇਗਾ।ਪਰਿਵਾਰ ਵੱਲੋਂ ਅੰਤਮ ਅਰਦਾਸ ਤੇ ਭੋਗ ਵਿੱਚ ਸ਼ਾਮਿਲ ਹੋਣ ਵਾਲੇ ਸਾਰੇ ਰਾਜਨੀਤਕ, ਧਾਰਮਿਕ, ਸਿਆਸੀ ਆਗੂਆਂ, ਰਿਸ਼ਤੇਦਾਰਾਂ ਅਤੇ ਸਾਕ-ਸੰਬੰਧੀਆਂ ਦਾ ਧੰਨਵਾਦ ਵੀ ਕੀਤਾ ਗਿਆ।

## ਵਾਤਾਵਰਣ ਪਖਵਾੜਾ ਮਨਾਇਆ



**ਮੱਖੂ (ਰਘਪਾਲ ਸਿੰਘ ਸੰਧੂ)**-ਸਰਵਹਿੱਤਕਾਰੀ ਵਿਦਿਆ ਮੰਦਰ ਹਾਈ ਸਕੂਲ ਵਿਖੇ ਵਾਤਾਵਰਣ ਪਖਵਾੜਾ ਮਨਾਇਆ ਗਿਆ।ਸਕੂਲ ਦੇ ਅਧਿਆਪਕਾਂ ਤੇ ਵਿਦਿਆਰਥੀਆਂ ਵੱਲੋਂ ਸਾਂਝੇ ਤੌਰ 'ਤੇ ਸਕੂਲ ਦੇ ਆਲੇ ਦੁਆਲੇ ਵੱਖ-ਵੱਖ ਕਿਸਮ ਦੇ ਪੌਦੇ ਲਾਏ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਰੁੱਖਾਂ ਤੇ ਪੌਦਿਆਂ ਦੀ ਮਹੱਤਤਾ ਬਾਰੇ ਜਾਣਕਾਰੀ ਦਿੱਤੀ ਅਤੇ ਵਾਤਾਵਰਣ ਨੂੰ ਹਰਿਆ-ਭਰਿਆ ਰੱਖਣ ਦਾ ਸੰਦੇਸ਼ ਦਿੱਤਾ।ਵਿਦਿਆਰਥੀਆਂ ਨੇ ਪੌਦੇ ਲਾਉਂਦੇ ਸਮੇਂ ਅਧਿਆਪਕਾਂ ਨਾਲ ਮਿਲ ਕੇ ਕਿ ਪੌਦਿਆਂ ਦੀ ਸੰਭਾਲ ਕਰਨ ਅਤੇ ਵੱਧ ਤੋਂ ਵੱਧ ਰੁੱਖ ਲਾਉਣ ਦਾ ਸੰਕਲਪ ਵੀ ਲਿਆ।ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਅਟੁੱਟ ਹਿੱਸਾ ਹਨ ਤੇ ਸਾਫ਼-ਸੁਥਰੇ ਵਾਤਾਵਰਣ ਲਈ ਪੌਦਾਰੋਪਣ ਬਹੁਤ ਜ਼ਰੂਰੀ ਹੈ।ਇਸ ਮੌਕੇ ਸਾਰੇ ਸਟਾਫ਼ ਅਤੇ ਵਿਦਿਆਰਥੀਆਂ ਨੇ ਵਾਤਾਵਰਣ ਦੀ ਸੁਰੱਖਿਆ ਲਈ ਆਪਣਾ ਯੋਗਦਾਨ ਪਾਉਣ ਦਾ ਵਚਨ ਦਿੱਤਾ।ਸਕੂਲ ਦੇ ਵਿਦਿਆਰਥੀਆਂ ਵੱਲੋਂ ਕਾਗਜਾਂ ਨਾਲ ਵੱਖ ਵੱਖ ਤਰ੍ਹਾਂ ਦੇ ਰੁੱਖ ਬਣਾਏ ਗਏ।

## ਰਾਜਿੰਦਰ ਕੋਹਲੀ ਆੜ੍ਹਤੀਆ ਐਸੋਸੀਏਸ਼ਨ ਬੁਢਲਾਡਾ ਦੇ ਪ੍ਰਧਾਨ ਚੁਣੇ



**ਬੁਢਲਾਡਾ (ਅਸ਼ੋਕ ਲਾਕੜਾ)**-ਆੜ੍ਹਤੀਆ ਐਸੋਸੀਏਸ਼ਨ ਬੁਢਲਾਡਾ ਦੀ ਪ੍ਰਧਾਨਗੀ ਲਈ ਚੋਣ ਸ਼ਾਂਤੀਪੂਰਵਕ ਤੇ ਉਤਸ਼ਾਹਪੂਰਨ ਮਾਹੌਲ ਵਿੱਚ ਸੰਪੰਨ ਹੋਈ।ਇਸ ਚੋਣ ਵਿੱਚ ਕੁੱਲ 178 ਮੈਂਬਰਾਂ ਨੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ।ਚੋਣ ਨਤੀਜਿਆਂ ਅਨੁਸਾਰ 178 ਵੋਟਾਂ ਵਿੱਚੋਂ ਰਾਜਿੰਦਰ ਸਿੰਘ ਕੋਹਲੀ ਨੂੰ 112 ਵੋਟਾਂ ਪ੍ਰਾਪਤ ਹੋਈਆਂ, ਜਦਕਿ ਉਨ੍ਹਾਂ ਦੇ ਮੁਕਾਬਲੇ ਦੇ ਉਮੀਦਵਾਰ ਰਾਜ ਕੁਮਾਰ ਬੀਰੋਕੇ ਵਾਲੇ ਨੂੰ 66 ਵੋਟਾਂ ਮਿਲੀਆਂ।ਇਸ ਤਰ੍ਹਾਂ ਰਾਜਿੰਦਰ ਸਿੰਘ ਕੋਹਲੀ ਨੇ 46 ਵੋਟਾਂ ਦੇ ਵੱਡੇ ਫਰਕ ਨਾਲ ਸ਼ਾਨਦਾਰ ਜਿੱਤ ਹਾਸਲ ਕਰਦਿਆਂ ਆੜ੍ਹਤੀਆ ਐਸੋਸੀਏਸ਼ਨ ਬੁਢਲਾਡਾ ਦੇ ਪ੍ਰਧਾਨ ਵਜੋਂ ਮੁੜ ਚੋਣ ਜਿੱਤੀ।ਚੋਣ ਨਤੀਜਿਆਂ ਦੇ ਐਲਾਨ ਤੋਂ ਬਾਅਦ ਐਸੋਸੀਏਸ਼ਨ ਦੇ ਮੈਂਬਰਾਂ ਤੇ ਸਮਰਥਕਾਂ ਵਿੱਚ ਖੁਸ਼ੀ ਦੀ ਲਹਿਰ ਦੌੜ ਗਈ।ਜੇਤੂ ਪ੍ਰਧਾਨ ਰਾਜਿੰਦਰ ਸਿੰਘ ਕੋਹਲੀ ਦਾ ਮਿਠਾਈਆਂ ਵੰਡ ਕੇ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਆੜ੍ਹਤੀਆ ਐਸੋਸੀਏਸ਼ਨ ਦੇ ਨਵ-ਨਿਯੁਕਤ ਪ੍ਰਧਾਨ ਰਾਜਿੰਦਰ ਸਿੰਘ ਕੋਹਲੀ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਸਮੂਹ ਆੜ੍ਹਤੀਆ ਐਸੋਸੀਏਸ਼ਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਐਸੋਸੀਏਸ਼ਨ ਦੇ ਹਰ ਮੈਂਬਰ ਦੇ ਵਿਸ਼ਵਾਸ 'ਤੇ ਖਰਾ ਉਤਰਨਗੇ।ਇਸ ਮੌਕੇ ਪ੍ਰਧਾਨ ਕੋਹਲੀ ਨੇ ਮਿਠਾਈ ਵੰਡ ਕੇ ਆੜ੍ਹਤੀਆਂ ਦਾ ਮੂੰਹ ਮਿੱਠਾ ਕਰਵਾਇਆ।

## ਇੰਦਰਜੀਤ ਮੁੰਡੇ 'ਰੁੱਖਾਂ ਦੇ ਰਖਵਾਲੇ' ਐਵਾਰਡ ਨਾਲ ਸਨਮਾਨਤ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਨੇੜਲੇ ਪਿੰਡ ਭੋਗੀਵਾਲ ਸਥਿਤ ਗੁਰਦੁਆਰਾ ਸੁਖਸਾਗਰ ਸਾਹਿਬ ਵਿਖੇ ਕਰਵਾਏ ਗਏ ਸਾਲਾਨਾ ਗੁਰਮਤਿ ਸਮਾਗਮ ਦੌਰਾਨ ਉੱਘੇ ਵਾਤਾਵਰਨ ਪ੍ਰੇਮੀ ਤੇ ਕੇ. ਐੱਸ. ਗਰੁੱਪ ਦੇ ਚੇਅਰਮੈਨ ਸ੍ਰ. ਇੰਦਰਜੀਤ ਸਿੰਘ ਮੁੰਡੇ ਨੂੰ ਵਾਤਾਵਰਨ ਸੰਭਾਲ ਵਿੱਚ ਪਾਏ ਗਏ ਵਿਸ਼ੇਸ਼ ਯੋਗਦਾਨ ਬਦਲੇ 'ਰੁੱਖਾਂ ਦੇ ਰਖਵਾਲੇ' ਐਵਾਰਡ ਨਾਲ ਸਨਮਾਨਤ ਕੀਤਾ ਗਿਆ।ਇਹ ਸਨਮਾਨ ਸਮੂਹ ਸੰਗਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਸੁਖਸਾਗਰ ਸਾਹਿਬ ਤੇ 'ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ' ਵੱਲੋਂ ਸਾਂਝੇ ਤੌਰ 'ਤੇ ਦਿੱਤਾ ਗਿਆ।ਵਿਰਸਾ ਸੰਭਾਲ ਸਰਦਾਰੀ ਲਹਿਰ ਪੰਜਾਬ ਦੇ ਮੁੱਖ ਸੇਵਾਦਾਰ ਭਾਈ ਮਨਦੀਪ ਸਿੰਘ ਖੁਰਦ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰ. ਇੰਦਰਜੀਤ ਸਿੰਘ ਮੁੰਡੇ ਪਿਛਲੇ 20 ਸਾਲਾਂ ਤੋਂ ਲਗਾਤਾਰ ਵਾਤਾਵਰਨ ਦੀ ਸੰਭਾਲ ਤੇ ਨਿਸ਼ਕਾਮ ਰੁੱਖ ਲਗਾਉਣ ਦੀ ਸੇਵਾ ਨਿਭਾ ਰਹੇ ਹਨ।ਸਨਮਾਨਤ ਹੋ ਚੁੱਕੇ ਸ੍ਰ. ਮੁੰਡੇ ਨੇ ਸਨਮਾਨ ਪ੍ਰਾਪਤ ਕਰਨ ਉਪਰੰਤ ਕਿਹਾ ਕਿ ਰੁੱਖ ਲਗਾਉਣਾ ਤੇ ਉਨ੍ਹਾਂ ਦੀ ਸੰਭਾਲ ਕਰਨਾ ਹਰ ਇਨਸਾਨ ਦਾ ਨੈਤਿਕ ਫਰਜ਼ ਹੈ।ਇਸ ਮੌਕੇ ਉਨ੍ਹਾ ਆਪਣੇ ਜਨਮ ਦਿਨ ਨੂੰ ਸਮਰਪਤ ਕਰਦਿਆਂ ਸੈਂਕੜੇ ਬੱਚਿਆਂ ਨੂੰ ਬੂਟੇ ਵੰਡੇ ਤੇ ਉਨ੍ਹਾਂ ਨੂੰ ਰੁੱਖਾਂ ਦੀ ਸੰਭਾਲ ਕਰਨ ਲਈ ਪ੍ਰੇਰਿਤ ਕੀਤਾ।ਸਮਾਗਮ ਦੌਰਾਨ ਸੰਤ ਬਾਬਾ ਕੁਲਦੀਪ ਸਿੰਘ ਛੋਕਰਾ, ਬਾਬਾ ਏਕਮ ਸਿੰਘ, ਬਾਬਾ ਸੁਖਮਿੰਦਰ ਸਿੰਘ ਡੇਹਲੋਂ, ਭਾਈ ਮਨਦੀਪ ਸਿੰਘ ਖੁਰਦ (ਮੁੱਖ ਸੇਵਾਦਾਰ, ਵਿਰਸਾ ਸੰਭਾਲ ਸਰਦਾਰੀ ਲਹਿਰ), ਜਸਵੀਰ ਸਿੰਘ ਜੱਸੀ ਚੀਮਾ (ਪ੍ਰਧਾਨ, ਰਾਮਗੜ੍ਹੀਆ ਵੈੱਲਫੇਅਰ ਸੁਸਾਇਟੀ), ਗੁਰਵਿੰਦਰ ਸਿੰਘ ਲਵਲੀ ਸਮੇਤ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਤੇ ਸੰਗਤਾਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।

# ਵਿਮੁਕਤ ਕਬੀਲਿਆਂ ਵੱਲੋਂ ਹੱਕੀ ਮੰਗਾਂ ਲਈ ਕੋਟਕਪੂਰਾ ਵਿਖੇ ਕੀਤੀ ਜਾਵੇਗੀ ਰੈਲੀ : ਦੇਸੂ ਯੋਧਾ/ਕਾਬਲ ਵਾਲਾ



**ਕੋਟਕਪੂਰਾ (ਰਛਪਾਲ ਭੁੱਲਰ)** ਪੰਜਾਬ ਦੇ ਵਿਮੁਕਤ ਕਬੀਲਿਆਂ ਦੀਆਂ ਸੰਵਿਧਾਨਿਕ ਤੇ ਹੱਕੀ ਮੰਗਾਂ ਪਿਛਲੇ 75 ਸਾਲਾਂ ਤੋਂ ਲਟਕ ਰਹੀਆਂ ਹਨ, ਇਨ੍ਹਾਂ ਮੰਗਾਂ ਨੂੰ ਸਰਕਾਰਾਂ ਤੋਂ ਪੂਰਾ ਕਰਾਉਣ ਲਈ 31 ਅਗਸਤ 2026 ਨੂੰ ਕੋਟਕਪੂਰਾ ਦਾਣਾ ਮੰਡੀ ਵਿਖੇ ਸ਼ਕਤੀ ਪ੍ਰਦਰਸ਼ਨ ਵਜੋਂ ਇੱਕ ਇਤਿਹਾਸਕ ਰੈਲੀ ਇਨ੍ਹਾਂ ਕਬੀਲਿਆਂ ਵੱਲੋਂ ਕਰਨ ਲਈ ਅੱਜ ਕੋਟਕਪੂਰਾ ਦੇ ਮਿਉਂਸਪਲ ਪਾਰਕ ਵਿੱਚ ਸੂਬਾ ਪਧਰੀ ਮੀਟਿੰਗ ਦੌਰਾਨ ਫੈਸਲਾ ਲਿਆ ਗਿਆ।ਮੀਟਿੰਗ ਵਿੱਚ ਕੌਮੀ ਪ੍ਰਧਾਨ ਰਜਿੰਦਰ ਸਿੰਘ ਦੇਸੂ ਯੋਧਾ, ਪੰਜਾਬ ਪ੍ਰਧਾਨ ਵਾਹਿਗੁਰੂ ਸਿੰਘ ਕਾਬਲ ਵਾਲਾ, ਕੌਮੀ ਜਨਰਲ ਸਕੱਤਰ ਜਸਪਾਲ ਸਿੰਘ ਪੰਜਗਰਾਈ, ਕੌਮੀ ਮੀਤ ਪ੍ਰਧਾਨ ਜਸਵੀਰ ਸਿੰਘ ਭੁਲਾਵਾਲੀ, ਜਨਰਲ ਸਕੱਤਰ ਪੰਜਾਬ ਪਰਮਜੀਤ ਸਿੰਘ ਬਰਗਾੜੀ, ਕੈਸ਼ੀਅਰ ਪੰਜਾਬ ਦਰਸ਼ਨ ਸਿੰਘ ਮਾਨ ਸਿੰਘ ਵਾਲਾ, ਮਲਕੀਤ ਸਿੰਘ ਰੰਗਾ ਪੰਜਾਬ ਪ੍ਰਧਾਨ ਰਾਏ ਸਿੱਖ ਸਮਾਜ, ਬੂਟਾ ਰਾਮ ਬਾਜੀਗਰ ਨੇ ਵਿਸ਼ੇਸ਼ ਤੌਰ 'ਤੇ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ। ਇਸ ਸਮੇਂ ਪੰਜਾਬ ਦੇ ਵੱਖ-ਵੱਖ ਜ਼ਿਲਿਆਂ ਅਤੇ ਪਿੰਡਾਂ ਵਿੱਚੋਂ ਪੰਜਾਬ ਦੇ ਵਿਮੁਕਤ ਕਬੀਲੇ ਬਾਵਰੀਆ, ਬਾਜੀਗਰ, ਸਾਂਸੀ, ਨਟ, ਬਰੜ, ਰਾਏ ਸਿੱਖ, ਗਡਰੀਆ, ਜੋਗੀ ਸਿਗਲੀਗਰ ਆਦਿ ਦੇ ਲੋਕਾਂ ਨੇ ਹਿੱਸਾ ਲਿਆ। ਮੀਟਿੰਗ ਦੌਰਾਨ ਸਰਬ ਸੰਮਤੀ ਨਾਲ ਵਿਮੁਕਤ ਕਬੀਲਿਆਂ ਦਾ ਆਜ਼ਾਦੀ ਦਿਹਾੜਾ 31 ਅਗਸਤ 2026 ਕੋਟਕਪੂਰੇ ਦਾਣਾ ਮੰਡੀ ਵਿਖੇ ਮਨਾਉਣ ਦਾ ਫੈਸਲਾ ਲਿਆ ਗਿਆ। ਇਸ ਸਮੇਂ ਇਸ ਸਮੇਂ ਮਹਾਰਾਣਾ ਪ੍ਰਤਾਪ ਦੇ ਚਿੱਤਰ ਵਾਲਾ ਝੰਡਾ ਤੇ ਬੈਜ ਵੀ ਰਿਲੀਜ਼ ਕੀਤਾ ਗਿਆ! ਇਸ ਸਮੇਂ ਪੰਜਾਬ ਅੰਦਰ ਆਮ ਆਦਮੀ ਦੀ ਸਰਕਾਰ ਵੱਲੋਂ ਵਿਮੁਕਤ ਜਾਤੀਆਂ ਦਾ ਕੱਟਿਆ ਹੋਇਆ ਦੋ ਪ੍ਰਤੀਸ਼ਤ ਕੋਟਾ ਦੇ ਸਬੰਧ ਵਿੱਚ ਵੀ ਖੁੱਲ ਕੇ ਵਿਚਾਰਾਂ ਕੀਤੀਆਂ ਗਈਆਂ, ਲੋਕਾਂ ਨੇ ਪੰਜਾਬ ਸਰਕਾਰ ਦੇ ਰੋਸ ਵਜੋਂ ਨਾਅਰੇਬਾਜ਼ੀ ਵੀ ਕੀਤੀ। ਇਸ ਸਮੇਂ ਪੰਜਾਬ ਅੰਦਰ ਅਨੁਸੂਚਿਤ ਜਨ ਜਾਤੀ ਐਸ ਟੀ ਦਾ ਕੋਟਾ ਅਤੇ ਜਾਂ ਕੇਂਦਰ ਸਰਕਾਰ ਵੱਲੋਂ ਡੀ ਐਨ ਟੀ ਦਾ ਵੱਖਰਾ 10 ਪ੍ਰਤੀਸ਼ਤ ਕੋਟਾ ਦੇਣ ਦੀ ਮੰਗ ਰੱਖੀ ਆਗੂਆਂ ਨੇ ਕੇਂਦਰ ਸਰਕਾਰ ਦੇ ਦਿੱਤੇ ਹੋਏ ਰੇਣਕੇ ਅਤੇ ਇਦਾਤੇ ਕਮਿਸ਼ਨ ਦੀਆਂ ਰਿਪੋਰਟਾਂ ਲਾਗੂ ਕਰਨ ਦੀ ਮੰਗ ਰੱਖੀ! ਉਹਨਾਂ ਕਿਹਾ ਕਿ ਪੰਜਾਬ ਦੇ ਕਬੀਲਿਆਂ ਨਾਲ ਹਮੇਸ਼ਾ ਸਰਕਾਰਾਂ ਨੇ ਧੱਕੇਸ਼ਾਹੀ ਕਰਕੇ ਇਹਨਾਂ ਦੇਸ਼ ਭਗਤ ਕਬੀਲਿਆਂ ਨੂੰ ਅਨਸੂਚਿਤ ਜਾਤੀ ਵਿੱਚ ਸ਼ਾਮਿਲ ਕੀਤਾ ਹੋਇਆ ਹੈ, ਜਦਕਿ ਪੰਜਾਬ ਦੇ ਇਹਨਾਂ ਕਬੀਲਿਆਂ ਦੇ ਰੀਤੀ ਰਿਵਾਜ ਰਹਿਣ ਸਹਿਣ ਬੋਲੀ ਭਾਸ਼ਾ ਪਹਿਰਾਵਾ ਨਸਲ ਸਭ ਕੁਝ ਵੱਖਰੇ ਹੋਣ ਕਰਕੇ ਇਹਨਾਂ ਨੂੰ ਐਸ.ਟੀ ਵੱਖਰਾ ਰਾਖਵਾਂਕਰਨ ਕਰਨ ਬਣਦਾ ਹੈ।

## ਹੱਕਾਂ ਦੀ ਪ੍ਰਾਪਤੀ ਲਈ ਸਾਬਕਾ ਫੌਜੀਆਂ ਨੂੰ ਇਕਜੁਟ ਹੋਣ ਦੀ ਲੋੜ

**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਗੁਰਦੁਆਰਾ ਸਾਹਿਬ ਪਿੰਡ ਹਮੀਦੀ ਵਿਖੇ 27ਵੇਂ ਕਾਰਗਿਲ ਵਿਜੇ ਦਿਵਸ ਦੀਆਂ ਤਿਆਰੀਆ ਸੰਬਧੀ ਸਾਬਕਾ ਸੈਨਿਕਾਂ ਦੀ ਇਕ ਅਹਿਮ ਇਕੱਤਰਤਾ ਸੂਬੇਦਾਰ ਸੁਦਾਗਰ ਸਿੰਘ ਸਾਬਕਾ ਸਰਪੰਚ ਦੀ ਅਗਵਾਈ ਹੇਠ ਹੋਈ, ਜਿਸ ਵਿੱਚ ਸਾਬਕਾ ਸੈਨਿਕ ਵਿੰਗ ਦੇ ਸੂਬਾ ਪ੍ਰਧਾਨ ਕੈਪਟਨ ਗੁਰਜਿੰਦਰ ਸਿੰਘ ਸਿੱਧੂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਉਨ੍ਹਾਂ ਕਿਹਾ ਪਿਛਲੇ 77 ਸਾਲ ਤੋਂ ਕਿਸੇ ਵੀ ਸਰਕਾਰ ਨੇ ਸਾਬਕਾ ਫੌਜੀਆਂ ਦੇ ਹਿੱਤਾਂ ਦੀ ਰਾਖੀ ਨਹੀਂ ਕੀਤੀ, ਬਲਕਿ ਇਨ੍ਹਾਂ ਦਾ ਸ਼ੋਸ਼ਣ ਕੀਤਾ ਹੈ। ਰਿਟਾਇਰਮੈਂਟ ਤੋਂ ਬਾਅਦ ਕੰਟਰੈਕਟ ਨੌਕਰੀਆਂ ਵਿੱਚ ਵਿਭਾਗਾਂ ਤੋਂ ਠੇਕੇਦਾਰ ਵੱਧ ਪੈਸੇ ਵਸੂਲਦੇ ਹਨ ਅਤੇ ਪੈਸਕੋ, ਜੇਲਾ ਬਿਜਲੀ ਬੋਰਡ, ਰੇਲਵੇ ਫਾਟਕ, ਸਕੂਲਾਂ 'ਚ ਡਿਊਟੀ ਕਰ ਰਹੇ ਸਾਬਕਾ ਫੌਜੀਆਂ ਦੀ ਝੋਲੀ ਅੱਧੇ ਪੈਸੇ ਹੀ ਪਾਏ ਜਾਂਦੇ ਹਨ, ਜਿਹੜਾ ਸਾਬਕਾ ਫੌਜੀਆਂ ਦੇ ਹੱਕਾਂ 'ਤੇ ਸਿੱਧਾ ਡਾਕਾ ਹੈ।ਅੱਜ ਬਹੁਤ ਸਖ਼ਤ ਲੋੜ ਹੈ ਕਿ ਸਮੁੱਚੇ ਸਾਬਕਾ ਫੌਜੀ ਨਿੱਕੇ-ਨਿੱਕੇ ਗਰੁੱਪਾਂ ਨੂੰ ਛੱਡ ਕੇ ਇੱਕ ਝੰਡੇ ਥੱਲੇ ਇਕੱਠੇ ਹੋ ਕੇ ਆਪਣੇ ਹੱਕਾਂ ਦੀ ਰਾਖੀ ਕਰਨ ਲਈ ਆਪਣਾ ਰਾਜਨੀਤਕ ਦਲ ਬਣਾਉਣ ਤੇ ਪੰਜਾਬ ਦੇ ਲੋਕਾ ਨੂੰ ਆਪਣਾ ਪ੍ਰੋਗਰਾਮ ਦੇਣ ਤਾਂ ਜੁ ਮੌਜੂਦਾ ਸਥਿਤੀ ਵਿੱਚੋਂ ਪੰਜਾਬ ਨੂੰ ਬਾਹਰ ਕੱਢਿਆ ਜਾ ਸਕੇ।ਕੈਪਟਨ ਸਿੱਧੂ ਨੇ ਕਿਹਾ ਕਿ ਸਾਬਕਾ ਸੈਨਿਕ ਇਕ ਇਮਾਨਦਾਰ ਵਰਗ ਹੈ ਤੇ ਪੰਜਾਬ ਨੂੰ ਇਮਾਨਦਾਰ ਵਰਗ ਦੀ ਲੋੜ ਹੈ।ਉਨ੍ਹਾਂ ਸਾਬਕਾ ਫੌਜੀਆਂ ਨੂੰ ਅਪੀਲ ਕੀਤੀ ਕਿ ਉਹ ਕਾਰਗਿਲ ਜੰਗ ਦੇ 527 ਸ਼ਹੀਦਾਂ ਨੂੰ ਸਰਧਾਂਜਲੀ ਦੇਣ ਲਈ ਤਪ ਅਸਥਾਨ ਬੀਬੀ ਪ੍ਰਧਾਨ ਕੌਰ ਗੁਰਦੁਆਰਾ ਸਾਹਿਬ ਬਰਨਾਲਾ ਵਿਖੇ ਵਧ-ਚੜ੍ਹ ਕੇ ਪਹੁੰਚਣ।

# ਵਰਲਡ ਯੂਨੀਵਰਸਿਟੀ ਵਿਖੇ ਫੈਕਲਟੀ ਵਿਕਾਸ ਪ੍ਰੋਗਰਾਮ ਦਾ ਆਗਾਜ਼



**ਸ੍ਰੀ ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**

ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਵਿਖੇ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਮੌਕੇ 'ਅਕਾਦਮਿਕ ਉੱਤਮਤਾ, ਨਵੀਨਤਾ, ਖੋਜ ਤੇ ਸੰਸਥਾਗਤ ਵਿਕਾਸ ਲਈ ਫੈਕਲਟੀ ਨੂੰ ਸਸ਼ਕਤ ਬਣਾਉਣਾ' ਵਿਸ਼ੇ 'ਤੇ ਪੰਜ ਰੋਜ਼ਾ ਫੈਕਲਟੀ ਵਿਕਾਸ ਪ੍ਰੋਗਰਾਮ (ਐੱਫ.ਡੀ.ਪੀ.) ਦਾ ਆਗਾਜ਼ ਕੀਤਾ ਗਿਆ।ਇਸ ਪ੍ਰੋਗਰਾਮ ਦਾ ਉਦੇਸ਼ ਫੈਕਲਟੀ ਮੈਂਬਰਾਂ ਦੀਆਂ ਪੇਸ਼ੇਵਰ ਯੋਗਤਾਵਾਂ ਨੂੰ ਹੋਰ ਮਜ਼ਬੂਤ ਬਣਾਉਂਦਿਆਂ ਅਧਿਆਪਨ, ਖੋਜ, ਨਵੀਨਤਾ ਤੇ ਸੰਸਥਾਗਤ ਵਿਕਾਸ ਵਿੱਚ ਉੱਤਮਤਾ ਨੂੰ ਪ੍ਰੋਤਸਾਹਿਤ ਕਰਨਾ ਹੈ।ਪ੍ਰੋਗਰਾਮ ਦਾ ਉਦਘਾਟਨ ਯੂਨੀਵਰਸਿਟੀ ਦੇ ਵਾਈਸ ਚਾਂਸਲਰ ਪ੍ਰੋ. (ਡਾ.) ਪ੍ਰਿਤ ਪਾਲ ਸਿੰਘ ਨੇ ਕੀਤਾ।ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਉੱਚ ਸਿੱਖਿਆ ਦੀ ਗੁਣਵੱਤਾ ਪ੍ਰਤੀਬੱਧ, ਸਮਰੱਥ ਤੇ ਨਿਰੰਤਰ ਸਿੱਖਣ ਵਾਲੇ ਅਧਿਆਪਕਾਂ 'ਤੇ ਨਿਰਭਰ ਕਰਦੀ ਹੈ।ਉਨ੍ਹਾਂ ਫੈਕਲਟੀ ਮੈਂਬਰਾਂ ਨੂੰ ਰਾਸ਼ਟਰੀ ਸਿੱਖਿਆ ਨੀਤੀ-2020 ਦੀ ਭਾਵਨਾ ਅਨੁਸਾਰ ਨਵੀਨਤਾਕਾਰੀ ਅਧਿਆਪਨ, ਅੰਤਰ-ਅਨੁਸ਼ਾਸਨੀ ਖੋਜ, ਤਕਨਾਲੋਜੀ-ਆਧਾਰਤ ਸਿੱਖਣ ਤੇ ਅਕਾਦਮਿਕ ਅਗਵਾਈ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਭਾਗੀਦਾਰਾਂ ਦਾ ਸਵਾਗਤ ਕਰਦਿਆਂ ਸਿੱਖਿਆ ਵਿਭਾਗ ਦੇ ਮੁਖੀ ਤੇ ਪ੍ਰੋਗਰਾਮ ਦੇ ਕਨਵੀਨਰ ਡਾ. ਹਰਨੀਤ ਬਿਲਿੰਗ ਨੇ ਫੈਕਲਟੀ ਦੇ ਨਿਰੰਤਰ ਪੇਸ਼ੇਵਰ ਵਿਕਾਸ ਦੀ ਮਹੱਤਤਾ ਉਜਾਗਰ ਕੀਤੀ ਤੇ ਪੰਜ ਰੋਜ਼ਾ ਪ੍ਰੋਗਰਾਮ ਦੀ ਰੂਪ-ਰੇਖਾ ਪੇਸ਼ ਕੀਤੀ।ਉਦਘਾਟਨੀ ਅਕਾਦਮਿਕ ਸੈਸ਼ਨ ਵਿੱਚ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੇ 'ਅਧਿਆਪਨ ਤੋਂ ਪਰੇ ਫੈਕਲਟੀ ਦੀ ਜ਼ਿੰਮੇਵਾਰੀ' ਵਿਸ਼ੇ 'ਤੇ ਵਿਚਾਰ ਸਾਂਝੇ ਕੀਤੇ, ਜਦਕਿ ਖਾਲਸਾ ਯੂਨੀਵਰਸਿਟੀ ਦੇ ਰਜਿਸਟਰਾਰ ਡਾ. ਖੁਸ਼ਵਿੰਦਰ ਸਿੰਘ ਨੇ 'ਨਤੀਜਾ-ਆਧਾਰਿਤ ਸਿੱਖਿਆ ਤੇ ਪਾਠਕ੍ਰਮ ਯੋਜਨਾਬੰਦੀ' ਵਿਸ਼ੇ 'ਤੇ ਮਾਹਰ ਭਾਸ਼ਣ ਦਿੱਤਾ।ਡਾ. ਸੁਮਨ ਪ੍ਰੀਤ ਕੌਰ ਵੱਲੋਂ ਕਰਵਾਏ ਗਏ ਰੁਚਿਕਰ ਆਈਸ-ਬ੍ਰੇਕਿੰਗ ਸੈਸ਼ਨ ਨੇ ਭਾਗੀਦਾਰਾਂ ਵਿੱਚ ਆਪਸੀ ਤਾਲਮੇਲ ਤੇ ਸਰਗਰਮ ਭਾਗੀਦਾਰੀ ਨੂੰ ਉਤਸ਼ਾਹਤ ਕੀਤਾ।ਸਮਾਗਮ ਦੀ ਸਮਾਪਤੀ ਡਾ. ਗਗਨਦੀਪ ਟਿਵਾਣਾ ਵੱਲੋਂ ਧੰਨਵਾਦ ਮਤੇ ਨਾਲ ਹੋਈ।

# ਸਾਬਕਾ ਪ੍ਰਧਾਨ ਪ੍ਰੋ. ਬਡੂੰਗਰ ਨੇ ਪ੍ਰਧਾਨ ਮੰਤਰੀ ਨੂੰ ਲਿਖਿਆ ਪੱਤਰ

**ਪੰਜਾਬ ਫੇਰੀ 'ਤੇ ਧਾਰਮਿਕ ਅਸਥਾਨਾਂ ਵਾਲੇ ਰੇਲ ਲਿੰਕਾਂ ਦੀ ਘਾਟ ਨੂੰ ਪੂਰਾ ਕਰਨ : ਪ੍ਰੋ. ਬਡੂੰਗਰ**



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਦੇਸ਼ ਦੇ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਦੀ ਪੰਜਾਬ ਫੇਰੀ ਤੋਂ ਪਹਿਲਾਂ ਉਨ੍ਹਾਂ ਨੂੰ ਇਕ ਲਿਖਤੀ ਪੱਤਰ ਭੇਜ ਕੇ ਮੰਗ ਕੀਤੀ ਹੈ ਕਿ ਸੂਬੇ ਵਿਚ ਰੇਲ ਲਿੰਕਾਂ ਦੀ ਵੱਡੀ ਘਾਟ ਹੈ ਤੇ ਧਾਰਮਕ ਅਸਥਾਨਾਂ ਵੱਲ ਬਹੁਤ ਸਾਰੀਆਂ ਅਜਿਹੀਆਂ ਹਨ, ਜੋ ਰੇਲ ਲਿੰਕ ਤੋਂ ਸੱਖਣੀਆਂ ਹਨ, ਜਿਸ ਵੱਲ ਗੌਰ ਕਰਦੇ ਹੋਏ ਰੇਲ ਲਿੰਕ ਸਥਾਪਤ ਕੀਤੇ ਜਾਣ।ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ ਨੇ ਕਿਹਾ ਕਿ ਦੇਸ਼ ਦੇ ਪ੍ਰਧਾਨ ਮੰਤਰੀ ਪੰਜਾਬ ਦੌਰੇ 'ਤੇ ਆ ਜਾ ਰਹੇ ਹਨ, ਜਿਨ੍ਹਾਂ ਦਾ ਪੰਜਾਬ ਆਉਣ ਤੇ ਸਵਾਗਤ ਹੈ, ਪਰ ਕੁੱਝ ਪੰਜਾਬ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਦੀ ਪੂਰਤੀ ਕੀਤਾ ਜਾਵੇ ਤਾਂ ਪੰਜਾਬ ਦੇ ਲੋਕ ਆਪ ਦਾ ਧੰਨਵਾਦ ਕਰਨਗੇ।ਪ੍ਰੋ. ਬਡੂੰਗਰ ਨੇ ਕਿਹਾ ਕਿ ਕੇਂਦਰੀ ਸਰਕਾਰ ਨੇ ਦੇਸ ਦੇ ਸਰਬਪੱਖੀ ਵਿਕਾਸ ਲਈ ਕਈ ਠੋਸ ਕਦਮ ਚੁੱਕੇ ਹਨ, ਉੱਥੇ ਦਸ਼ ਵਿਚ ਅਨੇਕਾਂ ਰੇਲ ਲਿੰਕ ਸਥਾਪਤ ਕਰਕੇ ਵੱਡੇ ਧਾਰਮਿਕ ਅਸਥਾਨ, ਸੂਬਿਆਂ ਤੇ ਸ਼ਹਿਰਾਂ ਨੂੰ ਜੋੜਿਆ ਹੈ, ਪ੍ਰੰਤੂ ਫਿਰ ਵੀ ਪੰਜਾਬ ਅਤੇ ਇਸ ਦੇ ਨਾਲ ਲਗਦੇ ਪ੍ਰਾਂਤਾਂ ਵਿਚ ਰੇਲ ਲਿੰਕਾਂ ਦੀ ਕਾਫੀ ਘਾਟ ਹੈ, ਜਿਸ ਕਾਰਨ ਯਾਤਰੀਆਂ ਤੇ ਵਪਾਰੀਆਂ ਨੂੰ ਸੜਕੀ ਟਰਾਂਸਪੋਰਟ ਰਾਹੀ ਸਫਰ ਕਰਨ ਵਿੱਚ ਕਾਫੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਿਨ੍ਹਾਂ ਵਿੱਚ ਖਾਸ ਕਰਕੇ ਗਰਭਵਤੀ ਬੀਬੀਆਂ ਨੂੰ ਜ਼ਿਆਦਾ ਕਠਿਨਾਈਆਂ ਸਹਿਣ ਕਰ ਰਹੀਆਂ ਹਨ।ਪ੍ਰੋ. ਬਡੂੰਗਰ ਨੇ ਆਪਣੇ ਲਿਖਤੀ ਪੱਤਰ ਵਿਚ ਆਖਿਆ ਕਿ ਜੇ ਦੇਸ਼ ਦੇ ਪ੍ਰਧਾਨ ਮੰਤਰੀ ਗੰਗਾਨਗਰ (ਰਾਜਸਥਾਨ) ਜਾਖਲ ਟੋਹਾਣਾ (ਹਰਿਆਣਾ) ਪਾਤੜਾਂ, ਸਮਾਣਾ (ਪਟਿਆਲਾ) ਰਾਜਪੁਰਾ, ਚੰਡੀਗੜ੍ਹ, ਅਨੰਦਪੁਰ ਸਾਹਿਬ ਤੇ ਮਾਤਾ ਨੈਣਾ ਦੇਵੀ ਦੇ ਪਵਿੱਤਰ ਸਥਾਨ ਨੂੰ ਆਪਸ ਵਿਚ ਜੋੜਨ ਲਈ ਰੇਲ ਲਿੰਕ ਸਥਾਪਤ ਕਰਨ ਦਾ ਭਲਾ ਕਾਰਜ ਕਰਨ ਵੱਲ ਉਚੇਚਾ ਧਿਆਨ ਦੇਣ ਤਾਂ ਜੁ ਰਹਿੰਦੇ ਰੇਲ ਲਿੰਕ ਹੋਣ ਨਾ ਲੋਕਾਂ ਨੂੰ ਵੱਡੀ ਸਹੂਲਤ ਪ੍ਰਦਾਨ ਹੋਵੇਗੀ।

ਪ੍ਰੋ. ਬਡੂੰਗਰ ਨੇ ਕਿਹਾ ਕਿ ਸਾਲ 1977-1980 ਤੀਕ ਮੈਨੂੰ ਰੇਲਵੇ ਯੂਜਰਜ ਬੋਰਡ ਦਾ ਮੈਂਬਰ ਬਣਨ ਦਾ ਸੁਭਾਗ ਪ੍ਰਾਪਤ ਹੋਇਆ ਸੀ।ਉਸ ਸਮੇਂ ਉਕਤ ਪ੍ਰਸਤਾਵਿਤ ਰੇਲ ਲਿੰਕ ਬਾਰੇ ਕੇਸ ਤਿਆਰ ਕਰਾਇਆ ਸੀ।ਇਸ ਤੋਂ ਪਹਿਲਾਂ ਤਤਕਾਲੀਨ ਰਿਆਸਤ ਪਟਿਆਲਾ ਦੇ ਮਹਾਰਾਜਾ ਭੁਪਿੰਦਰ ਸਿੰਘ ਜੀ ਨੇ 1932 ਈ. ਵਿੱਚ ਇਸ ਦਾ ਸਰਵੇ ਕਰਵਾਕੇ ਕੇਸ ਤਿਆਰ ਕਰਾਇਆ ਸੀ, ਪ੍ਰੰਤੂ ਪਹਿਲਾਂ ਅੰਗਰੇਜ਼ ਸਰਕਾਰ ਫਿਰ ਕੇਂਦਰ ਦੀ ਕਾਂਗਰਸ ਸਰਕਾਰ ਨੇ ਉਕਤ ਕੇਸ ਮਨਜ਼ੂਰ ਨਹੀਂ ਸੀ ਕੀਤਾ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਸਮੇਂ ਦੇਸ ਦੇ ਵੱਖ ਵੱਖ ਪਵਿੱਤਰ ਧਾਰਮਿਕ ਅਸਥਾਨਾਂ ਨੂੰ ਆਪਸ ਵਿੱਚ ਜੋੜਨ ਦਾ ਸ਼ਲਾਘਾਯੋਗ ਕਾਰਜ ਕੀਤਾ ਗਿਆ ਹੈ ਤੇ ਪੰਜਾਬ ਦੇਸ਼ ਭਾਰਤ ਦਾ ਇੱਕ ਅਹਿਮ ਸਰਹੱਦੀ ਸੂਬਾ ਹੈ।

# ਸਫ਼ਾਈ ਪ੍ਰਬੰਧਾਂ ਖ਼ਿਲਾਫ਼ ਭਾਜਪਾ ਵੱਲੋਂ ਰੋਸ ਪ੍ਰਦਰਸ਼ਨ



**ਬਰੇਟਾ (ਰੀਤਵਾਲ)**-ਸਫ਼ਾਈ ਸੇਵਕਾਂ ਦੀ ਚੱਲ ਰਹੀ ਹੜਤਾਲ ਕਾਰਨ ਸ਼ਹਿਰ ਵਿੱਚ ਕੂੜੇ ਦੇ ਵੱਡੇ-ਵੱਡੇ ਢੇਰ ਲੱਗ ਜਾਣ ਨਾਲ ਲੋਕਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਇਸ ਮਸਲੇ ਨੂੰ ਲੈ ਕੇ ਅੱਜ ਭਾਰਤੀ ਜਨਤਾ ਪਾਰਟੀ ਬਰੇਟਾ ਇਕਾਈ ਵੱਲੋਂ ਜ਼ਿਲ੍ਹਾ ਜਨਰਲ ਸਕੱਤਰ ਗਗਨਦੀਪ ਸ਼ਰਮਾ, ਬਲਵਿੰਦਰ ਸਿੰਘ ਪਟਵਾਰੀ ਤੇ ਮੰਡਲ ਪ੍ਰਧਾਨ ਰਾਜ ਕੁਮਾਰ ਬਾਂਸਲ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕੀਤਾ ਗਿਆ।ਪ੍ਰਦਰਸ਼ਨ ਦੌਰਾਨ ਭਾਜਪਾ ਆਗੂਆਂ ਤੇ ਵਰਕਰਾਂ ਨੇ ਸ਼ਹਿਰ ਵਿੱਚ ਲੱਗੇ ਕੂੜੇ ਦੇ ਢੇਰਾਂ ਕੋਲ ਇਕੱਠੇ ਹੋ ਕੇ ਪੰਜਾਬ ਸਰਕਾਰ ਦੇ ਸਫ਼ਾਈ ਪ੍ਰਬੰਧਾਂ 'ਤੇ ਸਵਾਲ ਉਠਾਏ।ਇਸ ਮੌਕੇ ਮੁੱਖ ਮੰਤਰੀ ਪੰਜਾਬ ਤੇ ਹਲਕਾ ਵਿਧਾਇਕ ਖ਼ਿਲਾਫ਼ ਰੋਸ ਪ੍ਰਗਟ ਕਰਦੇ ਹੋਏ ਪੋਸਟਰ ਲਗਾਏ ਗਏ ਅਤੇ ਨਾਅਰੇਬਾਜ਼ੀ ਵੀ ਕੀਤੀ ਗਈ।ਭਾਜਪਾ ਆਗੂਆਂ ਨੇ ਕਿਹਾ ਕਿ ਸਫ਼ਾਈ ਸੇਵਕਾਂ ਦੀ ਹੜਤਾਲ ਕਾਰਨ ਸ਼ਹਿਰ ਦੀ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਪ੍ਰਭਾਵਿਤ ਹੋ ਗਈ ਹੈ, ਜਿਸ ਨਾਲ ਗੰਦਗੀ ਫੈਲ ਰਹੀ ਹੈ ਤੇ ਬਿਮਾਰੀਆਂ ਫੈਲਣ ਦਾ ਖ਼ਤਰਾ ਵੀ ਵੱਧ ਰਿਹਾ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਸਰਕਾਰ ਸਮੇਂ ਸਿਰ ਇਸ ਸਮੱਸਿਆ ਦਾ ਹੱਲ ਕਰਨ ਵਿੱਚ ਨਾਕਾਮ ਰਹੀ ਹੈ, ਜਿਸ ਦਾ ਖ਼ਮਿਆਜ਼ਾ ਆਮ ਲੋਕਾਂ ਨੂੰ ਭੁਗਤਣਾ ਪੈ ਰਿਹਾ ਹੈ।ਭਾਜਪਾ ਨੇ ਸਰਕਾਰ ਤੋਂ ਮੰਗ ਕੀਤੀ ਕਿ ਸਫ਼ਾਈ ਸੇਵਕਾਂ ਨਾਲ ਜਲਦ ਗੱਲਬਾਤ ਕਰਕੇ ਹੜਤਾਲ ਦਾ ਹੱਲ ਕੱਢਿਆ ਜਾਵੇ ਤੇ ਸ਼ਹਿਰ ਵਿੱਚ ਜੰਗੀ ਪੱਧਰ 'ਤੇ ਸਫ਼ਾਈ ਕਰਵਾ ਕੇ ਲੋਕਾਂ ਨੂੰ ਰਾਹਤ ਦਿੱਤੀ ਜਾਵੇ।ਇਸ ਮੌਕੇ ਸੂਰਜ ਪ੍ਰਕਾਸ਼, ਅਸ਼ੋਕ ਕੁਮਾਰ ਗੋਰਾ, ਓਮ ਲਾਲ ਬਾਲਮੀਕੀ, ਬਦਰੀ ਪ੍ਰਸ਼ਾਦ, ਨੀਰਜ ਕੁਮਾਰ, ਬਿੰਦਰ ਸਿੰਘ, ਮੋਤੀ ਸਿੰਘ, ਦਰਸ਼ਨ ਸਿੰਘ, ਪੁਨੀਤ ਮਿੱਤਲ, ਮੋਹਿਤ ਜਾਗੜਾਂ ਹਾਜ਼ਰ ਸਨ।

## ਸਫਾ 1 ਦੇ ਬਾਕੀ...

### ਮੰਦਰ-ਮਸਜਿਦ ਝਗੜਿਆਂ...

ਮੰਦਰ ਦੁਬਾਰਾ ਬਣਾਇਆ ਜਾਣਾ ਚਾਹੀਦਾ ਹੈ। ਮੁਸਲਿਮ ਪੱਖ ਦੀ ਦਲੀਲ ਹੈ ਕਿ ਮਸਜਿਦ ਨੂੰ ਇੱਕ ਜਾਇਜ਼ ਧਾਰਮਿਕ ਸਥਾਨ ਮੰਨਿਆ ਜਾਣਾ ਚਾਹੀਦਾ ਹੈ। 1968 ਦੇ ਸਮਝੌਤੇ ਅਤੇ ਪੂਜਾ ਸਥਾਨ ਐਕਟ, 1991 ਦੀ ਪਾਲਣਾ ਕੀਤੀ ਜਾਣੀ ਚਾਹੀਦੀ ਹੈ। ਪਟੀਸ਼ਨਾਂ ਨੂੰ ਖਾਰਜ ਕਰ ਦੇਣਾ ਚਾਹੀਦਾ ਹੈ। 1968 ਦੇ ਸਮਝੌਤੇ ਦੀ ਜ਼ਮੀਨ ਦੀ ਮਾਲਕੀ, ਸਰਵੇਖਣ ਅਤੇ ਵੈਧਤਾ ਨਾਲ ਸੰਬੰਧਤ ਕਈ ਮਾਮਲੇ ਇਲਾਹਾਬਾਦ ਹਾਈ ਕੋਰਟ ਅਤੇ ਸੁਪਰੀਮ ਕੋਰਟ ਵਿੱਚ ਵਿਚਾਰਾਧੀਨ ਹਨ। ਸੰਭਲ ਦੀ ਸ਼ਾਹੀ ਜਾਮਾ ਮਸਜਿਦ ਬਾਰੇ ਹਿੰਦੂ ਪੱਖ ਦਾ ਦਾਅਵਾ ਹੈ ਕਿ ਇਹ ਪ੍ਰਾਚੀਨ ਹਰੀਹਰ (ਹਰੀ) ਮੰਦਰ ਨੂੰ ਢਾਹ ਕੇ ਬਣਾਈ ਗਈ ਸੀ। ਹਿੰਦੂ ਪੱਖ ਦੀ ਮੰਗ ਹੈ ਕਿ ਮਸਜਿਦ ਦਾ ਪੁਰਾਤੱਤਵ ਸਰਵੇਖਣ ਕਰਵਾਇਆ ਜਾਣਾ ਚਾਹੀਦਾ ਹੈ। ਮੰਦਰ ਦੇ ਅਵਸ਼ੇਸ਼ ਮਿਲ ਜਾਣ ਤੋਂ ਬਾਅਦ ਇਸ ਦੀ ਮੁਰੰਮਤ ਕਰਵਾਈ ਜਾਣੀ ਚਾਹੀਦੀ ਹੈ। ਹਿੰਦੂਆਂ ਨੂੰ ਪੂਜਾ ਦਾ ਅਧਿਕਾਰ ਮਿਲਣਾ ਚਾਹੀਦਾ ਹੈ। ਮੁਸਲਿਮ ਪੱਖ ਦੀ ਮੰਗ ਹੈ ਕਿ ਮਸਜਿਦ ਨੂੰ ਇੱਕ ਇਤਿਹਾਸਕ ਅਤੇ ਜਾਇਜ਼ ਮਸਜਿਦ ਮੰਨਿਆ ਜਾਣਾ ਚਾਹੀਦਾ ਹੈ। ਸਰਵੇਖਣ ਅਤੇ ਨਵੇਂ ਕੇਸ ਬੰਦ ਹੋਣੇ ਚਾਹੀਦੇ ਹਨ। ਪੂਜਾ ਸਥਾਨ ਐਕਟ, 1991 ਲਾਗੂ ਕੀਤਾ ਜਾਣਾ ਚਾਹੀਦਾ ਹੈ। ਸਰਵੇਖਣ, ਇਸ ਦੀ ਵੈਧਤਾ ਅਤੇ ਸੰਬੰਧਤ ਕਾਨੂੰਨੀ ਪਟੀਸ਼ਨਾਂ 'ਤੇ ਸੁਣਵਾਈ ਚੰਦੌਸੀ ਸਿਵਲ ਕੋਰਟ, ਇਲਾਹਾਬਾਦ ਹਾਈ ਕੋਰਟ ਅਤੇ ਸੁਪਰੀਮ ਕੋਰਟ ਵਿੱਚ ਚੱਲ ਰਹੀ ਹੈ। ਸੁਪਰੀਮ ਕੋਰਟ ਦੀ ਵਿਚੋਲਗੀ ਦੀ ਪੇਸ਼ਕਸ਼ ਰੱਦ ਕੀਤੇ ਜਾਣ ਤੋਂ ਬਾਅਦ ਹੁਣ ਸੁਪਰੀਮ ਕੋਰਟ ਵਿੱਚ ਇੱਕ ਨਿਯਮਤ ਸੁਣਵਾਈ ਹੋਵੇਗੀ, ਜਿੱਥੇ ਦੋਵੇਂ ਧਿਰਾਂ ਆਪਣੇ ਸਬੂਤ ਅਤੇ ਦਲੀਲਾਂ ਪੇਸ਼ ਕਰਨਗੀਆਂ। ਵਰਤਮਾਨ ਵਿੱਚ, ਦੋਵਾਂ ਧਿਰਾਂ ਨੇ ਇਨਕਾਰ ਕਰ ਦਿੱਤਾ ਹੈ। ਜੇ ਦੋਵੇਂ ਧਿਰਾਂ ਭਵਿੱਖ ਵਿੱਚ ਸਹਿਮਤ ਹੁੰਦੀਆਂ ਹਨ ਤਾਂ ਅਦਾਲਤ ਦੁਬਾਰਾ ਵਿਚੋਲਗੀ 'ਤੇ ਵਿਚਾਰ ਕਰ ਸਕਦੀ ਹੈ। ਹੁਣ ਇਸ ਮਾਮਲੇ ਦਾ ਫੈਸਲਾ ਪੂਰੀ ਨਿਆਂਇਕ ਪ੍ਰਕਿਰਿਆ ਤੋਂ ਬਾਅਦ ਕੀਤਾ ਜਾਵੇਗਾ, ਇਸ ਲਈ ਇਸ ਵਿੱਚ ਸਮਾਂ ਲੱਗ ਸਕਦਾ ਹੈ।

## ਗਾਰਡਨ ਵੈਲੀ ਸਕੂਲ 'ਚ ਕਰਵਾਇਆ ਸੈਮੀਨਾਰ



**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਗਾਰਡਨ ਵੈਲੀ ਇੰਟਰਨੈਸ਼ਨਲ ਸਕੂਲ 'ਚ 'ਰੋਡ ਮੈਪ ਆਫ ਹੋਪ' ਵਿਸ਼ੇ 'ਤੇ ਇੱਕ ਸੈਮੀਨਾਰ ਕਰਵਾਇਆ ਗਿਆ, ਜਿਸ ਵਿਚ ਐੱਨ.ਜੀ.ਓ. ਮੈਂਬਰ ਤੇਜਿੰਦਰ ਸਿੰਘ ਗਰੇਵਾਲ ਤੇ ਮਿਸ ਪ੍ਰੀਤੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਸੈਮੀਨਾਰ ਦਾ ਮੁੱਖ ਉਦੇਸ਼ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ, ਸਕਾਰਾਤਮਕ ਸੋਚ, ਬੌਧਿਕ ਵਿਕਾਸ ਤੇ ਭਵਿੱਖ ਦੇ ਟੀਚਿਆਂ ਪ੍ਰਤੀ ਜਾਗਰੂਕ ਕਰਨਾ ਸੀ। ਇਸ ਮੌਕੇ ਵਿਦਿਆਰਥੀਆਂ ਨੂੰ ਆਪਣੀ ਰੁਚੀ ਤੇ ਯੋਗਤਾ ਅਨੁਸਾਰ ਕਰੀਅਰ ਦੀ ਚੋਣ ਕਰਨ, ਸਪੱਸ਼ਟ ਟੀਚੇ ਨਿਰਧਾਰਤ ਕਰਨ ਅਤੇ ਉਨ੍ਹਾਂ ਨੂੰ ਪ੍ਰਾਪਤ ਕਰਨ ਲਈ ਅਨੁਸ਼ਾਸਨ, ਸਖ਼ਤ ਮਿਹਨਤ ਤੇ ਸਕਾਰਾਤਮਕ ਸੋਚ ਨਾਲ ਲਗਾਤਾਰ ਯਤਨ ਕਰਨ ਲਈ ਪ੍ਰੇਰਿਤ ਕੀਤਾ ਗਿਆ।

ਮਿਸ ਪ੍ਰੀਤੀ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਵਿਦਿਆਰਥੀਆਂ ਨੂੰ ਵੱਡੇ ਸੁਪਨੇ ਦੇਖਣੇ ਚਾਹੀਦੇ ਹਨ, ਆਪਣੇ ਟੀਚੇ ਸਪੱਸ਼ਟ ਤੌਰ 'ਤੇ ਨਿਰਧਾਰਤ ਕਰਨੇ ਚਾਹੀਦੇ ਹਨ ਤੇ ਉਨ੍ਹਾਂ ਨੂੰ ਪੂਰਾ ਕਰਨ ਲਈ ਅੱਜ ਤੋਂ ਹੀ ਯੋਜਨਾਬੱਧ ਤਿਆਰੀ ਸ਼ੁਰੂ ਕਰ ਦੇਣੀ ਚਾਹੀਦੀ ਹੈ। ਸਕੂਲ ਦੀ ਪ੍ਰਿੰਸੀਪਲ ਡਾ. ਹਰਪ੍ਰੀਤ ਕੌਰ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਉਹ ਆਪਣੇ ਭਵਿੱਖ ਪ੍ਰਤੀ ਗੰਭੀਰ ਰਹਿਣ, ਉੱਚੇ ਟੀਚੇ ਨਿਰਧਾਰਤ ਕਰਨ ਅਤੇ ਆਪਣੀ ਰੁਚੀ ਤੇ ਯੋਗਤਾ ਅਨੁਸਾਰ ਕਰੀਅਰ ਦੀ ਚੋਣ ਕਰਕੇ ਉਸ ਨੂੰ ਪ੍ਰਾਪਤ ਕਰਨ ਲਈ ਅੱਜ ਤੋਂ ਹੀ ਯੋਜਨਾਬੱਧ ਢੰਗ ਨਾਲ ਤਿਆਰੀ ਕਰਨ ਦਾ ਸੰਕਲਪ ਲੈਣ।

## ਸਕੂਟਰੀ ਚੋਰੀ ਮਾਮਲੇ 'ਚ 2 ਖ਼ਿਲਾਫ਼ ਕੇਸ ਦਰਜ

**ਮਾਛੀਵਾੜਾ ਸਾਹਿਬ (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸਥਾਨਕ ਪੁਲਸ ਵੱਲੋਂ ਮੰਦਰ ਦੇ ਬਾਹਰ ਖੜੀ ਐਕਟਿਵਾ ਸਕੂਟਰੀ ਚੋਰੀ ਕਰਨ 'ਤੇ ਸੰਦੀਪ ਕੌਰ ਵਾਸੀ ਉਧੋਵਾਲ ਕਲਾਂ ਤੇ ਰੋਬਨਪ੍ਰੀਤ ਸਿੰਘ ਵਾਸੀ ਨਾਨੋਵਾਲ ਕਲਾਂ, ਥਾਣਾ ਖਮਾਣੋਂ ਖਿਲਾਫ਼ ਮਾਮਲਾ ਦਰਜ ਕੀਤਾ ਹੈ। ਸਹਾਇਕ ਥਾਣੇਦਾਰ ਜਰਨੈਲ ਸਿੰਘ ਨੇ ਦੱਸਿਆ ਕਿ ਦਵਿੰਦਰ ਸਿੰਘ ਬਵੇਜਾ ਨੇ ਪੁਲਸ ਕੋਲ ਬਿਆਨ ਦਰਜ ਕਰਵਾਏ ਕਿ ਉਹ ਐਕਟਿਵਾ ਸਕੂਟਰੀ 'ਤੇ ਸਵਾਰ ਹੋ ਕੇ ਮੰਦਰ ਮੱਥਾ ਟੇਕਣ ਗਿਆ ਸੀ ਤੇ ਜਦੋਂ ਵਾਪਸ ਆਇਆ ਤਾਂ ਸਕੂਟਰੀ ਉੱਥੇ ਨਹੀਂ ਸੀ, ਜਿਸ ਨੂੰ ਕੋਈ ਚੋਰੀ ਕਰਕੇ ਲੈ ਗਿਆ। ਉਸ ਨੇ ਦੱਸਿਆ ਕਿ ਮੇਰੇ ਵੱਲੋਂ ਸਾਥੀਆਂ ਸਮੇਤ ਆਪਣੇ ਤੌਰ 'ਤੇ ਕਾਫ਼ੀ ਭਾਲ ਕੀਤੀ, ਜਿਸ 'ਤੇ ਮੰਦਰ ਦੇ ਕੈਮਰੇ ਦੇਖਣ ਪਰ ਮੈਨੂੰ ਪਤਾ ਲੱਗਾ ਕਿ ਮੇਰੀ ਸਕੂਟਰੀ ਸੰਦੀਪ ਕੌਰ ਤੇ ਰੋਬਨਪ੍ਰੀਤ ਸਿੰਘ ਵੱਲੋਂ ਚੋਰੀ ਕੀਤੀ ਗਈ ਹੈ। ਪੁਲਸ ਵੱਲੋਂ ਬਿਆਨਕਰਤਾ ਵੱਲੋਂ ਦਿੱਤੇ ਬਿਆਨਾਂ 'ਤੇ ਉਕਤਾਨ ਕਥਿਤ ਦੋਸ਼ੀਆਂ ਖਿਲਾਫ਼ ਮਾਮਲਾ ਦਰਜ ਕਰ ਲਿਆ ਗਿਆ ਹੈ।

## 10 ਅਗਸਤ ਦੇ ਜੇਲ੍ਹ ਭਰੋ ਦੀ ਤਿਆਰੀ ਹਿੱਤ ਕਨਵੈਨਸ਼ਨ 21 ਨੂੰ : ਐਡਵੋਕੇਟ ਉੱਡਤ



**ਮਾਨਸਾ (ਆਤਮਾ ਸਿੰਘ ਪਮਾਰ)**
ਭਾਰਤ ਛੱਡੋ ਅੰਦੋਲਨ ਦੀ ਵਰੇਗੰਢ ਮੌਕੇ ਦੇਸ ਵਿਆਪੀ ਸੱਤਿਆਗ੍ਰਹਿ ਤਹਿਤ 10 ਅਗਸਤ ਦੇ ਜੇਲ੍ਹ ਭਰੋ ਅੰਦੋਲਨ ਦੀ ਸਫਲਤਾ ਲਈ ਸੈਂਟਰ ਆਫ ਇੰਡੀਅਨ ਟਰੇਡ ਯੂਨੀਅਨ (ਸੀਟੂ) ਵੱਲੋ ਪ੍ਰਭਾਵਸ਼ਾਲੀ ਜ਼ਿਲ੍ਹਾ ਪੱਧਰੀ ਕਨਵੈਨਸ਼ਨ 21 ਜੁਲਾਈ ਨੂੰ ਸਵੇਰੇ 11 ਵਜੇ ਪੈਨਸਨਰ ਭਵਨ ਕਚਹਿਰੀ ਰੋਡ ਮਾਨਸਾ ਵਿੱਖੇ ਆਯੋਜਿਤ ਕੀਤੀ ਜਾਵੇਗੀ, ਜਿਸ 'ਚ ਵੱਡੀ ਗਿਣਤੀ ਮਨਰੇਗਾ ਵਰਕਰ, ਉਸਾਰੀ ਵਰਕਰ, ਆਂਗਣਵਾੜੀ ਵਰਕਰ, ਮਿਡ ਡੇਅ ਮੀਲ ਵਰਕਰ, ਜੰਗਲਾਤ ਵਰਕਰ, ਚੌਕੀਦਾਰ ਤੇ ਉਦਯੋਗਿਕ ਮਜ਼ਦੂਰ ਸ਼ਮੂਲੀਅਤ ਕਰਨਗੇ।ਇਸ ਕਨਵੈਨਸ਼ਨ ਨੂੰ ਸੰਬੋਧਨ ਕਰਨ ਲਈ ਸੈਂਟਰ ਆਫ਼ ਇੰਡੀਅਨ ਟਰੇਡ ਯੂਨੀਅਨ (ਸੀਟੂ) ਦੇ ਕੁਲ ਹਿੰਦ ਸਕੱਤਰ ਤੇ ਆਂਗਣਵਾੜੀ ਮੁਲਾਜ਼ਮ ਯੂਨੀਅਨ (ਸੀਟੂ) ਦੇ ਕੁੱਲ ਹਿੰਦ ਜਨਰਲ ਸਕੱਤਰ ਊਸ਼ਾ ਰਾਣੀ, ਸੀਟੂ ਪੰਜਾਬ ਦੇ ਪ੍ਰਧਾਨ ਸਾਥੀ ਚੰਦਰ ਸ਼ੇਖਰ, ਸੀਟੂ ਪੰਜਾਬ ਦੇ ਜਨਰਲ ਸਕੱਤਰ ਸਾਥੀ ਮਹਾਂ ਸਿੰਘ ਰੋੜੀ ਵੀ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕਰਨਗੇ।ਸੀਟੂ ਦੇ ਸੂਬਾਈ ਆਗੂ ਐਡਵੋਕੇਟ ਕੁਲਵਿੰਦਰ ਸਿੰਘ ਉੱਡਤ ਨੇ ਕਿਹਾ ਕਿ ਬਦਲਾਅ ਵਾਲੀ ਨਿਕੰਮੀ ਮਾਨ ਸਰਕਾਰ ਵੀ ਮੋਦੀ ਸਰਕਾਰ ਦੇ ਨਕਸੇ ਕਦਮਾਂ 'ਤੇ ਚੱਲਦਿਆਂ ਮਿਹਨਤਕਸ਼ ਲੋਕਾਂ ਦਾ ਘਾਣ ਕਰ ਰਹੀ ਹੈ, ਮਨਰੇਗਾ ਕਾਨੂੰਨ ਨੂੰ ਖ਼ਤਮ ਕਰਨ 'ਤੇ ਪਹਿਲਾਂ ਮਾਨ ਸਰਕਾਰ ਨੇ ਵਿਧਾਨ ਸਭਾ ਦਾ ਸਪੈਸ਼ਲ ਅਜਲਾਸ ਬੁਲਾ ਕੇ ਮੋਦੀ ਸਰਕਾਰ ਦੇ ਖ਼ਿਲਾਫ਼ ਪਾਸ ਕੀਤਾ ਤੇ ਹੁਣ 1 ਜੁਲਾਈ ਨੂੰ ਮੋਦੀ ਸਰਕਾਰ ਦੇ ਮਜ਼ਦੂਰ ਮਾਰੂ ਨਵੇਂ ਕਾਨੂੰਨ ਦਾ ਨੋਟੀਫਿਕੇਸ਼ਨ ਜਾਰੀ ਕਰ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਸੀਟੂ ਦੀ ਸਮੁੱਚੀ ਟੀਮ 21 ਜੁਲਾਈ ਦੀ ਕਨਵੈਨਸ਼ਨ ਦੀ ਤਿਆਰੀ 'ਚ ਹੁਣੇ ਤੋਂ ਹੀ ਜੁਟ ਗਈ ਹੈ।

# ਡੀ ਏ ਵੀ ਪਬਲਿਕ ਸਕੂਲ ਕਕਰਾਲਾ 'ਚ ਮਾਪੇ-ਅਧਿਆਪਕ ਮੀਟਿੰਗ ਸੰਪੰਨ



**ਸਮਾਣਾ (ਇਕਬਾਲ ਸਿੰਘ ਬੱਲ, ਗੁਰਪਿਆਰ ਸਿੰਘ ਬੱਲ)**-ਡੀ.ਏ.ਵੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ, ਕਕਰਾਲਾ ਵਿਖੇ ਨਵ-ਨਿਯੁਕਤ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਦੀ ਕੁਸ਼ਲ ਅਗਵਾਈ ਹੇਠ ਮਾਪੇ-ਅਧਿਆਪਕ ਮੀਟਿੰਗ ਦਾ ਸਫ਼ਲਤਾਪੂਰਵਕ ਆਯੋਜਨ ਕੀਤਾ ਗਿਆ।ਸਕੂਲ ਪਹੁੰਚਣ 'ਤੇ ਮਾਪਿਆਂ ਦਾ ਐਨ.ਸੀ.ਸੀ.ਕੈਡਿਟਸ ਵੱਲੋਂ ਸਕੂਲ ਬੈਂਡ ਦੀਆਂ ਸੁਰੀਲੀਆਂ ਧੁਨਾਂ ਨਾਲ ਨਿੱਘਾ ਸਵਾਗਤ ਕੀਤਾ ਗਿਆ, ਜਿਸ ਨੇ ਪੂਰੇ ਸਕੂਲ ਕੰਪਲੈਕਸ ਵਿੱਚ ਇੱਕ ਬੇਹੱਦ ਅਨੁਸ਼ਾਸਿਤ ਅਤੇ ਗੰਭੀਰ ਵਾਤਾਵਰਣ ਸਿਰਜਿਆ।ਸਕੂਲ ਦੇ ਵਿਦਿਆਰਥੀਆਂ ਵੱਲੋਂ ਤਿਆਰ ਕੀਤੇ ਗਏ ਰਚਨਾਤਮਕ ਅਤੇ ਨਵੀਨਤਮ ਪ੍ਰੋਜੈਕਟਾਂ ਦੀ ਇੱਕ ਵਿਸ਼ੇਸ਼ ਪ੍ਰਦਰਸ਼ਨੀ ਵੀ ਲਗਾਈ ਗਈ।ਇਸ ਪ੍ਰਦਰਸ਼ਨੀ ਵਿੱਚ ਵਿਗਿਆਨ, ਗਣਿਤ, ਸਮਾਜਿਕ ਵਿਗਿਆਨ, ਹਿੰਦੀ, ਅੰਗਰੇਜ਼ੀ ਤੇ ਪੰਜਾਬੀ ਵਿਸ਼ਿਆਂ ਨਾਲ ਸਬੰਧਿਤ ਵੱਖ-ਵੱਖ ਮਾਡਲ ਸ਼ਾਮਲ ਸਨ ਵਿਦਿਆਰਥੀਆਂ ਨੇ ਆਪਣੇ ਪ੍ਰੋਜੈਕਟਾਂ ਦਾ ਬਹੁਤ ਹੀ ਵਿਸਥਾਰਪੂਰਵਕ ਅਤੇ ਪ੍ਰਭਾਵਸ਼ਾਲੀ ਢੰਗ ਨਾਲ ਪ੍ਰਸਤੁਤੀਕਰਨ ਕੀਤਾ।ਮਾਪਿਆਂ ਨੇ ਇਸ ਪ੍ਰਦਰਸ਼ਨੀ ਦਾ ਬੜੀ ਬਾਰੀਕੀ ਨਾਲ ਅਵਲੋਕਨ ਕੀਤਾ ਤੇ ਬੱਚਿਆਂ ਦੀ ਕਲਾਤਮਕ ਸੋਚ ਤੇ ਮਿਹਨਤ ਦੀ ਭਰਪੂਰ ਸ਼ਲਾਘਾ ਕੀਤੀ।ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਵੱਲੋਂ ਸਕੂਲ ਦੇ ਆਡੀਟੋਰੀਅਮ ਵਿੱਚ ਇੱਕ 'ਓਪਨ ਹਾਊਸ ਮੀਟਿੰਗ' ਕੀਤੀ ਗਈ, ਜਿਸ ਵਿੱਚ ਮਾਪਿਆਂ ਨੇ ਖੁੱਲ੍ਹ ਕੇ ਆਪਣੇ ਵਿਚਾਰ, ਸੁਝਾਅ ਤੇ ਫੀਡਬੈਕ ਸਾਂਝੇ ਕੀਤੇ।ਮਾਪਿਆਂ ਨੇ ਸਕੂਲ ਦੀ ਇਸ ਪਾਰਦਰਸ਼ੀ ਅਤੇ ਮਜ਼ਬੂਤ ਪ੍ਰਣਾਲੀ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਸਾਲ 1994 ਤੋਂ ਇਹ ਸੰਸਥਾ ਇਲਾਕੇ ਵਿੱਚ ਲਗਾਤਾਰ ਬੇਹਤਰੀਨ ਸਿੱਖਿਆ ਸੇਵਾਵਾਂ ਪ੍ਰਦਾਨ ਕਰ ਰਹੀ ਹੈ ਅਤੇ ਇੱਕ ਮਾਰਗਦਰਸ਼ਕ ਵਜੋਂ ਸਥਾਪਤ ਹੈ।ਮਾਪਿਆਂ ਨੇ ਨਵੇਂ ਪ੍ਰਿੰਸੀਪਲ ਦੇ ਅਹੁਦਾ ਸੰਭਾਲਣ ਤੇ ਖ਼ੁਸ਼ੀ ਪ੍ਰਗਟਾਈ, ਡੀ.ਏ.ਵੀ. ਪ੍ਰਬੰਧਕੀ ਕਮੇਟੀ ਦਾ ਧੰਨਵਾਦ ਕੀਤਾ ਅਤੇ ਸਕੂਲ ਨੂੰ ਹਰ ਸੰਭਵ ਸਹਿਯੋਗ ਦੇਣ ਦਾ ਭਰੋਸਾ ਦਿੱਤਾ।ਮੀਟਿੰਗ ਦੌਰਾਨ ਪ੍ਰਿੰਸੀਪਲ ਸ੍ਰੀਮਤੀ ਸ਼ਿਪਰਾ ਸ਼ਰਮਾ ਨੇ ਮਾਪਿਆਂ ਦੇ ਸੁਝਾਵਾਂ ਅਤੇ ਸਮੱਸਿਆਵਾਂ ਨੂੰ ਬਹੁਤ ਹੀ ਗੰਭੀਰਤਾ ਨਾਲ ਸੁਣਿਆ ਅਤੇ ਉਨ੍ਹਾਂ ਦੇ ਜਲਦ ਹੱਲ ਦਾ ਵਿਸ਼ਵਾਸ ਦਿਵਾਇਆ।

## ਫ਼ੈਸ਼ਨ ਡਿਜ਼ਾਇਨਿੰਗ ਨਤੀਜਿਆਂ 'ਚ ਜੀ ਆਈ ਐੱਮ ਟੀ ਕਾਲਜ ਦਾ ਸ਼ਾਨਦਾਰ ਪ੍ਰਦਰਸ਼ਨ



**ਬੁਢਲਾਡਾ (ਅਸ਼ੋਕ ਲਾਕੜਾ)**-ਆਈ. ਕੇ. ਗੁਜਰਾਲ ਪੰਜਾਬ ਟੈਕਨੀਕਲ ਯੂਨੀਵਰਸਿਟੀ ਵੱਲੋਂ ਐਲਾਨੇ ਗਏ ਬੀ.ਐੱਸਸੀ. ਫੈਸ਼ਨ ਡਿਜ਼ਾਇਨਿੰਗ ਛੇਵੇਂ ਸਮੈਸਟਰ ਦੇ ਨਤੀਜਿਆਂ ਵਿੱਚ ਜੀਆਈਐਮਟੀ ਕਾਲਜ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਂਅ ਰੌਸ਼ਨ ਕੀਤਾ ਹੈ।ਨਤੀਜਿਆਂ ਅਨੁਸਾਰ ਕਾਜਲ ਪੁੱਤਰੀ ਮਹੇਸ਼ ਕੁਮਾਰ ਨੇ 93.3 ਫੀਸਦੀ ਅੰਕ ਪ੍ਰਾਪਤ ਕਰਕੇ ਕਾਲਜ ਵਿੱਚ ਪਹਿਲਾ ਸਥਾਨ ਹਾਸਲ ਕੀਤਾ।ਸਰਬਜੀਤ ਕੌਰ ਪੁੱਤਰੀ ਲਾਖਾ ਸਿੰਘ ਨੇ 90 ਫੀਸਦੀ ਅੰਕਾਂ ਨਾਲ ਦੂਜਾ ਸਥਾਨ, ਸੁਖਵਿੰਦਰ ਕੌਰ ਪੁੱਤਰੀ ਬਲਵੀਰ ਸਿੰਘ ਨੇ 89.2 ਫੀਸਦੀ ਅੰਕਾਂ ਨਾਲ ਤੀਜਾ ਸਥਾਨ, ਗੁਰਪ੍ਰੀਤ ਕੌਰ ਪੁੱਤਰੀ ਦਰਸ਼ਨ ਸਿੰਘ ਨੇ 87.5 ਫੀਸਦੀ ਅੰਕਾਂ ਨਾਲ ਚੌਥਾ ਸਥਾਨ ਪ੍ਰਾਪਤ ਕੀਤਾ।ਇਸੇ ਤਰ੍ਹਾਂ ਅਰਸ਼ਦੀਪ ਕੌਰ ਪੁੱਤਰੀ ਸੁਖਵਿੰਦਰ ਸਿੰਘ ਤੇ ਰਾਜਵਿੰਦਰ ਕੌਰ ਪੁੱਤਰੀ ਜਗਸੀਰ ਸਿੰਘ ਨੇ 86.7 ਫੀਸਦੀ ਅੰਕਾਂ ਨਾਲ ਸਾਂਝੇ ਤੌਰ 'ਤੇ ਪੰਜਵਾਂ ਸਥਾਨ ਹਾਸਲ ਕੀਤਾ, ਜਦਕਿ ਜੋਤੀ ਕੌਰ ਪੁੱਤਰੀ ਬੀਰਾ ਸਿੰਘ ਨੇ 83.3 ਫ਼ੀਸਦੀ ਅੰਕਾਂ ਨਾਲ ਛੇਵਾਂ ਸਥਾਨ ਪ੍ਰਾਪਤ ਕੀਤਾ।ਕਾਲਜ ਦੇ ਪ੍ਰਿੰਸੀਪਲ ਡਾ. ਰੇਖਾ ਨੇ ਵਿਦਿਆਰਥਣਾਂ, ਉਨ੍ਹਾਂ ਦੇ ਮਾਤਾ-ਪਿਤਾ ਤੇ ਫੈਸ਼ਨ ਡਿਜ਼ਾਇਨਿੰਗ ਵਿਭਾਗ ਦੇ ਸਮੂਹ ਸਟਾਫ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਹ ਸਫ਼ਲਤਾ ਅਧਿਆਪਕਾਂ ਦੀ ਅਣਥੱਕ ਮਿਹਨਤ, ਵਿਦਿਆਰਥਣਾਂ ਦੀ ਲਗਨ ਅਤੇ ਮਾਪਿਆਂ ਦੇ ਸਹਿਯੋਗ ਦਾ ਨਤੀਜਾ ਹੈ।ਫੈਸ਼ਨ ਡਿਜ਼ਾਇਨਿੰਗ ਵਿਭਾਗ ਦੀ ਇੰਚਾਰਜ ਮੈਡਮ ਗੁਰਵਿੰਦਰ ਕੌਰ ਨੇ ਵਿਦਿਆਰਥਣਾਂ ਨਾਲ ਤਜਰਬੇ ਸਾਂਝੇ ਕਰਦਿਆਂ ਕਿਹਾ ਕਿ ਫੈਸ਼ਨ ਇੰਡਸਟਰੀ ਵਿੱਚ ਸਫਲਤਾ ਹਾਸਲ ਕਰਨ ਲਈ ਨਿਰੰਤਰ ਸਿੱਖਣਾ, ਨਵੀਆਂ ਤਕਨੀਕਾਂ ਨਾਲ ਜੁੜੇ ਰਹਿਣਾ ਅਤੇ ਰਚਨਾਤਮਕ ਸੋਚ ਵਿਕਸਤ ਕਰਨੀ ਬਹੁਤ ਜ਼ਰੂਰੀ ਹੈ।

## ਮਹਿਲਾ ਮੰਡਲ ਵੱਲੋਂ ਸ੍ਰੀ ਉਤਸਵ ਪ੍ਰੋਗਰਾਮ ਦਾ ਆਯੋਜਨ




**ਜਗਰਾਉਂ (ਅਮਿਤ ਖੰਨਾ)**-ਆਲ ਇੰਡੀਆ ਤੇਰਾਪੰਥ ਮਹਿਲਾ ਮੰਡਲ ਦੇ ਨਿਰਦੇਸ਼ਾਂ ਅਨੁਸਾਰ, ਮਹਿਲਾ ਮੰਡਲ ਨੇ ਸ੍ਰੀ ਉਤਸਵ ਪ੍ਰੋਗਰਾਮ ਦਾ ਆਯੋਜਨ ਕੀਤਾ। ਵਾਤਾਵਰਨ ਸੁਰੱਖਿਆ, ਬੀਮਾ ਤੇ ਵਿੱਤੀ ਯੋਜਨਾਬੰਦੀ, ਬੇਕਰੀ, ਗਿਫਟ ਪੈਕ, ਗਹਿਣੇ, ਬੁਟੀਕ ਸੂਟ, ਰੈਡੀਮੇਡ ਸੂਟ, ਵਰਧਮਾਨ ਹੈਂਡਲੂਮ, ਇਡਲੀ ਸਾਂਬਰ ਅਤੇ ਘਰੇਲੂ ਬਣੇ ਕੇਕ ਨੂੰ ਕਵਰ ਕਰਨ ਵਾਲੇ ਸਟਾਲ ਲਾਏ ਗਏ ਸਨ।ਸੀਨੀਅਰ ਸਿਟੀਜ਼ਨ ਸ੍ਰੀ ਪੀ.ਸੀ. ਗਰਗ ਨੇ ਇਸ ਸਮਾਗਮ ਦਾ ਉਦਘਾਟਨ ਕੀਤਾ।ਪੰਜਾਬ ਆਵਾਜ਼ ਦੇ ਪ੍ਰਧਾਨ ਸ੍ਰੀ ਨਰੇਸ਼ ਵਰਮਾ, ਅਨੁਵ੍ਰਤ ਸਮਿਤੀ ਦੇ ਪ੍ਰਧਾਨ ਸ੍ਰੀ ਰਾਜਪਾਲ ਜੈਨ, ਦਿਵਿਆ ਯੋਗਸ਼ਾਲਾ ਦੇ ਮੁੱਖ ਟ੍ਰੇਨਰ ਸ੍ਰੀ ਸ਼ਸ਼ੀ ਭੂਸ਼ਣ ਜੈਨ, ਸ੍ਰੀ ਸੁਨੀਲ ਬਜਾਜ, ਡਾ. ਕੁਲਭੂਸ਼ਣ ਗੁਪਤਾ, ਨਰੇਸ਼ ਗੁਪਤਾ, ਸੁਨੀਲ ਮੱਕੜ, ਸ੍ਰੀਮਤੀ ਊਸ਼ਾ ਗੁਪਤਾ ਤੇ ਸ੍ਰੀਮਤੀ ਰਾਜਰਾਣੀ ਜੈਨ ਨੇ ਸਾਰੇ ਸਟਾਲਾਂ ਦਾ ਨਿਰੀਖਣ ਕੀਤਾ ਅਤੇ ਮਹਿਲਾ ਮੰਡਲ ਦੀ ਸ਼ਾਨਦਾਰ ਪਹਿਲਕਦਮੀ ਲਈ ਪ੍ਰਸ਼ੰਸਾ ਕੀਤੀ। ਸ੍ਰੀਮਤੀ ਪ੍ਰੀਤੀ ਜੈਨ ਨੇ ਦੱਸਿਆ ਕਿ ਇਹ ਪ੍ਰੋਗਰਾਮ ਹਰ ਸਾਲ ਆਲ ਇੰਡੀਆ ਤੇਰਾਪੰਥ ਮਹਿਲਾ ਮੰਡਲ ਦੁਆਰਾ ਆਯੋਜਤ ਕੀਤਾ ਜਾਂਦਾ ਹੈ।ਕਾਰੋਬਾਰੀ ਔਰਤਾਂ ਨੂੰ ਆਪਣੇ ਕਾਰੋਬਾਰ ਵਧਾਉਣ ਦਾ ਮੌਕਾ ਮਿਲਦਾ ਹੈ ਤੇ ਇਹ ਔਰਤਾਂ ਨੂੰ ਸਵੈ-ਨਿਰਭਰ ਬਣਾਉਣ ਲਈ ਇੱਕ ਸ਼ਾਨਦਾਰ ਪਹਿਲ ਹੈ।ਮੰਡਲ ਮੰਤਰੀ ਸ੍ਰੀਮਤੀ ਪੂਜਾ ਜੈਨ ਨੇ ਕਿਹਾ ਕਿ ਅਗਲੇ ਸਾਲ ਅਸੀਂ ਇਸ ਪ੍ਰੋਗਰਾਮ ਨੂੰ ਵੱਡੇ ਪੱਧਰ 'ਤੇ ਆਯੋਜਤ ਕਰਾਂਗੇ।ਪ੍ਰੇਕਸ਼ਾ ਵਾਹਿਨੀ ਦੀ ਕੋਆਰਡੀਨੇਟਰ ਸ੍ਰੀਮਤੀ ਸੀਮਾ ਗਰਗ ਨੇ ਕਿਹਾ ਕਿ ਆਚਾਰੀਆ ਸ੍ਰੀ ਤੁਲਸੀ ਦਾ ਔਰਤਾਂ ਦੇ ਸਵੈ-ਨਿਰਭਰ ਬਣਨ ਦਾ ਸੁਪਨਾ ਅੱਜ ਸਾਕਾਰ ਹੋ ਰਿਹਾ ਹੈ।ਮੁੱਖ ਮਹਿਮਾਨ ਪੀਸੀ ਗਰਗ ਨੂੰ ਮਹਿਲਾ ਮੰਡਲ ਵੱਲੋਂ ਸਨਮਾਨਤ ਕੀਤਾ ਗਿਆ।ਮਹਿੰਦੀ ਮੁਕਾਬਲੇ ਵਿੱਚ ਸ੍ਰੀ ਉਤਸਵ ਲੋਗੋ ਚਿੰਨ੍ਹ ਦੇ ਨਤੀਜੇ ਦਿਵਿਆ ਯੋਗਸ਼ਾਲਾ ਦੀਆਂ ਮਹਿਲਾ ਮੈਂਬਰਾਂ ਵੱਲੋਂ ਘੋਸ਼ਿਤ ਕੀਤੇ ਗਏ, ਜਿਸ ਵਿੱਚ ਸ੍ਰੀਮਤੀ ਪ੍ਰੀਤੀ ਜੈਨ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਉਸ ਤੋਂ ਬਾਅਦ ਸ੍ਰੀਮਤੀ ਪੂਜਾ ਜੈਨ ਅਤੇ ਸ੍ਰੀਮਤੀ ਹਿਨਾ ਗੋਇਲ ਨੇ ਦੂਜਾ ਸਥਾਨ ਪ੍ਰਾਪਤ ਕੀਤਾ।ਸਟਾਲ ਸਜਾਵਟ ਮੁਕਾਬਲੇ ਵਿੱਚ, ਪਹਿਲਾ ਸਥਾਨ ਗ੍ਰਿਸ਼ੂ ਸਿੰਗਲਾ, ਦੂਜਾ ਸਥਾਨ ਸ੍ਰੀਮਤੀ ਸੰਜੋਲੀ ਜੈਨ ਤੇ ਤੀਜਾ ਸਥਾਨ ਸ੍ਰੀਮਤੀ ਜੀਸਸ ਜੈਨ ਨੂੰ ਮਿਲਿਆ।ਸਾਰੇ ਜੇਤੂਆਂ ਨੂੰ ਮਹਿਲਾ ਮੰਡਲ ਵੱਲੋਂ ਸਨਮਾਨਤ ਕੀਤਾ ਗਿਆ।

## ਪੀ ਜੀ ਆਈ ਦਾ ਡਾ. ਸੋਨੂ ਗੋਇਲ ਫੈਲੋਸ਼ਿਪ ਨਾਲ ਸਨਮਾਨਤ



**ਸਮਰਾਲਾ (ਸੁਰਜੀਤ ਸਿੰਘ)**-ਪੀਜੀਆਈ ਚੰਡੀਗੜ੍ਹ ਦੇ ਕਮਿਊਨਿਟੀ ਮੈਡੀਸਨ ਵਿਭਾਗ ਤੇ ਸਕੂਲ ਆਫ਼ ਪਬਲਿਕ ਹੈਲਥ ਦੇ ਪ੍ਰੋਫ਼ੈਸਰ ਪ੍ਰੋ. (ਡਾ.) ਸੋਨੂ ਗੋਇਲ ਨੂੰ ਕੰਨਿਆ ਕੁਮਾਰੀ ਵਿਖੇ ਆਯੋਜਿਤ ਕਾਮਨਵੈਲਥ ਮੈਡੀਕਲ ਐਸੋਸੀਏਸ਼ਨਲ ਗਲੋਬਲ ਸਮਿੱਟ ਦੌਰਾਨ ਕਾਮਨਵੈਲਥ ਮੈਡੀਕਲ ਐਸੋਸੀਏਸ਼ਨ ਦੀ ਪ੍ਰਤਿਸ਼ਠਿਤ ਫੈਲੋਸ਼ਿਪ ਨਾਲ ਸਨਮਾਨਤ ਕੀਤਾ ਗਿਆ।ਪ੍ਰੋ. ਗੋਇਲ ਨੂੰ ਇਹ ਸਨਮਾਨ ਜਨ ਸਿਹਤ, ਖ਼ਾਸ ਕਰਕੇ ਸਿਹਤ ਪ੍ਰਣਾਲੀਆਂ ਨੂੰ ਮਜ਼ਬੂਤ ਕਰਨ, ਲੀਡਰਸ਼ਿਪ ਵਿਕਾਸ ਤੇ ਤੰਬਾਕੂ ਨਿਯੰਤਰਣ ਦੇ ਖੇਤਰਾਂ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਦਿੱਤਾ ਗਿਆ।ਪ੍ਰੋ. ਗੋਇਲ ਪੀਜੀਆਈਐਮਈਆਰ, ਚੰਡੀਗੜ੍ਹ ਵਿੱਚ ਇੰਟਰਨੈਸ਼ਨਲ ਪਬਲਿਕ ਹੈਲਥ ਮੈਨੇਜਮੈਂਟ ਡਿਵੈਲਪਮੈਂਟ ਪ੍ਰੋਗਰਾਮ ਦੇ ਡਾਇਰੈਕਟਰ ਹਨ।ਇਸ ਮੌਕੇ ਪ੍ਰੋ. ਗੋਇਲ ਨੇ ਡਾ. ਵੇਦ ਪ੍ਰਕਾਸ਼ ਮਿਸ਼ਰਾ ਦੇ ਪ੍ਰੇਰਣਾਦਾਇਕ ਸ਼ਬਦ ਸਾਂਝੇ ਕਰਦਿਆਂ ਕਿਹਾ ਕਿ ਸੀਐੱਮਏ ਦਾ ਫੈਲੋ ਹੋਣ ਦਾ ਇਹ ਸਨਮਾਨ ਤੁਹਾਨੂੰ ਵੱਖਰੀ ਪਛਾਣ ਦੇਵੇਗਾ।ਪ੍ਰਉਨ੍ਹਾਂ ਕਿਹਾ ਕਿ ਅਸਲ ਸਨਮਾਨ ਸਿਰਫ਼ ਪੁਰਸਕਾਰ ਪ੍ਰਾਪਤ ਕਰਨ ਵਿੱਚ ਨਹੀਂ, ਸਗੋਂ ਉਨ੍ਹਾਂ ਨੂੰ ਸਮਾਜ ਵਿੱਚ ਸਕਾਰਾਤਮਕ ਤੇ ਸਥਾਈ ਬਦਲਾਅ ਲਿਆਉਣ ਦੀ ਪ੍ਰੇਰਣਾ ਵਜੋਂ ਵਰਤਣ ਵਿੱਚ ਹੈ।

## ਭੁਪਿੰਦਰ ਫ਼ੌਜੀ ਦੀ ਪੁਸਤਕ 'ਸੋਲ੍ਹਾਂ ਸ਼ਿਗਾਰ' ਲੋਕ ਅਰਪਣ



**ਭੀਖੀ (ਗੁਰਿੰਦਰ ਸਿੰਘ ਔਲਖ)**-ਸਥਾਨਕ ਸ਼ਹੀਦ ਭਗਤ ਸਿੰਘ ਯਾਦਗਾਰੀ ਲਾਇਬਰੇਰੀ ਵਿਖੇ ਨਵਯੁਗ ਸਾਹਿਤ ਕਲਾ ਮੰਚ ਵੱਲੋਂ ਕਹਾਣੀਕਾਰ ਭੁਪਿੰਦਰ ਫ਼ੌਜੀ ਦੀ ਨਵੀਂ ਕਹਾਣੀਆਂ ਦੀ ਪੁਸਤਕ ਸੋਲ੍ਹਾਂ ਸ਼ਿੰਗਾਰ ਰਿਲੀਜ਼ ਕੀਤੀ ਗਈ।ਮੰਚ ਦੇ ਸਕੱਤਰ ਐੱਸ. ਅਮਰੀਕ ਭੀਖੀ ਨੇ ਕਿਹਾ ਕਿ ਭੁਪਿੰਦਰ ਵੱਲੋਂ ਸੰਪਾਦਕ ਕੀਤੀ ਨਵੀਂ ਕਹਾਣੀਆਂ ਦੀ ਪੁਸਤਕ ਬਾ-ਕਮਾਲ ਹੈ।ਉਸ ਨੇ ਲੇਖਕਾਂ ਦੀਆਂ ਮਨਾਂ ਨੂੰ ਟੁੰਭਣ ਵਾਲੀਆਂ ਸੋਲ੍ਹਾਂ ਕਹਾਣੀਆਂ ਨੂੰ ਇੱਕੋ ਮਾਲਾ ਵਿੱਚ ਪਰੋਇਆ ਹੈ।ਪਾਠਕਾਂ ਨੂੰ ਪੜ੍ਹਨ ਲਈ ਉਨ੍ਹਾਂ ਦੇ ਮਨਪਸੰਦੀ ਦੇ ਲੇਖਕ ਇੱਕ ਕਿਤਾਬ ਵਿੱਚ ਹੀ ਮਿਲ ਜਾਣਗੇ।ਇਸ ਮੌਕੇ ਭੁਪਿੰਦਰ ਫ਼ੌਜੀ ਨੇ ਕਿਹਾ ਜਿਨ੍ਹਾਂ ਕਹਾਣੀਆਂ ਨੇ ਮੇਰੇ ਮਨ-ਮਸਤਕ ਅੰਦਰ ਉਥਲ-ਪੁਥਲ ਮਚਾਈ ਰੱਖੀ, ਜਦੋਂ ਇਹ ਕਹਾਣੀਆਂ ਮੈਂ ਪੜ੍ਹਦਾ ਮੈਨੂੰ ਸੋਚਣ ਲਈ ਮਜਬੂਰ ਕਰ ਦਿੰਦੀਆਂ।ਇਨ੍ਹਾਂ ਦੇ ਪਾਤਰਾਂ ਨਾਲ ਮੈਂ ਤੁਰਨ ਲਗਦਾ।ਮੈਂ ਉਨ੍ਹਾਂ ਸਭ ਪਾਤਰਾਂ ਦੀਆਂ ਸੋਲ੍ਹਾਂ ਕਹਾਣੀਆਂ ਨੂੰ ਸ਼ਿਗਾਰ ਕੇ ਇੱਕ ਕਿਤਾਬ ਦੇ ਰੂਪ ਵਿੱਚ ਲਿਆਂਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਮੰਚ ਦੇ ਸਰਪ੍ਰਸਤ ਰਿਟਾਇਰਡ ਐੱਸ.ਡੀ.ਓ. ਰਾਜਿੰਦਰ ਸਿੰਘ ਰੋੜੀ, ਪ੍ਰੈੱਸ ਸਕੱਤਰ ਗੁਰਿੰਦਰ ਸਿੰਘ ਔਲਖ, ਭਰਭੂਰ ਸਿੰਘ ਮੰਨਣ, ਧਰਮਵੀਰ ਸ਼ਰਮਾ, ਕਰਨ ਭੀਖੀ, ਜਸ਼ਨਪ੍ਰੀਤ ਜੱਸੂ, ਪਰਮਜੀਤ ਕੌਰ, ਕਾ. ਧਰਮਪਾਲ ਨੀਟਾ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।
**ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in**

# ਆਂਗਣਵਾੜੀ ਮੁਲਾਜ਼ਮ ਯੂਨੀਅਨ ਸੀਟੂ ਪੰਜਾਬ ਨੇ ਮੁੱਖ ਮੰਤਰੀ ਨੂੰ ਦਿੱਤਾ ਮੰਗ ਪੱਤਰ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਆਂਗਣਵਾੜੀ ਮੁਲਾਜ਼ਮ ਯੂਨੀਅਨ ਸੀਟੂ ਪੰਜਾਬ ਦੇ ਸੂਬਾ ਆਗੂਆਂ ਨੇ ਐਲਾਨ ਕੀਤਾ ਹੈ ਕਿ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਅਨੂਪ ਕੌਰ ਬਲੇਰ, ਸੈਕਟਰੀ ਬੇਅੰਤ ਕੌਰ ਢੋਟੀਆਂ, ਵਿੱਤ ਸਕੱਤਰ ਨਰਿੰਦਰ ਕੌਰ ਐਮਾ ਖੁਰਦ ਅਤੇ ਸੀਨੀਅਰ ਮੀਤ ਪ੍ਰਧਾਨ ਵੀਰ ਕੌਰ ਅਸਲ ਉਤਾੜ ਨੇ ਕਿਹਾ ਕਿ ਸਰਕਾਰ ਵੱਲੋਂ ਆਂਗਣਵਾੜੀ ਮੁਲਾਜ਼ਮਾਂ ਦੀਆਂ ਜਾਇਜ਼ ਮੰਗਾਂ ਦਾ ਹੱਲ ਨਹੀਂ ਕੀਤਾ ਜਾ ਰਿਹਾ, ਜਿਸ ਕਾਰਨ ਵਰਕਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਕਿਹਾ ਕਿ ਆਂਗਣਵਾੜੀ ਸੈਂਟਰਾਂ ਰਾਹੀਂ ਬੱਚਿਆਂ ਅਤੇ ਮਹਿਲਾਵਾਂ ਨੂੰ ਦਿੱਤੀਆਂ ਜਾ ਰਹੀਆਂ ਸੇਵਾਵਾਂ ਵਿੱਚ ਵਰਕਰਾਂ ਦਾ ਅਹਿਮ ਯੋਗਦਾਨ ਹੈ, ਪਰ ਉਨ੍ਹਾਂ ਨੂੰ ਬਣਦੀਆਂ ਸਹੂਲਤਾਂ ਅਤੇ ਹੱਕਾਂ ਤੋਂ ਵਾਂਝਾ ਰੱਖਿਆ ਜਾ ਰਿਹਾ ਹੈ।ਯੂਨੀਅਨ ਨੇ ਪੰਜਾਬ ਸਰਕਾਰ ਵੱਲੋਂ ਆਂਗਣਵਾੜੀ ਮੁਲਾਜ਼ਮਾਂ ਨਾਲ ਕੀਤੀਆਂ ਗਈਆਂ ਵਾਅਦਾ ਖ਼ਿਲਾਫ਼ੀਆਂ ਅਤੇ ਲੰਮੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਆਂਗਣਵਾੜੀ ਮੁਲਾਜ਼ਮ ਯੂਨੀਅਨ ਪੰਜਾਬ ਨੇ ਸਰਕਾਰ ਖ਼ਿਲਾਫ਼ ਮੋਰਚਾ ਖੋਲ੍ਹ



ਦਿੱਤਾ ਹੈ।ਯੂਨੀਅਨ ਨੇ ਦੋਸ਼ ਲਗਾਇਆ ਹੈ ਕਿ 28 ਮਾਰਚ 2022 ਨੂੰ ਸਰਕਾਰ ਨੂੰ ਦਿੱਤਾ ਗਿਆ 83 ਮੰਗਾਂ ਵਾਲਾ ਮੰਗ ਪੱਤਰ ਅਜੇ ਤੱਕ ਪੂਰੀ ਤਰ੍ਹਾਂ ਲਾਗੂ ਨਹੀਂ ਕੀਤਾ ਗਿਆ।ਯੂਨੀਅਨ ਆਗੂਆਂ ਨੇ ਦੱਸਿਆ ਕਿ ਮਈ 2023 ਅਤੇ ਜੂਨ 2025 ਵਿੱਚ ਸਰਕਾਰ ਨਾਲ ਹੋਈਆਂ ਮੀਟਿੰਗਾਂ ਦੌਰਾਨ ਕਈ ਭਰੋਸੇ ਦਿੱਤੇ ਗਏ ਸਨ, ਪਰ ਅਮਲੀ ਰੂਪ ਵਿੱਚ ਕੋਈ ਕਾਰਵਾਈ ਨਹੀਂ ਹੋਈ।ਇਸ ਕਾਰਨ ਆਂਗਣਵਾੜੀ ਵਰਕਰਾਂ ਅਤੇ ਹੈਲਪਰਾਂ ਵਿੱਚ ਰੋਸ ਪਾਇਆ ਜਾ ਰਿਹਾ ਹੈ।ਯੂਨੀਅਨ ਵੱਲੋਂ ਜਾਰੀ 14 ਨੁਕਾਤੀ ਮੰਗ ਪੱਤਰ ਵਿੱਚ ਆਂਗਣਵਾੜੀ ਵਰਕਰਾਂ ਨੂੰ ਗ੍ਰੈਜੂਏਟ ਹੈਲਥ ਵਰਕਰਾਂ ਦੇ ਬਰਾਬਰ ਤਨਖਾਹ ਦੇਣ, ਮਿੰਨੀ ਆਂਗਣਵਾੜੀ ਕੇਂਦਰਾਂ ਨੂੰ ਰੈਗੂਲਰ ਕਰਨ, ਐਨਟੀਟੀ ਯੋਗਤਾ ਵਾਲੀਆਂ ਵਰਕਰਾਂ ਨੂੰ ਪ੍ਰਾਇਮਰੀ ਸਕੂਲਾਂ ਵਿੱਚ ਤਰਜੀਹ ਦੇਣ, ਰਿਟਾਇਰਮੈਂਟ ਉਮਰ ਵਧਾਉਣ, ਮਾਣ ਭੱਤੇ ਵਿੱਚ ਵਾਧਾ ਕਰਨ ਅਤੇ ਖਾਲੀ ਅਸਾਮੀਆਂ ਭਰਨ ਵਰਗੀਆਂ ਮੰਗਾਂ ਸ਼ਾਮਲ ਹਨ।ਯੂਨੀਅਨ ਨੇ ਇਹ ਵੀ ਮੰਗ ਕੀਤੀ ਹੈ ਕਿ ਕੇਂਦਰ ਸਰਕਾਰ ਵੱਲੋਂ ਪੋਸ਼ਣ ਟਰੈਕਰ ਅਤੇ ਹੋਰ ਆਨਲਾਈਨ ਕੰਮਾਂ ਲਈ ਦਿੱਤੇ ਜਾਂਦੇ ਭੱਤੇ ਨੂੰ ਵਧਾਇਆ ਜਾਵੇ ਅਤੇ ਆਸ਼ਾ ਵਰਕਰਾਂ ਦੀ ਤਰ੍ਹਾਂ ਆਂਗਣਵਾੜੀ ਵਰਕਰਾਂ ਨੂੰ ਵੀ ਵਾਧੂ ਮਾਣ ਭੱਤਾ ਦਿੱਤਾ ਜਾਵੇ। ਇਸ ਤੋਂ ਇਲਾਵਾ ਪੋਸ਼ਣ ਸਮੱਗਰੀ ਦੀ ਗੁਣਵੱਤਾ ਸੁਧਾਰਨ, ਗਰੀਬ ਬੱਚਿਆਂ ਅਤੇ ਗਰਭਵਤੀ ਮਹਿਲਾਵਾਂ ਲਈ ਯੋਜਨਾਵਾਂ ਨੂੰ ਮਜ਼ਬੂਤ ਕਰਨ ਦੀ ਵੀ ਮੰਗ ਕੀਤੀ ਗਈ ਹੈ।ਯੂਨੀਅਨ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਰਕਾਰ ਨੇ ਜਲਦ ਮੰਗਾਂ ਦਾ ਹੱਲ ਨਾ ਕੀਤਾ ਤਾਂ ਪੰਜਾਬ ਭਰ ਵਿੱਚ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ ਅਤੇ ਵੱਡੇ ਪੱਧਰ 'ਤੇ ਰੋਸ ਪ੍ਰਦਰਸ਼ਨ ਕੀਤੇ ਜਾਣਗੇ।

# ਕਰ ਮੁਕਤ ਵਪਾਰ ਸਮਝੌਤੇ ਹੋਣ ਨਾਲ ਸਾਡੇ ਦੇਸ਼ ਦੀ ਖੇਤੀ ਤਬਾਹ ਹੋ ਜਾਵੇਗੀ: ਡਾ. ਅਜਨਾਲਾ

**ਅਜਨਾਲਾ (ਸੁਖਤਿੰਦਰ ਸਿੰਘ ਰਾਜੂ)**

ਮੋਦੀ ਸਰਕਾਰ ਵੱਲੋਂ ਜਿਹੜਾ ਅਮਰੀਕਾ ਦੀ ਟਰੰਪ ਸਰਕਾਰ ਨਾਲ ਕਰ ਮੁਕਤ ਵਪਾਰ ਸਮਝੌਤੇ ਨੂੰ ਰੱਦ ਕਰਵਾਉਣ ਲਈ ਅਤੇ ਪੰਜਾਬ ਸਰਕਾਰ ਦੀ ਨਵੀਂ ਕਿਸਾਨ ਵਿਰੋਧੀ ਲੈਂਡ ਪੂਲਿੰਗ ਪਾਲਿਸੀ ਨੂੰ ਰੱਦ ਕਰਵਾਉਣ ਲਈ ਉਠ ਰਹੀ ਲੋਕ ਲਹਿਰ ਨੂੰ ਹੋਰ ਮਜ਼ਬੂਤ ਕਰਨ ਲਈ ਅੱਜ ਇਥੇ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਭਰਵੀਂ ਮੀਟਿੰਗ ਸੀਨੀਅਰ ਕਿਸਾਨ ਆਗੂ ਟਹਿਲ ਸਿੰਘ ਚੇਤਨਪੁਰਾ ਦੀ ਪ੍ਰਧਾਨਗੀ ਹੇਠ ਹੋਈ ਜਿੱਥੇ ਇਨ੍ਹਾਂ ਲੋਕ ਵਿਰੋਧੀ ਫੈਸਲਿਆਂ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ। ਖਚਾਖਚ ਭਰੀ ਮੀਟਿੰਗ ਨੂੰ ਸੰਬੋਧਨ ਕਰਦਿਆਂ ਜਮਹੂਰੀ



ਕਿਸਾਨ ਸਭਾ ਦੇ ਸੂਬਾ ਪ੍ਰਧਾਨ ਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾ. ਸਤਨਾਮ ਸਿੰਘ ਅਜਨਾਲਾ ਤੇ ਕਿਸਾਨ ਸਭਾ ਦੇ ਸੂਬਾ ਕਮੇਟੀ ਮੈਂਬਰ ਕੁਲਵੰਤ ਸਿੰਘ ਮੱਲੂਨੰਗਲ ਨੇ ਦੱਸਿਆ ਕਿ ਕਰ ਮੁਕਤ ਵਪਾਰ ਸਮਝੌਤੇ ਹੋਣ ਨਾਲ ਸਾਡੇ ਦੇਸ਼ ਦੀ ਖੇਤੀ ਤਬਾਹ ਹੋ ਜਾਵੇਗੀ, ਅੰਨ ਸੁਰੱਖਿਆ ਖ਼ਤਰੇ ਵਿਚ ਪੈ ਜਾਵੇਗੀ ਅਤੇ ਪ੍ਰਚੂਨ ਵਪਾਰ ਨੂੰ ਡਾਢੀ ਸੱਟ ਵੱਜੇਗੀ। ਇਸੇ ਤਰ੍ਹਾਂ ਭਗਵੰਤ ਮਾਨ ਵੱਲੋਂ ਲਿਆਂਦੀ ਗਈ ਨਵੀਂ ਲੈਂਡ ਪੂਲਿੰਗ ਪਾਲਿਸੀ ਨੂੰ ਰੱਦ ਕਰਵਾਉਣ ਅਤੇ ਕਰ ਮੁਕਤ ਵਪਾਰ ਵਿੱਚੋਂ ਖੇਤੀ ਕਿੱਤੇ ਨੂੰ ਬਾਹਰ ਰੱਖਣ ਲਈ 22 ਜੁਲਾਈ ਨੂੰ ਪੰਜਾਬ ਭਰ ਦੇ ਡਿੱਫਣ, ਜੰਡਿਆਲਾ ਗੁਰੂ ਤੇ ਕੱਥੂਨੰਗਲ ਸਮੇਤ ਟੋਲ ਪਲਾਜ਼ੇ 12 ਤੋਂ 3 ਵਜੇ ਸ਼ਾਮ ਤੱਕ ਫ੍ਰੀ ਰੱਖੇ ਜਾਣਗੇ ਤੇ ਇਨ੍ਹਾਂ ਟੋਲ ਪਲਾਜ਼ਾ ਉਪਰ ਕੀਤੇ ਜਾ ਰਹੇ ਮੁਜ਼ਾਹਰਿਆਂ ਵਿਚ ਹਜ਼ਾਰਾਂ ਦੀ ਗਿਣਤੀ ਵਿੱਚ ਕਿਸਾਨ ਮਜ਼ਦੂਰ ਸ਼ਾਮਲ ਹੋਣਗੇ। ਕਿਸਾਨ ਸਭਾ ਆਗੂਆਂ ਗੁਰਜੀਤ ਸਿੰਘ ਭੂਰੇ ਗਿੱਲ, ਬਲਕਾਰ ਸਿੰਘ ਗੁਲਗੜ੍ਹ ਤੇ ਜਸਿੰਦਰ ਸਿੰਘ ਭੈਲਾ ਪਿੰਡ ਨੇ ਮੀਟਿੰਗ 'ਚ ਇਹ ਵੀ ਦੱਸਿਆ ਕਿ ਇਨ੍ਹਾਂ ਮੁਜ਼ਾਹਰਿਆਂ ਵਿੱਚ ਬਿਜਲੀ ਬਿੱਲ ਤੇ ਬੀਜ ਬਿੱਲ 2026 ਨੂੰ ਵਾਪਿਸ ਕਰਵਾਉਣ, ਕਿਸਾਨਾਂ, ਮਜ਼ਦੂਰਾਂ ਦੇ ਕਰਜ਼ੇ ਰੱਦ ਕਰਵਾਉਣ, ਬਾਸਮਤੀ ਸਮੇਤ ਸਮੂਹ ਫਸਲਾਂ ਦੀ ਐਮ ਐਸ ਪੀ ਤੇ ਕਾਨੂੰਨੀ ਗਰੰਟੀ ਲੈਣ ਲਈ ਵੀ ਜ਼ੋਰਦਾਰ ਆਵਾਜ਼ ਬੁਲੰਦ ਕੀਤੀ ਜਾਵੇ। ਮੀਟਿੰਗ 'ਚ ਮਜ਼ਦੂਰ ਆਗੂ ਗੁਰਨਾਮ ਸਿੰਘ ਉਮਰਪੁਰਾ ਨੇ ਸਰਕਾਰਾਂ ਕੋਲੋਂ ਮੰਗ ਕੀਤੀ ਕਿ 12 ਘੰਟੇ ਦੀ ਬਜਾਏ ਦਿਹਾੜੀ 8 ਘੰਟੇ ਕੀਤੀ ਜਾਵੇ ਤੇ ਮਜ਼ਦੂਰ ਵਿਰੋਧੀ ਚਾਰ ਲੇਬਰ ਕੋਡ ਰੱਦ ਕੀਤੇ ਜਾਣ। ਮੀਟਿੰਗ ਵਿੱਚ ਮਤਾ ਪਾਸ ਕੀਤਾ ਗਿਆ ਕਿ 20 ਸਤੰਬਰ ਨੂੰ ਜਲੰਧਰ ਵਿਖੇ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਕੀਤੀ ਜਾ ਰਹੀ ਸੂਬਾ ਪੱਧਰੀ ਰੈਲੀ ਵਿਚ ਕਿਸਾਨ ਵੱਧ ਚੜ੍ਹ ਕੇ ਸ਼ਾਮਿਲ ਹੋਣ ਕਰਦਿਆਂ ਤੋਂ ਇਲਾਵਾ ਰਛਪਾਲ ਸਿੰਘ ਸਹੋਵਾਲ, ਜਤਿੰਦਰ ਸਿੰਘ ਜਾਫਰਕੋਟ, ਸਤਨਾਮ ਸਿੰਘ ਚੱਕ ਔਲ, ਰੇਸ਼ਮ ਸਿੰਘ ਅਜਨਾਲਾ, ਸਾ. ਸਰਪੰਚ ਹਰਦਿਆਲ ਸਿੰਘ ਡਿਆਲ ਭੱਟੀ, ਸਵਿੰਦਰ ਤਸਬੀਰ ਸਿੰਘ ਹਾਸਮਪੁਰਾ, ਪ੍ਰੀਤਮ ਸਿੰਘ, ਗੁਰਦੇਵ ਸਿੰਘ ਗੱਗੋਮਾਹਲ, ਗੌਰਵ, ਸਤਪਾਲ ਸਿੰਘ, ਗੁਰਦੀਪ ਸਿੰਘ, ਕੁਲਵਿੰਦਰ ਸਿੰਘ, ਜਸਬੀਰ ਸਿੰਘ, ਸੁਰਤਾ ਸਿੰਘ ਚੱਕ ਔਲ ਆਦਿ ਨੇ ਵੀ ਮੀਟਿੰਗ ਵਿੱਚ ਹਿੱਸਾ ਲਿਆ।

# ਫਿਲਮ 'ਸਤਲੁਜ' ਨੂੰ ਬੈਨ ਕਰਨ ਦੀ ਸਖਤ ਨਿਖੇਧੀ

**ਬਟਾਲਾ (ਤਰਲੋਕ ਬੱਗਾ)**

ਰੋਡ ਬਟਾਲਾ ਵਿਖੇ ਸੀਪੀਆਈਐਮਐਲ ਲਿਬਰੇਸ਼ਨ ਦੀ ਜ਼ਿਲ੍ਹਾ ਕਮੇਟੀ ਦੀ ਮੀਟਿੰਗ ਪ੍ਰੇਮ ਮਸੀਹ ਸੋਨਾ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਵਿੱਚ ਸਭ ਤੋਂ ਪਹਿਲਾਂ ਪਾਰਟੀ ਦੇ ਮਰਹੂਮ ਆਗੂ ਸੁਖਦੇਵ ਸਿੰਘ ਭਾਗੋਕਾਵਾਂ ਅਤੇ ਪ੍ਰੇਮ ਸਿੰਘ ਗਹਿਲਾਵਾਂ ਸਮੇਤ ਬੀਤੇ ਸਮੇਂ ਵਿੱਚ ਵਿਛੜ ਚੁੱਕੇ ਸਾਥੀਆਂ ਨੂੰ ਸ਼ਰਧਾਂਜਲੀ ਦਿੱਤੀ ਗਈ।ਮੀਟਿੰਗ ਵਿੱਚ ਬੋਲਦਿਆਂ ਜ਼ਿਲ੍ਹਾ ਸਕੱਤਰ ਗੁਲਜ਼ਾਰ ਸਿੰਘ ਭੁੰਬਲੀ, ਕਾਰਜਕਾਰੀ ਸਕੱਤਰ ਵਿਜੇ ਸੋਹਲ ਅਤੇ ਸੂਬਾ ਆਗੂ ਕਾਮਰੇਡ ਗੁਰਮੀਤ ਸਿੰਘ ਬਖਤਪੁਰਾ ਨੇ ਕਿਹਾ ਕਿ ਅੱਜ ਦੀ ਮੀਟਿੰਗ ਵਿੱਚ ਮੋਦੀ ਸਰਕਾਰ ਵੱਲੋਂ ਪੰਜਾਬ ਦੇ 90ਵੇਂ ਦਹਾਕੇ ਦੌਰਾਨ ਪੰਜਾਬ ਪੁਲਸ ਦੇ



ਝੂਠੇ ਮੁਕਾਬਲਿਆਂ ਨੂੰ ਦਰਸਾਉਂਦੀ, ਫਿਲਮ ਸਤਲੁਜ ਨੂੰ ਬੈਨ ਕਰਨ ਦੀ ਸਖਤ ਨਿਖੇਧੀ ਕੀਤੀ ਗਈ।ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਵੱਲੋਂ ਬਣਾਈ ਗਈ ਸਕਰੀਨੀ ਕਮੇਟੀ ਨੇ ਵੀ ਫਿਲਮ ਬੈਨ ਕਰਨ ਦੀ ਸਿਫਾਰਸ਼ ਕਰ ਦਿੱਤੀ ਹੈ।ਜਿਸ ਸਿਫਾਰਸ਼ ਤੋਂ ਬਾਅਦ ਇਹ ਸਾਬਤ ਹੋ ਗਿਆ ਹੈ ਕਿ ਪੰਜਾਬ ਵਿੱਚ ਡਬਲ ਇੰਜਣ ਦੀ ਸਰਕਾਰ ਬਣਾਉਣ ਦੇ ਦਾਅਵੇ ਕਰਨ ਵਾਲੀ ਭਾਜਪਾ ਦਾ ਅਸਲ ਕਿਰਦਾਰ ਸਿੱਖਾਂ ਸਮੇਤ ਦੇਸ਼ ਦੀਆ ਸਮੁੱਚੀਆਂ ਘੱਟ ਗਿਣਤੀਆਂ ਵਿਰੋਧੀ ਹੈ। ਮੀਟਿੰਗ ਵਿੱਚ ਮੰਗ ਕੀਤੀ ਗਈ ਕਿ ਮੋਦੀ ਸਰਕਾਰ ਸਤਲੁਜ ਫਿਲਮ ਤੋਂ ਪਾਬੰਦੀ ਨੂੰ ਤੁਰੰਤ ਵਾਪਸ ਲਵੇ ਅਤੇ ਪੰਜਾਬ ਵਿੱਚ ਵਾਪਰੇ ਇਸ ਘੱਲੂਘਾਰੇ ਸਬੰਧੀ ਭਾਰਤ ਦੀ ਸੁਪਰੀਮ ਕੋਰਟ ਉੱਚ ਪੱਧਰੀ ਕਮਿਸ਼ਨ ਬਿਠਾ ਕੇ ਪਤਾ ਕਰੇ ਕਿ ਪੰਜਾਬ ਵਿੱਚ ਕਿੰਨੇ ਵੱਡੇ ਪੱਧਰ ਤੇ ਨੌਜਵਾਨਾਂ ਨੂੰ ਝੂਠੇ ਪੁਲਸ ਮੁਕਾਬਲਿਆਂ 'ਚ ਮਾਰਿਆ ਗਿਆ ਸੀ।ਲਿਬਰੇਸ਼ਨ ਮੀਟਿੰਗ ਨੇ ਦਿੱਲੀ ਦੇ ਜੰਤਰ ਮੰਤਰ ਵਿਖੇ ਦੇਸ਼ ਦੇ ਉੱਘੇ ਵਾਤਾਵਰਨ ਪ੍ਰੇਮੀ ਸੋਨਮ ਵਾਂਗਚੁਕ ਦੀ ਭੁੱਖ ਹੜਤਾਲ ਨਾਲ ਇੱਕਜੁੱਟਤਾ ਜ਼ਾਹਰ ਕਰਦਿਆਂ ਕਾਰਕੁੰਨ ਜਨਤਾ ਪਾਰਟੀ ਦੀ ਮੰਗ ਦੀ ਹਮਾਇਤ ਕੀਤੀ ਤੇ ਕਿਹਾ ਕਿ ਸੋਨਮ ਵਾਂਗਚੁੱਕ ਦੀ ਜਾਨ ਬਚਾਉਣ ਲਈ ਮੋਦੀ ਸਰਕਾਰ ਦੇਸ਼ ਦੇ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਦਾ ਅਸਤੀਫਾ ਹਾਸਲ ਕਰੇ।ਬਖਤਪੁਰਾ ਨੇ ਕਿਹਾ ਦੇਸ਼ ਅੰਦਰ ਭਾਜਪਾ-ਆਰ ਐਸ ਐਸ ਦੀ ਤਾਨਾਸ਼ਾਹੀ ਚਲ ਰਹੀ ਹੈ।ਹਰ ਵਿਰੋਧੀ ਆਵਾਜ਼ ਨੂੰ ਦਬਾਇਆ ਜਾ ਰਿਹਾ ਅਤੇ ਦੇਸ਼ ਵਿੱਚ ਭਾਜਪਾ ਵੱਲੋਂ ਦੋ ਤਿਹਾਈ ਬਹੁਮਤ ਹਾਸਲ ਕਰਨ ਲਈ ਬੇਕ ਵਿਚ ਵਿਰੋਧੀ ਪਾਰਟੀਆਂ ਦਾ ਪਾਰਲੀਮੈਂਟ ਮੈਂਬਰ ਕਥਿਤ ਤੌਰ ਤੇ 100-100 ਕਰੋੜ ਵਿੱਚ ਖਰੀਦੇ ਜਾ ਰਹੇ ਹਨ।ਉਹ ਭਾਜਪਾ ਉਪਰ ਜੰਮੂ-ਕਸ਼ਮੀਰ ਦੇ ਮੁੱਖ ਮੰਤਰੀ ਉਮਰ ਅਬਦੁੱਲਾ ਨੇ ਦੋਸ਼ ਲਾਏ ਹਨ ਕਿ ਉਸ ਦੀ ਸਰਕਾਰ ਵਿੱਚ ਫੁੱਟ ਪਾਉਣ ਲਈ ਐਮਐਲਏਜ਼ ਦੀ ਮੋਟੀ ਬੋਲੀ ਲਾਈ ਜਾ ਰਹੀ ਹੈ।ਮੀਟਿੰਗ ਵਿੱਚ ਅਸ਼ਵਨੀ ਕੁਮਾਰ ਲੱਖਣ ਕਲਾਂ, ਬਲਬੀਰ ਧਕਾਲਾ, ਪ੍ਰੇਮ ਮਸੀਹ ਸੋਨਾ, ਫੂਲ ਚੰਦ, ਬਚਨ ਸਿੰਘ ਬੋਪਾਰਾਏ, ਕੁਲਦੀਪ ਰਾਜੂ, ਰਮਨਪ੍ਰੀਤ ਪਿੰਡੀ, ਜੋਗਿੰਦਰ ਪਾਲ ਲੇਹਲ, ਗੁਰਦੀਪ ਕਾਮਲਪੁਰ ਅਨਮੋਲ ਅਤੇ ਜੀਤ ਲਾਲ ਹਾਜ਼ਰ ਸਨ।

# ਸਫਾਈ ਸੇਵਕਾਂ ਦਾ ਧਰਨਾ ਜਾਰੀ



**ਧਾਰੀਵਾਲ, (ਮਨਦੀਪ ਵਿੱਕੀ)**

ਨਗਰ ਕੌਂਸਲ ਦਫਤਰ ਧਾਰੀਵਾਲ ਵਿਖੇ ਸਫਾਈ ਸੇਵਕਾਂ ਦੀ ਹੜਤਾਲ ਅੱਜ ਛੇਵੇਂ ਦਿਨ ਵੀ ਜਾਰੀ ਰਹੀ।ਸਫ਼ਾਈ ਸੇਵਕ ਯੂਨੀਅਨ ਧਾਰੀਵਾਲ ਦੇ ਧਰਨੇ ਦੀ ਅਗਵਾਈ ਯੂਨੀਅਨ ਦੇ ਜ਼ਿਲ੍ਹਾ ਸੈਕਟਰੀ ਸਿਕੰਦਰ ਨੇ ਕੀਤੀ।ਸਫਾਈ ਸੇਵਕਾਂ ਨੇ ਮੰਗਾਂ ਨੂੰ ਲੈ ਕੇ ਪੰਜਾਬ ਸਰਕਾਰ ਖਿਲਾਫ ਨਾਅਰੇਬਾਜ਼ੀ ਕਰਕੇ ਰੋਸ ਜ਼ਾਹਿਰ ਕੀਤਾ।ਧਰਨੇ ਦੌਰਾਨ ਬੁਲਾਰਿਆਂ ਨੇ ਦੱਸਿਆ ਕਿ ਪਿਛਲੇ ਦਿਨੀਂ 6 ਮਈ ਤੋਂ ਲੈ ਕੇ 21 ਮਈ ਤੱਕ ਪੰਜਾਬ ਭਰ ਵਿੱਚ ਸਫਾਈ ਸੇਵਕਾਂ ਵੱਲੋਂ ਮੰਗਾਂ ਨੂੰ ਲੈ ਕੇ ਹੜਤਾਲ ਕੀਤੀ ਗਈ ਸੀ।ਉਸ ਸਮੇਂ ਦੌਰਾਨ ਪੰਜਾਬ ਸਰਕਾਰ ਵੱਲੋਂ ਮੰਗਾਂ ਦੇ ਹੱਲ ਲਈ ਇੱਕ ਮਹੀਨੇ ਦਾ ਸਮਾਂ ਮੰਗਿਆ ਗਿਆ ਸੀ ਤਾਂ ਧਰਨਾ ਚੁੱਕਿਆ ਗਿਆ ਸੀ ਪਰ ਹੁਣ ਇਕ ਮਹੀਨੇ ਤੋਂ ਵੱਧ ਸਮਾਂ ਬੀਤ ਜਾਣ ਦੇ ਬਾਵਜੂਦ ਵੀ ਕੋਈ ਤਸੱਲੀਬਖ਼ਸ਼ ਸਿੱਟਾ ਨਹੀਂ ਨਿਕਲਿਆ ਅਤੇ ਮੰਗਾਂ ਦਾ ਹੱਲ ਨਹੀਂ ਹੋਇਆ।ਇਸ ਕਰਕੇ ਪੂਰੇ ਪੰਜਾਬ ਭਰ ਵਿੱਚ ਸਫਾਈ ਸੇਵਕਾਂ ਵੱਲੋਂ ਮੁੜ ਸਰਕਾਰ ਖ਼ਿਲਾਫ 8 ਜੁਲਾਈ ਤੋਂ ਸੰਘਰਸ਼ ਦਾ ਬਿਗਲ ਵਜਾ ਦਿੱਤਾ ਹੈ ਅਤੇ ਉਸ ਦਿਨ ਤੋਂ ਲਗਾਤਾਰ ਧਰਨਾ ਜਾਰੀ ਹੈ।ਸਫ਼ਾਈ ਸੇਵਕਾਂ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਪੰਜਾਬ ਸਰਕਾਰ ਨੇ ਸਾਡੀਆਂ ਹੱਕੀ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਸੈਕਟਰੀ ਸਿਕੰਦਰ, ਜ਼ਿਲ੍ਹਾ ਮੀਤ ਪ੍ਰਧਾਨ ਬੁੱਧੂ,ਪ੍ਰਧਾਨ ਜਤਿੰਦਰ, ਮੀਤ ਪ੍ਰਧਾਨ ਗੀਤਾ ਗਿੱਲ, ਪਾਵਨ ਵੱਡਾ, ਵਕੀਲ, ਰਿੱਕੀ, ਯੂਨਸ, ਮੰਗਲ, ਅਸ਼ਵਨੀ, ਬੰਟੀ, ਸੂਰਜ, ਪ੍ਰਦੀਪ ਕੁਮਾਰ ਆਦਿ ਸਮੇਤ ਸਮੂਹ ਸਫਾਈ ਸੇਵਕ ਹਾਜ਼ਰ ਸਨ।

# 'ਆਪ' ਦੇ ਸੀਨੀਅਰ ਆਗੂ ਪ੍ਰੋ. ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਵੱਲੋਂ ਪਿੰਡ-ਪਿੰਡ ਮੀਟਿੰਗਾਂ ਜਾਰੀ

**ਖਡੂਰ ਸਾਹਿਬ (ਸਰਬਜੀਤ ਸਿੰਘ ਸੰਧਾ)**

ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੇ ਵੱਖ-ਵੱਖ ਪਿੰਡਾਂ ਵਿੱਚ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ, ਪੰਜਾਬ ਦੇ ਬੁਲਾਰੇ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਨੇ ਲਗਾਤਾਰ ਮੀਟਿੰਗਾਂ ਦਾ ਸਿਲਸਿਲਾ ਜਾਰੀ ਕੀਤਾ ਹੋਇਆ ਹੈ ਜਿਸ ਤਹਿਤ ਪਿੰਡ ਚੱਬਾ ਖੁਰਦ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਉਹਨਾਂ ਕਿਹਾ ਕਿ ਹਰ ਪਿੰਡ ਵਿੱਚ ਮੁੱਖ ਮੰਤਰੀ ਪੰਜਾਬ ਸਰਦਾਰ ਭਗਵੰਤ ਸਿੰਘ ਜੀ ਮਾਨ ਅਤੇ ਆਮ ਆਦਮੀ



ਪਾਰਟੀ ਵੱਲੋਂ ਕੀਤੇ ਹੋਏ ਕੰਮਾਂ ਦੀ ਜਾਣਕਾਰੀ ਜਿਹੜੀ ਲੋਕਾਂ ਤੱਕ ਪਹੁੰਚਾਈ ਜਾ ਰਹੀ ਹੈ।ਜਿਹੜੀਆਂ ਸਕੀਮਾਂ ਪੰਜਾਬ ਸਰਕਾਰ ਵੱਲੋਂ ਲੋਕ ਭਲਾਈ ਦੇ ਲਈ ਸ਼ੁਰੂ ਕੀਤੀਆਂ ਹਨ ਉਹਨਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾ ਰਿਹਾ ਹੈ।ਇਸ ਵਾਰ ਹਲਕਾ ਖਡੂਰ ਸਾਹਿਬ ਦੇ ਲੋਕ ਬਿਲਕੁਲ ਤਿਆਰ ਬੈਠੇ ਕਰਨ ਦੇ ਤੌਰ ਵਿੱਚ ਹਨ ਲੋਕਾਂ ਵਿੱਚ ਕਿਹਾ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਨੇ ਦੱਸਿਆ ਕਿ ਜਦੋਂ ਅਸੀਂ ਪਿੰਡਾਂ ਵਿੱਚ ਜਾਂਦੇ ਹਾਂ ਤਾਂ ਲੋਕ ਆਪਣੀਆਂ ਸਮੱਸਿਆਵਾਂ ਜਿਹੜੀਆਂ ਸਾਡੇ ਸਾਹਮਣੇ ਦੱਸਦੇ ਹਨ ਅਸੀਂ ਉਸ ਵੱਲ ਤੁਰੰਤ ਉਨਾਂ ਦਾ ਹੱਲ, ਸਬੰਧਤ ਅਧਿਕਾਰੀਆਂ ਕੋਲੋਂ ਕਰਵਾਉਂਦੇ ਹਨ।ਜਦੋਂ ਪਿੰਡਾਂ ਵਿੱਚ ਮੀਟਿੰਗਾਂ ਕਰੀਦੀਆਂ ਨੇ ਤਾਂ ਪਤਾ ਲੱਗਦਾ ਹੈ ਕਿ ਲੋਕ ਮੁੱਖ ਮੰਤਰੀ ਭਗਵੰਤ ਸਿੰਘ ਜੀ ਦੇ ਕੀਤੇ ਹੋਏ ਕੰਮਾਂ ਤੋਂ ਖੁਸ਼ ਨੇ ਤੇ ਵਿਧਾਨ ਸਭਾ ਹਲਕਾ ਖਡੂਰ ਸਾਹਿਬ ਦੀ ਅਗਵਾਈ ਇਸ ਵਾਰ ਚੰਗੇ ਅਕਸ਼ ਤੇ ਪੜੇ ਲਿਖੇ ਆਗੂ ਨੂੰ ਦੇਣ ਲਈ ਲੋਕ ਬਿਲਕੁਲ ਤਿਆਰ ਬੈਠੇ ਨੇ। ਆਮ ਆਦਮੀ ਪਾਰਟੀ ਵੱਲੋਂ ਸਿਹਤ, ਸਿੱਖਿਆ, ਰੁਜ਼ਗਾਰ, ਲੋਕ ਭਲਾਈ ਦੇ ਕੰਮ, ਸਗਨ ਸਕੀਮ, ਰਸੋਈ ਦੀ ਸਕੀਮ, ਮਾਵਾਂ ਧੀਆਂ ਸਤਿਕਾਰ ਯੋਜਨਾ, ਸਿਹਤ ਬੀਮਾ ਇਹ ਸਾਰੀਆਂ ਜਿਹੜੀਆਂ ਸਕੀਮਾਂ ਨੇ ਉਹ ਲੋਕਾਂ ਤੱਕ ਪਹੁੰਚਾਉਂਦੇ ਜਾ ਰਹੀਆਂ ਹਨ।ਕਿਸਾਨਾਂ ਦੇ ਵਾਸਤੇ ਨਹਿਰੀ ਪਾਣੀ ਤੇ ਬੱਤੀ ਦਾ ਦਿਨੇ ਪ੍ਰਬੰਧ ਇਹ ਸਾਰੀਆਂ ਸਹੂਲਤਾਂ ਸਰਕਾਰ ਵੱਲੋਂ ਹੀ ਸੰਭਵ ਹੋਈਆਂ ਹਨ।ਪਿੰਡ ਚੱਬਾ ਖੁਰਦ ਵਿਖੇ ਵਿਸ਼ਾਲ ਮੀਟਿੰਗ ਨੂੰ ਸੰਬੋਧਨ ਕਰਦਿਆਂ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਨੇ ਕਿਹਾ ਕਿ ਵਿਧਾਨ ਸਭਾ ਦੀ ਚੋਣਾਂ ਵਿੱਚ ਲੋਕ ਇਸ ਵਾਰ ਇੱਕ ਤਰਫਾ ਫੈਸਲਾ ਕਰਨਗੇ।ਹਲਕਾ ਖਡੂਰ ਸਾਹਿਬ ਦੇ ਪਿੰਡ ਚੱਬਾ ਖੁਰਦ ਵਿਖੇ ਸਰਦਾਰ ਮੰਗਲ ਸਿੰਘ, ਗੁਰਭੇਜ ਸਿੰਘ, ਭੁਪਿੰਦਰ ਸਿੰਘ, ਹਰਦੇਵ ਸਿੰਘ ਅਵਤਾਰ ਸਿੰਘ ਇਨ੍ਹਾਂ ਸਾਰੇ ਸਾਥੀਆਂ ਨੇ ਵਿਸ਼ਵਾਸ ਦਿਵਾਇਆ ਕਰਕੇ ਪ੍ਰੋਫੈਸਰ ਹਰਪ੍ਰੀਤ ਸਿੰਘ ਕੋਟ ਮੁਹੰਮਦ ਖਾਂ ਦਾ ਧੰਨਵਾਦ ਕੀਤਾ ਤੇ ਹੈ।ਸਾਰੇ ਸਾਥੀਆਂ ਨੇ ਪ੍ਰੋਫੈਸਰ ਹਰਪ੍ਰੀਤ ਸਿੰਘ ਦਾ ਸਨਮਾਨ ਕੀਤਾ ਤੇ ਸਾਰੇ ਨਵੇਂ ਸਾਥੀਆਂ ਨੂੰ ਆਪਣੀ ਟੀਮ ਦੇ ਵਿੱਚ ਸ਼ਾਮਿਲ ਕਰਦਿਆਂ ਵਿਸ਼ਵਾਸ ਪ੍ਰਗਟਾਇਆ ਕਿ ਸਾਰੇ ਸਾਥੀ ਹਲਕਾ ਖਡੂਰ ਸਾਹਿਬ ਲਈ ਦਿਨ ਰਾਤ ਕੰਮ ਕਰਨਗੇ ।ਇਸ ਮੌਕੇ ਮੰਗਲ ਸਿੰਘ, ਗੁਰਭੇਜ ਸਿੰਘ, ਹਰਦੇਵ ਸਿੰਘ, ਅਵਤਾਰ ਸਿੰਘ, ਬੂਟਾ ਸਿੰਘ, ਅਨੂਪ ਸਿੰਘ, ਜਸਪਾਲ ਸਿੰਘ, ਹਰਦੀਪ ਸਿੰਘ, ਸੂਬੇਦਾਰ ਪ੍ਰੀਤਮ ਸਿੰਘ, ਹਰਪ੍ਰੀਤ ਸਿੰਘ, ਸਾਜਨਪ੍ਰੀਤ ਸਿੰਘ, ਗੁਰਸੇਵਕ ਸਿੰਘ, ਹਰਵਿੰਦਰ ਸਿੰਘ, ਹਰਜੀਤ ਸਿੰਘ, ਰਣਬੀਰ ਸਿੰਘ, ਜੀਵਨ ਸਿੰਘ ਆਦਿ ਸਾਥੀ ਹਾਜ਼ਰ ਸਨ।

# ਜੰਡਿਆਲਾ-ਵੈਰੋਵਾਲ ਸੰਪਰਕ ਸੜਕ ਦੀ ਸਪੈਸ਼ਲ ਰਿਪੇਅਰ ਦਾ ਕੰਮ ਸ਼ੁਰੂ

**ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ)**

ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ-ਵੈਰੋਵਾਲ ਰੋਡ ਤੋਂ ਪੱਖੋਕੇ ਵਾਇਆ ਦਰਗਾਹ ਬਾਬਾ ਸ਼ੇਖ ਫੱਤਾ ਸੜਕ ਦੀ ਸਪੈਸ਼ਲ ਰਿਪੇਅਰ ਦੇ ਕੰਮ ਦੀ ਰਸਮੀ ਸ਼ੁਰੂਆਤ



ਕੀਤੀ।ਇਸ ਸੜਕ ਦੀ ਕੁੱਲ ਲੰਬਾਈ 6.55 ਕਿਲੋਮੀਟਰ, ਚੌੜਾਈ 10 ਫੁੱਟ ਹੈ। ਇਸ ਪ੍ਰੋਜੈਕਟ 'ਤੇ 182.67 ਲੱਖ ਰੁਪਏ ਦੀ ਲਾਗਤ ਆਵੇਗੀ ਅਤੇ ਇਸ ਕੰਮ ਨੂੰ 6 ਮਹੀਨਿਆਂ ਵਿੱਚ ਮੁਕੰਮਲ ਕੀਤਾ ਜਾਵੇਗਾ।ਇਹ ਸੰਪਰਕ ਸੜਕ ਪੰਜਾਬ ਮੰਡੀ ਬੋਰਡ, ਜ਼ਿਲ੍ਹਾ ਤਰਨ ਤਾਰਨ (ਮਾਰਕੀਟ ਕਮੇਟੀ ਤਰਨ ਤਾਰਨ) ਅਧੀਨ ਆਉਂਦੀ ਹੈ।ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਕਿਹਾ ਕਿ ਇਸ ਸੜਕ ਦੀ ਮੁਰੰਮਤ ਨਾਲ ਇਲਾਕੇ ਦੇ ਹਜ਼ਾਰਾਂ ਵਸਨੀਕਾਂ, ਕਿਸਾਨਾਂ ਅਤੇ ਰਾਹਗੀਰਾਂ ਨੂੰ ਆਵਾਜਾਈ ਦੀ ਬਿਹਤਰ ਸਹੂਲਤ ਮਿਲੇਗੀ।ਬੁਨਿਆਦੀ ਢਾਂਚੇ ਦੇ ਵਿਕਾਸ ਦੇ ਮਾਮਲੇ ਵਿੱਚ ਪੰਜਾਬ ਅੱਜ ਦੇਸ਼ ਦੇ ਮੋਹਰੀ ਰਾਜਾਂ ਵਿੱਚ ਆਪਣੀ ਵੱਖਰੀ ਪਛਾਣ ਬਣਾ ਰਿਹਾ ਹੈ।ਵਿਧਾਨ ਸਭਾ ਹਲਕਾ ਜੰਡਿਆਲਾ ਗੁਰੂ ਦੇ ਵਿਕਾਸ ਦਾ ਜ਼ਿਕਰ ਕਰਦਿਆਂ ਉਨ੍ਹਾਂ ਕਿਹਾ ਕਿ ਹਲਕੇ ਦੇ ਹਰ ਪਿੰਡ ਵਿੱਚ ਵਿਕਾਸ ਕਾਰਜ ਜੰਗੀ ਪੱਧਰ 'ਤੇ ਜਾਰੀ ਹਨ।ਉਨ੍ਹਾਂ ਕਿਹਾ ਕਿ ਰਵਾਇਤੀ ਪਾਰਟੀਆਂ ਨੇ ਸਾਲਾਂ ਤੱਕ ਜੰਡਿਆਲਾ ਗੁਰੂ ਹਲਕੇ ਨੂੰ ਅਣਗੌਲਿਆਂ ਰੱਖਿਆ, ਪਰ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਤੋਂ ਬਾਅਦ ਹਲਕੇ ਵਿੱਚ ਸਰਬਪੱਖੀ ਵਿਕਾਸ ਨੂੰ ਯਕੀਨੀ ਬਣਾਇਆ ਗਿਆ ਹੈ।ਜੰਡਿਆਲਾ ਗੁਰੂ ਵਿਕਾਸ ਦੇ ਮਾਮਲੇ ਵਿੱਚ ਸੂਬੇ ਦੇ ਮੋਹਰੀ ਹਲਕਿਆਂ ਵਿੱਚ ਆਪਣਾ ਸਥਾਨ ਬਣਾ ਚੁੱਕਾ ਹੈ। ਲੋਕ ਨਿਰਮਾਣ ਮੰਤਰੀ ਨੇ ਸਬੰਧਤ ਅਧਿਕਾਰੀਆਂ ਨੂੰ ਨਿਰਧਾਰਿਤ ਸਮੇਂ ਅੰਦਰ ਉੱਚ ਗੁਣਵੱਤਾ ਨਾਲ ਸੜਕ ਦਾ ਕੰਮ ਮੁਕੰਮਲ ਕਰਨ ਦੇ ਨਿਰਦੇਸ਼ ਦਿੰਦਿਆਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਢਿੱਲ-ਮੱਠ ਬਰਦਾਸ਼ਤ ਨਹੀਂ ਕੀਤੀ ਜਾਵੇਗੀ।

# ਸਾਂਝਾ ਮੁਲਾਜ਼ਮ ਮੰਚ ਵੱਲੋਂ 17 ਨੂੰ ਮੋਹਾਲੀ ਵਿਖੇ ਰੋਸ ਰੈਲੀ ਦਾ ਐਲਾਨ



**ਤਰਨ ਤਾਰਨ (ਪ੍ਰਿਤਪਾਲ ਸਿੰਘ)** -ਸਾਂਝਾ ਮੁਲਾਜ਼ਮ ਮੰਚ ਪੰਜਾਬ ਵੱਲੋਂ ਪੰਜਾਬ ਸਰਕਾਰ ਅਤੇ ਪੈਨਸ਼ਨਰਾਂ ਨਾਲ ਸਬੰਧਤ ਲੰਬਿਤ ਮੰਗਾਂ ਦੇ ਹੱਲ ਲਈ 17 ਜੁਲਾਈ ਨੂੰ ਮੋਹਾਲੀ ਵਿਖੇ ਵਿਸ਼ਾਲ ਰੋਸ ਰੈਲੀ ਕਰਨ ਦਾ ਐਲਾਨ ਕੀਤਾ ਗਿਆ ਹੈ।ਇਸ ਸਬੰਧੀ ਮੰਚ ਦੀ ਇੱਕ ਅਹਿਮ ਮੀਟਿੰਗ ਤਰਨ ਤਾਰਨ ਵਿਖੇ ਹੋਈ, ਜਿਸ ਦੀ ਪ੍ਰਧਾਨਗੀ ਮੰਚ ਦੇ ਆਗੂਆਂ ਵੱਲੋਂ ਕੀਤੀ ਗਈ।ਮੀਟਿੰਗ ਦੌਰਾਨ ਆਗੂਆਂ ਨੇ ਦੋਸ਼ ਲਾਇਆ ਕਿ ਪੰਜਾਬ ਸਰਕਾਰ ਵੱਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪੈਨਸ਼ਨਰਾਂ ਅਤੇ ਕਰਮਚਾਰੀਆਂ ਨੂੰ ਦਿੱਤੀਆਂ ਜਾ ਰਹੀਆਂ ਸਹੂਲਤਾਂ ਪੰਜਾਬ ਵਿੱਚ ਲਾਗੂ ਨਹੀਂ ਕੀਤੀਆਂ ਗਈਆਂ, ਜਿਸ ਕਾਰਨ ਮੁਲਾਜ਼ਮ ਵਰਗ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਆਗੂਆਂ ਨੇ ਸਮੂਹ ਮੁਲਾਜ਼ਮਾਂ, ਪੈਨਸ਼ਨਰਾਂ ਅਤੇ ਵੱਖ-ਵੱਖ ਜਥੇਬੰਦੀਆਂ ਨੂੰ ਅਪੀਲ ਕੀਤੀ ਕਿ 17 ਜੁਲਾਈ ਨੂੰ ਮੋਹਾਲੀ ਵਿਖੇ ਹੋਣ ਵਾਲੀ ਰੈਲੀ ਵਿੱਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਕੇ ਸਰਕਾਰ ਤੱਕ ਆਪਣੀ ਆਵਾਜ਼ ਪਹੁੰਚਾਈ ਜਾਵੇ। ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਦਾ ਜਲਦ ਹੱਲ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ।ਇਸ ਮੌਕੇ ਵੱਖ-ਵੱਖ ਮੁਲਾਜ਼ਮ ਅਤੇ ਪੈਨਸ਼ਨਰ ਜਥੇਬੰਦੀਆਂ ਦੇ ਆਗੂ ਅਤੇ ਨੁਮਾਇੰਦੇ ਵੀ ਹਾਜ਼ਰ ਸਨ।

# ਸੂਬੇ ਦੀ ਆਰਥਿਕ ਹਾਲਤ ਸੁਧਾਰਨ ਲਈ ਠੋਸ ਕਦਮ ਚੁੱਕੇ ਸਰਕਾਰ : ਦਿਨੇਸ਼ ਬੱਸੀ

**ਛੇਹਰਟਾ, (ਮਨੋਜ ਕੁਮਾਰ)**

ਹਲਕਾ ਪੂਰਬੀ ਤੋਂ ਸੀਨੀਅਰ ਕਾਂਗਰਸੀ ਆਗੂ ਤੇ ਇੰਪਰੂਵਮੈਂਟ ਟਰੱਸਟ ਦੇ ਸਾਬਕਾ ਚੇਅਰਮੈਨ ਦਿਨੇਸ਼ ਬੱਸੀ ਨੇ ਪੰਜਾਬ ਸਰਕਾਰ ਦੀ ਆਰਥਿਕ ਨੀਤੀ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਚੋਣਾਂ ਤੋਂ ਪਹਿਲਾਂ ਕੀਤੇ ਗਏ ਹਵਾ-ਹਵਾਈ ਵਾਅਦਿਆਂ ਦਾ ਖ਼ਮਿਆਜ਼ਾ ਅੱਜ ਹਰ ਪੰਜਾਬੀ ਭੁਗਤ ਰਿਹਾ ਹੈ। ਉਨ੍ਹਾਂ ਕਿਹਾ ਕਿ ਵਿੱਤੀ ਸਾਲ ਦੇ ਪਹਿਲੇ ਤਿੰਨ ਮਹੀਨੇ ਵੀ ਪੂਰੇ ਨਹੀਂ



ਹੋਏ ਤੇ ਪੰਜਾਬ ਸਰਕਾਰ ਸੂਬੇ ਦੇ ਸਿਰ 6,300 ਕਰੋੜ ਰੁਪਏ ਤੋਂ ਵੱਧ ਦਾ ਨਵਾਂ ਕਰਜ਼ਾ ਚੜ੍ਹਾ ਚੁੱਕੀ ਹੈ। ਅਪ੍ਰੈਲ ਵਿਚ 2,800 ਕਰੋੜ ਰੁਪਏ, ਮਈ ਵਿਚ 2,500 ਕਰੋੜ ਰੁਪਏ ਤੇ ਹੁਣ 1,000 ਕਰੋੜ ਰੁਪਏ ਦਾ ਕਰਜ਼ਾ ਲੈਣ ਦੀ ਤਿਆਰੀ ਕੀਤੀ ਜਾ ਰਹੀ ਹੈ। ਦਿਨੇਸ਼ ਬੱਸੀ ਨੇ ਕਿਹਾ ਕਿ ਜੇਕਰ ਇਹ ਹਜ਼ਾਰਾਂ ਕਰੋੜ ਰੁਪਏ ਨਵੇਂ ਉਦਯੋਗ ਸਥਾਪਤ ਕਰਨ, ਸਰਕਾਰੀ ਹਸਪਤਾਲਾਂ ਤੇ ਸਕੂਲਾਂ ਦੀ ਹਾਲਤ ਸੁਧਾਰਨ, ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਜਾਂ ਨੌਜਵਾਨਾਂ ਲਈ ਪੱਕੇ ਰੁਜ਼ਗਾਰ ਦੇ ਮੌਕੇ ਪੈਦਾ ਕਰਨ 'ਤੇ ਖਰਚ ਕੀਤੇ ਜਾਂਦੇ ਤਾਂ ਇਸ ਦਾ ਕੋਈ ਜਾਇਜ਼ ਕਾਰਨ ਸਮਝ ਆਉਂਦਾ। ਹਕੀਕਤ ਇਹ ਹੈ ਕਿ ਸਰਕਾਰ ਵਿਕਾਸ ਦੀ ਥਾਂ ਲੋਕ-ਲੁਭਾਊ ਐਲਾਨਾਂ ਤੇ ਚੋਣ ਰਾਜਨੀਤੀ ਨੂੰ ਤਰਜੀਹ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਮਹਿਲਾਵਾਂ ਨੂੰ ਦਿੱਤੀ ਜਾ ਰਹੀ 1000 ਰੁਪਏ ਪ੍ਰਤੀ ਮਹੀਨਾ ਦੀ ਰਾਸ਼ੀ ਨੂੰ ਸਰਕਾਰ ਆਪਣੀ ਵੱਡੀ ਉਪਲਬਧੀ ਵਜੋਂ ਪੇਸ਼ ਕਰ ਰਹੀ ਹੈ, ਪਰ ਅਸਲ ਸਵਾਲ ਇਹ ਹੈ ਕਿ ਇਹ ਪੈਸਾ ਆ ਕਿੱਥੋਂ ਰਿਹਾ ਹੈ ? ਜਦੋਂ ਸਰਕਾਰ ਲਗਾਤਾਰ ਕਰਜ਼ਾ ਲੈ ਕੇ ਹੀ ਖਰਚੇ ਪੂਰੇ ਕਰ ਰਹੀ ਹੈ ਤਾਂ ਇਹ ਯੋਜਨਾ ਵੀ ਕਰਜ਼ੇ ਦੇ ਪੈਸੇ ਨਾਲ ਚਲਾਈ ਜਾ ਰਹੀ ਹੈ। ਇਹ ਲੋਕਾਂ ਦੀ ਆਰਥਿਕ ਤਰੱਕੀ ਦਾ ਮਾਡਲ ਨਹੀਂ, ਸਗੋਂ ਚੋਣਾਂ ਨੂੰ ਨਿਸ਼ਾਨਾ ਬਣਾਉਣ ਲਈ ਕੀਤਾ ਗਿਆ ਚੋਣ ਸਟੰਟ ਹੈ। ਬੱਸੀ ਨੇ ਕਿਹਾ ਕਿ ਕਰਜ਼ਾ ਲੈ ਕੇ ਅੱਜ ਰਕਮ ਵੰਡੀ ਜਾ ਸਕਦੀ ਹੈ, ਪਰ ਉਸ ਕਰਜ਼ੇ ਦਾ ਮੂਲ ਤੇ ਵਿਆਜ ਆਉਣ ਵਾਲੀਆਂ ਪੀੜ੍ਹੀਆਂ ਨੂੰ ਚੁਕਾਉਣਾ ਪਵੇਗਾ। ਜੇਕਰ ਸਰਕਾਰ ਕੋਲ ਆਮਦਨ ਵਧਾਉਣ, ਉਦਯੋਗ ਲਿਆਉਣ ਤੇ ਰੁਜ਼ਗਾਰ ਪੈਦਾ ਕਰਨ ਦੀ ਕੋਈ ਠੋਸ ਯੋਜਨਾ ਨਹੀਂ ਹੈ ਤਾਂ ਅਜਿਹੀਆਂ ਯੋਜਨਾਵਾਂ ਸੂਬੇ ਦੀ ਆਰਥਿਕਤਾ ਨੂੰ ਹੋਰ ਕਮਜ਼ੋਰ ਕਰਨਗੀਆਂ।

# ਕੋਟ ਮਜਲਿਸ 'ਚ ਪਨੂੰ ਨੇ ਰਾਸ਼ਨ ਕਿੱਟਾਂ ਵੰਡੀਆਂ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਪੰਜਾਬ ਦੇ ਹਰ ਲੋੜਵੰਦ ਪਰਿਵਾਰ ਤੱਕ ਸੰਤੁਲਿਤ ਅਤੇ ਪੌਸ਼ਟਿਕ ਆਹਾਰ ਪਹੁੰਚਾਉਣ ਲਈ ਮਾਨ ਸਰਕਾਰ ਲਗਾਤਾਰ ਯਤਨਸ਼ੀਲ ਹੈ।ਇਸੇ ਉਪਰਾਲੇ ਤਹਿਤ 'ਮੇਰੀ ਰਸੋਈ' ਯੋਜਨਾ ਅਧੀਨ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਕੋਟ ਮਜਲਿਸ ਵਿਖੇ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ



ਗਈਆਂ।ਇਸ ਮੌਕੇ ਬਲਦੇਵ ਸਿੰਘ, ਹਰਪਾਲ ਸਿੰਘ, ਕੁਲਵਿੰਦਰ ਸਿੰਘ, ਅਜਮੇਰ ਸਿੰਘ, ਕਵਲਜੀਤ ਸਿੰਘ, ਸੁਖਜੀਤ ਸਿੰਘ, ਹਰਦੇਵ ਸਿੰਘ, ਬੇਅੰਤ ਸਿੰਘ, ਹਰਭਜਨ ਸਿੰਘ, ਸੁਖਵਿੰਦਰ ਸਿੰਘ, ਬਲਵਿੰਦਰ ਸਿੰਘ, ਰਸ਼ਪਾਲ ਸਿੰਘ, ਸਵਿੰਦਰ ਸਿੰਘ, ਹਰਜਿੰਦਰ ਸਿੰਘ, ਨਵਜੋਤ ਸਿੰਘ ਸਮੇਤ ਪਿੰਡ ਦੇ ਹੋਰ ਮੋਹਤਬਰ ਸੱਜਣ ਵੀ ਹਾਜ਼ਰ ਰਹੇ। ਲੋਕ ਭਲਾਈ ਅਤੇ ਹਰ ਪਰਿਵਾਰ ਦੀ ਖ਼ੁਸ਼ਹਾਲੀ ਲਈ ਸਾਡੀ ਵਚਨਬੱਧਤਾ ਇਸੇ ਤਰ੍ਹਾਂ ਜਾਰੀ ਰਹੇਗੀ।

# ਰਘੂਨਾਥ ਮੰਦਰ ਵਿਖੇ ਲੱਗਾ ਮੁਫ਼ਤ ਮੈਡੀਕਲ ਕੈਂਪ



**ਪਠਾਨਕੋਟ (ਦਵਿੰਦਰ ਸਿੰਘ)**

ਸਵਾਮੀ ਪ੍ਰਕਾਸ਼ਾਨੰਦ ਸਰਸਵਤੀ ਜੀ ਮਹਾਰਾਜ ਦੇ 85ਵੇਂ ਜਨਮ ਦਿਵਸ ਦੇ ਅਵਸਰ 'ਤੇ ਰਘੂਨਾਥ ਮੰਦਰ, ਮੀਰਪੁਰ ਕਾਲੋਨੀ, ਪਠਾਨਕੋਟ ਵਿਖੇ ਰਘੂਨਾਥ ਮੰਦਰ ਕਮੇਟੀ ਅਤੇ ਸਮਾਜ ਸੇਵੀ ਸੰਸਥਾ ਰੈਫਰ ਐਨ.ਜੀ.ਓ. ਦੇ ਸਾਂਝੇ ਉਪਰਾਲੇ ਨਾਲ ਇੱਕ ਵਿਸ਼ਾਲ ਮੁਫ਼ਤ ਮੈਡੀਕਲ ਕੈਂਪ ਦਾ ਸਫਲਤਾਪੂਰਵਕ ਆਯੋਜਨ ਕੀਤਾ ਗਿਆ।ਇਸ ਕੈਂਪ ਵਿੱਚ ਪ੍ਰਸਿੱਧ ਮਨੋਚਿਕਿਤਸਕ ਡਾ. ਤਨੀਸ਼ਕ ਮਹਾਜਨ ਅਤੇ ਚਮੜੀ ਰੋਗ ਮਾਹਿਰ ਡਾ. ਨਿਸ਼ਠਾ ਮਹਾਜਨ ਨੇ ਆਪਣੀਆਂ ਨਿਸ਼ਕਾਮ ਸੇਵਾਵਾਂ ਪ੍ਰਦਾਨ ਕਰਦਿਆਂ ਮਰੀਜ਼ਾਂ ਦੀ ਜਾਂਚ ਕੀਤੀ ਅਤੇ ਉਨ੍ਹਾਂ ਨੂੰ ਮੁਫ਼ਤ ਡਾਕਟਰੀ ਸਲਾਹ ਦੇ ਨਾਲ-ਨਾਲ ਲੋੜੀਂਦੀਆਂ ਦਵਾਈਆਂ ਵੀ ਮੁਫ਼ਤ ਵੰਡੀਆਂ।ਕੈਂਪ ਦੌਰਾਨ 347 ਮਰੀਜ਼ਾਂ ਨੇ ਸਿਹਤ ਸੇਵਾਵਾਂ ਦਾ ਲਾਭ ਪ੍ਰਾਪਤ ਕੀਤਾ।ਇਸ ਤੋਂ ਇਲਾਵਾ ਕੰਸਰਨ ਫਾਰਮਾ ਲਿਮਿਟਡ, ਲੁਧਿਆਣਾ ਦੇ ਸਹਿਯੋਗ ਨਾਲ ਮੁਫ਼ਤ ਫੁੱਲ ਬਾਡੀ ਡਾਇਗਨੋਸਟਿਕ ਬਲੱਡ ਟੈਸਟ ਅਤੇ ਮੁਫ਼ਤ ਦਵਾਈਆਂ ਦੀ ਵਿਸ਼ੇਸ਼ ਸਹੂਲਤ ਵੀ ਉਪਲਬਧ ਕਰਵਾਈ ਗਈ, ਜਿਸ ਦਾ 121 ਵਿਅਕਤੀਆਂ ਨੇ ਲਾਭ ਉਠਾਇਆ।ਕੈਂਪ ਦੇ ਸਮਾਪਨ ਉਪਰੰਤ ਰਘੂਨਾਥ ਮੰਦਰ ਕਮੇਟੀ ਵੱਲੋਂ ਡਾ. ਤਨੀਸ਼ਕ ਮਹਾਜਨ ਅਤੇ ਡਾ. ਨਿਸ਼ਠਾ ਮਹਾਜਨ ਦਾ ਸਮਾਜ ਪ੍ਰਤੀ ਉਨ੍ਹਾਂ ਦੀ ਨਿਸ਼ਕਾਮ ਸੇਵਾ ਅਤੇ ਸ਼ਲਾਘਾਯੋਗ ਯੋਗਦਾਨ ਲਈ ਦਿਲੋਂ ਧੰਨਵਾਦ ਕੀਤਾ ਗਿਆ।

ਇਸ ਮੌਕੇ ਦੋਵਾਂ ਡਾਕਟਰਾਂ ਨੂੰ ਸਨਮਾਨ ਚਿੰਨ੍ਹ ਭੇਟ ਕਰਕੇ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਰਾਕੇਸ਼ ਗੁਪਤਾ, ਪੁਰਸ਼ੋਤਮ ਮਹਾਜਨ, ਅਮਿਤ ਸ਼ਰਮਾ, ਚੌਧਰੀ ਤਰਸੇਮ ਸਿੰਘ, ਦਵਿੰਦਰ ਸਿੰਘ, ਰਮਨ ਕਾਲੀਆ, ਐਡਵੋਕੇਟ ਪਵਨ ਕੁਮਾਰ, ਐਡਵੋਕੇਟ ਸ਼ੈਲੇਂਦਰ ਕੁਮਾਰ, ਐਡਵੋਕੇਟ ਧਰਮਵੀਰ, ਐਡਵੋਕੇਟ ਸਵਾਸਤਿਕ, ਰਾਜੇਸ਼ ਗੁਪਤਾ, ਐਡਵੋਕੇਟ ਸੀ. ਪੀ. ਜੰਡਿਆਲ, ਅਸ਼ੋਕ ਮਹਾਜਨ, ਦੀਪਕ ਗੁਪਤਾ, ਪੰਕਜ ਗੁਪਤਾ ਸਮੇਤ ਰਘੂਨਾਥ ਮੰਦਰ ਕਮੇਟੀ ਦੇ ਅਹੁਦੇਦਾਰ, ਰੈਫਰ ਐਨ. ਜੀ. ਓ. ਦੇ ਮੈਂਬਰ, ਸਮਾਜ ਸੇਵੀ, ਪਤਵੰਤੇ ਸੱਜਣ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ।

# ਕੁਲਵਿੰਦਰ ਸਿੰਘ ਲਾਲੀ ਨੂੰ ਨਗਰ ਕੌਂਸਲ ਪ੍ਰਧਾਨ ਬਣਨ 'ਤੇ ਦਿੱਤੀਆਂ ਮੁਬਾਰਕਾਂ





**ਫਤਿਹਗੜ੍ਹ ਚੂੜੀਆਂ, (ਜਸਦੇਵ ਸਿੰਘ ਮਾਨ)**

ਕੁਲਵਿੰਦਰ ਸਿੰਘ ਲਾਲੀ ਨੂੰ ਨਗਰ ਕੌਂਸਲ ਪ੍ਰਧਾਨ ਚੁਣੇ ਜਾਣ 'ਤੇ ਹਰ ਪਾਸੋਂ ਮੁਬਾਰਕਾਂ ਮਿਲ ਰਹੀਆਂ ਹਨ। ਛਿਛਰੇਵਾਲ ਦੇ ਰਹਿਣ ਵਾਲੇ ਸਾਬਕਾ ਸਰਪੰਚ ਸ਼ਿਵਰਾਜ ਸਿੰਘ ਬਿੱਟੂ ਅਤੇ ਉਨ੍ਹਾਂ ਦੇ ਬੇਟੇ ਮਹਿਕਦੀਪ ਬਾਠ (ਆਸਟਰੇਲੀਆ) ਨੇ ਵੀ ਕੁਲਵਿੰਦਰ ਸਿੰਘ ਲਾਲੀ ਦੀ ਜਿੱਤ 'ਤੇ ਖੁਸ਼ੀ ਜਤਾਈ ਹੈ।ਇਸ ਮੌਕੇ ਸਾਬਕਾ ਸਰਪੰਚ ਸ਼ਿਵਰਾਜ ਸਿੰਘ ਬਿੱਟੂ ਨੇ ਕਿਹਾ ਕਿ ਹਲਕਾ ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ ਆਪਣੇ ਪੁਰਾਣੇ ਸਾਥੀਆਂ ਨੂੰ ਕਦੀ ਨਹੀਂ ਭੁੱਲਦੇ, ਉਨ੍ਹਾਂ ਨੇ ਹਰ ਕਾਂਗਰਸੀ ਵਰਕਰ ਦੀ ਮਿਹਨਤ ਨੂੰ ਦੇਖਦਿਆਂ ਸਮੇਂ-ਸਮੇਂ 'ਤੇ ਉਨ੍ਹਾਂ ਨੂੰ ਸ਼ਹਿਰ ਦੀ ਜ਼ਿੰਮੇਵਾਰੀ ਦਿੱਤੀ ਹੈ, ਜਿਸ ਤੋਂ ਬਾਅਦ ਹੁਣ ਕੁਲਵਿੰਦਰ ਸਿੰਘ ਲਾਲੀ ਨੂੰ ਵੀ ਜ਼ਿੰਮੇਵਾਰੀ ਦੇ ਕੇ ਨਿਵਾਜਿਆ ਹੈ ।ਉਨ੍ਹਾਂ ਇਹ ਵੀ ਕਿਹਾ ਕਿ ਕੁਲਵਿੰਦਰ ਸਿੰਘ ਲਾਲੀ ਜੋ ਕਿ ਇੱਕ ਪੁਰਾਣਾ ਕਾਂਗਰਸੀ ਵਰਕਰ ਹੈ ਤੇ ਪਾਰਟੀ ਨੂੰ ਕੁਲਵਿੰਦਰ ਸਿੰਘ ਲਾਲੀ 'ਤੇ ਬਹੁਤ ਹੀ ਮਾਣ ਹੈ। ਇਸ ਮੌਕੇ ਸਾਬਕਾ ਸਰਪੰਚ ਸ਼ਿਵਰਾਜ ਸਿੰਘ ਬਿੱਟੂ ਤੇ ਉਨ੍ਹਾਂ ਦੇ ਬੇਟੇ ਮਹਿਕਦੀਪ ਬਾਠ ਨੇ ਕੁਲਵਿੰਦਰ ਸਿੰਘ ਲਾਲੀ ਨੂੰ ਨਗਰ ਕੌਂਸਲ ਪ੍ਰਧਾਨ ਬਣਨ 'ਤੇ ਮੁਬਾਰਕਾਂ ਦਿੱਤੀਆਂ ਤੇ ਕਿਹਾ ਕਿ ਆਉਣ ਵਾਲੇ ਸਮੇਂ 'ਚ ਪ੍ਰਧਾਨ ਕੁਲਵਿੰਦਰ ਸਿੰਘ ਲਾਲੀ ਸ਼ਹਿਰ ਦੇ ਵਿਕਾਸ ਲਈ ਜੀਅ ਤੋੜ ਮਿਹਨਤ ਕਰਨਗੇ ਤੇ ਸ਼ਹਿਰ ਨੂੰ ਇੱਕ ਸੋਹਣਾ ਸ਼ਹਿਰ ਬਣਾ ਕੇ ਲੋਕਾਂ ਸਾਹਮਣੇ ਮਿਸਾਲ ਪੇਸ਼ ਕਰਨਗੇ।

# ਛਿੱਤ ਦੀ ਸੰਗਤ ਨੇ ਅਖੰਡ ਪਾਠ ਸਾਹਿਬ ਕਰਵਾਇਆ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**-ਪਿੰਡ ਛਿੱਤ ਦੀ ਸਮੂਹ ਸੰਗਤ ਵੱਲੋਂ ਪਿੰਡ ਦੇ ਨੌਜਵਾਨ ਵੀਰਾਂ ਦੇ ਸਹਿਯੋਗ ਨਾਲ ਗੁਰਦੁਆਰਾ ਗੁਰੂ ਨਾਨਕ ਦਰਬਾਰ ਵਿਖੇ ਨਗਰ ਦੀ ਸੁੱਖ ਸ਼ਾਂਤੀ, ਪਰਿਵਾਰਾਂ ਦੇ ਜੀਆਂ ਦੀ ਦੇਹ ਅਰੋਗਤਾ ਤੰਦਰੁਸਤੀ ਅਤੇ ਸਰਬੱਤ ਦੇ ਭਲੇ ਲਈ ਅਖੰਡ ਪਾਠ ਸਾਹਿਬ ਕਰਵਾਇਆ ਗਿਆ, ਜਿਸ ਵਿੱਚ ਸੰਗਤਾਂ ਨੇ ਵੱਡੀ ਗਿਣਤੀ ਵਿੱਚ ਹਾਜ਼ਰੀ ਭਰੀ। ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਸਮੂਹ ਸੰਗਤ ਵੱਲੋਂ ਸਰਬੱਤ ਦੇ ਭਲੇ ਲਈ ਅਰਦਾਸ ਬੇਨਤੀ ਕੀਤੀ ਗਈ।ਇਸ ਮੌਕੇ ਸਜੇ ਹੋਏ ਦੀਵਾਨ ਵਿੱਚ ਭਾਈ ਜਗਤਾਰ ਸਿੰਘ ਗੁਰੂ ਗੋਬਿੰਦ ਸਿੰਘ ਸਟੱਡੀ ਸਰਕਲ ਵਾਲਿਆਂ ਦੇ ਕੀਰਤਨੀ ਜਥੇ ਨੇ ਸੰਗਤਾਂ ਨੂੰ ਇਲਾਹੀ ਬਾਣੀ ਦਾ ਕੀਰਤਨ ਸਰਵਣ ਕਰਵਾਇਆ।ਇਸ ਮੌਕੇ ਸੰਗਤਾਂ ਲਈ ਠੰਡੇ ਮਿੱਠੇ ਜਲ ਦੀ ਛਬੀਲ ਅਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ।



# ਗੁਰੂ ਰਵਿਦਾਸ ਜੀ ਦੇ ਜੀਵਨ 'ਤੇ ਆਧਾਰਿਤ ਡਾਕੂਮੈਂਟਰੀ ਦਿਖਾਈ



**ਬਟਾਲਾ, (ਤਰਲੋਕ ਬੱਗਾ)**

ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਯਾਦਗਾਰੀ ਪ੍ਰੋਗਰਾਮਾਂ ਦੇ ਹਿੱਸੇ ਵਜੋਂ ਬਟਾਲਾ ਦੇ ਡੱਲਾ ਅਤੇ ਡੱਲਾ ਕਲਾਂ ਪਿੰਡਾਂ ਵਿੱਚ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਅਤੇ ਯਾਤਰਾ ਨੂੰ ਦਰਸਾਉਂਦੀਆਂ ਡਾਕੂਮੈਂਟਰੀ ਸਕ੍ਰੀਨਿੰਗਾਂ ਕਰਵਾਈਆਂ ਗਈਆਂ। ਇਸ 30 ਮਿੰਟ ਦੀ ਡਾਕੂਮੈਂਟਰੀ ਨੂੰ ਭਰਵਾਂ ਹੁੰਗਾਰਾ ਮਿਲਿਆ, ਜਿਸ ਵਿੱਚ ਨੌਜਵਾਨਾਂ, ਔਰਤਾਂ ਅਤੇ ਬਜ਼ੁਰਗਾਂ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀਆਂ ਨੇ ਸ਼ਿਰਕਤ ਕੀਤੀ।ਹਾਜ਼ਰੀਨ ਨੇ ਬੜੀ ਦਿਲਚਸਪੀ ਅਤੇ ਸ਼ਰਧਾ ਭਾਵਨਾ ਨਾਲ ਡਾਕੂਮੈਂਟਰੀ ਦੇਖੀ।ਡਾਕੂਮੈਂਟਰੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫੇ ਅਤੇ ਅਧਿਆਤਮਿਕ ਯਾਤਰਾ 'ਤੇ ਚਾਨਣਾ ਪਾਇਆ ਗਿਆ, ਜਦੋਂ ਕਿ ਉਨ੍ਹਾਂ ਦੀਆਂ ਬਰਾਬਰੀ, ਸਮਾਜਿਕ ਨਿਆਂ, ਦਇਆ, ਨਿਮਰਤਾ ਅਤੇ ਪ੍ਰਮਾਤਮਾ ਪ੍ਰਤੀ ਭਗਤੀ ਦੀਆਂ ਸਦੀਵੀ ਸਿੱਖਿਆਵਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਇਸ ਵਿੱਚ ਗੁਰੂ ਜੀ ਦੇ ਵਿਤਕਰੇ, ਜਾਤ-ਪਾਤ ਅਤੇ ਸਮਾਜਿਕ ਅਸਮਾਨਤਾਵਾਂ ਤੋਂ ਮੁਕਤ ਸਮਾਜ ਦੇ ਸੰਕਲਪ ਨੂੰ ਵੀ ਖੂਬਸੂਰਤੀ ਨਾਲ ਪੇਸ਼ ਕੀਤਾ ਗਿਆ, ਜੋ ਲੋਕਾਂ ਨੂੰ ਵਿਸ਼ਵਵਿਆਪੀ ਭਾਈਚਾਰਕ ਸਾਂਝ, ਸ਼ਾਂਤੀ ਅਤੇ ਸਦਭਾਵਨਾ ਵਾਲੇ ਸਹਿ-ਹੋਂਦ ਦੇ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਹੈ।ਇਹ ਸਕ੍ਰੀਨਿੰਗ ਪੰਜਾਬ ਸਰਕਾਰ ਦੀ ਲੋਕਾਂ, ਵਿਸ਼ੇਸ਼ ਕਰਕੇ ਨਵੀਂ ਪੀੜ੍ਹੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਫਲਸਫੇ ਬਾਰੇ ਜਾਗਰੂਕਤਾ ਪੈਦਾ ਕਰਨ ਅਤੇ ਉਨ੍ਹਾਂ ਨੂੰ ਆਪਣੇ ਰੋਜ਼ਾਨਾ ਜੀਵਨ ਵਿੱਚ ਉਨ੍ਹਾਂ ਦੇ ਆਦਰਸ਼ਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਨ ਦੀ ਮੁਹਿੰਮ ਦਾ ਹਿੱਸਾ ਹੈ।ਪਿੰਡ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਸ ਡਾਕੂਮੈਂਟਰੀ ਨੇ ਗੁਰੂ ਜੀ ਦੇ ਮਨੁੱਖਤਾ, ਬਰਾਬਰੀ ਅਤੇ ਨਿਸ਼ਕਾਮ ਸੇਵਾ ਦੇ ਸੰਦੇਸ਼ ਬਾਰੇ ਇੱਕ ਪ੍ਰੇਰਨਾਦਾਇਕ ਸਮਝ ਪ੍ਰਦਾਨ ਕੀਤੀ ਹੈ, ਜੋ ਅੱਜ ਦੇ ਸਮਾਜ ਵਿੱਚ ਵੀ ਪੂਰੀ ਤਰ੍ਹਾਂ ਸਾਰਥਕ ਹੈ।

# ਕਾਂਗਰਸ ਪਾਰਟੀ ਦੀ ਸਥਿਤੀ ਪੰਜਾਬ 'ਚ ਲਗਾਤਾਰ ਮਜ਼ਬੂਤ ਹੋ ਰਹੀ : ਹਰਪ੍ਰੀਤ ਬੱਜੂਮਾਨ

**ਜੈਂਤੀਪੁਰ (ਸੁਖਬੀਰ ਸਿੰਘ ਸਿੱਧੂ)**

ਸਾਬਕਾ ਬਲਾਕ ਸੰਮਤੀ ਮੈਂਬਰ ਹਰਪ੍ਰੀਤ ਸਿੰਘ ਬੱਜੂਮਾਨ ਨੇ ਕਿਹਾ ਕਿ ਕਾਂਗਰਸ ਲਗਾਤਾਰ ਮਜ਼ਬੂਤ ਹੋ ਰਹੀ ਹੈ ਅਤੇ ਪੰਜਾਬ ਵਿੱਚ ਮੁੜ ਸਰਕਾਰ ਬਣਾਉਣ ਦੀ ਦਿਸ਼ਾ ਵਿਚ ਅੱਗੇ ਵੱਧ ਰਹੀ ਹੈ ।ਉਨ੍ਹਾਂ ਕਿਹਾ ਕਿ ਦੇਸ਼ ਦੇ ਕਈ ਰਾਜਾਂ ਵਿੱਚ ਕਾਂਗਰਸ ਦੀਆਂ ਸਰਕਾਰਾਂ ਬਣਨ ਨਾਲ ਪਾਰਟੀ ਵਰਕਰਾਂ ਦਾ ਮਨੋਬਲ ਵਧਿਆ ਹੈ।ਹੁਣ ਸਾਲ 2027 ਵਿੱਚ ਪੰਜਾਬ ਵਿਧਾਨ ਸਭਾ ਚੋਣਾਂ ਹੋਣੀਆਂ ਹਨ ਅਤੇ ਕਾਂਗਰਸ ਕੋਲ ਲੋਕਾਂ ਦਾ ਭਰੋਸਾ ਜਿੱਤ ਕੇ ਸਰਕਾਰ ਬਣਾਉਣ ਦਾ



ਸੁਨਹਿਰੀ ਮੌਕਾ ਹੈ। ਉਨ੍ਹਾਂ ਕਿਹਾ ਕਿ ਭਾਜਪਾ ਅਤੇ ਆਮ ਆਦਮੀ ਪਾਰਟੀ ਨੂੰ ਕਾਂਗਰਸ ਵਿਰੁੱਧ ਦੁਰਪ੍ਰਚਾਰ ਦਾ ਕੋਈ ਮੌਕਾ ਨਹੀਂ ਮਿਲਣਾ ਚਾਹੀਦਾ ।ਉਨ੍ਹਾਂ ਨੇ ਕਿਹਾ ਕਿ ਪੰਜਾਬ ਕਾਂਗਰਸ ਦੇ ਆਗੂਆਂ ਨੂੰ ਨਿੱਜੀ ਹਿੱਤਾਂ ਤੋਂ ਉਪਰ ਉੱਠ ਕੇ ਪਾਰਟੀ ਅਤੇ ਲੋਕ ਹਿੱਤ ਵਿਚ ਕੰਮ ਕਰਨਾ ਚਾਹੀਦਾ ਹੈ। ਉਨ੍ਹਾਂ ਭਰੋਸਾ ਜਤਾਇਆ ਕਿ ਕਾਂਗਰਸ ਦੀ ਇਕਜੁੱਟਤਾ ਅਤੇ ਲੋਕ-ਹਿੱਤ ਦੀ ਰਾਜਨੀਤੀ ਦੇ ਬਲ 'ਤੇ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣੇਗੀ ਅਤੇ ਦੇਸ਼ ਨੂੰ ਵਿਕਾਸ ਅਤੇ ਖੁਸ਼ਹਾਲੀ ਦੇ ਰਾਹ 'ਤੇ ਅੱਗੇ ਲਿਜਾਇਆ ਜਾ ਸਕੇਗਾ। ਉਨ੍ਹਾਂ ਕਿਹਾ ਕਿ ਸਾਲ 2014 ਤੋਂ ਕੇਂਦਰ ਵਿੱਚ ਸੱਤਾ ਸੰਭਾਲਣ ਤੋਂ ਬਾਅਦ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਲਗਾਤਾਰ ਕਾਂਗਰਸ ਮੁਕਤ ਭਾਰਤ ਦਾ ਨਾਅਰਾ ਦਿੰਦੇ ਰਹੇ ਹਨ ਪਰ ਅੱਜ ਦੇਸ਼ ਦੀ ਜਨਤਾ ਇਸ ਰਾਜਨੀਤੀ ਦੀ ਅਸਲੀਅਤ ਨੂੰ ਸਮਝ ਚੁੱਕੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਅਤੇ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਵਿਰੁੱਧ ਸਾਲਾਂ ਤੱਕ ਦੁਰਪ੍ਰਚਾਰ ਕੀਤਾ ਗਿਆ ਪਰ ਹੁਣ ਲੋਕਾਂ ਨੂੰ ਅਹਿਸਾਸ ਹੋ ਗਿਆ ਹੈ ਕਿ ਭਾਜਪਾ ਦੀ ਰਾਜਨੀਤੀ ਝੂਠ ਅਤੇ ਭਰਮ ਫੈਲਾਉਣ ਤੇ ਆਧਾਰਿਤ ਹੈ।ਉਨ੍ਹਾਂ ਨੇ ਕਿਹਾ ਕਿ ਪਿਛਲੇ ਇੱਕ ਦਹਾਕੇ ਦੌਰਾਨ ਭਾਜਪਾ ਨੇ ਰਾਹੁਲ ਗਾਂਧੀ ਅਤੇ ਗਾਂਧੀ ਪਰਿਵਾਰ ਦੀ ਛਵੀ ਖਰਾਬ ਕਰਨ ਲਈ ਸੋਸ਼ਲ ਮੀਡੀਆ ਸਮੇਤ ਵੱਖ-ਵੱਖ ਮਾਧਿਅਮਾਂ ਤੇ ਕਰੋੜਾਂ ਰੁਪਏ ਖਰਚ ਕੀਤੇ ਪਰ ਇਸ ਦੇ ਬਾਵਜੂਦ ਰਾਹੁਲ ਗਾਂਧੀ ਦੀ ਲੋਕਪ੍ਰਿਯਤਾ ਲਗਾਤਾਰ ਵਧੀ ਹੈ।ਉਨ੍ਹਾਂ ਕਿਹਾ ਕਿ ਰਾਹੁਲ ਗਾਂਧੀ ਨੇ ਦੇਸ਼ ਭਰ ਵਿਚ ਲੋਕਾਂ ਦੇ ਮੁੱਦਿਆਂ ਨੂੰ ਮਜ਼ਬੂਤੀ ਨਾਲ ਉਠਾਇਆ ਹੈ ਅਤੇ ਪਿਛਲੇ 12 ਸਾਲਾਂ ਤੋਂ ਲਗਾਤਾਰ ਨਿਆਂ, ਸੰਵਿਧਾਨ ਅਤੇ ਲੋਕਤੰਤਰ ਦੀ ਰੱਖਿਆ ਲਈ ਸੰਘਰਸ ਕਰ ਰਹੇ ਹਨ।ਇਸੇ ਕਾਰਨ ਅੱਜ ਨਾ ਸਿਰਫ ਦੇਸ ਵਿੱਚ ਸਗੋਂ ਅੰਤਰਰਾਸ਼ਟਰੀ ਪੱਧਰ ਤੇ ਵੀ ਉਨ੍ਹਾਂ ਦੀ ਸਵੀਕਾਰਤਾ ਵਧੀ ਹੈ ਅਤੇ ਆਮ ਲੋਕ ਉਨ੍ਹਾਂ ਨੂੰ ਆਪਣੀ ਆਵਾਜ਼ ਮੰਨਣ ਲੱਗੇ ਹਨ ਉਨ੍ਹਾਂ ਦੋਸ਼ ਲਗਾਇਆ ਕਿ ਕੇਂਦਰ ਸਰਕਾਰ ਦੀਆਂ ਨੀਤੀਆਂ ਨੇ ਦੇਸ਼ ਦੀ ਅਰਥਵਿਵਸਥਾ ਨੂੰ ਕਮਜ਼ੋਰ ਕੀਤਾ ਹੈ ਅਤੇ ਆਮ ਲੋਕ ਮਹਿੰਗਾਈ, ਬੇਰੁਜ਼ਗਾਰੀ ਅਤੇ ਆਰਥਿਕ ਚੁਣੌਤੀਆਂ ਦਾ ਸਾਹਮਣਾ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਦੇਸ਼ ਦੇ ਲੋਕ ਹੁਣ ਬਦਲਾਅ ਚਾਹੁੰਦੇ ਹਨ ਅਤੇ ਭਾਜਪਾ ਅਤੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਤੋਂ ਨਿਰਾਸ਼ ਹੋ ਕੇ ਕਾਂਗਰਸ ਵੱਲ ਉਮੀਦ ਭਰੀਆਂ ਨਜ਼ਰਾਂ ਨਾਲ ਦੇਖ ਰਹੇ ਹਨ।

# ਐੱਸ. ਆਈ. ਆਰ. ਦੇ ਦੋ ਰੋਜ਼ਾ ਵਿਸ਼ੇਸ਼ ਕੈਂਪਾਂ ਨੂੰ ਮਿਲਿਆ ਲੋਕਾਂ ਦਾ ਭਰਵਾਂ ਹੁੰਗਾਰਾ

**ਤਰਨ ਤਾਰਨ (ਪ੍ਰਿਤਪਾਲ ਸਿੰਘ)**

ਲੋਕਤੰਤਰ ਨੂੰ ਮਜ਼ਬੂਤ ਕਰਨ ਅਤੇ ਹਰੇਕ ਯੋਗ ਨਾਗਰਿਕ ਦਾ ਨਾਮ ਵੋਟਰ ਸੂਚੀ ਵਿਚ ਸ਼ਾਮਲ ਕਰਨ ਦੇ ਉਦੇਸ਼ ਨਾਲ ਪੰਜਾਬ ਭਰ ਵਿਚ ਐੱਸ. ਆਈ. ਆਰ-2026 ਤਹਿਤ ਵੋਟਾਂ ਦੀ ਵਿਸ਼ੇਸ਼ ਸੁਧਾਈ ਦਾ ਕੰਮ ਜ਼ੋਰਾਂ-ਸ਼ੋਰਾਂ ਨਾਲ ਚੱਲ ਰਿਹਾ ਹੈ।ਇਸੇ ਲੜੀ ਤਹਿਤ ਭਾਰਤ ਚੋਣ ਕਮਿਸ਼ਨ ਦੇ ਨਿਰਦੇਸ਼ਾਂ ਅਨੁਸਾਰ ਜ਼ਿਲ੍ਹਾ ਚੋਣ ਅਫ਼ਸਰ ਰਾਹੁਲ ਦੀ ਰਹਿਨੁਮਾਈ ਹੇਠ 11 ਅਤੇ 12 ਜੁਲਾਈ ਨੂੰ ਜ਼ਿਲ੍ਹੇ ਦੇ ਸਮੂਹ ਪੋਲਿੰਗ ਬੂਥਾਂ 'ਤੇ ਦੋ ਰੋਜ਼ਾ ਵਿਸ਼ੇਸ਼ ਕੈਂਪ ਲਗਾਏ ਗਏ। ਛੁੱਟੀ ਦਾ ਦਿਨ ਹੋਣ ਦੇ ਬਾਵਜੂਦ ਸਕੂਲਾਂ ਵਿਚ ਸਥਾਪਤ ਇਨ੍ਹਾਂ ਬੂਥਾਂ 'ਤੇ ਵੋਟਰਾਂ ਦਾ ਭਾਰੀ ਇਕੱਠ ਵੇਖਣ ਨੂੰ ਮਿਲਿਆ।ਇਨ੍ਹਾਂ ਕੈਂਪਾਂ ਵਿੱਚ ਬੂਥ ਲੈਵਲ ਅਫ਼ਸਰਾਂ (ਬੀ. ਐੱਲ. ਓਜ਼) ਦੇ ਨਾਲ-ਨਾਲ ਸਕੂਲਾਂ ਦੇ ਸਮੂਹ ਅਧਿਆਪਕਾਂ ਨੇ ਵੀ ਵਿਸ਼ੇਸ਼ ਡਿਊਟੀ ਨਿਭਾਈ। ਬੀ.ਐੱਲ.ਓ ਅਤੇ ਅਧਿਆਪਕਾਂ ਦੀ ਟੀਮ ਨੇ



ਆਏ ਹੋਏ ਵੋਟਰਾਂ ਦੇ ਫਾਰਮ ਭਰਨ, ਨਾਮ ਜੁੜਵਾਉਣ, ਪਤਾ ਸੋਧਣ ਅਤੇ ਨਵੀਆਂ ਵੋਟਾਂ ਬਣਾਉਣ ਵਿਚ ਮਦਦ ਕੀਤੀ।ਕੈਂਪਾਂ ਦੀ ਨਿਗਰਾਨੀ ਅਤੇ ਲੋਕਾਂ ਨੂੰ ਪ੍ਰੇਰਿਤ ਕਰਨ ਲਈ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ-ਕਮ-ਨੋਡਲ ਅਫ਼ਸਰ ਸਵੀਪ ਰਜਿੰਦਰ ਕੌਰ ਨੇ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦਾ ਦੌਰਾ ਕੀਤਾ।ਇਸ ਦੌਰਾਨ ਉਨ੍ਹਾਂ ਬੂਥਾਂ ਤੇ ਹਾਜ਼ਰ ਵੋਟਰਾਂ ਨੂੰ ਵੋਟ ਦੇ ਅਧਿਕਾਰ ਅਤੇ ਐੱਸ.ਆਈ.ਆਰ. ਦੀ ਮਹੱਤਤਾ ਬਾਰੇ ਜਾਗਰੂਕ ਕੀਤਾ।ਉਨ੍ਹਾਂ ਕਿਹਾ ਕਿ ਹਰੇਕ ਨਾਗਰਿਕ ਨੂੰ ਆਪਣੀ ਵੋਟ ਦਾ ਅਧਿਕਾਰ ਵਰਤਣਾ ਚਾਹੀਦਾ ਹੈ ਅਤੇ ਵੋਟਰ ਸੂਚੀ ਵਿਚ ਕਿਸੇ ਤਰ੍ਹਾਂ ਦੀ ਕੋਈ ਗ਼ਲਤੀ ਨਾ ਰਹੇ, ਇਸ ਲਈ ਇਹ ਸੁਧਾਈ ਮੁਹਿੰਮ ਬਹੁਤ ਜ਼ਰੂਰੀ ਹੈ।ਇਸ ਦੇ ਨਾਲ ਹੀ ਜ਼ਿਲ੍ਹੇ ਦੇ ਵੱਖ-ਵੱਖ ਬਲਾਕਾਂ ਵਿਚ ਸਵੀਪ ਟੀਮਾਂ ਨੇ ਵੀ ਸਕੂਲਾਂ ਵਿਚ ਬਣੇ ਬੂਥਾਂ ਦਾ ਦੌਰਾ ਕੀਤਾ ਅਤੇ ਲੋਕਾਂ ਨੂੰ ਵੋਟਾਂ ਪ੍ਰਤੀ ਜਾਗਰੂਕ ਕਰਨ ਲਈ ਪੋਸਟਰ, ਬੈਨਰ ਅਤੇ ਨਾਅਰਿਆਂ ਰਾਹੀਂ ਪ੍ਰਚਾਰ ਕੀਤਾ।ਟੀਮਾਂ ਨੇ ਨੌਜਵਾਨਾਂ ਨੂੰ ਵਿਸ਼ੇਸ਼ ਤੌਰ ਤੇ 18 ਸਾਲ ਦੀ ਉਮਰ ਪੂਰੀ ਹੋਣ ਤੇ ਵੋਟ ਬਣਵਾਉਣ ਲਈ ਪ੍ਰੇਰਿਤ ਕੀਤਾ।ਕੈਂਪਾਂ ਵਿਚ ਆਏ ਲੋਕਾਂ ਨੇ ਪ੍ਰਸ਼ਾਸਨ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਛੁੱਟੀ ਵਾਲੇ ਦਿਨ ਸਕੂਲਾਂ ਵਿਚ ਲਗਾਏ ਗਏ ਇਹ ਕੈਂਪ ਆਮ ਲੋਕਾਂ ਲਈ ਬਹੁਤ ਲਾਭਦਾਇਕ ਸਾਬਤ ਹੋ ਰਹੇ ਹਨ, ਕਿਉਂਕਿ ਉਨ੍ਹਾਂ ਨੂੰ ਆਪਣੇ ਘਰ ਦੇ ਨੇੜੇ ਹੀ ਵੋਟ ਸਬੰਧੀ ਸੇਵਾਵਾਂ ਮਿਲ ਰਹੀਆਂ ਹਨ।ਪ੍ਰਸ਼ਾਸਨ ਨੇ ਆਸ ਪ੍ਰਗਟਾਈ ਹੈ ਕਿ ਇਸ ਮੁਹਿੰਮ ਨਾਲ ਜ਼ਿਲ੍ਹੇ ਵਿੱਚ ਵੋਟਰ ਸੂਚੀ 100 ਫ਼ੀਸਦੀ ਸ਼ੁੱਧ ਹੋਵੇਗੀ ਅਤੇ ਆਉਣ ਵਾਲੀਆਂ ਚੋਣਾਂ ਵਿਚ ਵੱਧ ਤੋਂ ਵੱਧ ਮਤਦਾਨ ਹੋਵੇਗਾ।

# ਅਮਰਜੀਤ ਸਿੰਘ ਮਾਨ ਨੂੰ ਭਾਵ-ਭਿੰਨੀ ਸ਼ਰਧਾਂਜਲੀ

**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**

ਪਿੰਡ ਮਾਨਸੈਂਡਵਾਲ ਤੋਂ ਅਮਰਜੀਤ ਸਿੰਘ ਮਾਨ ਬੀਤੇ ਦਿਨੀਂ ਸੰਸਾਰ ਨੂੰ ਅਲਵਿਦਾ ਆਖ ਗਏ ਸਨ।ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਰੱਖੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪਾਏ ਗਏ। ਉਪਰੰਤ ਇਲਾਹੀ ਬਾਣੀ ਦਾ ਕੀਰਤਨ ਹੋਇਆ। ਸੰਗਤ ਨੂੰ ਸਰਵਣ ਕਰਵਾਈ ਗਈ।ਇਸ ਮੌਕੇ ਸਾਬਕਾ ਕੈਬਨਿਟ ਮੰਤਰੀ ਤੇ ਹਲਕਾ ਵਿਧਾਇਕ ਤ੍ਰਿਪਤ ਰਾਜਿੰਦਰ ਸਿੰਘ ਬਾਜਵਾ, ਸ਼੍ਰੋਮਣੀ ਅਕਾਲੀ ਦਲ ਦੇ ਲਖਬੀਰ ਸਿੰਘ



ਲੋਧੀਨੰਗਲ ਤੇ ਚੇਅਰਮੈਨ ਬਲਵਿੰਦਰ ਸਿੰਘ ਕੋਟਲਾ ਬਾਮਾ ਨੇ ਅਮਰਜੀਤ ਸਿੰਘ ਮਾਨ ਨੂੰ ਸ਼ਰਧਾਂਜਲੀ ਅਰਪਣ ਕੀਤੀ।ਇਸ ਮੌਕੇ ਇਲਾਕੇ ਦੀਆਂ ਵੱਖ-ਵੱਖ ਸ਼ਖਸੀਅਤਾਂ ਚੈਅਰਮੈਨ ਰਵੀਨੰਦਨ ਸਿੰਘ ਬਾਜਵਾ, ਚੇਅਰਮੈਨ ਬਲਵਿੰਦਰ ਸਿੰਘ ਕੋਟਲਾ ਬਾਮਾ, ਬਲਾਕ ਪ੍ਰਧਾਨ ਬਲਵਿੰਦਰ ਸਿੰਘ ਭਾਲੋਵਾਲੀ, ਬਲਵਿੰਦਰ ਸਿੰਘ ਮਾਨ ਸਾਬਕਾ ਸਰਪੰਚ ਮਾਨ ਸੈਂਡਵਾਲ, ਧਰਮਿੰਦਰ ਸਿੰਘ ਬਾਠ ਪੱਤਰਕਾਰ, ਹਰਦੀਪ ਸਿੰਘ ਮਾਨ, ਸੁਖਦੀਪ ਸਿੰਘ ਮਾਨ, ਕੁਲਦੀਪ ਸਿੰਘ ਮਾਨ ਸਾਬਕਾ ਸਰਪੰਚ, ਗਾਇਕ ਹਰਮਨ ਮਾਨ ਚੰਡੀਗੜ੍ਹ, ਨਿਰਮਲ ਸਿੰਘ ਗੁਰਾਇਆ ਸਾਬਕਾ ਸਰਪੰਚ ਕਿਲ੍ਹਾ ਦੇਸਾ ਸਿੰਘ, ਭੁਪਿੰਦਰ ਸਿੰਘ ਭਿੰਦਰ ਮਾਨ, ਗੁਰਿੰਦਰ ਸਿੰਘ ਮਾਨ, ਜਸਪਾਲ ਸਿੰਘ ਮਾਨ ਸਰਪੰਚ, ਸੁਖਬੀਰ ਸਿੰਘ ਸੰਧੂ, ਹਰਦੀਪ ਸਿੰਘ ਸੈਂਡਵਾਲ, ਮਾਸਟਰ ਅਜੀਤ ਸਿੰਘ ਆਦਿ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ।

ਨਵਾਂ ਜ਼ਮਾਨਾ
ਮੰਗਲਵਾਰ, 14 ਜੁਲਾਈ 2026

# ਨਹਿਰੂ ਤੇ ਮੋਦੀ

*13 ਨਵੰਬਰ, 1958 ਨੂੰ ਜਦੋਂ ਉਸ ਸਮੇਂ ਦੇ ਪ੍ਰਧਾਨ ਮੰਤਰੀ ਜਵਾਹਰ ਲਾਲ ਨਹਿਰੂ ਨੂੰ ਮੰਗਲਦਾਸ ਪਕਵਾਸਾ ਨੇ ਰਾਜਸਥਾਨ ਦੇ ਨਾਥਦੁਆਰਾ ਵਿੱਚ 18ਵੀਂ ਸਦੀ ਦੇ ਸ੍ਰੀਨਾਥਜੀ ਮੰਦਰ ਤੋਂ ਉਸ ਦੇ ਰੱਖਿਅਕ ਮਹਾਰਾਜ ਵੱਲੋਂ ਗੁਪਤ ਰੂਪ ਵਿੱਚ ਸੋਨਾ, ਚਾਂਦੀ ਅਤੇ ਭਾਰੀ ਮਾਤਰਾ ਵਿੱਚ ਰਕਮ ਕੱਢੇ ਜਾਣ ਬਾਰੇ ਗੰਭੀਰ ਜਾਣਕਾਰੀ ਦਿੱਤੀ, ਤਾਂ ਨਹਿਰੂ ਨੇ ਇਸ ਨੂੰ ਪੂਰੀ ਤਰ੍ਹਾਂ ਲੁੱਟ ਕਰਾਰ ਦਿੰਦਿਆਂ ਰਾਜਸਥਾਨ ਦੇ ਤੱਤਕਾਲੀ ਮੁੱਖ ਮੰਤਰੀ ਮੋਹਨ ਲਾਲ ਸੁਖਾੜੀਆ ਤੇ ਕੇਂਦਰੀ ਗ੍ਰਹਿ ਮੰਤਰੀ ਗੋਵਿੰਦ ਬੱਲਭ ਪੰਤ ਨੂੰ ਪੱਤਰ ਲਿਖ ਕੇ ਇਸ ਮਾਮਲੇ ਵਿੱਚ ਸਖਤ ਕਾਰਵਾਈ ਕਰਨ ਲਈ ਕਿਹਾ। ਉਨ੍ਹਾ ਕਿਹਾ, "ਅਜਿਹੀਆਂ ਘਟਨਾਵਾਂ ਵਾਪਰਨ ਦੇਣਾ ਸਾਡੀਆਂ ਸਰਕਾਰਾਂ ਲਈ ਕੋਈ ਸਨਮਾਨ ਦੀ ਗੱਲ ਨਹੀਂ। ਵਿਅਕਤੀਆਂ ਦੇ ਲਾਲਚ ਅਤੇ ਲੋਭ ਲਈ ਲੋਕਾਂ ਦੀਆਂ ਭਾਵਨਾਵਾਂ ਦਾ ਸ਼ੋਸ਼ਣ ਕਰਨਾ ਨਾਵਾਜਬ ਹੈ।" ਨਹਿਰੂ ਨੇ ਸਵਾਲ ਉਠਾਇਆ, "ਨਾਥਦੁਆਰਾ ਮੰਦਰ ਦੀ ਆਮਦਨ ਦੀ ਵਰਤੋਂ ਆਖਰ ਕਿਸ ਚੰਗੇ ਮਕਸਦ ਲਈ ਹੋ ਰਹੀ ਹੈ?" ਅਤੇ ਖੁਦ ਜਵਾਬ ਦਿੱਤਾ, "ਮੇਰਾ ਅੰਦਾਜ਼ਾ ਹੈ ਕਿ ਇਹ ਮੁੱਖ ਤੌਰ 'ਤੇ ਸਿਆਸੀ ਉਦੇਸ਼ਾਂ ਲਈ। ਇਸ ਨੂੰ ਜਾਰੀ ਰਹਿਣ ਦੀ ਇਜਾਜ਼ਤ ਨਹੀਂ ਦਿੱਤੀ ਜਾ ਸਕਦੀ। ਇਸ ਤੋਂ ਇਲਾਵਾ ਇਹ ਸਵਾਲ ਵੀ ਉੱਠਦਾ ਹੈ ਕਿ ਜਿਸ ਵਿਅਕਤੀ 'ਤੇ ਲੁੱਟ ਤੇ ਧਨ ਦੀ ਦੁਰਵਰਤੋਂ ਵਰਗੇ ਦੋਸ਼ ਲੱਗੇ ਹਨ, ਉਸ ਵਿਰੁੱਧ ਕਾਰਵਾਈ ਕਿਉਂ ਨਾ ਕੀਤੀ ਜਾਵੇ? ਅਤੇ ਉਸ ਨੂੰ ਅਜਿਹੇ ਅਹੁਦੇ 'ਤੇ ਕਿਉਂ ਰਹਿਣ ਦਿੱਤਾ ਜਾਣਾ ਚਾਹੀਦਾ, ਜਿੱਥੇ ਉਹ ਹੋਰ ਫੰਡਾਂ ਦੀ ਦੁਰਵਰਤੋਂ ਕਰ ਸਕਦਾ ਹੈ? ਮੇਰਾ ਮੰਨਣਾ ਹੈ ਕਿ ਤੁਰੰਤ ਕਾਰਵਾਈ ਜ਼ਰੂਰੀ ਹੈ। ਇਸ ਮਾਮਲੇ 'ਤੇ ਰਾਜਸਥਾਨ ਸਰਕਾਰ ਦਾ ਨਰਮ ਰੁਖ ਵਾਜਬ ਨਹੀਂ ਹੈ।"*

*ਨਾਥਦੁਆਰਾ ਵਾਂਗ ਅਯੁੱਧਿਆ ਦੇ ਰਾਮ ਮੰਦਰ 'ਚੋਂ ਚੜ੍ਹਾਵਾ ਚੋਰੀ ਬਾਰੇ ਵਰਤਮਾਨ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੀ ਅਜੇ ਤੱਕ ਕੋਈ ਪ੍ਰਤੀਕਿਰਿਆ ਨਹੀਂ ਆਈ। ਫਰਵਰੀ 2024 ਵਿੱਚ ਮੋਦੀ ਨੇ ਖੁਦ ਰਾਮ ਮੰਦਰ ਦੀ ਪਵਿੱਤਰ ਰਸਮ ਨਿਭਾਈ। ਉਸ ਮੌਕੇ 'ਤੇ ਭਾਰਤੀ ਰਾਜ ਦੀ ਸੰਵਿਧਾਨਕ ਧਾਰਮਿਕ ਨਿਰਪੱਖਤਾ ਦੀ ਭਾਵਨਾ ਦੇ ਉਲਟ, ਉਨ੍ਹਾ ਐਲਾਨ ਕੀਤਾ, "ਰਾਮ ਰਾਸ਼ਟਰ ਹੈ ਅਤੇ ਪਰਮਾਤਮਾ ਦੇਸ਼ ਹੈ।" ਜੇ ਉਨ੍ਹਾ ਦੀ ਦਲੀਲ ਨੂੰ ਸਵੀਕਾਰ ਕਰ ਲਿਆ ਜਾਂਦਾ ਹੈ ਤਾਂ ਰਾਮ ਮੰਦਰ ਵਿੱਚ ਸ਼ਰਧਾਲੂਆਂ ਵੱਲੋਂ ਚੜ੍ਹਾਏ ਗਏ ਪੈਸੇ ਅਤੇ ਕੀਮਤੀ ਸਾਮਾਨ ਦੀ ਚੋਰੀ ਭਾਰਤੀ ਰਾਜ ਅਤੇ ਦੇਸ਼ ਦੋਵਾਂ ਵਿਰੁੱਧ ਇੱਕ ਗੰਭੀਰ ਅਪਰਾਧ ਹੈ।*

*ਰਾਮ ਮੰਦਰ ਦੀ ਉਸਾਰੀ, ਜਿੱਥੇ ਕਦੇ ਬਾਬਰੀ ਮਸਜਿਦ ਖੜ੍ਹੀ ਸੀ, ਭਾਰਤੀ ਜਨਤਾ ਪਾਰਟੀ ਦਾ ਇੱਕ ਸਿਆਸੀ ਪ੍ਰੋਜੈਕਟ ਰਿਹਾ ਹੈ। ਇਸ ਰਾਹੀਂ ਲੋਕਾਂ ਨੂੰ ਲਾਮਬੰਦ ਕੀਤਾ ਗਿਆ ਅਤੇ ਚੋਣਾਂ ਵਿੱਚ ਸਮਰਥਨ ਪ੍ਰਾਪਤ ਕੀਤਾ ਗਿਆ। ਸੁਪਰੀਮ ਕੋਰਟ ਨੇ ਬਾਬਰੀ ਮਸਜਿਦ ਦੇ ਢਾਹੇ ਜਾਣ ਨੂੰ ਕਾਨੂੰਨ ਦੇ ਸ਼ਾਸਨ ਦੀ ਘੋਰ ਉਲੰਘਣਾ ਦੱਸਿਆ ਸੀ। ਉਸ ਮੁਤਾਬਕ ਇਹ ਘਟਨਾ ਰਾਮ ਮੰਦਰ ਮੁੱਦੇ ਦੇ ਉਦਾਲੇ ਵਿਆਪਕ ਸਿਆਸੀ ਲਾਮਬੰਦੀ ਦੁਆਰਾ ਸੰਭਵ ਹੋਈ ਸੀ। ਇਸ ਸੰਦਰਭ ਵਿੱਚ ਰਾਮ ਮੰਦਰ ਨਾਲ ਜੁੜੀਆਂ ਬੇਮਿਸਾਲ ਵਿੱਤੀ ਬੇਨੇਮੀਆਂ ਅਤੇ ਭ੍ਰਿਸ਼ਟਾਚਾਰ ਮੁੜ ਤੋਂ ਕਾਨੂੰਨ, ਨਿਆਂ, ਨੈਤਿਕਤਾ ਅਤੇ ਜਨਤਕ ਆਚਰਣ ਦੀਆਂ ਗੰਭੀਰ ਉਲੰਘਣਾਵਾਂ ਵੱਲ ਇਸ਼ਾਰਾ ਕਰਦੇ ਹਨ, ਜਿਸ ਦਾ ਉਦੇਸ਼ ਮੁੱਖ ਤੌਰ 'ਤੇ ਸਿਆਸੀ ਲਾਭ ਪ੍ਰਾਪਤ ਕਰਨਾ ਅਤੇ ਨਹਿਰੂ ਦੇ ਸ਼ਬਦਾਂ ਵਿੱਚ 'ਵਿਅਕਤੀਆਂ ਦੇ ਲਾਲਚ ਅਤੇ ਲੋਭ ਦੀ ਪੂਰਤੀ ਕਰਨਾ' ਜਾਪਦਾ ਹੈ। ਅਯੁੱਧਿਆ ਰਾਮ ਮੰਦਰ ਦਾ ਪ੍ਰਬੰਧਨ ਨਾ ਤਾਂ ਯੂ ਪੀ ਵਿਧਾਨ ਸਭਾ ਦੁਆਰਾ ਬਣਾਏ ਗਏ ਕਿਸੇ ਕਾਨੂੰਨ ਨਾਲ ਕੀਤਾ ਜਾਂਦਾ ਹੈ ਅਤੇ ਨਾ ਹੀ ਸੰਸਦ ਵੱਲੋਂ ਪਾਸ ਕੀਤੇ ਗਏ ਕਿਸੇ ਕਾਨੂੰਨ ਨਾਲ। ਸੁਪਰੀਮ ਕੋਰਟ ਦੇ ਫੈਸਲੇ ਤੋਂ ਬਾਅਦ ਪ੍ਰਧਾਨ ਮੰਤਰੀ ਮੋਦੀ ਨੇ ਖੁਦ ਇੱਕ ਟਰੱਸਟ ਦਾ ਐਲਾਨ ਕੀਤਾ, ਜਿਸ ਵਿੱਚ ਰਾਸ਼ਟਰੀ ਸਵੈਮ ਸੇਵਕ ਸੰਘ ਅਤੇ ਵਿਸ਼ਵ ਹਿੰਦੂ ਪ੍ਰੀਸ਼ਦ ਨਾਲ ਜੁੜੇ ਵਿਅਕਤੀ ਸ਼ਾਮਲ ਹਨ। ਇਹ ਟਰੱਸਟ ਸੂਚਨਾ ਦੇ ਅਧਿਕਾਰ (ਆਰ ਟੀ ਆਈ) ਦੇ ਦਾਇਰੇ ਤੋਂ ਬਾਹਰ ਵੀ ਹੈ।*

*ਜਦੋਂ ਨਹਿਰੂ ਨੇ ਸੁਖਾੜੀਆ ਨੂੰ ਨਾਥਦੁਆਰਾ ਮੰਦਰ ਵਿੱਚ ਸ਼ਰਧਾਲੂਆਂ ਵੱਲੋਂ ਦਾਨ ਕੀਤੀ ਗਈ ਸੰਪਤੀ ਦੀ ਲੁੱਟ ਵਿਰੁੱਧ ਸਖਤ ਕਾਰਵਾਈ ਕਰਨ ਲਈ ਕਿਹਾ ਤਾਂ ਰਾਜਸਥਾਨ ਸਰਕਾਰ ਨੇ 1959 ਵਿੱਚ ਨਾਥਦੁਆਰਾ ਮੰਦਰ ਐਕਟ ਲਾਗੂ ਕੀਤਾ। ਇਸ ਕਾਨੂੰਨ ਦਾ ਉਦੇਸ਼ ਹੋਰ ਚੀਜ਼ਾਂ ਦੇ ਨਾਲ ਸ਼ਰਧਾਲੂਆਂ ਵੱਲੋਂ ਦਿੱਤੇ ਗਏ ਦਾਨ ਨੂੰ ਨਿਯਮਤ ਕਰਨਾ ਸੀ। ਮਹਾਰਾਜ ਨੇ ਇਸ ਕਾਨੂੰਨ ਨੂੰ ਅਦਾਲਤ ਵਿੱਚ ਚੁਣੌਤੀ ਦਿੰਦੇ ਹੋਏ ਦਾਅਵਾ ਕੀਤਾ ਕਿ ਮੰਦਰ ਉਨ੍ਹਾਂ ਦੀ ਨਿੱਜੀ ਜਾਇਦਾਦ ਹੈ ਅਤੇ ਧਰਮ ਦਾ ਪਾਲਣ ਕਰਨ ਦੇ ਉਨ੍ਹਾਂ ਦੇ ਮੌਲਿਕ ਅਧਿਕਾਰ ਦਾ ਹਿੱਸਾ ਹੈ ਅਤੇ ਇਸ ਲਈ ਸ਼ਰਧਾਲੂਆਂ ਵੱਲੋਂ ਦਿੱਤਾ ਗਿਆ ਦਾਨ ਧਾਰਮਿਕ ਪ੍ਰਕਿਰਤੀ ਦਾ ਹੈ ਅਤੇ ਰਾਜ ਦਖਲ ਨਹੀਂ ਦੇ ਸਕਦਾ। ਰਾਜਸਥਾਨ ਹਾਈ ਕੋਰਟ ਅਤੇ ਬਾਅਦ ਵਿੱਚ ਸੁਪਰੀਮ ਕੋਰਟ ਨੇ ਇਸ ਕਾਨੂੰਨ ਨੂੰ ਬਰਕਰਾਰ ਰੱਖਿਆ। 21 ਜਨਵਰੀ, 1963 ਨੂੰ ਤਿਲਕਾਇਤ ਸ੍ਰੀ ਗੋਵਿੰਦਲਾਲ ਜੀ ਮਹਾਰਾਜ ਬਨਾਮ ਰਾਜਸਥਾਨ ਰਾਜ ਦੇ ਮਾਮਲੇ ਵਿੱਚ ਸੁਪਰੀਮ ਕੋਰਟ ਨੇ ਕਿਹਾ ਕਿ ਮੰਦਰ ਦੀਆਂ ਜਾਇਦਾਦਾਂ ਦਾ ਪ੍ਰਬੰਧਨ ਇੱਕ ਪੂਰੀ ਤਰ੍ਹਾਂ ਸੈਕੂਲਰ ਮਾਮਲਾ ਹੈ ਅਤੇ ਇਸ ਨੂੰ ਧਾਰਮਿਕ ਆਚਰਣ ਨਹੀਂ ਮੰਨਿਆ ਜਾ ਸਕਦਾ। ਅਦਾਲਤ ਨੇ ਇਹ ਵੀ ਕਿਹਾ ਕਿ ਮੰਦਰ ਵਿੱਚ ਪੂਜਾ ਨਾਲ ਜੁੜੇ ਲੋਕ ਹਰ ਰੋਜ਼ ਮੂਰਤੀ 'ਤੇ ਬਹੁਤ ਕੀਮਤੀ ਗਹਿਣੇ ਚੜ੍ਹਾਉਂਦੇ ਅਤੇ ਉਤਾਰਦੇ ਹਨ, ਅਤੇ ਉਨ੍ਹਾਂ ਦੀ ਸੁਰੱਖਿਆ ਇੱਕ ਸੈਕੂਲਰ ਮੁੱਦਾ ਹੈ, ਜਿਹੜਾ ਪ੍ਰਬੰਧਨ ਬੋਰਡ ਦੇ ਅਧਿਕਾਰ ਖੇਤਰ ਵਿੱਚ ਆਉਂਦਾ ਹੈ। ਜੇ 1963 ਦੇ ਇਸ ਫੈਸਲੇ ਦੇ ਸਿਧਾਂਤ ਨੂੰ ਅਯੁੱਧਿਆ ਰਾਮ ਮੰਦਰ ਦੀ ਚੋਰੀ ਦੇ ਮਾਮਲੇ 'ਤੇ ਲਾਗੂ ਕੀਤਾ ਜਾਂਦਾ ਹੈ ਤਾਂ ਇਹ ਕਿਹਾ ਜਾ ਸਕਦਾ ਹੈ ਕਿ ਕੀਮਤੀ ਗਹਿਣਿਆਂ ਅਤੇ ਸੰਪਤੀ ਦੀ ਸੁਰੱਖਿਆ, ਜੋ ਪ੍ਰਬੰਧਨ ਬੋਰਡ ਦੀ ਸੀ, ਵਿੱਚ ਗੰਭੀਰ ਚੂਕ ਹੋਈ ਹੈ। ਰਾਮ ਮੰਦਰ ਲਈ ਦਾਨ ਦੇਣ ਵਾਲੇ ਅਣਗਿਣਤ ਸ਼ਰਧਾਲੂਆਂ ਦੀ ਆਸਥਾ ਨੂੰ ਲੱਗੀ ਸੱਟ 'ਤੇ ਪ੍ਰਧਾਨ ਮੰਤਰੀ ਮੋਦੀ ਦੀ ਚੁੱਪੀ ਕਈ ਸਵਾਲ ਖੜ੍ਹੇ ਕਰਦੀ ਹੈ।*

## ਮੈਨੀਫੈਸਟੋ ਬਨਾਮ ਚੋਣਨਾਮਾ!

*ਬੇਰ ਪੱਕ ਗਏ ਵੋਟਾਂ ਦੀਆਂ ਬੇਰੀਆਂ ਦੇ,*
*ਹੀਰ ਆਖਦੀ ਰਾਂਝਣਾ ਲਾਹ ਲਈਏ।*
*ਜੋ ਡੁੱਲ੍ਹ ਗਏ ਉਨ੍ਹਾਂ ਨੂੰ ਰਹਿਣ ਦੇਈਏ,*
*ਬਾਕੀ ਤੋੜ ਕੇ ਝੋਲੀ ਵਿੱਚ ਪਾ ਲਈਏ।*
*ਕਿਸੇ ਗੋਰਖ ਦੀ ਧੂਣੀ 'ਤੇ ਟੇਕ ਮੱਥਾ,*
*ਮੱਥੇ ਰਾਖ ਦਾ ਤਿਲਕ ਲੁਆ ਲਈਏ।*
*ਬਹੁਤ ਉੱਚੇ ਨੇ ਟੀਸੀ ਨੂੰ ਬੇਰ ਲੱਗੇ,*
*ਤੋੜਨ ਵਾਸਤੇ ਪੌੜੀਆਂ ਲਾ ਲਈਏ।*
*ਕਿਸੇ ਸੁੰਦਰਾਂ ਰਾਣੀ ਦੇ ਮਹਿਲ ਅੱਗੇ,*
*ਭੇਸ ਬਦਲ ਕੇ ਅਲਖ ਜਗਾ ਲਈਏ।*
*ਮੈਨੀਫੈਸਟੋ ਦੀ ਥਾਂ 'ਤੇ ਚੋਣਨਾਮਾ,*
*ਵਾਰਸ ਸ਼ਾਹ ਤੋਂ ਚੱਲ ਲਿਖਵਾ ਲਈਏ।*

**-ਗੁਲਪੁਰ**

# ਭਾਜਪਾ ਅਤੇ ਸੰਘ ਪਰਵਾਰ ਡੂੰਘੇ ਸੰਕਟ 'ਚ

ਮੂਲ : ਡਾ. ਗਿਰੀਸ਼
ਅਨੁਵਾਦ : ਐੱਮ ਐੱਸ ਭਾਟੀਆ

ਅਯੋਧਿਆ ਦੇ ਸ੍ਰੀ ਰਾਮ ਜਨਮ ਭੂਮੀ ਮੰਦਰ ਵਿੱਚ ਚੜ੍ਹਾਵਿਆਂ ਅਤੇ ਦਾਨ ਦੀ ਕਥਿਤ ਹੇਰਾਫੇਰੀ ਸੰਬੰਧੀ ਲੱਗੇ ਗੰਭੀਰ ਦੋਸ਼ ਹੁਣ ਕੇਵਲ ਇੱਕ ਅਪਰਾਧਿਕ ਮਾਮਲਾ ਨਹੀਂ ਰਹੇ, ਸਗੋਂ ਉਨ੍ਹਾਂ ਦੇਸ਼ ਦੇ ਰਾਜਨੀਤਕ, ਸਮਾਜਿਕ ਅਤੇ ਨੈਤਿਕ ਜੀਵਨ ਵਿੱਚ ਇੱਕ ਡੂੰਘੀ ਬਹਿਸ ਨੂੰ ਜਨਮ ਦਿੱਤਾ ਹੈ, ਜਿਸ ਮੰਦਰ ਨੂੰ ਕਰੋੜਾਂ ਸ਼ਰਧਾਲੂਆਂ ਦੀ ਆਸਥਾ ਦਾ ਸਰਵਉਚ ਪ੍ਰਤੀਕ ਬਣਾ ਕੇ ਪੇਸ਼ ਕੀਤਾ ਗਿਆ ਸੀ, ਉਹ ਅੱਜ ਵਿੱਤੀ ਬੇਨਿਯਮੀਆਂ, ਵਿੱਤੀ ਅਪਾਰਦਰਸ਼ਤਾ ਅਤੇ ਜਵਾਬਦੇਹੀ ਨਾਲ ਜੁੜੇ ਸਵਾਲਾਂ ਕਾਰਨ ਰਾਸ਼ਟਰੀ ਚਰਚਾ ਦਾ ਕੇਂਦਰ ਬਣ ਗਿਆ ਹੈ। ਇਹ ਵਿਵਾਦ ਹੁਣ ਸਿਰਫ਼ ਦਾਨ ਪੇਟੀਆਂ ਵਿਚੋਂ ਨਿਕਲੇ ਪੈਸੇ ਤੱਕ ਸੀਮਤ ਨਹੀਂ ਰਿਹਾ, ਇਸ ਨਾਲ ਜ਼ਮੀਨਾਂ ਦੀ ਖਰੀਦ, ਨਿਰਮਾਣ ਸਮੱਗਰੀ ਦੀ ਖਰੀਦ, ਪੱਥਰਾਂ ਦੀ ਸਪਲਾਈ, ਸੋਨੇ-ਚਾਂਦੀ ਦੇ ਚੜ੍ਹਾਵੇ, ਕੀਮਤੀ ਗਹਿਣਿਆਂ ਦੇ ਪ੍ਰਬੰਧਨ ਅਤੇ ਟਰੱਸਟ ਦੀ ਪ੍ਰਸ਼ਾਸਨਿਕ ਬਣਤਰ ਨਾਲ ਜੁੜੇ ਅਨੇਕ ਸਵਾਲ ਵੀ ਖੜ੍ਹੇ ਹੋ ਗਏ ਹਨ। ਅੱਜ ਹਾਲਾਤ ਇਹ ਹਨ ਕਿ ਦੇਸ਼ ਦੀ ਜਨਤਾ ਦੀ ਆਸਥਾ ਦੇ ਇਸ ਕੇਂਦਰ ਬਾਰੇ ਇਹ ਸਵਾਲ ਖੁੱਲ੍ਹੇਆਮ ਪੁੱਛਿਆ ਜਾ ਰਿਹਾ ਹੈ ਕਿ ਕੀ ਕੁਝ ਪ੍ਰਭਾਵਸ਼ਾਲੀ ਵਿਅਕਤੀਆਂ ਨੇ ਇਸ ਧਾਰਮਿਕ ਕੇਂਦਰ ਨੂੰ ਇੱਕ ਸੁਚਾਰੂ ਢੰਗ ਨਾਲ ਚੱਲਣ ਵਾਲੀ ਵਿੱਤੀ ਕਮਾਈ ਦੀ ਪ੍ਰਣਾਲੀ ਵਿੱਚ ਤਬਦੀਲ ਕਰ ਦਿੱਤਾ ਸੀ? ਇਹ ਸਵਾਲ ਕਿਸੇ ਇੱਕ ਰਾਜਨੀਤਕ ਪਾਰਟੀ ਨੇ ਨਹੀਂ ਉਠਾਇਆ, ਸਗੋਂ ਕਈ ਪੱਤਰਕਾਰਾਂ, ਸਮਾਜਿਕ ਕਾਰਕੁਨਾਂ, ਟਰੱਸਟ ਦੇ ਸਾਬਕਾ ਅਹੁਦੇਦਾਰਾਂ, ਸਥਾਨਕ ਵਸਨੀਕਾਂ ਅਤੇ ਸ਼ਰਧਾਲੂਆਂ ਨੇ ਸਮੇਂ-ਸਮੇਂ 'ਤੇ ਉਠਾਇਆ ਹੈ। ਇਨ੍ਹਾਂ ਦੋਸ਼ਾਂ ਦੀ ਅੰਤਮ ਸੱਚਾਈ ਤਾਂ ਕੇਵਲ ਨਿਆਂਇਕ ਜਾਂ ਸੁਤੰਤਰ ਜਾਂਚ ਤੋਂ ਬਾਅਦ ਹੀ ਸਾਹਮਣੇ ਆ ਸਕਦੀ ਹੈ, ਪਰ ਇਹ ਮੰਨਿਆ ਜਾ ਸਕਦਾ ਹੈ ਕਿ ਦੋਸ਼ਾਂ ਦਾ ਘੇਰਾ ਲਗਾਤਾਰ ਵਧਦਾ ਗਿਆ ਹੈ ਅਤੇ ਇਨ੍ਹਾਂ ਨੂੰ ਸਿਰਫ਼ ਕੁਝ ਕਰਮਚਾਰੀਆਂ ਦੀ ਚੋਰੀ ਕਹਿ ਕੇ ਖਾਰਜ ਨਹੀਂ ਕੀਤਾ ਜਾ ਸਕਦਾ।

ਸ਼ੁਰੂਆਤੀ ਚਰਚਾ ਮੰਦਰ ਦੀਆਂ ਦਾਨ ਪੇਟੀਆਂ ਅਤੇ ਨਕਦ ਚੜ੍ਹਾਵਿਆਂ ਨੂੰ ਲੈ ਕੇ ਸੀ। ਦੋਸ਼ ਹੈ ਕਿ ਦਾਨ ਪੇਟੀਆਂ ਵਿਚੋਂ ਨਿਕਲੀ ਨਕਦੀ ਦੀ ਗਿਣਤੀ, ਉਸ ਨੂੰ ਬੈਂਕ ਵਿੱਚ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਅਤੇ ਅਧਿਕਾਰਿਕ ਰਿਕਾਰਡਾਂ ਵਿੱਚ ਗੰਭੀਰ ਵਿਰੋਧਾਭਾਸ ਹਨ। ਇਸੇ ਤਰ੍ਹਾਂ ਸੋਨੇ, ਚਾਂਦੀ, ਕੀਮਤੀ ਗਹਿਣਿਆਂ ਅਤੇ ਹੋਰ ਬਹੁਮੁੱਲੇ ਚੜ੍ਹਾਵਿਆਂ ਸੰਬੰਧੀ ਵੀ ਇਹ ਸਵਾਲ ਉਠਾਏ ਗਏ ਹਨ ਕਿ ਕੀ ਉਨ੍ਹਾਂ ਦੀ ਵਿਧੀਵਤ ਰਸੀਦ ਜਾਰੀ ਕੀਤੀ ਗਈ ਸੀ ਅਤੇ ਉਨ੍ਹਾਂ ਦੇ ਸੁਰੱਖਿਅਤ ਭੰਡਾਰਨ ਅਤੇ ਲੇਖੇ-ਜੋਖੇ ਦਾ ਪਾਰਦਰਸ਼ੀ ਰਿਕਾਰਡ ਕਿੱਥੇ ਹੈ। ਇਨ੍ਹਾਂ ਦੋਸ਼ਾਂ ਦੀ ਸੱਚਾਈ ਦਾ ਅੰਤਮ ਫੈਸਲਾ ਜਾਂਚ ਤੋਂ ਬਾਅਦ ਹੀ ਹੋਵੇਗਾ, ਪਰ ਇਹ ਵੀ ਸੱਚ ਹੈ ਕਿ ਇਹ ਸਵਾਲ ਕਈ ਸਾਲਾਂ ਤੋਂ ਉਠਦੇ ਰਹੇ ਹਨ ਅਤੇ ਉਨ੍ਹਾਂ ਦਾ ਕੋਈ ਸੰਤੋਸ਼ਜਨਕ ਜਨਤਕ ਜਵਾਬ ਕਦੇ ਸਾਹਮਣੇ ਨਹੀਂ ਆਇਆ। ਮਾਮਲਾ ਸਿਰਫ਼ ਚੜ੍ਹਾਵਿਆਂ ਤੱਕ ਹੀ ਸੀਮਤ ਨਹੀਂ ਹੈ। ਰਾਮ ਮੰਦਰ ਦੇ ਨਿਰਮਾਣ ਦੌਰਾਨ ਜ਼ਮੀਨਾਂ ਦੀ ਖਰੀਦ ਤੋਂ ਲੈ ਕੇ ਨਿਰਮਾਣ ਸਮੱਗਰੀ ਦੀ ਖਰੀਦ ਤੱਕ ਕਈ ਵਿਵਾਦ ਸਾਹਮਣੇ ਆਏ। ਬਾਜ਼ਾਰ ਭਾਅ ਨਾਲੋਂ ਕਈ ਗੁਣਾ ਵੱਧ ਕੀਮਤ 'ਤੇ ਜ਼ਮੀਨਾਂ ਖਰੀਦਣ ਦੇ ਦੋਸ਼ ਪਹਿਲਾਂ ਹੀ ਰਾਸ਼ਟਰੀ ਚਰਚਾ ਦਾ ਵਿਸ਼ਾ ਬਣ ਚੁੱਕੇ ਹਨ। ਨਿਰਮਾਣ ਲਈ ਪੱਥਰਾਂ ਦੀ ਖਰੀਦ ਸੰਬੰਧੀ ਵੀ ਗੰਭੀਰ ਦਾਅਵੇ ਕੀਤੇ ਗਏ। ਰਾਜਸਥਾਨ ਦੇ ਇੱਕ ਪੱਥਰ ਵਪਾਰੀ ਨੇ ਮੀਡੀਆ ਅੱਗੇ ਦੋਸ਼ ਲਗਾਇਆ ਕਿ ਜਿਹੜੇ ਪੱਥਰ ਉਹ ਬਹੁਤ ਘੱਟ ਕੀਮਤ 'ਤੇ ਦੇਣ ਲਈ ਤਿਆਰ ਸੀ, ਉਨ੍ਹਾਂ ਦਾ ਬਿੱਲ ਅਸਲ ਕੀਮਤ ਨਾਲੋਂ ਕਈ ਗੁਣਾ ਵੱਧ ਬਣਾਇਆ ਗਿਆ। ਉਸ ਦਾ ਇਹ ਵੀ ਦਾਅਵਾ ਸੀ ਕਿ ਜਦੋਂ ਉਸ ਨੇ ਇਸ ਦਾ ਵਿਰੋਧ ਕੀਤਾ ਤਾਂ ਉਸ 'ਤੇ ਦਬਾਅ ਬਣਾਇਆ ਗਿਆ ਅਤੇ ਧਮਕੀਆਂ ਦਿੱਤੀਆਂ ਗਈਆਂ। ਇਨ੍ਹਾਂ ਦਾਅਵਿਆਂ ਦੀ ਸੁਤੰਤਰ ਜਾਂਚ ਲਾਜ਼ਮੀ ਹੈ, ਪਰ ਇਹ ਘਟਨਾ ਇਹ ਦਰਸਾਉਂਦੀ ਹੈ ਕਿ ਸਾਰਾ ਵਿਵਾਦ ਸਿਰਫ਼ ਚੜ੍ਹਾਵਿਆਂ ਦੀ ਕਥਿਤ ਚੋਰੀ ਤੱਕ ਹੀ ਸੀਮਤ ਨਹੀਂ ਹੈ। ਸਥਾਨਕ ਪੱਧਰ 'ਤੇ ਕਾਫ਼ੀ ਸਮੇਂ ਤੋਂ ਕਿਹਾ ਜਾਂਦਾ ਰਿਹਾ ਹੈ ਕਿ ਮੰਦਰ ਦੇ ਨਿਰਮਾਣ ਅਤੇ ਟਰੱਸਟ ਦੇ ਵਿੱਤੀ ਪ੍ਰਬੰਧਨ ਨਾਲ ਜੁੜੇ ਕਈ ਫ਼ੈਸਲਿਆਂ 'ਤੇ ਸਵਾਲ ਸਨ। ਕਈ ਪੱਤਰਕਾਰਾਂ ਨੇ ਸਮੇਂ-ਸਮੇਂ ਤੇ ਜ਼ਮੀਨ ਖਰੀਦ, ਠੇਕਿਆਂ ਦੀ ਵੰਡ, ਨਿਰਮਾਣ ਸਮੱਗਰੀ ਅਤੇ ਦਾਨ ਦੇ ਪ੍ਰਬੰਧਨ ਬਾਰੇ ਰਿਪੋਰਟਾਂ ਪ੍ਰਕਾਸ਼ਤ ਕੀਤੀਆਂ। ਇਨ੍ਹਾਂ ਰਿਪੋਰਟਾਂ ਦੀ ਅੰਤਮ ਸੱਚਾਈ ਵੀ ਨਿਆਂਇਕ ਜਾਂਚ ਨਾਲ ਹੀ ਸਾਹਮਣੇ ਆਵੇਗੀ, ਪਰ ਇਹ ਸਪੱਸ਼ਟ ਹੈ ਕਿ ਇਹ ਵਿਵਾਦ ਅਚਾਨਕ ਪੈਦਾ ਨਹੀਂ ਹੋਇਆ। ਇਸ ਦੇ ਸੰਕੇਤ ਕਈ ਸਾਲਾਂ ਤੋਂ ਮਿਲਦੇ ਰਹੇ ਹਨ ਅਤੇ ਵੱਖ-ਵੱਖ ਮਾਧਿਅਮਾਂ ਰਾਹੀਂ ਜਨਤਕ ਵੀ ਹੁੰਦੇ ਰਹੇ। ਇਹ ਵੀ ਧਿਆਨਯੋਗ ਹੈ ਕਿ ਅਜਿਹੀਆਂ ਰਿਪੋਰਟਾਂ ਵੀ ਸਾਹਮਣੇ ਆਈਆਂ ਕਿ ਟਰੱਸਟ ਦੇ ਅੰਦਰ ਜਾਂ ਇਸ ਨਾਲ ਜੁੜੇ ਕੁਝ ਲੋਕਾਂ ਨੇ ਸ਼ੁਰੂਆਤੀ ਦੌਰ ਵਿੱਚ ਹੀ ਕੁਝ ਸਵਾਲ ਉਠਾਏ ਸਨ। ਮੀਡੀਆ ਰਿਪੋਰਟਾਂ ਵਿੱਚ ਇਹ ਵੀ ਕਿਹਾ ਗਿਆ ਕਿ ਜਿਨ੍ਹਾਂ ਕਥਿਤ ਵਿੱਤੀ ਬੇਨਿਯਮੀਆਂ ਜਾਂ ਪ੍ਰਸ਼ਾਸਨਿਕ ਫ਼ੈਸਲਿਆਂ 'ਤੇ ਸਵਾਲ ਕੀਤੇ, ਉਨ੍ਹਾਂ ਨੂੰ ਬਾਅਦ ਵਿੱਚ ਫ਼ੈਸਲਾ ਲੈਣ ਦੀ ਪ੍ਰਕਿਰਿਆ ਤੋਂ ਹਟਾ ਦਿੱਤਾ ਗਿਆ ਜਾਂ ਉਨ੍ਹਾਂ ਦੀ ਭੂਮਿਕਾ ਘਟਾ ਦਿੱਤੀ ਗਈ। ਜੇਕਰ ਇਹ ਸੱਚ ਹੈ ਤਾਂ ਇਹ ਆਪਣੇ ਆਪ ਵਿੱਚ ਜਾਂਚ ਦਾ ਵਿਸ਼ਾ ਹੈ, ਕਿਉਂਕਿ ਕਿਸੇ ਵੀ ਜਨਤਕ ਧਾਰਮਿਕ ਟਰੱਸਟ ਵਿੱਚ ਸਵਾਲ ਪੁੱਛਣਾ ਕੋਈ ਅਪਰਾਧ ਨਹੀਂ ਹੁੰਦਾ। ਪਾਰਦਰਸ਼ਤਾ ਅਤੇ ਜਵਾਬਦੇਹੀ ਦੀ ਬੁਨਿਆਦ ਹੀ ਇਹ ਹੈ ਕਿ ਅਸਹਿਮਤੀ ਅਤੇ ਆਲੋਚਨਾ ਨੂੰ ਸੁਣਿਆ ਜਾਵੇ। ਸਭ ਤੋਂ ਗੰਭੀਰ ਸਵਾਲ ਇਹ ਹੈ ਕਿ ਜੇਕਰ ਅਯੋਧਿਆ ਦੇ ਸਥਾਨਕ ਸਮਾਜ, ਪੱਤਰਕਾਰਾਂ ਅਤੇ ਪ੍ਰਸ਼ਾਸਨਿਕ ਵਰਗਾਂ ਵਿੱਚ ਇਹ ਚਰਚਾਵਾਂ ਕਾਫ਼ੀ ਸਮੇਂ ਤੋਂ ਚੱਲ ਰਹੀਆਂ ਸਨ ਤਾਂ ਉਤਰ ਪ੍ਰਦੇਸ਼ ਸਰਕਾਰ ਅਤੇ ਸੰਬੰਧਤ ਏਜੰਸੀਆਂ ਏਨੇ ਸਾਲਾਂ ਤੱਕ ਚੁੱਪ ਕਿਉਂ ਰਹੀਆਂ? ਕੀ ਉਹ ਇਨ੍ਹਾਂ ਚਰਚਾਵਾਂ ਤੋਂ ਅਣਜਾਣ ਸਨ? ਜੇ ਜਾਣਦੇ ਸਨ ਤਾਂ ਕਾਰਵਾਈ ਕਿਉਂ ਨਹੀਂ ਕੀਤੀ ਅਤੇ ਜੇ ਨਹੀਂ ਜਾਣਦੇ ਸਨ ਤਾਂ ਇਹ ਖੁਦ ਪ੍ਰਸ਼ਾਸਨਿਕ ਅਸਫਲਤਾ ਦਾ ਸਬੂਤ ਹੈ। ਹੁਣ ਜਦੋਂ ਮਾਮਲਾ ਰਾਸ਼ਟਰੀ ਪੱਧਰ 'ਤੇ ਆ ਗਿਆ ਹੈ ਤਾਂ ਉਤਰ ਪ੍ਰਦੇਸ਼ ਸਰਕਾਰ ਵਿਸ਼ੇਸ਼ ਜਾਂਚ ਟੀਮ (ਐੱਸ ਆਈ ਟੀ) ਬਣਾ ਕੇ ਇਹ ਸੰਦੇਸ਼ ਦੇਣ ਦੀ ਕੋਸ਼ਿਸ਼ ਕਰ ਰਹੀ ਹੈ ਕਿ ਉਹ ਭ੍ਰਿਸ਼ਟਾਚਾਰ ਪ੍ਰਤੀ ਜ਼ੀਰੋ ਟਾਲਰੈਂਸ ਦੀ ਨੀਤੀ ਰੱਖਦੀ ਹੈ, ਪਰ ਮੁੱਦਾ ਕੇਵਲ ਐੱਸ ਆਈ ਟੀ ਬਣਾਉਣ ਦਾ ਨਹੀਂ ਹੈ, ਸਵਾਲ ਇਹ ਹੈ ਕਿ ਕੀ ਜਾਂਚ ਸੱਚਮੁੱਚ ਸੁਤੰਤਰ, ਨਿਰਪੱਖ ਅਤੇ ਵਿਆਪਕ ਹੈ? ਕੀ ਇਸ ਦੀ ਕਾਰਜ-ਪ੍ਰਣਾਲੀ ਪਾਰਦਰਸ਼ੀ ਹੈ? ਕੀ ਜਾਂਚ ਸਿਰਫ਼ ਕੁਝ ਕਰਮਚਾਰੀਆਂ ਤੱਕ ਸੀਮਤ ਰਹੇਗੀ ਜਾਂ ਉੱਚ ਪੱਧਰ 'ਤੇ ਫ਼ੈਸਲੇ ਲੈਣ ਵਾਲਿਆਂ ਤੱਕ ਵੀ ਪਹੁੰਚੇਗੀ?

ਲੋਕਤੰਤਰ ਵਿੱਚ ਸਿਰਫ਼ ਜਾਂਚ ਦਾ ਐਲਾਨ ਕਰਨਾ ਕਾਫ਼ੀ ਨਹੀਂ ਹੁੰਦਾ, ਉਸ ਦੀ ਭਰੋਸੇਯੋਗਤਾ ਇਸ ਤੋਂ ਵੀ ਵੱਧ ਮਹੱਤਵਪੂਰਨ ਹੁੰਦੀ ਹੈ। ਜੇ ਜਾਂਚ ਏਜੰਸੀ ਉਸੇ ਸਰਕਾਰ ਦੇ ਨਿਯੰਤਰਣ ਹੇਠ ਕੰਮ ਕਰਦੀ ਹੋਵੇ, ਜਿਸ ਦੇ ਅਧੀਨ ਸਾਰਾ ਪ੍ਰਸ਼ਾਸਨਿਕ ਤੰਤਰ ਚੱਲਦਾ ਰਿਹਾ ਹੋਵੇ, ਤਾਂ ਲੋਕਾਂ ਨੂੰ ਉਸ ਦੀ ਨਿਰਪੱਖਤਾ 'ਤੇ ਸਵਾਲ ਉਠਾਉਣ ਦਾ ਪੂਰਾ ਹੱਕ ਹੈ। ਇਸ ਲਈ ਜੇ ਐੱਸ ਆਈ ਟੀ ਦੀ ਰਿਪੋਰਟ ਜਨਤਕ ਨਹੀਂ ਕੀਤੀ ਜਾਂਦੀ, ਉਸ ਦੇ ਨਤੀਜਿਆਂ ਦੀ ਸੁਤੰਤਰ ਸਮੀਖਿਆ ਨਹੀਂ ਹੋ ਸਕਦੀ ਅਤੇ ਇਹ ਸਪੱਸ਼ਟ ਨਹੀਂ ਕੀਤਾ ਜਾਂਦਾ ਕਿ ਕਿਨ੍ਹਾਂ ਲੋਕਾਂ ਤੋਂ ਪੁੱਛਗਿੱਛ ਕੀਤੀ ਗਈ, ਕਿਹੜੇ ਦਸਤਾਵੇਜ਼ ਵੇਖੇ ਗਏ ਅਤੇ ਕਿਹੜੇ ਆਧਾਰ 'ਤੇ ਨਤੀਜੇ ਕੱਢੇ ਗਏ, ਤਾਂ ਇਹ ਸ਼ੱਕ ਬਣਿਆ ਰਹੇਗਾ ਕਿ ਜਾਂਚ ਦਾ ਮਕਸਦ ਪੂਰਾ ਸੱਚ ਸਾਹਮਣੇ ਲਿਆਉਣਾ ਨਹੀਂ, ਸਗੋਂ ਜ਼ਿੰਮੇਵਾਰੀ ਨੂੰ ਸੀਮਤ ਦਾਇਰੇ ਵਿੱਚ ਤੈਅ ਕਰਨਾ ਹੈ। ਸੁਪਰੀਮ ਕੋਰਟ ਦੇ ਫ਼ੈਸਲੇ ਤੋਂ ਬਾਅਦ ਰਾਮ ਮੰਦਰ ਦੇ ਨਿਰਮਾਣ ਲਈ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦਾ ਗਠਨ ਕੀਤਾ ਗਿਆ। ਇਸ ਟਰੱਸਟ 'ਤੇ ਕਰੋੜਾਂ ਸ਼ਰਧਾਲੂਆਂ ਦੀਆਂ ਧਾਰਮਿਕ ਭਾਵਨਾਵਾਂ ਅਤੇ ਹਜ਼ਾਰਾਂ ਕਰੋੜ ਰੁਪਏ ਦੇ ਦਾਨ ਦੇ ਪ੍ਰਬੰਧ ਦੀ ਜ਼ਿੰਮੇਵਾਰੀ ਸੀ। ਸੁਭਾਵਿਕ ਤੌਰ 'ਤੇ ਦੇਸ਼ ਦੀ ਉਮੀਦ ਸੀ ਕਿ ਟਰੱਸਟ ਦਾ ਗਠਨ, ਇਸ ਦੀ ਕਾਰਜ-ਪ੍ਰਣਾਲੀ ਅਤੇ ਵਿੱਤੀ ਪ੍ਰਬੰਧਨ ਪਾਰਦਰਸ਼ਤਾ ਅਤੇ ਜਨਤਕ ਜਵਾਬਦੇਹੀ ਦੇ ਸਭ ਤੋਂ ਉੱਚੇ ਮਾਪਦੰਡਾਂ 'ਤੇ ਆਧਾਰਤ ਹੋਵੇਗਾ, ਪਰ ਸ਼ੁਰੂ ਤੋਂ ਹੀ ਟਰੱਸਟ ਦੀ ਬਣਤਰ ਅਤੇ ਇਸ ਦੇ ਫ਼ੈਸਲਿਆਂ ਨੂੰ ਲੈ ਕੇ ਸਵਾਲ ਉੱਠਦੇ ਰਹੇ। ਕਈ ਲੋਕਾਂ ਨੇ ਪੁੱਛਿਆ ਕਿ ਕੀ ਟਰੱਸਟ ਵਿੱਚ ਸੁਤੰਤਰ ਪ੍ਰਤੀਨਿਧਤਾ ਲਈ ਯੋਗ ਥਾਂ ਸੀ? ਕੀ ਫ਼ੈਸਲੇ ਸਾਂਝੇ ਤੌਰ 'ਤੇ ਲਏ ਜਾਂਦੇ ਸਨ? ਕੀ ਵਿੱਤੀ ਲੈਣ-ਦੇਣ ਦੀ ਨਿਗਰਾਨੀ ਲਈ ਅਜਿਹਾ ਪ੍ਰਬੰਧ ਸੀ, ਜੋ ਲੋਕਾਂ ਦਾ ਭਰੋਸਾ ਮਜ਼ਬੂਤ ਕਰ ਸਕੇ?

ਕਿਸੇ ਵੀ ਸੰਸਥਾ ਦੀ ਭਰੋਸੇਯੋਗਤਾ ਇਸ ਗੱਲ ਨਾਲ ਨਿਰਧਾਰਤ ਹੁੰਦੀ ਹੈ ਕਿ ਕੀ ਉਹ ਦੋਸ਼ਾਂ ਦੀ ਨਿਰਪੱਖ ਜਾਂਚ ਕਰਵਾਉਣ, ਦੋਸ਼ੀਆਂ ਨੂੰ ਸਜ਼ਾ ਦਿਵਾਉਣ ਅਤੇ ਪੂਰੇ ਤੱਥ ਲੋਕਾਂ ਸਾਹਮਣੇ ਰੱਖਣ ਦਾ ਸਾਹਸ ਰੱਖਦੀ ਹੈ। ਸਿਰਫ਼ ਇਹ ਕਹਿ ਦੇਣਾ ਕਾਫ਼ੀ ਨਹੀਂ ਕਿ ਕੁਝ ਕਰਮਚਾਰੀਆਂ ਨੇ ਚੋਰੀ ਕੀਤੀ। ਜੇ ਅਜਿਹਾ ਹੋਇਆ, ਤਾਂ ਇਹ ਵੀ ਪੁੱਛਿਆ ਜਾਣਾ ਚਾਹੀਦਾ ਹੈ ਕਿ ਨਿਗਰਾਨੀ ਅਤੇ ਆਡਿਟ ਦੀ ਪ੍ਰਣਾਲੀ ਕਿੱਥੇ ਸੀ? ਕਰੋੜਾਂ ਰੁਪਏ ਦੇ ਦਾਨ ਅਤੇ ਕੀਮਤੀ ਚੜ੍ਹਾਵਿਆਂ ਦਾ ਪ੍ਰਬੰਧ ਕਿਹੜੇ ਨਿਯਮਾਂ ਅਧੀਨ ਕੀਤਾ ਜਾ ਰਿਹਾ ਸੀ? ਕੀ ਨਿਯਮਤ ਤੌਰ 'ਤੇ ਸੁਤੰਤਰ ਆਡਿਟ ਕਰਵਾਇਆ ਗਿਆ? ਕੀ ਉਸ ਦੀਆਂ ਰਿਪੋਰਟਾਂ ਜਨਤਕ ਕੀਤੀਆਂ ਗਈਆਂ? ਜੇ ਨਹੀਂ, ਤਾਂ ਕਿਉਂ?

ਜੇ ਜਾਂਚ ਦਾ ਸਾਰਾ ਬੋਝ ਕੁਝ ਵਿਅਕਤੀਆਂ 'ਤੇ ਪਾ ਕੇ ਵੱਡੇ ਪ੍ਰਸ਼ਾਸਨਿਕ ਅਤੇ ਸੰਸਥਾਗਤ ਦਾਇਤਵਾਂ ਨੂੰ ਨਜ਼ਰਅੰਦਾਜ਼ ਕੀਤਾ ਜਾਂਦਾ ਹੈ, ਤਾਂ ਲੋਕਾਂ ਦੇ ਮਨਾਂ ਵਿੱਚ ਇਹ ਸ਼ੱਕ ਬਣਿਆ ਰਹੇਗਾ ਕਿ ਛੋਟੇ ਕਰਮਚਾਰੀਆਂ ਨੂੰ ਢਾਲ ਬਣਾ ਕੇ ਵੱਡੀਆਂ ਜ਼ਿੰਮੇਵਾਰੀਆਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ ਜਾ ਰਹੀ ਹੈ।

ਇਸੇ ਲਈ ਬਹੁਤ ਸਾਰੇ ਲੋਕ ਐੱਸ ਆਈ ਟੀ ਦੀ ਕਾਰਜ-ਪ੍ਰਣਾਲੀ 'ਤੇ ਵੀ ਸਵਾਲ ਉਠਾ ਰਹੇ ਹਨ। ਜਾਂਚ ਦੌਰਾਨ ਕਿਹੜੇ ਦਸਤਾਵੇਜ਼ ਵੇਖੇ ਗਏ? ਕਿਨ੍ਹਾਂ ਦੇ ਬਿਆਨ ਦਰਜ ਕੀਤੇ ਗਏ? ਕਿਹੜੇ ਮਾਹਰਾਂ ਨਾਲ ਸਲਾਹ ਕੀਤੀ ਗਈ ਅਤੇ ਕਿਹੜੇ ਆਧਾਰ 'ਤੇ ਨਤੀਜੇ ਕੱਢੇ ਗਏ? ਜੇ ਇਹ ਸਭ ਕੁਝ ਜਨਤਕ ਨਹੀਂ ਕੀਤਾ ਜਾਂਦਾ, ਤਾਂ ਜਾਂਚ ਦੀ ਨਿਰਪੱਖਤਾ 'ਤੇ ਸਵਾਲ ਉਠਣ ਸੁਭਾਵਿਕ ਹਨ।

ਪਿਛਲੇ ਤਿੰਨ ਦਹਾਕਿਆਂ ਦੌਰਾਨ ਰਾਮ ਮੰਦਰ ਸਿਰਫ਼ ਇੱਕ ਧਾਰਮਿਕ ਪ੍ਰੋਜੈਕਟ ਨਹੀਂ ਰਿਹਾ, ਸਗੋਂ ਭਾਰਤੀ ਰਾਜਨੀਤੀ ਦਾ ਕੇਂਦਰੀ ਮੁੱਦਾ ਵੀ ਬਣਿਆ ਰਿਹਾ ਹੈ। ਇਸ ਲਈ ਜਦੋਂ ਮੰਦਰ ਨਾਲ ਜੁੜੇ ਵਿੱਤੀ ਵਿਵਾਦ ਸਾਹਮਣੇ ਆਉਂਦੇ ਹਨ, ਤਾਂ ਉਨ੍ਹਾਂ ਦਾ ਪ੍ਰਭਾਵ ਸਿਰਫ਼ ਟਰੱਸਟ ਤੱਕ ਸੀਮਤ ਨਹੀਂ ਰਹਿੰਦਾ। ਉਹ ਉਨ੍ਹਾਂ ਰਾਜਨੀਤਕ ਅਤੇ ਵਿਚਾਰਧਾਰਕ ਸੰਗਠਨਾਂ ਦੀ ਭਰੋਸੇਯੋਗਤਾ ਨੂੰ ਵੀ ਪ੍ਰਭਾਵਿਤ ਕਰਦੇ ਹਨ, ਜਿਨ੍ਹਾਂ ਮੰਦਰ ਅੰਦੋਲਨ ਦੀ ਅਗਵਾਈ ਕਰਨ ਅਤੇ ਬਾਅਦ ਵਿੱਚ ਇਸ ਦੇ ਨਿਰਮਾਣ ਨਾਲ ਆਪਣੇ ਆਪ ਨੂੰ ਜੋੜਨ ਦਾ ਦਾਅਵਾ ਕੀਤਾ।

ਜੇ ਸ਼ਰਧਾਲੂਆਂ ਦੇ ਮਨ ਵਿੱਚ ਇਹ ਸ਼ੱਕ ਪੈਦਾ ਹੋ ਜਾਵੇ ਕਿ ਉਨ੍ਹਾਂ ਦੇ ਚੜ੍ਹਾਵਿਆਂ ਦਾ ਪ੍ਰਬੰਧ ਪਾਰਦਰਸ਼ੀ ਢੰਗ ਨਾਲ ਨਹੀਂ ਕੀਤਾ ਗਿਆ, ਤਾਂ ਇਹ ਸਿਰਫ਼ ਆਰਥਿਕ ਅਪਰਾਧ ਨਹੀਂ ਰਹਿੰਦਾ, ਸਗੋਂ ਸਮਾਜਿਕ ਅਤੇ ਨੈਤਿਕ ਸੰਕਟ ਦਾ ਰੂਪ ਧਾਰ ਲੈਂਦਾ ਹੈ।

ਇਹ ਵੀ ਸਮਝਣਾ ਜ਼ਰੂਰੀ ਹੈ ਕਿ ਆਸਥਾ ਅਤੇ ਜਵਾਬਦੇਹੀ ਇੱਕ-ਦੂਜੇ ਦੇ ਵਿਰੋਧੀ ਨਹੀਂ ਹਨ। ਕਿਸੇ ਵੀ ਧਾਰਮਿਕ ਸੰਸਥਾ ਦਾ ਮਾਣ-ਸਨਮਾਨ ਉਦੋਂ ਹੀ ਵਧਦਾ ਹੈ, ਜਦੋਂ ਉਹ ਆਪਣੇ ਵਿੱਤੀ ਅਤੇ ਪ੍ਰਸ਼ਾਸਨਿਕ ਕੰਮਕਾਜ ਨੂੰ ਪੂਰੀ ਪਾਰਦਰਸ਼ਤਾ ਨਾਲ ਲੋਕਾਂ ਦੇ ਸਾਹਮਣੇ ਰੱਖਦੀ ਹੈ।

ਸਵਾਲ ਉਠਾਉਣਾ ਧਰਮ ਦਾ ਵਿਰੋਧ ਨਹੀਂ ਅਤੇ ਨਾ ਹੀ ਪਾਰਦਰਸ਼ਤਾ ਦੀ ਮੰਗ ਕਰਨਾ ਆਸਥਾ 'ਤੇ ਹਮਲਾ ਹੈ। ਇਸ ਦੇ ਉਲਟ, ਜੇ ਕੋਈ ਸੰਸਥਾ ਹਰ ਆਲੋਚਨਾ ਨੂੰ ਰਾਜਨੀਤਕ ਜਾਂ ਵਿਚਾਰਧਾਰਕ ਸਾਜ਼ਿਸ਼ ਦੱਸ ਕੇ ਟਾਲਣ ਦੀ ਕੋਸ਼ਿਸ਼ ਕਰਦੀ ਹੈ, ਤਾਂ ਉਹ ਆਪਣੇ ਵਿਰੁੱਧ ਉੱਠ ਰਹੇ ਸ਼ੱਕ ਨੂੰ ਹੋਰ ਡੂੰਘਾ ਕਰਦੀ ਹੈ।

ਅੱਜ ਲੋੜ ਇਸ ਗੱਲ ਦੀ ਹੈ ਕਿ ਇਸ ਪੂਰੇ ਮਾਮਲੇ ਦੀ ਨਿਰਪੱਖ, ਵਿਆਪਕ ਅਤੇ ਭਰੋਸੇਯੋਗ ਜਾਂਚ ਹੋਵੇ। ਜੇ ਜ਼ਮੀਨ ਦੀ ਖਰੀਦ, ਨਿਰਮਾਣ ਸਮੱਗਰੀ, ਪੱਥਰਾਂ ਦੀ ਖਰੀਦ, ਨਕਦ ਚੜ੍ਹਾਵਿਆਂ, ਸੋਨੇ, ਚਾਂਦੀ ਅਤੇ ਹੋਰ ਕੀਮਤੀ ਭੇਟਾਂ ਬਾਰੇ ਜਨਤਕ ਤੌਰ 'ਤੇ ਦੋਸ਼ ਲੱਗੇ ਹਨ, ਤਾਂ ਹਰ ਦੋਸ਼ ਦੀ ਸੁਤੰਤਰ ਜਾਂਚ ਹੋਣੀ ਚਾਹੀਦੀ ਹੈ।

ਜੇ ਦੋਸ਼ ਬੇਬੁਨਿਆਦ ਹਨ ਤਾਂ ਜਾਂਚ ਰਾਹੀਂ ਇਹ ਸਪੱਸ਼ਟ ਹੋਣਾ ਚਾਹੀਦਾ ਹੈ ਕਿ ਉਹ ਝੂਠੇ ਹਨ, ਪਰ ਜੇ ਉਨ੍ਹਾਂ ਵਿੱਚ ਸੱਚਾਈ ਦਾ ਕੋਈ ਤੱਤ ਹੈ, ਤਾਂ ਜ਼ਿੰਮੇਵਾਰ ਵਿਅਕਤੀਆਂ ਨੂੰ ਉਨ੍ਹਾਂ ਦੇ ਅਹੁਦੇ, ਪ੍ਰਭਾਵ ਜਾਂ ਰਾਜਨੀਤਕ ਸੰਬੰਧਾਂ ਤੋਂ ਬਿਨਾਂ ਕਾਨੂੰਨ ਅਨੁਸਾਰ ਸਜ਼ਾ ਮਿਲਣੀ ਚਾਹੀਦੀ ਹੈ।

ਕਿਸੇ ਵੀ ਦੇਸ਼ ਵਿੱਚ ਧਾਰਮਿਕ ਆਸਥਾ ਦੀ ਸਭ ਤੋਂ ਵੱਡੀ ਰੱਖਿਆ ਪਾਰਦਰਸ਼ਤਾ, ਇਮਾਨਦਾਰੀ ਅਤੇ ਕਾਨੂੰਨ ਦੇ ਰਾਜ ਨਾਲ ਹੁੰਦੀ ਹੈ, ਨਾ ਕਿ ਸਵਾਲ ਪੁੱਛਣ ਵਾਲਿਆਂ ਦੀ ਆਵਾਜ਼ ਦਬਾਅ ਕੇ। ਜੇ ਰਾਮ ਮੰਦਰ ਸੱਚਮੁੱਚ ਕਰੋੜਾਂ ਲੋਕਾਂ ਦੀ ਆਸਥਾ ਦਾ ਪ੍ਰਤੀਕ ਹੈ, ਤਾਂ ਇਸ ਦਾ ਪ੍ਰਬੰਧ ਵੀ ਨੈਤਿਕਤਾ, ਇਮਾਨਦਾਰੀ, ਪਾਰਦਰਸ਼ਤਾ ਅਤੇ ਜਨਤਕ ਜਵਾਬਦੇਹੀ ਦੀ ਮਿਸਾਲ ਬਣਨਾ ਚਾਹੀਦਾ ਹੈ। ਇਹੀ ਇਸ ਪੂਰੇ ਵਿਵਾਦ ਤੋਂ ਨਿਕਲਣ ਵਾਲਾ ਸਭ ਤੋਂ ਵੱਡਾ ਸਬਕ ਹੈ।

**# ਸੰਪਰਕ : +91 99884-91002**

# ਕੀ ਅਸੀਂ ਕੁਦਰਤ ਪ੍ਰਤੀ ਆਪਣੇ .ਫ਼ਰਜ਼ ਨਿਭਾਅ ਰਹੇ ਹਾਂ

ਰਾਜਿੰਦਰ ਸਿੰਘ ਰਾਜਨ

ਵਿਸ਼ਵ ਵਾਤਾਵਰਣ ਦਿਵਸ ਹਰ ਸਾਲ ਸਾਨੂੰ ਕੁਦਰਤ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਦਾ ਅਹਿਸਾਸ ਕਰਵਾਉਣ ਲਈ ਮਨਾਇਆ ਜਾਂਦਾ ਹੈ, ਪਰ ਸਵਾਲ ਇਹ ਹੈ ਕਿ ਕੀ ਅਸੀਂ ਇਸ ਸੰਦੇਸ਼ ਨੂੰ ਸੱਚਮੁੱਚ ਆਪਣੀ ਜ਼ਿੰਦਗੀ ਦਾ ਹਿੱਸਾ ਬਣਾਇਆ ਹੈ? ਪੰਜਾਬ ਸਮੇਤ ਪੂਰੇ ਭਾਰਤ ਵਿੱਚ ਵਿਗੜਦੀ ਵਾਤਾਵਰਣਕ ਸਥਿਤੀ ਇਸ ਗੱਲ ਦੀ ਗਵਾਹ ਹੈ ਕਿ ਵਿਕਾਸ ਦੀ ਅੰਨ੍ਹੀ ਦੌੜ ਵਿੱਚ ਅਸੀਂ ਕੁਦਰਤ ਨਾਲ ਆਪਣਾ ਰਿਸ਼ਤਾ ਲਗਾਤਾਰ ਕਮਜ਼ੋਰ ਕਰਦੇ ਜਾ ਰਹੇ ਹਾਂ। ਮਨੁੱਖ, ਪਸ਼ੂ-ਪੰਛੀ, ਰੁੱਖ-ਬੂਟੇ ਅਤੇ ਸਮੂਹ ਜੀਵ-ਜੰਤੂਆਂ ਦੀ ਹੋਂਦ ਇੱਕ ਸਾਫ਼-ਸੁਥਰੇ, ਸੰਤੁਲਿਤ ਅਤੇ ਸਿਹਤਮੰਦ ਵਾਤਾਵਰਣ ਨਾਲ ਜੁੜੀ ਹੋਈ ਹੈ। ਜੇਕਰ ਵਾਤਾਵਰਣ ਪ੍ਰਦੂਸ਼ਤ ਹੋਵੇਗਾ ਤਾਂ ਇਸ ਦਾ ਅਸਰ ਸਿਰਫ਼ ਕੁਦਰਤ ਤੱਕ ਹੀ ਸੀਮਿਤ ਨਹੀਂ ਰਹੇਗਾ, ਸਗੋਂ ਮਨੁੱਖੀ ਸਿਹਤ, ਜੈਵਿਕ ਵਿਭਿੰਨਤਾ ਅਤੇ ਆਉਣ ਵਾਲੀਆਂ ਪੀੜ੍ਹੀਆਂ ਦੇ ਭਵਿੱਖ 'ਤੇ ਵੀ ਪਵੇਗਾ।

ਇਨ੍ਹਾਂ ਦਿਨਾਂ ਮੌਨਸੂਨ ਦੀਆਂ ਬਰਸਾਤਾਂ ਨੇ ਭਾਵੇਂ ਲੋਕਾਂ ਨੂੰ ਅੱਤ ਦੀ ਗਰਮੀ ਤੋਂ ਰਾਹਤ ਦਿੱਤੀ ਹੈ, ਪਰ ਦੂਜੇ ਪਾਸੇ ਸ਼ਹਿਰਾਂ ਅਤੇ ਪਿੰਡਾਂ ਵਿੱਚ ਪਏ ਕੂੜੇ-ਕਰਕਟ ਦੇ ਵਿਸ਼ਾਲ ਢੇਰ ਇੱਕ ਗੰਭੀਰ ਵਾਤਾਵਰਣਕ ਅਤੇ ਸਿਹਤ ਸੰਕਟ ਦਾ ਰੂਪ ਧਾਰ ਚੁੱਕੇ ਹਨ। ਬਰਸਾਤੀ ਪਾਣੀ ਨਾਲ ਸੜਦੇ-ਗਲਦੇ ਕੂੜੇ ਵਿੱਚੋਂ ਉੱਠਦੀ ਅਸਹਿਣਯੋਗ ਬਦਬੂ ਨਾ ਸਿਰਫ਼ ਆਲੇ-ਦੁਆਲੇ ਦੇ ਵਾਤਾਵਰਣ ਨੂੰ ਦੂਸ਼ਿਤ ਕਰ ਰਹੀ ਹੈ, ਸਗੋਂ ਮੱਛਰਾਂ, ਮੱਖੀਆਂ ਅਤੇ ਹੋਰ ਹਾਨੀਕਾਰਕ ਕੀੜੇ-ਮਕੌੜਿਆਂ ਦੇ ਪੈਦਾ ਹੋਣ ਲਈ ਵੀ ਅਨੁਕੂਲ ਮਾਹੌਲ ਤਿਆਰ ਕਰਦੀ ਹੈ। ਨਤੀਜੇ ਵਜੋਂ ਡੇਂਗੂ, ਮਲੇਰੀਆ, ਟਾਈਫਾਇਡ ਅਤੇ ਹੋਰ ਛੂਤ ਦੀਆਂ ਬਿਮਾਰੀਆਂ ਫੈਲਣ ਦਾ ਖ਼ਤਰਾ ਵਧਦਾ ਹੈ। ਚਿੰਤਾ ਦਾ ਹੋਰ ਵੀ ਗੰਭੀਰ ਪੱਖ ਇਹ ਹੈ ਕਿ ਕਈ ਥਾਵਾਂ 'ਤੇ ਕੁਝ ਪ੍ਰਵਾਸੀ ਮਜ਼ਦੂਰਾਂ ਅਤੇ ਹੋਰ ਅਸਮਾਜਿਕ ਅਨਸਰਾਂ ਵੱਲੋਂ ਕੂੜੇ ਦੇ ਢੇਰਾਂ ਨੂੰ ਜਾਣਬੁੱਝ ਕੇ ਅੱਗ ਲਗਾ ਦਿੱਤੀ ਜਾਂਦੀ ਹੈ। ਇਸ ਦਾ ਮੁੱਖ ਮਕਸਦ ਕੂੜੇ ਵਿੱਚੋਂ ਇਕੱਠੀਆਂ ਕੀਤੀਆਂ ਬਿਜਲੀ ਦੀਆਂ ਤਾਰਾਂ ਦਾ ਪਲਾਸਟਿਕ ਸਾੜ ਕੇ ਅੰਦਰਲਾ ਤਾਂਬਾ (ਕਾਪਰ) ਵੱਖ ਕਰਨਾ ਹੁੰਦਾ ਹੈ, ਜਿਸ ਨੂੰ ਬਾਅਦ ਵਿੱਚ ਕਬਾੜ ਵਜੋਂ ਵੇਚ ਕੇ ਕੁਝ ਪੈਸੇ ਕਮਾ ਲਏ ਜਾਂਦੇ ਹਨ, ਪਰ ਇਸ ਮਾਮੂਲੀ ਕਮਾਈ ਦੀ ਕੀਮਤ ਪੂਰੇ ਸਮਾਜ ਨੂੰ ਜ਼ਹਿਰੀਲੇ ਧੂੰਏਂ, ਹਵਾ ਪ੍ਰਦੂਸ਼ਣ ਅਤੇ ਸਾਹ ਨਾਲ ਸੰਬੰਧਤ ਗੰਭੀਰ ਬਿਮਾਰੀਆਂ ਦੇ ਰੂਪ ਵਿੱਚ ਚੁਕਾਉਣੀ ਪੈਂਦੀ ਹੈ। ਇਹ ਗੈਰ-ਕਾਨੂੰਨੀ ਅਤੇ ਗੈਰ-ਜ਼ਿੰਮੇਵਾਰਾਨਾ ਰੁਝਾਨ ਨਾ ਕੇਵਲ ਵਾਤਾਵਰਣ ਨੂੰ ਗੰਭੀਰ ਨੁਕਸਾਨ ਪਹੁੰਚਾ ਰਿਹਾ ਹੈ, ਸਗੋਂ ਲੋਕ ਸਿਹਤ ਲਈ ਵੀ ਵੱਡਾ ਖ਼ਤਰਾ ਬਣਦਾ ਜਾ ਰਿਹਾ ਹੈ। ਇਸ ਤੋਂ ਇਲਾਵਾ ਸਾਡੀ ਆਪਣੀ ਜੀਵਨ-ਸ਼ੈਲੀ ਵੀ ਇਸ ਸੰਕਟ ਨੂੰ ਹੋਰ ਡੂੰਘਾ ਕਰ ਰਹੀ ਹੈ। ਪਲਾਸਟਿਕ ਦੀ ਅੰਧਾਧੁੰਦ ਵਰਤੋਂ, ਬੇਲੋੜੀ ਖਪਤ, ਵਾਹਨਾਂ ਦੀ ਵਧਦੀ ਗਿਣਤੀ, ਉਦਯੋਗਾਂ ਵਿੱਚੋਂ ਨਿਕਲਦਾ ਧੂੰਆਂ, ਖੇਤਾਂ ਵਿੱਚ ਪਰਾਲੀ ਨੂੰ ਅੱਗ ਲਗਾਉਣ ਦੀ ਰਵਾਇਤ ਅਤੇ ਜੰਗਲਾਂ ਦੀ ਲਗਾਤਾਰ ਕਟਾਈ ਵਾਤਾਵਰਣ ਨੂੰ ਲਗਾਤਾਰ ਨੁਕਸਾਨ ਪਹੁੰਚਾ ਰਹੇ ਹਨ। ਵਾਤਾਵਰਣ ਦੀ ਸਫ਼ਾਈ ਅਤੇ ਜਨ ਸਿਹਤ ਸਿਰਫ਼ ਕੂੜੇ-ਕਰਕਟ ਦੇ ਪ੍ਰਬੰਧਨ ਜਾਂ ਪ੍ਰਦੂਸ਼ਣ ਘਟਾਉਣ ਤੱਕ ਹੀ ਸੀਮਿਤ ਨਹੀਂ ਹਨ। ਸਾਡੇ ਆਲੇ-ਦੁਆਲੇ ਬੇਸਹਾਰਾ ਪਸ਼ੂਆਂ, ਖ਼ਾਸ ਕਰਕੇ ਕੁੱਤਿਆਂ ਦੀ ਵਧੀ ਗਿਣਤੀ ਵੀ ਇਸ ਨਾਲ ਸਿੱਧੇ ਤੌਰ 'ਤੇ ਜੁੜੀ ਹੋਈ ਹੈ। ਅੱਜ ਲਗਭਗ ਹਰ ਗਲੀ, ਮੁਹੱਲੇ ਅਤੇ ਬਾਜ਼ਾਰ ਵਿੱਚ ਪੰਜ ਤੋਂ ਸੱਤ ਬੇਸਹਾਰਾ ਕੁੱਤੇ ਆਮ ਤੌਰ 'ਤੇ ਦੇਖੇ ਜਾ ਸਕਦੇ ਹਨ। ਜੇਕਰ ਪਠਾਨਕੋਟ ਜ਼ਿਲ੍ਹੇ ਦੇ ਬਲਾਕ ਘਰੋਟਾ ਦੀ ਗੱਲ ਕੀਤੀ ਜਾਵੇ ਤਾਂ ਉੱਥੇ ਅਜਿਹੇ ਕੁੱਤਿਆਂ ਦੀ ਗਿਣਤੀ ਲਗਭਗ ਦੋ ਤੋਂ ਢਾਈ ਸੌ ਦੇ ਵਿਚਕਾਰ ਦੱਸੀ ਜਾਂਦੀ ਹੈ। ਇਸ ਆਧਾਰ 'ਤੇ ਸਹਿਜੇ ਹੀ ਅੰਦਾਜ਼ਾ ਲਗਾਇਆ ਜਾ ਸਕਦਾ ਹੈ ਕਿ ਪੂਰੇ ਪਠਾਨਕੋਟ ਜ਼ਿਲ੍ਹੇ ਅਤੇ ਪੰਜਾਬ ਵਿੱਚ ਇਹ ਗਿਣਤੀ ਕਿੰਨੀ ਵੱਡੀ ਹੋਵੇਗੀ।

ਇੱਕ ਸਾਫ਼-ਸੁਥਰੇ, ਸਿਹਤਮੰਦ ਅਤੇ ਸੰਤੁਲਿਤ ਵਾਤਾਵਰਣ ਦੀ ਸਿਰਜਣਾ ਲਈ ਸਾਨੂੰ ਹਰ ਉਸ ਕਾਰਨ ਵੱਲ ਗੰਭੀਰਤਾ ਨਾਲ ਧਿਆਨ ਦੇਣਾ ਹੋਵੇਗਾ, ਜੋ ਪ੍ਰਦੂਸ਼ਣ ਅਤੇ ਕੁਦਰਤੀ ਅਸੰਤੁਲਨ ਨੂੰ ਜਨਮ ਦਿੰਦਾ ਹੈ। ਅੱਜ ਇਹ ਕਾਰਨ ਨਾ ਸਿਰਫ਼ ਮਨੁੱਖੀ ਸਿਹਤ ਲਈ ਘਾਤਕ ਬਣ ਰਹੇ ਹਨ, ਸਗੋਂ ਜੈਵਿਕ ਵਿਭਿੰਨਤਾ ਅਤੇ ਕੁਦਰਤੀ ਸੰਤੁਲਨ ਨੂੰ ਵੀ ਤੇਜ਼ੀ ਨਾਲ ਨਸ਼ਟ ਕਰ ਰਹੇ ਹਨ। ਨਿਸਚਿਤ ਤੌਰ 'ਤੇ ਪ੍ਰਬੰਧਕੀ ਕਮੀਆਂ ਅਤੇ ਸਿਸਟਮ ਦੀਆਂ ਕਮਜ਼ੋਰੀਆਂ ਨੂੰ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ, ਪਰ ਸਮੇਂ ਦੀ ਸਭ ਤੋਂ ਵੱਡੀ ਲੋੜ ਸਿਰਫ਼ ਸਰਕਾਰ ਜਾਂ ਪ੍ਰਸ਼ਾਸਨ ਵੱਲ ਉਂਗਲ ਉਠਾਉਣ ਦੀ ਨਹੀਂ, ਸਗੋਂ ਆਪਣੇ ਅੰਦਰ ਵੀ ਝਾਤ ਮਾਰਨ ਦੀ ਹੈ। ਵਾਤਾਵਰਣ ਦੀ ਰੱਖਿਆ ਕੇਵਲ ਸਰਕਾਰੀ ਯੋਜਨਾਵਾਂ ਜਾਂ ਮੁਹਿੰਮਾਂ ਦੀ ਜ਼ਿੰਮੇਵਾਰੀ ਨਹੀਂ, ਸਗੋਂ ਹਰ ਨਾਗਰਿਕ ਦਾ ਨੈਤਿਕ ਅਤੇ ਸਮਾਜਿਕ ਫ਼ਰਜ਼ ਹੈ। ਜੇਕਰ ਅਸੀਂ ਸਵੱਛਤਾ ਨੂੰ ਆਪਣੀ ਆਦਤ ਬਣਾਈਏ, ਪਾਣੀ ਦੀ ਹਰ ਬੂੰਦ ਦੀ ਕਦਰ ਕਰੀਏ, ਊਰਜਾ ਦੀ ਸੁਚੱਜੀ ਵਰਤੋਂ ਕਰੀਏ, ਪਲਾਸਟਿਕ ਦੀ ਵਰਤੋਂ ਘਟਾਈਏ ਅਤੇ ਵੱਧ ਤੋਂ ਵੱਧ ਰੁੱਖ ਲਗਾ ਕੇ ਉਨ੍ਹਾਂ ਦੀ ਸੰਭਾਲ ਕਰੀਏ ਤਾਂ ਇਹ ਛੋਟੇ-ਛੋਟੇ ਕਦਮ ਮਿਲ ਕੇ ਇੱਕ ਵੱਡਾ ਬਦਲਾਅ ਲਿਆ ਸਕਦੇ ਹਨ। ਇਹ ਕੰਮ ਕਿਸੇ ਇੱਕ ਦਿਨ ਦੀ ਮੁਹਿੰਮ ਨਹੀਂ, ਸਗੋਂ ਸਾਡੀ ਰੋਜ਼ਾਨਾ ਜੀਵਨ-ਸ਼ੈਲੀ ਦਾ ਅਟੁੱਟ ਹਿੱਸਾ ਬਣਨਾ ਚਾਹੀਦਾ ਹੈ। ਕੁਦਰਤ ਸਾਡੇ ਤੋਂ ਵੱਡੀਆਂ ਕੁਰਬਾਨੀਆਂ ਨਹੀਂ ਮੰਗਦੀ; ਉਹ ਸਿਰਫ਼ ਸਾਡੀ ਜਾਗਰੂਕਤਾ, ਜ਼ਿੰਮੇਵਾਰੀ ਅਤੇ ਸੰਵੇਦਨਸ਼ੀਲਤਾ ਦੀ ਉਮੀਦ ਕਰਦੀ ਹੈ। ਜੇਕਰ ਹਰ ਵਿਅਕਤੀ ਆਪਣੇ ਹਿੱਸੇ ਦਾ ਫ਼ਰਜ਼ ਇਮਾਨਦਾਰੀ ਨਾਲ ਨਿਭਾਏ ਤਾਂ ਪ੍ਰਦੂਸ਼ਣ ਵਿਰੁੱਧ ਇਹ ਜੰਗ ਨਾ ਸਿਰਫ਼ ਆਸਾਨ ਹੋਵੇਗੀ, ਸਗੋਂ ਅਸੀਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਇੱਕ ਸਾਫ਼-ਸੁਥਰਾ, ਹਰਿਆ-ਭਰਿਆ ਅਤੇ ਸਿਹਤਮੰਦ ਵਾਤਾਵਰਣ ਵੀ ਵਿਰਾਸਤ ਵਜੋਂ ਦੇ ਸਕਾਂਗੇ।

ਆਓ, ਵਾਤਾਵਰਣ ਨੂੰ ਸਿਰਫ਼ ਇੱਕ ਰਸਮੀ ਕਾਰਵਾਈ ਨਾ ਬਣਾਈਏ, ਸਗੋਂ ਇਸ ਨੂੰ ਆਪਣੀ ਸੋਚ, ਆਪਣੇ ਵਿਹਾਰ ਅਤੇ ਆਪਣੇ ਜੀਵਨ ਦਾ ਸਥਾਈ ਸੰਕਲਪ ਬਣਾਈਏ। ਇਹੀ ਕੁਦਰਤ ਪ੍ਰਤੀ ਸਾਡੀ ਸੱਚੀ ਸ਼ਰਧਾਂਜਲੀ ਹੋਵੇਗੀ

**# ਸੰਪਰਕ : 94174-27656**

# ਨਸ਼ਾ ਨਾਸ਼ ਦਾ ਦੂਜਾ ਨਾਂਅ


ਡਾ. ਕ੍ਰਿਸ਼ਨ ਲਾਲ

ਇਹ ਬਿਲਕੁਲ ਸੱਚ ਹੈ ਕਿ ਨਸ਼ਾ, ਨਾਸ਼ ਦਾ ਹੀ ਦੂਜਾ ਨਾਂਅ ਹੈ। ਇਸ ਕਥਨ ਦਾ ਇੱਕ-ਇੱਕ ਸ਼ਬਦ ਸੱਚਾਈ ਦੀ ਗਵਾਹੀ ਭਰਦਾ ਹੈ, ਕਿਉਂਕਿ ਜੋ ਇਨਸਾਨ ਇੱਕ ਵਾਰ ਇਸ ਭਿਆਨਕ ਦਲਦਲ ਵਿੱਚ ਕਦਮ ਰੱਖ ਲੈਂਦਾ ਹੈ, ਉਸ ਦਾ ਸਰੀਰਕ, ਮਾਨਸਿਕ, ਆਰਥਿਕ ਅਤੇ ਸਮਾਜਿਕ ਪਤਨ ਅਟੱਲ ਹੋ ਜਾਂਦਾ ਹੈ। ਨਸ਼ਾ ਮਨੁੱਖ ਦੀ ਚੇਤਨਾ ਅਤੇ ਸੋਚਣ-ਸਮਝਣ ਦੀ ਸ਼ਕਤੀ ਨੂੰ ਪੂਰੀ ਤਰ੍ਹਾਂ ਨਿਗਲ ਲੈਂਦਾ ਹੈ ਅਤੇ ਹੌਲੀ-ਹੌਲੀ ਉਸ ਨੂੰ ਜ਼ਿੰਦਗੀ ਦੇ ਹਸੀਨ ਰੰਗਾਂ ਤੋਂ ਦੂਰ ਕਰਕੇ ਮੌਤ ਦੇ ਹਨੇਰੇ ਖੂਹ ਵੱਲ ਧੱਕ ਦਿੰਦਾ ਹੈ। ਨਸ਼ੀਲੇ ਪਦਾਰਥਾਂ ਦਾ ਸਭ ਤੋਂ ਪਹਿਲਾ ਅਤੇ ਘਾਤਕ ਵਾਰ ਇਨਸਾਨ ਦੇ ਜਿਸਮ 'ਤੇ ਹੁੰਦਾ ਹੈ। ਚਾਹੇ ਉਹ ਲਾਹਨਤ ਸ਼ਰਾਬ ਦੀ ਹੋਵੇ, ਅਫ਼ੀਮ, ਹੈਰੋਇਨ, ਸਿਗਰਟਨੋਸ਼ੀ ਦੀ ਜਾਂ ਫਿਰ ਅੱਜ-ਕੱਲ੍ਹ ਦੇ ਘਾਤਕ ਸਿੰਥੈਟਿਕ ਡਰੱਗਜ਼ ਯਾਨੀ ਚਿੱਟੇ ਦੀ, ਇਹ ਸਭ ਮਨੁੱਖ ਦੇ ਅੰਦਰੂਨੀ ਅੰਗਾਂ, ਜਿਵੇਂ ਕਿ ਲਿਵਰ, ਫੇਫੜੇ, ਦਿਲ ਅਤੇ ਗੁਰਦਿਆਂ ਨੂੰ ਅੰਦਰੋਂ-ਅੰਦਰ ਦੀਮਕ ਵਾਂਗ ਚੱਟ ਜਾਂਦੇ ਹਨ। ਨਤੀਜੇ ਵਜੋਂ, ਨਸ਼ੇ ਦਾ ਆਦੀ ਵਿਅਕਤੀ ਭਿਆਨਕ ਬਿਮਾਰੀਆਂ ਦਾ ਗੁਲਾਮ ਬਣ ਕੇ ਰਹਿ ਜਾਂਦਾ ਹੈ ਅਤੇ ਉਸ ਦੀ ਜ਼ਿੰਦਗੀ ਦੀ ਉਮਰ ਬਹੁਤ ਛੋਟੀ ਹੋ ਜਾਂਦੀ ਹੈ। ਇਹ ਬਿਮਾਰੀ ਕੇਵਲ ਸਰੀਰ ਨੂੰ ਹੀ ਨਹੀਂ ਝੰਜੋੜਦੀ, ਬਲਕਿ ਮਨੁੱਖ ਦੇ ਮਾਨਸਿਕ ਸੰਤੁਲਨ ਦੇ ਵੀ ਪਰਖੱਚੇ ਉਡਾ ਦਿੰਦੀ ਹੈ। ਨਸ਼ੀਲੇ ਪਦਾਰਥਾਂ ਦਾ ਲਗਾਤਾਰ ਸੇਵਨ ਦਿਮਾਗੀ ਸੈੱਲਾਂ ਨੂੰ ਬੇਹੱਦ ਕਮਜ਼ੋਰ ਕਰ ਦਿੰਦਾ ਹੈ, ਜਿਸ ਕਾਰਨ ਇਨਸਾਨ ਹਮੇਸ਼ਾ ਮਾਨਸਿਕ ਤਣਾਅ, ਚਿੰਤਾ, ਘੋਰ ਡਿਪਰੈਸ਼ਨ ਅਤੇ ਭਰਮ ਦੀ ਜ਼ਿੰਦਗੀ ਜਿਊਣ ਲਈ ਮਜਬੂਰ ਹੋ ਜਾਂਦਾ ਹੈ। ਆਪਣੀ ਹੋਸ਼-ਹਵਾਸ ਗੁਆ ਚੁੱਕਾ ਵਿਅਕਤੀ ਸਮਾਜ ਵਿੱਚ ਚੰਗੇ ਅਤੇ ਮਾੜੇ ਜਾਂ ਆਪਣੇ ਅਤੇ ਪਰਾਏ ਵਿਚਕਾਰ ਫਰਕ ਕਰਨ ਦੇ ਯੋਗ ਵੀ ਨਹੀਂ ਰਹਿੰਦਾ।

ਜਦੋਂ ਕੋਈ ਇਨਸਾਨ ਨਸ਼ੇ ਦੀ ਪੂਰੀ ਗ੍ਰਿਫ਼ਤ ਵਿੱਚ ਆ ਜਾਂਦਾ ਹੈ, ਤਾਂ ਉਸ ਦੀ ਮਨੁੱਖੀ ਸੋਚ ਇੱਕ ਦਾਨਵ ਦਾ ਰੂਪ ਧਾਰਨ ਕਰ ਲੈਂਦੀ ਹੈ। ਆਪਣੀ ਨਸ਼ੇ ਦੀ ਅੰਨ੍ਹੀ ਤਲਬ ਨੂੰ ਪੂਰਾ ਕਰਨ ਲਈ ਜਦੋਂ ਉਸ ਦੀ ਜੇਬ ਖਾਲੀ ਹੁੰਦੀ ਹੈ, ਤਾਂ ਉਹ ਚੋਰੀ, ਡਕੈਤੀ, ਕਤਲ ਅਤੇ ਘਰੇਲੂ ਹਿੰਸਾ ਵਰਗੇ ਸੰਗੀਨ ਅਪਰਾਧਾਂ ਦੇ ਰਾਹ ਪੈਣ ਤੋਂ ਵੀ ਕਦੇ ਨਹੀਂ ਝਿਜਕਦਾ। ਅਖ਼ਬਾਰਾਂ ਦੇ ਪੰਨੇ ਰੋਜ਼ਾਨਾ ਅਜਿਹੀਆਂ ਰੂਹ ਕੰਬਾਊ ਖ਼ਬਰਾਂ ਨਾਲ ਭਰੇ ਹੁੰਦੇ ਹਨ, ਜਿੱਥੇ ਨਸ਼ੇੜੀਆਂ ਵੱਲੋਂ ਆਪਣੇ ਹੀ ਖ਼ੂਨ ਦੇ ਰਿਸ਼ਤਿਆਂ ਅਤੇ ਪਰਵਾਰ ਦਾ ਬੇਰਹਿਮੀ ਨਾਲ ਨੁਕਸਾਨ ਕੀਤਾ ਗਿਆ ਹੁੰਦਾ ਹੈ। ਇਸ ਤਰ੍ਹਾਂ ਇੱਕ ਵਿਅਕਤੀ ਦੀ ਇਹ ਭਿਆਨਕ ਆਦਤ ਪੂਰੇ ਹੱਸਦੇ-ਖੇਡਦੇ ਪਰਿਵਾਰ ਨੂੰ ਨਰਕ ਦੀ ਅੱਗ ਵਿੱਚ ਝੋਕ ਦਿੰਦੀ ਹੈ। ਪਰਵਾਰ ਦੀ ਸਾਲਾਂ ਦੀ ਮਿਹਨਤ ਦੀ ਜਮ੍ਹਾਂ-ਪੂੰਜੀ ਨਸ਼ਿਆਂ ਦੇ ਲੇਖੇ ਚੜ੍ਹ ਜਾਂਦੀ ਹੈ, ਜਿਸ ਨਾਲ ਘਰ ਆਰਥਿਕ ਕੰਗਾਲੀ ਦੇ ਅੰਧਕਾਰ ਵਿੱਚ ਡੁੱਬ ਜਾਂਦਾ ਹੈ। ਬੱਚਿਆਂ ਦੇ ਹੱਥਾਂ ਵਿੱਚੋਂ ਕਲਮਾਂ ਛੁੱਟ ਜਾਂਦੀਆਂ ਹਨ, ਘਰ ਦੀਆਂ ਚਾਰਦੀਵਾਰੀਆਂ ਵਿੱਚ ਰੋਜ਼ਾਨਾ ਕਲੇਸ਼ ਦਾ ਮਾਹੌਲ ਬਣਿਆ ਰਹਿੰਦਾ ਹੈ ਅਤੇ ਸਮਾਜ ਵਿੱਚ ਸਦੀਆਂ ਤੋਂ ਕਮਾਈ ਇੱਜ਼ਤ ਪਲਾਂ ਵਿੱਚ ਮਿੱਟੀ ਵਿੱਚ ਮਿਲ ਜਾਂਦੀ ਹੈ। ਅੱਜ-ਕੱਲ੍ਹ ਕਾਲਜਾਂ ਅਤੇ ਯੂਨੀਵਰਸਿਟੀਆਂ ਦੇ ਵਿਦਿਆਰਥੀ ਮਹਿਜ਼ ਝੂਠੇ ਫੈਸ਼ਨ, ਦਿਖਾਵੇਬਾਜ਼ੀ ਜਾਂ ਮਾਨਸਿਕ ਤਣਾਅ ਤੋਂ ਬਚਣ ਦੇ ਬਹਾਨੇ ਇਸ ਦਲਦਲ ਵਿੱਚ ਲਗਾਤਾਰ ਧਸਦੇ ਜਾ ਰਹੇ ਹਨ, ਜੋ ਕਿ ਪੂਰੇ ਸਮਾਜ ਲਈ ਇੱਕ ਬੇਹੱਦ ਚਿੰਤਾਜਨਕ ਅਤੇ ਗੰਭੀਰ ਵਿਸ਼ਾ ਹੈ। ਪੰਜਾਬ ਵਿੱਚ ਇਸ ਵਧਦੀ ਹੋਈ ਮਾਰ ਨੂੰ ਰੋਕਣ ਲਈ ਸਰਕਾਰ ਵੱਲੋਂ ਨਸ਼ਾ-ਗ੍ਰਸਤ ਲੋਕਾਂ ਦੇ ਇਲਾਜ ਲਈ ਓਟ ਸੈਂਟਰਾਂ ਦੀ ਸਥਾਪਨਾ ਕੀਤੀ ਗਈ ਹੈ। ਇਨ੍ਹਾਂ ਕੇਂਦਰਾਂ ਦੀ ਸਭ ਤੋਂ ਵੱਡੀ ਖ਼ਾਸੀਅਤ ਇਹ ਹੈ ਕਿ ਇੱਥੇ ਮਰੀਜ਼ ਨੂੰ ਬਿਨਾਂ ਦਾਖ਼ਲ ਕੀਤਿਆਂ ਓ ਪੀ ਡੀ ਰਾਹੀਂ ਘਰ ਬੈਠੇ ਹੀ ਇਲਾਜ ਮੁਹੱਈਆ ਕਰਵਾਇਆ ਜਾਂਦਾ ਹੈ। ਇੱਥੇ ਦਿੱਤੀ ਜਾਣ ਵਾਲੀ ਮੁੱਖ ਦਵਾਈ ਬੁਪ੍ਰੇਨੋਰਫਿਨ ਹੈ, ਜਿਸ ਨੂੰ ਆਮ ਬੋਲਚਾਲ ਵਿੱਚ ਲੋਕ ਜੀਭ ਵਾਲੀ ਗੋਲੀ ਆਖਦੇ ਹਨ। ਇਹ ਗੋਲੀ ਜੀਭ ਹੇਠਾਂ ਰੱਖਣ ਨਾਲ ਕੁਝ ਹੀ ਮਿੰਟਾਂ ਵਿੱਚ ਮਰੀਜ਼ ਦੇ ਨਰਵਸ ਸਿਸਟਮ 'ਤੇ ਅਸਰ ਕਰਦੀ ਹੈ, ਜਿਸ ਨਾਲ ਨਸ਼ਾ ਨਾ ਮਿਲਣ ਦੀ ਸੂਰਤ ਵਿੱਚ ਲੱਗਣ ਵਾਲੀ ਸਰੀਰਕ ਤੋੜ ਤੋਂ ਰਾਹਤ ਮਿਲਦੀ ਹੈ, ਪਰ ਸਾਨੂੰ ਇਸ ਦੇ ਦੂਜੇ ਪਹਿਲੂ ਨੂੰ ਵੀ ਅੱਖੋਂ-ਓਹਲੇ ਨਹੀਂ ਕਰਨਾ ਚਾਹੀਦਾ, ਕਿਉਂਕਿ ਇਸ ਦਵਾਈ ਦੇ ਲਗਾਤਾਰ ਅਤੇ ਬੇਲੋੜੇ ਸੇਵਨ ਨਾਲ ਲਿਵਰ 'ਤੇ ਬੇਹੱਦ ਮਾਰੂ ਅਸਰ ਪੈਂਦਾ ਹੈ, ਜਿਸ ਨਾਲ ਲਿਵਰ ਫੇਲ੍ਹ ਹੋਣ ਜਾਂ ਪੀਲੀਆ ਹੋਣ ਦਾ ਖ਼ਤਰਾ ਕਈ ਗੁਣਾ ਵਧ ਜਾਂਦਾ ਹੈ। ਇਹ ਦਵਾਈ ਖ਼ੂਨ ਦੇ ਦੌਰੇ ਅਤੇ ਦਿਲ ਦੀ ਧੜਕਣ ਨੂੰ ਵੀ ਅਸੰਤੁਲਿਤ ਕਰਦੀ ਹੈ, ਜਿਸ ਨਾਲ ਦਿਲ ਦਾ ਦੌਰਾ ਪੈਣ ਦੀ ਸੰਭਾਵਨਾ ਬਣੀ ਰਹਿੰਦੀ ਹੈ। ਏਨਾ ਹੀ ਨਹੀਂ, ਜਦੋਂ ਇਸ ਗੋਲੀ ਦਾ ਅਸਰ ਖ਼ਤਮ ਹੁੰਦਾ ਹੈ, ਤਾਂ ਮਰੀਜ਼ ਡੂੰਘੇ ਮਾਨਸਿਕ ਤਣਾਅ, ਘਬਰਾਹਟ ਅਤੇ ਅਣਜਾਣੇ ਡਰ ਦੇ ਸਾਏ ਵਿੱਚ ਚਲਾ ਜਾਂਦਾ ਹੈ। ਇਸ ਲਈ ਮਰੀਜ਼ਾਂ ਨੂੰ ਇਹ ਹਮੇਸ਼ਾ ਯਾਦ ਰੱਖਣਾ ਚਾਹੀਦਾ ਹੈ ਕਿ ਉਹ ਇਸ ਗੋਲੀ ਦੀ ਵਰਤੋਂ ਨਸ਼ੇ ਦੇ ਜਾਲ ਵਿੱਚੋਂ ਨਿਕਲਣ ਲਈ ਕਰ ਰਹੇ ਹਨ, ਨਾ ਕਿ ਇਸੇ ਗੋਲੀ ਦੇ ਨਵੇਂ ਅਮਲੀ ਬਣਨ ਲਈ। ਇਸ ਵੇਲੇ 500 ਤੋਂ ਵਧੇਰੇ ਸਰਕਾਰੀ ਸੈਂਟਰ ਇਸ ਦਿਸ਼ਾ ਵਿੱਚ ਕੰਮ ਕਰ ਰਹੇ ਹਨ, ਜਿਨ੍ਹਾਂ ਵਿੱਚ ਹੁਣ ਤੱਕ ਲਗਭਗ 10 ਲੱਖ ਤੋਂ ਵੱਧ ਮਰੀਜ਼ ਰਜਿਸਟਰਡ ਹੋ ਚੁੱਕੇ ਹਨ ਅਤੇ ਇਹ ਅੰਕੜਾ ਦਿਨ-ਬ-ਦਿਨ ਵਧ ਰਿਹਾ ਹੈ। ਸਮਾਜ ਵਿੱਚ ਨਸ਼ਿਆਂ ਦੇ ਇਸ ਤੇਜ਼ੀ ਨਾਲ ਪਸਾਰ ਦੇ ਪਿੱਛੇ ਕਈ ਵੱਡੇ ਕਾਰਨ ਕੰਮ ਕਰ ਰਹੇ ਹਨ, ਜਿਨ੍ਹਾਂ ਵਿੱਚ ਵਧ ਰਹੀ ਬੇਰੁਜ਼ਗਾਰੀ, ਭਵਿੱਖ ਦੀ ਅਨਿਸਚਿਤਤਾ, ਬੁਰੀ ਸੰਗਤ, ਅੰਨ੍ਹੀ ਦਿਖਾਵੇਬਾਜ਼ੀ, ਪੱਛਮੀ ਸੱਭਿਆਚਾਰ ਦੀ ਅੰਨ੍ਹੀ ਨਕਲ ਅਤੇ ਫਿਲਮਾਂ ਜਾਂ ਗੀਤਾਂ ਵਿੱਚ ਨਸ਼ਿਆਂ ਨੂੰ ਬੜੇ ਗਲੈਮਰਾਈਜ਼ਡ (ਵਡਿਆਈ) ਤਰੀਕੇ ਨਾਲ ਪੇਸ਼ ਕਰਨਾ ਸ਼ਾਮਲ ਹਨ। ਇਸ ਦੇ ਨਾਲ ਹੀ ਨਸ਼ਾ ਤਸਕਰਾਂ ਦਾ ਮਜ਼ਬੂਤ ਅਤੇ ਚਲਾਕ ਨੈੱਟਵਰਕ ਵੀ ਨੌਜਵਾਨਾਂ ਤੱਕ ਇਸ ਜ਼ਹਿਰ ਨੂੰ ਬੜੀ ਆਸਾਨੀ ਨਾਲ ਪਹੁੰਚਾਉਣ ਵਿੱਚ ਸਫ਼ਲ ਹੋ ਰਿਹਾ ਹੈ। ਇਸ ਨਾਮੁਰਾਦ ਬਿਮਾਰੀ ਅਤੇ ਸਮੱਸਿਆ ਦੇ ਖ਼ਾਤਮੇ ਲਈ ਕੇਵਲ ਸਰਕਾਰੀ ਕਾਨੂੰਨਾਂ ਜਾਂ ਪੁਲਸ ਪ੍ਰਸ਼ਾਸਨ ਦੇ ਭਰੋਸੇ ਨਹੀਂ ਬੈਠਿਆ ਜਾ ਸਕਦਾ, ਬਲਕਿ ਸਮਾਜ ਨੂੰ ਖ਼ੁਦ ਆਪਣੀ ਜ਼ਿੰਮੇਵਾਰੀ ਸਮਝਦਿਆਂ ਇੱਕਜੁੱਟ ਹੋ ਕੇ ਖੜ੍ਹੇ ਹੋਣਾ ਪਵੇਗਾ। ਜਦੋਂ ਤੱਕ ਸਮਾਜ ਦਾ ਹਰ ਇੱਕ ਨਾਗਰਿਕ ਨਸ਼ੇ ਦੇ ਖ਼ਿਲਾਫ਼ ਇੱਕ ਅੰਦੋਲਨ ਵਾਂਗ ਆਵਾਜ਼ ਨਹੀਂ ਉਠਾਏਗਾ, ਉਦੋਂ ਤੱਕ ਇਸ ਲਾਹਨਤ ਨੂੰ ਜੜ੍ਹੋਂ ਪੁੱਟਣਾ ਅਸੰਭਵ ਹੈ।

ਸਾਨੂੰ ਆਪਣੇ ਆਲੇ-ਦੁਆਲੇ ਅਤੇ ਖ਼ਾਸ ਕਰਕੇ ਨੌਜਵਾਨਾਂ ਨੂੰ ਨਸ਼ੇ ਦੇ ਇਨ੍ਹਾਂ ਘਾਤਕ ਪ੍ਰਭਾਵਾਂ ਪ੍ਰਤੀ ਲਗਾਤਾਰ ਜਾਗਰੂਕ ਕਰਨਾ ਹੋਵੇਗਾ। ਇਸ ਵੱਡੀ ਮੁਹਿੰਮ ਵਿੱਚ ਗੈਰ-ਸਰਕਾਰੀ ਅਤੇ ਸਮਾਜ ਸੇਵੀ ਸੰਸਥਾਵਾਂ ਇੱਕ ਮੀਲ ਪੱਥਰ ਸਾਬਤ ਹੋ ਸਕਦੀਆਂ ਹਨ। ਇਨ੍ਹਾਂ ਸੰਸਥਾਵਾਂ ਨੂੰ ਪਿੰਡ-ਪਿੰਡ ਅਤੇ ਸ਼ਹਿਰ-ਸ਼ਹਿਰ ਜਾ ਕੇ ਨਸ਼ਾ ਮੁਕਤੀ ਦੇ ਵਿਸ਼ੇਸ਼ ਕੈਂਪ ਲਗਾਉਣੇ ਚਾਹੀਦੇ ਹਨ ਅਤੇ ਜੋ ਨੌਜਵਾਨ ਇਸ ਦਲਦਲ ਵਿੱਚ ਫਸ ਚੁੱਕੇ ਹਨ, ਉਨ੍ਹਾਂ ਨੂੰ ਸਹੀ ਮਨੋਵਿਗਿਆਨਕ ਕਾਉਂਸਲਿੰਗ ਅਤੇ ਡਾਕਟਰੀ ਇਲਾਜ ਮੁਹੱਈਆ ਕਰਵਾ ਕੇ ਦੁਬਾਰਾ ਸਮਾਜ ਦੀ ਮੁੱਖ ਧਾਰਾ ਵਿੱਚ ਸਤਿਕਾਰਯੋਗ ਥਾਂ ਦਿਵਾਉਣ ਲਈ ਸੁਹਿਰਦ ਯਤਨ ਕਰਨੇ ਚਾਹੀਦੇ ਹਨ। ਅੱਜ ਦੇ ਇਸ ਡਿਜੀਟਲ ਦੌਰ ਵਿੱਚ ਮੀਡੀਆ (ਟੀ ਵੀ, ਅਖ਼ਬਾਰ ਅਤੇ ਸੋਸ਼ਲ ਮੀਡੀਆ) ਇੱਕ ਬਹੁਤ ਹੀ ਤਾਕਤਵਰ ਅਤੇ ਪ੍ਰਭਾਵਸ਼ਾਲੀ ਹਥਿਆਰ ਹੈ। ਮੀਡੀਆ ਨੂੰ ਆਪਣੇ ਵਪਾਰਕ ਹਿੱਤਾਂ ਤੋਂ ਉਪਰ ਉੱਠ ਕੇ ਨਸ਼ਿਆਂ ਦੇ ਖ਼ਿਲਾਫ਼ ਵਿਸ਼ੇਸ਼ ਅਤੇ ਨਿਰੰਤਰ ਮੁਹਿੰਮਾਂ ਚਲਾਉਣੀਆਂ ਚਾਹੀਦੀਆਂ ਹਨ। ਪਰਵਾਰ ਅਤੇ ਸਕੂਲ ਕਿਸੇ ਵੀ ਬੱਚੇ ਦੇ ਜੀਵਨ ਦੀ ਪਹਿਲੀ ਅਤੇ ਸਭ ਤੋਂ ਅਹਿਮ ਪਾਠਸ਼ਾਲਾ ਹੁੰਦੇ ਹਨ। ਇਸ ਲਈ ਮਾਪਿਆਂ ਦਾ ਫ਼ਰਜ਼ ਬਣਦਾ ਹੈ ਕਿ ਉਹ ਆਪਣੇ ਬੱਚਿਆਂ ਦੇ ਬਦਲਦੇ ਵਿਹਾਰ, ਉਨ੍ਹਾਂ ਦੀਆਂ ਆਦਤਾਂ ਅਤੇ ਉਨ੍ਹਾਂ ਦੀ ਸੰਗਤ 'ਤੇ ਤਿੱਖੀ ਨਜ਼ਰ ਰੱਖਣ। ਘਰ ਦੇ ਅੰਦਰ ਇੱਕ ਦੋਸਤਾਨਾ ਅਤੇ ਸੁਰੱਖਿਅਤ ਮਾਹੌਲ ਸਿਰਜਿਆ ਜਾਵੇ, ਤਾਂ ਜੋ ਬੱਚੇ ਬਿਨਾਂ ਕਿਸੇ ਡਰ ਦੇ ਆਪਣੀਆਂ ਮੁਸ਼ਕਲਾਂ ਮਾਪਿਆਂ ਨਾਲ ਸਾਂਝੀਆਂ ਕਰ ਸਕਣ। ਇਸ ਦੇ ਨਾਲ ਹੀ ਅਧਿਆਪਕਾਂ ਨੂੰ ਵੀ ਸਕੂਲਾਂ ਵਿੱਚ ਨੈਤਿਕ ਅਤੇ ਸਮਾਜਿਕ ਸਿੱਖਿਆ ਰਾਹੀਂ ਬੱਚਿਆਂ ਦੇ ਮਨਾਂ ਵਿੱਚ ਸ਼ੁਰੂਆਤੀ ਦੌਰ ਤੋਂ ਹੀ ਨਸ਼ਿਆਂ ਪ੍ਰਤੀ ਨਫ਼ਰਤ ਅਤੇ ਚੰਗੀ ਸਿਹਤ ਪ੍ਰਤੀ ਪਿਆਰ ਪੈਦਾ ਕਰਨਾ ਚਾਹੀਦਾ ਹੈ। ਸਰਕਾਰ ਅਤੇ ਪੁਲਸ ਪ੍ਰਸ਼ਾਸਨ ਨੂੰ ਨਸ਼ੇ ਦੇ ਵਪਾਰੀਆਂ ਅਤੇ ਤਸਕਰਾਂ (ਸਮਗਲਰਾਂ) ਵਿਰੁੱਧ ਜ਼ੀਰੋ-ਟਾਲਰੈਂਸ (ਸਖ਼ਤ ਨੀਤੀ) ਦੀ ਨੀਤੀ ਅਪਣਾਉਣੀ ਪਵੇਗੀ, ਕਿਉਂਕਿ ਨਸ਼ਿਆਂ ਦੀ ਸਪਲਾਈ ਚੇਨ ਨੂੰ ਬੇਰਹਿਮੀ ਨਾਲ ਤੋੜਨਾ ਹੀ ਇਸ ਸਮੱਸਿਆ ਦਾ ਸਭ ਤੋਂ ਪਹਿਲਾ ਸਮਾਧਾਨ ਹੈ। ਇਸ ਦੇ ਨਾਲ ਹੀ ਮੌਜੂਦਾ ਨਸ਼ਾ ਮੁਕਤੀ ਕੇਂਦਰਾਂ ਦੀ ਹਾਲਤ ਵਿੱਚ ਸੁਧਾਰ ਕਰਨਾ ਅਤੇ ਉੱਥੇ ਮਰੀਜ਼ਾਂ ਨਾਲ ਮਨੁੱਖੀ ਵਿਹਾਰ ਦੇ ਨਾਲ ਸਹੀ ਇਲਾਜ ਯਕੀਨੀ ਬਣਾਉਣਾ ਵੀ ਸਰਕਾਰ ਦੀ ਇੱਕ ਵੱਡੀ ਜ਼ਿੰਮੇਵਾਰੀ ਹੈ। ਇਸ ਸਭ ਦੇ ਨਾਲ, ਨੌਜਵਾਨਾਂ ਲਈ ਰੁਜ਼ਗਾਰ ਅਤੇ ਖੇਡਾਂ ਦੇ ਨਵੇਂ ਮੌਕੇ ਪੈਦਾ ਕਰਨਾ ਉਨ੍ਹਾਂ ਦੀ ਊਰਜਾ ਨੂੰ ਸਹੀ ਪਾਸੇ ਲਗਾਉਣ ਅਤੇ ਉਨ੍ਹਾਂ ਨੂੰ ਨਸ਼ਿਆਂ ਦੇ ਖ਼ੂਨੀ ਰਾਹ ਤੋਂ ਮੋੜਨ ਵਿੱਚ ਸਭ ਤੋਂ ਕਾਰਗਰ ਹਥਿਆਰ ਸਾਬਤ ਹੋਵੇਗਾ।

ਸਿੱਟਾ ਇਹੋ ਨਿਕਲਦਾ ਹੈ ਕਿ ਨਸ਼ਾ ਸੱਚਮੁੱਚ ਮਨੁੱਖਤਾ ਦਾ ਸਭ ਤੋਂ ਬੇਰਹਿਮ ਦੁਸ਼ਮਣ ਹੈ, ਜੋ ਹੌਲੀ-ਹੌਲੀ ਸਾਡੇ ਪੂਰੇ ਸਮਾਜਿਕ ਤਾਣੇ-ਬਾਣੇ ਨੂੰ ਅੰਦਰੋਂ ਖੋਖਲਾ ਕਰ ਰਿਹਾ ਹੈ। ਆਓ, ਅਸੀਂ ਸਾਰੇ ਮਿਲ ਕੇ ਇਹ ਪਵਿੱਤਰ ਪ੍ਰਣ ਕਰੀਏ ਕਿ ਨਸ਼ਿਆਂ ਨੂੰ ਜ਼ਿੰਦਗੀ ਵਿੱਚ ਹਮੇਸ਼ਾ ਲਈ ਨਾ ਕਹਾਂਗੇ ਅਤੇ ਇੱਕ ਤੰਦਰੁਸਤ, ਹੱਸਦੇ-ਖੇਡਦੇ, ਖ਼ੁਸ਼ਹਾਲ ਅਤੇ ਨਸ਼ਾ ਮੁਕਤ ਸਮਾਜ ਦੇ ਨਿਰਮਾਣ ਵਿੱਚ ਆਪਣੀ ਇਮਾਨਦਾਰੀ ਨਾਲ ਯੋਗਦਾਨ ਪਾਵਾਂਗੇ।

**# ਸੰਪਰਕ : 62831-16797**

# ਅੰਤਰਰਾਜੀ ਅਸਲਾ ਤਸਕਰੀ ਗਰੋਹ ਦੇ 4 ਮੈਂਬਰ 15 ਪਿਸਤੌਲਾਂ ਸਮੇਤ ਕਾਬੂ

## ਫਲਿੱਪਕਾਰਟ ਦੀ ਵਰਦੀ ਪਾ ਕੇ ਕਰਦੇ ਸਨ ਤਸਕਰੀ



ਪਟਿਆਲਾ (ਰਾਜਿੰਦਰ ਸਿੰਘ ਥਿੰਦ)

ਪੁਲਸ ਨੇ ਇੱਕ ਵੱਡੀ ਸਫ਼ਲਤਾ ਹਾਸਲ ਕਰਦਿਆਂ ਅੰਤਰਰਾਜੀ ਅਸਲਾ ਤਸਕਰੀ ਗਰੋਹ ਦਾ ਪਰਦਾਫਾਸ਼ ਕੀਤਾ ਹੈ।ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਗਰੋਹ ਦੇ 4 ਸਰਗਰਮ ਮੈਂਬਰਾਂ ਨੂੰ 15 ਨਾਜਾਇਜ਼ ਪਿਸਤੌਲਾਂ (.32 ਬੋਰ) ਤੇ 30 ਜਿੰਦਾ ਕਾਰਤੂਸਾਂ ਸਮੇਤ ਗ੍ਰਿਫ਼ਤਾਰ ਕਰਕੇ ਵੱਡੀ ਸਫ਼ਲਤਾ ਪ੍ਰਾਪਤ ਕੀਤੀ ਹੈ।ਇਹ ਮੁਲਜ਼ਮ ਮੱਧ ਪ੍ਰਦੇਸ਼ ਦੇ ਅੰਦਰੂਨੀ ਇਲਾਕਿਆਂ ਵਿੱਚੋਂ ਸਸਤੇ ਭਾਅ 'ਤੇ ਅਸਲਾ ਲਿਆ ਕੇ ਪੰਜਾਬ ਦੇ ਵੱਖ-ਵੱਖ ਗੈਂਗਸਟਰਾਂ ਤੇ ਅਪਰਾਧਿਕ ਅਨਸਰਾਂ ਨੂੰ ਮਹਿੰਗੇ ਮੁੱਲ 'ਤੇ ਸਪਲਾਈ ਕਰਦੇ ਸਨ।ਇਹ ਗਰੋਹ ਨਾਮੀ ਗੈਂਗਸਟਰ ਸੋਨੂੰ ਖੱਤਰੀ ਦੇ ਸਿੱਧੇ ਸੰਪਰਕ ਵਿੱਚ ਸੀ ਤੇ ਪੰਜਾਬ ਵਿੱਚ ਕਿਸੇ ਵੱਡੀ ਵਾਰਦਾਤ ਨੂੰ ਅੰਜਾਮ ਦੇਣ ਦੀ ਫ਼ਿਰਾਕ ਵਿੱਚ ਸੀ।ਐੱਸ.ਐੱਸ.ਪੀ. ਵਰੁਣ ਸ਼ਰਮਾ ਨੇ ਦੱਸਿਆ ਕਿ ਇੰਚਾਰਜ ਸੀ.ਆਈ.ਏ. ਪਟਿਆਲਾ ਪ੍ਰਦੀਪ ਸਿੰਘ ਬਾਜਵਾ ਤੇ ਥਾਣਾ ਸਦਰ ਰਾਜਪੁਰਾ ਦੇ ਮੁੱਖ ਅਫ਼ਸਰ ਕਿਰਪਾਲ ਸਿੰਘ ਦੀ ਅਗਵਾਈ ਵਾਲੀ ਟੀਮ ਨੇ ਗੁਪਤ ਸੂਚਨਾ ਦੇ ਆਧਾਰ 'ਤੇ ਰਾਜਪੁਰਾ ਦੇ ਨੈਸ਼ਨਲ ਹਾਈਵੇ ਨੇੜੇ ਬਸੰਤਪੁਰਾ ਤੋਂ ਇਨ੍ਹਾਂ ਮੁਲਜ਼ਮਾਂ ਨੂੰ ਦਬੋਚਿਆ।ਮੁਲਜ਼ਮਾਂ ਦੀ ਪਛਾਣ ਵਿਸ਼ਾਲ ਵਾਸੀ ਪਿੰਡ ਗੜ੍ਹਦੀਵਾਲਾ ਜ਼ਿਲ੍ਹਾ ਹੁਸ਼ਿਆਰਪੁਰ, ਸੁਭਾਸ਼ ਵਾਸੀ ਬਰੇਲੀ (ਉੱਤਰ ਪ੍ਰਦੇਸ਼), ਜਿੰਦਰ ਉਰਫ਼ ਸਾਗਰ ਵਾਸੀ ਪਿੰਡ ਟੱਲਾ ਥਾਣਾ ਟਾਂਡਾ ਜ਼ਿਲ੍ਹਾ ਹੁਸ਼ਿਆਰਪੁਰ ਤੇ ਬਾਦਲ ਕੁਮਾਰ ਵਾਸੀ ਭਾਰਗਵ ਕੈਂਪ ਥਾਣਾ ਰਾਮਾ ਮੰਡੀ ਜ਼ਿਲ੍ਹਾ ਜਲੰਧਰ ਵਜੋਂ ਹੋਈ ਹੈ।ਐੱਸ.ਐੱਸ.ਪੀ. ਨੇ ਦੱਸਿਆ ਕਿ ਫੜੇ ਗਏ ਸਾਰੇ ਮੁਲਜ਼ਮ 20 ਤੋਂ 21 ਸਾਲ ਦੀ ਉਮਰ ਦੇ ਨੌਜਵਾਨ ਹਨ, ਜੋ ਜਲਦੀ ਪੈਸਾ ਕਮਾਉਣ ਦੀ ਲਾਲਸਾ ਵਿੱਚ ਹਥਿਆਰਾਂ ਦੀ ਤਸਕਰੀ ਦੇ ਕਾਰੋਬਾਰ ਵਿੱਚ ਫਸ ਗਏ।ਪੁਲਸ ਤੇ ਕਾਨੂੰਨ ਦੀਆਂ ਅੱਖਾਂ ਵਿੱਚ ਧੂੜ ਪਾਉਣ ਲਈ ਇਹ ਮੁਲਜ਼ਮ ਫਲਿੱਪਕਾਰਟ ਜਾਂ ਹੋਰ ਡਿਲਿਵਰੀ ਸਿਸਟਮ ਦੇ ਕਰਮਚਾਰੀਆਂ ਦੀ ਵਰਦੀ ਪਹਿਨ ਕੇ ਬੱਸਾਂ ਤੇ ਰੇਲ ਗੱਡੀਆਂ ਰਾਹੀਂ ਸਫ਼ਰ ਕਰਦੇ ਸਨ, ਤਾਂ ਜੋ ਕੋਈ ਇਨ੍ਹਾਂ 'ਤੇ ਸ਼ੱਕ ਨਾ ਕਰ ਸਕੇ।ਹਥਿਆਰਾਂ ਨੂੰ ਡਿਲਿਵਰੀ ਕਾਰਡਾਂ ਤੇ ਪੁਰਾਣੇ ਡੱਬਿਆਂ ਵਿੱਚ ਫਿੱਟ ਕੀਤਾ ਜਾਂਦਾ ਸੀ।

ਪੁਲਸ ਮੁਤਾਬਕ ਇਹ ਗਰੋਹ ਖ਼ਤਰਨਾਕ ਗੈਂਗਸਟਰ ਸੋਨੂੰ ਖੱਤਰੀ ਦੇ ਨਜ਼ਦੀਕੀ ਸੰਪਰਕ ਵਿੱਚ ਸੀ, ਜੋ ਕਿ ਇਸ ਵੇਲੇ ਜੇਲ੍ਹ ਵਿੱਚ ਬੰਦ ਹੈ।ਸੋਨੂੰ ਖੱਤਰੀ ਖ਼ਿਲਾਫ਼ ਕਤਲ, ਇਰਾਦਾ ਕਤਲ, ਡਕੈਤੀ, ਅਗਵਾ ਅਤੇ ਲੁੱਟ-ਖੋਹ ਵਰਗੇ ਕਈ ਸੰਗੀਨ ਮੁਕੱਦਮੇ ਦਰਜ ਹਨ। ਬਰਾਮਦ ਕੀਤੇ ਗਏ ਹਥਿਆਰ ਸੋਨੂੰ ਖੱਤਰੀ ਗੈਂਗ ਦੇ ਮੈਂਬਰਾਂ ਨੂੰ ਹੀ ਸਪਲਾਈ ਕੀਤੇ ਜਾਣੇ ਸਨ, ਜਿਨ੍ਹਾਂ ਨਾਲ ਪੰਜਾਬ ਵਿੱਚ ਕਿਸੇ ਵੱਡੀ ਖ਼ੂਨੀ ਵਾਰਦਾਤ ਨੂੰ ਅੰਜਾਮ ਦਿੱਤਾ ਜਾਣਾ ਸੀ।

# ਮਨਰੇਗਾ ਮਜ਼ਦੂਰ ਗੁਰਬਤ ਦੀ ਜ਼ਿੰਦਗੀ ਜਿਉਣ ਲਈ ਮਜਬੂਰ : ਕਾਮਰੇਡ ਖੁਸ਼ੀਆ ਸਿੰਘ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਭਾਰਤੀ ਕਮਿਊਨਿਸਟ ਪਾਰਟੀ (ਸੀ.ਪੀ.ਆਈ.) ਦੀ ਇੱਕ ਅਹਿਮ ਮੀਟਿੰਗ ਜ਼ਿਲ੍ਹਾ ਕੌਂਸਲ ਮੈਂਬਰ ਪਰਮਜੀਤ ਸਿੰਘ ਗਾਂਧੀ ਦੀ ਅਗਵਾਈ ਹੇਠ ਮਹਿਲ ਕਲਾਂ ਵਿਖੇ ਹੋਈ।ਮੀਟਿੰਗ ਦੌਰਾਨ ਪੰਜਾਬ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਤੇ ਵੱਖ-ਵੱਖ ਵਰਗਾਂ ਦੀਆਂ ਲਟਕਦੀਆਂ ਮੰਗਾਂ 'ਤੇ ਗੰਭੀਰ ਚਰਚਾ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਖੁਸ਼ੀਆ ਸਿੰਘ ਨੇ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਦੇ ਅਸਲ ਮੁੱਦਿਆਂ ਵੱਲ ਕੋਈ ਧਿਆਨ ਨਹੀਂ ਦਿੱਤਾ ਜਾ ਰਿਹਾ।ਪੰਜਾਬ ਦੀ ਵੱਡੀ ਆਬਾਦੀ ਮਹਿੰਗਾਈ, ਬੇਰੁਜ਼ਗਾਰੀ ਤੇ ਆਰਥਿਕ ਤੰਗੀ ਨਾਲ ਜੂਝ ਰਹੀ ਹੈ, ਜਦਕਿ ਸਰਕਾਰ ਲੋਕ ਭਲਾਈ ਦੇ ਵਾਅਦਿਆਂ ਨੂੰ ਪੂਰਾ ਕਰਨ ਵਿੱਚ ਅਸਫ਼ਲ ਰਹੀ ਹੈ।

ਉਨ੍ਹਾਂ ਕਿਹਾ ਕਿ ਪਿਛਲੇ ਅੱਠ ਮਹੀਨੇ ਤੋਂ ਮਨਰੇਗਾ ਤਹਿਤ ਮਜ਼ਦੂਰਾਂ ਨੂੰ ਰੁਜ਼ਗਾਰ ਨਹੀਂ ਮਿਲ ਰਿਹਾ ਤੇ ਕੇਂਦਰ ਤੇ ਰਾਜ ਸਰਕਾਰਾਂ ਵੱਲੋਂ ਇਸ ਯੋਜਨਾ ਨੂੰ ਠੱਪ ਕੀਤਾ ਜਾ ਰਿਹਾ ਹੈ।ਪੰਜਾਬ ਸਰਕਾਰ ਵੱਲੋਂ ਦਿੱਤੇ ਜਾਣ ਵਾਲੇ ਬਕਾਏ ਭੱਤੇ ਤੇ ਹੋਰ ਲਾਭ ਵੀ ਕਈ ਮਹੀਨਿਆਂ ਤੋਂ ਬੰਦ ਪਏ ਹਨ, ਜਿਸ ਕਾਰਨ ਮਜ਼ਦੂਰ ਵਰਗ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਤਹਿਸੀਲ ਸਕੱਤਰ ਕਾਮਰੇਡ ਬਚਨ ਸਿੰਘ ਖਿਆਲੀ ਨੇ ਕਿਹਾ ਕਿ ਬਰਸਾਤ ਤੋਂ ਪਹਿਲਾਂ ਪੇਂਡੂ ਖੇਤਰਾਂ ਵਿੱਚ ਨਾਲਿਆਂ, ਛੱਪੜਾਂ ਤੇ ਡਰੇਨਾਂ ਦੀ ਸਫ਼ਾਈ ਲਈ ਮਜ਼ਦੂਰਾਂ ਨੂੰ ਕੰਮ ਦਿੱਤਾ ਜਾਣਾ ਚਾਹੀਦਾ ਸੀ, ਪਰ ਸਰਕਾਰ ਵੱਲੋਂ ਇਸ ਪਾਸੇ ਕੋਈ ਧਿਆਨ ਨਹੀਂ ਦਿੱਤਾ ਗਿਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਕੀਤੇ ਗਏ ਕਈ ਐਲਾਨ ਅਜੇ ਤੱਕ ਅਮਲ ਵਿੱਚ ਨਹੀਂ ਲਿਆਂਦੇ ਗਏ।ਮੀਟਿੰਗ ਦੌਰਾਨ ਗ੍ਰਾਮ ਸੇਵਕਾਂ ਦੀ ਲੰਬੇ ਸਮੇਂ ਤੋਂ ਚੱਲ ਰਹੀ ਹੜਤਾਲ ਦਾ ਵੀ ਜ਼ਿਕਰ ਕੀਤਾ ਗਿਆ।ਆਗੂਆਂ ਨੇ ਕਿਹਾ ਕਿ ਗ੍ਰਾਮ ਸੇਵਕਾਂ ਦੀਆਂ ਜਾਇਜ਼ ਮੰਗਾਂ ਨੂੰ ਮੰਨਣ ਦੀ ਬਜਾਏ ਸਰਕਾਰ ਟਾਲਮਟੋਲ ਦੀ ਨੀਤੀ ਅਪਣਾ ਰਹੀ ਹੈ, ਜਿਸ ਕਾਰਨ ਪਿੰਡਾਂ ਦੇ ਵਿਕਾਸ ਕਾਰਜ ਪ੍ਰਭਾਵਿਤ ਹੋ ਰਹੇ ਹਨ।ਕਾਮਰੇਡ ਪਰਮਜੀਤ ਦਰਦੀ ਨੇ ਕਿਹਾ ਕਿ ਅੱਜ ਪੰਜਾਬ ਦਾ ਹਰ ਵਰਗ ਕਿਸਾਨ, ਮਜ਼ਦੂਰ, ਮੁਲਾਜ਼ਮ, ਨੌਜਵਾਨ ਤੇ ਛੋਟਾ ਵਪਾਰੀ ਸਰਕਾਰ ਦੀਆਂ ਨੀਤੀਆਂ ਤੋਂ ਬੇਹੱਦ ਦੁਖੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਸਿਰ ਚੜ੍ਹਦੇ ਕਰਜ਼ੇ, ਬੇਰੁਜ਼ਗਾਰੀ ਤੇ ਵਧ ਰਹੀ ਮਹਿੰਗਾਈ ਕਾਰਨ ਲੋਕਾਂ ਦੀ ਜ਼ਿੰਦਗੀ ਹੋਰ ਦੁੱਭਰ ਬਣਦੀ ਜਾ ਰਹੀ ਹੈ।ਸੀ.ਪੀ.ਆਈ. ਆਗੂਆਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਮਨਰੇਗਾ ਮਜ਼ਦੂਰਾਂ ਨੂੰ ਪੂਰਾ ਰੁਜ਼ਗਾਰ ਦਿੱਤਾ ਜਾਵੇ, ਬਕਾਇਆ ਭੱਤੇ ਤੁਰੰਤ ਜਾਰੀ ਕੀਤੇ ਜਾਣ, ਗ੍ਰਾਮ ਸੇਵਕਾਂ ਦੀਆਂ ਮੰਗਾਂ ਮੰਨੀਆਂ ਜਾਣ ਤੇ ਕਿਰਤੀ ਲੋਕਾਂ ਨਾਲ ਕੀਤੇ ਚੋਣ ਵਾਅਦਿਆਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾਵੇ।

# ਸਕੂਲ ਦੇ ਗੈਰੇਜ 'ਚ ਖੜ੍ਹੀਆਂ 3 ਵੈਨਾਂ ਅੱਗ ਲੱਗਣ ਕਾਰਨ ਸੜ ਕੇ ਸੁਆਹ

## ਬੱਚਿਆਂ 'ਚ ਡਰ ਦਾ ਮਾਹੌਲ, ਸਕੂਲ ਪ੍ਰਸ਼ਾਸਨ ਨੇ ਧਾਰੀ ਚੁੱਪੀ

ਸਮਾਣਾ (ਇਕਬਾਲ ਸਿੰਘ ਬੱਲ)-ਸਥਾਨਕ ਲਿੰਕ ਰੋਡ ਬਾਹਮਣਾ ਸਥਿਤ ਸੈਂਟ ਥਰੇਸਾ ਕਾਨਵੈਂਟ ਸਕੂਲ ਦੇ ਗੈਰੇਜ ਵਿੱਚ ਖੜ੍ਹੀਆਂ ਤਿੰਨ ਸਕੂਲੀ ਵੈਨਾਂ ਨੂੰ ਅਚਾਨਕ ਭਿਆਨਕ ਅੱਗ ਲੱਗਣ ਕਾਰਨ ਉਹ ਬੁਰੀ ਤਰ੍ਹਾਂ ਸੜ ਕੇ ਸੁਆਹ ਹੋ ਗਈਆਂ।ਇਸ ਹਾਦਸੇ ਤੋਂ ਬਾਅਦ ਸਕੂਲ ਵਿੱਚ ਪੜ੍ਹਨ ਵਾਲੇ ਬੱਚਿਆਂ ਤੇ ਮਾਪਿਆਂ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਬਣਿਆ ਹੋਇਆ ਹੈ।ਮਾਮਲੇ ਸਬੰਧੀ ਜਾਣਕਾਰੀ ਦਿੰਦਿਆਂ ਫਾਇਰ ਅਫ਼ਸਰ ਰਜਿੰਦਰ ਸਿੰਘ ਨੇ ਦੱਸਿਆ ਕਿ ਰਾਤ ਦੇ ਸਮੇਂ ਉਨ੍ਹਾਂ ਨੂੰ ਸੈਂਟ ਥਰੇਸਾ ਸਕੂਲ ਵਿੱਚ ਅੱਗ ਲੱਗਣ ਬਾਰੇ ਸੂਚਨਾ ਮਿਲੀ ਸੀ।ਫ਼ੋਨ ਆਉਂਦੇ ਸਾਰ ਹੀ ਫਾਇਰ ਬ੍ਰਿਗੇਡ ਦੀ ਗੱਡੀ ਤੁਰੰਤ ਮੌਕੇ 'ਤੇ ਰਵਾਨਾ ਕੀਤੀ ਗਈ।ਫਾਇਰ ਕਰਮਚਾਰੀਆਂ ਵੱਲੋਂ ਸਖ਼ਤ ਮੁਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ, ਪਰ ਜਦੋਂ ਤੱਕ ਅੱਗ ਬੁਝਾਈ ਗਈ, ਉਦੋਂ ਤੱਕ ਤਿੰਨੇ ਵੈਨਾਂ ਸੜ ਚੁੱਕੀਆਂ ਸਨ।ਜ਼ਿਕਰਯੋਗ ਹੈ ਕਿ ਇਹ ਤਿੰਨੋਂ ਵੈਨਾਂ ਸਕੂਲ ਦੇ ਅੰਦਰ ਬਣੇ ਗੈਰੇਜ ਵਿੱਚ ਖੜ੍ਹੀਆਂ ਸਨ ਤੇ ਗੈਰੇਜ ਦੇ ਸ਼ਟਰ ਪੂਰੀ ਤਰ੍ਹਾਂ ਬੰਦ ਸਨ।ਬੰਦ ਗੈਰੇਜ ਦੇ ਅੰਦਰ ਵੈਨਾਂ ਨੂੰ ਅੱਗ ਕਿਵੇਂ ਲੱਗੀ, ਇਸ ਦੇ ਅਸਲ ਕਾਰਨਾਂ ਦਾ ਅਜੇ ਤੱਕ ਕੁਝ ਪਤਾ ਨਹੀਂ ਲੱਗ ਸਕਿਆ ਹੈ।ਸੜੀਆਂ ਹੋਈਆਂ ਵੈਨਾਂ ਵਿੱਚੋਂ ਪਹਿਲੀ ਵੈਨ ਦਾ ਨੰਬਰ : ਪੀ ਬੀ 42 ਡੀ 8337, ਦੂਜੀ ਵੈਨ ਦਾ ਨੰਬਰ : ਪੀ ਬੀ 11 ਡੀ ਐੱਫ 9319, ? ਤੀਜੀ ਵੈਨ ਦੇ ਨੰਬਰ ਬਾਰੇ ਅਜੇ ਕੋਈ ਪਤਾ ਨਹੀਂ ਲੱਗ ਸਕਿਆ। ?ਇਸ ਪੂਰੀ ਘਟਨਾ ਨੂੰ ਲੈ ਕੇ ਜਦੋਂ ਸਕੂਲ ਦੀ ਪ੍ਰਿੰਸੀਪਲ ਨਾਲ ਉਨ੍ਹਾਂ ਦੇ ਮੋਬਾਈਲ ਫ਼ੋਨ 'ਤੇ ਵਾਰ-ਵਾਰ ਸੰਪਰਕ ਕਰਕੇ ਉਨ੍ਹਾਂ ਦਾ ਪੱਖ ਜਾਨਣ ਦੀ ਕੋਸ਼ਿਸ਼ ਕੀਤੀ ਗਈ, ਤਾਂ ਉਨ੍ਹਾਂ ਵੱਲੋਂ ਫ਼ੋਨ ਨਹੀਂ ਚੁੱਕਿਆ ਗਿਆ, ਜਿਸ ਕਾਰਨ ਸਕੂਲ ਪ੍ਰਬੰਧਕਾਂ ਦਾ ਪੱਖ ਸਾਹਮਣੇ ਨਹੀਂ ਆ ਸਕਿਆ।ਅੱਗ ਲੱਗਣ ਦੀ ਇਸ ਘਟਨਾ ਨੇ ਸਕੂਲ ਸੁਰੱਖਿਆ ਪ੍ਰਬੰਧਾਂ 'ਤੇ ਵੀ ਸਵਾਲ ਖੜ੍ਹੇ ਕਰ ਦਿੱਤੇ ਹਨ।

# ਮਹੰਤ ਸੱਤ ਮੁਨੀ ਦੀ ਨਿਯੁਕਤੀ 'ਤੇ ਖ਼ੁਸ਼ੀ ਦਾ ਇਜ਼ਹਾਰ



ਦਿੜ੍ਹਬਾ (ਜਸਵੀਰ ਲਾਡੀ)-ਮਹੰਤ ਸੱਤ ਮੁਨੀ ਜੀ ਨੂੰ ਉਦਾਸੀ ਭੇਖ ਭਗਵਾਨ ਵੱਲੋਂ ਸਰਬ ਸੰਮਤੀ ਨਾਲ ਸ੍ਰੀ ਪੰਚਾਇਤੀ ਅਖਾੜਾ ਬੜਾ ਉਦਾਸੀਨ ਉੱਤਰ ਪੰਗਤ ਦਾ ਸ੍ਰੀ ਮੰਹਤ ਚੁਣਿਆ ਗਿਆ ਹੈ।ਮੰਹਤ ਸੱਤ ਮੁਨੀ ਜੀ ਦਾ ਸਬੰਧ ਕਾਫ਼ੀ ਸਮੇਂ ਤੱਕ ਬਠਿੰਡਾ ਜ਼ਿਲ੍ਹੇ ਦੇ ਪਿੰਡ ਭਗਤੂਆਣੇ ਨਾਲ ਰਿਹਾ ਹੈ।ਉਨ੍ਹਾਂ ਦੀ ਇਸ ਚੋਣ 'ਤੇ ਮਹੰਤ ਰਾਮਦਾਸ ਡੇਰਾ ਬਾਬਾ ਰੋਟੀ ਚੱਠਾ ਨੰਨਹੇੜਾ, ਮਹੰਤ ਗੁਰਮੁੱਖ ਦਾਸ ਤੇ ਮੰਹਤ ਨਿੱਕੂ ਦਾਸ ਤਰੰਜੀ ਖੇੜਾ ਨੇ ਖ਼ੁਸ਼ੀ ਦਾ ਇਜ਼ਹਾਰ ਕੀਤਾ ਹੈ।

# ਅਪਾਹਜ ਔਰਤ ਦਾ ਦਿਨ ਦਿਹਾੜੇ ਕਤਲ



ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)-ਫਰੀਦਕੋਟ ਦੇ ਮੁਹੱਲਾ ਜਾਨੀਆਂ 'ਚ ਮਾਹੌਲ ਉਸ ਵੇਲੇ ਡਰ ਵਾਲਾ ਬਣ ਗਿਆ, ਜਦੋਂ ਇਕ ਅਪਾਹਜ ਮਹਿਲਾ ਦਾ ਘਰ 'ਚ ਵੜ ਕੇ ਗਲ਼ਾ ਵੱਢ ਕੇ ਕਤਲ ਕਰ ਦਿੱਤਾ।ਇਤਲਾਹ ਮਿਲਣ 'ਤੇ ਪੁਲਸ ਮੌਕੇ 'ਤੇ ਪੁੱਜ ਕੇ ਜਾਂਚ 'ਚ ਜੁਟ ਗਈ ਹੈ।ਜਾਣਕਾਰੀ ਮੁਤਾਬਿਕ ਮ੍ਰਿਤਕ ਨੀਤੂ ਜੋ ਘਰੇਲੂ ਔਰਤ ਸੀ ਤੇ ਅਪਾਹਜ ਸੀ, ਉਸ ਦਾ ਪਤੀ ਪ੍ਰਦੀਪ ਕੁਮਾਰ ਵੀ ਅਪਾਹਜ ਹੈ, ਜੋ ਸਰਕਾਰੀ ਅਧਿਆਪਕ ਹੈ।ਜਦੋਂ ਉਹ ਦੁਪਹਿਰ ਆਪਣੀ ਡਿਊਟੀ ਤੋਂ ਵਾਪਸ ਆਇਆ ਤਾਂ ਦਰਵਾਜ਼ਾ ਖੜਕਾਉਣ 'ਤੇ ਕੋਈ ਬਾਹਰ ਨਾ ਆਉਣ 'ਤੇ ਗੁਆਂਢਣ ਨੂੰ ਦਰਵਾਜ਼ਾ ਖੋਲ੍ਹਣ ਲਈ ਕਿਹਾ।ਜਦੋਂ ਗੁਆਂਢਣ ਨੇ ਦਰਵਾਜ਼ਾ ਖੋਲ੍ਹਿਆ ਤਾਂ ਉਹ ਡਰ ਕੇ ਮਾਰੇ ਬਾਹਰ ਨੂੰ ਭੱਜੀ, ਕਿਉਂਕਿ ਬੈੱਡ ਰੂਮ 'ਚ ਨੀਤੂ ਦੀ ਖ਼ੂਨ ਨਾਲ ਲਥਪਥ ਲਾਸ਼ ਪਈ ਸੀ।ਗਰਦਨ 'ਤੇ ਤੇਜ਼ਧਾਰ ਹਥਿਆਰ ਦਾ ਵਾਰ ਕੀਤਾ ਹੋਇਆ ਸੀ ਤੇ ਪੁਲਸ ਨੂੰ ਸੂਚਨਾ ਦਿੱਤੀ ਗਈ, ਜਿਸ ਤੋਂ ਬਾਅਦ ਪੁਲਸ ਦੀਆਂ ਟੀਮਾਂ ਮੌਕੇ 'ਤੇ ਪੁੱਜ ਕੇ ਜਾਂਚ 'ਚ ਜੁਟ ਗਈਆਂ।ਇਸ ਮੌਕੇ ਪ੍ਰਦੀਪ ਕੁਮਾਰ ਨੇ ਦੱਸਿਆ ਕਿ ਉਹ ਨੌਕਰੀ ਕਰਦਾ ਹੈ ਤੇ ਉਸ ਦੀ ਪਤਨੀ ਘਰੇਲੂ ਔਰਤ ਸੀ ਤੇ ਉਨ੍ਹਾਂ ਦੇ ਦੋਵੇਂ ਬੱਚੇ ਸਕੂਲ ਪੜ੍ਹਨ ਗਏ ਹੋਏ ਸਨ।

ਉਨ੍ਹਾਂ ਕਿਹਾ ਕਿ ਨਾ ਤਾਂ ਸਾਡੀ ਕਿਸੇ ਨਾਲ ਕੋਈ ਰੰਜਿਸ਼ ਹੈ ਤੇ ਨਾ ਹੀ ਘਰ ਵਿੱਚ ਕੁਝ ਅਜਿਹਾ ਸੀ, ਜਿਸ ਦੀ ਚੋਰੀ ਦਾ ਡਰ ਹੋਵੇ, ਪਰ ਫਿਰ ਵੀ ਇੰਨੀ ਬੇਰਹਿਮੀ ਨਾਲ ਕਤਲ ਕਰਨ ਦੀ ਵਜ੍ਹਾ ਨਹੀਂ ਸਮਝ ਆਉਂਦੀ।ਇਸ ਮੌਕੇ ਡੀਐੱਸਪੀ ਤਰਲੋਚਨ ਸਿੰਘ ਨੇ ਦੱਸਿਆ ਕਿ ਸਾਡੀਆਂ ਟੀਮਾਂ ਜਾਂਚ ਵਿੱਚ ਜੁਟ ਚੁੱਕੀਆਂ ਹਨ ਤੇ ਆਸ-ਪਾਸ ਦੇ ਸੀਸੀਟੀਵੀ ਕੈਮਰੇ ਚੈੱਕ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਅਜੇ ਤੱਕ ਕਤਲ ਦੀ ਵਜ੍ਹਾ ਸਾਹਮਣੇ ਨਹੀਂ ਆ ਸਕੀ, ਫਿਰ ਵੀ ਬਾਰੀਕੀ ਨਾਲ ਜਾਂਚ ਕਰ ਕਾਤਲਾਂ ਤੱਕ ਪੁੱਜਿਆ ਜਾਵੇਗਾ।

## ਕਾਤਰਾਂ

### ਹੱਜ ਯਾਤਰਾ ਲਈ ਫਾਰਮ 20 ਤੱਕ ਅਪਲਾਈ ਕਰਨ ਦਾ ਆਖਰੀ ਮੌਕਾ

ਮਾਲੇਰਕੋਟਲਾ (ਅਸਗਰ ਪਰਿਹਾਰ)-ਭਾਰਤ ਸਰਕਾਰ ਦੇ ਘੱਟ ਗਿਣਤੀ ਮਾਮਲਿਆਂ ਦੇ ਮੰਤਰਾਲੇ ਅਧੀਨ ਹੱਜ ਕਮੇਟੀ ਆਫ਼ ਇੰਡੀਆ ਵੱਲੋਂ ਹੱਜ ਯਾਤਰਾ-2027 (1448 ਹਿਜਰੀ) ਲਈ ਅਧਿਕਾਰਤ ਨੋਟੀਫਿਕੇਸ਼ਨ ਜਾਰੀ ਹੋਣ ਤੋਂ ਬਾਅਦ ਪੰਜਾਬ ਭਰ ਦੇ ਮੁਸਲਿਮ ਭਾਈਚਾਰੇ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਪੰਜਾਬ ਭਰ ਦੇ ਚਾਹਵਾਨ ਹੱਜ ਯਾਤਰੀਆਂ ਦੇ ਫਾਰਮ ਭਰਨ ਦੀ ਪ੍ਰਕਿਰਿਆ ਬੀਤੀ 22 ਜੂਨ 2026 ਤੋਂ ਸ਼ੁਰੂ ਹੋ ਚੁੱਕੀ ਹੈ, ਜੋ ਕਿ 20 ਜੁਲਾਈ 2026 ਦੀ ਰਾਤ 11:59 ਵਜੇ ਤੱਕ ਨਿਰੰਤਰ ਜਾਰੀ ਰਹੇਗੀ।ਯਾਤਰੀ ਹੱਜ ਕਮੇਟੀ ਦੀ ਅਧਿਕਾਰਤ ਵੈੱਬਸਾਈਟ ਜਾਂ ਹੱਜ ਸੁਵਿਧਾ ਮੋਬਾਈਲ ਐਪ ਰਾਹੀਂ ਘਰ ਬੈਠੇ ਵੀ ਆਨਲਾਈਨ ਅਪਲਾਈ ਕਰ ਸਕਦੇ ਹਨ।ਮਾਸਟਰ ਅਬਦੁਲ ਅਜ਼ੀਜ਼ ਦੀ ਟੀਮ ਅਨੁਸਾਰ ਹੱਜ ਫਾਰਮ ਭਰਨ ਲਈ ਯਾਤਰੀਆਂ ਕੋਲ ਘੱਟੋ-ਘੱਟ ਯਾਤਰਾ ਦੀ ਮਿਤੀ ਤੱਕ ਵੈਧ ਕੌਮਾਂਤਰੀ ਪਾਸਪੋਰਟ, ਬੈਂਕ ਖਾਤੇ ਦੀ ਕਾਪੀ ਜਾਂ ਕੈਂਸਲ ਚੈੱਕ, ਨਵੀਂ ਖਿੱਚੀ ਗਈ ਚਿੱਟੇ ਪਿਛੋਕੜ ਵਾਲੀ ਪਾਸਪੋਰਟ ਸਾਈਜ਼ ਫੋਟੋ, ਰਿਹਾਇਸ਼ ਦਾ ਸਬੂਤ (ਆਧਾਰ ਕਾਰਡ/ਵੋਟਰ ਕਾਰਡ) ਅਤੇ ਮੋਬਾਈਲ ਨੰਬਰ ਦਸਤਾਵੇਜ਼ ਹੋਣੇ ਲਾਜ਼ਮੀ ਹਨ।

### ਨਸ਼ੀਲੀਆਂ ਗੋਲੀਆਂ ਸਮੇਤ ਨੌਜਵਾਨ ਕਾਬੂ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਯੁੱਧ ਨਸ਼ਿਆਂ ਵਿਰੁੱਧ ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਚਲਾਈ ਜਾ ਰਹੀ ਮੁਹਿੰਮ ਨੂੰ ਹੋਰ ਤੇਜ਼ ਕਰਦਿਆਂ ਥਾਣਾ ਠੁੱਲੀਵਾਲ ਪੁਲਸ ਨੇ ਮਿਲੀ ਸੂਚਨਾ ਦੇ ਆਧਾਰ 'ਤੇ ਇੱਕ ਨੌਜਵਾਨ ਨੂੰ 70 ਨਸ਼ੀਲੀਆਂ ਚਿੱਟੀਆਂ ਖੁੱਲ੍ਹੀਆਂ ਗੋਲੀਆਂ ਸਮੇਤ ਕਾਬੂ ਕਰਕੇ ਉਸ ਖ਼ਿਲਾਫ਼ ਮਾਮਲਾ ਦਰਜ ਕੀਤਾ ਹੈ।ਇਸ ਸਬੰਧੀ ਤਫ਼ਤੀਸ਼ੀ ਅਧਿਕਾਰੀ ਏ.ਐੱਸ.ਆਈ. ਕਰਮਜੀਤ ਸਿੰਘ ਬਾਜਵਾ ਨੇ ਦੱਸਿਆ ਕਿ ਪੁਲਸ ਨੂੰ ਇੱਕ ਭਰੋਸੇਯੋਗ ਖਾਸ ਇਤਲਾਹ ਮਿਲੀ ਸੀ ਕਿ ਇੱਕ ਵਿਅਕਤੀ ਨਸ਼ੀਲੀਆਂ ਗੋਲੀਆਂ ਲੈ ਕੇ ਘੁੰਮ ਰਿਹਾ ਹੈ।ਇਸ ਸੂਚਨਾ ਦੇ ਆਧਾਰ 'ਤੇ ਪੁਲਸ ਨੇ ਪਿੰਡ ਅਮਲਾ ਸਿੰਘ ਵਾਲਾ ਨੇੜੇ ਅਪਰ ਲਸਾੜਾ ਡਰੇਨ ਦੀ ਪਟੜੀ ਉੱਪਰ ਇੱਕ ਸ਼ੱਕੀ ਨੌਜਵਾਨ ਨੂੰ ਰੋਕਿਆ। ਤਲਾਸ਼ੀ ਦੌਰਾਨ ਉਸ ਦੇ ਕਬਜ਼ੇ ਵਿੱਚੋਂ 70 ਨਸ਼ੀਲੀਆਂ ਗੋਲੀਆਂ ਬਰਾਮਦ ਹੋਈਆਂ।ਪੁਲਸ ਅਨੁਸਾਰ ਕਾਬੂ ਕੀਤੇ ਗਏ ਮੁਲਜ਼ਮ ਦੀ ਪਛਾਣ ਲਵਪ੍ਰੀਤ ਸਿੰਘ ਵਾਸੀ ਬਰਨਾਲਾ ਵਜੋਂ ਹੋਈ ਹੈ।ਪੁਲਸ ਨੇ ਮੁਲਜ਼ਮ ਖ਼ਿਲਾਫ਼ ਥਾਣਾ ਠੁੱਲੀਵਾਲ ਵਿਖੇ ਮਾਮਲਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

### ਅਮਰਨਾਥ ਯਾਤਰਾ ਲਈ ਜਥਾ ਰਵਾਨਾ

ਦੋਰਾਹਾ (ਹਰਮਿੰਦਰ ਸੇਠ)-ਸਾਵਣ ਮਹੀਨੇ ਦੇ ਪਵਿੱਤਰ ਮੌਕੇ 'ਤੇ ਸ੍ਰੀ ਅਮਰਨਾਥ ਜੀ ਦੇ ਪਵਿੱਤਰ ਦਰਸ਼ਨਾਂ ਲਈ ਦੋਰਾਹਾ ਤੋਂ ਸ਼ਰਧਾਲੂਆਂ ਦਾ ਇੱਕ ਵਿਸ਼ੇਸ਼ ਜਥਾ ਰਵਾਨਾ ਹੋਇਆ।ਇਹ ਧਾਰਮਿਕ ਯਾਤਰਾ ਏ. ਸੀ. ਬੱਸ ਰਾਹੀਂ ਦੋਰਾਹਾ ਤੋਂ ਸ੍ਰੀ ਅਮਰਨਾਥ ਜੀ, ਸ਼ਿਵ ਖੋੜੀ ਤੇ ਮਾਤਾ ਵੈਸ਼ਨੋ ਦੇਵੀ ਦੇ ਦਰਸ਼ਨਾਂ ਲਈ ਆਯੋਜਿਤ ਕੀਤੀ ਗਈ, ਜਿਸ ਦੀ ਸ਼ੁਰੂਆਤ ਸੋਮਵਾਰ ਸਵੇਰੇ 9 ਵਜੇ ਦੋਰਾਹਾ ਦੇ ਸਤਨਾਮ ਨਗਰ ਨੇੜੇ ਰੇਲਵੇ ਫਾਟਕ ਤੋਂ ਹੋਈ।ਇਸ ਮੌਕੇ ਸ਼ਰਧਾਲੂਆਂ ਨੇ ਭਗਵਾਨ ਭੋਲੇਨਾਥ ਦੇ ਜੈਕਾਰਿਆਂ ਨਾਲ ਯਾਤਰਾ ਦੀ ਸ਼ੁਰੂਆਤ ਕੀਤੀ ਤੇ ਸਾਰਿਆਂ ਦੀ ਸੁਖਦ, ਸੁਰੱਖਿਅਤ ਤੇ ਸਫਲ ਯਾਤਰਾ ਲਈ ਪ੍ਰਾਰਥਨਾ ਕੀਤੀ।ਯਾਤਰਾ ਪ੍ਰਬੰਧਕਾਂ ਨੇ ਦੱਸਿਆ ਕਿ ਸ਼ਰਧਾਲੂਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਏ.ਸੀ. ਬੱਸ, ਰਹਿਣ-ਸਹਿਣ ਤੇ ਹੋਰ ਜ਼ਰੂਰੀ ਪ੍ਰਬੰਧ ਕੀਤੇ ਗਏ ਹਨ।ਇਸ ਮੌਕੇ ਯਾਤਰਾ ਵਿੱਚ ਸ਼ਾਮਲ ਸ਼ਰਧਾਲੂਆਂ ਨੇ ਭਗਵਾਨ ਸ਼ਿਵ ਪ੍ਰਤੀ ਆਪਣੀ ਅਟੁੱਟ ਸ਼ਰਧਾ ਪ੍ਰਗਟ ਕਰਦਿਆਂ ਹਰ ਹਰ ਮਹਾਦੇਵ ਦੇ ਜੈਕਾਰਿਆਂ ਨਾਲ ਯਾਤਰਾ ਨੂੰ ਰਵਾਨਾ ਕੀਤਾ।


# ਨਗਰ ਨਿਗਮ ਮੋਗਾ ਦੇ ਕਾਮਿਆਂ ਵੱਲੋਂ ਰੋਸ ਰੈਲੀ ਤੇ ਮਾਰਚ

## ਸ਼ਹਿਰ ਵਾਸੀ ਨਗਰ ਨਿਗਮ ਕਾਮਿਆਂ ਦਾ ਦੇਣ ਸਹਿਯੋਗ : ਗਿੱਲ, ਚੋਬੜ



ਮੋਗਾ (ਇਕਬਾਲ ਸਿੰਘ ਖਹਿਰਾ)-ਛੇਵੇਂ ਦਿਨ ਵੀ ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਦੇ ਝੰਡੇ ਹੇਠ ਸਫਾਈ ਸੇਵਕ ਯੂਨੀਅਨ ਪੰਜਾਬ ਦੇ ਸੱਦੇ 'ਤੇ ਨਗਰ ਨਿਗਮ ਮੋਗਾ ਵਿਖੇ ਕੰਮ ਛੋੜ ਹੜਤਾਲ ਜਾਰੀ ਰਹੀ।ਅੱਜ ਸਮੂਹ ਕਰਮਚਾਰੀਆਂ ਨੇ ਇੱਕਠੇ ਹੋਕੇ ਨਗਰ ਨਿਗਮ ਮੋਗਾ ਦਫਤਰ ਅੱਗੇ ਵਿਸ਼ਾਲ ਰੋਸ ਰੈਲੀ ਕੀਤੀ ਉਪਰੰਤ ਝੰਡੇ ਲੈਕੇ ਮਾਰਚ ਕਰਦਿਆਂ ਸ਼ਾਮ ਲਾਲ ਚੌਕ ਵਿੱਚ ਪੁਜੇ ਜਿੱਥੇ ਇਸ ਇਕੱਠ ਨੂੰ ਸੰਬੋਧਨ ਕਰਦਿਆਂ ਸਫਾਈ ਸੇਵਕ ਯੂਨੀਅਨ ਦੇ ਪ੍ਰਧਾਨ ਸੋਮਨਾਥ ਚੋਬੜ ਤੇ ਮਿਊਂਸੀਪਲ ਇੰਪਲਾਈਜ਼ ਫੈਡਰੇਸ਼ਨ ਦੇ ਪ੍ਰਧਾਨ ਜਸਵੀਰ ਸਿੰਘ ਗਿੱਲ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਸਾਡਾ ਇਸ ਸੰਘਰਸ਼ ਦੇ ਵਿੱਚ ਸਾਥ ਦੇਣ।ਆਗੂਆਂ ਨੇ ਕਿਹਾ ਕਿ ਸਾਡੀ ਲੜਾਈ ਸਾਡੇ ਰੁਜ਼ਗਾਰ ਦੇ ਲਈ ਹੈ ਨਾ ਕਿ ਸ਼ਹਿਰ ਨਿਵਾਸੀਆਂ ਦੇ ਨਾਲ ਇਹ ਸ਼ਹਿਰ ਸਾਡਾ ਵੀ ਹੈ, ਉਨ੍ਹਾਂ ਆਖਿਆ ਕਿ ਬਹੁਤ ਨਿਗੁਣੀਆਂ ਤਨਖਾਹਾਂ ਦੇ ਵਿੱਚ ਇਹ ਸਫਾਈ ਸੈਨਿਕ ਸਾਥੀ ਤੇ ਸੀਵਰਮੈਨ ਸਾਥੀ ਤੇ ਸਮੂਹ ਮਿਊਂਸੀਪਲ ਕਾਮੇ ਕਾਫੀ ਲੰਮੇ ਸਮੇਂ ਤੋਂ ਕੰਮ ਕਰਦੇ ਆ ਰਹੇ ਹਨ।ਇਨ੍ਹਾਂ ਨੂੰ ਰੈਗੂਲਰ ਕਰਾਉਣ ਦੀ ਮੰਗ ਕਾਫੀ ਲੰਬੇ ਸਮੇਂ ਤੋਂ ਸਰਕਾਰ ਵੱਲੋਂ ਟਾਲ ਮਟੋਲ ਕੀਤੀ ਜਾ ਰਹੀ ਸੀ, ਸੋ ਇਨ੍ਹਾਂ ਕਰਮਚਾਰੀਆਂ ਦਾ ਸਬਰ ਦਾ ਬੰਨ ਟੁੱਟ ਚੁੱਕਾ ਹੈ, ਹੁਣ ਇਨ੍ਹਾਂ ਕਰਮਚਾਰੀਆਂ ਨੇ ਆਪਣਾ ਤੇ ਆਪਣੇ ਬੱਚਿਆਂ ਦੇ ਭਵਿੱਖ ਦਾ ਹਵਾਲਾ ਦਿੰਦਿਆਂ ਪੂਰੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਸਰਕਾਰ ਤੱਕ ਉਨ੍ਹਾਂ ਦੀ ਮੰਗ ਪਹੁੰਚਾਈ ਜਾਵੇ ਤਾਂ ਜੋ ਇਨ੍ਹਾਂ ਕਰਮਚਾਰੀਆਂ ਦਾ ਗੁਜ਼ਾਰਾ ਤੇ ਇਨ੍ਹਾਂ ਦੇ ਬੱਚਿਆਂ ਦੀ ਪਰਵਰਿਸ਼ ਭਲੀ ਭਾਂਤ ਹੋ ਸਕੇ।ਇਸ ਮੌਕੇ ਸਕੱਤਰ ਨਰੋਤਮ ਬੋਹਤ, ਕੈਸ਼ੀਅਰ ਜੋਗਿੰਦਰ ਭੁੱਲਰ, ਜਨਰਲ ਸਕੱਤਰ ਵਿਸ਼ਵਨਾਥ ਜੋਨੀ, ਚੇਅਰਮੈਨ ਰਜਿੰਦਰ ਬੋਹਤ, ਕੈਸ਼ੀਅਰ ਅਜੇ ਪੰਤਮੋਲੀ, ਰਾਜਕੁਮਾਰ ਚੰਡਾਲੀਆ, ਅਸ਼ੋਕ ਪੰਤਮੋਲੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਮਿਊਂਸੀਪਲ ਮੁਲਾਜ਼ਮ ਸਾਥੀਆਂ ਨੇ ਹਿੱਸਾ ਲਿਆ।

# ਸ਼ਫ਼ਾਈ ਕਾਮਿਆਂ ਦੀ ਹੜਤਾਲ ਛੇਵੇਂ ਦਿਨ 'ਚ ਦਾਖਲ, ਸ਼ਹਿਰ 'ਚ ਲੱਗੇ ਕੂੜੇ ਦੇ ਢੇਰ



ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ, ਪੂਜਾ)-ਆਪਣੀਆਂ ਲੰਬੇ ਸਮੇਂ ਤੋਂ ਲਟਕਦੀਆਂ ਮੰਗਾਂ ਨੂੰ ਲੈ ਕੇ ਨਗਰ ਕੌਂਸਲ ਦੇ ਕਰੀਬ 200 ਸਫ਼ਾਈ ਕਰਮਚਾਰੀਆਂ ਵੱਲੋਂ ਸ਼ੁਰੂ ਕੀਤੀ ਗਈ ਅਣਮਿੱਥੇ ਸਮੇਂ ਦੀ ਹੜਤਾਲ ਸੋਮਵਾਰ ਨੂੰ ਛੇਵੇਂ ਦਿਨ 'ਚ ਦਾਖ਼ਲ ਹੋ ਗਈ।ਯੂਨੀਅਨ ਦੇ ਪ੍ਰਧਾਨ ਵਿਜੇ ਕੁਮਾਰ, ਵਾਇਸ ਪ੍ਰਧਾਨ ਵਿਸ਼ਾਲ ਕੁਮਾਰ ਤੇ ਜਨਰਲ ਸੈਕਟਰੀ ਸੁਨੀਲ ਕੁਮਾਰ ਨੇ ਸਪੱਸ਼ਟ ਕੀਤਾ ਕਿ ਕਰਮਚਾਰੀਆਂ ਨੂੰ ਪੱਕਾ ਕਰਨ ਤੇ ਹੋਰ ਸਹੂਲਤਾਂ ਦੇਣ ਵਰਗੇ ਅਹਿਮ ਮੁੱਦੇ ਲੰਬੇ ਸਮੇਂ ਤੋਂ ਸਰਕਾਰ ਕੋਲ ਲੰਬਿਤ ਹਨ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜਦੋਂ ਤੱਕ ਸਰਕਾਰ ਉਨ੍ਹਾਂ ਦੀਆਂ ਮੰਗਾਂ 'ਤੇ ਕੋਈ ਠੋਸ ਤੇ ਲਿਖਤੀ ਫ਼ੈਸਲਾ ਨਹੀਂ ਲੈਂਦੀ, ਉਦੋਂ ਤੱਕ ਇਹ ਹੜਤਾਲ ਇਸੇ ਤਰ੍ਹਾਂ ਜਾਰੀ ਰਹੇਗੀ।ਓਧਰ ਕਰਮਚਾਰੀਆਂ ਦੀ ਹੜਤਾਲ ਦੇ ਕਾਰਨ ਪੂਰੇ ਸ਼ਹਿਰ ਦੀ ਸਫ਼ਾਈ ਵਿਵਸਥਾ ਪੂਰੀ ਤਰ੍ਹਾਂ ਡਗਮਗਾ ਗਈ ਹੈ ਤੇ ਥਾਂ-ਥਾਂ ਕੂੜੇ ਦੇ ਢੇਰ ਲੱਗੇ ਗਏ ਹਨ। ਹੜਤਾਲ ਕਾਰਨ ਸ਼ਹਿਰ ਦੇ ਸਾਰੇ 31 ਵਾਰਡਾਂ 'ਚ ਡੋਰ-ਟੂ-ਡੋਰ ਕੂੜਾ ਚੁੱਕਣ ਦਾ ਕੰਮ ਪੂਰੀ ਤਰ੍ਹਾਂ ਬੰਦ ਹੈ। ਨਗਰ ਕੌਂਸਲ ਦਫ਼ਤਰ ਦੇ ਬਿਲਕੁਲ ਸਾਹਮਣੇ ਸ਼ੇਰ ਸਿੰਘ ਚੌਕ 'ਚ ਬਣਿਆ ਮੁੱਖ ਕੂੜਾ ਡੰਪ ਤੇ ਪੁਰਾਣੀ ਮੰਡੀ ਨੇੜਲਾ ਡੰਪ ਨੱਕੋ-ਨੱਕ ਭਰ ਚੁੱਕੇ ਹਨ, ਜਿਸ ਕਾਰਨ ਕੂੜਾ ਹੁਣ ਸੜਕਾਂ 'ਤੇ ਖਿੱਲਰਨਾ ਸ਼ੁਰੂ ਹੋ ਗਿਆ ਹੈ।ਰੇਲਵੇ ਰੋਡ, ਗੋਨਿਆਣਾ ਰੋਡ, ਅਬੋਹਰ ਰੋਡ ਤੇ ਜਲਾਲਾਬਾਦ ਰੋਡ ਸਮੇਤ ਸ਼ਹਿਰ ਦੀਆਂ ਮੁੱਖ ਸੜਕਾਂ, ਗਲੀਆਂ ਤੇ ਮੁਹੱਲਿਆਂ 'ਚ ਗੰਦਗੀ ਦੇ ਢੇਰ ਲੱਗੇ ਹੋਏ ਹਨ।ਸਫ਼ਾਈ ਕਰਮਚਾਰੀ ਯੂਨੀਅਨ ਆਪਣੇ ਫੈਸਲੇ 'ਤੇ ਅੜੀ ਹੋਈ ਹੈ ਕਿ ਜਦ ਤੱਕ ਮੰਗਾਂ ਪੂਰੀਆਂ ਨਹੀਂ ਹੁੰਦੀਆਂ ਸੰਘਰਸ਼ ਜਾਰੀ ਰਹੇਗਾ।

# ਪਹਿਲੀ ਸਤੰਬਰ ਦੀ ਦਿੱਲੀ ਚੱਲੋ ਰੈਲੀ ਰਚੇਗੀ ਨਵਾਂ ਇਤਿਹਾਸ : ਚੌਹਾਨ

## ਕੇਂਦਰ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ 7 ਤੋਂ 15 ਤੱਕ ਹੋਵੇਗੀ ਪਦ ਯਾਤਰਾ : ਭੀਖੀ/ਵੇਦ ਪ੍ਰਕਾਸ਼



ਮਾਨਸਾ (ਆਤਮਾ ਸਿੰਘ ਪਮਾਰ)-ਸੀ ਪੀ ਆਈ ਦੀ 'ਦਿੱਲੀ ਚੱਲੋ ਬਦਲਾਅ ਜ਼ਰੂਰੀ ਹੈ' ਇੱਕ ਸਤੰਬਰ ਦੀ ਰੈਲੀ ਦੇਸ਼ 'ਚ ਤਬਦੀਲੀ ਦਾ ਦੌਰ ਸ਼ੁਰੂ ਕਰੇਗੀ ਤੇ ਨਵਾਂ ਇਤਿਹਾਸ ਰਚੇਗੀ, ਕਿਉਂਕਿ ਦੇਸ਼ ਦੀ ਮੋਦੀ ਸਰਕਾਰ ਤੇ ਆਰ ਐੱਸ ਐੱਸ ਦੀਆਂ ਦੇਸ਼ ਤੇ ਸੰਵਿਧਾਨ ਵਿਰੋਧੀ ਕਾਰਵਾਈਆਂ ਭਾਈਚਾਰਕ ਸਾਂਝ ਨੂੰ ਕਮਜ਼ੋਰ ਕਰਨ, ਸੰਵਿਧਾਨ ਨੂੰ ਛਿੱਕੇ ਟੰਗ ਸੰਵਿਧਾਨਕ ਸੰਸਥਾਵਾਂ ਨਿਆਂ ਪਾਲਿਕਾ, ਵਿਧਾਨ ਪਾਲਿਕਾ ਆਦਿ ਨੂੰ ਆਪਣੇ ਸਿਆਸੀ ਹਿੱਤਾਂ ਲਈ ਵਰਤੋਂ ਕਰਦਿਆਂ ਦਲਿਤ, ਘੱਟ ਗਿਣਤੀਆਂ ਤੇ ਆਦਿਵਾਸੀਆਂ 'ਤੇ ਵੱਡੇ ਹਮਲੇ ਕੀਤੇ ਜਾ ਰਹੇ ਹਨ, ਜਿਨ੍ਹਾਂ ਨੂੰ ਰੋਕਣ ਤੇ ਲੋਕਾਂ ਨੂੰ ਜਾਗਰੂਕ ਕਰਕੇ ਨਿਆਂ, ਰੁਜ਼ਗਾਰ, ਸਿੱਖਿਆ ਤੇ ਲੋਕਤੰਤਰ ਦੀ ਰੱਖਿਆ ਲਈ 'ਹਮ ਸਬ ਏਕ ਸਾਥ' ਦੇ ਨਾਹਰੇ ਤਹਿਤ ਕਾਫਲੇ ਬੰਨ੍ਹ ਤੁਰੀਏ।ਉਕਤ ਸ਼ਬਦਾਂ ਦਾ ਪ੍ਰਗਟਾਵਾ ਜ਼ਿਲ੍ਹਾ ਕੌਂਸਲ ਦੀ ਵਧਾਈ ਹੋਈ ਮੀਟਿੰਗ ਮੌਕੇ ਸੀ ਪੀ ਆਈ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਕ੍ਰਿਸ਼ਨ ਸਿੰਘ ਚੌਹਾਨ ਨੇ ਸੰਬੋਧਨ ਕਰਦਿਆਂ ਕੀਤਾ।ਇਸ ਮੌਕੇ ਜ਼ਿਲ੍ਹਾ ਸਹਾਇਕ ਸਕੱਤਰ ਵੇਦ ਪ੍ਰਕਾਸ਼ ਬੁਢਲਾਡਾ ਤੇ ਏਟਕ ਦੇ ਜ਼ਿਲ੍ਹਾ ਕੈਸ਼ੀਅਰ ਕਾਮਰੇਡ ਕਰਨੈਲ ਸਿੰਘ ਭੀਖੀ ਨੇ ਕਿਹਾ ਕਿ ਰੈਲੀ ਦੀਆਂ ਤਿਆਰੀਆਂ ਤੇ ਸਫ਼ਲਤਾ ਲਈ ਤੇ ਭਾਜਪਾ ਦੀਆਂ ਲੋਕ ਵਿਰੋਧੀ ਨੀਤੀਆਂ ਖ਼ਿਲਾਫ਼ 7 ਤੋਂ 15 ਅਗਸਤ ਤੱਕ ਜ਼ਿਲ੍ਹਾ ਪੱਧਰੀ ਪਦ ਯਾਤਰਾ ਰਾਹੀਂ ਪਿੰਡ ਪੱਧਰ ਤੇ ਜਾਗਰੂਕ ਕੀਤਾ ਜਾਵੇਗਾ।ਸੂਬੇ ਦੀ ਮਾਨ ਸਰਕਾਰ ਵੱਲੋਂ ਲੈਂਡ ਪੂਲਿੰਗ ਪਾਲਿਸੀ ਨੂੰ ਪ੍ਰਵਾਨਗੀ ਦੇਣ ਤੇ ਨਵੇਂ ਬਣੇ ਜੀ ਰਾਮ ਜੀ ਕਾਨੂੰਨ ਨੂੰ ਲਾਗੂ ਕਰਨ ਦਾ ਸੀ ਪੀ ਆਈ ਨੇ ਸਖ਼ਤ ਨੋਟਿਸ ਲੈਂਦਿਆਂ ਕਿਹਾ ਕਿ ਇਹ ਸੂਬੇ ਦੇ ਕਿਸਾਨਾਂ ਤੇ ਮਜ਼ਦੂਰਾਂ ਨਾਲ ਸਰਕਾਰ ਦਾ ਵਿਸ਼ਵਾਸਘਾਤ ਹੈ। ਮੀਟਿੰਗ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ 1 ਤੋਂ 3 ਅਗਸਤ ਤੱਕ ਦੇ ਪ੍ਰੋਗਰਾਮ ਤੇ 5 ਅਗਸਤ ਦੇ ਖੇਤ ਮਜ਼ਦੂਰਾਂ ਦੀ ਜਲੰਧਰ ਰੈਲੀ ਸਬੰਧੀ ਵੀ ਚਰਚਾ ਕੀਤੀ ਗਈ।ਮੀਟਿੰਗ ਕਰਨੈਲ ਸਿੰਘ ਭੀਖੀ ਤੇ ਸਤਪਾਲ ਕੌਰ ਖੀਵਾ ਦੇ ਪ੍ਰਧਾਨਗੀ ਹੇਠ ਹੋਈ।ਇਸ ਮੀਟਿੰਗ 'ਚ ਸੀਤਾ ਰਾਮ ਗੋਬਿੰਦਪੁਰਾ ਸਕੱਤਰ ਬੁਢਲਾਡਾ, ਰੂਪ ਸਿੰਘ ਢਿੱਲੋਂ ਸਕੱਤਰ ਮਾਨਸਾ, ਪੂਰਨ ਸਿੰਘ ਸਰਦੂਲਗੜ੍ਹ, ਰਤਨ ਭੋਲਾ ਸਕੱਤਰ ਸ਼ਹਿਰ ਕਮੇਟੀ, ਕੇਵਲ ਸਿੰਘ ਸਮਾਓਂ, ਅਰਵਿੰਦਰ ਕੌਰ, ਕਿਰਨਾ ਰਾਣੀ ਐੱਮ ਸੀ, ਬਲਵੰਤ ਸਿੰਘ ਫੱਕਰ, ਏਟਕ ਸੁਰਜੀਤ ਸਿੰਘ ਭੀਖੀ, ਬੂਟਾ ਬਰਨਾਲਾ, ਰਾਜ ਕੁਮਾਰ ਸ਼ਰਮਾ, ਬੰਬੂ ਸਿੰਘ, ਚਿਮਨ ਲਾਲ ਕਾਕਾ, ਨਰੇਸ਼ ਕੁਮਾਰ ਬੁਰਜ਼ ਹਰੀ, ਹਰਮੀਤ ਸਿੰਘ ਬੋੜਾਵਾਲ, ਭੁਪਿੰਦਰ ਗੁਰਨੇ, ਸੁਖਦੇਵ ਪੰਧੇਰ, ਸੁਖਦੇਵ ਸਿੰਘ ਮਾਨਸਾ, ਕਾਮਰੇਡ ਹਰੀਕੇਸ਼, ਰਾਜ ਸਿੰਘ ਧਿੰਗੜ, ਕਰਨੈਲ ਸਿੰਘ ਦਾਤੇਵਾਸ, ਹਰਪਾਲ ਸਿੰਘ ਬੱਪੀਆਣਾ, ਗੁਰਦੇਵ ਸਿੰਘ ਦਲੇਲ ਸਿੰਘ ਵਾਲਾ, ਗੁਰਦਾਸ ਸਿੰਘ ਟਾਹਲੀਆਂ, ਹਰੀ ਸਿੰਘ ਅੱਕਾਂ ਵਾਲੀ ਆਦਿ ਆਗੂ ਹਾਜ਼ਰ ਸਨ।

# ਕੂੜਾ ਪ੍ਰਬੰਧਨ ਦੀ ਬਦਤਰ ਹਾਲਤ, ਨਗਰ ਕੌਂਸਲ ਦੇ ਦਾਅਵੇ ਫੋਕੇ, ਜ਼ਮੀਨੀ ਪੱਧਰ 'ਤੇ ਲੱਗੇ ਗੰਦਗੀ ਦੇ ਅੰਬਾਰ



ਸੰਗਰੂਰ (ਪ੍ਰਵੀਨ ਸਿੰਘ)

ਨਗਰ ਕੌਂਸਲ ਵੱਲੋਂ ਕੂੜੇ ਦੇ ਨਿਪਟਾਰੇ ਨੂੰ ਲੈ ਕੇ ਕੀਤੇ ਜਾ ਰਹੇ ਦਾਅਵਿਆਂ ਦੀ ਫੋਕੀ ਫੂਕ ਨਿਕਲ ਚੁੱਕੀ ਹੈ।ਮਾਨਯੋਗ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦਿੱਲੀ ਵਿੱਚ ਚੱਲ ਰਹੇ ਕੇਸ (ਓ.ਐਕਟ ਨੰਬਰ 613/2025) ਦੌਰਾਨ ਇਹ ਗੱਲ ਸਾਹਮਣੇ ਆਈ ਹੈ ਕਿ ਨਗਰ ਕੌਂਸਲ ਕੋਲ ਕੂੜਾ ਸੁੱਟਣ ਲਈ ਆਪਣੀ ਕੋਈ ਨਿਰਧਾਰਤ ਜ਼ਮੀਨ ਤੱਕ ਨਹੀਂ ਹੈ। ਉਭਾਵਾਲ ਰੋਡ 'ਤੇ ਬਣਾਏ ਗਏ ਡੰਪ 'ਤੇ ਸੰਗਰੂਰ ਸ਼ਹਿਰ ਦੇ ਡੰਪਾਂ 'ਤੇ ਹਜ਼ਾਰਾਂ ਟਨ ਖ਼ਤਰਨਾਕ ਕੂੜਾ ਜਮ੍ਹਾਂ ਹੋ ਚੁੱਕਾ ਹੈ, ਜੋ ਸ਼ਹਿਰ ਨਿਵਾਸੀਆਂ ਦੀ ਸਿਹਤ ਲਈ ਵੱਡਾ ਖ਼ਤਰਾ ਬਣ ਗਿਆ ਹੈ। ਕੇਸ ਦੇ ਮੁੱਖ ਬਿਨੈਕਾਰ ਐਡਵੋਕੇਟ ਕਮਲ ਆਨੰਦ ਅਤੇ 'ਪੀਪਲ ਐਕਸ਼ਨ ਫੋਰਸ' ਦੇ ਪ੍ਰਮੁੱਖ ਸਮਾਜਿਕ ਕਾਰਕੁਨ ਜਤਿੰਦਰ ਕਾਲੜਾ ਨੇ ਕਿਹਾ ਕਿ ਉਹ ਭਲਕੇ ਅਦਾਲਤ ਵਿੱਚ ਸੰਗਰੂਰ ਦੇ ਲੋਕਾਂ ਦਾ ਪੱਖ ਪੂਰੀ ਮਜ਼ਬੂਤੀ ਨਾਲ ਰੱਖਣਗੇ ਅਤੇ ਨਗਰ ਕੌਂਸਲ ਦੀਆਂ ਨਾਕਾਮੀਆਂ ਅਤੇ ਵਾਤਾਵਰਣ ਨਿਯਮਾਂ ਦੀਆਂ ਉਡਾਈਆਂ ਜਾ ਰਹੀਆਂ ਧੱਜੀਆਂ ਨੂੰ ਪੂਰੇ ਸਬੂਤਾਂ ਸਮੇਤ ਉਜਾਗਰ ਕਰਨਗੇ।

ਐਡਵੋਕੇਟ ਕਮਲ ਆਨੰਦ ਨੇ ਪ੍ਰਸ਼ਾਸਨਿਕ ਅਣਗਹਿਲੀ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਨਗਰ ਕੌਂਸਲ ਤੇ ਸਥਾਨਕ ਸਰਕਾਰਾਂ ਵਿਭਾਗ ਸਿਰਫ਼ ਕਾਗਜ਼ੀ ਕਾਰਵਾਈਆਂ ਕਰਕੇ ਮਾਨਯੋਗ ਟ੍ਰਿਬਿਊਨਲ ਨੂੰ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰ ਰਹੇ ਹਨ।ਜ਼ਮੀਨੀ ਹਕੀਕਤ ਇਹ ਹੈ ਕਿ ਸ਼ਹਿਰ ਦੇ ਕੰਪੋਸਟ ਪਿੱਟਸ (ਖਾਦ ਦੇ ਟੋਏ) ਪੂਰੀ ਤਰ੍ਹਾਂ ਬੰਦ ਪਏ ਹਨ ਤੇ ਅਧਿਕਾਰੀਆਂ ਨੇ ਸਿਰਫ਼ ਰਿਕਾਰਡ ਮੈਨੇਜ ਕੀਤੇ ਹੋਏ ਹਨ।ਅਸੀਂ ਭਲਕੇ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਦਿੱਲੀ ਦੇ ਸਾਹਮਣੇ ਸਾਰੀਆਂ ਤਸਵੀਰਾਂ ਅਤੇ ਤੱਥ ਰੱਖ ਕੇ ਨਗਰ ਕੌਂਸਲ ਦੀ ਜਵਾਬਦੇਹੀ ਤੈਅ ਕਰਾਵਾਂਗੇ। ਸਮਾਜਿਕ ਕਾਰਕੁੰਨ ਜਤਿੰਦਰ ਕਾਲੜਾ ਨੇ ਸ਼ਹਿਰ ਵਾਸੀਆਂ ਦੀ ਸਿਹਤ ਨਾਲ ਹੋ ਰਹੇ ਖਿਲਵਾੜ 'ਤੇ ਚਿੰਤਾ ਪ੍ਰਗਟਾਉਂਦਿਆਂ ਕਿਹਾ ਕਿ ਸੰਗਰੂਰ ਸ਼ਹਿਰ ਦੀਆਂ ਸੜਕਾਂ 'ਤੇ ਅਣਛਾਂਟਿਆ ਕੂੜਾ ਖਿਲਰਿਆ ਪਿਆ ਹੈ, ਜਿਸ ਕਾਰਨ ਅਵਾਰਾ ਪਸ਼ੂਆਂ ਦੇ ਝੁੰਡ ਹਾਦਸਿਆਂ ਨੂੰ ਸੱਦਾ ਦੇ ਰਹੇ ਹਨ।ਵੱਧ ਸ਼ਰਮਨਾਕ ਗੱਲ ਇਹ ਹੈ ਕਿ ਹਸਪਤਾਲਾਂ ਦਾ ਜ਼ਹਿਰੀਲਾ ਬਾਇਓ-ਮੈਡੀਕਲ ਕੂੜਾ ਆਮ ਕੂੜੇ ਵਿੱਚ ਮਿਲਾਇਆ ਜਾ ਰਿਹਾ ਹੈ ਅਤੇ ਜਨਤਕ ਥਾਵਾਂ 'ਤੇ ਸ਼ਰੇਆਮ ਕੂੜਾ ਸਾੜਿਆ ਜਾ ਰਿਹਾ ਹੈ, ਜਿਸ ਨਾਲ ਲੋਕਾਂ ਦਾ ਸਾਹ ਲੈਣਾ ਦੁਭਰ ਹੋ ਗਿਆ ਹੈ।ਅਸੀਂ ਸੰਗਰੂਰ ਨੂੰ ਇਸ ਨਰਕ ਭਰੀ ਸਥਿਤੀ ਵਿੱਚੋਂ ਕੱਢਣ ਲਈ ਅਦਾਲਤ ਤੋਂ ਇੱਕ ਸਮਾਂਬੱਧ ਅਤੇ ਵਿਗਿਆਨਕ ਹੱਲ ਦੀ ਮੰਗ ਕਰਾਂਗੇ।ਨਗਰ ਕੌਂਸਲ ਵੱਲੋਂ ਠੋਸ ਕੂੜੇ ਨੂੰ ਸੰਗਰੂਰ ਦੀਆਂ ਨਹਿਰਾਂ ਅਤੇ ਕੁਦਰਤੀ ਨਾਲਿਆਂ ਵਿੱਚ ਸੁੱਟਿਆ ਜਾ ਰਿਹਾ ਹੈ, ਜਿਸ ਕਾਰਨ ਪਾਣੀ ਦੇ ਕੁਦਰਤੀ ਸਰੋਤ ਬੁਰੀ ਤਰ੍ਹਾਂ ਪ੍ਰਦੂਸ਼ਿਤ ਹੋ ਰਹੇ ਹਨ।

# ਹਲਵਾਰਾ ਹਵਾਈ ਅੱਡੇ ਨੂੰ ਜਾਂਦੀ ਸੜਕ ਨੇ ਛੱਪੜ ਦਾ ਰੂਪ ਧਾਰਿਆ



ਰਾਏਕੋਟ (ਸੰਤੋਖ ਗਿੱਲ)-ਕੌਮਾਂਤਰੀ ਹਵਾਈ ਅੱਡਾ ਹਲਵਾਰਾ ਨੂੰ ਪਿੰਡ ਐਤੀਆਣਾ ਨਾਲ ਜੋੜਦੀ ਸੰਪਰਕ ਸੜਕ ਹਲਕੀ ਜਿਹੀ ਬਰਸਾਤ ਤੋਂ ਬਾਅਦ ਹੀ ਛੱਪੜ ਦਾ ਰੂਪ ਧਾਰ ਗਈ ਹੈ।ਸੜਕ 'ਤੇ ਪਾਣੀ ਖੜ੍ਹ ਜਾਣ ਕਾਰਨ ਪਿੰਡ ਵਾਸੀਆਂ ਸਮੇਤ ਹੋਰ ਰਾਹਗੀਰਾਂ ਨੂੰ ਭਾਰੀ ਦਿੱਕਤਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਸੜਕ ਦੀ ਮਾੜੀ ਹਾਲਤ ਕਾਰਨ ਹਾਦਸਿਆਂ ਦਾ ਵੀ ਖ਼ਤਰਾ ਬਣਿਆ ਹੋਇਆ ਹੈ।ਇਸ ਗੰਭੀਰ ਸਮੱਸਿਆ ਦੇ ਹੱਲ ਲਈ ਪਿੰਡ ਦੀ ਸਰਪੰਚ ਕੁਲਵਿੰਦਰ ਕੌਰ, ਸਾਬਕਾ ਸਰਪੰਚ ਲਖਬੀਰ ਸਿੰਘ, ਗੁਰਮੀਤ ਸਿੰਘ ਗਿੱਲ ਤੇ ਸਹਿਕਾਰੀ ਸਭਾ ਦੇ ਪ੍ਰਧਾਨ ਇੰਦਰਜੀਤ ਸਿੰਘ ਸਿੱਧੂ ਨੇ ਹਲਕਾ ਰਾਏਕੋਟ ਦੇ ਵਿਧਾਇਕ ਹਾਕਮ ਸਿੰਘ ਠੇਕੇਦਾਰ ਨੂੰ ਪੰਜਾਬ ਮੰਡੀ ਬੋਰਡ ਦੇ ਨਾਂ ਮੰਗ-ਪੱਤਰ ਸੌਂਪਿਆ।ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀ ਇਸ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਦਾ ਜਲਦ ਤੋਂ ਜਲਦ ਪੱਕਾ ਹੱਲ ਕੀਤਾ ਜਾਵੇ ਤਾਂ ਜੋ ਆਵਾਜਾਈ ਸੁਚਾਰੂ ਹੋ ਸਕੇ।ਮੰਗ-ਪੱਤਰ ਪ੍ਰਾਪਤ ਕਰਨ ਉਪਰੰਤ ਵਿਧਾਇਕ ਹਾਕਮ ਸਿੰਘ ਠੇਕੇਦਾਰ ਨੇ ਭਰੋਸਾ ਦਿਵਾਇਆ ਕਿ ਉਹ ਮਾਰਕੀਟ ਕਮੇਟੀ ਮੁੱਲਾਂਪੁਰ ਦਾਖਾ ਦੇ ਚੇਅਰਮੈਨ ਹਰਨੇਕ ਸਿੰਘ ਸੇਖੋਂ ਨਾਲ ਵਿਚਾਰ-ਵਟਾਂਦਰਾ ਕਰਕੇ ਇਸ ਮਸਲੇ ਦਾ ਜਲਦੀ ਹੱਲ ਯਕੀਨੀ ਬਣਾਉਣ ਲਈ ਲੋੜੀਂਦੀ ਕਾਰਵਾਈ ਕਰਨਗੇ।

# ਭਗਵਾਨਪੁਰਾ ਨਗਰ ਦੇ ਦਰਜਨਾਂ ਪਰਵਾਰ ਆਪ 'ਚ ਸ਼ਾਮਲ

## ਸਰਕਾਰ ਦੇ ਕੰਮਾਂ ਤੋਂ ਪ੍ਰਭਾਵਿਤ ਹੋ ਕੇ ਲੋਕ ਵੱਡੀ ਗਿਣਤੀ 'ਚ ਪਾਰਟੀ ਨਾਲ ਜੁੜ ਰਹੇ ਹਨ : ਅਮਨ ਅਰੋੜਾ



ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)

ਪੰਜਾਬ ਦੇ ਕੈਬਨਿਟ ਮੰਤਰੀ ਅਮਨ ਅਰੋੜਾ ਦੀ ਹਾਜ਼ਰੀ ਵਿੱਚ ਭਗਵਾਨਪੁਰਾ ਨਗਰ ਦੇ ਦਰਜਨਾਂ ਪਰਵਾਰਾਂ ਨੇ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕੀਤੀ।ਨਵੇਂ ਸ਼ਾਮਲ ਹੋਏ ਪਰਵਾਰਾਂ ਨੇ ਪਾਰਟੀ ਦੀਆਂ ਲੋਕ ਪੱਖੀ ਨੀਤੀਆਂ ਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ 'ਤੇ ਭਰੋਸਾ ਪ੍ਰਗਟ ਕਰਦਿਆਂ ਪਾਰਟੀ ਨੂੰ ਆਪਣਾ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ।ਇਸ ਮੌਕੇ ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਨਿੱਘਾ ਸਵਾਗਤ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਉਨ੍ਹਾਂ ਨੂੰ ਜੀ ਆਇਆਂ ਆਖਿਆ ਤੇ ਪਾਰਟੀ 'ਤੇ ਭਰੋਸਾ ਜਤਾਉਣ ਲਈ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਭਗਵਾਨਪੁਰਾ ਨਗਰ ਉਨ੍ਹਾਂ ਲਈ ਸਿਰਫ਼ ਇੱਕ ਇਲਾਕਾ ਨਹੀਂ, ਸਗੋਂ ਆਪਣੇ ਪਰਵਾਰ ਵਾਂਗ ਹੈ।ਉਨ੍ਹਾਂ ਕਿਹਾ ਕਿ ਜਦੋਂ ਇਹ ਨਗਰ ਵਸਾਇਆ ਗਿਆ ਸੀ ਤਾਂ ਸਥਾਨਕ ਲੋਕਾਂ ਨੇ ਆਪਸੀ ਸਹਿਮਤੀ ਨਾਲ ਇਸ ਦਾ ਨਾਮ 'ਭਗਵਾਨਪੁਰਾ' ਰੱਖਿਆ ਸੀ ਤੇ ਉਦੋਂ ਤੋਂ ਹੀ ਇਸ ਇਲਾਕੇ ਨਾਲ ਉਨ੍ਹਾਂ ਦਾ ਗੂੜ੍ਹਾ ਰਿਸ਼ਤਾ ਬਣਿਆ ਹੋਇਆ ਹੈ।ਅਮਨ ਅਰੋੜਾ ਨੇ ਕਿਹਾ ਕਿ ਅੱਜ ਭਗਵਾਨਪੁਰਾ ਦੇ ਦਰਜਨਾਂ ਪਰਿਵਾਰਾਂ ਵੱਲੋਂ ਆਮ ਆਦਮੀ ਪਾਰਟੀ ਵਿੱਚ ਸ਼ਮੂਲੀਅਤ ਕਰਨਾ ਇਸ ਗੱਲ ਦਾ ਸਪੱਸ਼ਟ ਪ੍ਰਮਾਣ ਹੈ ਕਿ ਲੋਕ ਸਰਕਾਰ ਦੇ ਕੰਮਾਂ ਤੋਂ ਸੰਤੁਸ਼ਟ ਹਨ ਤੇ ਵਿਕਾਸ ਦੀ ਰਾਜਨੀਤੀ ਨੂੰ ਹੋਰ ਮਜ਼ਬੂਤ ਕਰਨਾ ਚਾਹੁੰਦੇ ਹਨ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ ਪੰਜਾਬ ਸਰਕਾਰ ਨੇ ਹਰ ਵਰਗ ਦੀ ਭਲਾਈ ਲਈ ਇਤਿਹਾਸਕ ਫ਼ੈਸਲੇ ਲਏ ਹਨ ਤੇ ਵਿਕਾਸ ਦੇ ਅਨੇਕਾਂ ਕੰਮ ਕਰਵਾਏ ਹਨ, ਜਿਨ੍ਹਾਂ ਦਾ ਲਾਭ ਸੂਬੇ ਦੇ ਹਰ ਖੇਤਰ ਦੇ ਲੋਕਾਂ ਨੂੰ ਮਿਲ ਰਿਹਾ ਹੈ।ਕੈਬਨਿਟ ਮੰਤਰੀ ਨੇ ਕਿਹਾ ਕਿ ਲੋਕ ਸਰਕਾਰ ਦੀ ਕਾਰਗੁਜ਼ਾਰੀ ਨੂੰ ਦੇਖਦੇ ਹੋਏ ਆਪਣੀ ਮਰਜ਼ੀ ਨਾਲ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ।

ਉਨ੍ਹਾਂ ਪਾਰਟੀ ਆਗੂਆਂ ਤੇ ਵਰਕਰਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਨਿਰੰਤਰ ਮਿਹਨਤ ਤੇ ਲੋਕਾਂ ਨਾਲ ਲਗਾਤਾਰ ਸੰਪਰਕ ਸਦਕਾ ਪਾਰਟੀ ਦਾ ਪਰਿਵਾਰ ਦਿਨੋਂ-ਦਿਨ ਵਧਦਾ ਜਾ ਰਿਹਾ ਹੈ।ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ, ਸਰਪੰਚ, ਪੰਚ, ਵਰਕਰ ਤੇ ਇਲਾਕੇ ਦੇ ਵੱਡੀ ਗਿਣਤੀ ਵਿੱਚ ਪਤਵੰਤੇ ਹਾਜ਼ਰ ਸਨ।

# ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਉਣ ਸੰਬੰਧੀ ਮੀਟਿੰਗ




ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)-ਸ਼ਹੀਦ ਊਧਮ ਸਿੰਘ ਕੰਬੋਜ ਯਾਦਗਾਰ ਕਮੇਟੀ ਮੇਨ ਵੱਲੋਂ ਸ਼ਹੀਦ ਊਧਮ ਸਿੰਘ ਜੀ ਦਾ ਸ਼ਹੀਦੀ ਦਿਹਾੜਾ 31 ਜੁਲਾਈ ਨੂੰ ਸ਼ਹੀਦ ਊਧਮ ਸਿੰਘ ਦੇ ਜੱਦੀ ਘਰ ਵਿਖੇ ਮਨਾਉਣ ਸਬੰਧੀ ਕਮੇਟੀ ਦੇ ਪ੍ਰਧਾਨ ਮਨਦੀਪ ਸਿੰਘ ਜੋਸ਼ਨ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਸ਼ਹੀਦ ਊਧਮ ਸਿੰਘ ਦਾ ਸ਼ਹੀਦੀ ਦਿਹਾੜੇ ਤੇ ਪੰਜਾਬ ਸਰਕਾਰ ਵੱਲੋਂ ਛੁੱਟੀ ਐਲਾਨੇ ਜਾਣ ਲਈ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।ਧੂਮਧਾਮ ਨਾਲ ਮਨਾਏ ਜਾ ਰਿਹੇ ਸ਼ਹੀਦੀ ਦਿਹਾੜੇ ਲਈ ਮੁੱਖ ਮਹਿਮਾਨ ਕੈਬਨਟ ਮੰਤਰੀ ਅਮਨ ਅਰੋੜਾ ਜੀ ਹੋਣਗੇ।ਉਨ੍ਹਾਂ ਨਾਲ ਜਗਦੀਪ ਗੋਲਡੀ ਕੰਬੋਜ ਐੱਮਐੱਲਏ ਜਲਾਲਾਬਾਦ, ਪੱਛੜੀਆਂ ਸ਼੍ਰੇਣੀਆਂ ਦੇ ਚੇਅਰਮੈਨ ਡਾਕਟਰ ਮਲਕੀਤ ਥਿੰਦ ਵਿਸ਼ੇਸ਼ ਮਹਿਮਾਨ ਦੇ ਤੌਰ 'ਤੇ ਸ਼ਹੀਦ ਨੂੰ ਸ਼ਰਧਾ ਦੇ ਫੁੱਲ ਭੇਟ ਕਰਨਗੇ।ਮੀਟਿੰਗ ਵਿੱਚ ਪੰਜਾਬ ਸਰਕਾਰ ਵੱਲੋਂ ਸ਼ਹੀਦ ਊਧਮ ਸਿੰਘ ਦੇ ਸ਼ਹਿਰ ਸੁਨਾਮ ਵਿੱਚ ਕਰਵਾਏ ਜਾ ਰਹੇ ਕਾਰਜਾਂ ਦੀ ਕਮੇਟੀ ਵੱਲੋਂ ਸ਼ਲਾਘਾ ਕੀਤੀ ਗਈ ਅਤੇ ਮੀਟਿੰਗ ਵਿੱਚ ਸ਼ਹੀਦ ਦੇ ਜੱਦੀ ਘਰ ਦੇ ਨਾਲ ਵਾਲੀ ਜਗ੍ਹਾ ਵੀ ਸਰਕਾਰ ਵੱਲੋਂ ਦੇਣ ਦੀ ਮੰਗ ਕੀਤੀ ਗਈ।ਸ਼ਹੀਦ ਊਧਮ ਸਿੰਘ ਦੇ ਸ਼ਹੀਦੀ ਦਿਹਾੜੇ ਮੌਕੇ ਜਿਹੜੀ ਸਰਕਾਰੀ ਛੁੱਟੀ ਪਿਛਲੇ ਕਈ ਸਾਲ ਤੋਂ ਬੰਦ ਪਈ ਸੀ, ਸਰਕਾਰ ਵੱਲੋਂ ਉਸ ਛੁੱਟੀ ਨੂੰ ਪਿਛਲੇ ਸਾਲ ਤੋਂ ਮੁੜ ਲਾਗੂ ਕੀਤਾ ਗਿਆ ਸੀ, ਇਸ ਲਈ ਕੈਬਨਿਟ ਮੰਤਰੀ ਅਮਨ ਅਰੋੜਾ ਦਾ ਕਮੇਟੀ ਵੱਲੋਂ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਜੋਸ਼ਨ ਨੇ ਦੱਸਿਆ ਕਿ ਇਸ ਵਾਰ ਪੱਤਰਕਾਰ ਭਾਈਚਾਰਾ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਜਾਏਗਾ। ਇਸ ਮੌਕੇ ਪ੍ਰਧਾਨ ਮਨਦੀਪ ਸਿੰਘ ਜੋਸ਼ਨ ਤੋਂ ਇਲਾਵਾ ਸਰਪ੍ਰਸਤ ਕੇਹਰ ਸਿੰਘ ਜੋਸ਼ਨ, ਸਕੱਤਰ ਜਤਿੰਦਰ ਪਾਲ ਸਿੰਘ ਬੌਬੀ, ਗੁਰਬਚਨ ਸਿੰਘ, ਮਾਸਟਰ ਕਰਮ ਸਿੰਘ, ਨਰਿੰਦਰ ਢੋਟ, ਮਲਕੀਤ ਸਿੰਘ, ਬਿੰਦਰ ਸਿੰਘ ਅਬਦਾਲ, ਬਿੰਦਰ ਸਿੰਘ ਖਾਲਸਾ, ਹਰਮਿੰਦਰ ਸਿੰਘ ਕੋੜੇ, ਸੋਨੂ ਵਰਮਾ ਤੇ ਦੀਵਾਨ ਹਾਂਡਾ ਆਦਿ ਸ਼ਾਮਲ ਸਨ।

# ਬੂਟਾ ਸਿੰਘ ਚੌਹਾਨ ਦੀ ਪੁਸਤਕ 'ਅਜੀਬ ਪਾਤਰਾਂ ਦੀ ਦਾਸਤਾਨ' ਲੋਕ ਅਰਪਣ



ਬਠਿੰਡਾ (ਬਖਤੌਰ ਢਿੱਲੋਂ)-ਪੰਜਾਬੀ ਸਾਹਿਤ ਸਭਾ ਬਠਿੰਡਾ ਵੱਲੋਂ ਸਥਾਨਕ ਟੀਚਰਜ਼ ਹੋਮ ਵਿਖੇ ਉੱਘੇ ਲੇਖਕ ਸ੍ਰੀ ਬੂਟਾ ਸਿੰਘ ਚੌਹਾਨ ਦੀ ਸੰਪਾਦਿਤ ਪੁਸਤਕ 'ਅਜੀਬ ਪਾਤਰਾਂ ਦੀ ਦਾਸਤਾਨ' ਦਾ ਲੋਕ ਅਰਪਣ ਕੀਤਾ ਅਤੇ ਕਵੀ ਦਰਬਾਰ ਕਰਵਾਇਆ ਗਿਆ। ਇਸ ਸਮਾਗਮ ਦੇ ਮੁੱਖ ਮਹਿਮਾਨ ਸ੍ਰੀ ਕਿਸ਼ੋਰ ਬਾਂਸਲ ਸੇਵਾਮੁਕਤ ਨਿਗਰਾਨ ਇੰਜਨੀਅਰ ਨਗਰ ਨਿਗਮ ਬਠਿੰਡਾ ਸਨ ਅਤੇ ਪ੍ਰਧਾਨਗੀ ਡਾ: ਜਸਬੀਰ ਸਿੰਘ ਢਿੱਲੋਂ ਪ੍ਰਿੰਸੀਪਲ ਦੇਸ ਰਾਜ ਸੀਨੀਅਰ ਸੈਕੰਡਰੀ ਸਕੂਲ ਬਠਿੰਡਾ ਨੇ ਕੀਤੀ। ਪ੍ਰਧਾਨਗੀ ਮੰਡਲ ਵਿੱਚ ਇਸ ਪੁਸਤਕ ਦੇ ਸੰਪਾਦਕ ਬੂਟਾ ਸਿੰਘ ਚੌਹਾਨ, ਪ੍ਰਸਿੱਧ ਕਹਾਣੀਕਾਰ ਅਤਰਜੀਤ, ਸਭਾ ਦੇ ਪ੍ਰਧਾਨ ਜਸਪਾਲ ਮਾਨਖੇੜਾ ਤੇ ਉੱਘੇ ਗ਼ਜ਼ਲਗੋ ਸੁਰਿੰਦਰਪ੍ਰੀਤ ਘਣੀਆ ਵੀ ਮੌਜੂਦ ਸਨ। ਪੁਸਤਕ ਲੋਕ ਅਰਪਣ ਕਰਨ ਉਪਰੰਤ ਸਮਾਗਮ ਨੂੰ ਸੰਬੋਧਨ ਕਰਦਿਆਂ ਸ੍ਰੀ ਗੋਪਾਲ ਸਿੰਘ ਕੋਟਫੱਤਾ ਨੇ ਸ੍ਰੀ ਚੌਹਾਨ ਤੇ ਉਨ੍ਹਾਂ ਦੀ ਲੇਖਣੀ ਬਾਰੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਉਹ ਹਮੇਸ਼ਾ ਲਿਖਦੇ ਜਾਂ ਪੜ੍ਹਦੇ ਹੀ ਵੇਖੇ ਜਾਂਦੇ ਹਨ, ਸਾਹਿਤ ਉਨ੍ਹਾਂ ਦੇ ਸਾਹਾਂ ਦੇ ਨਾਲ ਨਾਲ ਤੁਰਦਾ ਹੈ। ਉਨ੍ਹਾਂ ਇਸ ਪੁਸਤਕ ਵਿਚਲੇ ਆਪਣੇ ਪਾਤਰ ਮਿੱਡ ਬਾਰੇ ਵੀ ਵਿਸਥਾਰ ਪੂਰਵਕ ਜਾਣਕਾਰੀ ਮੁਹੱਈਆ ਕਰਵਾਈ। ਇਸ ਤੋਂ ਬਾਅਦ ਭੁਪਿੰਦਰ ਸਿੰਘ ਬੇਦੀ, ਜਸਪਾਲ ਮਾਨਖੇੜਾ, ਉੱਘੇ ਗ਼ਜ਼ਲਗੋ ਸੁਰਿੰਦਰਪ੍ਰੀਤ ਘਣੀਆ, ਕਿਸ਼ੋਰ ਬਾਂਸਲ ਤੇ ਸ੍ਰੀ ਅਤਰਜੀਤ ਨੇ ਕਿਹਾ ਕਿ ਬੂਟਾ ਸਿੰਘ ਚੌਹਾਨ ਦੋਸਤਾਂ ਨਾਲ ਰਹਿਨੁਮਾ ਵਾਲਾ ਰਿਸ਼ਤਾ ਨਿਭਾ ਰਹੇ ਹਨ, ਉਨ੍ਹਾਂ ਰਚਨਾਕਾਰੀ ਸਬੰਧੀ, ਜਿਸ ਦੀ ਵੀ ਉਂਗਲ ਫੜੀ, ਉਸ ਨੂੰ ਪਾਰ ਲਾਇਆ ਹੈ। ਉਨ੍ਹਾਂ ਕਿਹਾ ਕਿ ਸਾਹਿਤ ਜੀਵਨ ਵਿੱਚ ਰੌਸ਼ਨੀ ਕਰਦਾ ਹੈ, ਹਰ ਇਨਸਾਨ ਨੂੰ ਸਮਾਂ ਕੱਢ ਕੇ ਪੁਸਤਕਾਂ ਪੜ੍ਹਨੀਆਂ ਚਾਹੀਦੀਆਂ ਹਨ।

ਬੂਟਾ ਸਿੰਘ ਚੌਹਾਨ ਨੇ ਸੰਬੋਧਤ ਹੁੰਦਿਆਂ ਕਿਹਾ ਕਿ ਜ਼ਮੀਨਾਂ, ਕੋਠੀਆਂ ਜਾਂ ਪੈਸਾ ਇਕੱਠਾ ਕਰਕੇ ਹੀ ਨਾਂ ਨਹੀਂ ਬਣਦਾ, ਸਾਹਿਤ ਲਈ ਸਮਰਪਿਤ ਹੋ ਕੇ, ਲੇਖਕ ਬਣ ਕੇ ਵੀ ਨਾਂ ਕਮਾਇਆ ਜਾ ਸਕਦਾ ਹੈ। ਉਨ੍ਹਾਂ ਕਿਹਾ ਕਿ ਇੱਕ ਸਮਾਂ ਸੀ ਜਦੋਂ ਰਚਨਾਕਾਰ ਨੂੰ ਵਾਤਾਵਰਣ ਵੀ ਸਾਥ ਨਹੀਂ ਸੀ ਦਿੰਦਾ, ਅੱਜ ਇਨਸਾਨ ਨੇ ਮੌਸਮ ਨੂੰ ਵੀ ਮੁੱਠੀ ਵਿੱਚ ਕਰ ਲਿਆ ਹੈ, ਗਰਮੀ ਨੂੰ ਸਰਦੀ ਬਣਾਇਆ ਜਾ ਸਕਦਾ ਹੈ ਤੇ ਸਰਦੀ ਨੂੰ ਗਰਮੀ। ਲੇਖਕ ਜਿਹੋ ਜਿਹਾ ਵਾਤਾਵਰਣ ਚਾਹੁੰਦਾ ਹੈ, ਉਹ ਬਣਾਇਆ ਜਾ ਸਕਦਾ ਹੈ, ਜਿਸ ਕਰਕੇ ਅੱਜ ਰਚਨਾਕਾਰੀ ਔਖੀ ਨਹੀਂ। ਉਨ੍ਹਾਂ ਕਿਹਾ ਕਿ ਜਿਹੜੇ ਲੇਖਕ ਘਰ ਵਿੱਚ ਵੀ ਸਾਹਿਤ ਨਾਲ ਜੁੜੇ ਰਹਿੰਦੇ ਹਨ, ਉਨ੍ਹਾਂ ਬਾਰੇ ਬਾਹਰ ਵੀ ਕੁੱਝ ਨਾ ਕੁੱਝ ਹੁੰਦਾ ਹੈ, ਜੋ ਲਿਖਣ ਨੂੰ ਪਹਿਲ ਦਿੰਦੇ ਹਨ, ਉਹ ਸਫ਼ਲ ਹੁੰਦੇ ਹਨ। ਉਨ੍ਹਾਂ ਕਿਹਾ ਕਿ ਸਮਾਜ ਲਈ ਸਾਹਿਤ ਰਚ ਕੇ ਵੀ ਲੜਾਈ ਲੜੀ ਜਾ ਸਕਦੀ ਹੈ ਤੇ ਲੜਨੀ ਚਾਹੀਦੀ ਹੈ। ਡਾ: ਜਸਵੀਰ ਸਿੰਘ ਢਿੱਲੋਂ ਨੇ ਕਿਹਾ ਕਿ ਇਹ ਪੁਸਤਕ ਜ਼ਿੰਦਗੀ ਵਿੱਚ ਪ੍ਰਭਾਵ ਛੱਡਣ ਵਾਲੇ ਅਦੀਬ ਪਾਤਰਾਂ ਤੇ ਆਧਾਰਤ ਹੈ, ਜਿਸ ਤੋਂ ਪ੍ਰੇਰਨਾ ਮਿਲਦੀ ਹੈ। ਇਸ ਉਪਰੰਤ ਹੋਏ ਕਵੀ ਦਰਬਾਰ ਵਿੱਚ ਸਰਵਸ੍ਰੀ ਰਣਬੀਰ ਰਾਣਾ, ਬਲਵਿੰਦਰ ਸਿੰਘ ਭੁੱਲਰ, ਅੰਮ੍ਰਿਤਪਾਲ ਸਿੰਘ, ਸੇਵਕ ਸਮੀਰੀਆ, ਕੁਲਦੀਪ ਸਿੰਘ ਦੀਪ, ਕਮਲ ਬਠਿੰਡਾ, ਅਮਨਦੀਪ ਕੌਰ, ਦਿਲਬਾਗ ਸਿੰਘ, ਮਨਜੀਤ ਜੀਤ, ਅਮਰ ਸਿੰਘ ਸਿੱਧੂ, ਹਰਮਨ, ਕੰਵਲਜੀਤ ਕੁਟੀ, ਰਮੇਸ਼ ਗਰਗ, ਗੁਰਸੇਵਕ ਸਿੰਘ, ਸੁਰਿੰਦਰਪ੍ਰੀਤ ਘਣੀਆ, ਬੂਟਾ ਸਿੰਘ ਚੌਹਾਨ, ਜਸਵੀਰ ਸਿੰਘ ਢਿੱਲੋਂ ਨੇ ਕਵਿਤਾਵਾਂ, ਗ਼ਜ਼ਲਾਂ ਪੇਸ਼ ਕਰਕੇ ਹਾਜ਼ਰੀ ਲਵਾਈ। ਸਟੇਜ ਸਕੱਤਰ ਦੀ ਭੂਮਿਕਾ ਦਮਜੀਤ ਦਰਸ਼ਨ ਨੇ ਬਾਖ਼ੂਬੀ ਨਿਭਾਈ।

# ਸੀਟੂ ਵੱਲੋਂ ਟੀਚਰਜ਼ ਹੋਮ ਵਿਖੇ ਪ੍ਰਭਾਵਸ਼ਾਲੀ ਕਨਵੈਨਸ਼ਨ




ਬਠਿੰਡਾ (ਪਰਵਿੰਦਰ ਜੀਤ ਸਿੰਘ)-ਟੀਚਰਜ਼ ਹੋਮ ਬਠਿੰਡਾ ਵਿਖੇ ਸੀਟੂ ਨਾਲ ਸਬੰਧਤ ਜ਼ਿਲ੍ਹਾ ਬਠਿੰਡਾ, ਮਾਨਸਾ ਤੇ ਬਰਨਾਲਾ ਦੀ ਸਾਂਝੀ ਕਨਵੈਨਸ਼ਨ ਕੀਤੀ ਗਈ, ਜਿਸ ਵਿੱਚ ਵੱਖ-ਵੱਖ ਸਨਅਤੀ ਅਦਾਰਿਆਂ ਨਾਲ ਸਬੰਧਤ ਯੂਨੀਅਨਾਂ ਤੇ ਸਕੀਮ ਵਰਕਰ ਯੂਨੀਅਨਾਂ ਦੇ ਆਗੂਆਂ ਤੇ ਵਰਕਰ ਸ਼ਾਮਲ ਹੋਏ।ਇਸ ਕਨਵੈਨਸ਼ਨ ਵਿੱਚ ਪੰਜਾਬ ਸੀਟੂ ਦੇ ਪ੍ਰਧਾਨ ਚੰਦਰ ਸ਼ੇਖਰ, ਸੂਬਾ ਸਕੱਤਰ ਸ਼ੇਰ ਸਿੰਘ ਫਰਵਾਹੀ, ਕੁਲਵਿੰਦਰ ਸਿੰਘ ਉੱਡਤ, ਦੇਵ ਰਾਜ ਵਰਮਾ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਇਸ ਕਨਵੈਨਸ਼ਨ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਮਿੱਡ ਡੇ ਮੀਲ ਵਰਕਰਜ਼ ਯੂਨੀਅਨ ਪੰਜਾਬ ਦੇ ਆਗੂ ਹਰਪਾਲ ਕੌਰ, ਜਸਮੇਲ ਕੌਰ, ਜ਼ਿਲ੍ਹਾ ਪ੍ਰਧਾਨ ਕੁਲਵਿੰਦਰ ਕੌਰ, ਆਂਗਣਵਾੜੀ ਮੁਲਾਜ਼ਮ ਯੂਨੀਅਨ ਜ਼ਿਲ੍ਹਾ ਮਾਨਸਾ ਦੇ ਆਗੂ ਰਣਜੀਤ ਕੌਰ, ਬਠਿੰਡਾ ਦੇ ਆਗੂ ਪ੍ਰਤੀਭਾ ਸ਼ਰਮਾ, ਜ਼ਿਲ੍ਹਾ ਸਰਪ੍ਰਸਤ ਆਗੂ ਮੇਘ ਨਾਥ ਸ਼ਰਮਾ, ਗਰਾਸਿਮ ਸੀਮਿੰਟ ਕੰਟ੍ਰੈਕਟਰ ਵਰਕਰ ਯੂਨੀਅਨ ਦੇ ਆਗੂ ਜਰਨੈਲ ਸਿੰਘ ਭੂੰਦੜ, ਲਾਲ ਝੰਡਾ ਯੂਨੀਅਨ ਦੇ ਪ੍ਰਧਾਨ ਜੈ ਸਿੰਘ, ਐੱਮ.ਈ.ਐੱਸ. ਕੰਟ੍ਰੈਕਟਰ ਮਜ਼ਦੂਰ ਯੂਨੀਅਨ ਦੇ ਪ੍ਰਧਾਨ ਪਰਦੀਪ ਸਿੰਘ, ਕੰਟੋਨਮੈਂਟ ਕੰਟ੍ਰੈਕਟ ਵਰਕਰਜ਼ ਯੂਨੀਅਨ ਭੀਸੀਆਣਾ ਦੇ ਅੰਮ੍ਰਿਤਪਾਲ ਸਿੰਘ, ਪੰਜਾਬ ਰੋਡਵੇਜ਼/ਪਨਬੱਸ ਪੀ.ਆਰ.ਟੀ.ਸੀ. ਕੰਟ੍ਰੈਕਟ ਵਰਕਰ ਯੂਨੀਅਨ ਦੇ ਆਗੂ ਸਰਬਜੀਤ ਸਿੰਘ ਭੁੱਲਰ, ਟੋਲ ਪਲਾਜ਼ਾ ਵਰਕਰਜ਼ ਯੂਨੀਅਨ ਦੇ ਆਗੂ ਜਸਪ੍ਰੀਤ ਸਿੰਘ ਜੱਸੂ, ਪ੍ਰੀਤਮ ਸਿੰਘ ਫਰਵਾਹੀ, ਹਰਪਾਲ ਕੌਰ, ਜਸਮੇਲ ਕੌਰ, ਐਡਵੋਕੇਟ ਐੱਮ. ਐੱਮ. ਬਹਿਲ ਆਦਿ ਨੇ ਸੰਬੋਧਨ ਕੀਤਾ।ਕਨਵੈਨਸ਼ਨ ਵਿੱਚ 10 ਅਗਸਤ ਨੂੰ ਜੇਲ੍ਹ ਭਰੋ ਅੰਦੋਲਨ, 8 ਜੁਲਾਈ ਤੋਂ 20 ਤੱਕ ਔਰਤ ਵਰਕਰਾਂ ਦੇ ਮਾਮਲਿਆਂ ਦਾ ਪ੍ਰਚਾਰ ਕਰਨ, 29 ਜੁਲਾਈ ਦਿੱਲੀ ਕਨਵੈਨਸ਼ਨ ਵਿੱਚ ਹਾਜ਼ਰ ਹੋਣ, 4 ਲੇਬਰ ਕੋਡ ਰੱਦ ਕਰਵਾਉਣ ਲਈ ਸੰਘਰਸ਼ ਜਾਰੀ ਰੱਖਣ, 22 ਜੁਲਾਈ ਨੂੰ ਅਮਰੀਕਾ ਨਾਲ ਗੁਪਤ ਤੇ ਫਰੀ ਵਪਾਰ ਸਮਝੌਤੇ ਵਿਰੁੱਧ ਲੜਾਈ ਵਿੱਚ ਸੰਯੁਕਤ ਕਿਸਾਨ ਮੋਰਚੇ ਦਾ ਜ਼ੋਰਦਾਰ ਸਮਰਥਨ ਕਰਨ, ਕੱਚੇ ਵਰਕਰਾਂ ਨੂੰ ਪੱਕਾ ਕਰਵਾਉਣ ਤੇ ਘੱਟੋ-ਘੱਟ ਉਜਰਤਾਂ 26000 ਕਰਵਾਉਣ ਲਈ ਸੰਘਰਸ਼ ਕਰਨ, ਐੱਸ.ਆਈ.ਆਰ. ਦਾ ਵਿਰੋਧ ਕਰਨਾ ਆਦਿ ਮੁੱਖ ਐਲਾਨ ਕੀਤੇ ਗਏ।ਇਸ ਮੌਕੇ ਸਟੇਜ ਸੈਕਟਰੀ ਦੀ ਭੂਮਿਕਾ ਸੀਟੂ ਦੇ ਸੂਬਾ ਸਕੱਤਰ ਬਲਕਾਰ ਸਿੰਘ ਵੱਲੋਂ ਨਿਭਾਈ ਗਈ।ਇਸ ਸਮੇਂ ਕਾਮਰੇਡ ਸੁਖਮਿੰਦਰ ਸਿੰਘ ਬਾਠ ਵੱਲੋਂ ਸਾਰੇ ਸਾਥੀਆਂ ਦਾ ਧੰਨਵਾਦ ਕੀਤਾ ਗਿਆ। ਇਸ ਮੌਕੇ ਹੋਰਨਾਂ ਤੋਂ ਇਲਾਵਾ ਮੱਖਣ ਸਿੰਘ ਜਖੇਪਲ, ਸਾਥੀ ਹਰਮੰਦਰ ਸਿੰਘ ਢਿੱਲੋਂ ਆਦਿ ਹਾਜ਼ਰ ਸਨ।

# ਚੇਅਰਮੈਨ ਬਰਸਟ ਗੁਰਦੁਆਰਾ ਪਾਤਸ਼ਾਹੀ ਨੌਵੀਂ ਗੜ੍ਹੀ ਸਾਹਿਬ ਵਿਖੇ ਹੋਏ ਨਤਮਸਤਕ

## ਬਾਬਾ ਬਲਬੀਰ ਸਿੰਘ ਨੇ ਸੜਕ ਬਣਾਉਣ ਲਈ ਕੀਤਾ ਧੰਨਵਾਦ



**ਸਮਾਣਾ (ਗੁਰਪ੍ਰਿਆਰ ਸਿੰਘ ਚੱਲ)**-ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਤੇ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਸ੍ਰ. ਹਰਚੰਦ ਸਿੰਘ ਬਰਸਟ ਗੁਰਦੁਆਰਾ ਪਾਤਸ਼ਾਹੀ ਨੌਵੀਂ ਗੜ੍ਹੀ ਸਾਹਿਬ ਸਮਾਣਾ ਵਿਖੇ ਨਤਮਸਤਕ ਹੋਏ।ਗੁਰੂ ਘਰ ਵਿਖੇ ਹਾਜ਼ਰੀ ਭਰਦਿਆਂ ਉਨ੍ਹਾਂ ਪੰਜਾਬ ਦੀ ਅਮਨ-ਸ਼ਾਂਤੀ, ਭਾਈਚਾਰਕ ਸਾਂਝ, ਸਰਬੱਤ ਦੇ ਭਲੇ ਤੇ ਚੜ੍ਹਦੀਕਲਾ ਲਈ ਅਰਦਾਸ ਕੀਤੀ।ਇਸ ਦੌਰੇ ਦੌਰਾਨ ਸ੍ਰ. ਬਰਸਟ ਨੇ ਗੁਰਦੁਆਰਾ ਸਾਹਿਬ ਵਿਖੇ ਸੰਤ ਬਾਬਾ ਬਲਬੀਰ ਸਿੰਘ ਜੀ ਨਾਲ ਵਿਸ਼ੇਸ਼ ਤੌਰ 'ਤੇ ਮੁਲਾਕਾਤ ਕੀਤੀ ਤੇ ਉਨ੍ਹਾਂ ਦਾ ਅਸ਼ੀਰਵਾਦ ਪ੍ਰਾਪਤ ਕੀਤਾ।ਇਸ ਮੌਕੇ ਵੱਖ-ਵੱਖ ਧਾਰਮਿਕ ਵਿਸ਼ਿਆਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਸੰਤ ਬਾਬਾ ਬਲਬੀਰ ਸਿੰਘ ਨੇ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਗੁਰਦੁਆਰਾ ਗੜ੍ਹੀ ਸਾਹਿਬ ਵਾਲੀ ਮੁੱਖ ਸੜਕ ਦਾ ਨਿਰਮਾਣ ਕਰਵਾਉਣ ਲਈ ਉਨ੍ਹਾਂ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ।ਉਨ੍ਹਾਂ ਸ੍ਰ. ਬਰਸਟ ਵੱਲੋਂ ਬਤੌਰ ਚੇਅਰਮੈਨ ਪੰਜਾਬ ਮੰਡੀ ਬੋਰਡ ਕੀਤੇ ਜਾ ਰਹੇ ਵਿਕਾਸ ਕਾਰਜਾਂ ਦੀ ਵੀ ਸ਼ਲਾਘਾ ਕੀਤੀ।ਸ੍ਰ. ਬਰਸਟ ਨੇ ਸੰਤ ਬਾਬਾ ਬਲਬੀਰ ਸਿੰਘ ਜੀ ਦਾ ਧੰਨਵਾਦ ਕਰਦਿਆਂ ਵਿਸ਼ਵਾਸ ਦਿਵਾਇਆ ਕਿ ਪੰਜਾਬ ਦੇ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰਨ ਤੇ ਸੰਗਤਾਂ ਨੂੰ ਹਰ ਸੰਭਵ ਸਹੂਲਤ ਪ੍ਰਦਾਨ ਕਰਨ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਬਾਬਾ ਜੀ ਨੇ ਸ੍ਰ. ਬਰਸਟ ਨੂੰ ਸਿਰੋਪਾ ਪਾ ਕੇ ਸਨਮਾਨਤ ਕੀਤਾ।ਇਸ ਮੌਕੇ ਨਿਸ਼ਾਨ ਚੀਮਾ ਕੌਂਸਲਰ, ਰਘਪਾਲ ਸਿੰਘ ਸਰਪੰਚ ਮਿਆਲ ਕਲਾਂ, ਪ੍ਰਿੰਸ ਵਿਰਕ ਵੜੈਚ ਪੱਤੀ, ਸ਼ਾਮ ਲਾਲ ਦੱਤ, ਹਜ਼ਾਰੀ ਲਾਲ ਜੌਹਰੀ, ਗੁਰਮੇਲ ਸਿੰਘ ਬਲਾਕ ਪ੍ਰਧਾਨ ਚੱਕ ਅੰਮ੍ਰਿਤਸਰ ਸਮੇਤ ਇਲਾਕਾ ਵਾਸੀ ਮੌਜੂਦ ਰਹੇ।

# ਜੰਨਤ ਏ ਜਰਖੜ ਵਿਖੇ ਲੱਗਿਆ ਤੀਆਂ ਦੇ ਤਿਉਹਾਰ ਦਾ ਨਿਵੇਕਲਾ ਮੇਲਾ



**ਲੁਧਿਆਣਾ (ਰੈਕਟਰ ਕਥੂਰੀਆ)**-ਚੜ੍ਹਦੇ ਤੇ ਲਹਿੰਦੇ ਪੰਜਾਬ ਦੀ ਵਿਰਾਸਤ ਨੂੰ ਦਰਸਾਉਂਦਾ ਮਿਊਜ਼ੀਅਮ ਜੰਨਤ ਏ ਜਰਖੜ ਲੁਧਿਆਣਾ ਵਿਖੇ ਸੌਣ ਮਹੀਨਾ ਚੜ੍ਹਨ ਤੋਂ ਪਹਿਲਾਂ ਹੀ ਤੀਆਂ ਦਾ ਤਿਉਹਾਰ ਬਹੁਤ ਹੀ ਸ਼ਾਨੋ ਸ਼ੌਕਤ ਨਾਲ ਮਨਾਇਆ ਗਿਆ।ਬਹੁਤ ਹੀ ਸੱਭਿਆਚਾਰ ਦੇ ਸੁਹਾਵਨੇ ਮਾਹੌਲ ਵਿੱਚ ਡਰੈਗਨ ਅਕੈਡਮੀ ਲੁਧਿਆਣਾ ਦੇ ਬੱਚਿਆਂ ਨੇ ਸ੍ਰ: ਦਿਲਬਾਗ ਸਿੰਘ ਦੀ ਅਗਵਾਈ ਹੇਠ ਆਪਣੇ ਗੀਤ ਸੰਗੀਤ, ਗਿੱਧਾ, ਭੰਗੜਾ ਤੇ ਸੱਭਿਆਚਾਰ ਗੀਤਾਂ ਉੱਤੇ ਕੋਰਿਓਗ੍ਰਾਫੀ ਕਰਕੇ ਪੰਜਾਬ ਦੇ ਪੁਰਾਣੇ ਸੱਭਿਆਚਾਰ ਦੀ ਮੂੰਹ ਬੋਲਦੀ ਤਸਵੀਰ ਪੇਸ਼ ਕੀਤੀ।ਇਥੇ ਵੱਡੀ ਗਿਣਤੀ ਵਿੱਚ ਬੀਬੀਆਂ ਨੇ ਵੀ ਗਿੱਧਾ ਪਾ ਕੇ ਤੀਆਂ ਦੇ ਤਿਉਹਾਰ ਦਾ ਲੁਤਫ ਲਿਆ।ਇਸ ਮੌਕੇ ਦਰਸ਼ਕਾਂ ਵਾਸਤੇ ਜਲੇਬੀਆਂ ਸੈਂਡਵਿਚ ਤੇ ਕੋਲਡਰਿੰਕ ਦਾ ਖੁੱਲ੍ਹਾ ਲੰਗਰ ਵੀ ਲਾਇਆ ਗਿਆ।ਇਸ ਮੌਕੇ 1982 ਏਸ਼ੀਅਨ ਖੇਡਾਂ ਦੇ ਜੇਤੂ ਹਾਕੀ ਗੋਲਡ ਮੈਡਲਿਸਟ ਤੇ ਸੇਵਾ ਮੁਕਤ ਪ੍ਰਿੰਸੀਪਲ ਸ੍ਰੀਮਤੀ ਸ਼ਰਨਜੀਤ ਕੌਰ ਨੇ ਨਵੀਂ ਪੀੜ੍ਹੀ ਨੂੰ ਤੀਆਂ ਦੇ ਤਿਉਹਾਰ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਤੀਆਂ ਪੰਜਾਬ ਦਾ ਇੱਕ ਪ੍ਰਸਿੱਧ ਸੱਭਿਆਚਾਰਕ ਤਿਉਹਾਰ ਹੈ, ਜੋ ਸਾਉਣ ਮਹੀਨੇ ਦੀ ਤੀਜ ਤੋਂ ਸ਼ੁਰੂ ਹੋ ਕੇ ਪੂਰਨਮਾਸ਼ੀ ਤੱਕ ਮਨਾਇਆ ਜਾਂਦਾ ਹੈ।ਇਸ ਇਤਿਹਾਸਕ ਤਿਉਹਾਰ ਵਿੱਚ ਮੁਟਿਆਰਾਂ ਪਿੱਪਲਾਂ-ਟਾਹਣੀਆਂ 'ਤੇ ਪੀਂਘਾਂ ਝੂਟਦੀਆਂ, ਗਿੱਧਾ ਪਾਉਂਦੀਆਂ, ਲੋਕ-ਬੋਲੀਆਂ ਗਾਉਂਦੀਆਂ ਤੇ ਮਹਿੰਦੀ ਲਗਾਉਂਦੀਆਂ ਹਨ।ਇਹ ਤਿਉਹਾਰ ਮੁੱਖ ਤੌਰ 'ਤੇ ਵਿਆਹੀਆਂ-ਵਰ੍ਹੀਆਂ ਕੁੜੀਆਂ ਦੇ ਆਪਣੇ ਪੇਕੇ ਘਰ ਇਕੱਠੀਆਂ ਹੋਣ ਦਾ ਪ੍ਰਤੀਕ ਹੈ।ਪੁਰਾਣੇ ਸਮੇਂ ਵਿੱਚ ਸੱਸ-ਨੂੰਹ ਦੇ ਰਿਸ਼ਤੇ ਵਿੱਚ ਸਾਉਣ ਮਹੀਨੇ ਇਕੱਠੇ ਰਹਿਣ ਨੂੰ ਚੰਗਾ ਨਹੀਂ ਮੰਨਿਆ ਜਾਂਦਾ ਸੀ, ਇਸ ਲਈ ਵਿਆਹੁਤਾ ਧੀਆਂ ਪੇਕੇ ਆ ਕੇ ਆਪਣੀਆਂ ਸਹੇਲੀਆਂ ਨੂੰ ਮਿਲਦੀਆਂ ਸਨ ਤੇ ਖੁਸ਼ੀਆਂ ਸਾਂਝੀਆਂ ਕਰਦੀਆਂ ਸਨ।ਇਸ ਸਮੇਂ ਦੌਰਾਨ ਖੀਰ, ਪੂੜੇ ਤੇ ਗੁਲਗੁਲੇ ਵਰਗੇ ਪਕਵਾਨ ਬਣਾਏ ਜਾਂਦੇ ਹਨ। ਸਮੇਂ ਦੇ ਬਦਲਾਅ ਨਾਲ ਹੁਣ ਇਸ ਨੂੰ ਸ਼ਹਿਰੀ ਤੇ ਵਿਦੇਸ਼ੀ ਪੱਧਰ 'ਤੇ ਵੀ ਸੱਭਿਆਚਾਰਕ ਮੇਲਿਆਂ ਵਜੋਂ ਆਯੋਜਿਤ ਕੀਤਾ ਜਾਂਦਾ ਹੈ।ਇਸ ਮੌਕੇ ਉੱਘੇ ਪੰਜਾਬੀ ਫਿਲਮ ਕਲਾਕਾਰ ਪਾਲੀ ਮਾਂਗਟ, ਜੋ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ, ਦਾ ਵਿਲੱਖਣ ਸਨਮਾਨ ਕੀਤਾ ਗਿਆ।ਇਸ ਮੌਕੇ ਪਾਲੀ ਮਾਂਗਟ ਨੇ ਆਖਿਆ ਕਿ ਜੰਨਤ ਏ ਜਰਖੜ ਪੰਜਾਬ ਦੀ ਪੁਰਾਣੀ ਵਿਰਾਸਤ ਦੀ ਤਸਵੀਰ ਪੇਸ਼ ਕਰ ਰਹੀ ਹੈ।ਭਵਿੱਖ ਵਿੱਚ ਪੰਜਾਬੀ ਫਿਲਮਾਂ ਨੂੰ ਸ਼ੂਟ ਕਰਨ ਲਈ ਇਕ ਵਧੀਆ ਜਗ੍ਹਾ ਉਪਲਬਧ ਹੋਵੇਗੀ।ਇਸ ਮੌਕੇ ਸਟੇਜ ਦਾ ਸੰਚਾਲਨ ਉੱਘੇ ਕਲਾਕਾਰ ਗੁਰਦਾਸ ਸਿੰਘ ਕੈੜਾ ਨੇ ਬਾਖੂਬੀ ਨਿਭਾਇਆ।ਇਸ ਮੌਕੇ ਅਮਰੀਕ ਸਿੰਘ ਮਿਨਹਾਸ ਏਆਈਜੀ ਪੰਜਾਬ ਪੁਲਸ, ਸਾਬਕਾ ਅੰਤਰਰਾਸ਼ਟਰੀ ਵੇਟ ਲਿਫਟਰ ਹਰਦੀਪ ਸਿੰਘ ਬੀਰਮਪੁਰ, ਜੰਨਤ ਏ ਜਰਖੜ ਦੇ ਮੁੱਖ ਪ੍ਰਬੰਧਕ ਜਗਰੂਪ ਸਿੰਘ ਜਰਖੜ, ਅਜੀਤ ਸਿੰਘ ਲਾਦੀਆਂ ਕੁਲਦੀਪ ਸਿੰਘ ਘਵੱਦੀ, ਦਲਵੀਰ ਸਿੰਘ ਜਰਖੜ, ਦਿਲਬਾਗ ਸਿੰਘ ਐੱਮ ਡੀ ਡਰੈਗਨ ਅਕੈਡਮੀ, ਕੁਲਦੀਪ ਸਿੰਘ ਦੁੱਗਲ, ਹਰਬੰਸ ਸਿੰਘ ਤੂਰ, ਹਰਮੀਤ ਸਿੰਘ ਖਾਲਸਾ, ਮੁਹੰਮਦ ਹਰਨੂਨ ਮਾਲੇਰਕੋਟਲਾ ਤੋਂ ਇਲਾਵਾ ਹੋਰ ਪ੍ਰਬੰਧਕ ਮਹਿਮਾਨ ਤੇ ਬੀਬੀਆਂ ਵੱਡੀ ਗਿਣਤੀ ਵਿੱਚ ਹਾਜ਼ਰ ਸਨ।ਇਸ ਮੌਕੇ ਅਮਰੀਕ ਸਿੰਘ ਮਿਨਹਾਸ ਏ ਆਈ ਜੀ ਤੇ ਹਰਦੀਪ ਸਿੰਘ ਬੀਰਮਪੁਰ ਨੇ ਆਏ ਸਾਰੇ ਦਰਸ਼ਕਾਂ ਦਾ ਧੰਨਵਾਦ ਕੀਤਾ।

# ਲੇਖਕ ਮੰਚ ਦੀ ਬੈਠਕ 'ਚ ਵਿਦੇਸ਼ੀ ਯਾਤਰਾਵਾਂ 'ਤੇ ਵਿਚਾਰ ਚਰਚਾ



**ਸਮਰਾਲਾ (ਸੁਰਜੀਤ ਸਿੰਘ)**-ਲੇਖਕ ਮੰਚ ਸਮਰਾਲਾ (ਰਜਿ:) ਦੀ ਮਾਸਿਕ ਬੈਠਕ ਸਰਪ੍ਰਸਤ ਪ੍ਰਿੰਸੀਪਲ ਡਾ. ਪਰਮਿੰਦਰ ਸਿੰਘ ਬੈਨੀਪਾਲ ਦੀ ਸਰਪ੍ਰਸਤੀ ਹੇਠ ਹੋਈ।ਮੀਟਿੰਗ ਦੇ ਸ਼ੁਰੂਆਤ ਵਿੱਚ ਮੰਚ ਦੇ ਵਿੱਤ ਸਕੱਤਰ ਹਰਜਿੰਦਰਪਾਲ ਸਿੰਘ ਨੇ ਹਾਜ਼ਰ ਆਏ ਲੇਖਕਾਂ ਦਾ ਸਵਾਗਤ ਕੀਤਾ।ਉਪਰੰਤ ਅਧਿਆਪਕ ਤੇ ਟਰੇਡ ਯੂਨੀਅਨ ਆਗੂ ਕੁਲਵੰਤ ਸਿੰਘ ਤਰਕ ਦੇ ਇਕਲੌਤੇ ਪੁੱਤਰ ਰਾਜਾ ਪ੍ਰਦੀਪ ਸਿੰਘ, ਸੀਨੀਅਰ ਪੱਤਰਕਾਰ ਸਵਰਨ ਸਿੰਘ ਭੰਗੂ ਚਮਕੌਰ ਸਾਹਿਬ ਤੇ ਉੱਘੇ ਉਰਦੂ ਦੇ ਸ਼ਾਇਰ ਬਸ਼ੀਰ ਬਦਰ ਦੇ ਸਦੀਵੀ ਵਿਛੋੜੇ ਦਾ ਅਫ਼ਸੋਸ ਪ੍ਰਗਟ ਕਰਦਿਆਂ ਉਨ੍ਹਾਂ ਦੀ ਆਤਮਿਕ ਸ਼ਾਂਤੀ ਲਈ ਦੋ ਮਿੰਟ ਦਾ ਮੌਨ ਧਾਰਨ ਕੀਤਾ ਗਿਆ।ਪ੍ਰਿੰਸੀਪਲ ਬੈਨੀਪਾਲ ਨੇ ਆਪਣੀ ਥਾਈਲੈਂਡ ਦੀ ਯਾਤਰਾ ਦਾ ਵਿਸਤ੍ਰਿਤ ਵਿਸਥਾਰ ਨਾਲ ਹਾਜ਼ਰ ਲੇਖਕਾਂ ਦੀ ਨਜ਼ਰ ਕੀਤਾ।ਉਨ੍ਹਾਂ ਭਾਰਤੀ ਸਮਾਜ ਤੇ ਥਾਈਲੈਂਡ ਦੇ ਸਮਾਜ ਦੀ ਤੁਲਨਾ ਕਰਦਿਆਂ ਦੱਸਿਆ ਕਿ ਥਾਈਲੈਂਡ ਦੇ ਨਾਗਰਿਕ ਬਹੁਤ ਹੀ ਅਨੁਸ਼ਾਸਨ ਪ੍ਰੇਮੀ ਹਨ।ਕਾਨੂੰਨ ਵਿਵਸਥਾ ਐਨੀ ਕੁ ਪੁਖਤਾ ਕਿ ਦੇਸ਼ ਵਿੱਚ ਜ਼ੀਰੋ ਕ੍ਰਾਈਮ ਦੇਖਿਆ ਗਿਆ ਹੈ।ਉਨ੍ਹਾਂ ਦੱਸਿਆ ਕਿ ਦੇਸ਼ ਵਿੱਚ ਕਾਨੂੰਨ ਵਿਵਸਥਾ ਦੀ ਪਹਿਰੇਦਾਰੀ ਲਈ ਕਿਧਰੇ ਕੋਈ ਸੁਰੱਖਿਆ ਬਲ ਨਜ਼ਰ ਨਹੀਂ ਆਏ।ਉਨ੍ਹਾਂ ਕਿਹਾ ਕਿ ਥਾਈਲੈਂਡ ਵਿੱਚ ਕੰਮ ਕਾਜੀ ਥਾਵਾਂ 'ਤੇ ਔਰਤਾਂ ਨਾਲ ਕੋਈ ਵਿਤਕਰਾ ਨਜ਼ਰ ਨਹੀਂ ਆਇਆ, ਬਲਕਿ ਜ਼ਿਆਦਾਤਰ ਵਪਾਰਕ ਗਤੀਵਿਧੀਆਂ ਵਿੱਚ ਮਰਦਾਂ ਦੇ ਮੁਕਾਬਲੇ ਔਰਤਾਂ ਹੀ ਨਜ਼ਰ ਆਈਆਂ।ਉਨ੍ਹਾਂ ਥਾਈਲੈਂਡ ਦੇ ਸਮਾਜਿਕ, ਸੱਭਿਆਚਾਰਕ ਤੇ ਧਾਰਮਿਕ ਵਿਸ਼ਵਾਸਾ ਦਾ ਜ਼ਿਕਰ ਕਰਦਿਆਂ ਦੱਸਿਆ ਕਿ ਸਾਰੇ ਧਰਮਾਂ ਦੇ ਧਾਰਮਿਕ ਅਸਥਾਨ ਇੱਕੋ ਥਾਂ 'ਤੇ ਬਣਾਏ ਗਏ ਹਨ।ਹਰ ਨਾਗਰਿਕ ਆਪਣੇ ਆਪਣੇ ਧਾਰਮਿਕ ਅਸਥਾਨ 'ਤੇ ਪੂਜਾ ਅਰਚਨਾ ਲਈ ਜਾਂਦਾ ਹੈ।ਉਨ੍ਹਾਂ ਦੱਸਿਆ ਕਿ ਧਾਰਮਿਕ ਅਸਥਾਨਾਂ ਦੇ ਇਲਾਕੇ ਵਿੱਚ ਕਿਸੇ ਤਰ੍ਹਾਂ ਦੀ ਧਾਰਮਿਕ ਗੈਰ-ਬਰਾਬਰੀ ਨਜ਼ਰ ਨਹੀਂ ਆਈ।ਉਨ੍ਹਾਂ ਦੱਸਿਆ ਕਿ ਸਾਰੇ ਲੋਕ ਇੱਕ ਦੂਜੇ ਦੇ ਧਰਮ ਦਾ ਪੂਰਾ ਸਨਮਾਨ ਕਰਦੇ ਹਨ।ਹਾਜ਼ਰ ਲੇਖਕਾਂ ਨੂੰ ਸੰਬੋਧਨ ਕਰਦਿਆਂ ਪ੍ਰਿੰਸੀਪਲ ਬੈਨੀਪਾਲ ਨੇ ਕਿਹਾ ਕਿ ਅੰਤਰਰਾਸ਼ਟਰੀ ਤਰੱਕੀ ਦੀ ਦੌੜ ਵਿੱਚ ਭਾਰਤ ਨੂੰ ਥਾਈਲੈਂਡ ਵਰਗੇ ਅਨੁਸ਼ਾਸਨ ਪ੍ਰੇਮੀ ਦੇਸ਼ ਤੋਂ ਅਜਿਹੇ ਹੀ ਸਬਕ ਸਿੱਖਣਾ ਚਾਹੀਦਾ ਹੈ।ਅੰਤ ਵਿੱਚ ਹਾਜ਼ਰ ਲੇਖਕਾਂ ਜਿਨ੍ਹਾਂ ਵਿੱਚ ਮੁੱਖ ਤੌਰ 'ਤੇ ਨੇਤਰ ਸਿੰਘ ਨੇਤਰ, ਕਰਮਜੀਤ ਸਿੰਘ ਬਿੱਟੂ ਬੱਸੀ ਨੇ ਆਪਣੀਆਂ ਰਚਨਾਵਾਂ ਪੇਸ਼ ਕੀਤੀਆਂ ਤੇ ਪੱਤਰਕਾਰ ਕਰਮਜੀਤ ਸਿੰਘ ਆਜ਼ਾਦ ਨੇ ਆਪਣਾ ਤਾਜ਼ਾ ਲਿਖਿਆ ਗੀਤ ਤਰੰਨੁਮ ਵਿੱਚ ਗਾ ਕੇ ਪੇਸ਼ ਕੀਤਾ।ਪੇਸ਼ ਕੀਤੀਆਂ ਰਚਨਾਵਾਂ 'ਤੇ ਨਿੱਠ ਕੇ ਵਿਚਾਰ ਚਰਚਾ ਹੋਈ।ਹਰਜਿੰਦਰਪਾਲ ਸਿੰਘ ਨੇ ਆਏ ਸਾਰੇ ਲੇਖਕਾਂ ਦਾ ਧੰਨਵਾਦ ਕੀਤਾ।

# ਗੁੱਡ ਮੌਰਨਿੰਗ ਕਲੱਬ ਨੇ ਬੂਟੇ ਲਾਉਣ ਦੀ ਮੁਹਿੰਮ ਕੀਤੀ ਸ਼ੁਰੂ

## ਕੇ ਜੀ ਐਸ ਫਾਊਂਡੇਸ਼ਨ ਦੇ ਸਹਿਯੋਗ ਨਾਲ ਲਾਏ ਹਜ਼ਾਰਾਂ ਬੂਟੇ



**ਕੋਟਕਪੂਰਾ (ਗੁਰਮੀਤ ਭੁੱਲਰ)**-ਗੁੱਡ ਮੌਰਨਿੰਗ ਵੈੱਲਫੇਅਰ ਕਲੱਬ ਕੋਟਕਪੂਰਾ ਵੱਲੋਂ ਇਸ ਸੀਜ਼ਨ ਦੀ ਬੂਟੇ ਲਾਉਣ ਦੀ ਮੁਹਿੰਮ ਦੀ ਸ਼ੁਰੂਆਤ ਹਜ਼ਾਰਾਂ ਬੂਟੇ ਲਾ ਕੇ ਕੀਤੀ ਗਈ।ਅੱਜ ਕਲੱਬ ਦੇ ਪ੍ਰਧਾਨ ਡਾ. ਮਨਜੀਤ ਸਿੰਘ ਢਿੱਲੋਂ ਦੀ ਅਗਵਾਈ ਹੇਠ ਤੇ ਕੇ.ਜੀ.ਐਸ. ਫਾਊਂਡੇਸ਼ਨ ਟੀਮ ਫਿਰੋਜ਼ਪੁਰ ਦੇ ਸਹਿਯੋਗ ਨਾਲ ਪਿੰਡ ਹਬੀਬ ਕੇ ਬੰਨ੍ਹ ਜ਼ਿਲ੍ਹਾ ਫ਼ਿਰੋਜ਼ਪੁਰ ਵਿਖੇ ਵੱਖ-ਵੱਖ ਕਿਸਮ ਦੇ ਹਜ਼ਾਰਾਂ ਬੂਟੇ ਲਾਏ ਗਏ।ਇਸ ਮੌਕੇ ਕੇਜੀਐਸ ਟੀਮ ਦੇ ਸੰਚਾਲਕਾਂ ਕੁਲਵਰਨ ਡਾ. ਕੰਵਲਜੀਤ ਪਾਲ ਸਿੰਘ ਤੇ ਭਾਈ ਕੁਲਜੀਤ ਸਿੰਘ ਨੇ ਗੁੱਡ ਮੌਰਨਿੰਗ ਕਲੱਬ ਦੇ ਮਨੁੱਖਤਾ ਦੀ ਭਲਾਈ ਵਾਲੇ ਸੇਵਾ ਕਾਰਜਾਂ ਬਾਰੇ ਬਹੁਤ ਕੁਝ ਸੁਣਿਆ ਸੀ, ਪਰ ਅੱਜ ਉਸ ਟੀਮ ਦੇ ਮੈਂਬਰਾਂ ਨੂੰ ਮਿਲ ਕੇ ਅਥਾਹ ਖ਼ੁਸ਼ੀ ਪ੍ਰਾਪਤ ਹੋਈ ਹੈ।ਉਨ੍ਹਾਂ ਦੱਸਿਆ ਕਿ ਕੇਜੀਐਸ ਟੀਮ ਵੱਲੋਂ ਇਕ ਲੱਖ ਬੂਟੇ ਲਾਉਣ ਦਾ ਟੀਚਾ ਮਿਥਿਆ ਗਿਆ ਹੈ ਤੇ ਗੁੱਡ ਮੌਰਨਿੰਗ ਕਲੱਬ ਕੋਟਕਪੂਰਾ ਵੱਲੋਂ, ਜੋ 10 ਹਜ਼ਾਰ ਵੱਖ ਵੱਖ ਕਿਸਮ ਦੇ ਫਲਦਾਰ, ਛਾਂਦਾਰ ਤੇ ਵਿਰਾਸਤੀ ਬੂਟੇ ਦੇਣ ਦਾ ਭਰੋਸਾ ਦਿਵਾਇਆ ਗਿਆ ਹੈ, ਉਸ ਨਾਲ ਸਾਡੀ ਟੀਮ ਨੂੰ ਹੌਸਲਾ, ਉਤਸ਼ਾਹ ਤੇ ਜੋਸ਼ ਮਿਲਣਾ ਸੁਭਾਵਿਕ ਹੈ।ਕਲੱਬ ਦੇ ਸੰਸਥਾਪਕ ਤੇ ਮੁੱਖ ਸਰਪ੍ਰਸਤ ਗੁਰਿੰਦਰ ਸਿੰਘ ਮਹਿੰਦੀਰੱਤਾ ਨੇ ਦੱਸਿਆ ਕਿ ਵਾਤਾਵਰਣ ਦੀ ਸ਼ੁੱਧਤਾ ਦੇ ਸੰਭਾਲ ਲਈ ਵਤਨਸ਼ੀਲ ਸੰਸਥਾਵਾਂ ਤੇ ਜਥੇਬੰਦੀਆਂ ਦੇ ਸਹਿਯੋਗ ਵਾਸਤੇ ਉਨ੍ਹਾਂ ਦਾ ਕਲੱਬ ਹਮੇਸ਼ਾ ਤਿਆਰ ਹੈ।ਬਾਬਾ ਗਰੀਬ ਦਾਸ ਜੀ ਨੇ ਆਖਿਆ ਕਿ ਉਹ ਇਸ ਟੀਮ ਨੂੰ ਹਰ ਤਰ੍ਹਾਂ ਦਾ ਸਹਿਯੋਗ ਦੇਣਗੇ, ਜਦੋਂ ਵੀ ਉਹ ਚਾਹੁਣ ਸਿਰਫ਼ ਬੂਟੇ ਹੀ ਨਹੀਂ, ਬਲਕਿ ਹਰ ਤਰ੍ਹਾਂ ਦੀ ਮਦਦ ਲਈ ਅਸੀਂ ਹਰ ਸਮੇਂ ਤਤਪਰ ਰਹਾਂਗੇ।ਬੂਟੇ ਲਾਉਣ ਦੀ ਇਸ ਮੁਹਿੰਮ ਵਿੱਚ ਬਹੁਤ ਸਾਰੇ ਵੀਰ-ਭੈਣ, ਬੱਚੇ-ਬਜ਼ੁਰਗ ਵੀ ਸ਼ਾਮਲ ਸਨ, ਜਿਨ੍ਹਾਂ ਵਿੱਚ ਨੈਸ਼ਨਲ ਐਵਾਰਡੀ ਸਤਿੰਦਰ ਸਿੰਘ, ਕੁਲਦੀਪ ਸਿੰਘ ਗਿੱਲ, ਅਵਤਾਰ ਸਿੰਘ ਮੱਕੜ, ਉਮ ਪ੍ਰਕਾਸ਼ ਗੁਪਤਾ, ਗੁਰਚਰਨ ਸਿੰਘ ਬੱਬੂ, ਗੁਰਮੀਤ ਸਿੰਘ ਮੀਤਾ, ਪ੍ਰਮੋਦ ਕੁਮਾਰ ਪੱਪਾ ਮਲਹੋਤਰਾ, ਪਰਮਜੀਤ ਸਿੰਘ ਮੱਕੜ, ਸਰਨ ਕੁਮਾਰ, ਅਨਮੋਲ ਬਰਾੜ, ਤੇਜਵੀਰ ਸਿੰਘ ਮੱਕੜ, ਹਰਪ੍ਰੀਤ ਸਿੰਘ ਸੋਨੂੰ ਗਿੱਲ ਆਦਿ ਦਾ ਨਾਮ ਪ੍ਰਮੁੱਖ ਹੈ।

# ਕਪੂਰ ਚੰਦ ਬਾਂਸਲ ਦੇ ਪ੍ਰਧਾਨ ਬਣਨ ਦੀ ਖ਼ੁਸ਼ੀ 'ਚ ਕੇਲਿਆਂ ਤੇ ਮਿੱਠੀ ਲੱਸੀ ਦਾ ਪ੍ਰਸਾਦ ਵੰਡਿਆ



**ਸਮਾਣਾ (ਇਕਬਾਲ ਸਿੰਘ ਬੱਲ)**-ਨਗਰ ਕੌਂਸਲ ਸਮਾਣਾ ਦੇ ਨਵੇਂ ਪ੍ਰਧਾਨ ਕਪੂਰ ਚੰਦ ਬਾਂਸਲ ਦੇ ਸਰਬਸੰਮਤੀ ਨਾਲ ਪ੍ਰਧਾਨ ਬਣਨ ਦੀ ਖ਼ੁਸ਼ੀ ਵਿੱਚ ਸਮਾਜ ਸੇਵੀ ਬਲਵਿੰਦਰ ਸਿੰਘ ਖੰਗੂੜਾ (ਕੁਲਾਰਾਂ ਵਾਲੇ) ਵੱਲੋਂ ਚਿਲਡਰਨ ਮੈਮੋਰੀਅਲ ਪਾਰਕ ਸਮਾਣਾ ਵਿਖੇ ਇੱਕ ਸਮਾਗਮ ਕਰਵਾਇਆ ਗਿਆ।ਇਸ ਮੌਕੇ ਪਾਰਕ ਵਿੱਚ ਹਰ ਰੋਜ਼ ਯੋਗਾ ਕਰਨ ਵਾਲੇ ਸਾਥੀਆਂ ਤੇ ਸੈਰ ਕਰਨ ਲਈ ਆਏ ਲੋਕਾਂ ਨੂੰ ਕੇਲਿਆਂ ਤੇ ਮਿੱਠੀ ਲੱਸੀ ਦਾ ਪ੍ਰਸ਼ਾਦ ਵੰਡਿਆ ਗਿਆ।ਬਲਵਿੰਦਰ ਸਿੰਘ ਖੰਗੂੜਾ ਨੇ ਕਿਹਾ ਕਿ ਕਪੂਰ ਚੰਦ ਬਾਂਸਲ ਦਾ ਸਰਬਸੰਮਤੀ ਨਾਲ ਪ੍ਰਧਾਨ ਬਣਨਾ ਸਮਾਣਾ ਸ਼ਹਿਰ ਲਈ ਖ਼ੁਸ਼ੀ ਦੀ ਗੱਲ ਹੈ ਤੇ ਉਨ੍ਹਾਂ ਨੂੰ ਉਮੀਦ ਹੈ ਕਿ ਨਵੀਂ ਟੀਮ ਸ਼ਹਿਰ ਦੇ ਵਿਕਾਸ ਤੇ ਲੋਕ ਭਲਾਈ ਦੇ ਕੰਮਾਂ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਏਗੀ।ਉਨ੍ਹਾਂ ਕਪੂਰ ਚੰਦ ਬਾਂਸਲ ਨੂੰ ਪ੍ਰਧਾਨ ਬਣਨ ਦੀਆਂ ਹਾਰਦਿਕ ਮੁਬਾਰਕਾਂ ਦਿੰਦਿਆਂ ਉਨ੍ਹਾਂ ਦੀ ਚੰਗੀ ਸਿਹਤ, ਲੰਬੀ ਉਮਰ ਤੇ ਸਫਲ ਕਾਰਜਕਾਲ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ।ਇਸ ਮੌਕੇ ਯੋਗਾ ਕਰਨ ਵਾਲੇ ਸਾਥੀਆਂ ਨੇ ਵੀ ਬਲਵਿੰਦਰ ਸਿੰਘ ਖੰਗੂੜਾ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਪ੍ਰਸ਼ਾਦ ਗ੍ਰਹਿਣ ਕੀਤਾ।ਸਮਾਗਮ ਦੌਰਾਨ ਆਪਸੀ ਭਾਈਚਾਰੇ, ਸੇਵਾ ਭਾਵਨਾ ਤੇ ਖ਼ੁਸ਼ੀ ਦਾ ਮਾਹੌਲ ਬਣਿਆ ਰਿਹਾ।

# ਜਸਪਾਲ ਸਿੰਘ ਸਿੱਧੂ ਬਣੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ




**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸਥਾਨਕ ਸ੍ਰੀ ਪੰਚਾਇਤੀ ਗੁਰਦੁਆਰਾ ਸਾਹਿਬ ਦੀ ਪ੍ਰਬੰਧਕ ਕਮੇਟੀ ਦੀ ਜਤਿੰਦਰ ਸਿੰਘ ਸੋਨੀ ਮੰਡੇਰ, ਹਰਬੰਸ ਸਿੰਘ ਸੋਢੀ ਤੇ ਇੰਸਪੈਕਟਰ ਕੁਲਦੀਪ ਸਿੰਘ ਦੀ ਦੇਖ ਰੇਖ ਹੇਠ ਹੋਈ ਚੋਣ 'ਚ ਸਰਬਸੰਮਤੀ ਨਾਲ ਜਸਪਾਲ ਸਿੰਘ ਸਿੱਧੂ ਨੂੰ ਪ੍ਰਧਾਨ ਚੁਣਿਆ ਗਿਆ।ਚੋਣ ਪ੍ਰਕਿਰਿਆ ਦੌਰਾਨ ਚੁਣੇ ਗਏ ਬਾਕੀ ਅਹੁਦੇਦਾਰਾਂ 'ਚ ਗੁਰਕੰਵਲ ਸਿੰਘ ਕੋਹਲੀ ਸੀਨੀਅਰ ਮੀਤ ਪ੍ਰਧਾਨ, ਕਰਨਪ੍ਰੀਤ ਸਿੰਘ ਕੋਹਲੀ ਮੀਤ ਪ੍ਰਧਾਨ, ਦਲਬੀਰ ਸਿੰਘ ਕਾਲਾ ਜਨਰਲ ਸਕੱਤਰ, ਰਾਜਵੀਰ ਸਿੰਘ ਜਵੰਧਾ ਸਕੱਤਰ ਤੇ ਅਪਿੰਦਰ ਸਿੰਘ ਸੋਢੀ ਖਜ਼ਾਨਚੀ ਚੁਣੇ ਜਾਣ ਤੋਂ ਇਲਾਵਾ ਭੁਪਿੰਦਰ ਸਿੰਘ ਸੋਨੀ, ਸ਼ੰਮੀ ਢੀਂਗਰਾ, ਰੈਮੀ ਭਗਰੀਆ, ਅਮਰਿੰਦਰ ਸਿੰਘ ਖਾਲਸਾ ਤੇ ਰਾਹੁਲ ਬੇਦੀ ਨੂੰ ਕਮੇਟੀ ਮੈਂਬਰ ਚੁਣਿਆ ਗਿਆ।

# ਪਿੰਡ ਰਾਈਆ 'ਚ ਕਿਸਾਨ ਮਿਲਣੀ ਕਰਾਈ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਪਿੰਡ ਰਾਈਆ ਦੀ ਬਹੁਮੰਤਵੀ ਸਹਿਕਾਰੀ ਕੋਆਪ੍ਰੇਟਿਵ ਸੁਸਾਇਟੀ ਵਿਖੇ ਕਿਸਾਨ ਮਿਲਣੀ ਦਾ ਆਯੋਜਨ ਕੀਤਾ ਗਿਆ।ਇਸ ਦੌਰਾਨ ਮਾਰਕਫੈਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ ਨੇ ਕਿਸਾਨਾਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਤੇ ਮੰਗਾਂ ਨੂੰ ਧਿਆਨ ਨਾਲ ਸੁਣਿਆ।ਕਿਸਾਨਾਂ ਵੱਲੋਂ ਕੋਆਪ੍ਰੇਟਿਵ ਸੁਸਾਇਟੀਆਂ ਨਾਲ ਸਬੰਧਤ ਵੱਖ-ਵੱਖ ਮੁੱਦੇ ਚੁੱਕੇ ਗਏ, ਜਿਨ੍ਹਾਂ 'ਤੇ ਚੇਅਰਮੈਨ ਮਾਨ ਨੇ ਤੁਰੰਤ ਪ੍ਰਸ਼ਾਸਨਿਕ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਕਈ ਮਸਲਿਆਂ ਦਾ ਮੌਕੇ 'ਤੇ ਹੀ ਨਿਪਟਾਰਾ ਕਰਾਇਆ।ਉਨ੍ਹਾਂ ਭਰੋਸਾ ਦਿੱਤਾ ਕਿ ਬਾਕੀ ਰਹਿੰਦੀਆਂ ਸਮੱਸਿਆਵਾਂ ਦਾ ਵੀ ਪਹਿਲ ਦੇ ਆਧਾਰ 'ਤੇ ਹੱਲ ਯਕੀਨੀ ਬਣਾਇਆ ਜਾਵੇਗਾ।ਚੇਅਰਮੈਨ ਮਾਨ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਅਤੇ ਸਹਿਕਾਰੀ ਅਦਾਰਿਆਂ ਨੂੰ ਮਜ਼ਬੂਤ ਬਣਾਉਣ ਲਈ ਵਚਨਬੱਧ ਹੈ ਅਤੇ ਕਿਸਾਨਾਂ ਨੂੰ ਕਿਸੇ ਵੀ ਤਰ੍ਹਾਂ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਦਰ ਤੱਕ ਪਹੁੰਚ ਕੇ ਸੁਣਨਾ ਅਤੇ ਸਮੇਂ ਸਿਰ ਹੱਲ ਕਰਨਾ ਹੀ ਸਰਕਾਰ ਦੀ ਤਰਜੀਹ ਹੈ।

# ਐੱਸ ਆਈ ਆਰ ਸੰਬੰਧੀ ਐੱਸ ਡੀ ਐੱਮ ਨੇ ਜਾਣਕਾਰੀ ਸਾਂਝੀ ਕੀਤੀ



**ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)**-ਐੱਸ ਆਈ ਆਰ ਸਬੰਧੀ ਉਪ ਮੰਡਲ ਮੈਜਿਸਟ੍ਰੇਟ ਐੱਸ ਡੀ ਐੱਮ ਗਗਨਦੀਪ ਸਿੰਘ ਨੇ ਜਾਣਕਾਰੀ ਸਾਂਝੀ ਕੀਤੀ।ਉਨ੍ਹਾਂ ਕਿਹਾ ਕਿ ਐੱਸ ਆਈ ਆਰ ਨਾਲ ਸਬੰਧਤ ਸਾਰੀਆਂ ਕਾਰਵਾਈਆਂ ਚੋਣ ਕਮਿਸ਼ਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪੂਰੀ ਪਾਰਦਰਸ਼ਤਾ ਨਾਲ ਕੀਤੀਆਂ ਜਾ ਰਹੀਆਂ ਹਨ।ਇਸ ਪ੍ਰਕਿਰਿਆ ਵਿੱਚ ਤਾਇਨਾਤ ਅਧਿਕਾਰੀਆਂ ਅਤੇ ਕ੍ਰਮਚਾਰੀਆਂ ਨੂੰ ਨਿਰਧਾਰਤ ਹਦਾਇਤਾਂ ਦੀ ਪਾਲਣਾ ਕਰਨ ਲਈ ਕਿਹਾ ਗਿਆ ਹੈ।ਇਸ ਦੇ ਨਾਲ ਹੀ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਲੋੜੀਂਦੇ ਦਸਤਾਵੇਜ਼ ਸਮੇਂ ਸਿਰ ਮੁਹੱਈਆ ਕਰਾਉਣ ਅਤੇ ਕਿਸੇ ਵੀ ਤਰ੍ਹਾਂ ਦੀ ਅਫ਼ਵਾਹ ਤੇ ਵਿਸ਼ਵਾਸ ਨਾ ਕਰਨ।ਐੱਸ ਡੀ ਐੱਮ ਗਗਨਦੀਪ ਸਿੰਘ ਨੇ ਕਿਹਾ ਕਿ ਜੇਕਰ ਕਿਸੇ ਨਾਗਰਿਕ ਨੂੰ ਐੱਸ ਆਈ ਆਰ ਸਬੰਧੀ ਕੋਈ ਜਾਣਕਾਰੀ ਜਾਂ ਸਹਾਇਤਾ ਦੀ ਲੋੜ ਹੋਵੇ ਤਾਂ ਉਹ ਸਬੰਧਤ ਦਫ਼ਤਰ ਨਾਲ ਸੰਪਰਕ ਕਰ ਸਕਦਾ ਹੈ।

# 2027 ਦੀਆਂ ਚੋਣਾਂ ਲਈ ਭਾਜਪਾ ਪੂਰੀ ਤਰ੍ਹਾਂ ਤਿਆਰ : ਪ੍ਰਨੀਤ ਕੌਰ, ਜੈ ਇੰਦਰ ਕੌਰ

## ਦਰਜਨਾਂ ਅਕਾਲੀ ਵਰਕਰ ਭਾਜਪਾ 'ਚ ਸ਼ਾਮਲ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜ਼ਰ ਸਿਆਸੀ ਸਰਗਰਮੀਆਂ ਤੇਜ਼ ਹੋ ਗਈਆਂ ਹਨ।ਵੱਖ-ਵੱਖ ਸਿਆਸੀ ਪਾਰਟੀਆਂ ਵੱਲੋਂ ਚੋਣ ਪ੍ਰਚਾਰ ਤੇ ਪਾਰਟੀ ਦੇ ਵਿਸਥਾਰ ਲਈ ਵੱਡੇ ਪੱਧਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ।ਇਸੇ ਕੜੀ ਤਹਿਤ ਪਟਿਆਲਾ ਵਿੱਚ ਸ਼੍ਰੋਮਣੀ ਅਕਾਲੀ ਦਲ ਨੂੰ ਉਸ ਵੇਲੇ ਵੱਡਾ ਝਟਕਾ ਲੱਗਾ, ਜਦੋਂ ਪਟਿਆਲਾ ਸ਼ਹਿਰੀ ਤੋਂ ਅਕਾਲੀ ਦਲ ਦੇ ਆਗੂ ਮਨਜੀਤ ਸਿੰਘ ਅਰਨੋ ਆਪਣੇ ਸਾਥੀਆਂ ਸਮੇਤ ਵੱਡੀ ਗਿਣਤੀ ਵਿੱਚ ਭਾਰਤੀ ਜਨਤਾ ਪਾਰਟੀ ਵਿੱਚ ਸ਼ਾਮਲ ਹੋ ਗਏ।ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਤੇ ਭਾਜਪਾ ਮਹਿਲਾ ਮੋਰਚਾ ਪੰਜਾਬ ਦੀ ਸੂਬਾ ਪ੍ਰਧਾਨ ਜੈ ਇੰਦਰ ਕੌਰ ਨੇ ਸਾਰੇ ਆਗੂਆਂ ਤੇ ਵਰਕਰਾਂ ਨੂੰ ਸਿਰੋਪਾਓ ਪਾ ਕੇ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ ਅਤੇ ਜੀ-ਆਇਆਂ ਨੂੰ ਆਖਿਆ।ਇਸ ਮੌਕੇ ਸੰਬੋਧਨ ਕਰਦਿਆਂ ਸਾਬਕਾ ਸੰਸਦ ਮੈਂਬਰ ਪ੍ਰਨੀਤ ਕੌਰ ਨੇ ਦਾਅਵਾ ਕੀਤਾ ਕਿ ਪੰਜਾਬ ਅੰਦਰ ਭਾਜਪਾ ਅਗਾਮੀ ਵਿਧਾਨ ਸਭਾ ਚੋਣਾਂ ਵਿੱਚ ਪੰਜਾਬ ਅੰਦਰ ਆਪਣੀ ਸਰਕਾਰ ਬਣਾਉਣ ਲਈ ਪੂਰੀ ਤਰ੍ਹਾਂ ਤਿਆਰ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਵਾਸੀ ਹੁਣ ਸੂਬੇ ਦੇ ਸਰਵਪੱਖੀ ਵਿਕਾਸ ਤੇ ਖੁਸ਼ਹਾਲੀ ਲਈ ਭਾਜਪਾ 'ਤੇ ਪੂਰਾ ਭਰੋਸਾ ਜਤਾ ਰਹੇ ਹਨ।ਲੋਕ ਆਉਂਦੀਆਂ ਚੋਣਾਂ ਵਿੱਚ 'ਕਮਲ' ਦੇ ਨਿਸ਼ਾਨ 'ਤੇ ਮੋਹਰ ਲਗਾਉਣ ਲਈ ਪੂਰੀ ਤਰ੍ਹਾਂ ਉਤਸ਼ਾਹਤ ਹਨ।ਇਸ ਮੌਕੇ ਦੌਰਾਨ ਸੂਬਾ ਭਾਜਪਾ ਮਹਿਲਾ ਮੋਰਚਾ ਪ੍ਰਧਾਨ ਪ੍ਰਧਾਨ ਜੈ ਇੰਦਰ ਕੌਰ ਨੇ ਕਿਹਾ ਕਿ ਪੰਜਾਬ ਦੀ ਤਰੱਕੀ, ਅਮਨ-ਕਾਨੂੰਨ ਤੇ ਖੁਸ਼ਹਾਲੀ ਸਿਰਫ਼ ਭਾਜਪਾ ਦੇ ਹੱਥਾਂ ਵਿੱਚ ਹੀ ਸੁਰੱਖਿਅਤ ਹੈ।ਉਨ੍ਹਾਂ ਦੂਜੀਆਂ ਪਾਰਟੀਆਂ 'ਤੇ ਨਿਸ਼ਾਨਾ ਸਾਧਦਿਆਂ ਕਿਹਾ ਕਿ ਅੱਜ ਵਿਰੋਧੀ ਪਾਰਟੀਆਂ ਦੇ ਵਰਕਰਾਂ ਦਾ ਮਨੋਬਲ ਪੂਰੀ ਤਰ੍ਹਾਂ ਟੁੱਟ ਚੁੱਕਾ ਹੈ, ਜਿਸ ਕਾਰਨ ਉਹ ਆਪਣੀਆਂ ਪਾਰਟੀਆਂ ਨੂੰ ਅਲਵਿਦਾ ਕਹਿ ਰਹੇ ਹਨ।ਜੈ ਇੰਦਰ ਕੌਰ ਨੇ ਭਰੋਸਾ ਜਤਾਇਆ ਕਿ ਅੱਜ ਮਨਜੀਤ ਸਿੰਘ ਅਰਨੋ ਤੇ ਉਨ੍ਹਾਂ ਦੇ ਸਾਥੀਆਂ ਦੇ ਪਾਰਟੀ ਵਿੱਚ ਆਉਣ ਨਾਲ ਪਟਿਆਲਾ ਵਿੱਚ ਭਾਜਪਾ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਆਉਣ ਵਾਲੇ ਦਿਨਾਂ ਵਿੱਚ ਪਾਰਟੀ ਦਾ ਜਨ-ਆਧਾਰ ਹੋਰ ਤੇਜ਼ੀ ਨਾਲ ਵਧੇਗਾ।ਇਸ ਦੌਰਾਨ ਭਾਜਪਾ ਪਟਿਆਲਾ ਸ਼ਹਿਰੀ ਦੇ ਪ੍ਰਧਾਨ ਵਿਜੇ ਕੁਮਾਰ ਕੂਕਾ, ਜਨਰਲ ਸਕੱਤਰ ਹੈਪੀ ਸ਼ਰਮਾ, ਮੰਡਲ ਪ੍ਰਧਾਨ ਸੰਦੀਪ ਯਾਦਵ, ਹਰਦੇਵ ਬੱਲੀ, ਤਰਲੋਚਨ ਸਿੰਘ ਸ਼ੇਰਗੜ੍ਹ, ਸੂਬਾ ਸਿੰਘ ਵੜੈਚ, ਮੰਡਲ ਪ੍ਰਧਾਨ ਨਿਰੰਕਾਰ ਸੰਧੂ, ਮੁਖਤਾਰ ਸਿੰਘ ਤੇ ਭਾਜਪਾ ਵਿੱਚ ਸ਼ਾਮਲ ਹੋਣ ਵਾਲੇ ਸਾਥੀ ਜੰਗੀਵ ਕੁਮਾਰ ਗਰਗ, ਕੁਸ਼ਲ ਗਰੇਵਾਲ, ਹਰਤੇਜ ਸਿੰਘ, ਲਾਲ ਸਿੰਘ ਸੋਹੀ, ਰਮੇਸ਼ ਕੁਮਾਰ ਬੱਬੂ, ਸਨੀ, ਪਵਨ ਕੁਮਾਰ, ਰਵਿੰਦਰ ਸਿੰਘ, ਜੋਨੀ ਵਰਮਾ, ਡਾਕਟਰ ਸਚਿਨ ਚਾਵਲਾ, ਨਿਰਮਲ ਸਿੰਘ, ਸਰਬਜੀਤ ਸਿੰਘ ਆਦਿ ਹਾਜ਼ਰ ਸਨ।

# ਅਲਾਈਡ ਹੈਲਥਕੇਅਰ ਐਜੂਕੇਸ਼ਨ 'ਚ ਰੈਗੂਲੇਟਰੀ ਸੁਧਾਰ ਦੀ ਮੰਗ ਕੀਤੀ

**ਰਾਜਪੁਰਾ (ਰਮੇਸ਼ ਕਟਾਰੀਆ)**-ਭਾਰਤ ਵਿੱਚ ਅਲਾਈਡ ਹੈਲਥਕੇਅਰ ਐਜੂਕੇਸ਼ਨ ਲਈ ਇਕਸਾਰ ਰੈਗੂਲੇਟਰੀ ਢਾਂਚੇ ਦੀ ਲੋੜ 'ਤੇ ਜ਼ੋਰ ਦਿੰਦੇ ਹੋਏ ਡਾ. ਅੰਸ਼ੂ ਕਟਾਰੀਆ ਪ੍ਰਧਾਨ ਪੰਜਾਬ ਅਨਐਡਿਡ ਕਾਲਜਿਜ਼ ਐਸੋਸੀਏਸ਼ਨ (ਪੁੱਕਾ), ਫੈਡਰੇਸ਼ਨ ਆਫ ਸੈਲਫ ਫਾਈਨੈਂਸਿੰਗ ਟੈਕਨੀਕਲ ਇੰਸਟੀਚਿਊਸ਼ਨਜ਼, ਆਰੀਅਨਜ਼ ਗਰੁੱਪ ਆਫ ਕਾਲਜਿਜ਼ ਨੇ ਨੈਸ਼ਨਲ ਕਮਿਸ਼ਨ ਫਾਰ ਅਲਾਈਡ ਐਂਡ ਹੈਲਥਕੇਅਰ ਪ੍ਰੋਫੈਸ਼ਨਜ਼ ਨੂੰ ਅਪੀਲ ਕੀਤੀ ਹੈ ਕਿ ਉਹ ਨੈਸ਼ਨਲ ਕਮਿਸ਼ਨ ਫਾਰ ਅਲਾਈਡ ਐਂਡ ਹੈਲਥਕੇਅਰ ਪ੍ਰੋਫੈਸ਼ਨਜ਼ ਐਕਟ, 2021 ਨੂੰ ਲਾਗੂ ਕਰਨ ਵਿੱਚ ਵਧੇਰੇ ਨਿਸ਼ਚਤਤਾ, ਪਾਰਦਰਸ਼ਤਾ ਅਤੇ ਇਕਸਾਰਤਾ ਨੂੰ ਯਕੀਨੀ ਬਣਾਉਣ।ਕਮਿਸ਼ਨ ਨੂੰ ਸੌਂਪੀ ਵਿਸਤ੍ਰਿਤ ਪ੍ਰਤੀਨਿਧਤਾ ਵਿੱਚ ਡਾ. ਕਟਾਰੀਆ ਨੇ ਦਾਖਲੇ, ਯੋਗਤਾ ਮਾਪਦੰਡ, ਬੁਨਿਆਦੀ ਢਾਂਚਾ, ਜ਼ਮੀਨ ਦੀਆਂ ਜ਼ਰੂਰਤਾਂ, ਦਾਖਲੇ ਦੀ ਸਮਰੱਥਾ ਤੇ ਹੋਰ ਮੁੱਖ ਅਕਾਦਮਿਕ ਅਤੇ ਸੰਸਥਾਗਤ ਨਿਯਮਾਂ ਨੂੰ ਕਵਰ ਕਰਨ ਵਾਲੇ ਵਿਆਪਕ ਨਿਯਮਾਂ ਦੇ ਨਿਰਮਾਣ ਦੀ ਮੰਗ ਕੀਤੀ ਹੈ।ਉਨ੍ਹਾਂ ਜ਼ੋਰ ਦਿੱਤਾ ਕਿ ਜ਼ਰੂਰੀ ਰੈਗੂਲੇਟਰੀ ਪ੍ਰਬੰਧ ਚੱਲ ਰਹੇ ਅਕਾਦਮਿਕ ਸੈਸ਼ਨ ਦੌਰਾਨ ਸਥਿਰ ਰਹਿਣੇ ਚਾਹੀਦੇ ਹਨ।ਡਾ. ਕਟਾਰੀਆ ਨੇ ਸਾਰੇ ਅਲਾਈਡ ਹੈਲਥਕੇਅਰ ਐਜੂਕੇਸ਼ਨ ਕੋਰਸਾਂ ਲਈ ਇਕਸਾਰ ਜ਼ਮੀਨੀ ਨਿਯਮਾਂ ਦੀ ਨੋਟੀਫਿਕੇਸ਼ਨ, ਵਿਦਿਆਰਥੀਆਂ ਦਾ ਇੱਕ ਰਾਸ਼ਟਰੀ ਡਿਜੀਟਲ ਡੇਟਾਬੇਸ ਬਣਾਉਣ, ਸੰਸਥਾ-ਵਾਰ ਪ੍ਰਵਾਨਿਤ ਦਾਖਲੇ ਸਮਰੱਥਾਵਾਂ ਦਾ ਪ੍ਰਕਾਸ਼ਨ ਤੇ ਦੇਸ਼ ਭਰ ਦੇ ਸੰਸਥਾਵਾਂ ਲਈ ਇੱਕ ਪਾਰਦਰਸ਼ੀ, ਅਨੁਮਾਨਯੋਗ ਤੇ ਤਕਨਾਲੋਜੀ-ਅਧਾਰਤ ਰੈਗੂਲੇਟਰੀ ਵਿਧੀ ਦੀ ਸਥਾਪਨਾ ਦੀ ਸਿਫਾਰਸ਼ ਕੀਤੀ।ਭਾਰਤ ਵਿੱਚ ਗੁਣਵੱਤਾ ਵਾਲੇ ਸਹਿਯੋਗੀ ਸਿਹਤ ਸੰਭਾਲ ਸਿੱਖਿਆ ਤੇ ਸਿਖਲਾਈ ਦੀ ਗੁਣਵੱਤਾ ਕਰਕੇ ਹੁਨਰਮੰਦ ਸਿਹਤ ਸੰਭਾਲ ਮਨੁੱਖੀ ਸ਼ਕਤੀ ਦੇ ਸਭ ਤੋਂ ਵੱਡੇ ਸਪਲਾਇਰਾਂ ਵਿੱਚੋਂ ਇੱਕ ਬਣਨ ਦੀ ਸਮਰੱਥਾ ਹੈ।ਡਾ. ਕਟਾਰੀਆ ਨੇ ਪੰਜਾਬ ਵਿੱਚ ਲੰਬਿਤ ਮਾਨਤਾ ਪ੍ਰਕਿਰਿਆ 'ਤੇ ਵੀ ਚਿੰਤਾ ਪ੍ਰਗਟ ਕੀਤੀ। ਇਹ ਕਹਿੰਦੇ ਹੋਏ ਕਿ ਯੂਨੀਵਰਸਿਟੀ ਗ੍ਰਾਂਟਸ ਕਮਿਸ਼ਨ (ਯੂਜੀਸੀ) ਨੇ ਅਜੇ ਤੱਕ ਯੂਨੀਵਰਸਿਟੀਆਂ ਨੂੰ ਮਾਨਤਾ ਦੇਣ ਲਈ ਨਵੇਂ ਸਹਿਯੋਗੀ ਸਿਹਤ ਸੰਭਾਲ ਨਿਯਮਾਂ ਦਾ ਸਮਰਥਨ ਨਹੀਂ ਕੀਤਾ ਹੈ।ਉਨ੍ਹਾਂ ਕਿਹਾ ਕਿ ਯੂਜੀਸੀ ਨੂੰ ਨਵੇਂ ਨਿਯਮਾਂ ਨੂੰ ਲਾਗੂ ਕਰਨ ਲਈ ਆਈਕੇਜੀਪੀਟੀਯੂ ਨੂੰ ਨਿਰਦੇਸ਼ ਜਾਰੀ ਕਰਨੇ ਚਾਹੀਦੇ ਹਨ ਤਾਂ ਜੁ ਹਜ਼ਾਰਾਂ ਚਾਹਵਾਨ ਵਿਦਿਆਰਥੀ ਸਿਹਤ ਸੰਭਾਲ ਕੋਰਸਾਂ ਤੋਂ ਲਾਭ ਉਠਾ ਸਕਣ। ਡਾ. ਰੇਵ. ਕੇ. ਵੀ. ਕੇ. ਰਾਓ, ਜਨਰਲ ਸਕੱਤਰ, ਐਫ ਐਸ ਐਫ ਟੀ ਆਈ ਨੇ ਕਿਹਾ ਕਿ ਅਲਾਈਡ ਹੈਲਥਕੇਅਰ ਐਜੂਕੇਸ਼ਨ ਖੇਤਰ ਵਿੱਚ ਹੁਨਰਮੰਦ ਸਿਹਤ ਸੰਭਾਲ ਪੇਸ਼ੇਵਰਾਂ ਦੀ ਭਾਰਤ ਦੀ ਵਧਦੀ ਮੰਗ ਨੂੰ ਪੂਰਾ ਕਰਨ ਦੀ ਅਥਾਹ ਸੰਭਾਵਨਾ ਹੈ।ਉਨ੍ਹਾਂ ਐਨਸੀਏਐਚਪੀ ਨੂੰ ਅਪੀਲ ਕੀਤੀ ਕਿ ਉਹ ਜਲਦੀ ਤੋਂ ਜਲਦੀ ਵਿਆਪਕ ਤੇ ਇਕਸਾਰ ਨਿਯਮ ਲਾਗੂ ਕਰੇ, ਜਿਸ ਨਾਲ ਦੇਸ਼ ਭਰ ਦੀਆਂ ਸੰਸਥਾਵਾਂ ਉੱਚਤਮ ਅਕਾਦਮਿਕ ਅਤੇ ਪੇਸ਼ੇਵਰ ਮਿਆਰਾਂ ਨੂੰ ਬਣਾਈ ਰੱਖਦੇ ਹੋਏ ਸਪਸ਼ਟਤਾ, ਇਕਸਾਰਤਾ ਅਤੇ ਵਿਸ਼ਵਾਸ ਨਾਲ ਕੰਮ ਕਰ ਸਕਣ।ਪੁੱਕਾ ਦੇ ਸੀਨੀਅਰ ਮੀਤ ਪ੍ਰਧਾਨ ਐਡਵੋਕੇਟ ਅਮਿਤ ਸ਼ਰਮਾ ਨੇ ਜ਼ੋਰ ਦਿੱਤਾ ਕਿ ਇਸ ਤੇਜ਼ੀ ਨਾਲ ਵਧ ਰਹੇ ਖੇਤਰ ਲਈ ਇੱਕ ਮਜ਼ਬੂਤ, ਸਥਿਰ, ਪਾਰਦਰਸ਼ੀ ਤੇ ਇਕਸਾਰ ਰੈਗੂਲੇਟਰੀ ਢਾਂਚੇ ਦੀ ਲੋੜ ਹੈ, ਜੋ ਗੁਣਵੱਤਾ ਵਾਲੀ ਸਿੱਖਿਆ ਨੂੰ ਉਤਸ਼ਾਹਤ ਕਰੇ, ਸੰਸਥਾਗਤ ਜਵਾਬਦੇਹੀ ਨੂੰ ਮਜ਼ਬੂਤ ਕਰੇ ਤੇ ਦੇਸ਼ ਭਰ ਦੇ ਵਿਦਿਆਰਥੀਆਂ, ਯੂਨੀਵਰਸਿਟੀਆਂ, ਰੈਗੂਲੇਟਰਾਂ, ਸਿਹਤ ਸੰਭਾਲ ਸੰਸਥਾਵਾਂ ਅਤੇ ਹੋਰ ਹਿੱਸੇਦਾਰਾਂ ਵਿੱਚ ਵਿਸ਼ਵਾਸ ਪੈਦਾ ਕਰੇ।ਪੁੱਕਾ ਦੇ ਸਰਪ੍ਰਸਤ ਮਨਜੀਤ ਸਿੰਘ ਨੇ ਕਿਹਾ ਕਿ ਇਕ ਅਨੁਮਾਨ ਭਾਰਤ ਦੇ ਸਭ ਤੋਂ ਤੇਜ਼ੀ ਨਾਲ ਵਧ ਰਹੇ ਹੈਲਥਕੇਅਰ ਐਜੂਕੇਸ਼ਨ ਖੇਤਰਾਂ ਵਿੱਚੋਂ ਇੱਕ ਵਜੋਂ ਉਭਰਿਆ ਹੈ, ਦੇਸ਼ ਭਰ ਵਿੱਚ 2,500 ਤੋਂ ਵੱਧ ਸੰਸਥਾਵਾਂ ਸਮੂਹਿਕ ਤੌਰ 'ਤੇ ਵੱਖ-ਵੱਖ ਅਲਾਈਡ ਹੈਲਥਕੇਅਰ ਐਜੂਕੇਸ਼ਨ ਪ੍ਰੋਗਰਾਮਾਂ ਵਿੱਚ ਸਾਲਾਨਾ 2 ਲੱਖ ਤੋਂ ਵੱਧ ਸੀਟਾਂ ਦੀ ਪੇਸ਼ਕਸ਼ ਕਰਦੀਆਂ ਹਨ।

## ਜੁਗਾੜੂ ਰੇਹੜੀਆਂ 'ਤੇ ਪਾਬੰਦੀ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਜ਼ਿਲ੍ਹਾ ਮੈਜਿਸਟ੍ਰੇਟ ਅਮਰਪ੍ਰੀਤ ਕੌਰ ਸੰਧੂ ਆਈ.ਏ.ਐਸ ਨੇ ਜਨਤਕ ਸੁਰੱਖਿਆ ਨੂੰ ਮੁੱਖ ਰੱਖਦੇ ਹੋਏ ਭਾਰਤੀ ਨਾਗਰਿਕ ਸੁਰੱਖਿਆ ਸੰਹਿਤ 2023 ਦੀ ਧਾਰਾ 163 (ਪੁਰਾਣੀ ਸੀਆਰਪੀਸੀ, 1973 ਦੀ ਧਾਰਾ 144) ਅਧੀਨ ਪ੍ਰਾਪਤ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹੇ ਦੀ ਹਦੂਦ ਅੰਦਰ ਕਿਸੇ ਵੀ ਵਹੀਕਲ ਵਿੱਚ ਤਬਦੀਲੀ, ਸੋਧ ਨਿਰਮਾਣ ਕਰਨ ਤੇ ਅਜਿਹੇ ਗੈਰ-ਵਰਗੀਕ੍ਰਿਤ ਅਤੇ ਗੈਰ ਕਾਨੂੰਨੀ ਤੌਰ 'ਤੇ ਸੋਧੇ ਵਹੀਕਲਾਂ ਨੂੰ ਸੜਕਾਂ/ਜਨਤਕ ਥਾਂਵਾਂ 'ਤੇ ਚਲਾਉਣ ਦੀ ਮਨਾਹੀ ਦਾ ਹੁਕਮ ਜਾਰੀ ਕੀਤਾ ਗਿਆ ਹੈ।ਇਹ ਹੁਕਮ 31 ਅਗਸਤ ਤੱਕ ਲਾਗੂ ਰਹੇਗਾ।ਉਨ੍ਹਾਂ ਦੱਸਿਆ ਕਿ ਰਾਜ ਵਿੱਚ ਗੈਰ-ਵਰਗੀਕ੍ਰਿਤ ਤੇ ਗ਼ੈਰ ਕਾਨੂੰਨੀ ਤੌਰ ਤੇ ਸੋਧੇ ਹੋਏ ਵਾਹਨ ਜਿਵੇਂ ਜੁਗਾੜੂ ਰੇਹੜੀਆਂ/ਪੀਟਰ ਰੇਹੜੀਆਂ ਆਦਿ ਜਨਤਕ ਸੜਕਾਂ ਉੱਤੇ ਚੱਲ ਰਹੇ ਹਨ, ਜੋ ਮੋਟਰ ਵਾਹਨ ਐਕਟ 1988 ਅਤੇ ਸੜਕ ਸੁਰੱਖਿਆ ਮਾਪਦੰਡਾਂ ਦੀ ਉਲੰਘਣਾ ਹੈ।

## ਲਾਲੋਵਾਲੀ 'ਚ ਹੈਲਥ ਐਂਡ ਵੈਲਨੈੱਸ ਸੈਂਟਰ ਦਾ ਉਦਘਾਟਨ

**ਫ਼ਾਜ਼ਿਲਕਾ (ਨਿਸ਼ਾ ਸ਼ਰਮਾ)**-ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਵੱਲੋਂ ਪਿੰਡ ਲਾਲੋਵਾਲੀ ਵਿਖੇ 25 ਲੱਖ ਦੀ ਲਾਗਤ ਨਾਲ ਨਵੇਂ ਬਣਨ ਜਾ ਰਹੇ ਖੇਡ ਮੈਦਾਨ ਦਾ ਨੀਂਹ ਪੱਥਰ ਰੱਖ ਕੇ ਕੰਮ ਸ਼ੁਰੂ ਕਰਾਇਆ ਗਿਆ ਤੇ 35 ਲੱਖ ਦੀ ਲਾਗਤ ਨਾਲ ਨਵਾਂ ਬਣਿਆ ਹੈਲਥ ਐਂਡ ਵੈੱਲਨੈੱਸ ਸੈਂਟਰ ਦਾ ਉਦਘਾਟਨ ਕੀਤਾ।ਵਿਧਾਇਕ ਸਵਨਾ ਨੇ ਕਿਹਾ ਕਿ ਮੁੱਖ ਮੰਤਰੀ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਬਪੱਖੀ ਵਿਕਾਸ ਲਈ ਸਿਰਤੋੜ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਨੂੰ ਵੀ ਸ਼ਹਿਰੀ ਦਿੱਖ ਪ੍ਰਦਾਨ ਕਰਨ ਲਈ ਲਗਾਤਾਰ ਪਿੰਡਾਂ ਵਿੱਚ ਵਿਕਾਸ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਪਿੰਡ ਲਾਲੋ ਵਾਲੇ ਦੇ ਨੌਜਵਾਨਾਂ ਦੀ ਮੰਗ ਤੇ ਪਿੰਡ ਵਿੱਚ ਨੌਜਵਾਨਾਂ ਦੇ ਖੇਡਣ ਲਈ 25 ਲੱਖ ਦੀ ਲਾਗਤ ਨਾਲ ਖੇਡ ਮੈਦਾਨ ਬਣਾਇਆ ਜਾ ਰਿਹਾ ਹੈ।ਇਸੇ ਤਰ੍ਹਾਂ ਹੀ ਪਿੰਡ ਲਾਲੋਵਾਲੀ ਦੇ ਲੋਕਾਂ ਨੂੰ ਬੇਹਤਰ ਸਿਹਤ ਸਹੂਲਤਾਂ ਦੇਣ ਦੇ ਮਨੋਰਥ ਨਾਲ 35 ਲੱਖ ਦੀ ਲਾਗਤ ਨਾਲ ਹੈਲਥ ਐਂਡ ਵੈਲਨੈੱਸ ਸੈਂਟਰ ਬਣਾਇਆ ਗਿਆ ਹੈ।


**ਇੰਡਿਅਨ ਬੈਂਕ Indian Bank** | ਇਲਾਹਾਬਾਦ ALLAHABAD

**Zonal Office: S.C.F. 88, Urban Estate, Phase -1, Dugri, Ludhiana. EMAIL: zoludhiana@indianbank.co.in**

**ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (ਸਰਫੇਸੀ ਐਕਟ) ਦੇ ਸੈਕਸ਼ਨ 13 (2) ਤਹਿਤ ਡਿਮਾਂਡ ਨੋਟਿਸ**

ਨੋਟਿਸ ਦਿੱਤਾ ਜਾਂਦਾ ਹੈ ਕਿ ਹੇਠਾਂ ਦਰਸਾਏ ਕਰਜ਼ਦਾਰ ਬੈਂਕ ਤੋਂ ਪ੍ਰਾਪਤ ਕੀਤੀਆਂ ਕਰਜ਼ਾ ਸਹੂਲਤਾਂ ਦੀ ਮੂਲ ਦੀ ਮੁੜ ਅਦਾਇਗੀ ਅਤੇ ਵਿਆਜ ਦੀ ਅਦਾਇਗੀ 'ਚ ਅਸਫਲ ਰਹੇ ਹਨ ਅਤੇ ਇਹ ਸਹੂਲਤਾਂ ਨਾਨ-ਪ੍ਰਫਾਰਮਿੰਗ ਐੱਸਟਸ 'ਚ ਤਬਦੀਲ ਹੋ ਗਈਆਂ ਹਨ। ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਦੇ ਸੈਕਸ਼ਨ 13 (2) ਤਹਿਤ ਬੈਂਕ ਦੇ ਅਧਿਕਾਰਤ ਅਫਸਰ ਵੱਲੋਂ ਕਰਜ਼ਦਾਰਾਂ ਅਤੇ ਗਰੰਟਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤਾ ਜਾ ਚੁੱਕਾ ਹੈ। ਬੇਸ਼ੱਕ ਕੁਝ ਮਾਮਲਿਆਂ 'ਚ ਨੋਟਿਸ ਬਿਨਾਂ ਤਾਮੀਲ ਵਾਪਸ ਆ ਗਏ ਹਨ ਅਤੇ ਹੋਰ ਮਾਮਲਿਆਂ 'ਚ ਪ੍ਰਾਪਤੀ ਰਸੀਦਾਂ ਹਾਸਲ ਨਹੀਂ ਹੋਈਆਂ। ਇਸ ਲਈ ਕਰਜ਼ਦਾਰਾਂ/ਗਰੰਟਰਾਂ ਨੂੰ ਇਸ ਜਨਤਕ ਨੋਟਿਸ ਰਾਹੀਂ ਉਹੀ ਜਾਣਕਾਰੀ ਦਿੱਤੀ ਗਈ ਹੈ।

| ਬ੍ਰਾਂਚ/ਕਰਜ਼ਦਾਰਾਂ/ਗਰੰਟਰਾਂ/ਭਾਈਵਾਲਾਂ/ਰਹਿਣਕਾਰਾਂ ਦਾ ਨਾਂਅ | ਰਹਿਣ ਕੀਤੀਆਂ ਜਾਇਦਾਦਾਂ ਦਾ ਵੇਰਵਾ | ਨਾਨ-ਪਰਫਾਰਮਿੰਗ ਐੱਸਟ ਦੀ ਮਿਤੀ (ਐੱਨ ਪੀ ਏ) | ਡਿਮਾਂਡ ਨੋਟਿਸ ਦੀ ਮਿਤੀ | ਬਕਾਇਆ ਰਕਮ |
| --- | --- | --- | --- | --- |
| ਮਾਡਲ ਟਾਊਨ, ਬਠਿੰਡਾ<br>(ਕਰਜ਼ਦਾਰ ਅਤੇ ਰਹਿਣਕਾਰ) :- 1. ਸ੍ਰੀ ਅਸ਼ੀਸ਼ ਕੁਮਾਰ ਪੁੱਤਰ ਸ੍ਰੀ ਨਰੇਸ਼ ਕੁਮਾਰ, ਪਤਾ : 11347, ਗਲੀ ਨੰ. 3 ਬੀ, ਜੁਝਾਰ ਸਿੰਘ ਨਗਰ, ਬਠਿੰਡਾ, ਪੰਜਾਬ-151001 2. ਸ੍ਰੀਮਤੀ ਪ੍ਰਿਯੰਕਾ ਵਿਜੇ ਗੁਪਤਾ ਪਤਨੀ ਸ੍ਰੀ ਅਸ਼ੀਸ਼ ਕੁਮਾਰ, ਪਤਾ 11347, ਗਲੀ ਨੰ. 3 ਬੀ ਜੁਝਾਰ ਸਿੰਘ ਨਗਰ, ਬਠਿੰਡਾ ਪੰਜਾਬ-151001 | ਜਾਇਦਾਦ ਰਿਹਾਇਸ਼ੀ ਮਕਾਨ ਰਕਬਾ 153 ਵਰਗ ਗਜ਼, ਖੇਵਟ/ਖਤੌਨੀ ਨੰ. 1260/5334, ਖਸਰਾ ਨੰ. 2431 ਮਿੰਨ (0-3), ਜਮ੍ਹਾਂਬੰਦੀ ਸਾਲ 2017-18, ਯੂ ਆਈ ਡੀ ਨੰ. ਐੱਮ ਸੀ ਬੀ-ਜ਼ੈੱਡ-2/11347 ਵਿਖੇ ਸਥਿਤ, ਮਕਾਨ ਨੰ. 20095, ਗਲੀ ਨੰ. 3, ਜੁਝਾਰ ਸਿੰਘ ਨਗਰ, ਪੱਤੀ ਮਹਿਣਾ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ, ਪੰਜਾਬ ਅਸ਼ੀਸ਼ ਕੁਮਾਰ ਪੁੱਤਰ ਨਰੇਸ਼ ਕੁਮਾਰ ਦੇ ਨਾਂਅ ਰਿਹਾਇਸ਼ੀ ਮਕਾਨ ਨੰ. 16964, ਗਲੀ ਨੰ. 1/3, ਅੱਗਰਵਾਲ ਕਲੋਨੀ, ਤਹਿਸੀਲ ਤੇ ਜ਼ਿਲ੍ਹਾ ਬਠਿੰਡਾ। ਹੱਦਾਂ : ਪੂਰਬ : 25 ਫੁੱਟ 0 ਇੰਚ ਲੱਗਭੱਗ, ਗਲੀ 20 ਫੁੱਟ ਚੌੜੀ, ਪੱਛਮ : 25 ਫੁੱਟ 0 ਇੰਚ ਲੱਗਭੱਗ ਸੁਖਦਰਸ਼ਨ ਸਿੰਘ, ਉੱਤਰ : 55 ਫੁੱਟ 0 ਇੰਚ ਮਾਲਕ, ਦੱਖਣ : 55 ਫੁੱਟ 0 ਇੰਚ ਸੁਖਮੰਦਰ ਸਿੰਘ ਖਾਲੀ ਪਲਾਟ। | 06-07-2026 | 09-07-2026 | 09.07.2026 ਨੂੰ ਰੁਪਏ 85,93,790.427/- (ਪਚਾਸੀ ਲੱਖ ਤਿਰਾਨਵੇਂ ਹਜ਼ਾਰ ਸੱਤ ਸੌ ਨੱਬੇ ਰੁਪਏ ਅਤੇ ਚਾਰ ਸੌ ਸਤਾਈ ਪੈਸੇ ਕੇਵਲ) ਸਮੇਤ ਅਦਾਇਗੀ ਦੀ ਮਿਤੀ ਤੱਕ 10.7.2026 ਤੋਂ ਇਕਰਾਰਨਾਮੇ ਦੀ ਦਰ 'ਤੇ ਅਗਲਾ ਵਿਆਜ |

ਧਿਆਨ ਦਿੱਤਾ ਜਾਵੇ ਕਿ ਐਕਟ ਦੇ ਸੈਕਸ਼ਨ 13 (8) ਦੀਆਂ ਵਿਵਸਥਾਵਾਂ ਤਹਿਤ ਤੁਹਾਨੂੰ ਸਕਿਉਰਡ ਐੱਸਟਸ ਦੀ ਵਿਕਰੀ ਲਈ ਜਨਤਾ ਤੋਂ ਜਨਤਕ ਨਿਲਾਮੀ ਜਾਂ ਕੁਟੇਸ਼ਨਾਂ ਜਾਂ ਟੈਂਡਰ ਸੱਦ ਕੇ ਜਾਂ ਲੀਜ ਰਾਹੀਂ ਤਬਾਦਲੇ ਸੰਬੰਧੀ ਨਿੱਜੀ ਸੰਧੀ ਕਰਨ, ਕਾਰਜਭਾਰ ਸੰਭਾਲਣ ਲਈ ਜਾਰੀ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ ਪਹਿਲਾਂ ਕਿਸੇ ਸਮੇਂ ਵੀ ਬੈਂਕ ਦਾ ਬਕਾਇਆ ਸਮੇਤ ਬੈਂਕ ਵੱਲੋਂ ਸਹਿਣ ਕੀਤੀਆਂ ਗਈਆਂ ਸਾਰੀਆਂ ਲਾਗਤਾਂ, ਚਾਰਜਿਜ ਅਤੇ ਖਰਚੇ ਅਦਾ ਕੀਤੇ ਜਾਣ 'ਤੇ ਪੁਨਰ ਗ੍ਰਹਿਣ ਦਾ ਅਧਿਕਾਰ ਉਪਲੱਬਧ ਹੈ। ਉਪਰੋਕਤ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ 'ਚ ਦਰਸਾਈ ਰਕਮ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨਾਂ ਦੇ ਅੰਦਰ ਅਦਾ ਕੀਤੇ ਜਾਣ ਦੀ ਹਦਾਇਤ ਕੀਤੀ ਜਾਂਦੀ ਹੈ। ਅਸਫਲ ਰਹਿਣ 'ਤੇ ਇਸ ਨੋਟਿਸ ਦੀ ਪ੍ਰਕਾਸ਼ਨਾ ਮਿਤੀ ਤੋਂ 60 ਦਿਨ ਗੁਜ਼ਰ ਜਾਣ ਤੋਂ ਬਾਅਦ ਸਕਿਉਰਟਾਈਜ਼ੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਅਤੇ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ ਦੀਆਂ ਵਿਵਸਥਾਵਾਂ ਤਹਿਤ ਅਗਲੇ ਕਦਮ ਉਠਾਏ ਜਾਣਗੇ। ਐਕਟ ਦੇ ਸੈਕਸ਼ਨ 13 (13) ਅਨੁਸਾਰ ਇਸ ਨੋਟਿਸ ਦੀ ਪ੍ਰਾਪਤੀ 'ਤੇ ਬੈਂਕ ਦੀ ਮਨਜ਼ੂਰੀ ਤੋਂ ਬਿਨਾਂ ਬਿਜ਼ਨੈੱਸ ਦੇ ਆਮ ਕੋਰਸ ਤੋਂ ਇਲਾਵਾ ਉਪਰੋਕਤ ਸਕਿਉਰਟੀਜ਼ ਦੇ ਨਿਪਟਾਰੇ ਜਾਂ ਸੌਦੇਬਾਜ਼ੀ ਸੰਬੰਧੀ ਤੁਹਾਡੇ 'ਤੇ ਪਾਬੰਦੀ ਹੈ। ਕਿਰਪਾ ਕਰਕੇ ਧਿਆਨ ਦਿੱਤਾ ਜਾਵੇ ਕਿ ਇਸ ਸੈਕਸ਼ਨ ਦੀ ਕਿਸੇ ਤਰ੍ਹਾਂ ਦੀ ਉਲੰਘਣਾ ਦੇ ਗੰਭੀਰ ਨਤੀਜੇ ਹੋ ਸਕਦੇ ਹਨ। ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਨੋਟਿਸ ਦੀ ਨਕਲ ਸੰਬੰਧਤ ਬਰਾਂਚ ਤੋਂ ਪ੍ਰਾਪਤ ਕਰਨ ਦੀ ਸਲਾਹ ਦਿੱਤੀ ਜਾਂਦੀ ਹੈ।

ਮਿਤੀ : 13.07.2026 ਸਥਾਨ : ਬਠਿੰਡਾ ਅਧਿਕਾਰਤ ਅਫਸਰ



**Bandhan Bank** | ਬੰਧਨ ਬੈਂਕ ਲਿਮਟਿਡ
ਸੀਆਈਐਨ: L67190WB2014PLC204622
ਪੰਜੀਕ੍ਰਿਤ ਦਫਤਰ:
ਡੀਐਨ 32, ਸੈਕਟਰ-V, ਸਾਲਟ ਲੇਕ ਸਿਟੀ, ਕੋਲਕਾਤਾ-700091

**ਇਸ ਲਈ ਜਨਤਕ ਸੂਚਨਾ - ਸੋਨੇ ਦੇ ਜੇਵਰਾਂ ਅਤੇ ਸਿੱਕਿਆਂ ਦੇ ਤੌਰ ਤੇ ਗਿਰਵੀ ਰੱਖੀ ਸੰਪੱਤੀ ਦੀ ਨਿਲਾਮੀ**

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਸ਼ਾਖਾ ਦਾ ਪਤਾ |
| --- | --- | --- | --- |
| 1 | ਪੰਜਾਬ | ਅੰਮ੍ਰਿਤਸਰ | ਬੁਰਜ ਪੰਜਾਬ ਐਸਸੀਓ - 9, ਡਿਸਟ੍ਰਿਕਟ ਸ਼ੋਪਿੰਗ ਕੰਪਲੈਕਸ, ਰੰਜੀਤ ਐਵੀਨਿਊ, ਅੰਮ੍ਰਿਤਸਰ, ਸਿਵਿਲ ਲਾਈਂਸ, ਪੰਜਾਬ, ਪਿਨ-143001 |
| 2 | ਪੰਜਾਬ | ਗੁਰਦਾਸਪੁਰ | ਗ੍ਰਾਊਂਡ ਫਲੋਰ, ਹਾਊਸ਼ ਨੰ- 646/7, ਤਿਬ੍ਰੀ ਰੋਡ, ਪੀਓ- ਗੁਰਦਾਸਪੁਰ, ਗੁਰਦਾਸਪੁਰ, ਪੰਜਾਬ, ਪਿਨ-143521 |
| 3 | ਪੰਜਾਬ | ਪਠਾਨਕੋਟ | ਬੀ-24/210, ਸਚਦੇਵਾ ਬਿਲਡਿੰਗ, ਹੋਟਲ ਜਵੇਲ, ਢਾਂਗੂ ਰੋਡ, ਪਠਾਨਕੋਟ, ਪੰਜਾਬ, ਪਿਨ-145001 |
| 4 | ਪੰਜਾਬ | ਪਟਿਆਲਾ | ਗ੍ਰਾਊਂਡ ਫਲੋਰ, ਐਸਸੀਓ 11, ਛੋਟੀ ਬਰਾ ਦਰੀ, ਪਟਿਆਲਾ, ਪੰਜਾਬ, ਪਿਨ-147001 |
| 5 | ਪੰਜਾਬ | ਸੰਗਰੂਰ ਸ਼ਾਖਾ | ਬਾਂਸਲ ਸ਼ੀਟ ਭੰਡਾਰ, ਗਊਸ਼ਾਲਾ ਰੋਡ, ਜਿਲ੍ਹਾ- ਸੰਗਰੂਰ, ਰਾਜ-ਪੰਜਾਬ, ਪਿਨ-148001. |

ਇਹ ਜਨਤਕ ਸੂਚਨਾ ਦਿੱਤੀ ਜਾਂਦੀ ਹੈ ਕਿ ਸੋਨੇ ਦੇ ਜੇਵਰਾਂ (ਇਸ ਤੋਂ ਬਾਅਦ ਸੰਪਤੀਆਂ ਵਜੋਂ ਜਾਣੇ ਜਾਂਦੇ ਹਨ) ਦੀ ਨਿਲਾਮੀ ਮੌਜੂਦਾ ਹਲਾਤ ਪੈਦਾ ਹੋਣ ਦੇ ਅਧਾਰ ਤੇ ਕੀਤੀ ਜਾਣੀ ਹੈ। ਸੋਨੇ ਦੇ ਜੇਵਰਾਂ/ਸਿੱਕਿਆਂ ਨੂੰ ਹੇਠਾਂ ਦਿੱਤੇ ਉਧਾਰਕਰਤਾ/ਵਾਂ ਦੁਆਰਾ ਬੈਂਕ ਕੋਲ ਗਿਰਵੀ ਰੱਖਿਆ ਗਿਆ ਹੈ ਜੋ ਉਕਤ ਸੋਨੇ ਦੀਆਂ ਚੀਜ਼ਾਂ ਦੇ ਗਿਰਵੀਨਾਮੇ ਦੇ ਖਿਲਾਫ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਦੇ ਸਬੰਧ ਵਿੱਚ ਹਨ।

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਗਾਹਕ ਦਾ ਨਾਮ | ਖਾਤਾ ਨੰਬਰ | ਮੂਲ ਵਜ਼ਨ |
| --- | --- | --- | --- | --- | --- |
| 1 | ਪੰਜਾਬ | ਅੰਮ੍ਰਿਤਸਰ | ਮਾਨਸੀ ਸ਼ਰਮਾ | 90001521014342 | 52.60 |
| 2 | ਪੰਜਾਬ | ਅੰਮ੍ਰਿਤਸਰ | ਅਸ਼ਵਨੀ ਕੁਮਾਰ | 90001538605595 | 79.50 |
| 3 | ਪੰਜਾਬ | ਅੰਮ੍ਰਿਤਸਰ | ਮਨਪ੍ਰੀਤ ਕੌਰ | 90001534063447 | 22.60 |
| 4 | ਪੰਜਾਬ | ਗੁਰਦਾਸਪੁਰ | ਗਗਨਦੀਪ ਸਿੰਘ | 90001570129922 | 13.50 |
| 5 | ਪੰਜਾਬ | ਪਠਾਨਕੋਟ | ਜਗਦੇਵ ਕੁਮਾਰ | 90001415969167 | 47.90 |
| 6 | ਪੰਜਾਬ | ਪਠਾਨਕੋਟ | ਸੰਜੀਵ ਕੁਮਾਰ | 90001509211299 | 8.00 |
| 7 | ਪੰਜਾਬ | ਪਟਿਆਲਾ | ਸੋਨੀਆ ਸਿੱਧੂ | 90001509505381 | 110.20 |
| 8 | ਪੰਜਾਬ | ਪਟਿਆਲਾ | ਸੋਨੀਆ ਸਿੱਧੂ | 90001516350302 | 352.60 |
| 9 | ਪੰਜਾਬ | ਪਟਿਆਲਾ | ਤਰਨਜੀਤ ਸਿੰਘ | 90001473658170 | 31.30 |
| 10 | ਪੰਜਾਬ | ਪਟਿਆਲਾ | ਹਰਵਿੰਦਰ ਕੌਰ | 90001568350860 | 180.70 |
| 11 | ਪੰਜਾਬ | ਸੰਗਰੂਰ ਸ਼ਾਖਾ | ਗੁਰਮੁਖ ਸਿੰਘ | 90001558508288 | 14.10 |
| 12 | ਪੰਜਾਬ | ਸੰਗਰੂਰ ਸ਼ਾਖਾ | ਗੁਰਸਿਮਰਨ ਸਿੰਘ | 90001353754561 | 16.00 |

**ਐਨ.ਬੀ:** ਹੋਰ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਅਧਿਕਾਰਤ ਬੈਂਕ ਦੇ ਅਧਿਕਾਰੀਆਂ ਨਾਲ ਸੰਪਰਕ ਕਰੋ।
**ਨਿਲਾਮੀ ਦੀ ਮਿਤੀ: ਪ੍ਰਕਾਸ਼ਨ ਦੀ ਮਿਤੀ ਤੋਂ 31ਵੇਂ ਦਿਨ।**



**AXIS BANK LTD.** | ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਮੰਜ਼ਲ, ਜਾਇਦਾਦ # 7-ਈ ਮਿਊਂਸਪਲ 3903/1142/16, ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : 'ਐਕਸਿਸ ਹਾਊਸ' ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਰਫੇਸੀ ਐਕਟ 2002 ਦੇ ਸੈਕਸ਼ਨ 13 (4) ਅਧੀਨ ਜਾਇਦਾਦ ਦੇ ਕਬਜ਼ੇ ਸੰਬੰਧੀ ਨੋਟਿਸ ਦੀ ਪ੍ਰਕਾਸ਼ਨਾ**

ਇਸ ਦੁਆਰਾ ਨੋਟਿਸ ਦਿੱਤਾ ਜਾਂਦਾ ਹੈ ਕਿ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਇਨਾਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 (54 ਆਫ 2002) ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼, 2002 ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਵਰਨਣ ਮਿਤੀਆਂ ਨੂੰ ਡਿਮਾਂਡ ਨੋਟਿਸ ਜਾਰੀ ਕਰਕੇ ਕਰਜ਼ਦਾਰਾਂ ਨੂੰ ਦਰਸਾਏ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਰਾਸ਼ੀ ਮੋੜਨ ਦਾ ਸੱਦਾ ਦਿੱਤਾ ਗਿਆ ਸੀ।

ਕਰਜ਼ਦਾਰ ਰਾਸ਼ੀ ਮੋੜਨ 'ਚ ਨਾਕਾਮ ਰਹੇ ਹਨ। ਇਸ ਦੁਆਰਾ ਕਰਜ਼ਦਾਰ ਅਤੇ ਆਮ ਜਨਤਾ ਨੂੰ ਨੋਟਿਸ ਦਿੱਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਦਰਸਾਏ ਐਕਟ ਦੇ ਨਿਯਮ 9 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13 (4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਹਰੇਕ ਖਾਤੇ ਅੱਗੇ ਦਰਸਾਈਆਂ ਮਿਤੀਆਂ ਨੂੰ ਹੇਠਾਂ ਵਰਨਣ ਜਾਇਦਾਦਾਂ ਦਾ ਕਬਜ਼ਾ ਪ੍ਰਾਪਤ ਕਰ ਲਿਆ ਹੈ। ਕਰਜ਼ਦਾਰ ਨੂੰ ਵਿਸ਼ੇਸ਼ ਕਰਕੇ ਅਤੇ ਆਮ ਜਨਤਾ ਨੂੰ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਨਾ ਕਰਨ ਲਈ ਸੁਚੇਤ ਕੀਤਾ ਜਾਂਦਾ ਹੈ ਅਤੇ ਜਾਇਦਾਦ ਬਾਰੇ ਕੋਈ ਵੀ ਸੌਦੇਬਾਜ਼ੀ ਹੇਠਾਂ ਖਾਤੇ ਅੱਗੇ ਦਰਸਾਈ ਬਕਾਇਆ ਰਾਸ਼ੀ ਅਤੇ ਇਸ ਉਪਰ ਬਣਦੇ ਵਿਆਜ ਲਈ ਐਕਸਿਸ ਬੈਂਕ ਲਿਮਟਿਡ ਦੀ ਦੇਣਦਾਰੀ ਦਾ ਵਿਸ਼ਾ ਹੋਵੇਗਾ।

ਉਪਲੱਬਧ ਸਮੇਂ 'ਚ ਸਕਿਉਰਡ ਐੱਸਟਸ ਦੇ ਪੁਨਰਗ੍ਰਹਿਣ ਲਈ ਕਰਜ਼ਦਾਰ ਦਾ ਧਿਆਨ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਵੱਲ ਦਿਵਾਇਆ ਜਾਂਦਾ ਹੈ।

| ਕਰਜ਼ਦਾਰ/ਗਰੰਟਰ/ਰਹਿਣਕਾਰ ਦਾ ਨਾਂਅ | 1. ਡਿਮਾਂਡ ਨੋਟਿਸ ਦੀ ਮਿਤੀ<br>2. ਐੱਨ ਪੀ ਏ ਮਿਤੀ<br>3. ਕਬਜ਼ੇ ਦੀ ਮਿਤੀ<br>4. 13-2 ਦੇ ਨੋਟਿਸ ਅਨੁਸਾਰ ਬਕਾਇਆ ਰਕਮ |
| --- | --- |
| 1. ਸ੍ਰੀ ਰਮਨ ਲਾਲ ਪੁੱਤਰ ਸ੍ਰੀ ਦੇਸ ਰਾਜ (ਕਰਜ਼ਦਾਰ/ਕਾਨੂੰਨੀ ਵਾਰਿਸ)<br>2. ਸ੍ਰੀਮਤੀ ਏਕਤਾ ਰਾਣੀ ਪਤਨੀ ਰਮਨ ਲਾਲ (ਸਹਿ-ਕਰਜ਼ਦਾਰ/ਕਾਨੂੰਨੀ ਵਾਰਿਸ)<br>3. ਅੰਕੁਸ਼ ਜੈਨ ਪੁੱਤਰ ਰਮਨ ਲਾਲ ਜੈਨ (ਸਹਿ-ਕਰਜ਼ਦਾਰ ਅਤੇ ਰਹਿਣਕਾਰ) ਰਾਹੀਂ ਸਾਰੇ ਕਾਨੂੰਨੀ ਵਾਰਿਸਾਂ | 1. 23 ਫਰਵਰੀ 26<br>2. 09 ਫਰਵਰੀ 26<br>3. 08 ਜੁਲਾਈ 26<br>4. ਰੁਪਏ 51,33,766/- |

ਰਹਿਣ ਕੀਤੀ ਜਾਇਦਾਦ ਦਾ ਵੇਰਵਾ : ਤਬਾਦਲਾ ਬੈਨਾਮਾ ਨੰ. 595 ਮਿਤੀ 07/08/2018 ਅਨੁਸਾਰ ਸ੍ਰੀ ਅੰਕੁਸ਼ ਜੈਨ ਪੁੱਤਰ ਰਮਨ ਲਾਲ ਦੇ ਨਾਂਅ ਸ਼ੋਅਰੂਮ/ਜਾਇਦਾਦ (500 ਵਰਗ ਗਜ਼) ਰਕਬਾ 0 ਕਨਾਲ 17 ਮਰਲਾ, 1 ਕਨਾਲ 14 ਮਰਲਾ 'ਚੋਂ 1/2 ਹਿੱਸਾ, ਖੱਤਾ ਨੰ. 34/53, ਖਸਰਾ ਨੰ. 20//21/3/1(0-17), 21/3/2/1(0-17), ਚਿਨਾਰ ਬਾਗ ਵਿਖੇ ਸਥਿਤ, ਪਿੰਡ ਫਲੋਲੀ, ਤਹਿਸੀਲ ਪਟਿਆਲਾ, ਜਮ੍ਹਾਂਬੰਦੀ ਸਾਲ 2012-2013 ਨਾਲ ਸੰਬੰਧਤ ਸਭ ਕੁਝ। ਹੱਦਾਂ:-ਉੱਤਰ : ਖਾਲੀ ਪਲਾਟ (45'-0"), ਪੱਛਮ : ਸੜਕ (100'-0"), ਦੱਖਣ : ਸੜਕ (45'-0"), ਪੂਰਬ : ਸ਼ੋਅਰੂਮ (100'-0")

ਮਿਤੀ : 14-07-2026 ਸਥਾਨ : ਪੰਜਾਬ — ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ



**AXIS BANK LTD.** | ਰਿਟੇਲ ਐੱਸਟ ਸੈਂਟਰ : ਐਕਸਿਸ ਬੈਂਕ ਲਿਮਟਿਡ, ਦੂਸਰੀ ਅਤੇ ਤੀਸਰੀ ਮੰਜ਼ਲ, ਜਾਇਦਾਦ # 7-ਈ ਮਲਹਾਰ ਰੋਡ, ਸਰਾਭਾ ਨਗਰ, ਲੁਧਿਆਣਾ-141001

ਕਾਰਪੋਰੇਟ ਦਫਤਰ : ਤੀਜੀ ਮੰਜ਼ਲ, ਬਲਾਕ-ਬੀ, ਬੰਬੇ ਡਾਇੰਗ ਮਿੱਲਜ਼ ਕੰਪਾਊਂਡ, ਪਾਂਡੂਰੰਗ ਬੁੱਧਕਰ ਮਾਰਗ, ਵਰਲੀ, ਮੁੰਬਈ-400025, ਰਜਿਸਟਰਡ ਦਫਤਰ : "ਤ੍ਰਿਸ਼ੂਲ" ਤੀਸਰੀ ਮੰਜ਼ਲ ਸਾਹਮਣੇ ਸਮਰਥੇਸ਼ਵਰ ਮੰਦਰ ਲਾਅ ਗਾਰਡਨ, ਐਲਿਸਬਰਿਜ, ਅਹਿਮਦਾਬਾਦ-380006

**ਸਕਿਉਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ ਫਾਈਨੈਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 (2) ਦੀ ਪਾਲਣਾ 'ਚ ਪਬਲਿਕ ਨੋਟਿਸ**

ਇਹ ਨੋਟਿਸ ਆਮ ਜਨਤਾ ਦੀ ਜਾਣਕਾਰੀ ਲਈ ਹੈ ਕਿ ਕਰਜ਼ਦਾਰ/ਗਰੰਟਰ/ਰਹਿਣਕਾਰਾਂ ਨੇ ਐਕਸਿਸ ਬੈਂਕ ਲਿਮਟਿਡ ਤੋਂ ਵਿੱਤੀ ਸਹਾਇਤਾ ਪ੍ਰਾਪਤ ਕੀਤੀ ਸੀ। ਅਸੀਂ ਦੱਸਦੇ ਹਾਂ ਕਿ ਵਿੱਤੀ ਸਹਾਇਤਾ ਪ੍ਰਾਪਤ ਕਰਨ ਦੇ ਬਾਵਜੂਦ ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੇ ਨਿਸ਼ਚਿਤ ਮਿਤੀ 'ਤੇ ਮੂਲ ਰਕਮ ਅਤੇ ਇਸ 'ਤੇ ਵਿਆਜ ਦੀ ਮੁੜ ਅਦਾਇਗੀ ਲਈ ਅਨੇਕਾਂ ਭੁੱਲਾਂ ਕੀਤੀਆਂ ਹਨ। ਸਿੱਟੇ ਵਜੋਂ ਰਿਜ਼ਰਵ ਬੈਂਕ ਆਫ ਇੰਡੀਆ ਵੱਲੋਂ ਜਾਰੀ ਹਦਾਇਤਾਂ/ਦਿਸ਼ਾ ਨਿਰਦੇਸ਼ਾਂ ਮੁਤਾਬਿਕ ਅਜਿਹੇ ਖਾਤੇ ਨਾਨ-ਪਰਫਾਰਮਿੰਗ ਐਸਟ ਵਜੋਂ ਕਲਾਸੀਫਾਈਡ ਕਰ ਦਿੱਤੇ ਗਏ ਹਨ।
ਸਰਫੇਸੀ ਐਕਟ, 2002 ਦੇ ਸੈਕਸ਼ਨ 13(2) ਅਧੀਨ ਕਰਜ਼ਦਾਰਾਂ/ਸਹਿ-ਕਰਜ਼ਦਾਰਾਂ/ਗਰੰਟਰਾਂ/ਰਹਿਣਕਾਰਾਂ ਨੂੰ ਉਨ੍ਹਾਂ ਦੇ ਆਖਰੀ ਜਾਣਕਾਰੀ ਵਾਲੇ ਪਤਿਆਂ 'ਤੇ ਨੋਟਿਸ ਜਾਰੀ ਕੀਤੇ ਗਏ ਸਨ ਜੋ ਕਿ ਬਿਨਾਂ ਤਾਮੀਲ ਵਾਪਸ ਆ ਗਏ ਅਤੇ ਇਹ ਸੂਚਨਾ ਇਸ ਦੇ ਸੰਬੰਧ 'ਚ ਹੀ ਜਨਤਕ ਨੋਟਿਸ ਰਾਹੀਂ ਦਿੱਤੀ ਜਾ ਰਹੀ ਹੈ।

| ਲੜੀ ਨੰ. | ਕਰਜ਼ਦਾਰ, ਸਹਿ-ਕਰਜ਼ਦਾਰ ਅਤੇ ਗਰੰਟਰ ਦਾ ਨਾਂਅ/ ਕਾਨੂੰਨੀ ਵਾਰਸ | 1. ਐੱਨ ਪੀ ਏ ਦੀ ਮਿਤੀ<br>2. ਡਿਮਾਂਡ ਨੋਟਿਸ ਦੀ ਮਿਤੀ<br>3. ਬਕਾਇਆ ਰਕਮ (ਨੋਟਿਸ ਅਨੁਸਾਰ)<br>4 ਮਨਜ਼ੂਰ ਕਰਜ਼ਾ ਰਕਮ/ਭੁਗਤਾਨ |
| --- | --- | --- |
| 1 | 1. ਸ੍ਰੀ ਸੁਖਵਿੰਦਰ ਸਿੰਘ ਪੁੱਤਰ ਗੁਰਬਚਨ ਸਿੰਘ (ਕਰਜ਼ਦਾਰ),<br>2. ਸ੍ਰੀਮਤੀ ਬਲਜੀਤ ਕੌਰ ਪਤਨੀ ਸੁਖਵਿੰਦਰ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) ਅਤੇ<br>3. ਸ੍ਰੀ ਪਰਮਿੰਦਰ ਸਿੰਘ ਪੁੱਤਰ ਸੁਖਵਿੰਦਰ ਸਿੰਘ (ਸਹਿ-ਕਰਜ਼ਦਾਰ) | 1. 08 ਜੂਨ 2026<br>2. 10 ਜੂਨ 2026<br>3. ਰੁਪਏ 23,96,298/- (ਤੇਈ ਲੱਖ ਛਿਆਨਵੇਂ ਹਜ਼ਾਰ ਦੋ ਸੌ ਅਠਾਨਵੇਂ ਰੁਪਏ ਕੇਵਲ)<br>4. ਰੁਪਏ 29, 95,000/- (ਉਨੱਤੀ ਲੱਖ ਪਚਾਨਵੇਂ ਹਜ਼ਾਰ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਬੈਨਾਮਾ ਨੰ. 2018-19/103/1/3232 ਮਿਤੀ 30 ਅਕਤੂਬਰ 2018 ਅਨੁਸਾਰ ਸ੍ਰੀਮਤੀ ਬਲਜੀਤ ਕੌਰ ਪਤਨੀ ਸੁਖਵਿੰਦਰ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ, ਕਾਰਪੋਰੇਸ਼ਨ ਨੰ. ਬੀ-37-1731/ਬੀ, ਰਕਬਾ 80 ਵਰਗ ਗਜ਼, ਖਸਰਾ ਨੰ. 141, ਖੱਤਾ ਨੰ. 2214/2897, ਸਫਾ ਨੰ. 2862, ਜਮ੍ਹਾਂਬੰਦੀ ਸਾਲ 2010-11, ਵਾਕਿਆ ਪਿੰਡ ਗਿੱਲ-2 ਵਿਖੇ ਸਥਿਤ, ਅਬਾਦੀ ਗੁਰੂ ਨਾਨਕ ਕਾਲੋਨੀ, ਗਲੀ ਨੰ. 2, ਤਹਿਸੀਲ ਤੇ ਜ਼ਿਲ੍ਹਾ ਲੁਧਿਆਣਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਤਾਰਾ ਸਿੰਘ, ਪੱਛਮ : ਗਲੀ 20' ਚੌੜੀ, ਉੱਤਰ : ਗੁਰਦੁਆਰਾ ਸਾਹਿਬ, ਦੱਖਣ : ਹਰਵਿੰਦਰ ਸਿੰਘ। | |
| 2 | 1. ਸ੍ਰੀ ਕੁਲਵੰਤ ਸਿੰਘ ਪਤਨੀ ਕਾਕਾ ਸਿੰਘ (ਕਰਜ਼ਦਾਰ) ਅਤੇ<br>2.ਸ੍ਰੀਮਤੀ ਹਰਜਿੰਦਰ ਕੌਰ ਪਤਨੀ ਕੁਲਵੰਤ ਸਿੰਘ (ਸਹਿ-ਕਰਜ਼ਦਾਰ/ਰਹਿਣਕਾਰ) | 1. 08 ਜੂਨ 2026<br>2. 10 ਜੂਨ 2026<br>3. ਰੁਪਏ 9, 10, 838/- (ਨੌਂ ਲੱਖ ਦਸ ਹਜ਼ਾਰ ਅੱਠ ਸੌ ਅਠੱਤੀ ਰੁਪਏ ਕੇਵਲ)<br>4. ਰੁਪਏ 15, 67,171/- (ਪੰਦਰਾਂ ਲੱਖ ਸਤਾਹਠ ਹਜ਼ਾਰ ਇੱਕ ਸੌ ਇਕੱਤਰ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਬੈਨਾਮਾ ਨੰ. 2019-20/19/1/1424 ਮਿਤੀ 05-03-2020 ਅਨੁਸਾਰ ਸ੍ਰੀਮਤੀ ਹਰਜਿੰਦਰ ਕੌਰ ਪਤਨੀ ਕੁਲਵੰਤ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਨੰ. ਬੀ 006/183, ਰਕਬਾ 0 ਕਨਾਲ 7 ਮਰਲੇ ਕੁੱਲ ਜ਼ਮੀਨ ਦਾ 7/152 ਹਿੱਸਾ, ਖਸਰਾ ਨੰ. 16//21 (7-12), ਖੱਤਾ ਨੰ. 65/87, ਜਮ੍ਹਾਂਬੰਦੀ ਸਾਲ ਅਨੁਸਾਰ ਖਮਾਣੋਂ ਕਾਂਜਲੀ (ਵਾਰਡ ਨੰ. 1) ਵਿਖੇ ਸਥਿਤ, ਹੱਦਬਸਤ ਨੰ. 300, ਤਹਿਸੀਲ ਖਮਾਣੋਂ, ਜ਼ਿਲ੍ਹਾ ਫਤਿਹਗੜ੍ਹ ਸਾਹਿਬ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) : ਪੂਰਬ : ਪ੍ਰੇਮ ਪਾਲ ਦਾ ਮਕਾਨ, ਪੱਛਮ : ਖਾਲ ਨਹਿਰੀ/ਵਾਟਰ ਚੈਨਲ ਅਤੇ ਅਗਲਾ ਮਕਾਨ ਮਨਦੀਪ ਸਿੰਘ, ਉੱਤਰ : ਮਹਿੰਦਰ ਸਿੰਘ ਅਤੇ ਹੋਰ, ਦੱਖਣ : ਲਾਂਘਾ 11' ਚੌੜਾ। | |
| 3 | 1.ਸ੍ਰੀ ਸੁਖਵਿੰਦਰ ਪਾਲ ਪੁੱਤਰ ਕੁਲਵੰਤ ਰਾਏ (ਕਰਜ਼ਦਾਰ/ਰਹਿਣਕਾਰ) ਅਤੇ<br>2. ਸ੍ਰੀਮਤੀ ਨੀਤੂ ਰਾਣੀ ਪਤਨੀ ਸੁਖਵਿੰਦਰ ਪਾਲ (ਸਹਿ-ਕਰਜ਼ਦਾਰ) | 1. 02 ਜੂਨ 2026<br>2. 17 ਜੂਨ 2026<br>3. ਰੁਪਏ 24, 01, 099 (ਚੌਵੀ ਲੱਖ ਇੱਕ ਹਜ਼ਾਰ ਨੜਿਨਵੇਂ ਰੁਪਏ ਕੇਵਲ)<br>4. ਰੁਪਏ 29, 95, 000/- (ਉਨੱਤੀ ਲੱਖ ਪਚਾਨਵੇਂ ਹਜ਼ਾਰ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਬੈਨਾਮਾ ਨੰ. 2020-21/86/1/1715 ਮਿਤੀ 23 ਸਤੰਬਰ 2020 ਅਨੁਸਾਰ ਸ੍ਰੀ ਸੁਖਵਿੰਦਰ ਪਾਲ ਪੁੱਤਰ ਕੁਲਵੰਤ ਰਾਏ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਮਕਾਨ ਰਕਬਾ 00 ਕਨਾਲ 15.45 ਮਰਲਾ, ਕੁੱਲ ਜ਼ਮੀਨ ਖੇਤਰ 1 ਕਨਾਲ 18 ਮਰਲੇ ਦਾ 309/760 ਹਿੱਸਾ, ਖਸਰਾ ਨੰ. 744/1-18, ਖੇਵਟ ਨੰ. 1339, ਖਤੌਨੀ ਨੰ. 1691, ਜਮ੍ਹਾਂਬੰਦੀ ਸਾਲ 2018-2019, ਹੱਦਬਸਤ ਨੰ. 58, ਵਾਕਿਆ ਹੰਢਾਇਆ-ਸੀ ਵਿਖੇ ਸਥਿਤ, ਗਲੀ ਨੰ. 6, ਗੁਰੂ ਤੇਗ ਬਹਾਦਰ ਨਗਰ, ਹੰਢਾਇਆ ਰੋਡ, ਤਹਿਸੀਲ ਤੇ ਜ਼ਿਲ੍ਹਾ ਬਰਨਾਲਾ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਖੁਦ ਮਾਲਕ, ਪੱਛਮ : ਜੀਤ ਸਿੰਘ, ਉੱਤਰ : ਗਲੀ 22' ਚੌੜੀ, ਦੱਖਣ : ਹਰਨੇਕ ਸਿੰਘ। | |
| 4 | 1.ਸ੍ਰੀ ਰਾਕੇਸ਼ ਵਰਮਾ ਪੁੱਤਰ ਹਰੀ ਲਾਲ ਵਰਮਾ (ਕਰਜ਼ਦਾਰ)<br>2.ਸ੍ਰੀ ਰਾਜੇਸ਼ ਵਰਮਾ ਪੁੱਤਰ ਹਰੀ ਲਾਲ ਵਰਮਾ (ਸਹਿ-ਕਰਜ਼ਦਾਰ)<br>3.ਸ੍ਰੀਮਤੀ ਸ਼ਾਂਤੀ ਪਤਨੀ ਹਰੀ ਲਾਲ ਵਰਮਾ (ਸਹਿ-ਕਰਜ਼ਦਾਰ/ਰਹਿਣਕਾਰ) | 1. 31 ਮਈ 2026<br>2. 18 ਜੂਨ 2026<br>3. ਰੁਪਏ 10,20,970/- (ਦਸ ਲੱਖ ਵੀਹ ਹਜ਼ਾਰ ਨੌਂ ਸੌ ਸੱਤਰ ਰੁਪਏ ਕੇਵਲ)<br>4. ਰੁਪਏ 11,23,297/- (ਗਿਆਰਾਂ ਲੱਖ ਤੇਈ ਹਜ਼ਾਰ ਦੋ ਸੌ ਸਤਾਨਵੇਂ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਬੈਨਾਮਾ ਦਸਤਾਵੇਜ਼ ਨੰ. 2021-22/186/1/252 ਮਿਤੀ 07 ਅਪ੍ਰੈਲ 2021 ਅਨੁਸਾਰ ਸ੍ਰੀਮਤੀ ਸ਼ਾਂਤੀ ਪਤਨੀ ਸ੍ਰੀ ਹਰੀ ਲਾਲ ਵਰਮਾ ਦੇ ਨਾਂਅ ਰਜਿਸਟਰਡ ਰਿਹਾਇਸ਼ ਜਾਇਦਾਦ/ਪਲਾਟ ਨੰ. 79 ਦੇ ਹਿੱਸੇ 'ਤੇ ਨਿਰਮਤ ਮਕਾਨ ਰਕਬਾ 01 ਮਰਲਾ 248 ਵਰਗ ਫੁੱਟ, ਖੱਤਾ ਖਤੌਨੀ ਨੰ. 6/7, 138/161, ਖਸਰਾ ਨੰ. 22//19/2, 22//20/2, 22//20/3, 22//21, 22//22, 25//1,25//2, 25//9/1, 22//20/4 ਜਮ੍ਹਾਂਬੰਦੀ ਸਾਲ 2014-2015, ਹੱਦਬਸਤ ਨੰ. 218, ਪਿੰਡ ਚੋਹਕ ਵਿਖੇ ਸਥਿਤ, ਅਬਾਦੀ ਪ੍ਰੇਮ ਨਗਰ, ਭੋਜੋਵਾਲ ਰੋਡ, ਤਹਿਸੀਲ ਤੇ ਜ਼ਿਲ੍ਹਾ ਜਲੰਧਰ ਨਾਲ ਸੰਬੰਧਤ ਸਭ ਕੁਝ। ਹੱਦਾਂ : (ਬੈਨਾਮੇ ਅਨੁਸਾਰ) ਪੂਰਬ : ਸੜਕ, ਪੱਛਮ : ਸੜਕ, ਉੱਤਰ : ਹੋਰਨਾਂ ਦੀ ਜਾਇਦਾਦ, ਦੱਖਣ : ਹੋਰਨਾਂ ਦਾ ਪਲਾਟ। | |
| 5. | 1. ਸ੍ਰੀ ਜਾਪ ਸਿੰਘ ਪੁੱਤਰ ਸੁਰਿੰਦਰ ਸਿੰਘ (ਕਰਜ਼ਦਾਰ/ਰਹਿਣਕਾਰ)<br>2. ਸ੍ਰੀ ਸੁਰਿੰਦਰ ਸਿੰਘ ਗਿੱਲ ਪੁੱਤਰ ਬਸੰਤ ਸਿੰਘ ਗਿੱਲ (ਸਹਿ-ਕਰਜ਼ਦਾਰ) | 1. 18 ਜੂਨ 2026<br>2. 22 ਜੂਨ 2026<br>3. ਰੁਪਏ 38,73,144/-(ਅਠੱਤੀ ਲੱਖ ਤਿਹੱਤਰ ਹਜ਼ਾਰ ਇੱਕ ਸੌ ਚੁਤਾਲੀ ਰੁਪਏ)<br>4. ਰੁਪਏ 40,90,058/- (ਚਾਲੀ ਲੱਖ ਨੱਬੇ ਹਜ਼ਾਰ ਅਠਵੰਜਾ ਰੁਪਏ ਕੇਵਲ) |
| | ਸਕਿਉਰਡ ਐੱਸਟਸ ਦਾ ਜਾਇਦਾਦੀ ਪਤਾ : ਬੈਨਾਮਾ ਨੰ. 2024-25/93/1/1292 ਮਿਤੀ 29-04-2024 ਅਨੁਸਾਰ ਸ੍ਰੀ ਜਪ ਸਿੰਘ ਪੁੱਤਰ ਸੁਰਿੰਦਰ ਸਿੰਘ ਦੇ ਨਾਂਅ ਰਜਿਸਟਰਡ ਰਿਹਾਇਸ਼ੀ ਜਾਇਦਾਦ/ਪ੍ਰਾਈਵੇਟ ਨੰ. 24, ਪਲਾਟ ਤੇ ਮਕਾਨ, ਰਕਬਾ 201.38 ਵਰਗ ਗਜ਼, ਖਸਰਾ ਨੰ. 77//9, 12/1 ਮਿੰਨ, ਖੱਤਾ ਖਤੌਨੀ ਨੰ. 1932/2501, ਜਮ੍ਹਾਂਬੰਦੀ ਸਾਲ 2004-2005 ਪਿੰਡ ਗੁਮਟਾਲਾ ਵਿਖੇ ਸਥਿਤ, ਸਬ-ਅਰਬਨ ਅਬਾਦੀ, ਗੁਰੂ ਅਮਰਦਾਸ ਐਵੇਨਿਊ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਨਾਲ ਸੰਬੰਧਤ ਸਭ ਕੁਝ। ਹੱਦਾਂ (ਬੈਨਾਮੇ ਅਨੁਸਾਰ) ਪੂਰਬ : ਪਲਾਟ ਨੰ. 25, ਪੱਛਮ : ਸੜਕ 20', ਉੱਤਰ : ਹੋਰ ਮਾਲਕ, ਦੱਖਣ : ਪਲਾਟ ਨੰ. 23 | |

ਇਸ ਲਈ, ਇਹ ਜਨਤਕ ਸੂਚਨਾ ਸਿੱਧੇ ਪੱਤਰ ਵਿਹਾਰ ਦੀ ਜਗ੍ਹਾ ਜਾਰੀ ਕੀਤੀ ਜਾਂਦੀ ਹੈ।

ਕਰਜ਼ਦਾਰ (ਕਰਜ਼ਦਾਰਾਂ) ਅਤੇ/ਜਾਂ ਉਨ੍ਹਾਂ ਦੇ ਗਰੰਟਰ (ਗਰੰਟਰਾਂ) ਜਿੱਥੇ ਲਾਗੂਯੋਗ, ਨੂੰ ਇਸ ਨੋਟਿਸ ਦੀ ਪ੍ਰਕਾਸ਼ਨਾ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ ਬਕਾਇਆ ਨਿਕਲਦੀ ਰਕਮ ਜਮ੍ਹਾਂ ਕਰਵਾਉਣ ਦਾ ਸੱਦਾ ਦਿੱਤਾ ਜਾਂਦਾ ਹੈ। ਅਜਿਹਾ ਕਰਨ ਵਿੱਚ ਨਾਕਾਮ ਰਹਿਣ ਦੀ ਸੂਰਤ ਵਿੱਚ ਸਕਿਓਰਟਾਈਜੇਸ਼ਨ ਐਂਡ ਰੀਕੰਸਟਰਕਸ਼ਨ ਆਫ਼ ਫਾਈਨਾਂਸ਼ੀਅਲ ਐਸਟਸ ਐਂਡ ਇਨਫੋਰਸਮੈਂਟ ਸਕਿਓਰਿਟੀ ਇੰਟਰੈਸਟ ਐਕਟ, 2002 ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (4) ਦੇ ਤਹਿਤ 60 ਦਿਨਾਂ ਦਾ ਸਮਾਂ ਲੰਘ ਜਾਣ ਤੋਂ ਬਾਅਦ ਅਗਲੀਆਂ ਕਾਰਵਾਈਆਂ ਕੀਤੀਆਂ ਜਾਣਗੀਆਂ। ਕਰਜ਼ਦਾਰਾਂ ਨੂੰ ਆਪਣੇ ਸਕਿਓਰਡ ਐਸਟਸ ਦੇ ਪੁਨਰਗ੍ਰਹਿਣ ਲਈ ਆਪਣੇ ਅਧਿਕਾਰਾਂ ਵਾਸਤੇ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦਾ ਵਿਸ਼ੇਸ਼ ਹਵਾਲਾ ਦਿੱਤਾ ਜਾਂਦਾ ਹੈ।

ਕ੍ਰਿਪਾ ਕਰਕੇ ਨੋਟ ਕੀਤਾ ਜਾਵੇ ਕਿ ਉਕਤ ਦੱਸੇ ਐਕਟ ਸੈਕਸ਼ਨ 13(13) ਤਹਿਤ ਸਕਿਉਰਡ ਕ੍ਰੈਡਿਟਰ ਦੇ ਬਿਨਾਂ ਅਗਾਊਂ ਲਿਖਤੀ ਸਹਿਮਤੀ ਦੇ ਕਰਜ਼ਦਾਰ ਜਾਇਦਾਦ ਨੂੰ ਵਿੱਕਰੀ ਰਾਹੀਂ ਤਬਾਦਲਾ, ਲੀਜ਼ ਜਾਂ ਕਿਸੇ ਹੋਰ ਢੰਗ ਨਾਲ ਸਕਿਉਰਡ ਐਸਟਸ ਦੀ ਵਿੱਕਰੀ ਕਰਨ ਦਾ ਅਧਿਕਾਰ ਨਹੀਂ ਹੈ।

ਮਿਤੀ : 14.07.2026, ਸਥਾਨ : ਪੰਜਾਬ, ਸਹੀ/-ਅਧਿਕਾਰਤ ਅਫਸਰ, ਐਕਸਿਸ ਬੈਂਕ ਲਿਮਟਿਡ

# ਪੀ ਪੀ ਐੱਸ ਦੇ ਕੈਡਿਟਾਂ ਨੇ ਐੱਨ ਸੀ ਸੀ ਕੈਂਪ 'ਚ ਮਾਰੀਆਂ ਮੱਲਾਂ



**ਭੀਖੀ, (ਧਰਮਵੀਰ ਸ਼ਰਮਾ)**-ਸਕੂਲ ਆਫ ਐਜੂਕੇਸ਼ਨ ਭਗਤਾ ਭਾਈ ਕਾ ਵਿਖੇ ਆਯੋਜਿਤ 10 ਰੋਜ਼ਾ ਐੱਨ.ਸੀ.ਸੀ. ਸਾਲਾਨਾ ਟ੍ਰੇਨਿੰਗ ਕੈਂਪ ਸਫਲਤਾਪੂਰਵਕ ਸੰਪੰਨ ਹੋ ਗਿਆ। 3 ਪੰਜਾਬ ਨੇਵਲ ਯੂਨਿਟ ਐੱਨ.ਸੀ.ਸੀ. ਬਠਿੰਡਾ ਵੱਲੋਂ ਕੈਪਟਨ ਇਸ਼ਰਾਜ ਸਿੰਘ ਦੀ ਅਗਵਾਈ ਹੇਠ ਲਗਾਏ ਗਏ ਇਸ ਕੈਂਪ ਵਿੱਚ ਪੰਜਾਬ ਦੇ ਵੱਖ-ਵੱਖ ਸਕੂਲਾਂ ਤੋਂ ਲਗਭਗ 515 ਕੈਡੇਟਾਂ ਨੇ ਭਾਗ ਲਿਆ। ਕੈਂਪ ਦੌਰਾਨ ਕੈਡੇਟਾਂ ਨੂੰ ਨੇਵਲ ਤੇ ਐੱਨ.ਸੀ.ਸੀ. ਦੇ ਵਿਸ਼ੇਸ਼ ਵਿਸ਼ਿਆਂ ਦੀ ਟ੍ਰੇਨਿੰਗ ਦਿੱਤੀ ਗਈ। ਪੀ.ਪੀ.ਐੱਸ. ਚੀਮਾ ਦੇ ਕੈਡਿਟਾਂ ਨੇ ਖੇਡਾਂ ਤੇ ਸੱਭਿਆਚਾਰਕ ਗਤੀਵਿਧੀਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਵਾਲੀਬਾਲ ਮੁਕਾਬਲੇ ਵਿੱਚ ਰਨਰ-ਅੱਪ ਟਰਾਫੀ ਆਪਣੇ ਨਾਮ ਕੀਤੀ। ਕੈਂਪ ਦੇ ਅੰਤਿਮ ਦਿਨ ਹੋਏ ਰੰਗਾਰੰਗ ਸੱਭਿਆਚਾਰਕ ਪ੍ਰੋਗਰਾਮ ਵਿੱਚ ਵੀ ਸਕੂਲ ਦੇ ਵਿਦਿਆਰਥੀਆਂ ਨੇ ਉੱਤਮ ਪ੍ਰਦਰਸ਼ਨ ਕਰਕੇ ਸਥਾਨ ਹਾਸਲ ਕੀਤਾ। ਇਸ ਕੈਂਪ ਦੌਰਾਨ ਪੀ.ਪੀ.ਐੱਸ ਦੇ ਏ.ਐੱਨ.ਓ. ਕੇਵਲ ਸਿੰਘ ਨੂੰ ਸਾਲ 2025-26 ਲਈ ਬੈਸਟ ਏ.ਐੱਨ.ਓ. ਐਵਾਰਡ ਦੇ ਕੇ ਸਨਮਾਨਤ ਕੀਤਾ ਗਿਆ। ਇਸ ਮੌਕੇ ਸਕੂਲ ਦੇ ਪ੍ਰਬੰਧਕ ਸ੍ਰ. ਜਸਵੀਰ ਸਿੰਘ ਚੀਮਾ ਨੇ ਵਿਦਿਆਰਥੀਆਂ ਨੂੰ ਸਾਲਾਨਾ ਟ੍ਰੇਨਿੰਗ ਕੈਂਪ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਬੱਚਿਆਂ ਨੂੰ ਭਵਿੱਖ ਵਿੱਚ ਵੱਧ ਚੜ੍ਹ ਕੇ ਐੱਨ.ਸੀ.ਸੀ. ਵਰਗੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੈਡਮ ਕਿਰਨਪਾਲ ਕੌਰ, ਪ੍ਰਿੰਸੀਪਲ ਸੰਜੇ ਕੁਮਾਰ, ਮੰਗਤ ਰਾਏ, ਸੰਦੀਪ ਕੁਮਾਰ, ਪੂਜਾ ਰਾਣੀ ਤੇ ਏ.ਐੱਨ.ਓ. ਕੇਵਲ ਸਿੰਘ ਹਾਜ਼ਰ ਸਨ।

# ਡਰੈਗਨ ਫਰੂਟ ਦੀ ਖੇਤੀ ਨਾਲ ਕਿਸਾਨ ਸਤਨਾਮ ਸਿੰਘ ਦੀ ਸਾਲਾਨਾ 12 ਲੱਖ ਰੁਪਏ ਕਮਾਈ ਹੋਈ



**ਮਹਿਲ ਕਲਾਂ, (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਪੰਜਾਬ ਵਿੱਚ ਰਵਾਇਤੀ ਕਣਕ-ਝੋਨੇ ਦੇ ਫ਼ਸਲੀ ਚੱਕਰ ਤੋਂ ਹਟ ਕੇ ਫ਼ਸਲੀ ਵਿਭਿੰਨਤਾ ਨੂੰ ਅਪਣਾਉਣ ਵਾਲੇ ਕਿਸਾਨਾਂ 'ਚ ਪਿੰਡ ਠੁੱਲੇਵਾਲ ਦਾ ਅਗਾਂਹਵਧੂ ਕਿਸਾਨ ਸਤਨਾਮ ਸਿੰਘ ਪੁੱਤਰ ਹਰਬੰਤ ਸਿੰਘ ਵਾਸੀ ਠੁੱਲੇਵਾਲ ਇੱਕ ਪ੍ਰੇਰਨਾਦਾਇਕ ਮਿਸਾਲ ਬਣ ਕੇ ਉੱਭਰਿਆ ਹੈ।ਡਰੈਗਨ ਫਰੂਟ ਦੀ ਵਿਗਿਆਨਕ ਕਾਸ਼ਤ ਰਾਹੀਂ ਉਹ ਨਾ ਸਿਰਫ਼ ਸਾਲਾਨਾ ਕਰੀਬ 12 ਲੱਖ ਰੁਪਏ ਦੀ ਸ਼ੁੱਧ ਆਮਦਨ ਹਾਸਲ ਕਰ ਰਿਹਾ ਹੈ, ਸਗੋਂ ਪਾਣੀ ਦੀ ਬੱਚਤ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਵਿੱਚ ਵੀ ਮਹੱਤਵਪੂਰਨ ਯੋਗਦਾਨ ਪਾ ਰਿਹਾ ਹੈ।ਸਤਨਾਮ ਸਿੰਘ ਨੇ ਦੱਸਿਆ ਕਿ ਉਸ ਨੇ ਸਾਲ 2016 ਵਿੱਚ ਗੁਜਰਾਤ ਦੇ ਕਿਸਾਨਾਂ ਤੋਂ ਪ੍ਰੇਰਿਤ ਹੋ ਕੇ ਦੋ ਕਨਾਲ ਰਕਬੇ ਵਿੱਚ ਡਰੈਗਨ ਫਰੂਟ ਦੀ ਕਾਸ਼ਤ ਸ਼ੁਰੂ ਕੀਤੀ ਸੀ।ਅੱਜ ਉਹ 4 ਏਕੜ ਰਕਬੇ ਵਿੱਚ ਇਸ ਦੀ ਕਾਸ਼ਤ ਕਰ ਰਿਹਾ ਹੈ, ਜਿਸ ਵਿੱਚ ਤਿੰਨ ਏਕੜ ਖੁੱਲ੍ਹੇ ਖੇਤਾਂ ਤੇ ਇੱਕ ਏਕੜ ਸ਼ੈੱਡ ਨੈੱਟ ਹਾਊਸ ਹੇਠ ਹੈ।ਉਸ ਦਾ ਕਹਿਣਾ ਹੈ ਕਿ ਸ਼ੈੱਡ ਨੈੱਟ ਹਾਊਸ ਵਿੱਚ ਡਰੈਗਨ ਫਰੂਟ ਦੀ ਫ਼ਸਲ ਦਾ ਝਾੜ ਵੱਧ ਤੇ ਫਲ ਦਾ ਆਕਾਰ ਵੀ ਬਿਹਤਰ ਮਿਲਦਾ ਹੈ।ਉਸ ਨੇ ਦੱਸਿਆ ਕਿ ਇੱਕ ਏਕੜ ਵਿੱਚ ਆਮ ਤੌਰ 'ਤੇ ਕਰੀਬ 40 ਕੁਇੰਟਲ ਉਤਪਾਦਨ ਹੁੰਦਾ ਹੈ, ਜਦ ਕਿ ਸ਼ੈੱਡ ਨੈੱਟ ਹਾਊਸ ਵਿੱਚ ਇਸ ਤੋਂ ਵੀ ਵੱਧ ਝਾੜ ਪ੍ਰਾਪਤ ਹੁੰਦਾ ਹੈ।ਮੰਡੀ ਵਿੱਚ ਡਰੈਗਨ ਫਰੂਟ ਦੀ ਕੀਮਤ 150 ਤੋਂ 250 ਰੁਪਏ ਪ੍ਰਤੀ ਕਿੱਲੋ ਤੱਕ ਮਿਲਦੀ ਹੈ।ਫ਼ਸਲ ਦੋ ਸਾਲਾਂ ਵਿੱਚ ਪੂਰਾ ਝਾੜ ਦੇਣਾ ਸ਼ੁਰੂ ਕਰ ਦਿੰਦੀ ਹੈ ਤੇ ਜੁਲਾਈ ਤੋਂ ਨਵੰਬਰ ਤੱਕ ਇਸ ਦੀ ਤੁੜਾਈ ਚੱਲਦੀ ਰਹਿੰਦੀ ਹੈ।ਸਤਨਾਮ ਸਿੰਘ ਨੇ ਦੱਸਿਆ ਕਿ ਉਹ ਆਪਣੇ ਫਾਰਮ 'ਤੇ ਅਮਰੀਕਨ ਬਿਊਟੀ ਕਿਸਮ ਦੀ ਕਾਸ਼ਤ ਕਰ ਰਿਹਾ ਹੈ ਤੇ ਆਪਣੀ ਉਪਜ ਨੂੰ 'ਡਰੈਗਨ ਫਾਰਮ ਠੁੱਲੇਵਾਲ' ਦੇ ਨਾਂਅ ਹੇਠ ਮਾਨਸਾ, ਬਠਿੰਡਾ, ਲੁਧਿਆਣਾ, ਚੰਡੀਗੜ੍ਹ ਸਮੇਤ ਕਈ ਜ਼ਿਲ੍ਹਿਆਂ ਵਿੱਚ 10-10 ਕਿੱਲੋ ਦੀ ਪੈਕਿੰਗ ਰਾਹੀਂ ਵੇਚਦਾ ਹੈ।ਉਸ ਨੇ ਕਿਹਾ ਕਿ ਡਰੈਗਨ ਫਰੂਟ ਨੂੰ ਝੋਨੇ ਦੇ ਮੁਕਾਬਲੇ ਬਹੁਤ ਘੱਟ ਪਾਣੀ ਦੀ ਲੋੜ ਹੁੰਦੀ ਹੈ।ਉਹ ਸਾਲ ਵਿੱਚ ਕੇਵਲ ਚਾਰ ਵਾਰ ਤੁਪਕਾ ਸਿੰਜਾਈ ਪ੍ਰਣਾਲੀ ਰਾਹੀਂ ਪਾਣੀ ਦਿੰਦਾ ਹੈ, ਜਿਸ ਨਾਲ ਪਾਣੀ ਦੀ ਵੱਡੀ ਬੱਚਤ ਹੁੰਦੀ ਹੈ।ਫ਼ਸਲ 'ਤੇ ਕੀਟਨਾਸ਼ਕਾਂ ਦੀ ਲੋੜ ਵੀ ਬਹੁਤ ਘੱਟ ਪੈਂਦੀ ਹੈ ਤੇ ਉਹ ਗੋਬਰ ਬਾਇਓਗੈਸ ਪਲਾਂਟ ਦੀ ਰਹਿੰਦ-ਖੂੰਹਦ ਨੂੰ ਜੈਵਿਕ ਖਾਦ ਵਜੋਂ ਵਰਤਦਾ ਹੈ।ਉਸ ਨੇ ਦੱਸਿਆ ਕਿ ਤੁਪਕਾ ਸਿੰਜਾਈ ਲਈ ਭੂਮੀ ਰੱਖਿਆ ਵਿਭਾਗ ਬਰਨਾਲਾ ਵੱਲੋਂ 80 ਫੀਸਦੀ ਅਤੇ ਸ਼ੈੱਡ ਨੈੱਟ ਹਾਊਸ ਲਈ ਬਾਗਬਾਨੀ ਵਿਭਾਗ ਵੱਲੋਂ 50 ਫੀਸਦੀ ਸਬਸਿਡੀ ਮਿਲੀ, ਜਿਸ ਤਹਿਤ ਉਸ ਨੂੰ ਕਰੀਬ 14 ਲੱਖ ਰੁਪਏ ਦੀ ਸਹਾਇਤਾ ਪ੍ਰਾਪਤ ਹੋਈ।ਇਸ ਤੋਂ ਇਲਾਵਾ ਉਹ ਸਾਲ ਭਰ ਡਰੈਗਨ ਫਰੂਟ ਦੀ ਪਨੀਰੀ ਵੀ ਤਿਆਰ ਕਰਦਾ ਹੈ, ਜਿਸ ਦੇ ਪੌਦੇ 50 ਤੋਂ 60 ਰੁਪਏ ਪ੍ਰਤੀ ਬੂਟਾ ਵੇਚੇ ਜਾਂਦੇ ਹਨ ਅਤੇ ਪੰਜਾਬ ਤੋਂ ਇਲਾਵਾ ਹਿਮਾਚਲ ਪ੍ਰਦੇਸ਼, ਰਾਜਸਥਾਨ ਤੇ ਉੱਤਰ ਪ੍ਰਦੇਸ਼ ਤੱਕ ਭੇਜੇ ਜਾਂਦੇ ਹਨ।ਡਿਪਟੀ ਡਾਇਰੈਕਟਰ ਬਾਗਬਾਨੀ ਮਲਕੀਤ ਸਿੰਘ ਨੇ ਦੱਸਿਆ ਕਿ ਸਰਕਾਰ ਵੱਲੋਂ ਨਵੇਂ ਫਲਦਾਰ ਬਾਗਾਂ ਤੇ ਸ਼ੈੱਡ ਨੈੱਟ ਹਾਊਸਾਂ ਲਈ 50 ਫੀਸਦੀ ਸਬਸਿਡੀ ਦਿੱਤੀ ਜਾ ਰਹੀ ਹੈ, ਜਦਕਿ ਤੁਪਕਾ ਸਿੰਜਾਈ ਪ੍ਰਣਾਲੀ 'ਤੇ ਵੀ 80 ਫੀਸਦੀ ਤੱਕ ਸਬਸਿਡੀ ਦਾ ਲਾਭ ਕਿਸਾਨ ਲੈ ਸਕਦੇ ਹਨ।ਡਿਪਟੀ ਕਮਿਸ਼ਨਰ ਹਰਪ੍ਰੀਤ ਸਿੰਘ ਨੇ ਕਿਸਾਨ ਸਤਨਾਮ ਸਿੰਘ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹ ਡਰੈਗਨ ਫਰੂਟ ਦੀ ਕਾਸ਼ਤ ਰਾਹੀਂ ਵਧੀਆ ਆਮਦਨ ਕਮਾਉਣ ਦੇ ਨਾਲ-ਨਾਲ ਫ਼ਸਲੀ ਵਿਭਿੰਨਤਾ ਤੇ ਪਾਣੀ ਦੀ ਬੱਚਤ ਨੂੰ ਵੀ ਉਤਸ਼ਾਹਤ ਕਰ ਰਹੇ ਹਨ।

# ਕਲਾਸੀਫਾਈਡ ਇਸ਼ਤਿਹਾਰ

## Change of Name

I Mohit Kumar S/O Som Nath R/O Vill Kharaur Po Sahdra Teh Balachaur Distt Sbs Nagar Punjab Have Changed My Name To Kumar Mohit. Kumar Is My Surname. All Please Note.

I, Manpreet Kaur W/o Navdeep Singh R/o H.No.L-4/994, Street No.2, New Kot Mit Singh Atma Ram Sultanwind Road, Amritsar have declare that Manpreet is my Given name and Kaur is my Surname

I, Manpreet Kaur D/o Sarabjeet Singh W/o Narinderjit Singh Bhullar R/o H.No.25-D, East Mohan Nagar, 100ft Road, Amritsar have changed my name from Manpreet Kaur to Manpreet Kaur Bhullar

I, Satinder Pal Singh S/o Joginder Singh R/o Village Moure Khurd, Tehsil Ajnala, Distt. Amritsar have declare that Satinder Pal is my Given name and Singh is my Surname

I, Rajbir Kaur W/o Satinder Pal Singh R/o Village Moure Khurd Tehsil Ajnala Distt Amritsar have declare that Rajbir is my Given name and Kaur is my Give name.

I, Harshdeep Singh S/o Dilbag Singh R/o Village Naru Nangal Kila, PO Naru Nangal Khas, Distt. Hoshiarpur Punjab declare that my surname is Singh and my given name is Harshdeep. Concerned note.

I, Bavita Rani Alias Seema Rani W/o Rajinder Kumar R/o VPO Phuglana Distt. Hoshiarpur 146001 Punjab have changed my name from Bavita Rani Alias Seema Rani to Seema Rani. Where Seema is my given name Rani is surname. Concerned note.

I, Virpal S/o Mohinder Pal R/o Village and PO Dagana Kalan Distt. Hoshiarpur 146022 Punjab have changed my name from Virpal to Vir Pal Salhan. Concerned note.

I, Sapna Kumari W/o Rajesh Kumar R/o Ward No. 4 VPO. Malahari Distt. Kangra Himachal Pradesh have changed my name Sapna Kumari to Sapna Choudhary. Concerned note.

I, Kapil Dev Duggal s/o Nama Ram residing at 748-A,Surya Enclave,G.T. Road Bye Pass,Jalandhar (Pb.)-144009 have changed my name and shall hereafter be known as Kapil Dev. It is certified that I have complied with other legal requirements in this connection.

I, Sharandeep Kaur W/o. Deepak Kumar, R/o. H.No. 33, Backside RK Pharmacy, Joginder Nagar, PAP Lines, Jalandhar Cantt, Jalandhar, Punjab have changed the name of my son from Viraj Virdi to Viraj Singh.

I, Sharandeep Kaur W/o. Deepak Kumar, R/o. H.No. 33, Backside RK Pharmacy, Joginder Nagar, PAP Lines, Jalandhar Cantt, Jalandhar, Punjab have changed the name of my daughter Aradhya Virdi to Aradhya Kaur.

I, Mohit S/o Narinder Pal R/o 62, O/s Gilwali Gate, Nagar Nigam Colony Amritsar have changed my name from Mohit to Mohit Sharma.

I, Charanjit Singh S/o Swaran Singh R/o Vill Rakh Sarai Amanat Khan, PO Rakh Sarai Amanat Khan, Tarn Taran, Punjab have changed my name from Charnjit Singh to Charanjit Singh.

I, Prabdeep Kaur to W/o Harminder Singh R/o H.No. 19, Gokul Ka Bagh, 100 Feet Road, Amritsar have changed my name from Prabdeep Kaur to Prabhdeep Kaur.

I, Sarbjit Kaur W/o Harpal Singh R/o H.No.180, Gali No.2, Tarn Taran Road, Guru Arjan Dev Nagar, Amritsar have changed my name from Sarbjit Kaur to Sarabjit Kaur.

I, Jagdeep Kaur and Simran W/o Mandeep Singh R/o 49-A, Park Avenue, Chabhal Road, Tarn Taran have declare that above both name's are mine one and same person.

I Jagpreet Singh son of Satnam Singh R/O village Dhardeo,Tehsil Baba bakala District Amritsar, Punjab, pin 143205 have changed my name from Jagpreet Singh to Jagpreet as my given name and Singh as my surname. Concerned to be noted.

I Rakes Singh S/o Guljar Singh R/o Village Harar Kalan PO. Ajnala Amritsar 143102 Punjab, India have changed my name from Rakes Singh To Rakesh Singh.

I, Ranjit Kumar s/o Bela Ram r/o 449/88 L, New Santokh Pura, Jalandhar have changed my surname as Ranjit Sindhu (Sindhu as Surname) All Please Note.

I, Baljinder s/o Gurmail Singh r/o V.P.O. Beas Pind, Distt. Jalandhar, Punjab, have changed my name from Baljinder to Baljinder Singh (Surname as Singh) All Please Note.

I, Kanwardeep Singh s/o Pritpal Singh r/o H.No.715 C, Urban Estate, Kapurthala, Punjab, changed my name to Kanwardeep Singh Arora. All Please Note.

I, Paramjit Singh s/o Harnek Singh r/o VPO. Sammipur, Ps. Lambra Distt. Jalandhar, have changed the spelling of my name from Paramjit Singh to Paramjeet Singh. All Please Note.

I, Gyan Kaur d/o Gurwinder Singh r/o N.A-72, Jagatpura, Near Damoria Pull, Jalandhar have changed my given name as Gyan & Surname as Kaur. All Please Note.

I, Tarun S/o Davinder R/o B 9 218, Santokh Pura, Nivi Abadi, Jalandhar, Punjab-144004 have changed my name from Tarun to Tarun Pawar. All concerned please note.

## Change of Name

I, Surjeet Kaur wife of Swaran Singh resident of Village Chak Khurd, Tehsil Nakodar, District Jalandhar, Punjab have changed my name from Surjeet Kaur to Jeet Kaur. All concerned please note.

I, Kulvinder Kaur W/o Gurjit Singh R/O Village Bhamboi PO Dhadila Nazara Tehsil Batala District Gurdaspur declare that have changed my name from Kulvinder Kaur to Kulwinder Kaur. Please note.

I Rakshit S/O Surjit Singh R/O Vpo Begowal Distt. Kapurthala. I Have Change My Name From Rakshit To Rakshit Singh (Singh As Surname). All Concern Please Note.

I Pankush S/o Surinder Kumar, R/o H.no 2/32 Near Durga da khu Lasuri Mohalla Basti Danishmandan Jalandhar have changed my name to Pankush Minia.

I, Inamul Hak Khan S/o Ashabul Hak Khan,R/o H.no EQ. 137 Pacca Bagh, Jalandhar have changed my name to Inamul Hak as given name and Khan as Surname.

I Monika Rani w/o Rahul Bhagat,R/o H.no. 208 Bank EnclavePhase I. Jalandhar have changed my name to Monika Bhagat.

## PUBLIC NOTICE

We, Ramesh Kumar S/o Chote Lal and Anita Devi W/o Ramesh Kumar, both R/o H.No. 8, Street No. 3, Sidharth Nagar, Boota Mandi, Jalandhar, Punjab declare that our son Mohit is out of our control. We disinherit him from our moveable and immovable properties. We and our family shall not be held responsible for any of his acts, deeds and things. All please note.

## ਨਾਂਅ ਦੀ ਬਦਲੀ

ਮੈਂ ਸ਼ਯੰਮ ਪੁੱਤਰ ਅਨੰਦ ਵਸ਼ਿਸ਼ਟ ਵਾਸੀ ਮਕਾਨ ਨੰਬਰ 1610, ਗਲੀ ਨੰਬਰ 2, ਬਟਾਲਾ ਰੋਡ, ਨੇੜ ਰਾਧੇ ਸ਼ਯਾਮ ਮੰਦਿਰ ਭਾਰਤ ਨਗਰ ਅੰਮ੍ਰਿਤਸਰ ਨੇ ਆਪਣਾ ਨਾਮ ਸ਼ਯੰਮ ਤੋਂ ਬਦਲ ਕੇ ਸ਼ਯੰਮ ਵਸ਼ਿਸ਼ਟ ਰੱਖ ਲਿਆ ਹੈ।

ਮੈਂ, ਨਿਰਮਲਾ ਪੁੱਤਰੀ ਵਤਨ ਚੰਦ ਵਾਸੀ ਮਕਾਨ ਨੰ: ਬੀ9, 600, ਸੰਤੋਖਪੁਰਾ, ਡਾਕ. ਇੰਡਸਟਰੀਅਲ ਏਰੀਆ, ਜਲੰਧਰ-144004, ਪੰਜਾਬ ਨੇ ਆਪਣਾ ਨਾਂਅ ਨਿਰਮਲਾ ਰਾਣੀ ਤੋਂ ਬਦਲ ਕੇ ਨਿਰਮਲਾ ਰੱਖ ਲਿਆ ਹੈ। ਸੰਬੰਧਤ ਨੋਟ ਕਰਨ।

ਮੈਂ ਮੋਨਿਕਾ ਪੁੱਤਰੀ ਜਸਪਾਲ ਸਿੰਘ ਵਾਸੀ ਪਿੰਡ ਤੇ ਡਾਕ. ਪੁਰਹੀਰਾਂ, ਤਹਿ. ਵਾ ਜਿਲਾ ਹੁਸ਼ਿਆਰਪੁਰ ਮੈਂ ਆਪਣਾ ਨਾਂ ਮੋਨਿਕਾ ਤੋਂ ਮੋਨਿਕਾ ਕੌਰ ਤਬਦੀਲ ਕਰ ਲਿਆ ਹੈ। ਸਬੰਧਤ ਨੋਟ ਕਰਨ।

ਮੈਂ, ਸੱਤ ਪਾਲ ਪੁੱਤਰ ਮਦਨ ਲਾਲ ਨਿਵਾਸੀ ਦੂਹੜੇ, ਜਲੰਧਰ, ਪੰਜਾਬ -144302 ਨੇ ਆਪਣੇ ਨਾਬਾਲਗ ਪੁੱਤਰ ਦਾ ਨਾਮ ਹਰਮਨਦੀਪ ਉਮਰ 17 ਸਾਲ ਤੋਂ ਬਦਲ ਕੇ ਹਰਮਨਦੀਪ ਸਿੰਘ ਰੱਖ ਦਿੱਤਾ ਹੈ। ਭਵਿੱਖ ਦੇ ਸਾਰੇ ਉਦੇਸ਼ਾਂ ਲਈ ਹੁਣ ਇਹੀ ਨਾਮ ਚਲੇਗਾ।

ਮੈਂ, ਸੱਤ ਪਾਲ ਪੁੱਤਰ ਮਦਨ ਲਾਲ ਨਿਵਾਸੀ ਦੂਹੜੇ, ਜਲੰਧਰ, ਪੰਜਾਬ -144302 ਨੇ ਆਪਣੀ ਨਾਬਾਲਗ ਪੁੱਤਰੀ ਦਾ ਨਾਮ ਹਰਸਿਮਰਨ ਉਮਰ 16 ਸਾਲ ਤੋਂ ਬਦਲ ਕੇ ਹਰਸਿਮਨਰ ਕੌਰ ਰੱਖ ਦਿੱਤਾ ਹੈ। ਭਵਿੱਖ ਦੇ ਸਾਰੇ ਉਦੇਸ਼ਾਂ ਲਈ ਹੁਣ ਇਹੀ ਨਾਮ ਚਲੇਗਾ।

## ਬੇਦਖ਼ਲੀ ਨੋਟਿਸ

ਮੈਂ, ਰਾਮ ਲਾਲ ਪੁੱਤਰ ਜੱਗੂ ਰਾਮ ਵਾਸੀ ਪਿੰਡ ਤੇ ਡਾਕਖਾਨਾ ਹੇਲਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਧੀਰਜ ਕੁਮਾਰ ਅਤੇ ਉਸਦੀ ਪਤਨੀ ਮਮਤਾ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਸੁਨੀਤਾ ਕੁਮਾਰੀ ਸਲਹਨ ਪਤਨੀ ਸਮਿੱਤਰ ਸਿੰਘ ਸਲਹਨ ਪੁੱਤਰ ਸ਼੍ਰੀ ਬਰਤੂ ਰਾਮ ਵਾਸੀ ਨਿਊ ਕਲੋਨੀ, ਬੈਕਸਾਈਡ ਐਸ.ਬੀ.ਆਈ. ਬੈਂਕ, ਪਿੰਡ ਖੁਰਦਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਸੁਖਵੀਰ ਸਿੰਘ ਵਾ ਉਸਦੀ ਪਤਨੀ ਸਰਬਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਸਮਿੱਤਰ ਸਿੰਘ ਸਲਹਨ ਪੁੱਤਰ ਸ਼੍ਰੀ ਬਰਤੂ ਰਾਮ ਵਾਸੀ ਨਿਊ ਕਲੋਨੀ, ਬੈਕਸਾਈਡ ਐਸ.ਬੀ.ਆਈ. ਬੈਂਕ, ਪਿੰਡ ਖੁਰਦਪੁਰ, ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਖਵੀਰ ਸਿੰਘ ਵਾ ਉਸਦੀ ਪਤਨੀ ਸਰਬਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨ ਮਰਜੀ ਕਰਦੇ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਰਾਮਜੀ ਪੁੱਤਰ ਧਰਮਾ ਵਾਸੀ ਪਿੰਡ ਜਮਸ਼ੇਰ ਖੇੜਾ, ਡਾਕਖਾਨਾ ਜਮਸ਼ੇਰ ਖਾਸ, ਤਹਿਸੀਲ ਵਾ ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦਾ ਹਾਂ ਕਿ ਤਨਦੀਪ ਕੁਮਾਰ ਪੁੱਤਰ ਸੋਢੀ ਰਾਮ ਵਾਸੀ ਪਿੰਡ ਖੇੜਾ, ਡਾਕਖਾਨਾ ਜਮਸ਼ੇਰ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਮੇਰਾ ਭਤੀਜਾ ਹੈ ਜੋ ਕਿ ਮੇਰੇ ਨਾਲ ਰਹਿੰਦਾ ਹੈ, ਉਸਦੇ ਮਾਤਾ ਪਿਤਾ ਯਾਨੀ ਕਿ ਮੇਰੇ ਭਰਾ ਸੋਢੀ ਰਾਮ ਤੇ ਉਸਦੀ ਪਤਨੀ ਦੀ ਮੌਤ ਹੋ ਚੁੱਕੀ ਹੈ। ਹੁਣ ਉਕਤ ਤਨਦੀਪ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਿਤ ਨੋਟ ਕਰਨ।

ਮੈਂ, ਚਰਨਜੀਤ ਪੁੱਤਰ ਰੇਸ਼ਮ ਲਾਲ ਵਾਸੀ ਪਿੰਡ ਸਾਰੰਗਵਾਲ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰੇਨੂਕਾ (ਕੁਆਰੀ) ਮੇਰੇ ਕਹਿਣੇ ਤੋਂ ਬਾਹਰ ਹੈ ਤੇ ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਇਸ ਵੱਲੋਂ ਕੀਤੇ ਗਏ ਕਿਸੇ ਵੀ ਚੰਗੇ ਜਾਂ ਮਾੜੇ ਕੰਮਾਂ ਦੇ ਮੈਂ ਜਾਂ ਮੇਰੇ ਪਰਵਾਰ ਦੇ ਬਾਕੀ ਮੈਂਬਰਾਂ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਗੁਰਮੇਲ ਸਿੰਘ ਪੁੱਤਰ ਲੇਟ ਸ਼੍ਰੀ ਨੰਤਾ ਰਾਮ ਵਾਸੀ ਪਿੰਡ ਬੁਢਿਆਣਾ, ਥਾਣਾ ਪਤਾਰਾ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਸ਼ੋਕ ਕੁਮਾਰ ਅਤੇ ਉਸ ਦੀ ਪਤਨੀ ਕੁਲਵਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸੰਬੰਧਤ ਨੋਟ ਕਰਨ। (ਆਰ)

## ਬੇਦਖ਼ਲੀ ਨੋਟਿਸ

ਮੈਂ ਭੋਲਾ ਸਿੰਘ ਪੁੱਤਰ ਨਛੱਤਰ ਸਿੰਘ ਵਾਸੀ ਮਾਨਾਂਪਿੰਡੀ ਧਨੌਲਾ ਦਾ ਰਹਿਣ ਵਾਲਾ ਹਾਂ ਮੈਂ ਬਿਆਨ ਕਰਦਾ ਹਾਂ ਕਿ ਮੇਰੇ ਦੋਵੇਂ ਲੜਕੇ ਗੁਰਪ੍ਰੀਤ ਸਿੰਘ ਅਤੇ ਹੈਪੀ ਸਿੰਘ ਦੋਵੇਂ ਲੜਕੇ ਸ਼ਾਦੀਸ਼ੁਦਾ ਹਨ ਜੋ ਕੇ ਨਸ਼ਾ ਕਰਨ ਦੇ ਆਦੀ ਹਨ ਉਹ ਮੇਰੇ ਤੇ ਮੇਰੇ ਪਰਿਵਾਰ ਚ ਕਹਿਣੇ ਤੋਂ ਬਾਹਰ ਹਨ ਇਸ ਲਈ ਉਨਾਂ ਦਾ ਮੇਰੇ ਤੇ ਮੇਰੇ ਪਰਿਵਾਰ ਨਾਲ ਕੋਈ ਸੰਬੰਧ ਨਹੀਂ ਰਿਹਾ ਮੈਂ ਆਪਣੇ ਹੋਸ਼ ਹਵਾਸ਼ ਨਾਲ ਦੋਵਾਂ ਨੂੰ ਆਪਣੀ ਸਾਰੀ ਚੱਲਤ, ਅਚੱਲਤ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ ਕੋਈ ਵਿਅਕਤੀ ਇਨ੍ਹਾਂ ਨਾਲ ਲੈਣ ਦੇਣ ਕਰਦਾ ਹੈ ਉਹ ਖੁਦ ਜ਼ਿੰਮੇਵਾਰ ਹੋਵੇਗਾ ਸੰਬੰਧਿਤ ਨੋਟ ਕਰਨਾ।

ਮੈਂ, ਗੁਰਮੀਤ ਕੌਰ ਪਤਨੀ ਲੇਟ ਸੁਰਜੀਤ ਸਿੰਘ ਵਾਸੀ 175, ਨਿਊ ਮਾਡਲ ਟਾਊਨ, ਛੇਹਰਟਾ, ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਗਜੀਤ ਸਿੰਘ ਅਤੇ ਇਸ ਦੀ ਪਤਨੀ ਸੋਨੀਆ ਦੋਵੇਂ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੇ ਨਾਲ ਚੰਗਾ ਵਿਹਾਰ ਨਹੀਂ ਕਰਦੇ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ।

ਮੈਂ, ਜਗਬੀਰ ਸਿੰਘ ਪੁੱਤਰ ਸੁਰਜਨ ਸਿੰਘ ਵਾਸੀ ਪਿੰਡ ਬੱਲ ਖੁਰਦ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਪਰਮਜੀਤ ਕੌਰ, ਮੇਰਾ ਪੁੱਤਰ ਅੰਮ੍ਰਿਤਪਾਲ ਸਿੰਘ, ਉਸ ਦੀ ਪਤਨੀ ਸਿਮਰਨਜੀਤ ਕੌਰ, ਲੜਕੀ ਏਕਤਾਪ੍ਰੀਤ ਕੌਰ ਅਤੇ ਨਵਦੀਪ ਸਿੰਘ, ਜੋ ਮੇਰੇ ਕਹਿਣੇ ਤੋਂ ਬਾਹਰ ਹਨ, ਮੈਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਇਹ ਮੇਰੇ ਤੋਂ ਅੱਲਗ ਰਹਿੰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਪਰਮਜੀਤ ਅਰੋੜਾ ਪੁੱਤਰ ਮਲਿਕ ਸਿੰਘ ਨਿਵਾਸੀ 1397, ਕਟੜਾ ਸ਼ੇਰ ਸਿੰਘ, ਇਨਸਾਈਡ ਹਾਲ ਗੇਟ, ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਾਕੇਸ਼ ਅਰੋੜਾ ਅਤੇ ਉਸ ਦੀ ਪਤਨੀ ਮੇਰੇ ਕਹਿਣੇ ਤੋਂ ਬਾਹਰ ਹਨ ਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਦਿਨੇਸ਼ ਡਾਂਗ ਪੁੱਤਰ ਲੇਟ ਸ੍ਰੀ ਲਾਜਪਤ ਰਾਏ, ਵਾਸੀ ਮਕਾਨ ਨੰ: 508, ਗਲੀ ਨੰ: 7/2, ਨਿਊ ਮਾਡਲ ਹਾਊਸ, ਜਲੰਧਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਰਿਧਿਮਾ ਡਾਂਗ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਅਸੀਂ, ਜਸਪਾਲ ਪੁੱਤਰ ਸ੍ਰੀ ਚਿਮਨ ਲਾਲ ਅਤੇ ਸ਼ੁਭ ਰਾਣੀ ਪਤਨੀ ਜਸਪਾਲ ਵਾਸੀਆਨ ਸਾਹਮਣੇ ਗੁਰਦੁਆਰਾ ਬਾਬਾ ਦੀਨ ਦਿਆਲ ਸੰਤ ਕਬੀਰ ਐਵੀਨਿਊ ਵੇਰਕਾ, ਤਹਿਸੀਲ ਵਾ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਜੈਦੀਪ ਸ਼ਰਮਾ, ਜੋ ਸਾਡੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸੁਖਦੇਵ ਸਿੰਘ ਪੁੱਤਰ ਜਸਵੰਤ ਸਿੰਘ ਵਾਸੀ ਮਕਾਨ ਨੰਬਰ 23, ਪਿੰਡ ਤੇ ਡਾਕਖਾਨਾ ਸਾਂਗਣਾਂ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰੀ ਲੜਕੀ ਭਵਨਪ੍ਰੀਤ ਕੌਰ, ਜੋ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦੀ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਕੁੰਦਨ ਸਿੰਘ ਪੁੱਤਰ ਮੱਖਨ ਸਿੰਘ ਵਾਸੀ ਮਜੀਠਾ ਰੋਡ, ਬਾਈਪਾਸ, ਪ੍ਰੀਤ ਐਵੇਨਿਊ ਅੰਮ੍ਰਿਤਸਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਪੋਤਰਾ ਹਰਕੀਰਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ ਅਤੇ ਤੰਗ-ਪ੍ਰੇਸ਼ਾਨ ਕਰਦਾ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਭਗਵਾਨ ਸਿੰਘ ਪੁੱਤਰ ਸ਼ਿੰਗਾਰਾ ਸਿੰਘ ਵਾਸੀ ਪਿੰਡ ਰਹਿਮੇ ਸ਼ਾਹ ਬੋਦਲਾ, ਤਹਿਸੀਲ ਜਲਾਲਾਬਾਦ, ਜ਼ਿਲ੍ਹਾ ਫਾਜ਼ਿਲਕਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਅੱਲਾ ਬਖਸ਼ ਅਤੇ ਮੇਰੀ ਨੂੰਹ ਪਰਮਜੀਤ ਕੌਰ ਪਤਨੀ ਅੱਲਾ ਬਖਸ਼ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹਨ, ਸਮਝਾਉਣ ਦੇ ਬਾਵਜੂਦ ਵੀ ਨਹੀਂ ਸਮਝੇ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ।

ਮੈਂ, ਜੋਗਿੰਦਰ ਕੌਰ ਵਿਧਵਾ ਚਿਮਨ ਸਿੰਘ ਵਾਸੀ ਬਾਊਪੁਰ ਬੇਟ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਗੁਰਮੀਤ ਸਿੰਘ ਅਤੇ ਉਸ ਦੀ ਪਤਨੀ ਕੁਲਵੰਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਪ੍ਰਭਜੀਤ ਕੌਰ ਵਿਧਵਾ ਲੱਖਾ ਸਿੰਘ ਵਾਸੀ ਪਿੰਡ ਉਡਤ ਸੈਦੇਵਾਲਾ, ਤਹਿਸੀਲ ਬੁਢਲਾਡਾ, ਜ਼ਿਲ੍ਹਾ ਮਾਨਸਾ ਬਿਆਨ ਕਰਦੀ ਹਾਂ ਕਿ ਮੇਰਾ ਪੁੱਤਰ ਬਲਜੀਤ ਸਿੰਘ ਮੇਰੇ ਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ ਅਤੇ ਆਪਣੀ ਮਨਮਰਜ਼ੀ ਕਰਦਾ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਮੇਰਾ ਤੇ ਮੇਰਾ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਮਨਜੀਤ ਕੌਰ ਵਿਧਵਾ ਅਵਤਾਰ ਸਿੰਘ ਵਾਸੀ ਪਿੰਡ ਢੇਸੀਆ ਤਹਿਸੀਲ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਬਿਆਨ ਹਲਫੀਆ ਕਰਦੀ ਹਾਂ ਕਿ ਮੈ ਆਪਣੇ ਪੁੱਤਰ ਅੰਮ੍ਰਿਤਪਾਲ ਸਿੰਘ ਅਤੇ ਨੂੰਹ ਕੋਮਲਪ੍ਰੀਤ ਕੌਰ ਜੋ ਮੇਰੇ ਕਹਿਣੇ ਤੋ ਬਾਹਰ ਸਨ,ਉਨ੍ਹਾਂ ਨੂੰ ਮਿਤੀ 22/08/2024 ਨੂੰ ਪੰਜਾਬੀ ਅਖ਼ਬਾਰ ਨਵਾਂ ਜ਼ਮਾਨਾ ਰਾਹੀ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕੀਤਾ ਸੀ ,ਹੁਣ ਮੇਰਾ ਪੁੱਤਰ ਅੰਮ੍ਰਿਤਪਾਲ ਸਿੰਘ ਤੇ ਨੂੰਹ ਕੋਮਲਪ੍ਰੀਤ ਕੌਰ ਮੇਰੇ ਕਹਿਣੇ ਵਿੱਚ ਹਨ ਤੇ ਮੇਰੀ ਸੇਵਾ ਸੰਭਾਲ ਕਰਦੇ ਹਨ ।ਮੈਂ ਆਪਣੀ ਬੇਦਖਲੀ ਵਾਪਿਸ ਲੈਂਦੀ ਹਾਂ ,ਮੇਰਾ ਪੁੱਤਰ ਅੰਮ੍ਰਿਤਪਾਲ ਸਿੰਘ ਤੇ ਨੂੰਹ ਕੋਮਲਪ੍ਰੀਤ ਕੌਰ ਮੇਰੀ ਚੱਲ -ਅਚੱਲ ਜਾਇਦਾਦ ਦੇ ਵਾਰਸ ਹੋਣਗੇ , ਸਬੰਧਤ ਨੋਟ ਕਰਨ ।

ਅਸੀਂ, ਜਗੀਰ ਦਾਸ ਪੁੱਤਰ ਸ੍ਰੀ ਪਰਸ ਰਾਮ ਅਤੇ ਪਰਮਜੀਤ ਕੌਰ ਪਤਨੀ ਸ੍ਰੀ ਜਗੀਰ ਦਾਸ ਵਾਸੀਆਨ ਗਲੀ ਨੰ: 5, ਸੋਢੀ ਨਗਰ, ਮੋਗਾ, ਤਹਿਸੀਲ ਤੇ ਜ਼ਿਲ੍ਹਾ ਮੋਗਾ ਪੰਜਾਬ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਸੁਖਚੈਨ ਦਾਸ ਅਤੇ ਉਸ ਦੀ ਪਤਨੀ ਰੀਆ ਸਾਡੇ ਕਹਿਣੇ ਤੋਂ ਬਾਹਰ ਹਨ ਤੇ ਸਾਨੂੰ ਤੰਗ-ਪ੍ਰੇਸ਼ਾਨ ਅਤੇ ਆਪਣੀ ਮਨਮਰਜ਼ੀ ਕਰਦੇ ਹਨ। ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦੇ ਹਾਂ। ਉਨ੍ਹਾਂ ਦੇ ਕਿਸੇ ਵੀ ਤਰ੍ਹਾਂ ਦੇ ਲੈਣ-ਦੇਣ ਅਤੇ ਚੰਗੇ-ਮਾੜੇ ਕੰਮਾਂ ਦੇ ਅਸੀਂ ਅਤੇ ਸਾਡਾ ਪਰਵਾਰ ਜ਼ਿੰਮੇਵਾਰ ਨਹੀਂ ਹੋਵਾਂਗੇ। ਉਹ ਖੁਦ ਜ਼ਿੰਮੇਵਾਰ ਹੋਣਗੇ। ਸਾਡੇ ਪਰਵਾਰ ਦਾ ਇਨ੍ਹਾਂ ਨਾਲ ਕੋਈ ਸੰਬੰਧ ਨਹੀਂ ਹੈ।

## ਬੇਦਖ਼ਲੀ ਨੋਟਿਸ

ਮੈਂ ਹਰਭਜਨ ਸਿੰਘ ਪੁੱਤਰ ਭਗਤ ਸਿੰਘ ਵਾਸੀ ਪਿੰਡ ਗੋਪੀਪੁਰ, ਡਾਕ. ਖਾਲੂ, ਤਹਿਸੀਲ ਤੇ ਜ਼ਿਲ੍ਹਾ ਕਪੂਰਥਲਾ ਘੋਸ਼ਣਾ ਕਰਦਾ ਹਾਂ ਕਿ ਮੇਰਾ ਲੜਕਾ ਕਮਲਜੀਤ ਸਿੰਘ ਅਤੇ ਨੂੰਹ ਰਾਜਵਿੰਦਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਆਪਣੀ ਮਨਮਰਜੀ ਕਰਦੇ ਹਨ। ਮੈਂ ਆਪਣੇ ਲੜਕੇ ਅਤੇ ਨੂੰਹ ਨੂੰ ਆਪਣੀ ਤਮਾਮ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ, ਰਾਣੀ ਪਤਨੀ ਮਦਨ ਲਾਲ ਵਾਸੀ ਮਕਾਨ ਨੰਬਰ ਬੀ.9-1406/88, ਨਿਊ ਗਾਂਧੀ ਨਗਰ, ਜਲੰਧਰ ਹਲਫੀਆ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਕਿਸ਼ਨ ਕਾਕਾ ਅਤੇ ਮੇਰੀ ਨੂੰਹ ਸਵੀਟੀ ਖਾਨ, ਜੋਕਿ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਨ੍ਹਾਂ ਨਾਲ ਕਿਸੇ ਵੀ ਕਿਸਮ ਦਾ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਬਾਕੀ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਦਲਜੀਤ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਮਕਾਨ ਨੰਬਰ 8, ਲੇਨ ਨੰਬਰ 4, ਨਿਊ ਰਾਜਾ ਗਾਰਡਨ, ਪੰਜਾਬ ਇਹ ਬਿਆਨ ਕਰਦਾ ਹਾਂ ਕਿ ਮੇਰੀ ਪਤਨੀ ਕਮਲਜੀਤ ਕੌਰ ਅਤੇ ਲੜਕੇ ਨਰੇਸ਼ ਅਤੇ ਪਵਨ ਮੇਰੇ ਕਹਿਣੇ ਤੋਂ ਬਾਹਰ ਹਨ। ਮੈਂ ਇਨ੍ਹਾਂ ਨੂੰ ਬਹੁਤ ਸਮਝਾਇਆ, ਪਰ ਨਹੀਂ ਸਮਝੇ। ਮੈਂ ਆਪਣੀ ਪਤਨੀ ਕਮਲਜੀਤ ਕੌਰ ਅਤੇ ਲੜਕੇ ਨਰੇਸ਼ ਅਤੇ ਪਵਨ ਨੂੰ ਆਪਣੀ ਚੱਲ-ਅਚੱਲ ਜਾਇਦਾਦ ਵਿਚੋਂ ਬੇਦਖ਼ਲ ਕਰਦਾ ਹਾਂ। ਇਨ੍ਹਾਂ ਨਾਲ ਜੇ ਕੋਈ ਲੈਣ-ਦੇਣ ਕਰਦਾ ਹਾਂ ਤਾਂ ਉਹ ਖੁਦ ਜ਼ਿੰਮੇਵਾਰ ਹੋਵੇਗਾ।

ਮੈਂ ਪਰਮਜੀਤ ਕੌਰ ਪਤਨੀ ਅਵਤਾਰ ਸਿੰਘ ਵਾਸੀ 771, ਨਿਊ ਅਜ਼ਾਦ ਨਗਰ, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਜਗਜੀਤ ਸਿੰਘ ਮੇਰੇ ਅਤੇ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਕੁਲ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਮੈਂ ਅਤੇ ਮੇਰੇ ਪਰਵਾਰ ਇਸ ਦੇ ਕਿਸੇ ਲੈਣ-ਦੇਣ ਦੇ ਜ਼ਿੰਮੇਵਾਰ ਨਹੀਂ ਹੋਵਾਂਗੇ।

ਅਸੀਂ, ਮੰਗਲ ਸਿੰਘ ਪੁੱਤਰ ਸਰੂਪ ਸਿੰਘ ਅਤੇ ਮਨਪ੍ਰੀਤ ਕੌਰ ਪਤਨੀ ਮੰਗਲ ਸਿੰਘ, ਵਾਸੀ ਲਕਸੀਆਂ, ਮਲਸੀਆਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ - 144701 ਦੇ ਰਹਿਣ ਵਾਲੇ ਹਾਂ ਅਤੇ ਹੇਠ ਲਿਖੇ ਅਨੁਸਾਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਗੁਰਪ੍ਰੀਤ ਸਿੰਘ ਸਾਡੇ ਕਹਿਣੇਕਾਰ ਤੋਂ ਬਾਹਰ ਹੈ, ਅਪਣੀ ਮਨਮਰਜ਼ੀ ਕਰਦਾ ਹੈ। ਇਸ ਲਈ ਅਸੀਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ, ਜੋ ਇਸ ਨਾਲ ਲੈਣ-ਦੇਣ ਕਰੇਗਾ, ਉਹ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੇ ਪਰਵਾਰਕ ਮੈਂਬਰਾਂ ਦਾ ਇਸ ਦੇ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਚਮਨ ਲਾਲ ਪੁੱਤਰ ਲੇਟ ਖੁਸ਼ੀ ਰਾਮ ਵਾਸੀ 125/37, 27 ਫੁੱਟ ਰੋਡ, ਮਜੀਠਾ ਰੋਡ, ਵਾਈਟ ਇਨਕਲੇਵ ਅੰਮ੍ਰਿਤਸਰ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਸੁਨੀਲ ਕੁਮਾਰ (ਸ਼ਾਦੀਸ਼ੁਦਾ) ਜੋ ਮੇਰੇ ਪਰਵਾਰ ਦੇ ਕਹਿਣੇ ਤੋਂ ਬਾਹਰ ਹੈ। ਮੈਂ ਇਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰਾ ਅਤੇ ਮੇਰੇ ਪਰਵਾਰ ਦਾ ਇਸ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ, ਸੰਤੋਸ਼ ਕੁਮਾਰੀ ਪਤਨੀ ਲੇਟ ਰਾਮ ਨਾਥ, ਵਾਸੀ ਵਾਰਡ ਨੰ: 3, ਮੁਹੱਲਾ ਬਾਲਮੀਕ ਉੜਮੁੜ, ਤਹਿ. ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਜਤਿੰਦਰ ਕੁਮਾਰ ਅਤੇ ਉਸ ਦੀ ਪਤਨੀ ਸੋਨੀਆ ਰਾਣੀ ਮੇਰੇ ਕਹਿਣੇ ਤੋਂ ਬਾਹਰ ਹਨ, ਜਿਸ ਕਰਕੇ ਮੈਂ ਇਨ੍ਹਾਂ ਨੂੰ, ਇਨ੍ਹਾਂ ਦੇ ਪਰਵਾਰ ਸਮੇਤ ਆਪਣੀ ਸਾਰੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

## ਆਮ ਸੂਚਨਾ

ਸ਼੍ਰੀਮਤੀ ਕੁਲਵਿੰਦਰ ਕੌਰ ਪੁੱਤਰੀ ਸ੍ਰ ਪ੍ਰਿਥੀਪਾਲ ਸਿੰਘ ਵਾਸੀ ਝਬਲ, ਐਡਹਾਕ ਕਲਰਕ (ਮੁਅੱਤਲ) ਬਾਬਾ ਬੁੱਢਾ ਕਾਲਜ ਕਾਲਜੀਏਟ ਸੀ: ਸੈ: ਸਕੂਲ, ਬੀੜ ਸਾਹਿਬ, ਤਰਨ ਤਾਰਨ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ ਉਹ 15 ਦਿਨਾਂ ਦੇ ਅੰਦਰ ਅੰਦਰ ਪ੍ਰਿੰਸੀਪਲ ਦਫਤਰ ਵਿਖੇ ਸਵੇਰੇ 11.00 ਵਜੇ ਨਿੱਜੀ ਤੌਰ ਤੇ ਪੇਸ਼ ਹੋ ਕਿ ਆਪਣੇ ਵਿਰੁੱਧ ਚੱਲ ਰਹੀ ਜਾਂਚ ਵਿਚ ਆਪਣਾ ਪੱਖ ਪੇਸ਼ ਕਰਨ , ਨਹੀਂ ਤਾ ਇਕਤਰਫ਼ਾ ਕਰਵਾਈ ਅਧੀਨ ਉਹਨਾਂ ਦੀਆਂ ਸੇਵਾਵਾਂ ਖ਼ਤਮ ਕਰ ਦਿਤੀਆਂ ਜਾਣਗੀਆਂ। -ਪ੍ਰਿਸੀਪਲ

ਮੈਂ ਗਿਆਨ ਕੌਰ ਪਤਨੀ ਲੇਟ ਜੋਗਿੰਦਰ ਪਾਲ ਪਿੰਡ ਤੇ ਡਾਕਖਾਨਾ ਮੈਲੀ ਤਹਿਸੀਲ ਗੜ੍ਹਸ਼ੰਕਰ ਜਿਲਾ ਹੁਸ਼ਿਆਰਪੁਰ ਬਿਆਨ ਕਰਦੀ ਹਾਂ ਕਿ ਮੈਂ ਆਪਣੇ ਦੋਹਤੇ ਅਮਨਦੀਪ ਚੋਹਾਨ ਪੁੱਤਰ ਰਮਨ ਕੁਮਾਰ ਨੂੰ ਕਹਿਣੇ ਵਿਚ ਨਾ ਹੋਣ ਕਾਰਨ 11 ਮਾਰਚ 2025 ਨੂੰ ਨਵਾਂ ਜਮਾਨਾ ਅਖ਼ਬਾਰ ਰਾਂਹੀ ਬੇਦਖਲ ਕੀਤਾ ਸੀ। ਹੁਣ ਉਹ ਮੇਰੇ ਕਹਿਣੇ ਵਿਚ ਹੈ। ਇਸ ਕਰਕੇ ਮੈਂ ਬੇਦਖਲੀ ਵਾਪਿਸ ਲੈਂਦੀ ਹਾਂ। ਸਬੰਧਤ ਨੋਟ ਕਰਨ।

ਮੈਂ ਸਰਵਜੀਤ ਸਿੰਘ ਪੁੱਤਰ ਜੋਗਿੰਦਰ ਸਿੰਘ ਵਾਸੀ ਮਕਾਨ ਨੰ: 1299, ਅਰਬਨ ਅਸਟੇਟ, ਫੇਜ਼-2, ਬਲਾਕ-ਡੀ, ਗੜ੍ਹਾ, ਜਲੰਧਰ, ਪੰਜਾਬ, ਬਿਆਨ ਕਰਦਾ ਹਾਂ ਕਿ ਮੈਂ ਆਪਣੇ ਭਰਾ (ਚੈਨ ਸਿੰਘ ਪੁੱਤਰ ਸ. ਜੋਗਿੰਦਰ ਸਿੰਘ) ਨੂੰ ਆਪਣੇ ਘਰ ਵਿੱਚੋਂ ਹਿੱਸਾ ਮਿਤੀ 08.01.2024 ਨੂੰ ਦੇ ਚੁੱਕਾ ਹਾਂ। ਮੇਰਾ ਭਰਾ ਅੱਜ ਤੋਂ ਪਹਿਲਾਂ ਜਿਥੇ ਜਿਸ ਨਾਲ ਵੀ ਮਰਜੀ ਲੈਣ-ਦੇਣ ਕਰੇ ਜਾਂ ਕਰਦਾ ਸੀ ਉਸਦਾ ਖੁੱਦ ਜਿੰਮੇਦਾਰ ਹੋਵੇਗਾ ਤੇ ਉਸ ਵਿੱਚ ਮੇਰੀ ਕੋਈ ਜਿੰਮੇਦਾਰੀ ਨਹੀਂ ਹੈ।

ਅਸੀਂ, ਸੁਮਨ ਮਹਿਰਾ ਪਤਨੀ ਅਰੁਣ ਮਹਿਰਾ ਅਤੇ ਅਰੁਣ ਕੁਮਾਰ ਮਹਿਰਾ ਪੁੱਤਰ ਲੇਟ ਠਾਕੁਰ ਦਾਸ ਮਹਿਰਾ, ਦੋਵੇਂ ਵਾਸੀਆਨ ਮਕਾਨ ਨੰ: 10, ਪੈਰਾਡਾਈਸ ਗਰੀਨ, ਪਾਲਮ ਗਰੋਵ, ਸਾਹਮਣੇ ਆਈ ਵੀ ਵਾਈ ਹਸਪਤਾਲ, ਅਜਨਾਲਾ ਰੋਡ, ਹੇਅਰ, ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਅਸੀਂ ਆਪਣੇ ਲੜਕੇ ਮੁਨੀਸ਼ ਮਹਿਰਾ, ਨੂੰਹ ਹਰਵੀਨ ਮਹਿਰਾ ਅਤੇ ਪੋਤੀ ਮੇਹਰ ਮਹਿਰਾ ਨੂੰ 26.06.2026 ਨੂੰ ਕਹਿਣੇ ਤੋਂ ਬਾਹਰ ਹੋਣ ਕਰਕੇ ਬੇਦਖ਼ਲ ਕਰ ਦਿੱਤਾ ਸੀ। ਹੁਣ ਸਾਡਾ ਲੜਕਾ ਮੁਨੀਸ਼ ਮਹਿਰਾ ਸਾਡੇ ਕਹਿਣੇਕਾਰ ਹੈ ਅਤੇ ਸਾਨੂੰ ਵਿਸ਼ਵਾਸ ਦਵਾਇਆ ਕਿ ਮੈਂ ਹੁਣ ਮਾੜੀਆਂ ਹਰਕਤਾਂ ਨਹੀਂ ਕਰਾਂਗਾ। ਇਸ ਲਈ ਹੁਣ ਅਸੀਂ ਉਕਤ ਸਾਰਿਆਂ ਦੀ ਬੇਦਖ਼ਲੀ ਰੱਦ ਕਰਦੇ ਹਾਂ।

ਖਾਤਾ ਨੰਬਰ ਏ ਪੀ 25/527 ਜੋ ਕਿ ਪਿੰਡ ਕੁਲਰੀਆਂ ਵਿਖੇ ਗਮਦੂਰ ਸਿੰਘ ਪੁੱਤਰ ਬਖਸ਼ੀ ਸਿੰਘ ਵਾਸੀ ਕੋਟੜਾ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਨੂੰ ਗੁਰਪ੍ਰੀਤ ਕੌਰ ਪਤਨੀ ਚਮਕੌਰ ਸਿੰਘ ਵਾਸੀ ਮੂਸਾਖੇੜਾ ਆਪਣੇ ਨਾਂਅ ਕਰਵਾਉਣਾ ਚਾਹੁੰਦੀ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਖਾਤਾ ਨੰਬਰ ਏ ਪੀ 25/710 ਜੋ ਕਿ ਪਿੰਡ ਕੁਲਰੀਆਂ ਵਿਖੇ ਸੈਂਸੀ ਸਿੰਘ ਪੁੱਤਰ ਜਿਊਣ ਸਿੰਘ ਵਾਸੀ ਕੁਲਰੀਆਂ ਦੇ ਨਾਂਅ 'ਤੇ ਚੱਲਦਾ ਹੈ। ਇਸ ਕੁਨੈਕਸ਼ਨ ਨੂੰ ਗੋਬਿੰਦ ਸਿੰਘ ਪੁੱਤਰ ਜਸਵੀਰ ਸਿੰਘ ਵਾਸੀ ਕੁਲਰੀਆਂ ਆਪਣੇ ਨਾਂਅ ਕਰਵਾਉਣਾ ਚਾਹੁੰਦਾ ਹੈ। ਇਸ ਸੰਬੰਧੀ ਜੇਕਰ ਕਿਸੇ ਵਿਅਕਤੀ ਨੂੰ ਇਤਰਾਜ਼ ਹੋਵੇ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਪੀ ਐੱਸ ਪੀ ਸੀ ਐੱਲ ਦਫ਼ਤਰ ਬਰੇਟਾ ਵਿਖੇ ਸੰਪਰਕ ਕਰ ਸਕਦਾ ਹੈ।

ਸ੍ਰੀ ਪਿਆਰਾ ਸਿੰਘ ਪੁੱਤਰ ਸ੍ਰੀ ਕਾਬਲ ਸਿੰਘ ਵਾਸੀ ਪਿੰਡ ਭਗਵਾਨਪੁਰ, ਜ਼ਿਲ੍ਹਾ ਕਪੂਰਥਲਾ ਦੇ ਨਾਂਅ 'ਤੇ 6 ਬੀ ਐੱਚ ਪੀ ਅਤੇ 5 ਬੀ ਐੱਚ ਪੀ ਦੇ 2 ਨੰ: ਟਿਊਬਵੈੱਲ ਕੁਨੈਕਸ਼ਨ ਕ੍ਰਮਵਾਰ ਖਾਤਾ ਨੰ: ਏ ਪੀ 07/506 (3004513736) ਅਤੇ ਏ ਪੀ 07/993 (3004513765) ਪਿੰਡ ਭਗਵਾਨਪੁਰ ਵਿਚ ਚੱਲ ਰਹੇ ਹਨ, ਜੋ ਕਿ ਹੁਣ ਸ੍ਰੀਮਤੀ ਸੀਤਲ ਕੌਰ ਪਤਨੀ ਸ੍ਰੀ ਪਿਆਰਾ ਸਿੰਘ ਵਾਸੀ ਪਿੰਡ ਭਗਵਾਨਪੁਰ, ਜ਼ਿਲ੍ਹਾ ਕਪੂਰਥਲਾ ਆਪਣੇ ਨਾਂਅ 'ਤੇ ਤਬਦੀਲ ਕਰਵਾਉਣਾ ਚਾਹੁੰਦੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ 15 ਦਿਨਾਂ ਦੇ ਅੰਦਰ-ਅੰਦਰ ਉਪ ਮੰਡਲ ਅਫਸਰ ਪਾਵਰਕਾਮ ਭੁਲੱਥ ਨਾਲ ਸੰਪਰਕ ਕਰੇ।

ਟਿਊਬਵੈੱਲ ਕੁਨੈਕਸ਼ਨ ਖਾਤਾ ਨੰ: 30030556553, ਜੋ ਕਿ ਸ੍ਰੀ ਰਤਨ ਸਿੰਘ ਪੁੱਤਰ ਹਰਗੋਬਿੰਦ ਸਿੰਘ ਪਿੰਡ ਤੇ ਡਾਕ. ਭਟਰਾਣਾ, ਜ਼ਿਲ੍ਹਾ ਹੁਸ਼ਿਆਰਪੁਰ ਦੇ ਨਾਂਅ 'ਤੇ ਚੱਲ ਰਿਹਾ ਹੈ। ਹੁਣ ਇਹ ਕੁਨੈਕਸ਼ਨ ਗਗਨਦੀਪ ਕੌਰ ਪੁੱਤਰੀ ਸ੍ਰੀ ਬਲਬੀਰ ਸਿੰਘ ਪਿੰਡ ਜਿਆਣ, ਡਾਕ. ਬਸੀ ਕਲਾਂ ਹੁਸ਼ਿਆਰਪੁਰ ਆਪਣੇ ਨਾਂਅ ਕਰਵਾਉਣਾ ਚਾਹੁੰਦੀ ਹੈ। ਜੇਕਰ ਕਿਸੇ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ 30 ਦਿਨਾਂ ਦੇ ਅੰਦਰ-ਅੰਦਰ ਐੱਸ ਡੀ ਓ ਪਾਵਰਕਾਮ ਉਪ ਮੰਡਲ ਮਰਨਾਈਆ ਖੁਰਦ, ਜ਼ਿਲ੍ਹਾ ਹੁਸ਼ਿਆਰਪੁਰ ਨਾਲ ਸੰਪਰਕ ਕਰ ਸਕਦਾ ਹੈ।

## ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਕਾਂਝਲਾ ਵਿਖੇ ਚੇਅਰਮੈਨ ਢਿੱਲੋਂ ਨੇ ਸੁਣੀਆਂ ਲੋਕਾਂ ਦੀਆਂ ਸਮੱਸਿਆਵਾਂ




**ਧੂਰੀ, (ਬਿੰਨੀ ਗਰਗ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਪਿੰਡ ਕਾਂਝਲਾ ਵਿਖੇ ਕਰਵਾਏ ਗਏ 'ਲੋਕ ਮਿਲਣੀ' ਪ੍ਰੋਗਰਾਮ ਵਿੱਚ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਦੀਆਂ ਮੁਸ਼ਕਲਾਂ, ਸੁਝਾਵਾਂ ਤੇ ਵਿਕਾਸ ਨਾਲ ਸਬੰਧਤ ਮੰਗਾਂ ਬਾਰੇ ਜਾਣਕਾਰੀ ਹਾਸਲ ਕੀਤੀ।ਉਨ੍ਹਾਂ ਮੌਕੇ 'ਤੇ ਹੀ ਸਬੰਧਤ ਅਧਿਕਾਰੀਆਂ ਨੂੰ ਲੋੜੀਂਦੀ ਕਾਰਵਾਈ ਕਰਨ ਤੇ ਜਨਤਕ ਮਸਲਿਆਂ ਦੇ ਜਲਦੀ ਹੱਲ ਲਈ ਨਿਰਦੇਸ਼ ਦਿੱਤੇ।ਚੇਅਰਮੈਨ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦਾ ਉਦੇਸ਼ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਚੱਕਰ ਲਗਵਾਉਣ ਦੀ ਬਜਾਏ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਹੱਲ ਉਨ੍ਹਾਂ ਦੇ ਆਪਣੇ ਇਲਾਕੇ ਵਿੱਚ ਹੀ ਮੁਹੱਈਆ ਕਰਵਾਉਣਾ ਹੈ।ਉਨ੍ਹਾਂ ਕਿਹਾ ਕਿ ਪਿੰਡਾਂ ਦੇ ਵਿਕਾਸ ਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕੀਤਾ ਜਾ ਰਿਹਾ ਹੈ ਤੇ ਹਰ ਜਾਇਜ਼ ਮੰਗ ਨੂੰ ਸਰਕਾਰ ਵੱਲੋਂ ਗੰਭੀਰਤਾ ਨਾਲ ਵਿਚਾਰਿਆ ਜਾ ਰਿਹਾ ਹੈ।ਇਸ ਮੌਕੇ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰਜਿੰਦਰ ਸਿੰਘ ਕਾਂਝਲਾ, ਬਲਾਕ ਸੰਮਤੀ ਧੂਰੀ ਦੇ ਚੇਅਰਮੈਨ ਰਣਜੋਧ ਸਿੰਘ, ਬਸੰਤ ਕੁਮਾਰ, ਪਰਮਜੀਤ ਸਿੰਘ ਤੇ ਹੋਰ ਪਤਵੰਤੇ ਹਾਜ਼ਰ ਸਨ।

# ਲੋਕਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਹੱਲ ਕਰਨਾ ਸਾਡੀ ਪਹਿਲ : ਡਾ. ਅਰੋੜਾ



**ਮੋਗਾ, (ਇਕਬਾਲ ਸਿੰਘ ਖਹਿਰਾ)**-ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਆਪਣੇ ਦਫ਼ਤਰ ਵਿਖੇ ਇਲਾਕਾ ਵਾਸੀਆਂ ਨਾਲ ਮੁਲਾਕਾਤ ਕਰਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਦੌਰਾਨ ਉਨ੍ਹਾਂ ਵੱਖ-ਵੱਖ ਵਿਭਾਗਾਂ ਨਾਲ ਸਬੰਧਤ ਸ਼ਿਕਾਇਤਾਂ ਤੇ ਮੰਗਾਂ ਦੇ ਜਲਦ ਨਿਪਟਾਰੇ ਲਈ ਸੰਬੰਧਤ ਅਧਿਕਾਰੀਆਂ ਨੂੰ ਲੋੜੀਂਦੇ ਨਿਰਦੇਸ਼ ਦਿੱਤੇ।ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਆਮ ਲੋਕਾਂ ਦੀ ਸੇਵਾ ਕਰਨਾ ਤੇ ਉਨ੍ਹਾਂ ਦੀਆਂ ਸਮੱਸਿਆਵਾਂ ਦਾ ਸਮੇਂ ਸਿਰ ਨਿਪਟਾਰਾ ਕਰਵਾਉਣਾ ਸਾਡੀ ਸਭ ਤੋਂ ਵੱਡੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨੂੰ ਸਰਕਾਰੀ ਦਫ਼ਤਰਾਂ ਦੇ ਬੇਲੋੜੇ ਚੱਕਰ ਨਾ ਲਗਾਉਣੇ ਪੈਣ, ਇਸ ਲਈ ਪ੍ਰਸ਼ਾਸਨ ਨੂੰ ਹੋਰ ਜ਼ਿੰਮੇਵਾਰ ਤੇ ਜਵਾਬਦੇਹ ਬਣਾਇਆ ਜਾ ਰਿਹਾ ਹੈ।ਉਨ੍ਹਾਂ ਭਰੋਸਾ ਦਿੱਤਾ ਕਿ ਹਲਕੇ ਦੇ ਵਿਕਾਸ ਕਾਰਜਾਂ ਦੇ ਨਾਲ-ਨਾਲ ਲੋਕਾਂ ਦੀ ਹਰ ਜਾਇਜ਼ ਸਮੱਸਿਆ ਦਾ ਪਹਿਲ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ।ਇਸ ਦੇ ਨਾਲ ਹੀ ਉਨ੍ਹਾਂ ਅਧਿਕਾਰੀਆਂ ਨੂੰ ਪ੍ਰਾਪਤ ਸ਼ਿਕਾਇਤਾਂ 'ਤੇ ਤੁਰੰਤ ਕਾਰਵਾਈ ਕਰਕੇ ਲੋਕਾਂ ਨੂੰ ਰਾਹਤ ਦੇਣ ਦੇ ਨਿਰਦੇਸ਼ ਵੀ ਦਿੱਤੇ।

# ਦਲ ਖਾਲਸਾ ਵੱਲੋਂ ਸਤਲੁਜ 'ਤੇ ਪਾਬੰਦੀ ਲਗਾਉਣ ਦੀ ਨਿੰਦਾ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**-ਪੰਜਾਬ ਦੇ ਕਾਲੇ ਦੌਰ ਦੌਰਾਨ ਹੋਏ ਸਰਕਾਰੀ ਜ਼ੁਲਮਾਂ ਅਤੇ ਮਨੁੱਖੀ ਅਧਿਕਾਰਾਂ ਦੇ ਘਾਣ ਦੀ ਸੱਚਾਈ ਬਿਆਨ ਕਰਦੀ ਭਾਈ ਜਸਵੰਤ ਸਿੰਘ ਖਾਲੜਾ ਦੇ ਜੀਵਨ ਸੰਘਰਸ਼ 'ਤੇ ਆਧਾਰਿਤ ਫ਼ਿਲਮ 'ਸਤਲੁਜ' ਨੂੰ 'ਜੀ ਨੈੱਟਵਰਕ' ਤੋਂ ਸਨਮਾਨੇ ਢੰਗ ਨਾਲ ਹਟਾਏ ਜਾਣ ਅਤੇ ਇਸ 'ਤੇ ਪਾਬੰਦੀ ਲਗਾਉਣ ਦੀ ਦਲ ਖ਼ਾਲਸਾ ਨੇ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦਲ ਖ਼ਾਲਸਾ ਦੇ ਜ਼ਿਲ੍ਹਾ ਪ੍ਰਧਾਨ ਭਾਈ ਬਲਜਿੰਦਰ ਸਿੰਘ ਖਾਲਸਾ ਨੇ ਕਿਹਾ ਕਿ ਅਜਿਹੇ ਤਾਨਾਸ਼ਾਹੀ ਕਦਮ ਸੱਚਾਈ ਸਾਹਮਣੇ ਲਿਆਉਣ ਵਾਲੀਆਂ ਆਵਾਜ਼ਾਂ ਨੂੰ ਜਬਰਦਸਤੀ ਚੁੱਪ ਕਰਾਉਣ ਦੀ ਨਾਕਾਮ ਕੋਸ਼ਿਸ਼ ਹੈ। ਭਾਈ ਬਲਜਿੰਦਰ ਸਿੰਘ ਖਾਲਸਾ ਨੇ ਪੁਰਜ਼ੋਰ ਮੰਗ ਕੀਤੀ ਕਿ ਫ਼ਿਲਮ 'ਸਤਲੁਜ' ਤੋਂ ਤੁਰੰਤ ਪਾਬੰਦੀ ਹਟਾਈ ਜਾਵੇ।

# ਭਾਰਤ ਦੀ ਗੋਦਾਵਨ ਸਿੰਗਲ ਮਾਲਟ ਵਿਸਕੀ ਨੇ ਜਿੱਤੇ ਦੋ ਅੰਤਰਰਾਸ਼ਟਰੀ ਖਿਤਾਬ

**ਲੁਧਿਆਣਾ**-ਰਾਜਸਥਾਨ ਵਿੱਚ ਤਿਆਰ ਕੀਤੀ ਜਾਣ ਵਾਲੀ ਗੋਦਾਵਨ ਆਰਟੀਜ਼ਨਲ ਸਿੰਗਲ ਮਾਲਟ ਵਿਸਕੀ ਨੇ ਅਮਰੀਕਾ ਦੇ ਸ਼ਿਕਾਗੋ ਵਿੱਚ ਹੋਏ ਬਾਰਟੈਂਡਰ ਸਪਿਰਿਟਸ ਐਵਾਰਡਜ਼ 2026 ਵਿੱਚ ਦੋ ਵੱਡੇ ਅੰਤਰਰਾਸ਼ਟਰੀ ਸਨਮਾਨ ਆਪਣੇ ਨਾਂਅ ਕੀਤੇ ਹਨ। ਗੋਦਾਵਨ 02 ਫਰੂਟ ਐਂਡ ਸਪਾਈਸ ਨੂੰ 'ਸਪਿਰਿਟ ਆਫ ਦ ਯੀਅਰ - ਇੰਡੀਆ' ਅਤੇ 'ਇੰਡੀਅਨ ਸਿੰਗਲ ਮਾਲਟ ਵਿਸਕੀ ਆਫ ਦ ਯੀਅਰ' ਦਾ ਖਿਤਾਬ ਮਿਲਿਆ। ਇਸ ਨਾਲ ਬ੍ਰਾਂਡ ਦੇ ਅੰਤਰਰਾਸ਼ਟਰੀ ਐਵਾਰਡਾਂ ਦੀ ਗਿਣਤੀ 125 ਤੋਂ ਵੱਧ ਹੋ ਗਈ ਹੈ।ਇਸ ਮੁਕਾਬਲੇ ਵਿੱਚ ਗੋਦਾਵਨ 2 ਫਰੂਟ ਐਂਡ ਸਪਾਈਸ ਨੂੰ ਡਬਲ ਗੋਲਡ ਮੈਡਲ ਅਤੇ ਗੋਦਾਵਨ 1 ਰਿਚ ਐਂਡ ਰਾਊਂਡਡ ਨੂੰ ਗੋਲਡ ਮੈਡਲ ਵੀ ਦਿੱਤਾ ਗਿਆ। ਜੱਜਿੰਗ ਬਾਰਟੈਂਡਰਾਂ ਅਤੇ ਹੋਸਪਿਟੈਲਿਟੀ ਮਾਹਰਾਂ ਵੱਲੋਂ ਬਲਾਈਂਡ ਟੇਸਟਿੰਗ ਰਾਹੀਂ ਕੀਤੀ ਗਈ, ਜਿਸ ਵਿੱਚ ਸੁਗੰਧ, ਸੁਆਦ, ਗੁਣਵੱਤਾ ਅਤੇ ਸੰਤੁਲਨ ਨੂੰ ਪਰਖਿਆ ਗਿਆ।ਡਿਆਜੀਓ ਇੰਡੀਆ ਦੇ ਚੀਫ ਇਨੋਵੇਸ਼ਨ ਅਫਸਰ ਵਿਕਰਮ ਦਾਮੋਦਰਨ ਨੇ ਕਿਹਾ ਕਿ ਇਹ ਸਨਮਾਨ ਗੋਦਾਵਨ ਦੀ ਵਿਲੱਖਣ ਗੁਣਵੱਤਾ ਅਤੇ ਭਾਰਤੀ ਪਛਾਣ ਨੂੰ ਦਰਸਾਉਂਦਾ ਹੈ। 2022 ਵਿੱਚ ਲਾਂਚ ਹੋਣ ਤੋਂ ਬਾਅਦ ਇਹ ਬ੍ਰਾਂਡ ਕਈ ਅੰਤਰਰਾਸ਼ਟਰੀ ਐਵਾਰਡ ਹਾਸਲ ਕਰ ਚੁੱਕਾ ਹੈ।

## ਖੁੱਲੀ ਬੋਲੀ

ਦੀ ਮਾਖਾ ਚਹਿਲਾਂ ਬਹੁ-ਮੰਤਵੀ ਸਹਿਕਾਰੀ ਖੇਤੀਬਾੜੀ ਸੇਵਾ ਸਭਾ ਲਿਮ: ਵੱਲੋਂ ਖੇਤੀਬਾੜੀ ਸੰਦਾਂ ਦੀ ਖੁੱਲੀ ਬੋਲੀ ਮਿਤੀ 22-07-2026 ਨੂੰ ਸਵੇਰੇ 10:00 ਵਜੇ ਸਭਾ ਦੇ ਦਫਤਰ ਵਿਖੇ ਰੱਖੀ ਗਈ ਹੈ। ਬੋਲੀ ਸੰਬੰਧੀ ਸ਼ਰਤਾਂ ਮੌਕੇ ਤੇ ਦੱਸੀਆਂ ਜਾਣਗੀਆਂ। 1 ਰੋਟਾਵੇਟਰ , 1 ਹੈਪੀ ਸੀਡਰ, 1 ਪੈਡੀ ਚੋਪਰ ਅਤੇ ਫੁਟਕਲ ਫਰਨੀਚਰ ਆਦਿ।

ਪ੍ਰਧਾਨ ਮਨਜੀਤ ਸਿੰਘ 9872127112
ਗੁਰਚੇਤਨ ਸਿੰਘ ਕਮੇਟੀ ਮੈਂਬਰ , 9878559426

## CRIMINAL COURTS JALANDHAR

In the Court of
Sh. Pawanpreet Singh
Judicial Magistrate First Class Jalandhar
Next Date, Purpose of case, Orders and Judgments as well as other case information is available on http://ecourts.gov.in
Case No.:- CRM/29759/2025
RAVINDER KAUR VS MANDEEP SINGH
POLICE STATION/FIR NO. DIVISION 7//0
PBJL03-031557-2025
NEXT DATE: 11-08-2026
5, of Limitation Act
Proclamation Requiring The Appearance of A Person Accused
Detail of offence:-
Notice To:
Mandeep Singh
Son of Sh. Mohinder Singh Resident of H. No. 2199 Near State Bank Of India, Kumbra Sector 68, Sahibzada Ajit Singh Nagar (Mohali) Punjab Proprietor Of M/S The Providers Education Consultancy Service,

Whereas Complaint/Case Has Been Made Before Me That Mandeep Singh Son of Sh. Mohinder Singh Resident of H. No. 2199 Near State Bank of India, Kumbra Sector 68, Sahibzada Ajit Singh Nagar (Mohali) Punjab Proprietor of M/S The Providers Education Consultancy Service, has committed (or is suspected to have committed) the offence punishable under section 5, of Limitation Act and it has been returned to a warrant of arrest thereupon issued that the said MANDEEP SINGH cannot be found, and whereas it has been shown to my satisfaction that the said MANDEEP SINGH has absconded (or is concealing himself/herself to avoid the service of the said warrant); Proclamation is hereby made that the said MANDEEP SINGH is required to appear before this Court (or before me) on 11-08-2026 to answer the said complaint/case.

Judicial Magistrate First Class Jalandhar
Dated, this day of 09-07-2026.

## PUBLIC NOTICE

I, Mahesh Kumar Behal S/o Kishan Lal Behal R/o H. No. EK 345,Rasta Mahalla, Jalandhar declare that my son Ansh Behal and his wife Gagan alias Simran Behal are out of my control. So I disown them from my all moveable and immovable properties. Anybody deal with them at their own risk and responsibility. All concerned may note.

I, Radha Devi W/o Murari Thakur R/o H.No. 220, gali No. 2, Near Verka Milk Plant, Gurbachan Nagar, Jalandhar declare that my son Ajay Sinha and his wife Sanjana are out of my control. So I disown them from my all moveable and immovable properties. Anybody deal with them at their own risk and responsibility. All concerned may note.

## COURT NOTICE

(U/o 5 Rule 20 CPC)
In The Court of
Sh. Kunal Lamba
Civil Judge Junior Division - 6, Patiala
CNR No. PBPT02-001294-2025
Next Date:- 27-08-2026
The Patiala Primary Cooperative Agriculture Developement Bank Ltd. Through its Manager
Vs.
State Of Punjab Through Collector
Publication Issued To: Jaswinder Singh
Father :- Balkar Singh R/o Village Kuka, Teh. and Distt. Patiala

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 27-08-2026 at 10:00 a.m.

For details logon to https://highcourtchd.gov.in/?mod=district_notice&district=patiala

Civil Judge Junior Division-6, Patiala
Dated, this day of 09-07-2026

## AXIS BANK

**Retail Asset Centre:** AXIS Bank Ltd, 2nd Floor, Property # 7-E, Municipal 3903/1142/16, Malhar Road, Sarabha Nagar, Ludhiana -141001.
**Corporate Office:** 'Axis House', Block-B, Bombay Dyeing Mills Compound, Pandurang Budhkar Marg, Worli, Mumbai-400025.
**Registered Office:** 'Trishul', 3rd Floor, Oppsite Samartheswar Temple, Law Garden, Ellisbridge, Ahmedabad-380006.

**[ਰੂਲ-8(1)] ਕਬਜ਼ਾ ਨੋਟਿਸ (ਅਚੱਲ ਜਾਇਦਾਦ ਵਾਸਤੇ)**

ਜਦੋਂ ਕਿ ਨਿਮਨਹਸਤਾਖਰੀ ਨੇ ਐਕਸਿਸ ਬੈਂਕ ਲਿਮ. ਦਾ ਅਧਿਕਾਰਤ ਅਫਸਰ ਹੋਣ ਨਾਤੇ ਸਕਿਉਰਟਾਈਜੇਸ਼ਨ ਐਂਡ ਰੀਕੰਸਟਰੱਕਸ਼ਨ ਆਫ ਫਾਈਨੈਂਸ਼ੀਅਲ ਐੱਸਟਸ ਐਂਡ ਇਨਫੋਰਸਮੈਂਟ ਆਫ ਸਕਿਉਰਟੀ ਇੰਟਰੈੱਸਟ ਐਕਟ 2002 ਅਧੀਨ ਅਤੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਰੂਲ 3 ਨਾਲ ਪੜ੍ਹੇ ਜਾਂਦੇ ਸੈਕਸ਼ਨ 13 (12) ਤਹਿਤ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਕਰਜ਼ਦਾਰ 1. ਮੈਸ. ਸ਼ੀਲਾਵੰਤੀ ਟਰੇਡਰਜ਼ ਰਾਹੀਂ ਇਸ ਦੇ ਮਾਲਕ (2) ਸ੍ਰੀ ਅੰਕੁਸ਼ ਮਹਾਜਨ (3) ਸ੍ਰੀਮਤੀ ਸਵੀ ਮਹਾਜਨ ਨੂੰ ਨੋਟਿਸ ਦੇ ਪ੍ਰਾਪਤ ਹੋਣ ਦੀ ਮਿਤੀ ਤੋਂ 60 ਦਿਨਾਂ ਦੇ ਅੰਦਰ-ਅੰਦਰ 18,15,062/-(ਅਠਾਰਾਂ ਲੱਖ ਪੰਦਰਾਂ ਹਜ਼ਾਰ ਬਾਹਠ ਰੁਪਏ ਕੇਵਲ) ਅਦਾਇਗੀ ਕਰਨ ਲਈ 05.02.2025 ਨੂੰ ਡਿਮਾਂਡ ਨੋਟਿਸ ਜਾਰੀ ਕੀਤਾ ਸੀ।
ਕਰਜ਼ਦਾਰ ਰਕਮ ਦੀ ਅਦਾਇਗੀ ਕਰਨ 'ਚ ਨਾਕਾਮ ਰਹੇ ਹਨ। ਕਰਜ਼ਦਾਰ/ਗਰੰਟਰ ਅਤੇ ਆਮ ਜਨਤਾ ਨੂੰ ਨੋਟਿਸ ਜਾਰੀ ਕੀਤਾ ਜਾਂਦਾ ਹੈ ਕਿ ਨਿਮਨਹਸਤਾਖਰੀ ਨੇ ਸਕਿਉਰਟੀ ਇੰਟਰੈੱਸਟ (ਇਨਫੋਰਸਮੈਂਟ) ਰੂਲਜ਼ 2002 ਦੇ ਨਿਯਮ 8 ਨਾਲ ਪੜ੍ਹੇ ਜਾਂਦੇ ਐਕਟ ਦੇ ਸੈਕਸ਼ਨ 13(4) ਅਧੀਨ ਪ੍ਰਾਪਤ ਸ਼ਕਤੀਆਂ ਦੀ ਵਰਤੋਂ ਕਰਦਿਆਂ ਹੇਠਾਂ ਦਰਸਾਈ ਜਾਇਦਾਦ ਦਾ 09 ਜੁਲਾਈ 2026 ਨੂੰ ਕਬਜ਼ਾ ਲੈ ਲਿਆ ਹੈ।
ਕਰਜ਼ਦਾਰ/ਗਰੰਟਰ ਨੂੰ ਖਾਸ ਤੌਰ 'ਤੇ ਅਤੇ ਆਮ ਜਨਤਾ ਨੂੰ ਖਬਰਦਾਰ ਕੀਤਾ ਹੈ ਕਿ ਉਹ ਜਾਇਦਾਦ ਬਾਰੇ ਕਿਸੇ ਤਰ੍ਹਾਂ ਦਾ ਲੈਣ-ਦੇਣ ਨਾ ਕਰਨ ਅਤੇ ਜਾਇਦਾਦ ਸੰਬੰਧੀ ਕਿਸੇ ਤਰ੍ਹਾਂ ਦਾ ਲੈਣ ਦੇਣ ਐਕਸਿਸ ਬੈਂਕ ਲਿਮਟਿਡ ਨੂੰ ਰਕਮ ਰੁਪਏ 18,15,062/- ਅਤੇ ਇਸ ਰਕਮ 'ਤੇ ਵਿਆਜ ਦੇਣਦਾਰੀ ਦਾ ਵਿਸ਼ਾ ਹੋਵੇਗਾ।
ਕਰਜ਼ਦਾਰਾਂ ਦਾ ਧਿਆਨ ਸਕਿਉਰਡ ਐੱਸਟ ਦੇ ਪੁਨਰਗ੍ਰਹਿਣ ਲਈ ਉਪਲੱਬਧ ਸਮੇਂ ਦੇ ਸੰਬੰਧ 'ਚ ਐਕਟ ਦੇ ਸੈਕਸ਼ਨ 13 ਦੇ ਸਬ-ਸੈਕਸ਼ਨ (8) ਦੀਆਂ ਵਿਵਸਥਾਵਾਂ ਪ੍ਰਤੀ ਦਿਵਾਇਆ ਜਾਂਦਾ ਹੈ।

**ਅਚੱਲ ਜਾਇਦਾਦ ਦਾ ਵੇਰਵਾ**

ਬੈਨਾਮਾ ਨੰ: 2020-21/146/1/1363 ਮਿਤੀ 31.08.2020 ਅਨੁਸਾਰ ਸ੍ਰੀਮਤੀ ਸਵੀ ਮਹਾਜਨ ਦੇ ਨਾਂਅ ਰਜਿਸਟਰਡ ਜਾਇਦਾਦ ਪਲਾਟ ਸਮੇਤ ਇਸ 'ਤੇ ਨਿਰਮਤ ਇਮਾਰਤ ਅਤੇ ਢਾਂਚਾ ਰਕਬਾ 4 ਮਰਲਾ (5.5 ਫੁੱਟ ਕਰਮ) ਦਿਸ਼ਾਵਾਂ ਪੂਰਬ 30 ਫੁੱਟ, ਪੱਛਮ 27 ਫੁੱਟ, ਉੱਤਰ 51 ਫੁੱਟ, ਦੱਖਣ 35 ਫੁੱਟ, ਖਸਰਾ ਨੰ: 104//4/3, 5/2, 6,7,14,15,16/1, 17/1, 105//10, 11,20 ਹੱਦਬਸਤ ਨੰ: 211, ਖੇਵਟ ਨੰ: 347, ਜਮ੍ਹਾਂਬੰਦੀ ਸਾਲ 2018-2019, ਰਕਬਾ ਬਟਾਲਾ ਵਿਖੇ ਸਥਿਤ, ਤਹਿਸੀਲ ਬਟਾਲਾ, ਜ਼ਿਲ੍ਹਾ ਗੁਰਦਾਸਪੁਰ ਨਾਲ ਸੰਬੰਧਤ ਸਭ ਕੁਝ। ਹੱਦਾਂ : ਪੂਰਬ : ਸੜਕ 30 ਫੁੱਟ ਚੌੜੀ, ਪੱਛਮ : ਖਾਲੀ ਪਲਾਟ, ਉੱਤਰ : ਹੋਰ, ਦੱਖਣ : ਖਾਲੀ ਪਲਾਟ।

ਮਿਤੀ : 09.07 2026
ਸਥਾਨ : ਬਟਾਲਾ
ਸਹੀ/- (ਅਧਿਕਾਰਤ ਅਫਸਰ)
ਐਕਸਿਸ ਬੈਂਕ ਲਿਮਟਿਡ

## ਉੱਤਰ ਰੇਲਵੇ

**ਨਿਵਿਦਾ ਸੂਚਨਾ**

ਸੀਨੀ. ਮੰਡਲ ਬਿਜਲੀ ਇੰਜੀਨੀਅਰ/ ਇਲੈਕਟ੍ਰਿਕ ਲੋਕੋ ਸ਼ੈਡ, ਉਤਰ ਰੇਲਵੇ, ਲੁਧਿਆਣਾ ਦੇ ਲਈ ਅਤੇ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ **ਈ-ਨਿਵਿਦਾਵਾਂ ਨੰ. 2026-27-04** ਦੀ ਮੰਗ ਕੀਤੀ ਜਾਂਦੀ ਹੈ। ਨਿਵਿਦਾਕਰਤਾ ਆਪਣੇ ਮੂਲ/ਸੰਸ਼ੋਧਿਤ ਨਿਵਿਦਾ ਮਿਤੀ **05.08.2026 ਨੂੰ 15:00 ਵਜੇ** ਤਕ ਪੇਸ਼ ਕਰ ਸਕਦੇ ਹਨ। ਇਨਾਂ ਨਿਵਿਦਾਵਾਂ ਦੇ ਲਈ ਮੈਨੂੰਅਲ ਪ੍ਰਸਤਾਵ ਮਾਨਯ ਨਹੀਂ ਹੈ ਅਤੇ ਐਸੇ ਕਿਸੇ ਵੀ ਮੈਨੂੰਅਲ ਪ੍ਰਾਪਤ ਪ੍ਰਸਤਾਵ ਨੂੰ ਸਵੀਕਾਰ ਨਹੀਂ ਕੀਤਾ ਜਾਵੇਗਾ। ਨਿਵਿਦਾਕਰਤਾ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦੇ ਭੁਗਤਾਨ ਕਰਨ ਦੇ ਲਈ ਕੇਵਲ ਆਈ.ਆਰ.ਈ.ਪੀ.ਐਸ. ਪੋਰਟਲ ਤੇ ਉਪਲਬਧ ਆਨਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਕਿੰਗ, ਡੇਬਿਟ ਕਾਰਡ ਤੇ ਕਰੈਡਿਟ ਕਾਰਡ ਨਾਲ ਭੁਗਤਾਨ ਕਰ ਸਕਦੇ ਹਨ। ਮੈਨੂੰਅਲ ਭੁਗਤਾਨ ਜਿਵੇਂ ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਜਮ੍ਹਾ ਰਸੀਦਾਂ ਤੇ ਐਫ.ਡੀ.ਆਰ. ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜ਼ਾਜਤ ਨਹੀਂ ਹੈ।

| ਟੈਂਡਰ ਸੰਖਿਆ | ਕੰਮਾਂ ਦਾ ਵੇਰਵਾ | ਅੰਦਾਜਨ ਲਾਗਤ (ਰੁ.) | ਟੈਂਡਰ ਦੀ ਕੀਮਤ (ਰੁ.) | ਨਿਵਿਦਾ ਸਮਾਪਤੀ ਮਿਤੀ ਤੇ ਸਮਾਂ | ਬਿਆਨਾ ਰਾਸ਼ੀ (ਰੁ.) | ਕੰਮ ਦੀ ਅਵਧੀ | ਟੈਂਡਰ ਖੁਲਣ ਦੀ ਮਿਤੀ ਅਤੇ ਸਮਾਂ | ਵੈਬਸਾਈਟ |
|---|---|---|---|---|---|---|---|---|
| 2026-27-04 | ਦੋ ਸਾਲ ਦੇ ਲਈ SMI No. RDSO/2025/EL/ SMI/0337/REV 0 (ਮਿਤੀ 09.06.2025) ਵਿਚ ਦਿਤੇ ਗਏ ਰਖਰਖਾਅ ਨਿਰਦੇਸ਼ਾਂ ਦੇ ਅਨੁਸਾਰ ਬਿਨਾ ਪਾਣੀ ਵਾਲੇ ਯੂਰਿਨਲਸ ਦੀ ਸਫਾਈ ਅਤੇ ਰਖਰਖਾਅ | 44,38,331/- | 0 | 05.08.2026 15:00 ਵਜੇ ਤਕ | 88,800/- | 24 ਮਹੀਨੇ | 05.08.2026 15:00 ਵਜੇ ਦੇ ਬਾਅਦ | www.ireps.gov.in |

ਨੰ.: Tender Notice No. 230-Elect/TRS/LDH/WC/Waterless Urinals/2026-27/04 ਤਾਰੀਕ : 11.07.2026 2399/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

## Bandhan Bank

ਬੰਧਨ ਬੈਂਕ ਲਿਮਟਿਡ
ਸੀਆਈਐਨ: L67190WB2014PLC204622
ਪੰਜੀਕ੍ਰਿਤ ਦਫਤਰ:
ਡੀਐਨ 32, ਸੈਕਟਰ-V, ਸਾਲਟ ਲੇਕ ਸਿਟੀ, ਕੋਲਕਾਤਾ-700091

ਇਸ ਲਈ ਜਨਤਕ ਸੂਚਨਾ - ਸੋਨੇ ਦੇ ਜੇਵਰਾਂ ਅਤੇ ਸਿੱਕਿਆਂ ਦੇ ਤੌਰ ਤੇ ਗਿਰਵੀ ਰੱਖੀ ਸੰਪੱਤੀ ਦੀ ਨਿਲਾਮੀ

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਸ਼ਾਖਾ ਦਾ ਪਤਾ |
|---|---|---|---|
| 1 | ਚੰਡੀਗੜ੍ਹ | ਚੰਡੀਗੜ੍ਹ | ਐਸਸੀਓ - 149-150, ਸੈਕਟਰ - 9 ਸੀ, ਮਧਯ ਮਾਰਗ, ਚੰਡੀਗੜ੍ਹ, ਪੰਜਾਬ, ਪਿਨ- 160009 |

ਇਹ ਜਨਤਕ ਸੂਚਨਾ ਦਿੱਤੀ ਜਾਂਦੀ ਹੈ ਕਿ ਸੋਨੇ ਦੇ ਜੇਵਰਾਂ (ਇਸ ਤੋਂ ਬਾਅਦ ਸੰਪਤੀਆਂ ਵਜੋਂ ਜਾਣੇ ਜਾਂਦੇ ਹਨ) ਦੀ ਨਿਲਾਮੀ ਮੌਜੂਦਾ ਹਲਾਤ ਪੈਦਾ ਹੋਣ ਦੇ ਅਧਾਰ ਤੇ ਕੀਤੀ ਜਾਣੀ ਹੈ। ਸੋਨੇ ਦੇ ਜੇਵਰਾਂ/ਸਿੱਕਿਆਂ ਨੂੰ ਹੇਠਾਂ ਦਿੱਤੇ ਉਧਾਰਕਰਤਾ/ਵਾਂ ਦੁਆਰਾ ਬੈਂਕ ਕੋਲ ਗਿਰਵੀ ਰੱਖਿਆ ਗਿਆ ਹੈ ਜੋ ਉਕਤ ਸੋਨੇ ਦੀਆਂ ਚੀਜ਼ਾਂ ਦੇ ਗਿਰਵੀਨਾਮੇ ਦੇ ਖਿਲਾਫ ਪ੍ਰਾਪਤ ਕੀਤੀ ਗਈ ਕਰਜ਼ਾ ਸਹੂਲਤ ਦੇ ਸਬੰਧ ਵਿੱਚ ਹਨ।

| ਲ. ਸੰ. | ਰਾਜ | ਸ਼ਾਖਾ ਦਾ ਨਾਮ | ਗਾਹਕ ਦਾ ਨਾਮ | ਖਾਤਾ ਨੰਬਰ | ਮੂਲ ਵਜ਼ਨ |
|---|---|---|---|---|---|
| 1 | ਚੰਡੀਗੜ੍ਹ | ਚੰਡੀਗੜ੍ਹ | ਸਾਕਸ਼ੀ ਸਹੋਤਾ | 90001555076312 | 288.80 |

ਐਨ.ਬੀ: ਹੋਰ ਨਿਯਮਾਂ ਅਤੇ ਸ਼ਰਤਾਂ ਲਈ, ਕਿਰਪਾ ਕਰਕੇ ਅਧਿਕਾਰਤ ਬੈਂਕ ਦੇ ਅਧਿਕਾਰੀਆਂ ਨਾਲ ਸੰਪਰਕ ਕਰੋ।
ਨਿਲਾਮੀ ਦੀ ਮਿਤੀ: ਪ੍ਰਕਾਸ਼ਨ ਦੀ ਮਿਤੀ ਤੋਂ 31ਵੇਂ ਦਿਨ।

## 'ਮਿਸ਼ਨ ਆਰੰਭ' ਰਾਹੀਂ 1.6 ਲੱਖ ਤੋਂ ਵੱਧ ਮਾਪਿਆਂ ਨੂੰ ਜੋੜ ਕੇ ਮੁੱਢਲੀ ਸਿੱਖਿਆ ਨੂੰ ਕਰ ਰਿਹਾ ਮਜ਼ਬੂਤ : ਡਾ. ਬਲਜੀਤ ਕੌਰ

**ਚੰਡੀਗੜ੍ਹ, (ਗੁਰਜੀਤ ਬਿੱਲਾ)**-ਹਰੇਕ ਬੱਚੇ ਨੂੰ ਜੀਵਨ ਦੀ ਸਭ ਤੋਂ ਵਧੀਆ ਸੰਭਵ ਸ਼ੁਰੂਆਤ ਦੇਣ ਲਈ ਪੰਜਾਬ ਸਰਕਾਰ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ, ਸਮਾਜਿਕ ਸੁਰੱਖਿਆ, ਇਸਤਰੀ ਤੇ ਬਾਲ ਵਿਕਾਸ ਮੰਤਰੀ ਡਾ. ਬਲਜੀਤ ਕੌਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ 'ਮਿਸ਼ਨ ਆਰੰਭ' ਡਿਜੀਟਲ ਪਲੇਟਫਾਰਮਾਂ ਰਾਹੀਂ ਮਾਪਿਆਂ ਅਤੇ ਆਂਗਣਵਾੜੀ ਵਰਕਰਾਂ ਨੂੰ ਇੱਕ ਦੂਜੇ ਦੇ ਨੇੜੇ ਲਿਆ ਕੇ ਮੁਢਲੀ ਬਾਲ ਅਵਸਥਾ ਦੀ ਸਿੱਖਿਆ ਵਿੱਚ ਵੱਡੀ ਤਬਦੀਲੀ ਲਿਆ ਰਿਹਾ ਹੈ। ਕੈਬਨਿਟ ਮੰਤਰੀ ਨੇ ਦੱਸਿਆ ਕਿ 'ਪ੍ਰਥਮ' ਅਤੇ 'ਰੌਕੇਟ ਲਰਨਿੰਗ' ਦੇ ਸਹਿਯੋਗ ਨਾਲ ਚਲਾਇਆ ਜਾ ਰਿਹਾ 'ਮਿਸ਼ਨ ਆਰੰਭ' ਪੰਜਾਬ ਭਰ ਵਿੱਚ ਵਟਸਐਪ-ਆਧਾਰਿਤ 'ਘਰ ਬੈਠੇ ਸਿੱਖਣ' ਦੇ ਪ੍ਰੋਗਰਾਮ ਰਾਹੀਂ 1.6 ਲੱਖ ਤੋਂ ਵੱਧ ਮਾਪਿਆਂ ਤੱਕ ਪਹੁੰਚ ਚੁੱਕਾ ਹੈ। ਪਰਵਾਰਾਂ ਨੂੰ ਸਿੱਧੇ ਤੌਰ 'ਤੇ ਸਰਲ, ਦਿਲਚਸਪ ਅਤੇ ਉਮਰ ਦੇ ਅਨੁਕੂਲ ਸਿੱਖਣ ਦੀਆਂ ਗਤੀਵਿਧੀਆਂ ਪ੍ਰਦਾਨ ਕਰਕੇ, ਇਹ ਪਹਿਲਕਦਮੀ ਮਾਪਿਆਂ ਨੂੰ ਘਰ ਵਿੱਚ ਹੀ ਆਪਣੇ ਬੱਚਿਆਂ ਦੀ ਸਿੱਖਿਆ ਅਤੇ ਵਿਕਾਸ ਵਿੱਚ ਸਰਗਰਮੀ ਨਾਲ ਸਹਿਯੋਗ ਕਰਨ ਦੇ ਯੋਗ ਬਣਾ ਰਹੀ ਹੈ।

## ਨਰੇਗਾ ਕਰਮਚਾਰੀਆਂ ਦੀ ਕਲਮ ਛੋੜ ਹੜਤਾਲ ਲਗਾਤਾਰ 43ਵੇਂ ਦਿਨ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**

ਨਰੇਗਾ ਕਰਮਚਾਰੀਆਂ ਦੀ ਕਲਮ ਛੋੜ ਹੜਤਾਲ ਅੱਜ ਲਗਾਤਾਰ 43 ਵੇਂ ਦਿਨ ਪਹੁੰਚ ਗਈ।ਪੰਜਾਬ ਸਰਕਾਰ ਆਪਣੇ ਵਾਅਦੇ ਤੋਂ ਮੁੱਕਰਨ ਦੇ ਰੋਸ ਵਜੋਂ ਅਤੇ ਧਮਕੀ ਭਰੇ ਪੱਤਰ ਜਾਰੀ ਕਰਨ ਦੇ ਨਰੇਗਾ ਕਰਮਚਾਰੀਆਂ ਨੇ ਅੱਜ ਸਥਾਨਕ ਪੰਚਾਇਤ ਦਫ਼ਤਰ ਮੂਹਰੇ ਰੋਸ ਮੁਜਾਹਰਾ ਕਰਕੇ ਕਾਪੀਆਂ ਸਾੜੀਆਂ। ਇਸ ਮੌਕੇ ਬਲਾਕ ਸ੍ਰੀ ਅਨੰਦਪੁਰ ਸਾਹਿਬ ਦੇ ਪ੍ਰਧਾਨ ਮਨਜੀਤ ਸਿੰਘ ਨੇ ਦੱਸਿਆ ਕਿ ਨਰੇਗਾ ਮੁਲਾਜ਼ਮ ਲਗਾਤਾਰ 17-18 ਸਾਲਾਂ ਤੋਂ ਨਰੇਗਾ ਅਧੀਨ ਸੇਵਾਵਾਂ ਦੇ ਰਹੇ ਹਨ। ਕਰਮਚਾਰੀਆਂ ਨੂੰ ਪਿਛਲੇ ਛੇ ਮਹੀਨੇ ਤੋਂ ਤਨਖਾਹ ਨਹੀਂ ਮਿਲੀ।ਪੰਜਾਬ ਸਰਕਾਰ ਨੇ ਸਾਡੇ ਨਾਲ ਵਾਅਦਾ ਕੀਤਾ ਸੀ ਕਿ ਸਾਨੂੰ ਪਹਿਲ ਦੇ ਅਧਾਰ 'ਤੇ ਪੰਚਾਇਤੀ ਵਿਭਾਗ ਵਿੱਚ ਮਰਜ ਕੀਤਾ ਜਾਵੇਗਾ, ਪ੍ਰੰਤੂ ਵਿਭਾਗ ਨਾਲ ਕਈ ਮੀਟਿੰਗਾਂ ਹੋਣ ਤੋਂ ਬਾਅਦ ਵੀ ਕੋਈ ਪੱਤਰ ਜਾਰੀ ਨਹੀਂ ਹੋਇਆ। ਵਿਭਾਗ ਦੀ ਜੇ ਡੀ ਸੀ ਵੱਲੋਂ ਕੋਈ ਵੀ ਫਾਈਲ ਤਿਆਰ ਨਹੀਂ ਕੀਤੀ ਗਈ। ਉਲਟਾ ਸਾਨੂੰ ਨੌਕਰੀ ਤੋਂ ਕੱਢਣ ਦੀਆਂ ਧਮਕੀਆਂ ਮਿਲ ਰਹੀਆਂ ਹਨ। ਪੰਚਾਇਤ ਮੰਤਰੀ ਤਰਨਪ੍ਰੀਤ ਸਿੰਘ ਦੀਆਂ ਮੀਟਿੰਗਾਂ ਵਿੱਚ ਕੀਤੇ ਵਾਅਦੇ ਵੀ ਵਫਾ ਨਹੀਂ ਹੋਏ। ਇਸ ਕਰਕੇ 15 ਜੁਲਾਈ ਨੂੰ ਸਮੂਹ ਕਰਮਚਾਰੀਆਂ ਵੱਲੋਂ ਖੰਨਾ ਵਿਖੇ ਇੱਕ ਵੱਡਾ ਇਕੱਠ ਕਰਕੇ ਮੰਤਰੀ ਦੀ ਕੋਠੀ ਦਾ ਘਿਰਾਓ ਕੀਤਾ ਜਾਵੇਗਾ। ਜਿਸ ਵਿੱਚ ਨਰੇਗਾ ਵਰਕਰ, ਮੇਟ, ਸਰਪੰਚ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਨਗੇ। ਪ੍ਰਧਾਨ ਨੇ ਚਿਤਾਵਨੀ ਦਿੰਦੇ ਕਿਹਾ ਕਿ ਜੇਕਰ ਸਾਡੀਆਂ ਮੰਗਾਂ ਦਾ ਭਗਵੰਤ ਮਾਨ ਸਰਕਾਰ ਨੇ ਕੋਈ ਹੱਲ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਉਨ੍ਹਾਂ ਮੰਗ ਕੀਤੀ ਕਿ ਨਰੇਗਾ ਕਰਮਚਾਰੀਆਂ ਨੂੰ ਪੰਚਾਇਤੀ ਵਿਭਾਗ ਵਿੱਚ ਮਰਜ ਕੀਤਾ ਜਾਵੇ ਅਤੇ ਪਿਛਲੀਆਂ ਰੁਕੀਆਂ ਤਨਖਾਹਾਂ ਜਾਰੀ ਕੀਤੀਆਂ ਜਾਣ। ਇਸ ਮੌਕੇ ਕੁੱਲ ਹਿੰਦ ਕਿਸਾਨ ਸਭਾ ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਵੀ ਸਮਰਥਨ ਦਿੰਦੇ ਹੋਏ ਪੰਜਾਬ ਸਰਕਾਰ ਖਿਲਾਫ ਰੋਸ ਜ਼ਾਹਰ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਠੇਕੇਦਾਰੀ ਸਿਸਟਮ ਨੂੰ ਖਤਮ ਕਰਨ ਅਤੇ ਕੱਚੇ ਵਰਕਰਾਂ ਨੂੰ ਪੱਕਾ ਕਰਨ ਕਰਕੇ ਸੱਤਾ ਵਿੱਚ ਆਈ ਸੀ। ਪਰ ਅੱਜ ਵੀ ਕਰਮਚਾਰੀਆਂ ਨੂੰ ਲਗਾਤਾਰ ਸੰਘਰਸ਼ ਕਰਨਾ ਪੈ ਰਿਹਾ ਹੈ ।ਉਨ੍ਹਾਂ ਮੰਗ ਕੀਤੀ ਕਿ ਪੰਜਾਬ ਸਰਕਾਰ ਨਰੇਗਾ ਕਰਮਚਾਰੀਆਂ ਦੀਆਂ ਮੰਗਾਂ ਨੂੰ ਫੌਰੀ ਤੌਰ 'ਤੇ ਮੰਨੇ ਅਤੇ ਇਨ੍ਹਾਂ ਨੂੰ ਪੰਚਾਇਤੀ ਵਿਭਾਗ ਵਿੱਚ ਮਰਜ ਕਰੇ।ਇਸ ਮੌਕੇ ਜੇਈ ਪ੍ਰਿੰਸ ਕੁਮਾਰ, ਦੀਪਕ ਕੁਮਾਰ, ਆਰ ਐਸ, ਸੋਨੀ ਕੁਮਾਰ, ਕਮਲਦੀਪ ਸਿੰਘ, ਨਰਿੰਦਰ ਸੋਢੀ, ਭੁਪਿੰਦਰ ਸਿੰਘ, ਮੈਡਮ ਅਨੂ, ਇੰਦੂ ਵਾਲਾ, ਸ਼ੁਭਮ ਸੈਣੀ, ਸੁਖਜਿੰਦਰ ਸਿੰਘ, ਸੰਜੀਵਨ ਸਿੰਘ, ਰਾਜਵੰਤ ਕੌਰ ਅਤੇ ਮਜ਼ਦੂਰ ਆਗੂ ਬਰਜਿੰਦਰ ਸਿੰਘ ਡੋਡ ਵੀ ਹਾਜ਼ਰ ਸਨ।



## ਆਰ ਬੀ ਯੂ ਦੀ ਵਿਦਿਆਰਥਣ ਨੇ ਜਿੱਤੇ ਦੋ ਵੱਕਾਰੀ ਖਿਤਾਬ



**ਚੰਡੀਗੜ੍ਹ (ਗੁਰਜੀਤ ਬਿੱਲਾ)**-ਰਿਆਤ ਬਾਹਰਾ ਯੂਨੀਵਰਸਿਟੀ ਨੇ ਇੱਕ ਹੋਰ ਉਪਲਬਧੀ ਆਪਣੇ ਨਾਂਅ ਦਰਜ ਕਰਦਿਆਂ ਯੂਨੀਵਰਸਿਟੀ ਸਕੂਲ ਆਫ ਫਿਜ਼ਿਓਥੈਰੇਪੀ ਐਂਡ ਰੇਡੀਓਲੌਜੀ (ਯੂ ਐੱਸ ਪੀ ਆਰ) ਦੀ ਬੈਚਲਰ ਆਫ ਫਿਜ਼ਿਓਥੈਰੇਪੀ (ਬੀ ਪੀ ਟੀ) ਦੇ ਚੌਥੇ ਸਾਲ (ਸੱਤਵੇਂ ਸਮੈਸਟਰ) ਦੀ ਵਿਦਿਆਰਥਣ ਅਰਚੀਸ਼ਾ ਠਾਕੁਰ ਨੇ ਮਿਸ ਨਾਰਦਰਨ ਇੰਡੀਆ 2026 ਮੁਕਾਬਲੇ ਵਿੱਚ ਫਰਸਟ ਰਨਰ-ਅੱਪ ਦਾ ਖਿਤਾਬ ਆਪਣੇ ਨਾਂਅ ਕਰਕੇ ਯੂਨੀਵਰਸਿਟੀ ਦਾ ਮਾਣ ਵਧਾਇਆ ਹੈ। ਇਸ ਦੇ ਨਾਲ ਹੀ ਉਸ ਨੂੰ ਉਸ ਦੇ ਬੇਮਿਸਾਲ ਆਤਮਵਿਸ਼ਵਾਸ, ਪ੍ਰਭਾਵਸ਼ਾਲੀ ਸਟੇਜ ਪ੍ਰਜ਼ੈਂਸ ਅਤੇ ਸ਼ਾਨਦਾਰ ਪ੍ਰਦਰਸ਼ਨ ਲਈ ਵੱਕਾਰੀ 'ਮਿਸ ਟੈਲੇਂਟਡ' ਦੇ ਖਿਤਾਬ ਨਾਲ ਵੀ ਸਨਮਾਨਤ ਕੀਤਾ ਗਿਆ। ਯੂਨੀਵਰਸਿਟੀ ਨੇ ਅਰਚੀਸ਼ਾ ਦੀ ਇਸ ਸ਼ਾਨਦਾਰ ਸਫਲਤਾ ਦਾ ਸਿਹਰਾ ਆਪਣੀ ਉਸ ਵਚਨਬੱਧਤਾ ਨੂੰ ਦਿੱਤਾ, ਜਿਸ ਤਹਿਤ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਅਕਾਦਮਿਕ ਉੱਤਮਤਾ ਦੇ ਨਾਲ-ਨਾਲ ਲੀਡਰਸ਼ਿਪ, ਰਚਨਾਤਮਕਤਾ ਅਤੇ ਸਹਿ-ਪਾਠਕ੍ਰਮ ਗਤੀਵਿਧੀਆਂ ਨੂੰ ਵੀ ਬਰਾਬਰ ਮਹੱਤਵ ਦਿੱਤਾ ਜਾਂਦਾ ਹੈ। ਚਾਂਸਲਰ ਗੁਰਵਿੰਦਰ ਸਿੰਘ ਬਾਹਰਾ, ਵਾਈਸ ਚਾਂਸਲਰ ਪ੍ਰੋ. (ਡਾ.) ਸੰਜੇ ਕੁਮਾਰ ਅਤੇ ਪ੍ਰੋ-ਵਾਈਸ ਚਾਂਸਲਰ ਪ੍ਰੋ. (ਡਾ.) ਸਤੀਸ਼ ਕੁਮਾਰ ਦੀ ਦੂਰਅੰਦੇਸ਼ ਅਗਵਾਈ ਹੇਠ ਰਿਆਤ ਬਾਹਰਾ ਯੂਨੀਵਰਸਿਟੀ ਵਿਦਿਆਰਥੀਆਂ ਨੂੰ ਕਲਾਸਰੂਮ ਤੋਂ ਪਰੇ ਵੀ ਆਪਣੀ ਪ੍ਰਤਿਭਾ ਨਿਖਾਰਨ ਅਤੇ ਹਰ ਖੇਤਰ ਵਿੱਚ ਉੱਤਮਤਾ ਹਾਸਲ ਕਰਨ ਲਈ ਭਰਪੂਰ ਮੌਕੇ ਪ੍ਰਦਾਨ ਕਰ ਰਹੀ ਹੈ।

## ਵਿਸ਼ਵ ਪੰਜਾਬੀ ਕਾਨਫਰੰਸ 'ਚ ਸ਼ਮੂਲੀਅਤ ਲਈ ਇੰਜ. ਜਸਪਾਲ ਸਿੰਘ ਕੈਨੇਡਾ ਰਵਾਨਾ



**ਚੰਡੀਗੜ੍ਹ (ਸੁਰਜੀਤ ਸੁਮਨ)**

ਕੈਨੇਡਾ ਦੇ ਸ਼ਹਿਰ ਬਰੈਂਪਟਨ ਵਿਖੇ ਹੋ ਰਹੀ ਚੌਥੀ ਵਿਸ਼ਵ ਪੰਜਾਬੀ ਕਾਨਫਰੰਸ ਵਿੱਚ ਸ਼ਮੂਲੀਅਤ ਲਈ ਵਿਸ਼ਵ ਪੰਜਾਬੀ ਸਾਹਿਤਕ ਵਿਚਾਰ ਮੰਚ ਦੇ ਪ੍ਰਧਾਨ ਇੰਜ. ਜਸਪਾਲ ਸਿੰਘ ਦੇਸੂਵੀ ਹੋਏ ਰਵਾਨਾ ਹੋ ਗਏ ਹਨ। ਇਸ ਮੌਕੇ ਕਵੀ ਮੰਚ ਮੁਹਾਲੀ ਦੇ ਪ੍ਰਧਾਨ ਭਗਤ ਰਾਮ ਰੰਗਾੜਾ, ਸਾਹਿਤ ਕਲਾ ਸਭਿਆਚਾਰ ਮੰਚ ਰਜਿ. ਮੁਹਾਲੀ ਦੇ ਪ ?ਧਾਨ ਬਾਬੂ ਰਾਮ ਦੀਵਾਨਾ ਅਤੇ ਪ੍ਰਗਤੀਸ਼ੀਲ ਲੇਖਕ ਸੰਘ ਦੇ ਮੀਤ ਪ੍ਰਧਾਨ ਅਤੇ ਸੁਰ ਸਾਂਝ ਕਲਾ ਮੰਚ ਦੇ ਪ੍ਰਧਾਨ ਸੁਰਜੀਤ ਸੁਮਨ ਨੇ ਉਨ੍ਹਾਂ ਨੂੰ ਸ਼ੁਭ ਕਾਮਨਾਵਾਂ ਪੇਸ਼ ਕਰਦਿਆਂ ਵਿਦਾਇਗੀ ਦਿੱਤੀ। ਮੰਚ ਦੇ ਜਨਰਲ ਸਕੱਤਰ ਭਗਤ ਰਾਮ ਰੰਗਾੜਾ ਨੇ ਕਿਹਾ ਕਿ ਦੇਸੂਵੀ ਦੀ ਅਗਵਾਈ ਵਿੱਚ ਮੰਚ ਵੱਲੋਂ ਪ੍ਰਭਾਵ ਦੀਆਂ ਸਾਹਿਤ ਸਭਾਵਾਂ ਦੇ ਸਹਿਯੋਗ ਨਾਲ ਸਫਲ ਸਨਮਾਨ ਸਮਾਗਮ ਕੀਤੇ ਗਏ ਹਨ। ਇਸ ਮੌਕੇ ਸ਼ਾਇਰ ਬਾਬੂ ਰਾਮ ਦੀਵਾਨਾ ਨੇ ਤਰੰਨੁਮ ਵਿੱਚ ਆਪਣੀ ਰਚਨਾ 'ਜਾ ਵੇ ਸੱਜਣਾ ਜਾ ਤੈਨੂੰ ਰੱਬ ਦੀਆਂ ਰੱਖਾਂ' ਗਾ ਕੇ ਮਾਹੌਲ ਭਾਵੁਕ ਕਰ ਦਿੱਤਾ। ਇਸ ਮੌਕੇ ਦੇਸੂਵੀ ਨੇ ਕਿਹਾ ਕਿ ਉਹ ਮੰਚ ਵੱਲੋਂ ਦਸੰਬਰ ਵਿੱਚ ਦਰਵਾਏ ਜਾ ਰਹੇ ਸਾਲਾਨਾ ਸਮਾਗਮ ਲਈ ਮੁੜ ਪਰਤਣਗੇ।

## ਪੰਜਾਬ ਕਾਂਗਰਸ ਦੇ ਕਾਟੋ-ਕਲੇਸ਼ ਨੂੰ ਸਖ਼ਤੀ ਨਾਲ ਨਜਿੱਠੇ ਹਾਈਕਮਾਂਡ : ਖੋਸਲਾ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**




ਪੰਜਾਬ ਕਾਂਗਰਸ ਜ਼ਿਲ੍ਹਾ ਕਪੂਰਥਲਾ ਦੇ ਜਨਰਲ ਸਕੱਤਰ ਤੁਲਸੀ ਰਾਮ ਖੋਸਲਾ ਨੇ ਰਾਸ਼ਟਰੀ ਪ੍ਰਧਾਨ ਮਲਿਕਾਰਜੁਨ ਖੜਗੇ ਅਤੇ ਸਾਬਕਾ ਪ੍ਰਧਾਨ ਰਾਹੁਲ ਗਾਂਧੀ ਤੋਂ ਮੰਗ ਕੀਤੀ ਹੈ ਕਿ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਦੇਖਦੇ ਹੋਏ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਦੇ ਕਾਟੋ ਕਲੇਸ਼ ਨੂੰ ਸਖਤੀ ਨਾਲ ਖਤਮ ਕੀਤਾ ਜਾਵੇ। ਉਨ੍ਹਾਂ ਕਿਹਾ ਕਿ ਨਿੱਜੀ ਹਿਤ ਪਾਰਟੀ ਦੇ ਹਿਤ ਤੋਂ ਕਦੇ ਵੀ ਉੱਪਰ ਨਹੀਂ ਹੋ ਸਕਦੇ, ਇਸ ਲਈ ਹਾਈਕਮਾਂਡ ਨੂੰ ਅਪੀਲ ਹੈ ਕਿ ਪੰਜਾਬ ਕਾਂਗਰਸ ਦੇ ਸੀਨੀਅਰ ਆਗੂਆਂ ਨੂੰ ਅਨੁਸ਼ਾਸਨ ਦਾ ਪਾਠ ਪੜ੍ਹਾਇਆ ਜਾਵੇ। ਜੋ ਅਨਸਰ ਹਾਈਕਮਾਂਡ ਦੇ ਆਦੇਸ਼ ਨਹੀਂ ਮੰਨਦੇ ਉਨ੍ਹਾਂ ਨੂੰ ਸਮਾਂ ਰਹਿੰਦੇ ਬਾਹਰ ਦਾ ਰਸਤਾ ਦਿਖਾਇਆ ਜਾਵੇ ਕਿਉਂਕਿ 2022 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਇਸੇ ਤਰ੍ਹਾਂ ਦੀ ਸਥਿਤੀ ਦਾ ਫਾਇਦਾ ਆਮ ਆਦਮੀ ਪਾਰਟੀ ਨੇ ਚੁੱਕਿਆ ਸੀ। ਖੋਸਲਾ ਨੇ ਕੇਂਦਰੀ ਲੀਡਰਸ਼ਿਪ ਵੱਲੋਂ ਥਾਪੇ ਗਏ ਪੰਜਾਬ ਇੰਚਾਰਜਾਂ 'ਤੇ ਵੀ ਵਰ੍ਹਦਿਆਂ ਕਿਹਾ ਕਿ ਜੇਕਰ ਉਨ੍ਹਾਂ ਨੇ ਸਮਾਂ ਰਹਿੰਦੇ ਪਾਰਟੀ ਦੇ ਅੰਦਰੂਨੀ ਹਾਲਾਤ ਬਾਰੇ ਰਾਸ਼ਟਰੀ ਪ੍ਰਧਾਨ ਖੜਗੇ ਅਤੇ ਰਾਹੁਲ ਗਾਂਧੀ ਨੂੰ ਜਾਣੂ ਕਰਵਾਇਆ ਹੁੰਦਾ ਤਾਂ ਅੱਜ ਇਹ ਸਥਿਤੀ ਪੈਦਾ ਹੀ ਨਹੀਂ ਹੋਣੀ ਸੀ। ਉਨ੍ਹਾਂ ਕਿਹਾ ਕਿ ਖੁਦਮੁਖਤਾਰ ਚੌਧਰੀਆਂ ਦੀ ਵਜ੍ਹਾ ਨਾਲ ਪਾਰਟੀ ਦੇ ਵਰਕਰਾਂ ਅਤੇ ਸਮਰਥਕਾਂ ਦਾ ਮਨੋਬਲ ਕਮਜ਼ੋਰ ਹੋ ਰਿਹਾ ਹੈ। ਸੂਬੇ ਦੇ ਕਰੀਬ 20% ਵੋਟਰ ਜੋ ਕਿਸੇ ਵੀ ਪਾਰਟੀ ਨੂੰ ਸੱਤਾ ਵਿੱਚ ਲਿਆਉਣ ਜਾਂ ਸੱਤਾ ਤੋਂ ਲਾਂਭੇ ਕਰਨ ਦੀ ਤਾਕਤ ਰੱਖਦੇ ਹਨ, ਉਹ ਇਸ ਸਮੇਂ ਕਾਂਗਰਸ ਪਾਰਟੀ ਦੇ ਅੰਦਰੂਨੀ ਕਲੇਸ਼ ਤੋਂ ਨਿਰਾਸ਼ ਹੋ ਰਹੇ ਹਨ। ਕਿਉਂਕਿ ਉਹਨਾਂ ਨੇ ਮਨ ਬਣਾਇਆ ਹੋਇਆ ਹੈ ਕਿ ਕਾਂਗਰਸ ਪਾਰਟੀ ਨੂੰ ਮੁੜ ਸੱਤਾ ਵਿੱਚ ਲਿਆਉਣਾ ਹੈ, ਪਰ ਜੇਕਰ ਸੀਨੀਅਰ ਪਾਰਟੀ ਆਗੂਆਂ ਦੀ ਗੁੱਟਬੰਦੀ ਨੂੰ ਸਮਾਂ ਰਹਿੰਦੇ ਖਤਮ ਨਾ ਕੀਤਾ ਗਿਆ ਤਾਂ ਪਾਰਟੀ ਨੂੰ ਇਸ ਦਾ ਭਾਰੀ ਖਾਮਿਆਜ਼ਾ ਭੁਗਤਣਾ ਪਵੇਗਾ। ਵਿਰੋਧੀ ਧਿਰਾਂ ਕਾਂਗਰਸ ਨੂੰ ਬਦਨਾਮ ਕਰਨ ਦਾ ਕੋਈ ਮੌਕਾ ਹੱਥੋਂ ਨਹੀਂ ਜਾਣ ਦੇਣਗੀਆਂ ਅਤੇ ਵੋਟਰਾਂ ਵਿੱਚ ਵੀ ਗਲਤ ਸੰਦੇਸ਼ ਜਾਵੇਗਾ।

## ਹੈਰੋਇਨ ਤੇ ਨਸ਼ੀਲੀਆਂ ਗੋਲੀਆਂ ਸਮੇਤ ਦੋ ਕਾਬੂ

**ਅਲਾਵਲਪੁਰ (ਮਦਨ ਬੰਗੜ)**- ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਅਲਾਵਲਪੁਰ ਪੁਲਸ ਨੇ ਦੋ ਵਿਅਕਤੀਆਂ ਨੂੰ ਕਾਬੂ ਕਰਕੇ ਉਨ੍ਹਾਂ ਦੇ ਕਬਜ਼ੇ ਵਿਚੋਂ 27 ਗ੍ਰਾਮ ਹੈਰੋਇਨ ਅਤੇ 25 ਨਸ਼ੀਲੀਆਂ ਗੋਲੀਆਂ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ। ਅਲਾਵਲਪੁਰ ਪੁਲਸ ਚੌਕੀ ਇੰਚਾਰਜ ਐਸ.ਆਈ. ਰਵਿੰਦਰ ਸਿੰਘ ਨੇ ਦੱਸਿਆ ਕਿ ਗਸ਼ਤ ਅਤੇ ਸ਼ੱਕੀ ਵਿਅਕਤੀਆਂ ਦੀ ਚੈਕਿੰਗ ਦੌਰਾਨ ਠੱਠੀ ਮੁਹੱਲਾ ਅਲਾਵਲਪੁਰ ਤੋਂ ਅੱਗੇ ਚੌਂਕ ਵਿੱਚ ਮੁਰਾਦਪੁਰ ਵਾਲੇ ਪਾਸੇ ਤੋਂ ਪੈਦਲ ਆ ਰਹੇ ਹਨੀ ਥਾਪਰ ਉਰਫ਼ ਹਨੀ ਪੁੱਤਰ ਅਸ਼ਵਨੀ ਕੁਮਾਰ ਵਾਸੀ ਮੁਹੱਲਾ ਵਾਲਮੀਕ, ਅਲਾਵਲਪੁਰ ਅਤੇ ਗੋਪੀ ਪੁੱਤਰ ਦੇਵ ਸਿੰਘ ਵਾਸੀ ਡਾ. ਅੰਬੇਡਕਰ ਕਲੋਨੀ, ਨਿਊ ਪਾਵਰ ਹਾਊਸ, ਲੁਧਿਆਣਾ ਨੇ ਪੁਲਸ ਪਾਰਟੀ ਨੂੰ ਦੇਖ ਕੇ ਭੱਜਣ ਦੀ ਕੋਸ਼ਿਸ਼ ਕੀਤੀ। ਪੁਲਸ ਨੇ ਦੋਵਾਂ ਨੂੰ ਕਾਬੂ ਕਰ ਲਿਆ।ਉਨ੍ਹਾਂ ਦੱਸਿਆ ਕਿ ਤਲਾਸ਼ੀ ਦੌਰਾਨ ਹਨੀ ਥਾਪਰ ਵੱਲੋਂ ਸੁੱਟੇ ਗਏ ਮੋਮੀ ਲਿਫਾਫੇ ਵਿੱਚੋਂ 27 ਗ੍ਰਾਮ ਹੈਰੋਇਨ ਬਰਾਮਦ ਹੋਈ, ਜਦਕਿ ਗੋਪੀ ਵੱਲੋਂ ਸੁੱਟੇ ਗਏ ਲਿਫਾਫੇ ਵਿੱਚੋਂ 25 ਨਸ਼ੀਲੀਆਂ ਗੋਲੀਆਂ ਮਿਲੀਆਂ।ਅਲਾਵਲਪੁਰ ਪੁਲਸ ਨੇ ਦੋਵਾਂ ਮੁਲਜ਼ਮਾਂ ਖ਼ਿਲਾਫ਼ ਐਨ.ਡੀ.ਪੀ.ਐਸ. ਐਕਟ ਤਹਿਤ ਮਾਮਲਾ ਦਰਜ ਕਰਕੇ ਅਗਲੇਰੀ ਕਾਨੂੰਨੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

## ਸਿਕੰਦਰਪੁਰ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਤਹਿਤ ਸ਼ਰਧਾਲੂਆਂ ਦਾ ਜੱਥਾ ਰਵਾਨਾ




**ਅਲਾਵਲਪੁਰ (ਮਦਨ ਬੰਗੜ)**

ਪੰਜਾਬ ਸਰਕਾਰ ਦੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਸਿਕੰਦਰਪੁਰ ਤੋਂ ਸ਼ਰਧਾਲੂਆਂ ਦਾ ਇੱਕ ਜੱਥਾ ਸ੍ਰੀ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਅਤੇ ਹੋਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਇਆ। ਇਹ ਯਾਤਰਾ ਪਿੰਡ ਦੇ ਪੰਚ ਚਰਨਜੀਤ ਸਿੰਘ ਸਿਕੰਦਰਪੁਰ ਦੀ ਦੇਖ-ਰੇਖ ਹੇਠ ਰਵਾਨਾ ਹੋਈ। ਰਵਾਨਗੀ ਮੌਕੇ ਸ਼ਰਧਾਲੂਆਂ ਨੂੰ ਫੁੱਲਾਂ ਦੇ ਹਾਰ ਪਾ ਕੇ ਨਿੱਘੀਆਂ ਸ਼ੁਭਕਾਮਨਾਵਾਂ ਨਾਲ ਵਿਦਾ ਕੀਤਾ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਮਹਿਲਾਵਾਂ, ਬਜ਼ੁਰਗਾਂ ਅਤੇ ਨੌਜਵਾਨਾਂ ਨੇ ਹਾਜ਼ਰੀ ਭਰੀ। ਪੰਚ ਸ.ਚਰਨਜੀਤ ਸਿੰਘ ਸਿਕੰਦਰਪੁਰ ਨੇ ਦੱਸਿਆ ਕਿ ਇਹ ਯਾਤਰਾ ਸ੍ਰੀ ਕੀਰਤਪੁਰ ਸਾਹਿਬ, ਸ੍ਰੀ ਅਨੰਦਪੁਰ ਸਾਹਿਬ, ਮਾਤਾ ਨੈਣਾ ਦੇਵੀ ਸਮੇਤ ਹੋਰ ਪ੍ਰਮੁੱਖ ਧਾਰਮਿਕ ਅਸਥਾਨਾਂ ਤੋਂ ਹੋ ਕੇ ਪਹੁੰਚੇਗੀ । ਇਸ ਮੌਕੇ ਸ. ਚਰਨਜੀਤ ਸਿੰਘ ਪੰਜ ਸਿਕੰਦਰਪੁਰ ਨੇ ਹਲਕਾ ਆਦਮਪੁਰ ਦੇ ਇੰਚਾਰਜ ਪਵਨ ਕੁਮਾਰ ਟੀਨੂ ਦਾ ਵੀ ਵਿਸ਼ੇਸ਼ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਪਵਨ ਕੁਮਾਰ ਟੀਨੂ ਵੱਲੋਂ ਹਲਕੇ ਵਿੱਚ ਵਿਕਾਸ ਕਾਰਜਾਂ ਨੂੰ ਪਹਿਲ ਦੇ ਆਧਾਰ 'ਤੇ ਕਰਵਾਇਆ ਜਾ ਰਿਹਾ ਹੈ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਵੱਡਾ ਲਾਭ ਮਿਲ ਰਿਹਾ ਹੈ। ਇਸ ਮੌਕੇ ਸਰਬਜੀਤ ਪੰਚ, ਦਲਜੀਤ ਸਿੰਘ ਅਤੇ ਗੁਰਬਖ਼ਸ਼ ਕੌਰ ਪੰਚ ਸਮੇਤ ਹੋਰ ਪਤਵੰਤੇ ਅਤੇ ਪਿੰਡ ਵਾਸੀ ਵੀ ਹਾਜ਼ਰ ਸਨ।

## ਗੁਰਦੁਆਰਾ ਸ਼ਹੀਦ ਬਾਬਾ ਮਤੀ ਜੀ ਵਿਖੇ ਸੰਗਰਾਂਦ ਦਾ ਦਿਹਾੜਾ 16 ਨੂੰ ਮਨਾਇਆ ਜਾਵੇਗਾ

**ਆਦਮਪੁਰ, (ਪਰਮਜੀਤ ਸਿੰਘ)**- ਗੁਰਦੁਆਰਾ ਧੰਨ-ਧੰਨ ਸ਼ਹੀਦ ਬਾਬਾ ਮਤੀ ਜੀ ਡਰੋਲੀ ਕਲਾਂ ਵਿਖੇ ਸਾਉਣ ਮਹੀਨੇ ਦੀ ਸੰਗਰਾਂਦ ਦਾ ਪਵਿੱਤਰ ਦਿਹਾੜਾ 16 ਜੁਲਾਈ ਸਵੇਰੇ 8 ਵਜੇ ਤੋਂ 1:30 ਵਜੇ ਤੱਕ ਸਮੂਹ ਨਗਰ ਨਿਵਾਸੀ ਤੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਮਨੋਹਰ ਸਿੰਘ ਦੇ ਸਹਿਯੋਗ ਨਾਲ ਬਹੁਤ ਹੀ ਸ਼ਰਧਾ ਪੂਰਵਕ ਮਨਾਇਆ ਜਾ ਰਿਹਾ ਹੈ। ਇਸ ਮੌਕੇ ਭਾਈ ਜਸਵਿੰਦਰ ਸਿੰਘ ਚਾਰਕ ਧਰਮ ਪ੍ਰਚਾਰ ਕਮੇਟੀ ਸ੍ਰੀ ਅੰਮ੍ਰਿਤਸਰ, ਹਜ਼ੂਰੀ ਰਾਗੀ ਭਾਈ ਗੁਰਜੀਤ ਸਿੰਘ ਗੁਰਦੁਆਰਾ ਸ਼ਹੀਦ ਬਾਬਾ ਮਤੀ ਸਾਹਿਬ ਜੀ, ਹਜ਼ੂਰੀ ਰਾਗੀ ਭਾਈ ਦਮਨਪ੍ਰੀਤ ਸਿੰਘ ਪਟਿਆਲਾ ਵਾਲੇ ਤੇ ਢਾਡੀ ਜਥਾ ਗਿਆਨੀ ਮਨਜੀਤ ਸਿੰਘ ਅਜ਼ਾਦ ਸੰਗਤ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕਰਨਗੇ। ਸਟੇਜ ਸਕੱਤਰ ਦੀ ਸੇਵਾ ਮਾਸਟਰ ਸੁਰਜੀਤ ਸਿੰਘ ਵੱਲੋਂ ਨਿਭਾਈ ਜਾਵੇਗੀ। ਗੁਰੂ ਕਾ ਅਤੁੱਟ ਲੰਗਰ ਵੀ ਵਰਤਾਇਆ ਜਾਵੇਗਾ।

## ਐੱਸ ਆਈ ਆਰ ਦੋ ਦਿਨਾ ਵਿਸ਼ੇਸ਼ ਕੈਂਪ ਸਮਾਪਤ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**



ਭਾਰਤ ਚੋਣ ਕਮਿਸ਼ਨ ਅਤੇ ਮੁੱਖ ਚੋਣ ਅਧਿਕਾਰੀ ਪੰਜਾਬ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਸਪੈਸ਼ਲ ਇੰਟੈਂਸਿਵ ਰਵੀਜ਼ਨ (ਐਸ.ਆਈ.ਆਰ.) ਤਹਿਤ ਜ਼ਿਲ੍ਹੇ ਭਰ ਦੇ ਸਾਰੇ ਬੂਥਾਂ 'ਤੇ ਲਗਾਏ ਗਏ ਦੋ ਦਿਨਾ ਵਿਸ਼ੇਸ਼ ਕੈਂਪਾਂ ਵਿੱਚ ਵੱਡੀ ਗਿਣਤੀ ਨਾਗਰਿਕਾਂ ਨੇ ਆਪਣੇ ਗਣਨਾ (ਇਨਿਊਮੀਰੇਸ਼ਨ) ਫਾਰਮ ਭਰ ਕੇ ਜਮ੍ਹਾਂ ਕਰਵਾਏ। ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਇਸ ਦੋ ਦਿਨਾ ਕੈਂਪ ਦੌਰਾਨ ਬੀ.ਐਲ.ਓਜ਼. ਵੱਲੋਂ ਸਵੇਰੇ 8 ਤੋਂ ਦੁਪਹਿਰ 3 ਵਜੇ ਤੱਕ ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਮੌਜੂਦ ਰਹਿ ਕੇ ਗਣਨਾ ਫਾਰਮ ਭਰਨ ਅਤੇ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਵਿੱਚ ਵੋਟਰਾਂ ਨੂੰ ਪੂਰਾ ਸਹਿਯੋਗ ਦਿੱਤਾ ਗਿਆ।ਜ਼ਿਲ੍ਹਾ ਚੋਣ ਅਫ਼ਸਰ ਨੇ ਵੋਟਰਾਂ ਦੇ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਦੌਰਾਨ ਪ੍ਰਾਪਤ ਗਣਨਾ ਫਾਰਮਾਂ ਦੀ ਡਿਜ਼ੀਟਾਈਜ਼ੇਸ਼ਨ ਵੀ ਨਾਲੋ-ਨਾਲ ਯਕੀਨੀ ਬਣਾਈ ਗਈ। ਉਨ੍ਹਾਂ ਕਿਹਾ ਕਿ ਬੀ.ਐਲ.ਓਜ਼ ਵੱਲੋਂ ਘਰ-ਘਰ ਗਣਨਾ ਜਾ ਕੇ ਫਾਰਮ ਭਰਨ ਦਾ ਕਾਰਜ 24 ਜੁਲਾਈ ਤੱਕ ਜਾਰੀ ਰਹੇਗਾ। ਉਨ੍ਹਾਂ ਅਪੀਲ ਕਰਦਿਆਂ ਕਿਹਾ ਕਿ ਜੇਕਰ ਕੋਈ ਯੋਗ ਵੋਟਰ ਕਿਸੇ ਕਾਰਨ ਅਜੇ ਤੱਕ ਆਪਣੇ ਗਣਨਾ ਫਾਰਮ ਨਹੀਂ ਭਰ ਸਕੇ ਤਾਂ ਉਹ ਬਿਨਾਂ ਕਿਸੇ ਦੇਰੀ ਤੋਂ ਆਪਣੇ ਸੰਬੰਧਤ ਬੀ.ਐਲ.ਓ. ਨਾਲ ਸੰਪਰਕ ਕਰਕੇ ਫਾਰਮ ਭਰਨ ਅਤੇ ਜਮ੍ਹਾਂ ਕਰਨ ਦੀ ਪ੍ਰਕਿਰਿਆ ਮੁਕੰਮਲ ਕਰਨ ।ਵਾਲੀਆ ਨੇ ਦੱਸਿਆ ਕਿ ਐੱਸ.ਆਈ.ਆਰ.-2026 ਸਬੰਧੀ ਕਿਸੇ ਵੀ ਜਾਣਕਾਰੀ ਜਾਂ ਸਹਾਇਤਾ ਲਈ ਟੋਲ-ਫ੍ਰੀ ਨੰਬਰ 1950 'ਤੇ ਕਾਲ ਕਰਕੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।

## ਭਾਈ ਮਨੀ ਸਿੰਘ ਦਾ ਸ਼ਹੀਦੀ ਦਿਹਾੜਾ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**-ਧੰਨ ਧੰਨ ਅਮਰ ਸ਼ਹੀਦ ਜੱਥੇਦਾਰ ਬਾਬਾ ਹਨੂੰਮਾਨ ਸਿੰਘ ਜੀ ਦੇ ਸ਼ਹੀਦੀ ਅਸਥਾਨ ਗੁਰਦੁਆਰਾ ਸਿੰਘ ਸ਼ਹੀਦਾਂ ਵਿਖੇ ਸ੍ਰੀ ਹਰਿਮੰਦਿਰ ਸਾਹਿਬ ਜੀ ਦੇ ਮੁੱਖ ਗ੍ਰੰਥੀ ਭਾਈ ਮਨੀ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਗਿਆ । ਇਸ ਦਿਹਾੜੇ ਦੇ ਸਬੰਧ ਵਿੱਚ ਸਵੇਰੇ 9 ਵਜੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ, ਇਸ ਉਪਰੰਤ ਸਾਰਾ ਦਿਨ ਧਾਰਮਿਕ ਸਮਾਗਮ ਦਾ ਆਯੋਜਨ ਕੀਤਾ ਗਿਆ।ਇਸ ਧਾਰਮਿਕ ਸਮਾਗਮ ਵਿੱਚ ਭਾਈ ਤਰਸੇਮ ਸਿੰਘ ਇੰਟਰਨੈਸ਼ਨਲ ਢਾਡੀ ਜੱਥੇ ਨੇ ਭਾਈ ਮਨੀ ਸਿੰਘ ਦੁਆਰਾ ਧਰਮ ਦੀ ਖਾਤਰ ਬੰਦ ਬੰਦ ਕਟਵਾ ਕੇ ਪ੍ਰਾਪਤ ਕੀਤੀ ਅਦੁੱਤੀ ਅਤੇ ਲਾਸਾਨੀ ਸ਼ਹਾਦਤ ਦਾ ਪੂਰਾ ਪ੍ਰਸੰਗ ਸੰਗਤਾਂ ਨੂੰ ਵਿਸਥਾਰ ਵਿੱਚ ਸੁਣਾਇਆ ।ਭਾਈ ਗੁਰਵਿੰਦਰ ਸਿੰਘ ਗੁਰਦੁਆਰਾ ਦੁੱਖ ਨਿਵਾਰਨ ਸਾਹਿਬ ਲੁਧਿਆਣੇ ਵਾਲਿਆਂ ਦੇ ਰਾਗੀ ਜੱਥੇ ਨੇ ਆਪਣੇ ਰਸ ਭਿੰਨੇ ਕੀਰਤਨ ਨਾਲ ਸੰਗਤਾਂ ਨੂੰ ਇਲਾਹੀ ਬਾਨੀ ਨਾਲ ਗਵਾ ਕੇ ਗੁਰੂ ਨਾਲ ਜੋੜਨ ਦਾ ਉਪਰਾਲਾ ਕੀਤਾ।ਸ਼੍ਰੋਮਣੀ ਪ੍ਰਚਾਰਕ ਭਾਈ ਸ਼ੁਭਕਰਨ ਸਿੰਘ ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਵਾਲਿਆਂ ਨੇ ਆਪਣੇ ਪ੍ਰਵਚਨਾ ਰਾਹੀਂ ਭਾਈ ਮਨੀ ਸਿੰਘ ਜੀ ਵਲੋਂ ਤਖਤ ਸ੍ਰੀ ਦਮਦਮਾ ਸਾਹਿਬ ਤਲਵੰਡੀ ਸਾਬੋ ਵਿਖੇ ਧੰਨ ਧੰਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦਾ ਪਾਵਨ ਸਰੂਪ ਦੀ ਹੱਥ ਨਾਲ ਲਿੱਖਣ ਦੀ ਸੇਵਾ ਨਿਭਾਉਣ ਬਾਰੇ ਸੰਗਤਾਂ ਨੂੰ ਵਿਸਥਾਰ ਸਹਿਤ ਜਾਣੂ ਕਰਵਾਇਆ। ਇਸ ਤੋਂ ਇਲਾਵਾ ਭਾਈ ਲਖਵਿੰਦਰ ਸਿੰਘ ਸ੍ਰੀ ਅੰਮ੍ਰਿਤਸਰ, ਬੀਬੀ ਕਿਰਨਦੀਪ ਕੌਰ ਦਾ ਇੰਟਰਨੈਸ਼ਨਲ ਢਾਡੀ ਜੱਥਾ, ਭਾਈ ਸ਼ਮਸ਼ੇਰ ਸਿੰਘ ਕਰਨਾਲ ਵਾਲੇ, ਹਰਜੱਸ ਕੀਤਰਨੀ ਜੱਥਾ, ਭਾਈ ਹਰਪ੍ਰੀਤ ਸਿੰਘ ਜੀ ਮੋਗੇ ਵਾਲੇ, ਸ਼ੇਰ ਏ ਪੰਜਾਬ ਕਵੀਸ਼ਰੀ ਜੱਥਾ, ਮਿੱਤਰ ਪਿਅਰੇ ਨੂੰ ਕੀਰਤਨੀ ਜੱਥਾ, ਭਾਈ ਸੁਖਵਿੰਦਰ ਸਿੰਘ, ਚੜ੍ਹਦੀਕਲਾ ਕੀਤਰਨੀ ਜੱਥਾ, ਭਾਈ ਸਤਵੰਤ ਸਿੰਘ ਪਟਿਆਲਾ, ਭਾਈ ਬਲਜਿੰਦਰ ਸਿੰਘ ਸ੍ਰੀ ਫਤਿਹਗੜ੍ਹ ਸਾਹਿਬ ਦੇ ਜੱਥਿਆਂ ਤੋਂ ਇਲਾਵਾ ਗੁ: ਸਿੰਘ ਸ਼ਹੀਦਾਂ ਦੇ ਹਜ਼ੂਰੀ ਜੱਥੇ ਭਾਈ ਨਿਤਿੰਨ ਸਿੰਘ, ਭਾਈ ਗੁਰਮੀਤ ਸਿੰਘ, ਭਾਈ ਇੰਦਰਜੀਤ ਸਿੰਘ ਅਤੇ ਭਾਈ ਗੁਰਨਾਮ ਸਿੰਘ ਨੇ ਕਥਾ, ਕੀਰਤਨ, ਕਵੀਸ਼ਰੀ ਅਤੇ ਗੁਰਮਤਿ ਵਿਚਾਰਾਂ ਰਾਹੀਂ ਸੰਗਤਾਂ ਨੂੰ ਸਾਰਾ ਦਿਨ ਹਰਿ ਜਸ ਸੁਣਾ ਕੇ ਨਿਹਾਲ ਕੀਤਾ ।ਇਸ ਮੌਕੇ ਪ੍ਰਬੰਧਕ ਕਮੇਟੀ ਦੇ ਬੁਲਾਰੇ ਨੇ ਦੱਸਿਆ ਕਿ ਆਉਣ ਵਾਲੀ ਮਿਤੀ 16 ਜੁਲਾਈ ਨੂੰ ਧੰਨ ਧੰਨ ਅਮਰ ਸ਼ਹੀਦ ਭਾਈ ਤਾਰੂ ਸਿੰਘ ਜੀ ਦਾ ਸ਼ਹੀਦੀ ਦਿਹਾੜਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾਵੇਗਾ।




## ਸ਼ੂਟਿੰਗ ਚੈਂਪੀਅਨਸ਼ਿਪ 'ਚ ਵਿਕਟੋਰੀਆ ਇੰਟਰਨੈਸ਼ਨਲ ਸਕੂਲ ਦੇ ਨਿਸ਼ਾਨੇਬਾਜ਼ਾਂ ਦਾ ਸ਼ਾਨਦਾਰ ਪ੍ਰਦਰਸ਼ਨ

**ਅੱਡਾ ਸਰਾਂ (ਜਸਵੀਰ ਕਾਜਲ)**



ਵਿਕਟੋਰੀਆ ਇੰਟਰਨੈਸ਼ਨਲ ਸਕੂਲ ਦੇ ਵਿਦਿਆਰਥੀਆਂ ਨੇ 61ਵੀਂ ਰਾਜ ਪੱਧਰੀ ਸ਼ੂਟਿੰਗ ਚੈਂਪੀਅਨਸ਼ਿਪ ਵਿਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਂਅ ਰੌਸ਼ਨ ਕੀਤਾ। ਇਹ ਚੈਂਪੀਅਨਸ਼ਿਪ 6 ਫੇਜ਼ ਸ਼ੂਟਿੰਗ ਰੇਂਜ ਵਿਖੇ ਕਰਵਾਈ ਗਈ, ਜਿਸ ਵਿਚ ਸਕੂਲ ਦੇ ਨਿਸ਼ਾਨੇਬਾਜ਼ਾਂ ਨੇ ਆਪਣੀ ਕਾਬਲੀਅਤ ਅਤੇ ਮਿਹਨਤ ਦਾ ਲੋਹਾ ਮਨਵਾਇਆ। ਇਹ ਪ੍ਰਾਪਤੀ ਸਕੂਲ ਦੇ ਡਾਇਰੈਕਟਰ ਪ੍ਰੋ. ਜੀ. ਐੱਸ. ਮੁਲਤਾਨੀ ਅਤੇ ਨੀਰੂ ਮੁਲਤਾਨੀ ਦੇ ਦੂਰਅੰਦੇਸ਼ੀ ਮਾਰਗਦਰਸ਼ਨ, ਪ੍ਰਿੰਸੀਪਲ ਪੂਜਾ ਪਟਿਆਲ ਦੀ ਪ੍ਰੇਰਨਾਦਾਇਕ ਅਗਵਾਈ ਅਤੇ ਵਿਦਿਆਰਥੀਆਂ ਨੂੰ ਮਿਲੇ ਲਗਾਤਾਰ ਉਤਸ਼ਾਹ ਦਾ ਨਤੀਜਾ ਹੈ। ਇਸ ਤੋਂ ਇਲਾਵਾ ਸ਼ੂਟਿੰਗ ਕੋਚ ਗੁਰਪ੍ਰੀਤ ਸਿੰਘ ਵੱਲੋਂ ਦਿੱਤੀ ਗਈ ਉੱਚ ਪੱਧਰੀ ਸਿਖਲਾਈ, ਸਮਰਪਣ ਅਤੇ ਨਿਰੰਤਰ ਮਾਰਗਦਰਸ਼ਨ ਨੇ ਵੀ ਵਿਦਿਆਰਥੀਆਂ ਦੀ ਇਸ ਕਾਮਯਾਬੀ ਵਿੱਚ ਅਹਿਮ ਯੋਗਦਾਨ ਪਾਇਆ। ਸਕੂਲ ਦੇ ਹੋਣਹਾਰ ਵਿਦਿਆਰਥੀ ਅਮਿਤ ਕੁਮਾਰ ਨੇ 10 ਮੀਟਰ ਏਅਰ ਰਾਈਫਲ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪ੍ਰੀ-ਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ ਲਈ ਕੁਆਲੀਫਾਈ ਕੀਤਾ। ਇਸੇ ਤਰ੍ਹਾਂ ਵਿਦਿਆਰਥਣ ਗੁਰਨੂਰ ਕੌਰ ਨੇ ਵੀ 10 ਮੀਟਰ ਏਅਰ ਰਾਈਫਲ ਮੁਕਾਬਲੇ ਵਿੱਚ ਬਿਹਤਰੀਨ ਪ੍ਰਦਰਸ਼ਨ ਕਰਕੇ ਪ੍ਰੀ-ਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ ਵਿੱਚ ਆਪਣਾ ਸਥਾਨ ਪੱਕਾ ਕੀਤਾ। ਇਸ ਤੋਂ ਇਲਾਵਾ ਸਕੂਲ ਦੇ ਇੱਕ ਹੋਰ ਹੋਣਹਾਰ ਵਿਦਿਆਰਥੀ ਕਰਨਵੀਰ ਸਿੰਘ ਨੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ ਪ੍ਰਭਾਵਸ਼ਾਲੀ ਪ੍ਰਦਰਸ਼ਨ ਕਰਦਿਆਂ ਐੱਮ.ਐੱਸ.ਏ. (ਮਿਨੀਮਮ ਸਕੋਰ ਅਚੀਵਡ) ਹਾਸਲ ਕੀਤਾ। ਸਕੂਲ ਪ੍ਰਬੰਧਕਾਂ ਨੇ ਅਮਿਤ ਕੁਮਾਰ ਅਤੇ ਗੁਰਨੂਰ ਕੌਰ ਨੂੰ ਆਗਾਮੀ ਪ੍ਰੀ-ਨੈਸ਼ਨਲ ਸ਼ੂਟਿੰਗ ਚੈਂਪੀਅਨਸ਼ਿਪ ਲਈ ਸ਼ੁੱਭਕਾਮਨਾਵਾਂ ਦਿੰਦਿਆਂ ਵਿਸ਼ਵਾਸ ਜਤਾਇਆ ਕਿ ਉਹ ਰਾਸ਼ਟਰੀ ਪੱਧਰ 'ਤੇ ਵੀ ਸ਼ਾਨਦਾਰ ਪ੍ਰਦਰਸ਼ਨ ਕਰਕੇ ਸਕੂਲ, ਇਲਾਕੇ ਅਤੇ ਪੰਜਾਬ ਦਾ ਨਾਂਅ ਰੌਸ਼ਨ ਕਰਨਗੇ। ਇਸ ਦੇ ਨਾਲ ਹੀ ਕਰਨਵੀਰ ਸਿੰਘ ਨੂੰ ਵੀ ਸ਼ੁੱਭਕਾਮਨਾਵਾਂ ਦਿੰਦਿਆਂ ਉਸ ਦੇ ਉੱਜਵਲ ਖੇਡ ਭਵਿੱਖ ਦੀ ਕਾਮਨਾ ਕੀਤੀ ਗਈ। ਇਸ ਮੌਕੇ ਸਕੂਲ ਦੀ ਕੋਆਰਡੀਨੇਟਰ ਵਨੀਤਾ ਬਲੌਰੀਆ, ਸੁਜਾਤਾ ਛਾਬੜਾ, ਅਮਨੀਤ ਸੈਣੀ, ਅਮਨਪ੍ਰੀਤ ਕੌਰ ਸਮੇਤ ਸਮੂਹ ਸਟਾਫ਼ ਮੈਂਬਰਾਂ ਨੇ ਜੇਤੂ ਵਿਦਿਆਰਥੀਆਂ ਨੂੰ ਵਧਾਈ ਦਿੱਤੀ।

## ਸ਼ਿਵ ਸੈਨਾ ਹਿੰਦੁਸਤਾਨ ਵੱਲੋਂ ਮਾਰਚ ਭਲਕੇ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**-ਹੁਸ਼ਿਆਰਪੁਰ ਵਿਖੇ 15 ਜੁਲਾਈ ਨੂੰ ਕੱਢੇ ਜਾ ਰਹੇ ਮਾਰਚ ਦੀਆਂ ਤਿਆਰੀਆਂ ਸਬੰਧੀ ਵਿਚਾਰ ਵਟਾਂਦਰਾ ਕਰਨ ਲਈ ਸ਼ਿਵ ਸੈਨਾ ਹਿੰਦੁਸਤਾਨ ਦੇ ਪੰਜਾਬ ਯੂਥ ਪ੍ਰਧਾਨ ਰਾਹੁਲ ਖੰਨਾ ਦੀ ਅਗਵਾਈ ਵਿੱਚ ਸ਼ਿਵ ਸੇਨਾ ਦਫ਼ਤਰ ਟਾਂਡਾ ਵਿਖੇ ਇੱਕ ਮੀਟਿੰਗ ਦਾ ਆਯੋਜਨ ਕੀਤਾ ਗਿਆ ਜਿਸ ਵਿੱਚ ਵੱਖ-ਵਖ ਹਿੰਦੂ ਸੰਗਠਨਾ ਦੇ ਆਗੂਆਂ ਤੋਂ ਇਲਾਵਾ ਸ਼ਿਵ ਸੈਨਾ ਵਰਕਰਾਂ ਨੇ ਭਾਗ ਲਿਆ।ਮੀਟਿੰਗ ਵਿੱਚ ਸ਼ਾਮਿਲ ਸ਼ਿਵ ਸੈਨਾ ਦੇ ਦੋਆਬਾ ਪ੍ਰਧਾਨ ਪ੍ਰਸ਼ਾਂਤ ਪੰਡਿਤ, ਜ਼ਿਲ੍ਹਾ ਚੇਅਰਮੈਨ ਵਿਵੇਕ ਵਿਜਨ, ਯੁਵਾ ਨੇਤਾ ਰਾਜੂ ਖੋਸਲਾ, ਜ਼ਿਲ੍ਹਾ ਯੂਥ ਪ੍ਰਧਾਨ ਪੁਨੀਤ ਢੀਂਗਰਾ, ਦੁਸਹਿਰਾ ਕਮੇਟੀ ਟਾਂਡਾ ਦੇ ਪ੍ਰਧਾਨ ਸ਼ੁਭਮ ਬਿੱਲਾ, ਜ਼ਿਲ੍ਹਾ ਸਕੱਤਰ ਪੰਡਿਤ ਮਿਥਲੇਸ਼ ਗਰਗ, ਵਿਸ਼ਾਲ ਕੁਮਾਰ, ਅਮਨ ਮਾਨ, ਯੋਗੇਸ਼ ਕੁਮਾਰ, ਪਵਨ, ਬੰਟੀ ਕੁਮਾਰ, ਬਲਾਕ ਵਾਈਸ ਪ੍ਰਧਾਨ ਨਵੀ ਅਰੋੜਾ ਅਤੇ ਸਿਟੀ ਯੂਥ ਪ੍ਰਧਾਨ ਗੁਰਨਾਮ ਸਿੰਘ ਗੋਨੀ ਤੋਂ ਇਲਾਵਾ ਹੋਰ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਸਵੈ-ਸੇਵੀ ਸੰਸਥਾਵਾਂ ਦੇ ਆਗੂਆਂ ਨੇ ਆਪਣੇ ਆਪਣੇ ਵਿਚਾਰ ਸਾਂਝੇ ਕੀਤੇ।ਰਾਹੁਲ ਖੰਨਾ ਨੇ ਕਿਹਾ ਕਿ ਜ਼ਿਲਾ ਹੁਸ਼ਿਆਰਪੁਰ ਵਿੱਚ 15 ਜੁਲਾਈ ਨੂੰ ਮਾਰਚ ਕੱਢਿਆ ਜਾ ਰਿਹਾ ਹੈ ਅਤੇ ਜ਼ਿਲ੍ਹਾ ਡਿਪਟੀ ਕਮਿਸ਼ਨਰ ਨੂੰ ਮੰਗ ਪੱਤਰ ਵੀ ਦਿੱਤਾ ਜਾਵੇਗਾ।

## ਸ੍ਰੀ ਗੁਰੂ ਰਵਿਦਾਸ ਸਭਾ ਯੂ ਕੇ, ਯੂਰਪ ਤੇ ਅਬਰੌਡ ਦੀ ਚੋਣ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਬੀਰ ਸਿੰਘ ਸੈਣੀ)**

ਸ੍ਰੀ ਗੁਰੂ ਰਵਿਦਾਸ ਸਭਾ ਯੂ ਕੇ, ਯੂਰਪ ਅਤੇ ਅਬਰੌਡ ਦੀ ਚੋਣ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਬੈਡ ਫੋਰਡ ਵਿਖੇ ਆਤਮਾ ਰਾਮ ਢੰਡਾ (ਸਾਊਥਾਲ) ਦੀ ਚੇਅਰਮੈਨੀ ਅਧੀਨ ਬਣੇ ਚੋਣ ਬੋਰਡ ਵਲੋਂ ਕਰਵਾਈ ਗਈ, ਜਿਸ ਵਿੱਚ ਰਾਮ ਕਿਸ਼ਨ ਮਹਿਮੀ ਐਮ ਬੀ ਈ (ਡਾਰਲੈਸਟਨ) ਨੂੰ ਸਭਾ ਦਾ ਪ੍ਰਧਾਨ ਚੁਣਿਆ ਗਿਆ ਅਤੇ ਰੇਸ਼ਮ ਦਾਸ ਬੰਗੜ (ਸਟੂਟਕੈਂਟ) ਤੇ ਸ਼ਿੰਗਾਰਾ ਰਾਮ (ਵੁਲਵਰਹੈਂਪਟ) ਸੀਨੀਅਰ ਮੀਤ ਪ੍ਰਧਾਨ, ਐਮ ਐਸ ਜੱਸੀ (ਨਿਊਹਾਮ) ਮੀਤ ਪ੍ਰਧਾਨ ਚੁਣੇ ਗਏ ।ਇਕ ਮੀਤ ਪਧਾਨ ਦੀ ਪੋਸਟ ਯੂਰਪ ਵਾਸਤੇ ਰਾਖਵੀਂ ਰੱਖੀ ਗਈ ਜਿਨ੍ਹਾਂ ਨੇ ਚੋਣ ਲਈ ਸਹਿਮਤੀ ਪੱਤਰ ਭੇਜਿਆ ਪਰ ਕਿਸੇ ਕਾਰਨਾਂ ਕਰਕੇ ਹਾਜ਼ਰ ਨਹੀਂ ਹੋ ਸਕੇ।ਜਸਵੀਰ ਕੁਮਾਰ (ਲੀਐਸਟਰ) ਜਨਰਲ ਸਕੱਤਰ, ਵਰਿੰਦਰ ਕੁਮਾਰ (ਬੈਡ ਫੋਰਡ) ਅਸਿਸਟੈਂਟ ਜਨਰਲ ਸਕੱਤਰ ਤੋਂ ਇਲਾਵਾ ਇਕ ਪੋਸਟ ਅਸਿਸਟੈਂਟ ਜਨਰਲ ਸਕੱਤਰ ਦੀ ਯੂਰਪ ਵਾਸਤੇ ਅਤੇ ਆਫਿਸ ਸਕੱਤਰ ਦੀ ਪੋਸਟ ਬਰਮਿੰਘਮ ਦੀ ਸਭਾ ਵਾਸਤੇ ਰਾਖਵੀਂ ਰੱਖੀ ਗਈ ਹੈ।ਖਜ਼ਾਨਚੀ ਜਗਰੂਪ ਸਾਂਪਲੇ (ਵੁਲਵਰਹੈਂਪਟ), ਸਟੇਜ ਸਕੱਤਰ ਮੋਹਣ ਲਾਲ (ਸਾਊਥਾਲ), ਸੋਸ਼ਲ ਵੈਲਫੇਅਰ ਐਂਡ ਐਜੂਕੇਸ਼ਨ ਸਕੱਤਰ ਗਿਆਨ ਚੰਦ ਦੀਵਾਲੀ ਅਤੇ ਆਰ ਕੇ ਬਾਘਾ ਨੂੰ ਬਣਾਇਆ ਗਿਆ ।ਚੋਣ ਬੋਰਡ ਵਲੋਂ ਇਹ ਸਾਰੀ ਪ੍ਰਕਿਰਿਆ ਸਰਵ-ਸੰਮਤੀ ਨਾਲ ਨੇਪਰੇ ਚਾੜ੍ਹੀ ਗਈ ।ਚੋਣ ਪ੍ਰਕਿਰਿਆ ਪੂਰੀ ਹੋਣ ਉਪ੍ਰੰਤ ਨਵੇਂ ਚੁਣੇ ਗਏ ਸਾਰੇ ਅਹੁਦੇਦਾਰਾਂ ਨੂੰ ਸਭਾ ਦਾ ਕੰਮ ਇਮਾਨਦਾਰੀ ਅਤੇ ਨਿਸ਼ਠਾ ਅਤੇ ਸਭਾ ਦੇ ਵਿਧਾਨ ਅਨੁਸਾਰ ਕਰਨ ਦੀ ਸਹੁੰ ਚੁਕਾਈ ਗਈ ।ਅੰਤ ਵਿੱਚ ਸਭਾ ਦੇ ਪਹਿਲੇ ਪ੍ਰਧਾਨ ਦਿਲਾਵਰ ਰਾਮ ਬਾਘਾ ਗਰੇਵਜੈਂਟ ਕੈਂਟ ਅਤੇ ਜਸਵਿੰਦਰ ਰਾਮ ਪ੍ਰਧਾਨ ਸ੍ਰੀ ਗੁਰੂ ਰਵਿਦਾਸ ਸਭਾ ਬੈਡ ਫੋਰਡ ਵਲੋਂ ਨਵੇਂ ਚੁਣੇ ਗਏ ਸਾਰੇ ਅਹੁਦੇਦਾਰਾਂ ਨੂੰ ਵਧਾਈ ਦਿੱਤੀ । ਨਵੇਂ ਚੁਣੇ ਗਏ ਪ੍ਰਧਾਨ ਆਰ ਕੇ ਮਹਿਮੀ ਵਲੋਂ ਸਾਰੇ ਹਾਜ਼ਰ ਮੈਂਬਰਾਂ ਅਤੇ ਸਭਾਵਾਂ ਦਾ ਧੰਨਵਾਦ ਕੀਤਾ ਅਤੇ ਸਹਿਯੋਗ ਦੀ ਕਾਮਨਾ ਕੀਤੀ ।ਇਸ ਚੋਣ ਵਿੱਚ ਪੂਰੇ ਇੰਗਲੈਂਡ ਦੀਆਂ 10 ਗੁਰੂ ਘਰਾਂ ਦੀਆਂ ਸਭਾਵਾਂ ਦੇ ਨੁਮਾਇੰਦੇ ਹਾਜ਼ਰ ਹੋਏ ਅਤੇ ਤਿੰਨ ਸਭਾਵਾਂ ਨੇ ਆਪਣੇ ਲਿਖਤੀ ਸਹਿਮਤੀ ਪੱਤਰ ਭੇਜੇ।



## ਕ੍ਰਿਕਟ ਖਿਡਾਰੀ ਅਰਸ਼ਦੀਪ ਸਿੰਘ ਤੇ ਪਰਵਾਰ ਦਾ ਐੱਸ ਆਈ ਆਰ-2026 ਤਹਿਤ ਐਨਿਊਮਰੇਸ਼ਨ ਫਾਰਮ ਭਰਿਆ

**ਮੁਹਾਲੀ (ਗੁਰਜੀਤ ਬਿੱਲਾ)**-ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਕੋਮਲ ਮਿੱਤਲ ਦੀ ਅਗਵਾਈ ਹੇਠ ਵਿਸ਼ੇਸ਼ ਗਹਿਰੀ ਸੁਧਾਈ (ਐਸ ਆਈ ਆਰ-2026) ਮੁਹਿੰਮ ਤਹਿਤ ਜ਼ਿਲ੍ਹਾ ਸਵੀਪ ਟੀਮ ਵੱਲੋਂ ਵੋਟਰਾਂ ਨੂੰ ਐਨਿਊਮਰੇਸ਼ਨ ਫਾਰਮ ਭਰਨ ਲਈ ਲਗਾਤਾਰ ਜਾਗਰੂਕ ਕੀਤਾ ਜਾ ਰਿਹਾ ਹੈ।ਇਸੇ ਲੜੀ ਤਹਿਤ ਜ਼ਿਲ੍ਹਾ ਸਵੀਪ ਟੀਮ ਦੇ ਨੋਡਲ ਅਫ਼ਸਰ ਪ੍ਰੋਫੈਸਰ ਗੁਰਬਖ਼ਸ਼ੀਸ਼ ਸਿੰਘ ਅੰਟਾਲ, ਜ਼ਿਲ੍ਹਾ ਚੋਣ ਦਫ਼ਤਰ ਦੀ ਤਹਿਸੀਲਦਾਰ ਹਰਪ੍ਰੀਤ ਕੌਰ ਅਤੇ ਚੋਣ ਕਾਨੂੰਨਗੋ ਸੁਰਿੰਦਰ ਬੱਤਰਾ ਵੱਲੋਂ ਭਾਰਤੀ ਕ੍ਰਿਕਟ ਟੀਮ ਦੇ ਗੇਂਦਬਾਜ਼ ਅਰਸ਼ਦੀਪ ਸਿੰਘ ਦੇ ਨਿਵਾਸ ਸਥਾਨ 'ਤੇ ਪਹੁੰਚ ਕੇ ਐਸ ਆਈ ਆਰ-2026 ਤਹਿਤ ਉਨ੍ਹਾਂ ਦੇ ਪਿਤਾ ਦਾ, ਮਾਤਾ ਦਾ ਅਤੇ ਉਨ੍ਹਾਂ ਦਾ ਐਨਿਊਮਰੇਸ਼ਨ ਫਾਰਮ ਭਰਵਾਉਣ ਦੀ ਪ੍ਰਕਿਰਿਆ ਨੂੰ ਨਿਯਮਾਂ ਅਨੁਸਾਰ ਯਕੀਨੀ ਬਣਾਇਆ ਗਿਆ।ਕਿਉਂਕਿ ਅਰਸ਼ਦੀਪ ਸਿੰਘ ਇਸ ਸਮੇਂ ਭਾਰਤੀ ਕ੍ਰਿਕਟ ਟੀਮ ਨਾਲ ਇੰਗਲੈਂਡ ਦੌਰੇ 'ਤੇ ਹਨ, ਇਸ ਲਈ ਉਨ੍ਹਾਂ ਦੇ ਪਿਤਾ ਸ. ਦਰਸ਼ਨ ਸਿੰਘ ਅਤੇ ਮਾਤਾ ਸ੍ਰੀਮਤੀ ਬਲਜੀਤ ਕੌਰ ਨੇ ਆਪਣੇ ਐਨਿਊਮਰੇਸ਼ਨ ਫਾਰਮ ਵੀ ਭਰੇ ਤੇ ਅਰਸ਼ਦੀਪ ਸਿੰਘ ਦਾ ਐਨਿਊਮਰੇਸ਼ਨ ਫਾਰਮ ਵੀ ਨਿਯਮਾਂ ਅਨੁਸਾਰ ਬੀ ਐਲ ਓ ਨੂੰ ਮੁਹੱਈਆ ਕਰਵਾਇਆ।ਇਸ ਮੌਕੇ ਅਰਸ਼ਦੀਪ ਸਿੰਘ ਦੇ ਪਰਵਾਰ ਨੇ ਸਮੂਹ ਯੋਗ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਐਨਿਊਮਰੇਸ਼ਨ ਫਾਰਮ ਜਲਦ ਤੋਂ ਜਲਦ ਭਰ ਕੇ ਵਿਸ਼ੇਸ਼ ਗਹਿਰੀ ਸੁਧਾਈ (ਸਪੈਸ਼ਲ ਇੰਟੈਂਸਿਵ ਰਵੀਜ਼ਨ) 2026 ਮੁਹਿੰਮ ਵਿੱਚ ਸਰਗਰਮ ਭਾਗੀਦਾਰੀ ਨਿਭਾਉਣ, ਤਾਂ ਜੋ ਵੋਟਰ ਸੂਚੀਆਂ ਦੀ ਸ਼ੁੱਧਤਾ, ਪਾਰਦਰਸ਼ਤਾ ਅਤੇ ਭਰੋਸੇਯੋਗਤਾ ਨੂੰ ਹੋਰ ਮਜ਼ਬੂਤ ਕੀਤਾ ਜਾ ਸਕੇ।

## ਕੂਪੁਰ ਦੀ ਸਾਬਕਾ ਸਰਪੰਚ ਭਾਜਪਾ ਛੱਡ 'ਆਪ' 'ਚ ਸ਼ਾਮਲ

**ਆਦਮਪੁਰ (ਪਰਮਜੀਤ ਸਿੰਘ)**



ਆਦਮਪੁਰ, ਹਲਕਾ ਆਦਮਪੁਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ ਜਦੋਂ ਪਿੰਡ ਕੂਪੁਰ ਦੇ ਸਾਬਕਾ ਸਰਪੰਚ ਅਨੀਤਾ ਰਾਣੀ ਭਾਜਪਾ ਛੱਡ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਹਲਕਾ ਇੰਚਾਰਜ ਪਵਨ ਟੀਨੂੰ ਨੇ ਸਾਰੇ ਆਗੂਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸਿਰੋਪਾਓ ਪਾ ਕੇ ਸਨਮਾਨਤ ਕੀਤਾ। ਇਸ ਮੌਕੇ ਪਵਨ ਟੀਨੂੰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਹਰ ਵਰਗ ਦੇ ਲੋਕ ਆਮ ਆਦਮੀ ਪਾਰਟੀ ਨਾਲ ਜੁੜ ਰਹੇ ਹਨ। ਉਨ੍ਹਾਂ ਨੇ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਏ ਹਰ ਸਾਥੀ ਨੂੰ ਪੂਰਾ ਮਾਣ-ਸਤਿਕਾਰ ਦਿੱਤਾ ਜਾਵੇਗਾ ਅਤੇ ਮਿਲ ਕੇ ਹਲਕਾ ਆਦਮਪੁਰ ਦੇ ਵਿਕਾਸ ਲਈ ਕੰਮ ਕੀਤਾ ਜਾਵੇਗਾ।ਪਾਰਟੀ ਵਿੱਚ ਸ਼ਾਮਲ ਹੋਏ ਸਾਥੀਆਂ ਨੇ ਵੀ ਭਰੋਸਾ ਦਿਵਾਇਆ ਕਿ ਉਹ ਆਮ ਆਦਮੀ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਹਲਕੇ ਦੇ ਵਿਕਾਸ ਲਈ ਪੂਰੀ ਤਨਦੇਹੀ ਨਾਲ ਕੰਮ ਕਰਨਗੇ।ਇਸ ਮੌਕੇ ਤਰਸੇਮ ਸਿੰਘ ਚੁਖਿਆਰਾ (ਬਲਾਕ ਪ੍ਰਧਾਨ) ਲਖਵੀਰ ਸਿੰਘ ਹਜਾਰਾ (ਜ਼ਿਲ੍ਹਾ ਪ੍ਰੀਸ਼ਦ ਮੈਂਬਰ) ਗੁਰਨਾਮ ਸਿੰਘ, ਅਰੁਣ ਬਾਂਸਲ, ਬਿਮਲਾ ਰਾਣੀ, ਬਲਵੀਰ ਲਾਲ, ਤਰਨਜੀਤ ਸਿੰਘ, ਲਖਵਿੰਦਰ ਸਿੰਘ, ਰਾਜ ਕੁਮਾਰ, ਅਰੁਨ ਖੇੜਾ, ਗੁਰਮੀਤ ਸਿੰਘ, ਚਰਨਜੀਤ ਸਿੰਘ, ਮਲਕੀਤ ਸਿੰਘ, ਸਤਨਾਮ ਸਿੰਘ, ਸੁਰਜੀਤ ਸਿੰਘ ਆਦਿ ਅਤੇ ਸਮੂਹ ਨਗਰ ਨਿਵਾਸੀ ਹਾਜ਼ਰ ਸਨ।

## ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਮਨਾਇਆ

**ਬੰਗਾ (ਅਵਤਾਰ ਕਲੇਰ)**-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਸਿਵਲ ਸਰਜਨ ਡਾ ਗੁਰਿੰਦਰਜੀਤ ਸਿੰਘ ਅਤੇ ਸਿਵਲ ਹਸਪਤਾਲ ਬੰਗਾ ਦੇ ਐਸ ਐਮ ਓ ਡਾ. ਜਸਵਿੰਦਰ ਸਿੰਘ ਦੀ ਰਹਿਨੁਮਾਈ ਹੇਠ ਸਿਵਲ ਹਸਪਤਾਲ ਬੰਗਾ ਵਿਖੇ ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਮਨਾਇਆ ਗਿਆ ਇਸ ਵਿੱਚ ਗਰਭਵਤੀ ਮਾਵਾਂ, ਹਾਈਰਿਸਕ ਗਰਭਵਤੀ ਮਾਵਾਂ ਦਾ ਚੈੱਕਅੱਪ ਕੀਤਾ ਗਿਆ। ਉਹਨਾਂ ਨੂੰ ਆਇਰਨ ਕੈਲਸ਼ੀਅਮ ਦੀਆਂ ਗੋਲੀਆਂ ਵੰਡੀਆਂ ਤਾਂ ਕਿ ਖੂਨ ਦੀ ਕਮੀ ਨਾ ਹੋਵੇ। ਸੁਤੰਲਨ ਭੋਜਨ ਖਾਣ ਲਈ ਕਿਹਾ ਗਿਆ।ਡਲਿਵਰੀ ਸਰਕਾਰੀ ਹਸਪਤਾਲ ਵਿੱਚ ਕਰਾਉਣ ਲਈ ਕਿਹਾ ਗਿਆ। ਗਰਭਵਤੀ ਮਾਵਾਂ ਨੂੰ ਫਰੂਟ ਵੀ ਵੰਡਿਆ ਗਿਆ। ਪ੍ਰਧਾਨ ਮੰਤਰੀ ਸੁਰੱਖਿਅਤ ਮਾਤ੍ਰਤਵ ਅਭਿਆਨ ਹਰ ਮਹੀਨੇ ਦੀ 9 ਤਰੀਕ 23 ਤਰੀਕ ਨੂੰ ਮਨਾਇਆ ਜਾਂਦਾ ਹੈ। ਇਸ ਵਿੱਚ ਡਾ ਜੈਸਮੀਨ ਗੁਲਾਟੀ, ਮਨਜੀਤ ਕੌਰ ਹੈਲਥ ਸੁਪਰਵਾਈਜਰ ਫੀਮੇਲ,ਮਿਸ ਸ਼ੀਆਂ ਦੇਵੀ ਏ ਐਨ ਐਮ ਤੇ ਆਸ਼ਾ ਵਰਕਰ ਹਾਜ਼ਰ ਹੋਈਆਂ।



## ਭਾਜਪਾ ਵੱਲੋਂ ਬੰਗਾ ਦੇ ਜੇਤੂ ਕੌਂਸਲਰਾਂ ਦਾ ਸਨਮਾਨ



**ਬਲਾਚੌਰ (ਜਸਵਿੰਦਰ ਬੈਂਸ)**

ਭਾਰਤੀ ਜਨਤਾ ਪਾਰਟੀ ਦੀ ਸੰਗਠਨਾਤਮਕ ਮਜ਼ਬੂਤੀ ਅਤੇ ਭਵਿੱਖੀ ਰਣਨੀਤੀ ਨੂੰ ਲੈ ਕੇ ਬਲਾਚੌਰ ਵਿਖੇ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਦੀ ਇੱਕ ਅਹਿਮ ਅਤੇ ਉਚੇਚੀ ਬੈਠਕ ਹੋਈ। ਇਸ ਬੈਠਕ ਦੌਰਾਨ ਜਿੱਥੇ ਪਾਰਟੀ ਦੀਆਂ ਗਤੀਵਿਧੀਆਂ ਨੂੰ ਤੇਜ਼ ਕਰਨ ਅਤੇ ਕੇਂਦਰ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਨੂੰ ਹਰ ਘਰ ਤੱਕ ਪਹੁੰਚਾਉਣ ਬਾਰੇ ਚਾਨਣਾ ਪਾਇਆ ਗਿਆ, ਉੱਥੇ ਹੀ ਬੰਗਾ ਤੋਂ ਸ਼ਾਨਦਾਰ ਜਿੱਤ ਹਾਸਲ ਕਰਕੇ ਆਏ ਭਾਜਪਾ ਦੇ ਕੌਂਸਲਰਾਂ ਦਾ ਵਿਸ਼ੇਸ਼ ਤੌਰ 'ਤੇ ਸਨਮਾਨ ਵੀ ਕੀਤਾ ਗਿਆ। ?ਬਲਾਚੌਰ ਤਹਿਸੀਲ ਦੀ ਭਾਜਪਾ ਟੀਮ ਅਤੇ ਸੀਨੀਅਰ ਆਗੂਆਂ ਵੱਲੋਂ ਬੰਗਾ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਜੇਤੂ ਕੌਂਸਲਰ ਹਿੰਮਤ ਤੇਜਪਾਲ ਅਤੇ ਵਿੱਕੀ ਗੋਸਲਾ ਨੂੰ ਸਿਰੋਪਾਓ, ਫੁੱਲਾਂ ਦੇ ਹਾਰ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਆਗੂਆਂ ਨੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਉਮੀਦ ਜਤਾਈ ਕਿ ਇਹ ਨਵੇਂ ਚੁਣੇ ਗਏ ਨੁਮਾਇੰਦੇ ਲੋਕਾਂ ਦੀਆਂ ਉਮੀਦਾਂ 'ਤੇ ਖਰੇ ਉਤਰਨਗੇ ਅਤੇ ਇਲਾਕੇ ਦੇ ਸਰਵਪੱਖੀ ਵਿਕਾਸ ਲਈ ਦਿਨ-ਰਾਤ ਇੱਕ ਕਰਕੇ ਮਿਹਨਤ ਕਰਨਗੇ।ਇਸ ਮੌਕੇ ਮੁੱਖ ਤੌਰ 'ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਪੂਨਮ ਮਾਨਕ, ਸਾਬਕਾ ਜ਼ਿਲ੍ਹਾ ਪ੍ਰਧਾਨ ਅਸ਼ਨੀ ਬਿਲੱਗਣ, ਬਰਿੰਦਰ ਸੈਣੀ,ਵਿਜੇ ਭਾਟੀਆ, ਪਰਮਜੀਤ ਖਾਲਸਾ, ਪ੍ਰਤਿਪਾਲ ਬਜਾਜ, ਸੁਭਾਸ਼ ਬਾਂਠ, ਲਾਲੀ ਜੋਸ਼ੀ ਰਾਹੋ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਅਹੁਦੇਦਾਰ ਅਤੇ ਵਰਕਰ ਸ਼ਾਮਿਲ ਸਨ।

## ਪਰਹਾਰ ਅਪ੍ਰੇਸ਼ਨ ਤਹਿਤ ਡੀ ਆਈ ਜੀ ਨੇ ਕੀਤਾ ਹਾਈਟੈਕ ਨਾਕੇ ਦਾ ਦੌਰਾ



**ਫਿਲੌਰ (ਨਿਰਮਲ)**

ਜਲੰਧਰ ਦਿਹਾਤੀ ਪੁਲਸ ਵੱਲੋਂ ਚਲਾਏ ਜਾ ਰਹੇ ਜਲੰਧਰ ਪਰਹਾਰ ਆਪਰੇਸ਼ਨ ਤਹਿਤ ਫਿਲੌਰ ਵਿਖੇ ਲਗਾਏ ਗਏ ਹਾਈਟੈਕ ਨਾਕੇ ਦਾ ਡੀ.ਆਈ.ਜੀ ਨਵੀਨ ਸਿੰਗਲਾ ਜਲੰਧਰ ਰੇਂਜ ਅਤੇ ਐਸ.ਐਸ.ਪੀ ਜਲੰਧਰ ਦਿਹਾਤੀ ਹਰਵਿੰਦਰ ਸਿੰਘ ਵਿਰਕ ਅਤੇ ਡੀ.ਐਸ.ਪੀ ਭਰਤ ਮਸੀਹ ਨੇ ਦੌਰਾ ਕਰਕੇ ਨਾਕਾਬੰਦੀ ਦੇ ਪ੍ਰਬੰਧਾਂ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਡਿਊਟੀ 'ਤੇ ਤਾਇਨਾਤ ਪੁਲਸ ਮੁਲਾਜ਼ਮਾਂ ਨੂੰ ਲੋੜੀਂਦੇ ਦਿਸ਼ਾ-ਨਿਰਦੇਸ਼ ਵੀ ਜਾਰੀ ਕੀਤੇ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਪੁਲਸ ਅਧਿਕਾਰੀਆਂ ਨੇ ਕਿਹਾ ਕਿ ਸਮਾਜ ਵਿਰੋਧੀ ਅਤੇ ਸ਼ਰਾਰਤੀ ਅਨਸਰਾਂ ਦੇ ਨਾਲ-ਨਾਲ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਜਾਰੀ ਰਹੇਗੀ ਅਤੇ ਕਿਸੇ ਵੀ ਦੋਸ਼ੀ ਨੂੰ ਬਖ਼ਸ਼ਿਆ ਨਹੀਂ ਜਾਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਪੁਲਿਸ ਨਸ਼ਿਆਂ ਅਤੇ ਅਪਰਾਧ ਦੇ ਖ਼ਾਤਮੇ ਲਈ ਆਪਣੀ ਮੁਹਿੰਮ ਪੂਰੀ ਦ੍ਰਿੜ੍ਹਤਾ ਨਾਲ ਚਲਾ ਰਹੀ ਹੈ ਅਤੇ ਕਾਨੂੰਨ-ਵਿਵਸਥਾ ਨੂੰ ਹਰ ਹਾਲਤ ਵਿੱਚ ਬਰਕਰਾਰ ਰੱਖਣਾ ਪੁਲਸ ਦੀ ਪਹਿਲੀ ਤਰਜੀਹ ਹੈ।ਉਨ੍ਹਾਂ ਆਮ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਜੇਕਰ ਕਿਸੇ ਵੀ ਸ਼ੱਕੀ ਵਿਅਕਤੀ ਜਾਂ ਗੈਰ-ਕਾਨੂੰਨੀ ਗਤੀਵਿਧੀ ਬਾਰੇ ਜਾਣਕਾਰੀ ਮਿਲਦੀ ਹੈ ਤਾਂ ਤੁਰੰਤ ਪੁਲਸ ਨੂੰ ਸੂਚਿਤ ਕੀਤਾ ਜਾਵੇ।

## ਹਿਮਾਚਲ ਦੇ ਵਿਦਿਆਰਥੀਆਂ ਸੇਂਟ ਸੋਲਜਰ ਗਰੁੱਪ ਦਾ ਕੀਤਾ ਸਿੱਖਿਆਤਮਕ ਦੌਰਾ

**ਜਲੰਧਰ (ਇਕਬਾਲ ਸਿੰਘ ਉਭੀ)**- ਹਿਮਾਚਲ ਪ੍ਰਦੇਸ਼ ਦੇ ਪਾਲਮਪੁਰ ਸਥਿਤ ਅਨੁਰਾਧਾ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਮਰਾਂਡਾ ਦੇ ਵਿਦਿਆਰਥੀਆਂ ਨੇ ਸਿੱਖਿਆਤਮਕ ਦੌਰੇ ਤਹਿਤ ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ਼ ਦਾ ਦੌਰਾ ਕੀਤਾ। ਦੌਰੇ ਦੌਰਾਨ ਵਿਦਿਆਰਥੀਆਂ ਨੇ ਸੇਂਟ ਸੋਲਜਰ ਗਰੁੱਪ ਦੇ ਵੱਖ-ਵੱਖ ਕਾਲਜਾਂ ਦਾ ਦੌਰਾ ਕਰਦੇ ਹੋਏ ਇੱਥੇ ਚੱਲ ਰਹੇ ਅਨੇਕਾਂ ਅਕਾਦਮਿਕ ਪ੍ਰੋਗਰਾਮਾਂ, ਆਧੁਨਿਕ ਬੁਨਿਆਦੀ ਢਾਂਚੇ, ਅਤਿ ਆਧੁਨਿਕ ਲੈਬੋਰਟਰੀਆਂ, ਸਮ੍ਰਿੱਧ ਲਾਇਬ੍ਰੇਰੀਆਂ, ਖੇਡ ਸਹੂਲਤਾਂ ਅਤੇ ਹੁਨਰ-ਆਧਾਰਿਤ ਸਿੱਖਿਆ ਪ੍ਰਣਾਲੀ ਬਾਰੇ ਜਾਣਕਾਰੀ ਪ੍ਰਾਪਤ ਕੀਤੀ। ਫੈਕਲਟੀ ਮੈਂਬਰਾਂ ਅਤੇ ਦਾਖਲਾ ਸਲਾਹਕਾਰਾਂ ਨੇ ਵਿਦਿਆਰਥੀਆਂ ਨਾਲ ਗੱਲਬਾਤ ਕਰਦਿਆਂ ਵੱਖ-ਵੱਖ ਪੇਸ਼ਾਵਰ ਅਤੇ ਕਰੀਅਰ-ਕੇਂਦਰਿਤ ਕੋਰਸਾਂ, ਦਾਖਲਾ ਪ੍ਰਕਿਰਿਆ, ਸਕਾਲਰਸ਼ਿਪਾਂ, ਪਲੇਸਮੈਂਟ ਦੇ ਮੌਕਿਆਂ ਅਤੇ ਉਦਯੋਗਾਂ ਨਾਲ ਸੰਸਥਾ ਦੇ ਸਹਿਯੋਗ ਬਾਰੇ ਜਾਣਕਾਰੀ ਸਾਂਝੀ ਕੀਤੀ। ਇਸ ਦੌਰਾਨ ਹੋਏ ਸੰਵਾਦਾਤਮਕ ਸੈਸ਼ਨਾਂ ਨੇ ਉਨ੍ਹਾਂ ਨੂੰ ਸਕੂਲੀ ਸਿੱਖਿਆ ਤੋਂ ਬਾਅਦ ਉਪਲਬਧ ਵੱਖ-ਵੱਖ ਕਰੀਅਰ ਵਿਕਲਪਾਂ ਬਾਰੇ ਜਾਣੂ ਕਰਵਾਇਆ ਅਤੇ ਉੱਚ ਸਿੱਖਿਆ ਵੱਲ ਆਤਮਵਿਸ਼ਵਾਸ ਨਾਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ। ਸੇਂਟ ਸੋਲਜਰ ਗਰੁੱਪ ਆਫ ਇੰਸਟੀਚਿਊਸ਼ਨਜ਼ ਦੀ ਚੇਅਰਪਰਸ ਸੰਗੀਤਾ ਚੋਪੜਾ ਅਤੇ ਮੈਨੇਜਿੰਗ ਡਾਇਰੈਕਟਰ ਡਾ. ਮਨਹਰ ਅਰੋੜਾ ਨੇ ਸਕੂਲ ਪ੍ਰਬੰਧਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਿੱਖਿਆਤਮਕ ਦੌਰੇ ਵਿਦਿਆਰਥੀਆਂ ਨੂੰ ਆਪਣੇ ਕਰੀਅਰ ਸੰਬੰਧੀ ਸਹੀ ਮਾਰਗਦਰਸ਼ਨ ਪ੍ਰਦਾਨ ਕਰਨ ਦੇ ਨਾਲ-ਨਾਲ ਗੁਣਵੱਤਾ ਭਰਪੂਰ ਸਿੱਖਿਆ ਰਾਹੀਂ ਜੀਵਨ ਵਿੱਚ ਉੱਚਾਈਆਂ ਹਾਸਲ ਕਰਨ ਲਈ ਪ੍ਰੇਰਿਤ ਕਰਦੇ ਹਨ।

## ਜਥੇਦਾਰ ਸਰੂਪ ਸਿੰਘ ਉਮੀਦਵਾਰ ਬਣੇ ਤਾਂ ਸ਼੍ਰੋਮਣੀ ਅਕਾਲੀ ਦਲ ਦੀ ਜਿੱਤ ਯਕੀਨੀ : ਪਾਹਵਾ

**ਫਗਵਾੜਾ (ਡਾ. ਰਮਨ, ਢੱਡਾ)**



ਟਕਸਾਲੀ ਅਕਾਲੀ ਆਗੂ ਜਥੇਦਾਰ ਹਰਵੇਲ ਸਿੰਘ ਪਾਹਵਾ ਅਤੇ ਪਰਵਾਰ ਵਲੋਂ ਜਥੇਦਾਰ ਸਰੂਪ ਸਿੰਘ ਖਲਵਾੜਾ ਨੂੰ ਸ਼੍ਰੋਮਣੀ ਅਕਾਲੀ ਦਲ (ਐਸ.ਸੀ. ਵਿੰਗ) ਜ਼ਿਲ੍ਹਾ ਕਪੂਰਥਲਾ ਦਾ ਪ੍ਰਧਾਨ ਬਣਨ 'ਤੇ ਸਿਰੋਪਾ ਪਾ ਕੇ ਸਨਮਾਨਤ ਕੀਤਾ ਗਿਆ। ਉਨ੍ਹਾਂ ਦੇ ਨਾਲ ਪਰਿਮੰਦਰ ਸਿੰਘ ਜੰਡੂ ਕੋਰ ਕਮੇਟੀ ਮੈਂਬਰ ਬੀ.ਸੀ. ਵਿੰਗ ਨੂੰ ਵੀ ਸਨਮਾਨਤ ਕਰਦੇ ਹੋਏ ਜਥੇਦਾਰ ਹਰਵੇਲ ਸਿੰਘ ਪਾਹਵਾ ਤੋਂ ਇਲਾਵਾ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਹਰਜੋਤ ਸਿੰਘ ਪਾਹਵਾ ਸਰਕਲ ਪ੍ਰਧਾਨ ਫਗਵਾੜਾ, ਜਸਪਾਲ ਸਿੰਘ ਮਾਡਲ ਟਾਊਨ, ਸੁਰਿੰਦਰ ਸਿੰਘ ਪਾਹਵਾ, ਇੰਦਰਪ੍ਰੀਤ ਸਿੰਘ ਪਾਹਵਾ ਨੇ ਕਿਹਾ ਕਿ ਜਥੇਦਾਰ ਸਰੂਪ ਸਿੰਘ ਖਲਵਾੜਾ ਨੂੰ ਪਾਰਟੀ ਵਲੋਂ ਅਹਿਮ ਜ਼ਿੰਮੇਵਾਰੀ ਸੰਭਾਲੀ ਗਈ ਹੈ ਅਤੇ ਉਨ੍ਹਾਂ ਨੂੰ ਪੂਰਾ ਭਰੋਸਾ ਹੈ ਕਿ ਉਹ ਆਪਣੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ ਨਾਲ ਨਿਭਾਉਣਗੇ। ਅਜਿਹੇ ਸਮਰਪਤ ਪਾਰਟੀ ਵਰਕਰ ਨੂੰ ਐਸ.ਸੀ. ਵਿੰਗ ਜ਼ਿਲ੍ਹਾ ਕਪੂਰਥਲਾ (ਸ਼ਹਿਰੀ) ਦੇ ਪ੍ਰਧਾਨ ਵਜੋਂ ਜ਼ਿੰਮੇਵਾਰੀ ਦੇ ਕੇ ਪਾਰਟੀ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਨੇ ਸਾਬਤ ਕੀਤਾ ਹੈ ਕਿ ਸ਼੍ਰੋਮਣੀ ਅਕਾਲੀ ਦਲ ਵਲੋਂ ਮਿਹਨਤੀ ਵਰਕਰਾਂ ਨੂੰ ਅਹਿਮ ਅਹੁਦਿਆਂ ਨਾਲ ਸਨਮਾਨਿਆ ਜਾਂਦਾ ਹੈ। ਉਨ੍ਹਾਂ ਭਰੋਸਾ ਦਿੱਤਾ ਕਿ ਜੇਕਰ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਜਥੇਦਾਰ ਸਰੂਪ ਸਿੰਘ ਖਲਵਾੜਾ ਨੂੰ ਫਗਵਾੜਾ ਵਿਧਾਨ ਸਭਾ ਹਲਕੇ ਤੋਂ ਪਾਰਟੀ ਉਮੀਦਵਾਰ ਐਲਾਨਿਆ ਗਿਆ ਤਾਂ ਉਨ੍ਹਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਇਆ ਜਾਵੇਗਾ। ਇਸ ਦੌਰਾਨ ਜਥੇਦਾਰ ਖਲਵਾੜਾ ਨੇ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀ ਅਗਵਾਈ ਹੇਠ ਸ਼੍ਰੋਮਣੀ ਅਕਾਲੀ ਦਲ (ਬ) ਪੂਰੀ ਤਾਕਤ ਦੇ ਨਾਲ ਅਗਲੀਆਂ ਵਿਧਾਨ ਸਭਾ ਚੋਣਾਂ ਲੜੇਗਾ। ਇਸ ਮੌਕੇ ਦਰਸ਼ਨ ਸਿੰਘ ਮਠਾਰੂ ਸਮੇਤ ਹੋਰ ਅਕਾਲੀ ਵਰਕਰ ਤੇ ਸਮਰਥਕ ਵੀ ਹਾਜ਼ਰ ਸਨ।

## ਪੱਦੀ ਜਗੀਰ ਦੀ ਸਮੁੱਚੀ ਪੰਚਾਇਤ ਨੇ ਫੜਿਆ 'ਆਪ' ਦਾ ਪੱਲਾ



**ਗੁਰਾਇਆ (ਬਿੰਦਰ ਸੁਮਨ)**
ਹਲਕਾ ਫਿਲੌਰ ਅਧੀਨ ਪੈਂਦੇ ਪਿੰਡ ਪੱਦੀ ਜਗੀਰ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਵੱਡੀ ਸਿਆਸੀ ਮਜ਼ਬੂਤੀ ਮਿਲੀ ਜਦੋਂ ਪਿੰਡ ਦੇ ਮੌਜੂਦਾ ਸਰਪੰਚ ਸਮੇਤ ਸਮੁੱਚੀ ਪੰਚਾਇਤ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਆਮ ਆਦਮੀ ਪਾਰਟੀ ਦੀਆਂ ਲੋਕ-ਪੱਖੀ ਨੀਤੀਆਂ ਅਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਪਾਰਟੀ ਦਾ ਪੱਲਾ ਫੜ ਲਿਆ।ਇਸ ਮੌਕੇ ਹਲਕਾ ਇੰਚਾਰਜ ਫਿਲੌਰ ਹਰਜੋਤ ਕੌਰ ਲੋਹਟੀਆ ਨੇ ਨਵੇਂ ਸ਼ਾਮਲ ਹੋਏ ਸਰਪੰਚ, ਪੰਚਾਇਤ ਮੈਂਬਰਾਂ ਅਤੇ ਸਾਥੀਆਂ ਦਾ ਪਾਰਟੀ ਵਿੱਚ ਨਿੱਘਾ ਸਵਾਗਤ ਕੀਤਾ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਹਰ ਵਰਗ ਦੀ ਭਲਾਈ ਲਈ ਇਤਿਹਾਸਕ ਫ਼ੈਸਲੇ ਲਏ ਜਾ ਰਹੇ ਹਨ, ਜਿਸ ਕਾਰਨ ਲੋਕਾਂ ਦਾ ਵਿਸ਼ਵਾਸ ਦਿਨੋਂ-ਦਿਨ ਆਮ ਆਦਮੀ ਪਾਰਟੀ ਪ੍ਰਤੀ ਮਜ਼ਬੂਤ ਹੋ ਰਿਹਾ ਹੈ।ਪਾਰਟੀ ਵਿੱਚ ਸ਼ਾਮਲ ਹੋਏ ਸਰਪੰਚ ਅਤੇ ਪੰਚਾਇਤ ਮੈਂਬਰਾਂ ਨੇ ਕਿਹਾ ਕਿ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਵੱਲੋਂ ਪੰਜਾਬ ਦੇ ਵਿਕਾਸ ਲਈ ਕੀਤੇ ਜਾ ਰਹੇ ਯਤਨਾਂ ਅਤੇ ਲੋਕ ਹਿੱਤ ਨੀਤੀਆਂ ਤੋਂ ਪ੍ਰਭਾਵਿਤ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਹਨ।

ਇਸ ਮੌਕੇ ਪਾਰਟੀ ਵਿੱਚ ਸ਼ਾਮਲ ਹੋਏ ਬਲਜੀਤ ਕੌਰ ਸਰਪੰਚ ਪਿੰਡ ਪੱਦੀ ਜਗੀਰ, ਡਾਕਟਰ ਜੀਤਾ ਸਾਬਕਾਂ ਪੰਚ,ਪੰਚ ਗੁਰਦੀਪ,ਪੰਚ ਬਲਵੀਰ ਕੌਰ, ਲਖਵਿੰਦਰ ਪੰਚ, ਜਸਵਿੰਦਰਪਾਲ ਪੰਚ, ਜਗਦੀਸ਼ ਰਾਮ ਬਾਬਾ , ਪ੍ਰੇਮ ਨਾਥ ਰਾਣਾ, ਅਸ਼ੋਕ ਕੁਮਾਰ, ਕੁਲਵਿੰਦਰ ਸਿੰਘ ਡੱਬ, ਤੀਰਥ ਸਿੰਘ ਸੰਘਾ, ਅਮਰਜੀਤ ਸਿੰਘ ਹੇਅਰ ਆਮ ਆਦਮੀ ਪਾਰਟੀ ਤੋਂ ਇਸ ਮੌਕੇ ਚੇਅਰਮੈਨ ਮਾਰਕਿਟ ਕਮੇਟੀ ਫਿਲੌਰ ਰੋਸ਼ਨ ਲਾਲ ਰੋਸ਼ੀ, ਤਰਲੋਕ ਸਿੰਘ ਵਿਰਕ, ਬਲਾਕ ਪ੍ਰਧਾਨ ਹਰਦੀਪ ਸਿੰਘ ਸਰਪੰਚ ਗੋਹਾਵਰ, ਕੁਲਵੀਰ ਸਿੰਘ, ਇਕਬਾਲ ਸਿੰਘ ਸਾਬਕਾਂ ਸਰਪੰਚ, ਹਰਮੇਸ਼ ਲਾਲ ਚੌਹਾਨ ਨਗਰ ਕੌਂਸਲ ਪ੍ਰਧਾਨ ਗੁਰਾਇਆ, ਸੁਦੇਸ਼ ਕੁਮਾਰ ਬਿੱਲਾਂ ਸੀਨੀਅਰ ਵਾਈਸ ਪ੍ਰਧਾਨ ਗੁਰਾਇਆ,ਪਲਵਿੰਦਰ ਸਿੰਘ ਨੌਰਾ ਚੇਅਰਮੈਨ ਟ੍ਰੇਡ ਕਮਿਸ਼ਨ, ਰਾਜਵੀਰ ਸੋਢੀ, ਸੁਖਦੀਪ ਸਿੰਘ ਅੱਪਰਾ, ਸਰਪੰਚ ਬਲਕਾਰ ਸਿੰਘ, ਸਰਪੰਚ ਲਾਡੀ ਬਸਰਾ ਪਿੰਡ ਵਿਰਕ,ਗੌਰਵ ਬਾਵਾ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ,ਬਲਾਕ ਪ੍ਰਧਾਨ ਹਰਦੀਪ ਸਿੰਘ, ਬਲਾਕ ਪ੍ਰਧਾਨ ਲੇਖਰਾਜ ਅਨੀਹਰ, ਬਲਾਕ ਪ੍ਰਧਾਨ ਜਗਦੇਵ ਸਿੰਘ, ਬਲਾਕ ਪ੍ਰਧਾਨ ਬਲਵੀਰ ਛੋਕਰ, ਬਲਾਕ ਪ੍ਰਧਾਨ ਪੰਡਿਤ ਰਮੇਸ਼ਵਰ, ਬਲਾਕ ਪ੍ਰਧਾਨ ਜਗਤ ਰਾਮ ਭੱਟੀ,ਸਰਪੰਚ ਹਰਕਮਲ ਸਿੰਘ ਬੇਗਮਪੁਰ, ਪਲਵਿੰਦਰ ਸਿੰਘ ਨੌਰਾ ਤੇ ਹੋਰ ਵੱਡੀ ਗਿਣਤੀ ਪਾਰਟੀ ਵਰਕਰ ਹਾਜ਼ਰ ਸਨ।

## ਘੱਗਰ ਦਰਿਆ 'ਚ ਰੁੜ੍ਹੇ ਦੋ ਵਿਅਕਤੀਆਂ 'ਚੋਂ ਇੱਕ ਦੀ ਲਾਸ਼ ਬਰਾਮਦ, ਦੂਸਰੇ ਦੀ ਭਾਲ ਜਾਰੀ

**ਡੇਰਾਬੱਸੀ, (ਵਿਨੈ ਕੁਮਾਰ ਜੈਨ)**
ਭਾਂਖਰਪੁਰ ਨੇੜੇ ਘੱਗਰ ਦਰਿਆ ਵਿੱਚ ਮੱਛੀਆਂ ਫੜਨ ਦੌਰਾਨ ਪਾਣੀ ਦੇ ਤੇਜ਼ ਵਹਾਅ ਵਿੱਚ ਰੁੜ੍ਹੇ ਦੋ ਵਿਅਕਤੀਆਂ ਵਿੱਚੋਂ ਇੱਕ ਦੀ ਲਾਸ਼ ਕਰੀਬ 40 ਘੰਟਿਆਂ ਦੀ ਮੁਸ਼ੱਕਤ ਤੋਂ ਬਾਅਦ ਬਰਾਮਦ ਕਰ ਲਈ ਗਈ ਹੈ। ਮ੍ਰਿਤਕ ਦੀ ਪਛਾਣ ਦਰਸ਼ਨ ਵਜੋਂ ਹੋਈ ਹੈ, ਜਿਸ ਦੀ ਦੇਹ ਨੂੰ ਐਨ ਡੀ ਆਰ ਐੱਫ. ਦੀ ਟੀਮ ਨੇ ਬਨੂੜ ਵੇਅਰ ਬੰਨ ਨੇੜਿਓਂ ਲੱਭਿਆ। ਪਾਣੀ ਦਾ ਪੱਧਰ ਘਟਣ ਤੋਂ ਬਾਅਦ ਬਨੂੜ ਵੇਅਰ ਤੱਕ ਕਰੀਬ ਇੱਕ ਕਿਲੋਮੀਟਰ ਦੇ ਇਲਾਕੇ ਵਿੱਚ ਵਿਸ਼ੇਸ਼ ਤਲਾਸ਼ੀ ਮੁਹਿੰਮ ਚਲਾਈ ਗਈ ਸੀ। ਹਾਲਾਂਕਿ, ਦੂਜੇ ਲਾਪਤਾ ਵਿਅਕਤੀ ਸੁਰਿੰਦਰ ਦਾ ਅਜੇ ਤੱਕ ਕੋਈ ਸੁਰਾਗ ਨਹੀਂ ਲੱਗ ਸਕਿਆ ਅਤੇ ਉਸ ਦੀ ਭਾਲ ਲਗਾਤਾਰ ਜਾਰੀ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਮਨੀਮਾਜਰਾ ਦੇ ਰਹਿਣ ਵਾਲੇ ਤਿੰਨ ਦੋਸਤ—ਚੰਦਾ, ਸੁਰਿੰਦਰ ਅਤੇ ਦਰਸ਼ਨ—ਸ਼ੁੱਕਰਵਾਰ ਦੁਪਹਿਰ ਕਰੀਬ ਢਾਈ ਵਜੇ ਭਾਂਖਰਪੁਰ ਨੇੜੇ ਘੱਗਰ ਦਰਿਆ ਵਿੱਚ ਮੱਛੀਆਂ ਫੜਨ ਲਈ ਆਏ ਸਨ। ਇਸ ਦੌਰਾਨ ਅਚਾਨਕ ਦਰਸ਼ਨ ਦਾ ਪੈਰ ਫਿਸਲ ਗਿਆ ਅਤੇ ਉਹ ਪਾਣੀ ਦੇ ਤੇਜ਼ ਵਹਾਅ ਵਿੱਚ ਵਹਿ ਗਿਆ। ਆਪਣੇ ਸਾਥੀ ਨੂੰ ਡੁੱਬਦਾ ਦੇਖ ਕੇ ਸੁਰਿੰਦਰ ਨੇ ਉਸ ਨੂੰ ਬਚਾਉਣ ਲਈ ਦਰਿਆ ਵਿੱਚ ਛਾਲ ਮਾਰ ਦਿੱਤੀ, ਪਰ ਪਾਣੀ ਦਾ ਵਹਾਅ ਬਹੁਤ ਜ਼ਿਆਦਾ ਹੋਣ ਕਾਰਨ ਉਹ ਵੀ ਉਸ ਦੀ ਲਪੇਟ ਵਿੱਚ ਆ ਗਿਆ। ਤੀਜੇ ਸਾਥੀ ਚੰਦਾ ਨੇ ਵੀ ਦੋਵਾਂ ਨੂੰ ਬਚਾਉਣ ਦੀ ਕੋਸ਼ਿਸ਼ ਕੀਤੀ, ਪਰ ਅਸਫ਼ਲ ਰਹਿਣ 'ਤੇ ਉਸ ਨੇ ਦਰਿਆ ਕੰਢੇ ਉੱਗੀਆਂ ਝਾੜੀਆਂ ਅਤੇ ਬੂਟਿਆਂ ਦੀਆਂ ਜੜ੍ਹਾਂ ਫੜ ਕੇ ਮੁਸ਼ਕਲ ਨਾਲ ਆਪਣੀ ਜਾਨ ਬਚਾਈ। ?ਪੁਲਸ ਵੱਲੋਂ ਤਲਾਸ਼ੀ ਮੁਹਿੰਮ ਜਾਰੀ ਘਟਨਾ ਦੀ ਸੂਚਨਾ ਮਿਲਦੇ ਹੀ ਮੁਬਾਰਿਕਪੁਰ ਪੁਲਿਸ ਨੇ ਪ੍ਰਸ਼ਾਸਨ ਅਤੇ ਐਨ.ਡੀ.ਆਰ.ਐਫ. ਦੀ ਮਦਦ ਨਾਲ ਤੁਰੰਤ ਰਾਹਤ ਅਤੇ ਤਲਾਸ਼ੀ ਮੁਹਿੰਮ ਸ਼ੁਰੂ ਕਰ ਦਿੱਤੀ ਸੀ। ਮੁਬਾਰਿਕਪੁਰ ਪੁਲਸ ਚੌਕੀ ਦੇ ਇੰਚਾਰਜ ਕੁਲਵੰਤ ਸਿੰਘ ਨੇ ਦੱਸਿਆ ਕਿ ਦੂਜੇ ਲਾਪਤਾ ਵਿਅਕਤੀ (ਸੁਰਿੰਦਰ) ਦੀ ਭਾਲ ਲਈ ਦਰਿਆ ਦੇ ਹੇਠਲੇ ਇਲਾਕਿਆਂ ਵਿੱਚ ਸਰਚ ਆਪ੍ਰੇਸ਼ਨ ਲਗਾਤਾਰ ਚਲਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਦਰਸ਼ਨ ਦੀ ਲਾਸ਼ ਨੂੰ ਡੇਰਾਬੱਸੀ ਦੇ ਸਿਵਲ ਹਸਪਤਾਲ ਦੇ ਮੁਰਦਾਘਰ ਵਿੱਚ ਰਖਵਾ ਦਿੱਤਾ ਗਿਆ ਹੈ, ਜਿਸ ਦਾ ਸੋਮਵਾਰ ਸਵੇਰੇ ਪੋਸਟਮਾਰਟਮ ਕਰਵਾਉਣ ਤੋਂ ਬਾਅਦ ਦੇਹ ਵਾਰਸਾਂ ਦੇ ਹਵਾਲੇ ਕਰ ਦਿੱਤੀ ਜਾਵੇਗੀ।



## ਲਾਇਲਪੁਰ ਖ਼ਾਲਸਾ ਕਾਲਜ ਦੀ ਵਿਦਿਆਰਥਣ ਨੇ ਮੈਰਿਟ ਲਿਸਟ 'ਚ ਕਰਵਾਇਆ ਆਪਣਾ ਨਾਂਅ ਦਰਜ



**ਜਲੰਧਰ (ਸ਼ੈਲੀ ਐਲਬਰਟ)**- ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦਾ ਗੁਰੂ ਨਾਨਕ ਦੇਵ ਯੂਨੀਵਰਸਿਟੀ ਵੱਲੋਂ ਐਲਾਨੇ ਬੀ. ਡਿਜ਼ਾਇਨ (ਮਲਟੀਮੀਡੀਆ) ਸਮੈਸਟਰ ਪਹਿਲਾ ਦੀ ਵਿਦਿਆਰਥਣ ਪੂਰਵੀ ਵਰਮਾ ਨੇ 10 ਵਿਚੋਂ 8.58 ਐੱਸ ਜੀ ਪੀ ਏ ਪ੍ਰਾਪਤ ਕਰਕੇ ਯੂਨੀਵਰਸਿਟੀ ਮੈਰਿਟ ਵਿਚੋਂ ਤੀਸਰਾ ਸਥਾਨ ਹਾਸਲ ਕੀਤਾ। ਇਸ ਮੌਕੇ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਸ਼ੇਸ਼ ਤੌਰ 'ਤੇ ਵਿਦਿਆਰਥਣ ਤੇ ਅਧਿਆਪਕਾਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥਣ ਨੂੰ ਭਵਿੱਖ ਵਿਚ ਹੋਰ ਮਿਹਨਤ ਅਤੇ ਲਗਨ ਨਾਲ ਪੜ੍ਹਾਈ ਕਰਨ ਲਈ ਪ੍ਰੇਰਿਆ ਅਤੇ ਦੱਸਿਆ ਕਿ ਮੈਰਿਟ ਵਾਲੇ ਲੋੜਵੰਦ ਵਿਦਿਆਰਥੀਆਂ ਨੂੰ ਕਾਲਜ ਵਲੋਂ ਹਰ ਤਰ੍ਹਾਂ ਦੀ ਸਹੂਲਤ ਤੋਂ ਇਲਾਵਾ ਫੀਸਾਂ ਵਿਚ ਵੀ ਭਾਰੀ ਰਿਆਇਤ ਦਿੱਤੀ ਜਾ ਰਹੀ ਹੈ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ ਮੁਖੀ ਕੰਪਿਊਟਰ ਸਾਇੰਸ ਵਿਭਾਗ, ਡਾ. ਦਲਜੀਤ ਕੌਰ ਅਤੇ ਪ੍ਰੋ. ਨਵਨੀਤ ਕੌਰ ਵੀ ਹਾਜ਼ਰ ਸਨ।

## ਸ੍ਰੀ ਗੁਰੂ ਰਵਿਦਾਸ ਦੇ ਜੀਵਨ 'ਤੇ ਆਧਾਰਿਤ ਡਾਕੂਮੈਂਟਰੀ ਦਿਖਾਈ



**ਫਗਵਾੜਾ (ਜਸਵਿੰਦਰ ਢੱਡਾ)**- ਸ੍ਰੀ ਗੁਰੂ ਰਵਿਦਾਸ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਪੰਜਾਬ ਸਰਕਾਰ ਦੇ ਸਾਲ ਭਰ ਚੱਲਣ ਵਾਲੇ ਯਾਦਗਾਰੀ ਪ੍ਰੋਗਰਾਮਾਂ ਦੇ ਹਿੱਸੇ ਵਜੋਂ ਸਬ-ਡਿਵੀਜ਼ਨ ਦੇ ਪਿੰਡ ਰੰਘਵਾਂ ਅਤੇ ਹਰਦਾਸਪੁਰ ਵਿਖੇ ਗੁਰੂ ਜੀ ਦੇ ਜੀਵਨ, ਸਿੱਖਿਆਵਾਂ ਅਤੇ ਯਾਤਰਾ ਨੂੰ ਦਰਸਾਉਂਦੀਆਂ ਡਾਕੂਮੈਂਟਰੀਆਂ ਦੇ ਸ਼ੋਅ ਕਰਵਾਏ ਗਏ। ਇਸ 30 ਮਿੰਟ ਦੀ ਡਾਕੂਮੈਂਟਰੀ ਨੂੰ ਦਰਸ਼ਕਾਂ ਤੋਂ ਹੁੰਗਾਰਾ ਮਿਲਿਆ, ਜਿਸ ਵਿੱਚ ਨੌਜਵਾਨਾਂ, ਮਹਿਲਾਵਾਂ ਅਤੇ ਬਜ਼ੁਰਗਾਂ ਸਮੇਤ ਪਿੰਡ ਵਾਸੀਆਂ ਨੇ ਵੱਡੀ ਗਿਣਤੀ ਵਿੱਚ ਸ਼ਿਰਕਤ ਕੀਤੀ। ਹਿਰਦੇਸ਼ਨ ਨੇ ਬੜੀ ਦਿਲਚਸਪੀ ਅਤੇ ਸ਼ਰਧਾ ਭਾਵਨਾ ਨਾਲ ਇਸ ਡਾਕੂਮੈਂਟਰੀ ਨੂੰ ਦੇਖਿਆ।ਡਾਕੂਮੈਂਟਰੀ ਵਿੱਚ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫਲਸਫ਼ੇ ਅਤੇ ਅਧਿਆਤਮਿਕ ਯਾਤਰਾ 'ਤੇ ਚਾਨਣਾ ਪਾਇਆ ਗਿਆ, ਜਿਸ ਦੇ ਨਾਲ-ਨਾਲ ਉਨ੍ਹਾਂ ਦੀਆਂ ਸਮਾਨਤਾ, ਸਮਾਜਿਕ ਨਿਆਂ, ਹਮਦਰਦੀ, ਨਿਮਰਤਾ ਅਤੇ ਪ੍ਰਮਾਤਮਾ ਪ੍ਰਤੀ ਭਗਤੀ ਦੀਆਂ ਸਦੀਵੀ ਸਿੱਖਿਆਵਾਂ ਨੂੰ ਪ੍ਰਦਰਸ਼ਿਤ ਕੀਤਾ ਗਿਆ। ਇਸ ਵਿੱਚ ਗੁਰੂ ਜੀ ਦੇ ਇੱਕ ਜਾਤੀ ਰਹਿਤ ਸਮਾਜ ਦੇ ਵਿਜ਼ਨ (ਸੰਕਲਪ) ਨੂੰ ਵੀ ਖੂਬਸੂਰਤ ਢੰਗ ਨਾਲ ਪੇਸ਼ ਕੀਤਾ ਗਿਆ ਜੋ ਵਿਤਕਰੇ, ਜਾਤ-ਪਾਤ ਦੇ ਪਾੜੇ ਅਤੇ ਸਮਾਜਿਕ ਅਸਮਾਨਤਾਵਾਂ ਤੋਂ ਮੁਕਤ ਹੋਵੇ ਤੇ ਜੋ ਲੋਕਾਂ ਨੂੰ ਸਰਵ-ਵਿਆਪੀ ਭਾਈਚਾਰੇ, ਸ਼ਾਂਤੀ ਅਤੇ ਸਦਭਾਵਨਾ ਵਾਲੇ ਸਹਿ-ਹੋਂਦ ਦੇ ਮੁੱਲਾਂ ਨੂੰ ਅਪਣਾਉਣ ਲਈ ਪ੍ਰੇਰਿਤ ਕਰਦਾ ਹੈ। ਪਿੰਡ ਵਾਸੀਆਂ ਨੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਇਸ ਡਾਕੂਮੈਂਟਰੀ ਨੇ ਗੁਰੂ ਜੀ ਦੇ ਮਨੁੱਖਤਾ, ਸਮਾਨਤਾ ਅਤੇ ਨਿਸ਼ਕਾਮ ਸੇਵਾ ਦੇ ਸੰਦੇਸ਼ ਬਾਰੇ ਇੱਕ ਪ੍ਰਭਾਵਸ਼ਾਲੀ ਝਾਤ ਪਵਾਈ ਹੈ, ਜੋ ਅੱਜ ਦੇ ਸਮਾਜ ਵਿੱਚ ਵੀ ਪੂਰੀ ਤਰ੍ਹਾਂ ਸਾਰਥਕ ਹੈ।

## ਜਲਾਲਪੁਰ ਨੇ ਖੇਡਾਂ ਦੇ ਸਮਾਨ ਲਈ 1 ਲੱਖ ਦਾ ਚੈੱਕ ਕੀਤਾ ਭੇਟ



**ਪੋਜੇਵਾਲ (ਰਾਮ ਲਾਲ)**
ਜ਼ਿਲ੍ਹਾ ਪਲੈਨਿੰਗ ਬੋਰਡ, ਸ਼ਹੀਦ ਭਗਤ ਸਿੰਘ ਨਗਰ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਐਮ ਪਿੰਡ ਭਾਰਾਪੁਰ ਵਿਖੇ ਇੱਕ ਜਨਤਕ ਇਕੱਠ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਬੱਚਿਆਂ ਨੂੰ ਨਸ਼ਿਆਂ ਦੇ ਕੋਹੜ ਤੋਂ ਦੂਰ ਰਹਿਣ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਲਈ ਮੌਕੇ 'ਤੇ ਹੀ ਬੱਚਿਆਂ ਦੇ ਖੇਡਾਂ ਦੇ ਸਮਾਨ ਵਾਸਤੇ 1 ਲੱਖ ਰੁਪਏ ਦੀ ਰਾਸ਼ੀ ਦਾ ਚੈਕ ਭੇਟ ਕੀਤਾ। ਚੇਅਰਮੈਨ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਦੀ ਜਵਾਨੀ ਨੂੰ ਬਚਾਉਣ ਲਈ ਵਚਨਬੱਧ ਹੈ। ਸਰਕਾਰ ਵੱਲੋਂ ਚਲਾਈ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਤਹਿਤ ਜਿੱਥੇ ਨਸ਼ਾ ਤਸਕਰਾਂ 'ਤੇ ਨਕੇਲ ਕੱਸੀ ਗਈ ਹੈ, ਉੱਥੇ ਹੀ ਪਿੰਡਾਂ ਦੀ ਨੁਹਾਰ ਬਦਲਣ ਅਤੇ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਲਈ ਖੁੱਲ੍ਹੇ ਦਿਲ ਨਾਲ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ ਅਤੇ ਨਵੇਂ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ। ਇਸ ਮੀਟਿੰਗ ਵਿੱਚ ਪਿੰਡ ਨਿਵਾਸੀਆਂ ਨੇ ਵੱਡੀ ਗਿਣਤੀ ਵਿੱਚ ਭਾਗ ਲਿਆ। ਇਸ ਮੌਕੇ ਚੇਅਰਮੈਨ ਜਲਾਲਪੁਰ ਨੇ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ ਅਤੇ ਮੌਕੇ 'ਤੇ ਅਫਸਰ ਸਹਿਬਾਨਾਂ ਨਾਲ ਗੱਲ ਕਰਕੇ ਉਨ੍ਹਾਂ ਨੂੰ ਹੱਲ ਕਰਨ ਲਈ ਕਿਹਾ। ਇਸ ਮੌਕੇ ਸਾਬਕਾ ਸਰਪੰਚ ਬਚਿੱਤਰ ਸਿੰਘ, ਗੋਪਾਲ ਸਿੰਘ ਪੰਚ, ਸੁਖਦੇਵ ਸਿੰਘ ਪੰਚ, ਮਹਿੰਦਰ ਸਿੰਘ, ਰਵਿੰਦਰ ਸਿੰਘ, ਤਵਨ ਸਿੰਘ, ਗੁਰਪਾਲ ਸਿੰਘ, ਬਲਵੰਤ ਸਿੰਘ ਅਤੇ ਅਮਰੀਕ ਸਿੰਘ ਸਮੇਤ ਕਈ ਪਾਰਟੀ ਵਰਕਰ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।

## ਮਲਟੀਪਰਪਜ਼ ਹੈਲਥ ਵਰਕਰਾਂ ਵੱਲੋਂ ਰੋਸ ਧਰਨਾ ਭਲਕੇ

**ਜਲੰਧਰ (ਲਖਵਿੰਦਰ ਸਿੰਘ ਆਧੀ)**-ਐੱਨ ਐੱਚ ਐੱਮ ਅਧੀਨ ਪੰਜਾਬ ਭਰ ਵਿੱਚ ਕੰਮ ਕਰਦੀਆਂ ਕੰਟਰੈਕਟ ਨੇ ਸਰਕਾਰ ਅਤੇ ਵਿਭਾਗ ਦੀਆਂ ਨੀਤੀਆਂ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਹੈ। ਯੂਨੀਅਨ ਦੀ ਪ੍ਰਧਾਨ ਸਰਬਜੀਤ ਕੌਰ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਾਈਕੋਰਟ ਦੇ ਹੁਕਮਾਂ 'ਤੇ 'ਬਰਾਬਰ ਕੰਮ-ਬਰਾਬਰ ਤਨਖਾਹ' ਤਾਂ ਲਾਗੂ ਕਰ ਦਿੱਤੀ ਗਈ ਹੈ, ਪਰ ਕਈ ਜ਼ਿਲ੍ਹਿਆਂ ਵਿੱਚ ਮੁਲਾਜ਼ਮਾਂ ਨੂੰ ਅਜੇ ਤੱਕ ਬਕਾਇਆ ਨਹੀਂ ਦਿੱਤਾ ਗਿਆ ਅਤੇ ਨਾ ਹੀ ਤਨਖਾਹਾਂ ਸਹੀ ਢੰਗ ਨਾਲ ਦਿੱਤੀਆਂ ਜਾ ਰਹੀਆਂ ਹਨ।ਯੂਨੀਅਨ ਨੇ ਇਲਜ਼ਾਮ ਲਾਇਆ ਹੈ ਕਿ ਜ਼ਿਲ੍ਹਾ ਪੱਧਰੀ ਅਕਾਊਂਟ ਅਫ਼ਸਰਾਂ ਵੱਲੋਂ ਬਿਨਾਂ ਕਿਸੇ ਸਰਕਾਰੀ ਪੱਤਰ ਦੇ ਮੁਲਾਜ਼ਮਾਂ ਦਾ ਵਰਦੀ ਭੱਤਾ ਅਤੇ ਟੂਰ ਭੱਤਾ ਕੱਟ ਦਿੱਤਾ ਗਿਆ ਹੈ। ਮੁਲਾਜ਼ਮਾਂ ਦਾ ਕਹਿਣਾ ਹੈ ਕਿ ਜੇਕਰ ਉਨ੍ਹਾਂ ਨੂੰ ਰੈਗੂਲਰ ਮੁਲਾਜ਼ਮਾਂ ਦੇ ਬਰਾਬਰ ਤਨਖਾਹ ਦਿੱਤੀ ਗਈ ਹੈ ਤਾਂ ਫਿਰ ਰੈਗੂਲਰ ਮੁਲਾਜ਼ਮਾਂ ਵਾਂਗ ਉਨ੍ਹਾਂ ਨੂੰ ਵੀ ਐੱਚ ਆਰ ਤੇ ਮੋਬਾਈਲ ਭੱਤੇ ਕਿਉਂ ਨਹੀਂ ਦਿੱਤੇ ਜਾ ਰਹੇ? ਇਸ ਮਸਲੇ ਨੂੰ ਲੈ ਕੇ 1 ਜੁਲਾਈ ਨੂੰ ਮਿਸ਼ਨ ਡਾਇਰੈਕਟਰ ਨਾਲ ਮੀਟਿੰਗ ਵੀ ਕੀਤੀ ਗਈ ਸੀ, ਪਰ ਅਜੇ ਤੱਕ ਕੋਈ ਕਾਰਵਾਈ ਨਾ ਹੋਣ ਕਾਰਨ ਮੁਲਾਜ਼ਮਾਂ ਵਿੱਚ ਭਾਰੀ ਰੋਸ ਹੈ। ਇਸ ਦੇ ਰੋਸ ਵਜੋਂ, ਸਮੂਹ ਕੰਟਰੈਕਟ ਮਲਟੀਪਰਪਜ ਹੈਲਥ ਵਰਕਰਾਂ ਨੇ ਫੈਸਲਾ ਕੀਤਾ ਹੈ ਕਿ 15 ਜੁਲਾਈ ਨੂੰ ਉਹ ਟੀਕਾਕਰਨ ਦਾ ਪੂਰਨ ਬਾਈਕਾਟ ਕਰਨਗੀਆਂ ਅਤੇ ਸੂਬੇ ਦੇ ਸਿਵਲ ਸਰਜਨ ਦਫ਼ਤਰਾਂ ਅੱਗੇ ਰੋਸ ਧਰਨੇ ਦਿੱਤੇ ਜਾਣਗੇ।

## ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਵੱਲੋਂ 29 ਦੀ ਰੈਲੀ 'ਚ ਸ਼ਾਮਲ ਹੋਣ ਦਾ ਐਲਾਨ



**ਫਗਵਾੜਾ (ਜਸਵਿੰਦਰ ਢੱਡਾ)**- ਪੰਜਾਬ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਫਗਵਾੜਾ ਦੀ ਮਹੀਨਾਵਾਰ ਮਾਸਿਕ ਮੀਟਿੰਗ ਸੀਨੀਅਰ ਮੀਤ ਪ੍ਰਧਾਨ ਪ੍ਰਮੋਦ ਕੁਮਾਰ ਜੋਸ਼ੀ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੀ ਕਾਰਵਾਈ ਨੂੰ ਐਸੋਸੀਏਸ਼ਨ ਦੇ ਜਨਰਲ ਸਕੱਤਰ ਅਤੇ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ(ਰਜਿ) ਦੇ ਸੂਬਾ ਸਹਾਇਕ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਚਲਾਇਆ।ਮੀਟਿੰਗ ਵਿੱਚ ਹਾਜ਼ਰ ਸਮੂਹ ਆਗੂਆਂ ਅਤੇ ਮੈਂਬਰਾਂ ਨੇ ਕਿਹਾ ਕਿ ਹਾਈਕੋਰਟ ਦੇ ਫੈਸਲੇ ਅਨੁਸਾਰ 18 ਪ੍ਰਤੀਸ਼ਤ ਡੀ ਏ ਦੀਆਂ ਕਿਸ਼ਤਾਂ ਅਤੇ ਬਕਾਏ ਦੇਣ ਨੂੰ ਲੰਬੇ ਸਮੇਂ ਤੱਕ ਲਟਕਾਉਣ ਲਈ ਹਾਈਕੋਰਟ ਵਿੱਚ ਫੈਸਲੇ ਦੇ ਵਿਰੁੱਧ ਅਪੀਲਾਂ ਪਾ ਕੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵਿੱਚ ਆਪਣੇ ਪ੍ਰਤੀ ਹੋਰ ਵੀ ਗੁੱਸਾ ਪੈਦਾ ਕਰ ਰਹੀ ਹੈ। ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨੇ ਸਰਬ ਸੰਮਤੀ ਨਾਲ ਪਾਸ ਕੀਤਾ ਕਿ ਪੰਜਾਬ ਗੌਰਮਿੰਟ ਪੈਨਸ਼ਨਰਜ਼ ਜੁਆਇੰਟ ਫਰੰਟ ਵਲੋਂ 29 ਜੁਲਾਈ ਨੂੰ ਸੰਗਰੂਰ ਵਿਖੇ ਕੀਤੀ ਜਾ ਰਹੀ ਵਿਸ਼ਾਲ ਸੂਬਾਈ ਰੈਲੀ ਅਤੇ ਮਾਰਚ ਵਿੱਚ ਅਤੇ ਸਮੂਹ ਵਰਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੇ ਜੁਆਇੰਟ ਕੋਆਰਡੀਨੇਸ਼ਨ ਕਮੇਟੀ ਪੰਜਾਬ ਵੱਲੋਂ 7 ਅਗਸਤ ਨੂੰ ਚੰਡੀਗੜ੍ਹ ਵਿਖੇ ਕੀਤੀ ਜਾ ਰਹੀ ਸੂਬਾਈ ਰੈਲੀ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਮੂਲੀਅਤ ਕਰਨ ਦੇ ਉਪਰਾਲੇ ਤੇਜ਼ ਕੀਤੇ ਜਾਣਗੇ। ਐਸੋਸੀਏਸ਼ਨ ਦੇ ਵਿੱਤ ਸਕੱਤਰ ਗੁਰਨਾਮ ਸਿੰਘ ਸੈਣੀ ਨੇ ਮੀਟਿੰਗ ਵਿੱਚ ਹਾਜ਼ਰ ਮੈਂਬਰਾਂ ਨਾਲ ਆਮਦਨ ਅਤੇ ਖਰਚੇ ਦੇ ਵੇਰਵੇ ਸਾਂਝੇ ਕਰਦੇ ਹੋਏ,ਕੀਤੇ ਗਏ ਖਰਚਿਆਂ ਨੂੰ ਪਾਸ ਕਰਵਾਇਆ ਗਿਆ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਪ੍ਰਮੋਦ ਕੁਮਾਰ ਜੋਸ਼ੀ, ਗੁਰਨਾਮ ਸਿੰਘ ਸੈਣੀ, ਸਤਪਾਲ ਸਿੰਘ ਖੱਟਕੜ, ਸੀਤਲ ਰਾਮ ਬੰਗਾ, ਪਿਸ਼ੌਰੀ ਲਾਲ ਸ਼ਾਸ਼ਤਰੀ,ਪਿਆਰਾ ਰਾਮ ਜੱਸੀ, ਰਤਨ ਸਿੰਘ ਗੁਰਾਇਆ, ਬਲਬੀਰ ਸਿੰਘ ਕੂਨਰ, ਜੋਗਿੰਦਰ ਸਿੰਘ ਕੁਲਦੀਪ ਸਿੰਘ ਕੌੜਾ ਆਦਿ ਪੈਨਸ਼ਨਰ ਸਾਥੀ ਸ਼ਾਮਲ ਹੋਏ।

## ਪੈਨਸ਼ਨਰਜ਼ ਐਸੋਸੀਏਸ਼ਨ ਦੀ ਮੀਟਿੰਗ

**ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪੈਨਸ਼ਨਰਜ਼ ਐਸੋਸੀਏਸ਼ਨ ਰਜਿਸਟਰਡ ਪੰਜਾਬ ਸਟੇਟ ਪਾਵਰ ਅਤੇ ਟਰਾਂਸਮਿਸ਼ਨ ਕਾਰਪੋਰੇਸ਼ਨ ਲਿਮ. ਮੰਡਲ ਸ੍ਰੀ ਆਨੰਦਪੁਰ ਸਾਹਿਬ ਦੀ ਮਹੀਨਾ ਵਾਰ ਮੀਟਿੰਗ ਰਕੇਸ਼ ਬਾਲੀ ਕਲਸੇੜਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਲਗਭਗ 45 ਸਾਥੀਆਂ ਨੇ ਹਿੱਸਾ ਲਿਆ। ਸਾਥੀਆਂ ਨੂੰ ਸੰਬੋਧਨ ਕਰਦੇ ਹੋਏ ਬੁਲਾਰੇ ਸਾਥੀਆਂ ਨਾਲ ਸਖਤ ਸ਼ਬਦਾਂ ਵਿੱਚ ਨਿਖੇਧੀ ਕਰਦੇ ਹੋਏ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਪੰਜਾਬ ਸਰਕਾਰ ਦੇ ਮੌਜੂਦਾ ਕਰਮਚਾਰੀਆਂ ਨੂੰ ਕੇਂਦਰ ਸਰਕਾਰ ਦੀ ਤਰਜ ਤੇ 60 ਫੀਸਦੀ ਬਣਦਾ ਡੀਏ ਜਾਰੀ ਕੀਤਾ ਜਾਵੇ ਨਹੀਂ। ਮੀਟਿੰਗ ਵਿੱਚ ਧਰਮ ਚੰਦ ਗੋਹਲਣੀ, ਜਸਵਿੰਦਰ ਸਿੰਘ ਢੇਰ, ਜਗੀਰ ਸਿੰਘ ਰੌਲੀ, ਬਲਵੰਤ ਸਿੰਘ, ਕਰਨੈਲ ਸਿੰਘ, ਗੁਰਦਿਆਲ ਸਿੰਘ ਮਾਵੀ, ਪ੍ਰੇਮ ਕੁਮਾਰ ਸ਼ਰਮਾ ਨੇ ਇਸ ਮੀਟਿੰਗ ਨੂੰ ਸੰਬੋਧਨ ਕੀਤਾ। ਮੀਟਿੰਗ 17 ਜੁਲਾਈ ਨੂੰ ਮੋਹਾਲੀ ਵਿਖੇ ਸਾਂਝੇ ਮੋਰਚੇ ਦੇ ਧਰਨੇ ਵਿੱਚ ਵੱਧ ਤੋਂ ਵੱਧ ਸਾਥੀਆਂ ਨੂੰ ਸ਼ਾਮਿਲ ਹੋਣ ਦੀ ਅਪੀਲ ਕੀਤੀ ਗਈ।



## ਮੋਹਿੰਦਰ ਭਗਤ ਵੱਲੋਂ ਈ ਐੱਸ ਆਈ ਹਸਪਤਾਲ ਦਾ ਦੌਰਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪੰਜਾਬ ਦੇ ਬਾਗਬਾਨੀ, ਸੁਤੰਤਰਤਾ ਸੈਨਾਨੀ ਅਤੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਸਥਾਨਕ ਈ ਐੱਸ ਆਈ ਹਸਪਤਾਲ ਦਾ ਦੌਰਾ ਕਰਕੇ ਹਸਪਤਾਲ ਵਿੱਚ ਉਪਲਬਧ ਸਿਹਤ ਸੇਵਾਵਾਂ, ਮਰੀਜ਼ਾਂ ਨੂੰ ਦਿੱਤੀਆਂ ਜਾ ਰਹੀਆਂ ਸੁਵਿਧਾਵਾਂ ਅਤੇ ਵੱਖ-ਵੱਖ ਵਿਭਾਗਾਂ ਦੀ ਕਾਰਗੁਜ਼ਾਰੀ ਦਾ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਨੇ ਹਸਪਤਾਲ ਪ੍ਰਸ਼ਾਸਨ ਤੋਂ ਇਲਾਜ ਪ੍ਰਬੰਧ, ਆਧੁਨਿਕ ਮੈਡੀਕਲ ਉਪਕਰਣਾਂ, ਦਵਾਈਆਂ ਦੀ ਉਪਲਬਧਤਾ ਤੇ ਮਰੀਜ਼ਾਂ ਨੂੰ ਮਿਲ ਰਹੀਆਂ ਸਹੂਲਤਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਹਾਸਲ ਕੀਤੀ। ਨਿਰੀਖਣ ਦੌਰਾਨ ਕੈਬਨਿਟ ਮੰਤਰੀ ਨੇ ਹਸਪਤਾਲ ਵਿੱਚ ਦਾਖ਼ਲ ਮਰੀਜ਼ਾਂ ਅਤੇ ਉਨ੍ਹਾਂ ਦੇ ਪਰਵਾਰਕ ਮੈਂਬਰਾਂ ਨਾਲ ਗੱਲਬਾਤ ਵੀ ਕੀਤੀ ਅਤੇ ਇਲਾਜ ਸਬੰਧੀ ਉਨ੍ਹਾਂ ਦੇ ਤਜਰਬਿਆਂ ਬਾਰੇ ਜਾਣਕਾਰੀ ਲਈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਉਦੇਸ਼ ਹਰ ਨਾਗਰਿਕ ਨੂੰ ਗੁਣਵੱਤਾ ਭਰਪੂਰ ਅਤੇ ਸੌਖੀਆਂ ਸਿਹਤ ਸੇਵਾਵਾਂ ਮੁਹੱਈਆ ਕਰਵਾਉਣਾ ਹੈ। ਇਸੇ ਮਕਸਦ ਨਾਲ ਪੰਜਾਬ ਸਰਕਾਰ ਨੇ ਸਰਕਾਰੀ ਹਸਪਤਾਲਾਂ ਵਿੱਚ ਸਿਹਤ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕੀਤਾ ਹੈ ਤਾਂ ਜੋ ਲੋਕਾਂ ਨੂੰ ਬਿਹਤਰ ਇਲਾਜ ਲਈ ਪ੍ਰਾਈਵੇਟ ਹਸਪਤਾਲਾਂ 'ਤੇ ਨਿਰਭਰ ਨਾ ਰਹਿਣਾ ਪਵੇ। ਭਗਤ ਨੇ ਕਿਹਾ ਕਿ ਈ ਐੱਸ ਆਈ ਹਸਪਤਾਲ ਵਿੱਚ ਮਰੀਜ਼ਾਂ ਨੂੰ ਮਿਆਰੀ ਤੇ ਬਿਹਤਰ ਸਿਹਤ ਸੇਵਾਵਾਂ ਮਿਲ ਰਹੀਆਂ ਹਨ, ਜੋ ਕਿ ਸਰਕਾਰ ਦੀ ਸਿਹਤ ਸੇਵਾਵਾਂ ਨੂੰ ਹੋਰ ਮਜ਼ਬੂਤ ਬਣਾਉਣ ਦੀ ਵਚਨਬੱਧਤਾ ਦਾ ਨਤੀਜਾ ਹੈ। ਉਨ੍ਹਾਂ ਹਸਪਤਾਲ ਦੇ ਡਾਕਟਰਾਂ, ਨਰਸਿੰਗ ਸਟਾਫ਼ ਤੇ ਹੋਰ ਕਰਮਚਾਰੀਆਂ ਦੀ ਕਾਰਗੁਜ਼ਾਰੀ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮਰੀਜ਼ਾਂ ਪ੍ਰਤੀ ਸੰਵੇਦਨਸ਼ੀਲਤਾ ਅਤੇ ਸਮਰਪਣ ਦੀ ਭਾਵਨਾ ਨਾਲ ਸੇਵਾ ਕਰਨਾ ਹੀ ਸਿਹਤ ਸੇਵਾਵਾਂ ਦੀ ਸਭ ਤੋਂ ਵੱਡੀ ਪਛਾਣ ਹੈ। ਉਨ੍ਹਾਂ ਹਸਪਤਾਲ ਪ੍ਰਸ਼ਾਸਨ ਨੂੰ ਹਦਾਇਤ ਕੀਤੀ ਕਿ ਮਰੀਜ਼ਾਂ ਦੀ ਸਹੂਲਤ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਜਾਵੇ ਅਤੇ ਇਲਾਜ, ਸਫ਼ਾਈ, ਦਵਾਈਆਂ ਦੀ ਉਪਲਬਧਤਾ ਅਤੇ ਹੋਰ ਜ਼ਰੂਰੀ ਪ੍ਰਬੰਧਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਾ ਆਉਣ ਦਿੱਤੀ ਜਾਵੇ। ਇਸ ਮੌਕੇ ਸਬੰਧਤ ਵਿਭਾਗ ਦੇ ਅਧਿਕਾਰੀ, ਹਸਪਤਾਲ ਦੇ ਸੀਨੀਅਰ ਡਾਕਟਰ ਅਤੇ ਹੋਰ ਪ੍ਰਸ਼ਾਸਨਿਕ ਅਧਿਕਾਰੀ ਵੀ ਮੌਜੂਦ ਸਨ।



## ਸਰਬੱਤ ਦੇ ਭਲੇ ਲਈ ਬਾਬਾ ਕਾਮੂਆਣਾ ਦੇ ਅਸਥਾਨ 'ਤੇ ਧਾਰਮਿਕ ਸਮਾਗਮ ਜਾਰੀ

**ਟਾਂਡਾ ਉੜਮੁੜ, (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਪਿੰਡ ਰਾਜਪੁਰ ਗਹੋਤ ਵਿਖੇ ਸਥਿਤ ਧੰਨ ਧੰਨ ਬਾਬਾ ਕਾਮੂਆਣਾ ਦੇ ਪਵਿੱਤਰ ਅਸਥਾਨ ਤੇ ਚੱਲ ਰਹੇ ਸਾਲਾਨਾ ਧਾਰਮਿਕ ਜੋੜ ਮੇਲੇ ਦੇ ਤਹਿਤ ਚੌਥੇ ਐਤਵਾਰ ਦਾ ਸਮਾਗਮ ਸ਼ਰਧਾ ਸਤਿਕਾਰ ਤੇ ਸੇਵਾ ਭਾਵਨਾ ਨਾਲ ਕਰਵਾਇਆ ਗਿਆ। ਪ੍ਰਬੰਧਕ ਕਮੇਟੀ ਵੱਲੋਂ ਨਗਰ ਇਲਾਕੇ ਤੇ ਦੇਸ਼ ਵਿਦੇਸ਼ ਦੀਆਂ ਸੰਗਤਾਂ ਦੇ ਸਹਿਯੋਗ ਨਾਲ ਕਰਵਾਏ ਗਏ ਸਮਾਗਮ ਵਿੱਚ ਸਭ ਤੋਂ ਪਹਿਲਾਂ 10 ਜੁਲਾਈ ਤੋਂ ਆਰੰਭ ਕੀਤੇ ਗਏ 14 ਸ੍ਰੀ ਅਖੰਡ ਪਾਠ ਸਾਹਿਬ ਜੀ ਦੀ 8ਵੀਂ ਲੜੀ ਦੇ ਭੋਗ ਪਾਏ ਗਏ ਤੇ ਗਿਆਨੀ ਸੁਰਿੰਦਰ ਸਿੰਘ ਵੱਲੋਂ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ।ਇਸ ਮੌਕੇ ਸਜਾਏ ਗਏ ਕੀਰਤਨ ਦਰਬਾਰ ਵਿੱਚ ਭਾਈ ਸੁਰਿੰਦਰ ਸਿੰਘ ਬੈਂਚਾਂ ਅਤੇ ਭਾਈ ਸੁਰਿੰਦਰ ਸਿੰਘ ਗੋਬਿੰਦ ਨਗਰ ਟਾਂਡਾ ਦੇ ਰਾਗੀ ਜਥੇ ਵੱਲੋਂ ਸਮੂਹ ਸੰਗਤ ਨੂੰ ਮਨੋਹਰ ਸ਼ਬਦ ਕੀਰਤਨ ਦੁਆਰਾ ਨਿਹਾਲ ਕਰਦੇ ਹੋਏ ਗੁਰੂ ਚਰਨਾਂ ਨਾਲ ਜੋੜਿਆ ਗਿਆ।ਸਮਾਗਮ ਦੌਰਾਨ ਪ੍ਰਬੰਧਕ ਕਮੇਟੀ ਵੱਲੋਂ ਸ੍ਰੀ ਅਖੰਡ ਪਾਠ ਸਾਹਿਬ ਦੀ ਸੇਵਾ ਨਿਭਾਉਣ ਵਾਲੇ ਜਗਦੀਸ਼ ਸਿੰਘ ਰਾਜਪੁਰ, ਜਰਨੈਲ ਸਿੰਘ ਰਾਜਪੁਰ, ਸਰਵਣ ਸਿੰਘ ਜਲੰਧਰ, ਮਦਨ ਸਿੰਘ ਗਹੌਤ, ਹੰਸ ਰਾਜ ਕਾਂਗੜਾ, ਬਚਿੱਤਰ ਸਿੰਘ ਰਾਜਪੁਰ, ਚਰਨਜੀਤ ਸਿੰਘ ਰਾਜਪੁਰ, ਰਜਿੰਦਰ ਸਿੰਘ ਝੱਜੀ ਪਿੰਡ, ਗੁਰਬਚਨ ਸਿੰਘ ਟੇਰਕਿਆਣਾ, ਹਰ ਕੀਰਤ ਸਿੰਘ ਰਾਜਪੁਰ, ਹਰੀ ਸਿੰਘ ਬੱਸੀ ਮੁੱਦਾ, ਰਵਿੰਦਰ ਸਿੰਘ ਮਹਿਮੂਦਪੁਰ, ਅਵਤਾਰ ਸਿੰਘ ਰਾਜਪੁਰ ਅਤੇ ਹੋਰਨਾਂ ਸੇਵਾਦਾਰਾਂ ਨੂੰ ਸਿਰਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਸਟੇਜ ਸਕੱਤਰ ਦੀ ਸੇਵਾ ਨਿਭਾ ਰਹੇ ਮਾਸਟਰ ਚਰਨਜੀਤ ਸਿੰਘ ਰਾਜਪੁਰ ਅਤੇ ਕਮੇਟੀ ਪ੍ਰਧਾਨ ਸਾਬਕਾ ਸਰਪੰਚ ਕੈਪਟਨ ਗੁਰਜੀਤ ਸਿੰਘ ਨੇ ਪਹੁੰਚੀਆਂ ਹੋਈਆਂ ਸੰਗਤਾਂ ਦਾ ਧੰਨਵਾਦ ਕੀਤਾ ਅਤੇ ਰਹਿ ਗਏ ਸਮਾਗਮ ਬਾਰੇ ਜਾਣਕਾਰੀ ਦਿੱਤੀ ਤੇ ਦੱਸਿਆ ਕਿ ਸਮੁੱਚੇ ਸਮਾਗਮ ਦੀ ਸੰਪੂਰਨਤਾਈ 19 ਜੁਲਾਈ ਨੂੰ ਹੋਵੇਗੀ। ਇਸ ਮੌਕੇ ਸੰਗਤ ਦੀ ਸੇਵਾ ਵਾਸਤੇ ਚਾਹ ਪਕੌੜੇ ਤੇ ਗੁਰੂ ਦੇ ਲੰਗਰ ਅਤੁੱਟ ਵਰਤਾਏ ਗਏ। ਸਮਾਗਮ ਵਿੱਚ ਕੈਪਟਨ ਗੁਰਜੀਤ ਸਿੰਘ ਪ੍ਰਧਾਨ, ਰਣਜੀਤ ਸਿੰਘ ਸੈਕਟਰੀ, ਸੈਕਟਰੀ ਮਾਸਟਰ ਚਰਨਜੀਤ ਸਿੰਘ, ਸੁਰਜੀਤ ਸਿੰਘ, ਜਸਵੀਰ ਸਿੰਘ, ਅਮਰਜੀਤ ਸਿੰਘ ਕਾਕਾ, ਗੁਰਬਖਸ਼ ਸਿੰਘ, ਮਾਸਟਰ ਹਰਨਾਮ ਸਿੰਘ,ਧਰਮਪਾਲ ਸਿੰਘ, ਸਤਨਾਮ ਸਿੰਘ, ਮਾਸਟਰ ਗੁਰਮਿੰਦਰ ਸਿੰਘ, ਮਲਕੀਤ ਸਿੰਘ, ਨਰਿੰਦਰ ਸਿੰਘ, ਪਰਮਵੀਰ ਸਿੰਘ ਪੰਮਾ,ਕਰਨਪ੍ਰੀਤ ਸਿੰਘ, ਨਵਦੀਪ ਸਿੰਘ, ਹਰਪ੍ਰੀਤ ਸਿੰਘ ਹੈਪੀ ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾਈ।



## ਬਲੈਕ ਮੈਜ਼ਿਕ ਰਿਕਾਰਡਜ਼ ਵੱਲੋਂ ਜਲਦ ਰਿਲੀਜ਼ ਹੋਵੇਗਾ ਨਵਾਂ ਪੰਜਾਬੀ ਗੀਤ 'ਕਵੀਨ'

**ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)**-ਪੰਜਾਬੀ ਮਿਊਜ਼ਿਕ ਇੰਡਸਟਰੀ ਵਿੱਚ ਇੱਕ ਹੋਰ ਨਵਾਂ ਅਤੇ ਦਿਲਚਸਪ ਪ੍ਰੋਜੈਕਟ ਜਲਦ ਹੀ ਦਰਸ਼ਕਾਂ ਦੇ ਸਨਮੁੱਖ ਹੋਣ ਜਾ ਰਿਹਾ ਹੈ।ਬਲੈਕ ਮੈਜਿਕ ਰਿਕਾਰਡਸ ਦੇ ਬੈਨਰ ਹੇਠ ਤਿਆਰ ਕੀਤਾ ਗਿਆ ਨਵਾਂ ਪੰਜਾਬੀ ਗੀਤ 'ਕਵੀਨ' ਜਲਦੀ ਰਿਲੀਜ਼ ਕੀਤਾ ਜਾਵੇਗਾ। ਗੀਤ ਨੂੰ ਲੈ ਕੇ ਸੰਗੀਤ ਪ੍ਰੇਮੀਆਂ ਵਿੱਚ ਪਹਿਲਾਂ ਹੀ ਕਾਫ਼ੀ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਇਸ ਗੀਤ ਨੂੰ ਉਭਰਦੇ ਕਲਾਕਾਰ ਰਿਆਜ਼ ਬੰਗਾ ਨੇ ਆਪਣੀ ਮਿੱਠੀ ਆਵਾਜ਼ ਨਾਲ ਗਾਇਆ ਹੈ। ਗੀਤ ਦੇ ਬੋਲ ਵੀ ਉਨ੍ਹਾਂ ਵੱਲੋਂ ਹੀ ਲਿਖੇ ਗਏ ਹਨ ਅਤੇ ਕੰਪੋਜ਼ ਵੀ ਖੁਦ ਰਿਆਜ਼ ਬੰਗਾ ਨੇ ਕੀਤਾ ਹੈ। ਗੀਤ ਦੀ ਵੀਡੀਓ ਵਿੱਚ ਰਿਧਮਪ੍ਰੀਤ ਕੌਰ ਫੀਮੇਲ ਲੀਡ ਵਜੋਂ ਨਜ਼ਰ ਆਏਗੀ। ਵੀਡੀਓ ਦਾ ਨਿਰਦੇਸ਼ਨ ਅਰਸ਼ ਮਹਿਰਾ ਨੇ ਕੀਤਾ ਹੈ, ਜਦਕਿ ਸਿਨੇਮਾਟੋਗ੍ਰਾਫੀ ਦੀ ਜ਼ਿੰਮੇਵਾਰੀ ਰਾਜਵੀਰ ਸਿੰਘ ਨੇ ਬਾਖੂਬੀ ਨਿਭਾਈ ਹੈ। ਇਸ ਪੂਰੇ ਪ੍ਰੋਜੈਕਟ ਨੂੰ ਨਾਵੀ ਪਟਿਆਲਾ ਵੱਲੋਂ ਪੇਸ਼ ਕੀਤਾ ਗਿਆ ਹੈ।ਗੀਤ ਨਾਲ ਜੁੜੀ ਟੀਮ ਨੇ ਭਰੋਸਾ ਜਤਾਇਆ ਹੈ ਕਿ 'ਕਵੀਨ' ਆਪਣੇ ਦਮਦਾਰ ਬੋਲਾਂ, ਸੁਰੀਲੇ ਸੰਗੀਤ ਅਤੇ ਖੂਬਸੂਰਤ ਵੀਡੀਓਗ੍ਰਾਫੀ ਦੇ ਸਦਕਾ ਦਰਸ਼ਕਾਂ ਦੇ ਦਿਲਾਂ 'ਚ ਖਾਸ ਥਾਂ ਬਣਾਏਗਾ।

## ਹਰ ਯੋਗ ਨਾਗਰਿਕ ਦਾ ਨਾਂਅ ਵੋਟਰ ਸੂਚੀ 'ਚ ਸ਼ਾਮਲ ਕਰਨਾ ਸਾਡੀ ਤਰਜੀਹ : ਔਲਖ

**ਬਲਾਚੌਰ (ਜਸਵਿੰਦਰ ਬੈਂਸ)**- ਪੰਜਾਬ ਦੇ ਮੁੱਖ ਚੋਣ ਅਫਸਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਚੱਲ ਜ਼ਿਲ੍ਹੇ ਅੰਦਰ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ-2026) ਮੁਹਿੰਮ ਨੂੰ ਉਸ ਸਮੇਂ ਹੋਰ ਹੁਲਾਰਾ ਮਿਲਿਆ, ਜਦੋਂ ਸ਼ਹੀਦ ਭਗਤ ਸਿੰਘ ਨਗਰ ਦੇ ਸਾਰੇ ਪੋਲਿੰਗ ਬੂਥਾਂ 'ਤੇ ਲਗਾਏ ਗਏ ਵਿਸ਼ੇਸ਼ ਕੈਂਪਾਂ ਵਿੱਚ ਵੋਟਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕਰਦਿਆਂ ਆਪਣੇ ਇਨਿਊਮਰੇਸ਼ਨ ਫਾਰਮ ਜਮ੍ਹਾਂ ਕਰਵਾਏ। ਕੈਂਪਾਂ ਦੌਰਾਨ ਅਨ-ਮੈਪਡ ਵੋਟਰਾਂ ਦੀ ਮੈਪਿੰਗ ਅਤੇ ਪ੍ਰਾਪਤ ਫਾਰਮਾਂ ਦੀ ਡਿਜ਼ੀਟਾਈਜ਼ੇਸ਼ਨ ਦਾ ਕੰਮ ਵੀ ਜੰਗੀ ਪੱਧਰ 'ਤੇ ਕੀਤਾ ਗਿਆ। ਜ਼ਿਲ੍ਹਾ ਚੋਣ ਅਫ਼ਸਰ-ਕਮ-ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੇ ਦੱਸਿਆ ਕਿ ਸਵੇਰੇ 8.00 ਵਜੇ ਤੋਂ ਦੁਪਹਿਰ 3.00 ਵਜੇ ਤੱਕ ਸਮੂਹ ਬੂਥ ਲੈਵਲ ਅਫ਼ਸਰ (ਬੀ ਐੱਲਓਜ਼) ਆਪਣੇ-ਆਪਣੇ ਪੋਲਿੰਗ ਬੂਥਾਂ 'ਤੇ ਤਾਇਨਾਤ ਰਹੇ ਅਤੇ ਉਨ੍ਹਾਂ ਨੇ ਵੋਟਰਾਂ ਨੂੰ ਇਨਿਊਮਰੇਸ਼ਨ ਫਾਰਮ ਭਰਨ, ਜਮ੍ਹਾਂ ਕਰਵਾਉਣ ਅਤੇ ਮੈਪਿੰਗ ਸਬੰਧੀ ਹਰ ਲੋੜੀਂਦੀ ਸਹਾਇਤਾ ਪ੍ਰਦਾਨ ਕੀਤੀ। ਉਨ੍ਹਾਂ ਕਿਹਾ ਕਿ ਵਿਸ਼ੇਸ਼ ਕੈਂਪਾਂ ਦਾ ਮੁੱਖ ਉਦੇਸ਼ ਹਰ ਯੋਗ ਵੋਟਰ ਦੀ ਮੈਪਿੰਗ ਨੂੰ ਯਕੀਨੀ ਬਣਾਉਣਾ ਤੇ ਵੋਟਰ ਸੂਚੀ ਨੂੰ ਹੋਰ ਸਹੀ, ਪਾਰਦਰਸ਼ੀ ਅਤੇ ਸਮਾਵੇਸ਼ੀ ਬਣਾਉਣਾ ਹੈ। ਡਿਪਟੀ ਕਮਿਸ਼ਨਰ ਨੇ ਵੋਟਰਾਂ ਦੇ ਭਰਵੇਂ ਸਹਿਯੋਗ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਇਨ੍ਹਾਂ ਕੈਂਪਾਂ ਦੌਰਾਨ ਪ੍ਰਾਪਤ ਇਨਿਊਮਰੇਸ਼ਨ ਫਾਰਮਾਂ ਦੀ ਡਿਜ਼ੀਟਾਈਜ਼ੇਸ਼ਨ ਵੀ ਨਾਲੋ-ਨਾਲ ਕੀਤੀ ਗਈ, ਜਿਸ ਨਾਲ ਐੱਸ ਆਈ ਆਰ-2026 ਦੀ ਪ੍ਰਗਤੀ ਨੂੰ ਹੋਰ ਰਫ਼ਤਾਰ ਮਿਲੀ ਹੈ। ਉਨ੍ਹਾਂ ਅਪੀਲ ਕੀਤੀ ਕਿ ਜਿਨ੍ਹਾਂ ਵੋਟਰਾਂ ਨੇ ਅਜੇ ਤੱਕ ਆਪਣੇ ਇਨਿਊਮਰੇਸ਼ਨ ਫਾਰਮ ਜਮ੍ਹਾਂ ਨਹੀਂ ਕਰਵਾਏ, ਉਹ ਬਿਨਾਂ ਕਿਸੇ ਦੇਰੀ ਆਪਣੇ ਸਬੰਧਤ ਬੀ ਐੱਲ ਓ ਨਾਲ ਸੰਪਰਕ ਕਰਕੇ ਫਾਰਮ ਜਮ੍ਹਾਂ ਕਰਵਾਉਣ। ਔਲਖ ਨੇ ਦੱਸਿਆ ਕਿ ਭਾਰਤ ਚੋਣ ਕਮਿਸ਼ਨ ਵੱਲੋਂ ਇਨਿਊਮਰੇਸ਼ਨ ਫਾਰਮਾਂ ਦੀ ਵੰਡ, ਪ੍ਰਾਪਤੀ ਅਤੇ ਡਿਜ਼ੀਟਾਈਜ਼ੇਸ਼ਨ ਦੀ ਅੰਤਿਮ ਮਿਤੀ 24 ਜੁਲਾਈ ਨਿਰਧਾਰਤ ਕੀਤੀ ਗਈ ਹੈ। ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਮੇਂ ਸਿਰ ਇਨਿਊਮਰੇਸ਼ਨ ਫਾਰਮ ਜਮ੍ਹਾਂ ਕਰਵਾਉਣਾ ਹਰੇਕ ਯੋਗ ਵੋਟਰ ਦੀ ਜ਼ਿੰਮੇਵਾਰੀ ਹੈ, ਤਾਂ ਜੋ ਕੋਈ ਵੀ ਯੋਗ ਨਾਗਰਿਕ ਵੋਟਰ ਸੂਚੀ ਵਿੱਚ ਸ਼ਾਮਲ ਹੋਣ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਐੱਸ ਆਈ ਆਰ-2026 ਸਬੰਧੀ ਕਿਸੇ ਵੀ ਜਾਣਕਾਰੀ, ਸਹਾਇਤਾ ਜਾਂ ਸ਼ਿਕਾਇਤ ਲਈ ਜ਼ਿਲ੍ਹਾ ਚੋਣ ਦਫ਼ਤਰ, ਸ਼ਹੀਦ ਭਗਤ ਸਿੰਘ ਨਗਰ ਨਾਲ ਸੰਪਰਕ ਕੀਤਾ ਜਾ ਸਕਦਾ ਹੈ ਜਾਂ ਚੋਣ ਕਮਿਸ਼ਨ ਦੇ ਟੋਲ-ਫ਼ਰੀ ਨੰਬਰ 1950 'ਤੇ ਕਾਲ ਕਰਕੇ ਜਾਣਕਾਰੀ ਹਾਸਲ ਕੀਤੀ ਜਾ ਸਕਦੀ ਹੈ।

## ਪਿੰਡ ਦੀ ਨੁਹਾਰ ਬਦਲਣ ਲਈ ਵੈੱਲਫੇਅਰ ਸੋਸਾਇਟੀ ਨੇ ਕੀਤੀ ਕਾਰਜਾਂ ਦੀ ਆਰੰਭਤਾ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਇਤਿਹਾਸਕ ਨਗਰ ਪਿੰਡ ਮੂਨਕ ਖੁਰਦ ਦੀ ਬਿਹਤਰੀ ਤੇ ਨੁਹਾਰ ਬਦਲਣ ਦੇ ਮੰਤਵ ਨਾਲ ਗਠਿਤ ਕੀਤੀ ਗਈ ਮੂਨਕ ਖੁਰਦ ਵੈਲਫੇਅਰ ਸੋਸਾਇਟੀ ਵੱਲੋਂ ਆਪਣੇ ਕਾਰਜਾਂ ਦੀ ਆਰੰਭਤਾ ਕੀਤੀ ਗਈ। ਇਸ ਮੌਕੇ ਸਭ ਤੋਂ ਪਹਿਲਾਂ ਗੁਰਦੁਆਰਾ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵਿਖੇ ਸੋਸਾਇਟੀ ਦੇ ਕਾਰਜਾਂ ਦੀ ਸਫਲਤਾ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ ਗਈ। ਇਸ ਮੌਕੇ ਸੋਸਾਇਟੀ ਦੇ ਸਰਪ੍ਰਸਤ ਸਾਬਕਾ ਸ਼ਾਮ ਸਿੰਘ ਮੂਨਕਾ ਅਤੇ ਸੋਸਾਇਟੀ ਦੇ ਮੁੱਖ ਸੇਵਾਦਾਰ ਪ੍ਰਧਾਨ ਸੁਰਜੀਤ ਸਿੰਘ ਭਾਰਦਵਾਜ਼ ਨੇ ਦੱਸਿਆ ਕਿ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਲੜੀ ਤਹਿਤ ਸਭ ਤੋਂ ਪਹਿਲਾਂ ਪਿੰਡ ਵਿੱਚ ਢੁਕਵੇ ਸਥਾਨਾਂ ਤੇ ਸੋਲਰ ਲਾਈਟਾਂ ਅਤੇ ਸ਼ਬਦ ਕੀਰਤਨ ਵਾਲੇ ਸਪੀਕਰ ਲਗਾਏ ਜਾਣਗੇ ਤਾਂ ਜੋ ਰਾਤ ਸਮੇਂ ਪਿੰਡ ਵਿੱਚ ਕਿਸੇ ਕਿਸਮ ਦੀ ਕਿਸੇ ਨੂੰ ਮੁਸ਼ਕਲ ਪੇਸ਼ ਨਾ ਆਵੇ। ਇਸ ਤੋਂ ਇਲਾਵਾ ਸੁਸਾਇਟੀ ਵੱਲੋਂ ਵਾਤਾਵਰਣ ਦੀ ਸੇਵਾ ਸੰਭਾਲ ਕਰਦੇ ਹੋਏ ਪਿੰਡ ਵਿੱਚ ਲੋੜ ਅਨੁਸਾਰ ਵੱਖ-ਵੱਖ ਥਾਵਾਂ ਤੇ ਪੌਦੇ ਵੀ ਲਗਾਏ ਜਾਣਗੇ। ਸੋਸਾਇਟੀ ਦੇ ਸਮੂਹ ਮੈਂਬਰਾਂ ਨੇ ਇਸ ਮੌਕੇ ਜਾਣਕਾਰੀ ਦਿੰਦਿਆਂ ਹੋਏ ਦੱਸਿਆ ਕਿ ਸੋਸਾਇਟੀ ਦੇ ਇਸ ਕਾਰਜ ਵਿੱਚ ਹੁਣ ਤੱਕ ਵੱਖ-ਵੱਖ ਸੇਵਾਦਾਰਾਂ ਵੱਲੋਂ ਯੋਗਦਾਨ ਪਾਇਆ ਗਿਆ ਹੈ ਜਿਸ ਵਿੱਚ ਲੰਗਰ ਕਮੇਟੀ ਸ੍ਰੀ ਅਨੰਦਪੁਰ ਸਾਹਿਬ ਮੂਨਕ ਖੁਰਦ ਵੱਲੋਂ 1 ਲੱਖ ਰੁਪਏ, ਗੁਰਦੁਆਰਾ ਪ੍ਰਬੰਧਕ ਕਮੇਟੀ ਆਦਿ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਵੱਲੋਂ 1 ਲੱਖ ਰੁਪਏ, ਸ੍ਰੀ ਗੁਰੂ ਰਵਿਦਾਸ ਵੈਲਫੇਅਰ ਸੋਸਾਇਟੀ ਮੂਨਕ ਖੁਰਦ ਵੱਲੋਂ 50 ਹਜਾਰ ਰੁਪਏ,ਸਾਬਕਾ ਸਰਪੰਚ ਹਰਬੰਸ ਸਿੰਘ ਮੂਨਕਾ, ਸੈਕਟਰੀ ਸੁਰਿੰਦਰ ਸਿੰਘ, ਗਿਆਨੀ ਅਮਰਜੀਤ ਸਿੰਘ ਮੂਨਕਾ ਕਨੇਡਾ, ਅਵਤਾਰ ਸਿੰਘ ਰਿੰਕੂ, ਥਾਣੇਦਾਰ ਦਲਜਿੰਦਰ ਸਿੰਘ, ਮਾਸਟਰ ਜਗਜੀਤ ਸਿੰਘ, ਜਗੀਰ ਸਿੰਘ ਯੂ ਐੱਸ ਏ, ਮਾਸਟਰ ਦਵਿੰਦਰ ਸਿੰਘ ਲਾਡੀ, ਇੰਸਪੈਕਟਰ ਕੁਲਦੀਪ ਸਿੰਘ, ਕੁਲਦੀਪ ਸਿੰਘ ਰਾਜੂ, ਸੁਰਜੀਤ ਸਿੰਘ ਸਾਬਕਾ ਪੰਚ, ਸਾਬਕਾ ਸਰਪੰਚ ਸ਼ਾਮ ਸਿੰਘ, ਜਸਵਿੰਦਰ ਸਿੰਘ ਇੰਗਲੈਂਡ, ਧਰਮਿੰਦਰ ਸਿੰਘ ਬਿੱਟੂ ਇੰਗਲੈਂਡ, ਸੂਬੇਦਾਰ ਬਲਵਿੰਦਰ ਸਿੰਘ, ਕੈਪਟਨ ਕਰਮ ਸਿੰਘ, ਹਰਨਾਮ ਸਿੰਘ, ਮਾਸਟਰ ਚਮਨ ਸਿੰਘ, ਪਰਮਜੀਤ ਸਿੰਘ ਬੱਬੀ, ਤਰਲੋਕ ਸਿੰਘ ਅਮਰੀਕਾ, ਦੀਪਾ ਇਟਲੀ ਚੱਕੀ ਵਾਲੇ, ਜਰਨੈਲ ਸਿੰਘ ਦਰਦੀ ਮੂਨਕਾ ਤੋਂ ਇਲਾਵਾ ਰਵਿੰਦਰ ਸਿੰਘ ਕਾਕਾ, ਗਗਨਦੀਪ ਸਿੰਘ ਸਪੁੱਤਰ ਸ਼ਾਮ ਸਿੰਘ, ਸਰਵਣ ਸਿੰਘ ਯੂ ਐੱਸ ਏ, ਪਰਮਜੀਤ ਸਿੰਘ ਆਦਿ ਨੇ ਸੁਸਾਇਟੀ ਨੂੰ ਮਾਈਕ ਸਹਾਇਤਾ ਭੇਟ ਕੀਤੀ ਹੈ। ਇਸ ਮੌਕੇ ਸੋਸਾਇਟੀ ਦੇ ਸਰਪਰਸਤ ਸ਼ਾਮ ਸਿੰਘ ਮੂਨਕਾ, ਪ੍ਰਧਾਨ ਸੁਰਜੀਤ ਸਿੰਘ, ਮਾਸਟਰ ਦਵਿੰਦਰ ਸਿੰਘ ਲਾਡੀ, ਪੰਚ ਸਰਬਜੀਤ ਸਿੰਘ ਮੋਮੀ, ਮਾਸਟਰ ਦਵਿੰਦਰ ਸਿੰਘ ਲਾਡੀ, ਮਾਸਟਰ ਜਗਜੀਤ ਸਿੰਘ, ਪਰਮਜੀਤ ਸਿੰਘ ਖਾਲਸਾ, ਕੁਲਦੀਪ ਸਿੰਘ, ਸਾਬਕਾ ਪੰਚ ਸੁਰਜੀਤ ਸਿੰਘ, ਅਮਰੀਕ ਸਿੰਘ ਸੋਢੀ, ਗੁਰਵਿੰਦਰ ਸਿੰਘ ਸੀਟੂ, ਰਵਿੰਦਰ ਸਿੰਘ ਕਾਕਾ, ਸੈਕਟਰੀ ਸੁਰਿੰਦਰ ਸਿੰਘ, ਸਵਰਨ ਸਿੰਘ, ਪ੍ਰਦੀਪ ਸਿੰਘ, ਥਾਣੇਦਾਰ ਦਲਜਿੰਦਰ ਸਿੰਘ, ਚਰਨਜੀਤ ਸਿੰਘ ਵੀ ਹਾਜ਼ਰ ਸਨ।



## ਦਰਜਨਾਂ ਔਰਤਾਂ ਨੇ ਫੜਿਆ ਕਾਂਗਰਸ ਦਾ ਪੱਲਾ



**ਡੇਰਾਬੱਸੀ (ਵਿਨੈ ਕੁਮਾਰ ਜੈਨ)**-ਡੇਰਾਬੱਸੀ ਹਲਕੇ ਦੇ ਸਿਆਸੀ ਖੇਤਰ ਵਿੱਚ ਉਸ ਵੇਲੇ ਕਾਂਗਰਸ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੀ ਜਦੋਂ ਹਲਕਾ ਮਹਿਲਾ ਕਾਂਗਰਸ ਪ੍ਰਧਾਨ ਕਿਰਨ ਮਖੀਜਾ ਦੀ ਅਗਵਾਈ ਹੇਠ ਕਰਵਾਈ ਗਈ ਇੱਕ ਵਿਸ਼ੇਸ਼ ਮੀਟਿੰਗ ਦੌਰਾਨ ਇਲਾਕੇ ਦੀਆਂ ਦਰਜਨਾਂ ਮੋਹਤਬਰ ਔਰਤਾਂ ਨੇ ਆਮ ਆਦਮੀ ਪਾਰਟੀ ਅਤੇ ਹੋਰਨਾਂ ਸਿਆਸੀ ਦਲਾਂ ਨੂੰ ਅਲਵਿਦਾ ਆਖਦਿਆਂ ਰਸਮੀ ਤੌਰ 'ਤੇ ਕਾਂਗਰਸ ਪਾਰਟੀ ਦੀ ਮੈਂਬਰਸ਼ਿਪ ਗ੍ਰਹਿਣ ਕਰ ਲਈ। ਇਹ ਅਹਿਮ ਬੈਠਕ ਸਥਾਨਕ ਸੀਨੀਅਰ ਕਾਂਗਰਸੀ ਆਗੂ ਅਤੇ ਪੰਜਾਬ ਕਾਂਗਰਸ ਦੇ ਬੁਲਾਰੇ ਅਮਿਤ ਬਾਵਾ ਸੈਣੀ ਦੇ ਮੁੱਖ ਦਫ਼ਤਰ ਵਿਖੇ ਆਯੋਜਿਤ ਕੀਤੀ ਗਈ, ਜਿਸ ਵਿੱਚ ਬਲਾਕ ਡੇਰਾਬੱਸੀ (ਸ਼ਹਿਰੀ) ਦੀ ਮਹਿਲਾ ਕਾਂਗਰਸ ਪ੍ਰਧਾਨ ਰੇਣੂ ਗੁਪਤਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ ਅਤੇ ਪਾਰਟੀ ਵਿੱਚ ਸ਼ਾਮਲ ਹੋਣ ਵਾਲੀਆਂ ਔਰਤਾਂ ਦਾ ਨਿੱਘਾ ਸਵਾਗਤ ਕੀਤਾ।

ਅਮਿਤ ਬਾਵਾ ਸੈਣੀ ?ਇਸ ਮੌਕੇ ਹਾਜ਼ਰ ਪੰਜਾਬ ਕਾਂਗਰਸ ਦੇ ਬੁਲਾਰੇ ਅਤੇ ਡੇਰਾਬੱਸੀ ਹਲਕੇ ਤੋਂ ਕਾਂਗਰਸ ਪ੍ਰਤੀਨਿਧ (ਡੇਲੀਗੇਟ) ਅਮਿਤ ਬਾਵਾ ਸੈਣੀ ਨੇ ਮੀਟਿੰਗ ਵਿੱਚ ਸ਼ਾਮਲ ਔਰਤਾਂ ਵੱਲੋਂ ਸਰਕਾਰੀ ਸਿਸਟਮ ਅਤੇ ਵੋਟਿੰਗ ਪ੍ਰਕਿਰਿਆਵਾਂ ਸੰਬੰਧੀ ਪੁੱਛੇ ਗਏ ਸਵਾਲਾਂ ਦੇ ਤਸੱਲੀਬਖਸ਼ ਜਵਾਬ ਦਿੱਤੇ। ਉਨ੍ਹਾਂ ਔਰਤਾਂ ਨੂੰ ਭਰੋਸਾ ਦਿਵਾਇਆ ਕਿ ਵਿਰੋਧੀ ਧਿਰਾਂ ਵੱਲੋਂ ਸਿਆਸੀ ਲਾਹਾ ਲੈਣ ਲਈ ਕਿਸੇ ਵੀ ਯੋਗ ਨਾਗਰਿਕ ਜਾਂ ਮਹਿਲਾ ਦੀ ਵੋਟ ਕੱਟਣ ਦੀ ਸਾਜ਼ਿਸ਼ ਨੂੰ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਮੀਟਿੰਗ ਦੇ ਅਖੀਰ ਵਿੱਚ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਵਾਲੀਆਂ ਸਾਰੀਆਂ ਮਹਿਲਾਵਾਂ ਨੂੰ ਸਿਰੋਪਾਓ ਪਾ ਕੇ ਸਨਮਾਨਿਤ ਕੀਤਾ ਗਿਆ। ਇਸ ਸਿਆਸੀ ਇਕੱਠ ਦੌਰਾਨ ਪੂਜਾ, ਮਾਨਸੀ, ਮਮਤਾ, ਸਵਾਤੀ, ਸੀਮਾ, ਰੀਆ ਠਾਕੁਰ, ਗੁੱਡੀ ਰਾਣੀ, ਜਸਪ੍ਰੀਤ ਸੈਣੀ, ਪਿੰਕੀ, ਸੁਨੀਤਾ, ਰਿੰਕੀ, ਬਿੰਦੂ, ਸੀਤਾ ਸਮੇਤ ਇਲਾਕੇ ਦੀਆਂ ਕਈ ਹੋਰ ਪ੍ਰਮੁੱਖ ਅਤੇ ਮੋਹਤਬਰ ਮਹਿਲਾਵਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ, ਜਿਨ੍ਹਾਂ ਨੇ ਕਾਂਗਰਸ ਪਾਰਟੀ ਦੀਆਂ ਨੀਤੀਆਂ 'ਤੇ ਪੂਰਨ ਭਰੋਸਾ ਪ੍ਰਗਟਾਇਆ।

## ਜੀ ਆਰ ਡੀ ਨਰਸਿੰਗ ਕਾਲਜ ਟਾਂਡਾ ਵਿਖੇ ਵਿਸ਼ਵ ਜਨ ਸੰਖਿਆ ਦਿਵਸ ਮਨਾਇਆ

**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**- ਸ੍ਰੀ ਗੁਰੂ ਰਾਮਦਾਸ ਸੇਵਾ ਸੋਸਾਇਟੀ ਵੱਲੋਂ ਚਲਾਏ ਜਾ ਰਹੇ ਜੀ ਆਰ ਡੀ ਨਰਸਿੰਗ ਕਾਲਜ ਟਾਂਡਾ ਵਿਖੇ ਵਿਸ਼ਵ ਜਨ ਸੰਖਿਆ ਦਿਵਸ ਮਨਾਇਆ ਗਿਆ।ਜੀ ਆਰ ਡੀ ਸਿੱਖਿਆ ਸੰਸਥਾਵਾਂ ਦੀ ਚੇਅਰ ਪਰਸਨ ਪ੍ਰਦੀਪ ਕੌਰ, ਐਮ.ਡੀ ਵਿਕਰਮ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਮੈਨੇਜਰ ਸਰਬਜੀਤ ਸਿੰਘ ਮੋਮੀ ਦੀ ਅਗਵਾਈ ਵਿੱਚ ਮਨਾਏ ਗਏ ਇਸ ਦਿਵਸ ਮੌਕੇ ਸਟਾਫ ਮੈਂਬਰਾਂ ਤੇ ਵੱਖ-ਵੱਖ ਕਲਾਸਾਂ ਤੋਂ ਨਰਸਿੰਗ ਦੀਆਂ ਸਿੱਖਿਆਰਣਾ ਨੇ ਭਾਗ ਲਿਆ।ਇਸ ਮੌਕੇ ਸੰਬੋਧਨ ਕਰਦੇ ਹੋਏ ਮੈਨੇਜਰ ਸਰਬਜੀਤ ਸਿੰਘ ਮੋਮੀ ਨੇ ਕਿਹਾ ਕਿ ਹਰ ਸਾਲ ਹੀ 11 ਜੁਲਾਈ ਨੂੰ ਵਿਸ਼ਵ ਜਨਸੰਖਿਆ ਦਿਵਸ ਮਨਾਇਆ ਜਾਂਦਾ ਹੈ।ਇਸ ਦਿਨ ਦਾ ਮੁੱਖ ਉਦੇਸ਼ ਲੋਕਾਂ ਨੂੰ ਵੱਧਦੀ ਜਨ ਸੰਖਿਆ ਨਾਲ ਜੁੜੀਆਂ ਸਮੱਸਿਆਵਾਂ ਅਤੇ ਪਰਿਵਾਰ ਨਿਯੋਜਨ, ਮਾਤਾ-ਬੱਚਾ ਸਿਹਤ, ਸਿੱਖਿਆ, ਲਿੰਗ ਸਮਾਨਤਾ ਅਤੇ ਟਿਕਾਊ ਵਿਕਾਸ ਪ੍ਰਤੀ ਜਾਗਰੂਕ ਕਰਨਾ ਹੈ। ਪ੍ਰਿੰਸੀਪਲ ਰੇਨੂ ਬਾਲਾ ਨੇ ਕਿਹਾ ਕਿ ਜੇਕਰ ਆਬਾਦੀ ਦੇ ਵਾਧੇ ਨੂੰ ਸੰਤੁਲਿਤ ਨਾ ਕੀਤਾ ਗਿਆ ਤਾਂ ਭਵਿੱਖ ਵਿੱਚ ਇਹ ਸਮੱਸਿਆਵਾਂ ਹੋਰ ਗੰਭੀਰ ਰੂਪ ਧਾਰ ਸਕਦੀਆਂ ਹਨ। ਉਨ੍ਹਾਂ ਕਿਹਾ ਕਿ ਹਰ ਪਰਵਾਰ ਨੂੰ ਆਪਣੇ ਬੱਚਿਆਂ ਦੀ ਸਿਹਤ, ਸਿੱਖਿਆ ਅਤੇ ਭਵਿੱਖ ਨੂੰ ਧਿਆਨ ਵਿੱਚ ਰੱਖਦਿਆਂ ਜ਼ਿੰਮੇਵਾਰੀ ਨਾਲ ਫ਼ੈਸਲੇ ਕਰਨੇ ਚਾਹੀਦੇ ਹਨ ਤਾਂ ਹੀ ਇੱਕ ਸਿਹਤਮੰਦ, ਸਿੱਖਿਅਤ ਅਤੇ ਜਾਗਰੂਕ ਸਮਾਜ ਹੀ ਦੇਸ਼ ਦੇ ਸਰਵਪੱਖੀ ਵਿਕਾਸ ਦਾ ਮਜ਼ਬੂਤ ਆਧਾਰ ਬਣ ਸਕਦਾ ਹੈ।ਇਸ ਮੌਕੇ ਵਿਸ਼ਵ ਜਨ ਸੰਖਿਆ ਦਿਵਸ ਨੂੰ ਲੈ ਕੇ ਵਿਦਿਆਰਥਣਾਂ ਦੇ ਪੋਸਟਰ ਮੇਕਿੰਗ ਮੁਕਾਬਲੇ ਤੇ ਵਿਸ਼ੇਸ਼ ਸੈਮੀਨਾਰ ਵੀ ਕਰਵਾਇਆ ਗਿਆ ਜਿਸ ਵਿੱਚ ਵਿਦਿਆਰਥਣਾਂ ਨੇ ਵੱਧ ਚੜ੍ਹ ਕੇ ਹਿੱਸਾ ਲਿਆ। ਇਸ ਮੌਕੇ ਪ੍ਰਿੰਸੀਪਲ ਰੇਨੂ ਬਾਲਾ, ਐਡਮਿਨਿਸਟਰੇਟਰ ਦਲਜਿੰਦਰ ਕੌਰ, ਵਾਈਸ ਪ੍ਰਿੰਸੀਪਲ ਰਾਜਵਿੰਦਰ ਕੌਰ, ਐਡਮਿਸ਼ਨ ਸੈਲ ਇੰਚਾਰਜ ਲਵਲੀ ਸੈਣੀ, ਮਨਪ੍ਰੀਤ ਕੌਰ, ਤਰੁਣਦੀਪ ਕੌਰ, ਜਸਲੀਨ ਕੌਰ, ਅਮਨਦੀਪ ਕੌਰ, ਪ੍ਰਿਅੰਕਾ ਤੇ ਹੋਰ ਸਟਾਫ ਮੈਂਬਰ ਵੀ ਹਾਜ਼ਰ ਸਨ।



## ਨਜਾਇਜ਼ ਸ਼ਰਾਬ ਸਮੇਤ ਇੱਕ ਵਿਅਕਤੀ ਗ੍ਰਿਫ਼ਤਾਰ

**ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)**- ਟਾਂਡਾ ਪੁਲਸ ਨੇ ਇੱਕ ਵਿਅਕਤੀ ਨੂੰ ਨਜਾਇਜ਼ ਸ਼ਰਾਬ ਸਮੇਤ ਗ੍ਰਿਫ਼ਤਾਰ ਕੀਤਾ ਹੈ। ਜ਼ਿਲਾ ਪੁਲਸ ਮੁਖੀ ਸੰਦੀਪ ਕੁਮਾਰ ਮਲਿਕ ਦੇ ਦਿਸ਼ਾ ਨਿਰਦੇਸ਼ਾਂ ਅਧੀਨ ਅਤੇ ਡੀ.ਐਸ.ਪੀ ਟਾਂਡਾ ਦਵਿੰਦਰ ਸਿੰਘ ਬਾਜਵਾ ਦੀ ਅਗਵਾਈ ਵਿੱਚ ਏ.ਐਸ.ਆਈ ਜਸਵੀਰ ਸਿੰਘ ਦੀ ਟੀਮ ਵੱਲੋਂ ਵੱਲੋਂ ਸਹਿਬਾਜਪੁਰ ਮੋੜ ਨਜ਼ਦੀਕ ਗਸ਼ਤ ਦੌਰਾਨ ਗ੍ਰਿਫਤਾਰ ਕੀਤੇ ਗਏ ਦੋਸ਼ੀ ਸਬੰਧੀ ਜਾਣਕਾਰੀ ਦਿੰਦੇ ਹੋਏ ਥਾਣਾ ਟਾਂਡਾ ਦੇ ਅਡੀਸ਼ਨਲ ਐਸ.ਐਚ.ਓ ਜਗਦੀਪ ਸਿੰਘ ਨੇ ਦੱਸਿਆ ਕਿ ਦੋਸ਼ੀ ਪਹਿਚਾਣ ਦਲਜੀਤ ਸਿੰਘ ਉਰਫ ਦਲੀ ਪੁੱਤਰ ਸਤਨਾਮ ਸਿੰਘ ਵਾਸੀ ਮਿਰਜਾਪੁਰ ਵੱਲੋਂ ਹੋਈ ਹੈ ਅਤੇ ਉਸ ਪਾਸੋਂ ਟਾਂਡਾ ਪੁਲਸ ਨੇ 15 ਹਜ਼ਾਰ ਮਿਲੀਲੀਟਰ ਨਜਾਇਜ਼ ਸ਼ਰਾਬ ਬਰਾਮਦ ਕਰਕੇ ਮੁਲਜ਼ਮ ਖਿਲਾਫ ਆਬਕਾਰੀ ਐਕਟ ਅਧੀਨ ਮਾਮਲਾ ਦਰਜ ਕੀਤਾ ਹੈ।

## ਸਿਟੀ ਡਵੀਜ਼ਨ ਪੈਨਸ਼ਨਰ ਐਸੋਸੀਏਸ਼ਨ ਦੀ ਮੀਟਿੰਗ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਸਿਟੀ ਡਿਵੀਜ਼ਨ ਹੁਸ਼ਿਆਰਪੁਰ ਪੈਨਸ਼ਨਰਜ਼ ਐਸੋਸੀਏਸ਼ਨ ਦੀ ਮਹੀਨਾਵਾਰ ਮੀਟਿੰਗ ਸਿਟੀ ਡਿਵੀਜ਼ਨ ਹੁਸ਼ਿਆਰਪੁਰ ਦੇ ਪ੍ਰਧਾਨ ਖੁਸ਼ੀ ਰਾਮ ਧੀਮਾਨ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਨੂੰ ਸੰਬੋਧਨ ਕਰਦਿਆਂ ਖੁਸ਼ੀ ਰਾਮ ਧੀਮਾਨ ਨੇ ਕਿਹਾ ਕਿ ਸਰਕਾਰ ਨੂੰ ਕਰਮਚਾਰੀ ਯੂਨੀਅਨਾਂ ਅਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂਆਂ ਨਾਲ ਮੀਟਿੰਗ ਕਰਕੇ ਉਨ੍ਹਾਂ ਦੀਆਂ ਮੰਗਾਂ ਦਾ ਹੱਲ ਕਰਨਾ ਚਾਹੀਦਾ ਹੈ। ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲਾਗੂ ਨਹੀਂ ਕੀਤਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਅਸ਼ਵਨੀ ਕੁਮਾਰ ਸ਼ਰਮਾ, ਮੰਦਰ ਸਿੰਘ, ਜੈਦੇਵ, ਰੋਸ਼ਨ ਲਾਲ, ਸਤਪਾਲ ਸਿੰਘ, ਮਹਿੰਦਰ ਸਿੰਘ, ਗੁਰਮੇਲ ਸਿੰਘ, ਰੋਸ਼ਨ ਲਾਲ ਅਤੇ ਚਰਨ ਦਾਸ ਨੇ ਵੀ ਕਿਹਾ ਕਿ ਸਰਕਾਰ ਨੂੰ ਮੁਲਾਜ਼ਮ ਯੂਨੀਅਨਾਂ ਨਾਲ ਵਿਚਾਰ-ਵਟਾਂਦਰਾ ਕਰਨਾ ਚਾਹੀਦਾ ਹੈ ਅਤੇ ਸਾਰੀਆਂ ਮੰਗਾਂ ਨੂੰ ਲਾਗੂ ਕਰਨਾ ਚਾਹੀਦਾ ਹੈ। ਆਗੂਆਂ ਨੇ ਮੰਗ ਕੀਤੀ ਕਿ1/1/2016 ਤੋਂ ਪਹਿਲਾਂ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੇ ਬਕਾਏ ਇੱਕਮੁਸ਼ਤ ਦਿੱਤੇ ਜਾਣ, 1/1/2016 ਤੋਂ ਬਾਅਦ ਸੇਵਾਮੁਕਤ ਹੋਏ ਕਰਮਚਾਰੀਆਂ ਨੂੰ ਉਨ੍ਹਾਂ ਦੀ ਛੁੱਟੀ ਦਾ ਬਕਾਇਆ ਇੱਕਮੁਸ਼ਤ ਦਿੱਤਾ ਜਾਵੇ, ਮਹਿੰਗਾਈ ਭੱਤਾ ਕੇਂਦਰ ਸਰਕਾਰ ਦੇ ਕਰਮਚਾਰੀਆਂ ਦੇ ਬਰਾਬਰ ਕੀਤਾ ਜਾਵੇ, ਮੈਡੀਕਲ ਭੱਤਾ ਵਧਾ ਕੇ 2000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇ, ਮੈਡੀਕਲ ਕੈਸ਼ਲੈੱਸ ਸਕੀਮ ਲਾਗੂ ਕੀਤੀ ਜਾਵੇ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਸੀਐਚਬੀ ਅਤੇ ਆਊਟਸੋਰਸ ਕੀਤੇ ਕਰਮਚਾਰੀਆਂ ਨੂੰ ਤੁਰੰਤ ਪੱਕੇ ਕੀਤਾ ਜਾਵੇ।

## ਸ੍ਰੀ ਮਧ ਭਾਗਵਤ ਕਥਾ 20 ਤੋਂ 27 ਤੱਕ

**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**-ਬਾਪੂ ਗੰਗਾ ਦਾਸ ਜੀ ਵੈਲਫੇਅਰ ਸੁਸਾਇਟੀ ਰਜ਼ਿ. ਮਾਹਿਲਪੁਰ ਵਲੋਂ ਸ੍ਰੀ ਸ੍ਰੀ 1008 ਧੰਨ ਧੰਨ ਗੁਰੂ ਬਾਪੂ ਗੰਗਾ ਦਾਸ ਮਹਾਰਾਜ ਜੀ ਦੀ 11ਵੀਂ ਬਰਸੀ ਤੇ ਸਲਾਨਾ ਧਾਰਮਿਕ ਸਮਾਗਮ 28 ਅਤੇ 29 ਜੁਲਾਈ ਨੂੰ ਤਪ ਅਸਥਾਨ ਡੇਰਾ ਬਾਪੂ ਗੰਗਾ ਦਾਸ ਮਾਹਿਲਪੁਰ ਵਿਖੇ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਇਸ ਅਸਥਾਨ ਦੇ ਮੁੱਖ ਸੇਵਾਦਾਰ ਦਾਸ ਮਨਦੀਪ ਸਿੰਘ ਨੇ ਦੱਸਿਆ ਕਿ 28 ਜੁਲਾਈ ਨੂੰ ਸ੍ਰੀ ਰਮਾਇਣ ਦੇ ਪਾਠ ਸਵੇਰੇ 9 ਵਜੇ ਆਰੰਭ ਕੀਤੇ ਜਾਣਗੇ। 29 ਜੁਲਾਈ ਨੂੰ ਸਵੇਰੇ 7 ਵਜੇ ਹਵਨ ਯੱਗ ਹੋਵੇਗਾ। ਇਸ ਤੋਂ ਬਾਅਦ ਸ੍ਰੀ ਰਾਮਾਇਣ ਦੇ ਪਾਠ ਦੇ ਭੋਗ ਪਾਏ ਜਾਣਗੇ। ਇਸ ਮੌਕੇ ਇਸ ਸਮਾਗਮ ਵਿੱਚ ਪਹੁੰਚ ਰਹੇ ਕਲਾਕਾਰ ਬਾਪੂ ਦੀ ਮਹਿਮਾ ਦਾ ਗੁਣਗਾਣ ਕਰਨਗੇ। ਉਨਾਂ ਦੱਸਿਆ ਕਿ ਇਸ ਸਲਾਨਾ ਧਾਰਮਿਕ ਸਮਾਗਮ ਦੇ ਸੰਬੰਧ ਵਿੱਚ ਡੇਰਾ ਬਾਪੂ ਗੰਗਾ ਦਾਸ ਵਿਖੇ 20 ਤੋਂ 27 ਜੁਲਾਈ ਤੱਕ ਸ਼ਾਮੀ 6 ਤੋਂ 9 ਵਜੇ ਤੱਕ ਸ੍ਰੀ ਮੱਧ ਭਾਗਵਤ ਕਥਾ ਹੋਇਆ ਕਰੇਗੀ। ਪਰਮ ਪੂਜਯ ਸ੍ਰੀ ਗੌਰਦਾਸ ਮਹਾਰਾਜ ਸ੍ਰੀ ਧਾਮ ਬਿੰਦ੍ਰਾਵਨ ਵਾਲੇ ਕਥਾ ਕਰਨਗੇ। 21 ਜੁਲਾਈ ਨੂੰ ਸ਼ਾਮ 5 ਵਜੇ ਬਾਬਾ ਬਾਲ ਜੀ ਮਹਾਰਾਜ ਊਨੇ ਵਾਲੇ ਸਤਸੰਗ ਦੇ ਮਾਧਿਅਮ ਰਾਹੀਂ ਸੰਗਤਾਂ ਨੂੰ ਪ੍ਰਭੂ ਚਰਨਾਂ ਨਾਲ ਜੋੜਨਗੇ। ਦਾਸ ਮਨਦੀਪ ਸਿੰਘ ਨੇ ਦੱਸਿਆ ਕਿ 20 ਜੁਲਾਈ ਨੂੰ ਬਾਪੂ ਦੇ ਡੇਰੇ ਤੋਂ ਸ਼ਾਮੀ 6 ਵਜੇ ਕਲਸ਼ ਯਾਤਰਾ ਕੱਢੀ ਜਾਵੇਗੀ। ਉਹਨਾਂ ਦੱਸਿਆ ਕਿ ਬਾਪੂ ਦੇ ਦਰਬਾਰ ਦੀ ਉਸਾਰੀ ਦਾ ਕਾਰਜ ਚੱਲ ਰਿਹਾ ਹੈ।

## ਅਰਵਿੰਦ ਨਗਰ 'ਚ 150 ਪੌਦੇ ਲਾਏ



**ਕੋਟਕਪੂਰਾ (ਰਛਪਾਲ ਭੁੱਲਰ)**-ਬਠਿੰਡਾ ਰੋਡ ਸਥਿਤ ਪੁੱਡਾ ਅਪਰੂਵਡ ਕਲੋਨੀ ਅਰਵਿੰਦ ਨਗਰ ਵਿੱਚ ਅਲਾਇੰਸ ਕਲੱਬ ਇੰਟਰਨੈਸ਼ਨਲ ਸਿਟੀ ਕੋਟਕਪੂਰਾ ਤੇ ਅਰਵਿੰਦ ਨਗਰ ਵਿਕਾਸ ਕਮੇਟੀ (ਰਜਿ:) ਕੋਟਕਪੂਰਾ ਦੇ ਪ੍ਰਧਾਨ ਸੰਤੋਖ ਸਿੰਘ ਚਾਨਾ, ਚੇਅਰਮੈਨ ਓਮ ਪ੍ਰਕਾਸ਼ ਗੋਇਲ ਤੇ ਅਲਾਇੰਸ ਕਲੱਬ ਇੰਟਰਨੈਸ਼ਨਲ ਸਿਟੀ ਕੋਟਕਪੂਰਾ ਦੇ ਮੁੱਖ ਅਹੁਦੇਦਾਰ ਚੰਦਰ ਪ੍ਰਕਾਸ਼ ਅਰੋੜਾ, ਮਨਦੀਪ ਸਿੰਘ ਸਰਾਂ, ਰਮੇਸ਼ ਆਹੂਜਾ ਤੇ ਰਾਜੇਸ਼ ਕੁਮਾਰ ਮਿੱਤਲ ਦੀ ਅਗਵਾਈ ਹੇਠ ਵਾਤਾਵਰਣ ਦੀ ਸੰਭਾਲ ਲਈ 150 ਵੱਖ-ਵੱਖ ਕਿਸਮ ਦੇ ਛਾਂਦਾਰ ਤੇ ਫ਼ਲਦਾਰ ਪੌਦੇ ਲਾਏ ਗਏ। ਬੁਲਾਰਿਆਂ ਨੇ ਚਿੰਤਾ ਪ੍ਰਗਟ ਕੀਤੀ ਕਿ ਸਾਡੇ ਦੇਸ਼ ਵਿੱਚ ਦਿਨੋ-ਦਿਨ ਵਧ ਰਹੇ ਪ੍ਰਦੂਸ਼ਣ ਕਾਰਨ ਸਾਡਾ ਸਾਰਿਆਂ ਦਾ ਜਿਊਣਾ ਦੁੱਭਰ ਕਰਕੇ ਰੱਖ ਦਿੱਤਾ ਹੈ।ਅਜਿਹੇ ਸਮੇਂ ਵਿੱਚ ਹਰਿਆ-ਭਰਿਆ ਵਾਤਾਵਰਣ ਹੀ ਸਾਡੇ ਜੀਵਨ ਦੀ ਗਰੰਟੀ ਸਾਬਤ ਸਿੱਧ ਹੋ ਸਕਦਾ ਹੈ।ਆਗੂਆਂ ਨੇ ਕਿਹਾ ਕਿ ਸਿਰਫ ਪੌਦੇ ਲਾਉਣਾ ਹੀ ਸਾਡੀਆਂ ਸੰਸਥਾਵਾਂ ਦਾ ਮਕਸਦ ਨਹੀਂ ਹੈ, ਸਗੋਂ ਇਸ ਦਾ ਪਾਲਣ ਪੋਸ਼ਣ ਆਪਣੇ ਬੱਚਿਆਂ ਵਾਂਗ ਕਰਨਾ ਹੀ ਸਾਡੇ ਜੀਵਨ ਦੀ ਗਰੰਟੀ ਹੋ ਸਕਦਾ ਹੈ।ਸਾਡੀਆਂ ਦਿਨੋ ਦਿਨ ਵਧ ਰਹੀਆਂ ਬਿਮਾਰੀਆਂ ਤੋਂ ਮੁਕਤ ਕਰ ਸਕਦਾ ਹੈ।ਅਰਵਿੰਦ ਨਗਰ ਦੇ ਸਮੂਹ ਵਸਨੀਕਾਂ ਨੇ ਵਿਕਾਸ ਕਮੇਟੀ ਤੇ ਅਲਾਇੰਸ ਕਲੱਬ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘ ਕਰਦਿਆਂ ਕਿਹਾ ਕਿ ਅਜਿਹੇ ਲੋਕ ਪੱਖੀ ਕਾਰਜ ਕਰਨ ਲਈ ਸਾਨੂੰ ਸਦਾ ਤਤਪਰ ਰਹਿਣਾ ਚਾਹੀਦਾ ਹੈ।

## ਸਿਲਾਈ ਸੈਂਟਰ ਬਣਿਆ ਧੀਆਂ ਲਈ ਆਤਮਨਿਰਭਰਤਾ ਦਾ ਕੇਂਦਰ



**ਭਵਾਨੀਗੜ੍ਹ (ਰਾਜ ਖੁਰਮੀ)**-ਪਿੰਡ ਹਰਦਿੱਤਪੁਰਾ ਵਿਖੇ ਜਪ ਹਰ ਵੈਲਫੇਅਰ ਸੁਸਾਇਟੀ ਦੇ ਚੇਅਰਮੈਨ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਦੀ ਅਗਵਾਈ ਹੇਠ ਪਿਛਲੇ ਕਈ ਸਾਲਾਂ ਤੋਂ ਚੱਲ ਰਿਹਾ ਮੁਫ਼ਤ ਸਿਲਾਈ ਸੈਂਟਰ ਪਿੰਡਾਂ ਦੀਆਂ ਲੜਕੀਆਂ ਤੇ ਮਹਿਲਾਵਾਂ ਨੂੰ ਆਤਮਨਿਰਭਰ ਬਣਾਉਣ ਲਈ ਮਿਸਾਲ ਬਣਿਆ ਹੋਇਆ ਹੈ।ਇਸ ਸੈਂਟਰ ਰਾਹੀਂ ਪਿੰਡ ਤੇ ਆਸ-ਪਾਸ ਦੇ ਇਲਾਕਿਆਂ ਦੀਆਂ ਲੜਕੀਆਂ ਨੂੰ ਬਿਨਾਂ ਕਿਸੇ ਫੀਸ ਦੇ ਸਿਲਾਈ ਦੀ ਵਿਸ਼ੇਸ਼ ਸਿਖਲਾਈ ਦੇ ਕੇ ਸਵੈ-ਰੋਜ਼ਗਾਰ ਲਈ ਤਿਆਰ ਕੀਤਾ ਜਾ ਰਿਹਾ ਹੈ।ਸੈਂਟਰ ਦੀ ਇੰਚਾਰਜ ਸਿਮਰਨਜੀਤ ਕੌਰ ਤੇ ਸਵਰਨਜੀਤ ਕੌਰ ਨੇ ਦੱਸਿਆ ਕਿ ਜਪਹਰ ਵੈਲਫੇਅਰ ਸੁਸਾਇਟੀ ਦੇ ਸਹਿਯੋਗ ਨਾਲ ਸ਼ੁਰੂ ਕੀਤਾ ਗਿਆ। ਇਹ ਸੈਂਟਰ ਪੇਂਡੂ ਖੇਤਰ ਦੀਆਂ ਲੜਕੀਆਂ ਨੂੰ ਹੁਨਰਮੰਦ ਬਣਾਉਣ ਦੇ ਮਕਸਦ ਨਾਲ ਚਲਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਇੱਥੇ ਦਿੱਤੀ ਜਾਣ ਵਾਲੀ ਸਿਲਾਈ ਦੀ ਟ੍ਰੇਨਿੰਗ ਪੂਰੀ ਤਰ੍ਹਾਂ ਮੁਫ਼ਤ ਹੈ ਤੇ ਹੁਣ ਤੱਕ ਕਈ ਲੜਕੀਆਂ ਇਸ ਦਾ ਲਾਭ ਲੈ ਕੇ ਆਪਣੇ ਪੈਰਾਂ 'ਤੇ ਖੜ੍ਹੀਆਂ ਹੋ ਚੁੱਕੀਆਂ ਹਨ।ਦਰਸ਼ਨ ਕੌਰ ਨੇ ਦੱਸਿਆ ਕਿ ਚੇਅਰਮੈਨ ਮਿੰਕੂ ਜਵੰਧਾ ਵੱਲੋਂ ਵੱਖ-ਵੱਖ ਪਿੰਡਾਂ ਵਿੱਚ ਵੀ ਇਸੇ ਤਰ੍ਹਾਂ ਦੇ ਮੁਫ਼ਤ ਸਿਲਾਈ ਸੈਂਟਰ ਚਲਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸੁਸਾਇਟੀ ਸਿਰਫ਼ ਹੁਨਰ ਵਿਕਾਸ ਤੱਕ ਹੀ ਸੀਮਿਤ ਨਹੀਂ, ਸਗੋਂ ਗਰੀਬ ਤੇ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਮੁਹੱਈਆ ਕਰਾਉਣ, ਜ਼ਰੂਰਤਮੰਦਾਂ ਦੀ ਹਰ ਸੰਭਵ ਮਦਦ ਕਰਨ ਅਤੇ ਕਈ ਗਰੀਬ ਪਰਵਾਰਾਂ ਲਈ ਮਕਾਨ ਬਣਵਾਉਣ ਵਰਗੇ ਸਮਾਜ ਭਲਾਈ ਦੇ ਕਾਰਜ ਵੀ ਲਗਾਤਾਰ ਕਰ ਰਹੀ ਹੈ।

## ਅਦਬ ਲੋਕ ਵੱਲੋਂ 'ਅੱਖਰ' ਦਾ ਨਵਾਂ ਅੰਕ ਰਿਲੀਜ਼



**ਮਾਨਸਾ (ਆਤਮਾ ਸਿੰਘ ਪਮਾਰ)**-ਅਦਬ ਲੋਕ ਮਾਨਸਾ ਵੱਲੋਂ ਸਾਹਿਤਕ ਮੈਗਜ਼ੀਨ 'ਅੱਖਰ' ਦਾ ਨਵਾਂ ਅੰਕ ਸਥਾਨਕ ਸਰ ਜੈਫਰੀ ਇੰਸਟੀਚਿਊਟ ਵਿਖੇ ਜਾਰੀ ਕੀਤਾ ਗਿਆ।ਅਦਬ ਲੋਕ ਦੇ ਪ੍ਰਧਾਨ ਬਲਵੰਤ ਭਾਟੀਆ ਤੇ ਜਨਰਲ ਸਕੱਤਰ ਬਲਵਿੰਦਰ ਸਿੰਘ ਧਾਲੀਵਾਲ ਨੇ ਕਿਹਾ ਕਿ 'ਅੱਖਰ' ਨੂੰ ਪੰਜਾਬੀ ਦੇ ਨਾਮਵਰ ਸ਼ਾਇਰ ਪਰਮਿੰਦਰਜੀਤ ਨੇ ਸ਼ੁਰੂ ਕੀਤਾ ਸੀ, ਜੋ ਕਿ ਦਹਾਕਿਆਂ ਤੋਂ ਨਿਰੰਤਰ ਛਪਦਾ ਆ ਰਿਹਾ ਹੈ।ਸਾਹਿਤਕ ਪੱਤਰਾਂ ਦਾ ਨਿਰੰਤਰ ਛਪਣਾ ਪੰਜਾਬੀ ਸਾਹਿਤ ਜਗਤ ਲਈ ਇੱਕ ਸ਼ੁੱਭ ਸ਼ਗਨ ਹੈ। ਮੈਗਜ਼ੀਨ ਦੇ ਸਹਾਇਕ ਸੰਪਾਦਕ ਸ਼ਾਇਰ ਅਵਤਾਰਜੀਤ ਨੇ ਕਿਹਾ ਕਿ ਹੱਥਲਾ ਅੰਕ ਨਾਮਵਰ ਕਵੀਆਂ ਦੀਆਂ ਕਵਿਤਾਵਾਂ, ਚੀਨੀ [illegible]

## ਕੱਕੜਵਾਲ ਤੇ ਸੁਲਤਾਨਪੁਰ ਵਿਖੇ ਢਿੱਲੋਂ ਨੇ ਸੁਣੀਆਂ ਸਮੱਸਿਆਵਾਂ




**ਧੂਰੀ (ਬਿੰਨੀ ਗਰਗ)**-ਪੰਜਾਬ ਲਘੂ ਉਦਯੋਗ ਤੇ ਨਿਰਯਾਤ ਨਿਗਮ ਦੇ ਚੇਅਰਮੈਨ ਦਲਵੀਰ ਸਿੰਘ ਢਿੱਲੋਂ ਨੇ ਧੂਰੀ ਹਲਕੇ ਦੇ ਪਿੰਡ ਕੱਕੜਵਾਲ ਤੇ ਸੁਲਤਾਨਪੁਰ ਵਿਖੇ 'ਲੋਕ ਮਿਲਣੀ' ਪ੍ਰੋਗਰਾਮਾਂ ਦੌਰਾਨ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਸਮੱਸਿਆਵਾਂ ਸੁਣੀਆਂ।ਇਸ ਮੌਕੇ ਉਨ੍ਹਾਂ ਸਬੰਧਤ ਵਿਭਾਗਾਂ ਦੇ ਅਧਿਕਾਰੀਆਂ ਨੂੰ ਲੋਕਾਂ ਦੀਆਂ ਜਾਇਜ਼ ਮੰਗਾਂ ਦਾ ਪਹਿਲ ਦੇ ਆਧਾਰ 'ਤੇ ਸਮਾਂਬੱਧ ਨਿਪਟਾਰਾ ਯਕੀਨੀ ਬਣਾਉਣ ਦੇ ਨਿਰਦੇਸ਼ ਦਿੱਤੇ।ਸ੍ਰੀ ਢਿੱਲੋਂ ਨੇ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਲੋਕ-ਪੱਖੀ ਸ਼ਾਸਨ ਨੂੰ ਹੋਰ ਪ੍ਰਭਾਵਸ਼ਾਲੀ ਬਣਾਉਣ ਲਈ 'ਲੋਕ ਮਿਲਣੀ' ਪ੍ਰੋਗਰਾਮ ਲਗਾਤਾਰ ਕਰਵਾ ਰਹੀ ਹੈ।ਉਨ੍ਹਾਂ ਕਿਹਾ ਕਿ ਇਨ੍ਹਾਂ ਪ੍ਰੋਗਰਾਮਾਂ ਦਾ ਮਕਸਦ ਲੋਕਾਂ ਦੀਆਂ ਸਮੱਸਿਆਵਾਂ ਨੂੰ ਉਨ੍ਹਾਂ ਦੇ ਘਰਾਂ ਦੇ ਨੇੜੇ ਹੀ ਸੁਣ ਕੇ ਉਨ੍ਹਾਂ ਦਾ ਤੁਰੰਤ ਤੇ ਪਾਰਦਰਸ਼ੀ ਹੱਲ ਯਕੀਨੀ ਬਣਾਉਣਾ ਹੈ।ਚੇਅਰਮੈਨ ਨੇ ਕਿਹਾ ਕਿ ਸਰਕਾਰ ਹਰ ਵਰਗ ਦੀ ਭਲਾਈ ਤੇ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹੈ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕੇ ਦੇ ਵਿਕਾਸ ਤੇ ਭਲਾਈ ਸਬੰਧੀ ਸੁਝਾਅ ਵੀ ਸਰਕਾਰ ਤੱਕ ਪਹੁੰਚਾਉਣ ਤਾਂ ਜੋ ਲੋਕ ਭਾਗੀਦਾਰੀ ਨਾਲ ਵਿਕਾਸ ਕਾਰਜਾਂ ਨੂੰ ਹੋਰ ਗਤੀ ਦਿੱਤੀ ਜਾ ਸਕੇ।ਇਸ ਮੌਕੇ ਪੰਚਾਇਤ ਨੁਮਾਇੰਦੇ ਵੱਖ-ਵੱਖ ਵਿਭਾਗਾਂ ਦੇ ਅਧਿਕਾਰੀ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਅਕਾਲੀ ਦਲ ਛੱਡ ਕਈ ਪਰਵਾਰ ਹੋਏ 'ਆਪ' 'ਚ ਸ਼ਾਮਲ



**ਗਿੱਦੜਬਾਹਾ (ਪੱਤਰ ਪ੍ਰੇਰਕ)**-ਵਿਧਾਇਕ ਹਰਦੀਪ ਸਿੰਘ ਡਿੰਪੀ ਢਿੱਲੋਂ ਦੀ ਅਗਵਾਈ ਹੇਠ ਪਿੰਡ ਸੁਖਨਾ ਅਬਲੂ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਸ਼੍ਰੋਮਣੀ ਅਕਾਲੀ ਦਲ ਨਾਲ ਸਬੰਧਤ ਕਈ ਪ੍ਰਮੁੱਖ ਪਰਵਾਰ ਪਾਰਟੀ ਛੱਡ ਕੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋ ਗਏ।ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ, ਪਾਰਦਰਸ਼ੀ ਪ੍ਰਸ਼ਾਸਨ ਤੇ ਵਿਕਾਸਮੁਖੀ ਕੰਮਾਂ ਤੋਂ ਪ੍ਰਭਾਵਤ ਹੋ ਕੇ ਕੁਲਜੀਤ ਸਿੰਘ ਸੰਧੂ, ਗੁਰਬਾਜ ਸਿੰਘ ਸੰਧੂ, ਬਲਦੇਵ ਸਿੰਘ ਸੰਧੂ, ਨੰਦ ਸਿੰਘ ਸੰਧੂ, ਨਵਜੋਤ ਸਿੰਘ ਸੰਧੂ, ਗੱਗੂ ਸੰਧੂ, ਬਲਦੇਵ ਸਿੰਘ, ਘੀਲਾ ਸੰਧੂ ਅਤੇ ਬਲਜੀਤ ਸਿੰਘ ਭੱਟੀ ਆਪਣੇ ਪਰਵਾਰਾਂ ਸਮੇਤ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿੰਦੇ ਹੋਏ ਆਮ ਆਦਮੀ ਪਾਰਟੀ ਦੇ ਪਰਵਾਰ ਵਿੱਚ ਸ਼ਾਮਲ ਹੋਏ।ਪਾਰਟੀ ਵਿੱਚ ਸ਼ਾਮਲ ਹੋਣ ਵਾਲੇ ਪਰਵਾਰਾਂ ਦੇ ਸੰਦੀਪ ਸਿੰਘ ਸੰਨੀ ਢਿੱਲੋਂ ਨੇ ਪਾਰਟੀ ਚਿੰਨ੍ਹ ਦੇ ਕੇ ਨਿੱਘਾ ਸਵਾਗਤ ਕੀਤਾ ਤੇ ਕਿਹਾ ਕਿ ਆਮ ਆਦਮੀ ਪਾਰਟੀ ਦੀਆਂ ਲੋਕ-ਹਿਤੈਸ਼ੀ ਨੀਤੀਆਂ ਅਤੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਹੋ ਰਹੇ ਵਿਕਾਸ ਕਾਰਜਾਂ ਕਾਰਨ ਲੋਕਾਂ ਦਾ ਵਿਸ਼ਵਾਸ ਲਗਾਤਾਰ ਪਾਰਟੀ ਵੱਲ ਵਧ ਰਿਹਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਤੇ ਸੂਬੇ ਦੇ ਵਿਕਾਸ ਨੂੰ ਹੋਰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ।ਪਾਰਟੀ ਵਿੱਚ ਸ਼ਾਮਲ ਹੋਏ ਪਰਵਾਰਾਂ ਨੇ ਕਿਹਾ ਕਿ ਉਹ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਵਿਕਾਸ ਕਾਰਜਾਂ, ਲੋਕ ਭਲਾਈ ਸਕੀਮਾਂ ਤੇ ਇਮਾਨਦਾਰ ਸ਼ਾਸਨ ਤੋਂ ਪ੍ਰਭਾਵਤ ਹੋ ਕੇ ਆਮ ਆਦਮੀ ਪਾਰਟੀ ਨਾਲ ਜੁੜੇ ਹਨ।



ਬਠਿੰਡਾ ਦੀ ਮੀਡੀਆ ਟੀਮ ਨੇ ਲਹਿਰਾ ਮੁਹੱਬਤ ਥਰਮਲ ਪਲਾਂਟ ਦਾ ਦੌਰਾ ਕੀਤਾ ਅਤੇ ਬਿਜਲੀ ਦੇ ਪ੍ਰਬੰਧਾਂ ਬਾਰੇ ਜਾਣਿਆ ਕਿ ਕਿਸ ਤਰ੍ਹਾਂ ਬਿਜਲੀ ਤਿਆਰ ਹੁੰਦੀ ਹੈ। (ਫੋਟੋ ਤੇ ਵੇਰਵਾ : ਪਰਵਿੰਦਰ ਜੀਤ ਸਿੰਘ)

## ਢਿੱਲੋਂ ਫਨ ਵਰਲਡ ਵਿਖੇ ਵਿਸ਼ਾਲ ਖੂਨਦਾਨ ਕੈਂਪ ਭਲਕੇ

**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਚੇਅਰਮੈਨ ਫੂਡ ਗ੍ਰੇਨ ਕਾਰਪੋਰੇਸ਼ਨ ਲਿਮਟਿਡ ਤੇ ਲੋਕ ਸਭਾ ਹਲਕਾ ਇੰਚਾਰਜ ਪਟਿਆਲਾ ਬਲਜਿੰਦਰ ਸਿੰਘ ਢਿੱਲੋਂ ਨੇ ਦੱਸਿਆ ਕਿ ਢਿੱਲੋਂ ਫਨ ਵਰਲਡ ਜੋੜੀਆਂ ਸੜਕਾਂ ਦੇਵੀਗੜ੍ਹ ਰੋਡ ਵਿਖੇ 15 ਜੁਲਾਈ ਨੂੰ ਸਵੇਰੇ 9 ਵਜੇ ਤੋਂ ਲੈ ਕੇ 4 ਵਜੇ ਤੱਕ ਵਿਸ਼ਾਲ ਖੂਨਦਾਨ ਕੈਂਪ ਲਗਾਇਆ ਜਾ ਰਿਹਾ ਹੈ, ਜਿਸ ਵਿੱਚ ਕੋਈ ਵੀ ਤੰਦਰੁਸਤ ਇਨਸਾਨ ਆ ਕੇ ਖੂਨ ਦਾਨ ਕਰ ਸਕਦਾ ਹੈ।ਖੂਨਦਾਨੀਆਂ ਦੀ ਐਂਟਰੀ ਬਿਲਕੁਲ ਫਰੀ ਹੋਵੇਗੀ ਤੇ ਉਹ ਖੂਨ ਦਾਨ ਕਰਨ ਤੋਂ ਬਾਅਦ ਢਿੱਲੋਂ ਫਨ ਵਰਲਡ ਦਾ ਆਨੰਦ ਮਾਣ ਸਕਦੇ ਹਨ।

ਉਨ੍ਹਾ ਕਿਹਾ ਕਿ ਇਸ ਸਮੇਂ ਬਲੱਡ ਬੈਂਕਾਂ ਵਿੱਚ ਖੂਨ ਦੀ ਭਾਰੀ ਘਾਟ ਚੱਲ ਰਹੀ ਹੈ, ਕਿਉਂਕਿ ਖੂਨਦਾਨ ਕੈਂਪ ਬਹੁਤ ਘੱਟ ਲੱਗ ਰਹੇ ਹਨ।ਉਨ੍ਹਾਂ ਆਮ ਲੋਕਾਂ ਤੇ ਖੂਨਦਾਨੀਆਂ ਨੂੰ ਅਪੀਲ ਕੀਤੀ ਕਿ ਉਹ ਵੱਧ ਤੋਂ ਵੱਧ ਪਹੁੰਚ ਕੇ ਖੂਨ ਦਾਨ ਕਰਨ ਤਾਂ ਜੋ ਖੂਨ ਦੀ ਕਮੀ ਨੂੰ ਪੂਰਾ ਕੀਤਾ ਜਾ ਸਕੇ।ਖੂਨ ਦਾਨ ਕਰਨ ਵਾਲਿਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨ ਚਿੰਨ੍ਹ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਜਾਵੇਗਾ।

# ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਦੇਣ ਲਈ ਵਚਨਬੱਧ : ਡਾ. ਅਰੋੜਾ

**20 ਲੱਖ ਦੀ ਲਾਗਤ ਨਾਲ ਲਗਾਏ ਨਵੇਂ ਟਿਊਬਵੈੱਲ ਦਾ ਕੀਤਾ ਉਦਘਾਟਨ**



**ਮੋਗਾ (ਇਕਬਾਲ ਸਿੰਘ ਖਹਿਰਾ)**

ਆਮ ਆਦਮੀ ਪਾਰਟੀ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਸੂਬੇ ਦੇ ਹਰ ਸ਼ਹਿਰ ਤੇ ਪਿੰਡ ਵਿੱਚ ਵਿਕਾਸ ਕਾਰਜ ਤੇਜ਼ੀ ਨਾਲ ਕਰਵਾ ਰਹੀ ਹੈ।ਲੋਕਾਂ ਨੂੰ ਸਾਫ਼ ਪੀਣ ਵਾਲਾ ਪਾਣੀ, ਬਿਹਤਰ ਸੜਕਾਂ, ਸੀਵਰੇਜ ਤੇ ਹੋਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਸਰਕਾਰ ਦੀ ਸਭ ਤੋਂ ਵੱਡੀ ਤਰਜੀਹ ਹੈ।ਉਨ੍ਹਾਂ ਕਿਹਾ ਕਿ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰੀ ਇਮਾਨਦਾਰੀ ਨਾਲ ਨਿਭਾਇਆ ਜਾ ਰਿਹਾ ਹੈ ਤੇ ਵਿਕਾਸ ਕਾਰਜ ਬਿਨਾਂ ਕਿਸੇ ਭੇਦਭਾਵ ਦੇ ਲਗਾਤਾਰ ਜਾਰੀ ਹਨ। ਇਨ੍ਹਾਂ ਹੀ ਯਤਨਾਂ ਤਹਿਤ ਵਾਰਡ ਨੰਬਰ 28 ਸਥਿਤ ਪਹਾੜਾ ਸਿੰਘ ਚੌਂਕ ਵਿੱਚ ਕਰੀਬ 20 ਲੱਖ ਰੁਪਏ ਦੀ ਲਾਗਤ ਨਾਲ ਲਗਾਏ ਗਏ ਨਵੇਂ ਟਿਊਬਵੈੱਲ ਬੋਰ ਦਾ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਮੇਅਰ ਵਿਨੇਪਾਲ ਕੌਰ ਨਾਲ ਮਿਲ ਕੇ ਉਦਘਾਟਨ ਕੀਤਾ।ਇਸ ਟਿਊਬਵੈੱਲ ਦੇ ਚਾਲੂ ਹੋਣ ਨਾਲ ਇਲਾਕੇ ਦੇ ਲੋਕਾਂ ਨੂੰ ਲੰਬੇ ਸਮੇਂ ਤੋਂ ਆ ਰਹੀ ਪੀਣ ਵਾਲੇ ਪਾਣੀ ਦੀ ਸਮੱਸਿਆ ਤੋਂ ਰਾਹਤ ਮਿਲੇਗੀ ਤੇ ਘਰਾਂ ਤੱਕ ਸਾਫ਼ ਤੇ ਨਿਰਵਿਘਨ ਪਾਣੀ ਦੀ ਸਪਲਾਈ ਯਕੀਨੀ ਬਣੇਗੀ।ਇਸ ਮੌਕੇ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਕਿਹਾ ਕਿ ਉਨ੍ਹਾਂ ਦੀ ਸਰਕਾਰ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਤਰਜੀਹੀ ਆਧਾਰ 'ਤੇ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਵਿਕਾਸ ਕਾਰਜਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ ਤੇ ਸ਼ਹਿਰ ਦੇ ਹਰ ਵਾਰਡ ਵਿੱਚ ਲੋਕਾਂ ਦੀਆਂ ਲੋੜਾਂ ਅਨੁਸਾਰ ਨਵੇਂ ਵਿਕਾਸ ਪ੍ਰੋਜੈਕਟ ਸ਼ੁਰੂ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਲੋਕ ਸੇਵਾ ਤੇ ਵਿਕਾਸ ਦੀ ਰਾਜਨੀਤੀ ਵਿੱਚ ਵਿਸ਼ਵਾਸ ਰੱਖਦੀ ਹੈ ਤੇ ਲੋਕਾਂ ਦੇ ਭਰੋਸੇ 'ਤੇ ਪੂਰੀ ਤਰ੍ਹਾਂ ਖਰਾ ਉਤਰਨ ਲਈ ਵਚਨਬੱਧ ਹੈ।

ਇਸ ਮੌਕੇ ਨਗਰ ਨਿਗਮ ਮੋਗਾ ਦੀ ਮੇਅਰ ਵਿਨੇਪਾਲ ਕੌਰ ਨੇ ਕਿਹਾ ਕਿ ਨਗਰ ਨਿਗਮ ਸ਼ਹਿਰ ਵਾਸੀਆਂ ਨੂੰ ਬਿਹਤਰ ਨਾਗਰਿਕ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਿਹਾ ਹੈ। ਪੀਣ ਵਾਲੇ ਪਾਣੀ ਦੀ ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਭਵਿੱਖ ਵਿੱਚ ਵੀ ਅਜਿਹੇ ਵਿਕਾਸ ਕਾਰਜ ਜਾਰੀ ਰਹਿਣਗੇ।ਇਸ ਮੌਕੇ ਡਿਪਟੀ ਮੇਅਰ ਰਾਕੇਸ਼ ਬਜਾਜ, ਐੱਮ.ਸੀ. ਗੁਰਵਿੰਦਰ ਕੌਰ, ਸਾਬਕਾ ਐੱਮ.ਸੀ. ਛਿੰਦਾ ਬਰਾੜ, ਹਿੰਮਤ ਸਿੰਘ ਤੇ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।

## ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮੰਗਾਂ ਨਾ ਮੰਨਣ 'ਤੇ ਸਰਕਾਰ ਦੀ ਨਿੰਦਾ

**ਧੂਰੀ (ਸੁਖਦੇਵ ਧੂਰੀ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਧੂਰੀ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਸੁਖਦੇਵ ਸ਼ਰਮਾ, ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ, ਸਕੱਤਰ ਡਾ. ਅਮਰਜੀਤ ਸਿੰਘ ਤੇ ਵਿੱਤ ਸਕੱਤਰ ਰਤਨ ਸਿੰਘ ਭੰਡਾਰੀ ਦੀ ਪ੍ਰਧਾਨਗੀ ਹੇਠ ਹੋਈ।ਮੀਟਿੰਗ ਦੀ ਸ਼ੁਰੂਆਤ ਮੌਕੇ ਪਿਛਲੇ ਸਮੇਂ ਦੌਰਾਨ ਸਦੀਵੀ ਵਿਛੋੜਾ ਦੇ ਗਏ ਪੈਨਸ਼ਨਰਾਂ ਤੇ ਉਨ੍ਹਾਂ ਦੇ ਸਕੇ ਸੰਬੰਧੀਆਂ ਨੂੰ 2 ਮਿੰਟ ਦਾ ਮੌਨ ਰੱਖ ਕੇ ਸ਼ਰਧਾਂਜਲੀ ਭੇਟ ਕੀਤੀ ਗਈ।ਉਪਰੰਤ ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਨੇ ਹਾਜ਼ਰ ਪੈਨਸ਼ਨਰਜ਼ ਨੂੰ ਜੀ ਆਇਆਂ ਆਖਦਿਆਂ ਅਪਣੇ ਵਿਚਾਰ ਪੇਸ਼ ਕੀਤੇ।ਇਸ ਉਪਰੰਤ ਵੱਖ ਵੱਖ ਬੁਲਾਰਿਆਂ, ਜਿਨ੍ਹਾਂ ਵਿੱਚ ਏਡਿਡ ਸਕੂਲਜ਼ ਕਰਮਚਾਰੀ ਯੂਨੀਅਨ ਦੇ ਆਗੂ ਮਿਸਰਾ ਸਿੰਘ ਬਮਾਲ, ਮੈਡਮ ਹਰਪ੍ਰੀਤ ਕੌਰ ਭੁੱਲਰ (ਸਟੇਟ ਅਵਾਰਡੀ), ਸੇਵਾ ਮੁਕਤ ਲੈਕਚਰਾਰ ਹਰਦੀਪ ਸਿੰਘ ਭੂਦਨ, ਸੀਨੀਅਰ ਆਗੂ ਚਰਨਜੀਤ ਸਿੰਘ ਕੈਂਥ, ਗੁਰਮੇਲ ਸਿੰਘ ਹਸਨਪੁਰ, ਅਵਤਾਰ ਸਿੰਘ ਮੂਕਰ ਨੇ ਜਿੱਥੇ ਸਰਕਾਰ ਦੀ ਮੁਲਾਜ਼ਮ ਤੇ ਪੈਨਸ਼ਨਰ ਵਿਰੋਧੀ ਨੀਤੀ ਦੀ ਪੁਰਜ਼ੋਰ ਨਿੰਦਾ ਕੀਤੀ, ਉਥੇ ਹੀ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੂੰ ਇੱਕਜੁੱਟ ਹੋ ਕੇ ਸੰਘਰਸ਼ ਕਰਨ ਲਈ ਸੁਝਾਅ ਦਿੱਤੇ।ਉਸਤਾਦ ਗ਼ਜ਼ਲਗੋ ਰਣਜੀਤ ਸਿੰਘ ਧੂਰੀ ਨੇ ਜਿੱਥੇ ਪੈਨਸ਼ਨਰਾਂ ਵੱਲੋਂ ਹੱਕੀ ਮੰਗਾਂ ਲਈ ਕੀਤੇ ਜਾ ਰਹੇ ਸੰਘਰਸ਼ ਦੀ ਪ੍ਰੋੜਤਾ ਕੀਤੀ, ਉਥੇ ਹੀ ਬਜ਼ੁਰਗ ਪੈਨਸ਼ਨਰਾਂ ਦੇ ਜਨਮ ਦਿਨ ਮਨਾਉਣ ਦੀ ਪਿਰਤ ਨੂੰ ਇੱਕ ਸਾਰਥਕ ਕਾਰਜ ਦੱਸਿਆ।ਇਸ ਮੌਕੇ ਪ੍ਰਧਾਨ ਸੁਖਦੇਵ ਸ਼ਰਮਾ ਨੇ ਮਾਨ ਸਰਕਾਰ ਵੱਲੋਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਮਸਲਿਆਂ ਨੂੰ ਅਦਾਲਤਾਂ ਵਿੱਚ ਲਮਕਾਉਣ ਦੀ ਨੀਤੀ ਨੂੰ ਕੋਝੀ ਹਰਕਤ ਕਰਾਰ ਦਿੰਦਿਆਂ ਪੈਨਸ਼ਨਰਾਂ ਨੂੰ ਹਰ ਸੰਘਰਸ਼ ਵਿੱਚ ਵੱਧ ਤੋਂ ਵੱਧ ਗਿਣਤੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ।ਇਸ ਉਪਰੰਤ ਜੁਲਾਈ ਮਹੀਨੇ ਵਿੱਚ ਜਨਮੇ ਪੈਨਸ਼ਨਰਾਂ ਦੀ ਲੰਮੀ ਤੇ ਤੰਦਰੁਸਤ ਜ਼ਿੰਦਗੀ ਦੀ ਕਾਮਨਾ ਕਰਦੇ ਹੋਏ ਹਾਰ ਪਾ ਕੇ, ਤੋਹਫ਼ੇ ਦੇ ਕੇ ਉਨ੍ਹਾਂ ਦੇ ਜਨਮ ਦਿਨ ਮਨਾਏ।ਕਾਰਜਕਾਰੀ ਪ੍ਰਧਾਨ ਜਸਦੇਵ ਸਿੰਘ ਨੇ ਸਾਰੇ ਹਾਜ਼ਰ ਪੈਨਸ਼ਨਰਾਂ ਦਾ ਧੰਨਵਾਦ ਕਰਦਿਆਂ ਹਰ ਮੀਟਿੰਗ ਤੇ ਜਥੇਬੰਦੀ ਦੇ ਹਰ ਪ੍ਰੋਗਰਾਮ ਵਿੱਚ ਵੱਧ ਚੜ੍ਹ ਕੇ ਸ਼ਾਮਲ ਹੋਣ ਦੀ ਅਪੀਲ ਕੀਤੀ।ਸਟੇਜ ਸਕੱਤਰ ਦੀ ਡਿਊਟੀ ਡਾਕਟਰ ਅਮਰਜੀਤ ਸਿੰਘ ਨੇ ਬਾਖੂਬੀ ਨਿਭਾਈ।



## ਜ਼ਿਲ੍ਹੇ 'ਚ ਇਨੁਮੀਰੇਸ਼ਨ ਫਾਰਮਾਂ ਦੀ ਡਿਜੀਟਾਇਜ਼ੇਸ਼ਨ ਦਾ ਕੰਮ ਜ਼ੋਰਾਂ 'ਤੇ : ਜ਼ਿਲ੍ਹਾ ਚੋਣ ਅਫ਼ਸਰ

**ਬਠਿੰਡਾ (ਪਰਵਿੰਦਰ ਜੀਤ ਸਿੰਘ)**-ਪੰਜਾਬ ਦੇ ਮੁੱਖ ਚੋਣ ਅਫ਼ਸਰ ਦੀਆਂ ਹਦਾਇਤਾਂ ਅਨੁਸਾਰ ਚੱਲ ਰਹੀ ਸਪੈਸ਼ਲ ਇੰਟੈਂਸਿਵ ਰੀਵਿਜ਼ਨ (ਐੱਸ.ਆਈ.ਆਰ.) ਮੁਹਿੰਮ ਤਹਿਤ ਜ਼ਿਲ੍ਹੇ ਵਿੱਚ ਇਨੁਮੀਰੇਸ਼ਨ ਫਾਰਮਾਂ ਦੀ ਡਿਜੀਟਾਇਜ਼ੇਸ਼ਨ ਦਾ ਕੰਮ ਜ਼ੋਰਾਂ 'ਤੇ ਹੈ।ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਸ੍ਰੀ ਰਾਜੇਸ਼ ਧੀਮਾਨ ਨੇ ਸਾਂਝੀ ਕੀਤੀ।ਜ਼ਿਲ੍ਹਾ ਚੋਣ ਅਫਸਰ ਨੇ ਦੱਸਿਆ ਕਿ ਬਠਿੰਡਾ ਜ਼ਿਲ੍ਹੇ ਦੇ ਸਾਰੇ ਪੋਲਿੰਗ ਬੂਥਾਂ 'ਤੇ ਸ਼ਨੀਵਾਰ ਤੇ ਐਤਵਾਰ ਵਿਸ਼ੇਸ਼ ਕੈਂਪ ਲਗਾ ਕੇ ਇਨੁਮੀਰੇਸ਼ਨ ਫਾਰਮਾਂ ਦੀ ਡਿਜੀਟਾਇਜ਼ੇਸ਼ਨ ਦੇ ਕੰਮ ਵਿੱਚ ਹੋਰ ਤੇਜ਼ੀ ਲਿਆਂਦੀ ਗਈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਕੈਂਪਾਂ ਦਾ ਮਕਸਦ ਯੋਗ ਵੋਟਰਾਂ ਦੇ ਗਣਨਾ ਫਾਰਮ ਭਰਨ ਤੇ ਜਮ੍ਹਾਂ ਕਰਵਾਉਣ ਦੀ ਪ੍ਰਕਿਰਿਆ ਨੂੰ ਸੁਚਾਰੂ ਤੇ ਸੁਵਿਧਾਜਨਕ ਬਣਾਉਣਾ ਹੈ।

ਉਨ੍ਹਾਂ ਲੋਕਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਹ ਵੱਡੀ ਗਿਣਤੀ ਵਿੱਚ ਇਨੁਮੀਰੇਸ਼ਨ ਫਾਰਮਾਂ ਦੀ ਡਿਜੀਟਾਇਜ਼ੇਸ਼ਨ ਦਾ ਕੰਮ ਕਰਵਾਉਣ ਲਈ ਪੋਲਿੰਗ ਬੂਥਾਂ 'ਤੇ ਬੀ.ਐੱਲ.ਓਜ਼ ਕੋਲ ਪਹੁੰਚ ਰਹੇ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੇ ਸਮੂਹ ਬੀਐੱਲਓਜ਼ ਪੂਰੀ ਤਨਦੇਹੀ ਨਾਲ ਆਪਣੀਆਂ ਡਿਊਟੀਆਂ ਨਿਭਾ ਰਹੇ ਹਨ ਤੇ ਵੋਟਰਾਂ ਨੂੰ ਗਣਨਾ ਫਾਰਮ ਭਰਨ ਤੇ ਜਮ੍ਹਾਂ ਕਰਵਾਉਣ ਵਿੱਚ ਹਰ ਸੰਭਵ ਸਹਾਇਤਾ ਪ੍ਰਦਾਨ ਕਰ ਰਹੇ ਹਨ।ਜ਼ਿਲ੍ਹਾ ਚੋਣ ਅਫਸਰ ਨੇ ਕਿਹਾ ਕਿ ਜੇਕਰ ਕਿਸੇ ਵੋਟਰ ਨੇ ਅਜੇ ਤੱਕ ਆਪਣਾ ਗਣਨਾ ਫਾਰਮ ਨਹੀਂ ਭਰਿਆ ਹੈ ਤਾਂ ਉਹ ਆਪਣੇ ਸਬੰਧਤ ਬੂਥ ਲੈਵਲ ਅਫ਼ਸਰ (ਬੀਐੱਲਓ) ਨਾਲ ਤੁਰੰਤ ਸੰਪਰਕ ਕਰਨ ਤਾਂ ਜੋ ਸਪੈਸ਼ਲ ਇੰਟੈਂਸਿਵ ਰੀਵਿਜ਼ਨ ਮੁਹਿੰਮ ਨੂੰ ਸਫਲ ਬਣਾਇਆ ਜਾ ਸਕੇ।

# ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਪਟਿਆਲਾ ਦਾ ਅਜਲਾਸ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**

ਜਮਹੂਰੀ ਅਧਿਕਾਰ ਸਭਾ ਪੰਜਾਬ ਇਕਾਈ ਪਟਿਆਲਾ ਦਾ ਅਜਲਾਸ ਸਵ. ਵਿਧੂ ਸ਼ੇਖਰ ਭਾਰਦਵਾਜ ਸਕੱਤਰ ਜ਼ਿਲ੍ਹਾ ਇਕਾਈ [illegible] ਕਰਨੈਲ ਸਿੰਘ ਨੂੰ ਮੋਨ ਧਾਰ ਕੇ ਯਾਦ ਕੀਤਾ ਗਿਆ।ਸ੍ਰੀ ਵਿਧੂ ਸ਼ੇਖਰ ਦੀਆਂ ਸਭਾ ਪ੍ਰਤੀ ਸੇਵਾਵਾਂ ਨੂੰ ਮੁੱਖ ਰੱਖਦੇ ਹੋਏ ਉਨ੍ਹਾਂ ਦੀ ਪਤਨੀ ਸ੍ਰੀਮਤੀ ਓਮ ਲਤਾ ਭਾਰਦਵਾਜ ਨੂੰ ਮੋਮੈਂਟੋ ਤੇ ਸ਼ਾਲ [illegible] ਨੇ ਜਮਹੂਰੀ ਹੱਕਾਂ ਤੇ ਸਭਾ ਦੇ ਮੁੱਖ ਉਦੇਸ਼ ਬਾਰੇ ਆਪਣੇ ਵਿਚਾਰ ਰੱਖੇ ਅਤੇ ਪਿਛਲੇ ਸਮੇਂ ਵਿੱਚ ਵੱਖ-ਵੱਖ ਸਮਿਆਂ 'ਤੇ ਸਭਾ ਦੇ ਸਾਰੇ ਮੈਂਬਰਾਂ ਤੇ ਭਰਾਤਰੀ ਜਥੇਬੰਦੀਆਂ ਵੱਲੋਂ ਮਿਲਦੇ ਰਹੇ ਸਹਿਯੋਗ ਲਈ ਸਭਨਾਂ ਦਾ ਧੰਨਵਾਦ ਕੀਤਾ ਅਤੇ ਅੱਗੇ ਤੋਂ ਵੀ ਇਸੇ ਤਰ੍ਹਾਂ ਦਾ ਸਹਿਯੋਗ ਜਾਰੀ ਰੱਖਣ ਦੀ ਅਪੀਲ ਕੀਤੀ।ਇਨ੍ਹਾਂ ਤੋਂ ਇਲਾਵਾ ਸੂਬਾ ਵਿੱਤ [illegible] ਸੁਰਿੰਦਰਪਾਲ, ਸ੍ਰੀ ਬਲਰਾਜ ਜੋਸ਼ੀ ਤੇ ਸ੍ਰੀਮਤੀ ਕੁਲਦੀਪ ਕੌਰ ਮੈਂਬਰ ਸ਼ਾਮਲ ਕੀਤੇ ਗਏ।ਇਸ ਚੋਣ ਵਿੱਚ ਪ੍ਰੀਜ਼ਾਇਡਿੰਗ ਅਫ਼ਸਰ ਦੀ ਜ਼ਿੰਮੇਵਾਰੀ ਡਾ. ਸੁੱਚਾ ਸਿੰਘ ਗਿੱਲ ਨੇ ਨਿਭਾਈ।

## ਵਾਤਾਵਰਣ ਨੂੰ ਪ੍ਰਦੂਸ਼ਣ ਮੁਕਤ ਬਣਾਉਣ ਲਈ ਪੌਦੇ ਲਗਾਉਣਾ ਜ਼ਰੂਰੀ : ਯਸ਼ਪਾਲ ਸਿੰਗਲਾ

**ਸ਼ਿਵ ਸ਼ੰਕਰ ਯੂਥ ਸੇਵਾ ਦਲ ਨੇ ਮਾਨ ਕਲੋਨੀ ਵਿਖੇ ਲਗਾਏ ਪੌਦੇ**



**ਸਮਾਣਾ (ਇਕਬਾਲ ਸਿੰਘ ਬੱਲ)**

ਸਥਾਨਕ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸ਼ਹਿਰ ਨੂੰ ਹਰਿਆ-ਭਰਿਆ ਤੇ ਪ੍ਰਦੂਸ਼ਣ ਰਹਿਤ ਬਣਾਉਣ ਦੇ ਮਕਸਦ ਨਾਲ ਵਿੱਢੀ ਗਈ ਪੌਦੇ ਲਗਾਉਣ ਦੀ ਮੁਹਿੰਮ ਨੂੰ ਅੱਗੇ ਵਧਾਉਂਦਿਆਂ ਐਤਵਾਰ ਸਥਾਨਕ ਮਾਨ ਕਲੋਨੀ ਵਿਖੇ ਵਿਸ਼ੇਸ਼ ਤੌਰ 'ਤੇ ਪੌਦੇ ਲਗਾਏ ਗਏ।ਇਸ ਵਾਤਾਵਰਣ ਪੱਖੀ ਮੁਹਿੰਮ ਵਿੱਚ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ ਤੇ ਵਾਰਡ ਨੰਬਰ 11 ਦੀ ਐੱਮ.ਸੀ. ਆਸ਼ਾ ਰਾਣੀ ਦੇ ਬੇਟੇ ਸ਼ੈਂਕੀ ਤਕੇਜਾ ਤੇ ਰਵੀ ਤਕੇਜਾ ਵਿਸ਼ੇਸ਼ ਮਹਿਮਾਨ ਵਜੋਂ ਸ਼ਾਮਲ ਹੋਏ ਅਤੇ ਆਪਣੇ ਹੱਥਾਂ ਨਾਲ ਪੌਦੇ ਲਗਾ ਕੇ ਇਸ ਨੇਕ ਕਾਰਜ ਦੀ ਸ਼ੁਰੂਆਤ ਕੀਤੀ।ਇਸ ਮੌਕੇ ਹਾਜ਼ਰ ਇਕੱਠ ਨੂੰ ਸੰਬੋਧਨ ਕਰਦਿਆਂ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ ਨੇ ਸ਼ਿਵ ਸ਼ੰਕਰ ਯੂਥ ਸੇਵਾ ਦਲ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਰੁੱਖ ਸਾਡੇ ਜੀਵਨ ਦਾ ਅਸਲ ਆਧਾਰ ਹਨ ਤੇ ਅਜੋਕੇ ਸਮੇਂ ਵਿੱਚ ਵਧ ਰਹੇ ਪ੍ਰਦੂਸ਼ਣ ਨੂੰ ਠੱਲ੍ਹ ਪਾਉਣ ਲਈ ਸਾਨੂੰ ਸਾਰਿਆਂ ਨੂੰ ਆਪਣੇ ਜੀਵਨ ਵਿੱਚ ਵੱਧ ਤੋਂ ਵੱਧ ਪੌਦੇ ਲਗਾਉਣੇ ਚਾਹੀਦੇ ਹਨ।ਇਸ ਦੌਰਾਨ ਸੰਸਥਾ ਦੇ ਪ੍ਰਧਾਨ ਰਮਨ ਮਹਿੰਦਰਾ ਨੇ ਦੱਸਿਆ ਕਿ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਚਲਾਈ ਜਾ ਰਹੀ ਇਹ ਮੁਹਿੰਮ ਸਿਰਫ਼ ਪੌਦੇ ਲਗਾਉਣ ਤੱਕ ਹੀ ਸੀਮਿਤ ਨਹੀਂ ਹੈ, ਸਗੋਂ ਉਨ੍ਹਾਂ ਦੀ ਪੂਰੀ ਦੇਖਭਾਲ ਯਕੀਨੀ ਬਣਾਉਣਾ ਸੰਸਥਾ ਦਾ ਮੁੱਖ ਮਕਸਦ ਹੈ।ਮੁਹਿੰਮ ਦੇ ਅਖੀਰ ਵਿੱਚ ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਸਾਬਕਾ ਪ੍ਰਧਾਨ ਯਸ਼ਪਾਲ ਸਿੰਗਲਾ, ਸ਼ੈਂਕੀ ਤਕੇਜਾ, ਰਵੀ ਤਕੇਜਾ ਤੇ ਕਲੋਨੀ ਦੇ ਪਤਵੰਤਿਆਂ ਸਰਪ੍ਰਸਤ ਵਿਨੋਦ ਬਾਂਸਲ, ਪ੍ਰਧਾਨ ਪ੍ਰਦੀਪ ਕੁਮਾਰ ਗੋਇਲ, ਬੌਬੀ ਮਾਨ, ਜਿਤੇਸ਼ ਵਰਮਾ, ਬੌਬੀ ਅਰੋੜਾ ਤੇ ਪੁਨੀਤ ਕੁਮਾਰ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਲਗਾਏ ਗਏ ਪੌਦਿਆਂ ਦੀ ਸੰਭਾਲ ਤੇ ਦੇਖਭਾਲ ਕਰਨ ਦਾ ਪੂਰਨ ਵਿਸ਼ਵਾਸ ਦਿਵਾਇਆ।

ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਸਥਾ ਦੇ ਸੈਕਟਰੀ ਕਮਲ ਸ਼ਰਮਾ, ਰਵੀ ਗਰਗ ਟਿਮਾ, ਰਣਜੀਤ ਰਾਣਾ, ਰੌਕੀ ਗਰਗ, ਮਨੋਜ ਰਹੇਜਾ, ਯੋਗੇਸ਼ ਬਾਂਸਲ, ਮਨਜੀਤ ਸਿੰਘ ਜੇ.ਈ. ਤੇ ਉਮਾ ਸ਼ੰਕਰ ਸਮੇਤ ਕਈ ਹੋਰ ਪਤਵੰਤੇ ਸੱਜਣ ਹਾਜ਼ਰ ਸਨ।

## ਤਨਖਾਹਾਂ ਨਾ ਮਿਲਣ ਕਾਰਨ ਪੰਚਾਇਤ ਵਿਭਾਗ ਦੇ ਮੁਲਾਜ਼ਮਾਂ 'ਚ ਭਾਰੀ ਰੋਸ

**ਹਠੂਰ (ਨਛੱਤਰ ਸੰਧੂ)**-ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਜਿੱਥੇ ਚੋਣਾਂ ਸਮੇਂ ਸਰਕਾਰ ਬਣਨ ਤੋਂ ਪਹਿਲਾਂ ਆਮ ਮੁਲਾਜ਼ਮਾਂ ਨਾਲ ਵੱਡੇ ਵੱਡੇ ਵਾਅਦੇ ਕੀਤੇ ਸਨ, ਉੱਥੇ ਸਰਕਾਰ ਮੁਲਾਜ਼ਮ ਵਰਗ ਨਾਲ ਵਿਤਕਰਾ ਤੇ ਧੱਕੇਸ਼ਾਹੀ ਦੀ ਨੀਤੀ ਅਪਣਾਈ ਬੈਠੀ ਹੈ।ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਦੇ ਜ਼ਿਲ੍ਹਾ ਪ੍ਰੀਸ਼ਦ ਤੇ ਬਲਾਕ ਸੰਮਤੀ ਮੁਲਾਜ਼ਮਾਂ ਦੀਆਂ ਪਿਛਲੇ ਚਾਰ-ਪੰਜ ਮਹੀਨਿਆਂ ਤੋਂ ਤਨਖਾਹਾਂ ਰੋਕ ਕੇ ਮੁਲਾਜ਼ਮਾਂ ਦੇ ਚੁੱਲ੍ਹੇ ਠੰਢੇ ਕਰ ਦਿੱਤੇ ਹਨ।ਬਹੁਤ ਸਾਰੇ ਮੁਲਾਜ਼ਮਾਂ ਨੇ ਦੱਸਿਆ ਕਿ ਸਰਕਾਰ ਨੇ ਤਨਖਾਹਾਂ ਰੋਕ ਕੇ ਚੰਗਾ ਕੰਮ ਨਹੀਂ ਕੀਤਾ, ਹੁਣ ਤਾਂ ਦੁਕਾਨਦਾਰ ਵੀ ਮੁਲਾਜ਼ਮਾਂ ਨੂੰ ਉਧਾਰ ਘਰੇਲੂ ਵਸਤਾਂ ਦੇਣ ਤੋਂ ਇਨਕਾਰ ਕਰ ਰਹੇ ਹਨ, ਜਿਸ ਨਾਲ ਮੁਲਾਜ਼ਮ ਵਰਗ ਵਿੱਚ ਵੱਡਾ ਰੋਸ ਪਾਇਆ ਜਾ ਰਿਹਾ।ਉਨ੍ਹਾਂ ਦਾ ਕਹਿਣਾ ਹੈ ਕਿ ਜੇਕਰ ਸਰਕਾਰ ਨੇ ਜਲਦੀ ਤਨਖਾਹਾਂ ਨਾ ਦਿੱਤੀਆਂ ਤਾਂ ਸਿੱਧਾ ਖਮਿਆਜ਼ਾ ਸਰਕਾਰ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਵਿੱਚ ਭੁਗਤਣਾ ਪਵੇਗਾ ਅਤੇ ਮੁਲਾਜ਼ਮ ਵਰਗ ਵੱਲੋਂ ਆਉਣ ਵਾਲੇ ਸਮੇਂ ਵਿੱਚ ਸੰਘਰਸ਼ ਵੀ ਕੀਤਾ ਜਾਵੇਗਾ।

## ਸਪੈਸ਼ਲ ਲੋਕ ਅਦਾਲਤ 18 ਨੂੰ

**ਮਾਨਸਾ (ਆਤਮਾ ਸਿੰਘ ਪਮਾਰ)**-ਕੌਮੀ ਕਾਨੂੰਨੀ ਸੇਵਾਵਾਂ ਅਥਾਰਟੀ ਦੇ ਦਿਸ਼ਾ-ਨਿਰਦੇਸ਼ਾਂ ਤਹਿਤ 18 ਜੁਲਾਈ ਨੂੰ ਨੈਗੋਸ਼ੀਏਬਲ ਇੰਸਟਰੂਮੈਂਟ ਐਕਟ 1881 ਅਧੀਨ ਆਉਣ ਵਾਲੇ ਕੇਸਾਂ ਦੇ ਨਿਪਟਾਰੇ ਲਈ ਮਾਣਯੋਗ ਜ਼ਿਲ੍ਹਾ ਤੇ ਸੈਸ਼ਨਜ਼ ਜੱਜ ਸ੍ਰੀ ਮਨਜਿੰਦਰ ਸਿੰਘ ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਮਾਨਸਾ ਵਿਖੇ ਸ਼੍ਰੀਮਤੀ ਰਾਜਵਿੰਦਰ ਕੌਰ ਸਿਵਲ ਜੱਜ ਸੀਨੀਅਰ ਡਵੀਜ਼ਨ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਾਵਾ ਅਥਾਰਟੀ ਮਾਨਸਾ ਵੱਲੋਂ ਸਪੈਸ਼ਲ ਲੋਕ ਅਦਾਲਤ ਦਾ ਆਯੋਜਨ ਕੀਤਾ ਜਾ ਰਿਹਾ ਹੈ।ਸਕੱਤਰ ਸ਼੍ਰੀਮਤੀ ਰਾਜਵਿੰਦਰ ਕੌਰ ਨੇ ਸਮੁੱਚੇ ਮਾਨਸਾ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਇਸ ਲੋਕ ਅਦਾਲਤ 'ਚ ਆਪਣੇ ਕੇਸ ਲਗਾ ਕੇ ਵੱਧ ਤੋਂ ਵੱਧ ਫ਼ਾਇਦਾ ਉਠਾਉਣ।ਉਨ੍ਹਾਂ ਦੱਸਿਆ ਕਿ ਇਸ ਲੋਕ ਅਦਾਲਤ 'ਚ ਉਨ੍ਹਾਂ ਕੇਸਾਂ ਦਾ ਜਲਦੀ ਤੋਂ ਜਲਦੀ ਨਿਪਟਾਰਾ ਕੀਤਾ ਜਾਵੇਗਾ ਜਿਸ ਨਾਲ ਲੋਕਾਂ ਦੇ ਸਮੇਂ ਤੇ ਪੈਸਿਆਂ ਦੀ ਵੀ ਬੱਚਤ ਹੋਵੇਗੀ। ਉਨ੍ਹਾਂ ਦੱਸਿਆ ਕਿ ਇਸ ਸਬੰਧੀ ਹੋਰ ਜਾਣਕਾਰੀ ਲਈ ਟੋਲ ਫ੍ਰੀ ਨੰਬਰ 15100 ਜਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ ਮਾਨਸਾ ਦੇ ਦਫ਼ਤਰ ਵਿਖੇ ਵੀ ਸੰਪਰਕ ਕੀਤਾ ਸਕਦਾ ਹੈ।

# ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਵੱਲੋਂ ਸਰਬਜੀਤ ਕੌਰ ਨੂੰ ਸ਼ਰਧਾਂਜਲੀਆਂ



**ਭਵਾਨੀਗੜ੍ਹ (ਰਾਜ ਖੁਰਮੀ)**

ਗੁਰਦੁਆਰਾ ਸਾਹਿਬ ਪਾਤਸ਼ਾਹੀ ਨੌਵੀਂ ਭਵਾਨੀਗੜ੍ਹ ਵਿਖੇ ਲੋਕ ਸੰਪਰਕ ਵਿਭਾਗ ਦੇ ਸੇਵਾ ਮੁਕਤ ਵਧੀਕ ਡਾਇਰੈਕਟਰ ਐਡਵੋਕੇਟ ਹਰਜੀਤ ਸਿੰਘ ਗਰੇਵਾਲ ਦੀ ਸਵ: ਪਤਨੀ ਬੀਬੀ ਸਰਬਜੀਤ ਕੌਰ ਗਰੇਵਾਲ ਦੀ ਅੰਤਿਮ ਅਰਦਾਸ ਮੌਕੇ ਵੱਖ ਵੱਖ ਸਿਆਸੀ ਪਾਰਟੀਆਂ ਦੇ ਆਗੂਆਂ ਨੇ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਸ਼ਰਧਾਂਲੀਆਂ ਭੇਟ ਕੀਤੀਆਂ।ਇਸ ਮੌਕੇ ਵੱਖ-ਵੱਖ ਬੁਲਾਰਿਆਂ, ਜਿਨ੍ਹਾਂ ਵਿੱਚ ਵਿਧਾਇਕਾ ਨਰਿੰਦਰ ਕੌਰ ਭਰਾਜ, ਸਾਬਕਾ ਮੰਤਰੀ ਵਿਜੈਇੰਦਰ ਸਿੰਗਲਾ, ਸਾਬਕਾ ਸੰਸਦੀ ਸਕੱਤਰ ਬਾਬੂ ਪ੍ਰਕਾਸ਼ ਚੰਦ ਗਰਗ ਨੇ ਸਵ: ਸਰਬਜੀਤ ਕੌਰ ਗਰੇਵਾਲ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਕਿਹਾ ਕਿ ਉਨ੍ਹਾਂ ਸਾਰੀ ਉਮਰ ਸਿਹਤ ਮਹਿਕਮੇ ਵਿੱਚ ਆਪਣੀ ਡਿਊਟੀ ਬਾਖ਼ੂਬੀ ਨਿਭਾਈ।ਉਨ੍ਹਾਂ ਕਿਹਾ ਕਿ ਸਾਰਾ ਗਰੇਵਾਲ ਪਰਵਾਰ ਸਿੱਖੀ ਸਰੂਪ ਵਿੱਚ ਰਹਿੰਦਿਆਂ ਗੁਰਬਾਣੀ ਦੇ ਆਦੇਸ਼ਾਂ ਮੁਤਾਬਿਕ ਜ਼ਿੰਦਗੀ ਜਿਉਣ ਦਾ ਸਫਰ ਤਹਿ ਕਰ ਰਿਹਾ ਹੈ।ਚੰਗੇ ਸੰਸਕਾਰਾਂ ਕਰਕੇ ਉਨ੍ਹਾਂ ਦੇ ਬੇਟੇ ਚਿਤਮਨਜੀਤ ਸਿੰਘ ਗਰੇਵਾਲ ਕੈਨੇਡਾ ਵਿਖੇ ਉੱਚ ਅਹੁਦੇ 'ਤੇ ਬਿਰਾਜ਼ਮਾਨ ਹੈ।ਇਸ ਮੌਕੇ ਸਾਬਕਾ ਵਿਧਾਇਕ ਅਰਵਿੰਦ ਖੰਨਾ, ਸੁਰਿੰਦਰਪਾਲ ਸਿੰਘ ਸਿਬੀਆ ਤੋਂ ਇਲਾਵਾ ਸੁਰਿੰਦਰ ਸਿੰਘ ਢਿੱਲੋਂ ਏਡੀਸੀ, ਰਮਨਦੀਪ ਸਿੰਘ ਭੰਗੂ ਐੱਸ. ਪੀ. ਜ਼ਿਲ੍ਹਾ ਜੇਲ੍ਹ ਸੰਗਰੂਰ, ਹਰਪ੍ਰੀਤ ਸਿੰਘ ਰਾਏ ਡਿਪਟੀ ਸੁਪਰਡੈਂਟ ਨਾਭਾ ਜੇਲ੍ਹ, ਡੀ ਐੱਸ ਪੀ ਰਾਵਿੰਦਰ ਸਿੰਘ ਰੰਧਾਵਾ, ਭੁਪਿੰਦਰ ਸਿੰਘ ਭਲਵਾਨ ਐਗਜ਼ੈਕਟਿਵ ਮੈਂਬਰ ਐੱਸਜੀਪੀਸੀ, ਚੇਅਰਮੈਨ ਗੁਰਮੇਲ ਸਿੰਘ ਘਰਾਚੋਂ, ਪਰਮਜੀਤ ਕੌਰ ਵਿਰਕ ਜ਼ਿਲ੍ਹਾ ਪ੍ਰਧਾਨ ਇਸਤਰੀ ਅਕਾਲੀ ਦਲ, ਚੇਅਰਮੈਨ ਮਿੰਕੂ ਜਵੰਧਾ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਹਰੀ ਸਿੰਘ ਫੱਗੂਵਾਲਾ, ਬਲਾਕ ਸੰਮਤੀ ਮੈਂਬਰ ਪਰਵਿੰਦਰ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਰਾਜਾ ਬੀਰ ਕਲਾਂ, ਰੁਪਿੰਦਰ ਸਿੰਘ ਰੰਧਾਵਾ, ਧਰਮਿੰਦਰ ਸਿੰਘ ਟਿੰਕੂ ਸੰਤੋਖਪੁਰਾ, ਕੇਵਲ ਸਿੰਘ ਜਲਾਣ ਕੇਟੀ ਰੋਇਲ, ਰਾਜਿੰਦਰ ਸਿੰਘ ਸੰਘਰੇੜੀ, ਗੁਰਮੀਤ ਸਿੰਘ ਭੱਟੀਵਾਲ ਸੂਬਾ ਮੀਤ ਪ੍ਰਧਾਨ ਭਾਕਿਯੂ (ਡਕੌਂਦਾ), ਮੁਲਾਜ਼ਮ ਆਗੂ ਫਲਜੀਤ ਸਿੰਘ ਸਕਰੌਦੀ, ਵਰਿੰਦਰ ਪੰਨਵਾਂ ਸਾਬਕਾ ਚੇਅਰਮੈਨ, ਡਾ. ਮਨਜੀਤ ਸਿੰਘ ਢਿੱਲੋਂ ਕੋਟਕਪੂਰਾ, ਗੁਰਿੰਦਰ ਸਿੰਘ ਮਹਿੰਦੀਰੱਤਾ ਜ਼ਿਲ੍ਹਾ ਇੰਚਾਰਜ ਫਰੀਦਕੋਟ, ਬਲਵਿੰਦਰ ਸਿੰਘ ਬਿੱਲੂ ਚੇਅਰਮੈਨ ਧੂਰੀ, ਮਾਲਵਿੰਦਰ ਸਿੰਘ ਮਾਲਾ ਪ੍ਰਧਾਨ ਟਰੱਕ ਯੂਨੀਅਨ ਤੇ ਵੱਡੀ ਗਿਣਤੀ ਵਿੱਚ ਵੱਖ ਵੱਖ ਸਟੇਸ਼ਨਾਂ ਤੋਂ ਪੱਤਰਕਾਰ ਸਵ: ਸਰਬਜੀਤ ਕੌਰ ਨੂੰ ਸ਼ਰਧਾ ਦੇ ਫੁੱਲ ਭੇਟ ਕਰਨ ਪਹੁੰਚੇ।ਅਖੀਰ ਵਿੱਚ ਪਰਵਾਰ ਵੱਲੋਂ ਸੇਵਾ ਮੁਕਤ ਏ. ਡੀ. ਸੀ. ਸੁਖਵੰਤ ਸਿੰਘ ਸਰਾਓਂ ਨੇ ਆਈਆਂ ਸੰਗਤਾਂ ਦਾ ਧੰਨਵਾਦ ਕੀਤਾ।ਪੇਂਡੂ ਸੱਭਿਆਚਾਰਕ ਮੰਚ ਘਰਾਚੋਂ ਦੇ ਪ੍ਰਧਾਨ ਮਨਜੀਤ ਸਿੰਘ ਨੇ ਸਟੇਜ ਦੀ ਸੇਵਾ ਨਿਭਾਈ।

## ਭਾਰਤ-ਅਮਰੀਕਾ ਵਪਾਰ ਸਮਝੌਤਾ ਪੂਰੀ ਤਰ੍ਹਾਂ ਕਿਸਾਨ ਮਾਰੂ : ਖੋਸਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਖੋਸਾ ਜ਼ਿਲ੍ਹਾ ਮੋਗਾ ਦੀ ਮਹੀਨਾਵਾਰ ਮੀਟਿੰਗ ਦਾਣਾ ਮੰਡੀ ਮੋਗਾ ਵਿੱਚ ਜ਼ਿਲ੍ਹਾ ਪ੍ਰਧਾਨ ਸੁਖਮੰਦਰ ਸਿੰਘ ਉਗੋਕੇ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਜਥੇਬੰਦੀ ਦੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ, ਸੀਨੀਅਰ ਮੀਤ ਪ੍ਰਧਾਨ ਗੁਰਦਰਸ਼ਨ ਸਿੰਘ ਕਾਲੇਕੇ, ਮੀਤ ਪ੍ਰਧਾਨ ਜਗਜੀਤ ਸਿੰਘ ਰਣੀਆਂ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਜਥੇਬੰਦੀ ਦੇ ਕੌਮੀ ਪ੍ਰਧਾਨ ਸੁਖਜਿੰਦਰ ਸਿੰਘ ਖੋਸਾ ਤੇ ਸੀਨੀਅਰ ਮੀਤ ਪ੍ਰਧਾਨ ਗੁਰਦਰਸ਼ਨ ਸਿੰਘ ਕਾਲੇਕੇ ਨੇ ਭਾਰਤ-ਅਮਰੀਕਾ ਵਪਾਰ ਸਮਝੌਤੇ ਦਾ ਵਿਰੋਧ ਕਰਦਿਆਂ ਕਿਹਾ ਕਿ ਇਹ ਸਮਝੌਤਾ ਪੂਰੀ ਤਰ੍ਹਾਂ ਲੋਕ ਮਾਰੂ ਤੇ ਕਿਸਾਨ ਮਾਰੂ ਸਾਬਿਤ ਹੋਣ ਕਰ ਕੇ ਜਥੇਬੰਦੀ ਇਸ ਦਾ ਸਖ਼ਤ ਵਿਰੋਧ ਕਰਦੀ ਹੈ ਤੇ ਭਰਾਤਰੀ ਜਥੇਬੰਦੀਆਂ ਨਾਲ ਰਲ ਕੇ ਇਸ ਵਿਰੁੱਧ ਤਿੱਖਾ ਸੰਘਰਸ਼ ਸ਼ੁਰੂ ਕਰੇਗੀ ਤੇ ਕਿਸੇ ਵੀ ਕੀਮਤ 'ਤੇ ਇਸ ਸਮਝੌਤੇ ਨੂੰ ਲਾਗੂ ਨਹੀਂ ਹੋਣ ਦੇਵੇਗੀ।ਉਨ੍ਹਾਂ ਕਿਹਾ ਦੇਸ਼ ਭਰ ਦੇ ਜਾਗਰੂਕ ਲੋਕਾਂ ਨੂੰ ਇਸ ਸਮਝੌਤੇ ਵਿਰੁੱਧ ਮੈਦਾਨ ਵਿੱਚ ਆਉਣਾ ਚਾਹੀਦਾ ਹੈ।ਉਨ੍ਹਾਂ ਪੰਜਾਬ ਦੇ ਲੋਕਾਂ 'ਤੇ ਹਕੂਮਤੀ ਜਬਰ ਦੇ ਸਬੰਧ ਵਿੱਚ ਬਣੀ ਫ਼ਿਲਮ ਸਤਲੁਜ 'ਤੇ ਪਾਬੰਦੀ ਲਾਉਣ ਦੀ ਸਖ਼ਤ ਨਿਖੇਧੀ ਕਰਦਿਆਂ ਕਿਹਾ ਕਿ ਸਮੇਂ ਦੀਆਂ ਸਰਕਾਰਾਂ ਪੰਜਾਬ ਨਾਲ ਹਮੇਸ਼ਾ ਧੱਕਾ ਕਰਦੀਆਂ ਆਈਆਂ ਹਨ ਤੇ ਇਸ ਵਿਰੁੱਧ ਉੱਠੀ ਆਵਾਜ਼ ਨੂੰ ਜਬਰੀ ਬੰਦ ਕਰਨਾ ਚਾਹੁੰਦੀਆਂ ਹਨ।ਸਤਲੁਜ ਫ਼ਿਲਮ 'ਤੇ ਲਾਈ ਪਾਬੰਦੀ ਇਸ ਦੀ ਜਿਉਂਦੀ ਜਾਗਦੀ ਮਿਸਾਲ ਹੈ।ਇਸ ਮੌਕੇ ਹੈਰੀ ਘੱਲ ਕਲਾਂ, ਰਣਬੀਰ ਸਿੰਘ ਰਾਣਾ ਬਲਾਕ ਪ੍ਰਧਾਨ, ਬਲਵਿੰਦਰ ਸਿੰਘ ਬੀ.ਏ., ਲਖਵੀਰ ਸਿੰਘ ਕੋਮਲ, ਸਰਬਣ ਸਿੰਘ ਲੰਡੇ, ਚਰਨ ਸਿੰਘ ਆਦਿ ਬੁਲਾਰਿਆਂ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਕੁਲਵੰਤ ਸਿੰਘ ਜੋਗੇਵਾਲਾ, ਜਗਦੇਵ ਸਿੰਘ ਬੋਡੇ, ਜਗਰਾਜ ਸਿੰਘ ਉਗੋਕੇ, ਦਰਸ਼ਨ ਸਿੰਘ ਉਗੋਕੇ, ਸ਼ਿੰਦਰ ਸਿੰਘ ਉਗੋਕੇ, ਜੁਗਿੰਦਰ ਸਿੰਘ ਉਗੋਕੇ, ਦਰਸ਼ਨ ਖ਼ਾਨ, ਬਸੰਤ ਸਿੰਘ ਰੌਂਤਾ, ਖੁਸ਼ਪ੍ਰੀਤ ਸਿੰਘ, ਨਿਰਮਲ ਸਿੰਘ ਵੈਦ, ਮਨਜੀਤ ਸਿੰਘ ਦੁੱਨੇਕੇ, ਗੁਰਸੇਵਕ ਸਿੰਘ, ਮੰਦਰ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

## ਬਾਬਾ ਮਹਿੰਦਰ ਸਿੰਘ ਦੀ ਬਰਸੀ ਮੌਕੇ ਖੂਨਦਾਨ ਕੈਂਪ ਲਗਾਇਆ



**ਧੂਰੀ (ਮਨੋਹਰ ਸਿੰਘ ਸੱਗੂ/ਮੋਹਿਤ ਗਰਗ)**-ਸਮਾਜ ਸੇਵਾ ਦੇ ਖੇਤਰ 'ਚ ਪਿਛਲੇ ਲੰਮੇ ਸਮੇਂ ਤੋਂ ਸਰਗਰਮ ਸੰਸਥਾ ਪਰਿਵਰਤਨ ਮਾਲਵਾ ਫਰੈਂਡਜ਼ ਵੈੱਲਫੇਅਰ ਸੋਸਾਇਟੀ ਧੂਰੀ ਵੱਲੋਂ ਸੰਤ ਬਾਬਾ ਮਹਿੰਦਰ ਸਿੰਘ ਢਢੋਗਲ ਵਾਲਿਆਂ ਦੀ 23ਵੀਂ ਬਰਸੀ ਮੌਕੇ ਸਥਾਨਕ ਗੁਰਦੁਆਰਾ ਨਾਨਕਸਰ ਸਾਹਿਬ ਵਿਖੇ ਸੰਸਥਾ ਦੇ ਪ੍ਰੋਜੈਕਟ ਇੰਚਾਰਜ ਗੁਰਦਰਸ਼ਨ ਸਿੰਘ ਡਿੰਪੀ ਦੀ ਅਗਵਾਈ ਹੇਠ ਖੂਨਦਾਨ ਕੈਂਪ ਲਗਾਇਆ ਗਿਆ। ਇਸ ਮੌਕੇ ਸੰਸਥਾ ਦੇ ਜੋਗਿੰਦਰ ਸਿੰਘ ਨੇ ਲੋਕਾਂ ਨੂੰ ਖੂਨ ਦਾਨ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਸਾਨੂੰ ਵਹਿਮਾਂ ਭਰਮਾਂ ਨੂੰ ਛੱਡ ਕੇ ਖੂਨ ਦਾਨ ਕਰਨਾ ਚਾਹੀਦਾ ਹੈ, ਕਿਉਂਕਿ ਸਾਡੇ ਵੱਲੋਂ ਕੀਤਾ ਗਿਆ ਖੂਨ ਦਾਨ ਕੀਮਤੀ ਇਨਸਾਨੀ ਜਾਨਾਂ ਬਚਾਉਣ 'ਚ ਸਹਾਈ ਹੋ ਸਕਦਾ ਹੈ।ਕੈਂਪ ਦੌਰਾਨ 30 ਤੋਂ ਵਧੇਰੇ ਖੂਨਦਾਨੀਆਂ ਵੱਲੋਂ ਖੂਨ ਦਾਨ ਕੀਤਾ ਗਿਆ ਅਤੇ ਸੰਸਥਾ ਵੱਲੋਂ ਖੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਲਈ ਸਨਮਾਨਤ ਵੀ ਕੀਤਾ ਗਿਆ।ਹੋਰਨਾਂ 'ਚ ਕਮਲ ਸ਼ਰਮਾ ਬਰੜਵਾਲ ਤੇ ਰੇਖਾ ਰਾਣੀ ਵੱਲੋਂ ਆਪਣੀ ਟੀਮ ਸਹਿਤ ਕੈਂਪ ਦੀ ਸਫ਼ਲਤਾ ਲਈ ਸਰਗਰਮ ਯੋਗਦਾਨ ਪਾਇਆ ਗਿਆ।

## ਅਮਿਤ ਅਰੋੜਾ ਦੀ ਯਾਦ 'ਚ ਮੁਫਤ ਚੈੱਕਅੱਪ ਕੈਂਪ



**ਜਗਰਾਉਂ (ਅਮਿਤ ਖੰਨਾ)**-ਸਵਰਗਵਾਸੀ ਅਮਿਤ ਅਰੋੜਾ ਦੀ ਯਾਦ ਵਿੱਚ ਲੋਕ ਸੇਵਾ ਸੁਸਾਇਟੀ ਵੱਲੋਂ ਦਿਲ ਦੇ ਰੋਗਾਂ ਦਾ ਮੁਫਤ ਚੈੱਕਅਪ ਕੈਂਪ ਲਗਾਇਆ ਗਿਆ। ਸੁਸਾਇਟੀ ਦੇ ਚੇਅਰਮੈਨ ਗੁਲਸ਼ਨ ਅਰੋੜਾ, ਪ੍ਰਧਾਨ ਮਦਨ ਲਾਲ ਅਰੋੜਾ, ਸੈਕਟਰੀ ਡਾਕਟਰ ਕੁਲਭੂਸ਼ਨ ਗੁਪਤਾ ਤੇ ਕੈਸ਼ੀਅਰ ਸੁਨੀਲ ਬਜਾਜ ਦੀ ਅਗਵਾਈ ਵਿੱਚ ਅਰੋੜਾ ਪ੍ਰਾਪਰਟੀ ਐਡਵਾਈਜ਼ਰ ਦੇ ਦਫਤਰ ਵਿਖੇ ਲਗਾਏ ਕੈਂਪ ਵਿੱਚ ਸੀ ਐੱਮ ਸੀ ਹਸਪਤਾਲ ਦੇ ਐੱਚ ਓ ਡੀ ਡਾਕਟਰ ਗੁਰਭੇਜ ਸਿੰਘ ਨੇ 57 ਮਰੀਜ਼ਾਂ ਦਾ ਚੈੱਕਅਪ ਕੀਤਾ ਅਤੇ ਲੋੜਵੰਦ ਮਰੀਜ਼ਾਂ ਨੂੰ ਦਵਾਈਆਂ ਵੀ ਸੁਸਾਇਟੀ ਵੱਲੋਂ ਮੁਫਤ ਦਿੱਤੀਆਂ ਗਈਆਂ। ਇਸ ਮੌਕੇ ਡਾਕਟਰ ਗੁਰਭੇਜ ਸਿੰਘ ਨੇ ਮਰੀਜ਼ਾਂ [illegible]

## ਐਡਵੋਕੇਟ ਖੇੜੀ ਦੀ ਅਗਵਾਈ 'ਚ ਯੂਥ ਕਾਂਗਰਸ ਦੇ ਨਵੇਂ ਚੁਣੇ ਅਹੁਦੇਦਾਰਾਂ ਦਾ ਸਨਮਾਨ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਐਡਵੋਕੇਟ ਜਸਵੀਰ ਸਿੰਘ ਖੇੜੀ ਦੀ ਅਗਵਾਈ ਹੇਠ ਮਹਿਲ ਕਲਾਂ ਵਿਖੇ ਯੂਥ ਕਾਂਗਰਸ ਦੇ ਨਵੇਂ ਚੁਣੇ ਅਹੁਦੇਦਾਰਾਂ ਦੇ ਸਨਮਾਨ ਵਿੱਚ ਵਿਸ਼ੇਸ਼ ਸਨਮਾਨ ਸਮਾਗਮ ਕਰਵਾਇਆ ਗਿਆ।ਇਸ ਮੌਕੇ ਮੁੱਖ ਮਹਿਮਾਨ ਵਜੋਂ ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਅਰੁਣ ਪ੍ਰਤਾਪ ਸਿੰਘ ਢਿੱਲੋਂ ਨੇ ਸ਼ਮੂਲੀਅਤ ਕਰਦਿਆਂ ਹਲਕਾ ਤੇ ਬਲਾਕ ਪੱਧਰ 'ਤੇ ਚੁਣੇ ਗਏ ਯੂਥ ਕਾਂਗਰਸ ਦੇ ਅਹੁਦੇਦਾਰਾਂ ਨੂੰ ਸਿਰੋਪਾਓ ਤੇ ਨੋਟਾਂ ਦੇ ਹਾਰ ਪਾ ਕੇ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਐਡਵੋਕੇਟ ਖੇੜੀ ਨੇ ਕਿਹਾ ਕਿ ਯੂਥ ਕਾਂਗਰਸ ਹਮੇਸ਼ਾ ਹੀ ਕਾਂਗਰਸ ਪਾਰਟੀ ਦੀ ਰੀੜ੍ਹ ਦੀ ਹੱਡੀ ਹੈ।ਹਰ ਰਾਜਨੀਤਕ ਸੰਘਰਸ਼ ਵਿੱਚ ਨੌਜਵਾਨਾਂ ਨੇ ਮੋਹਰੀ ਭੂਮਿਕਾ ਨਿਭਾਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦਾ ਨੌਜਵਾਨ ਅੱਜ ਰੁਜ਼ਗਾਰ, ਸਿੱਖਿਆ, ਖੇਤੀਬਾੜੀ, ਨਸ਼ਿਆਂ ਦੇ ਫੈਲਾਅ ਅਹਿਮ ਮੁੱਦਿਆਂ ਨੂੰ ਲੈ ਕੇ ਚਿੰਤਤ ਹੈ।ਅਜਿਹੇ ਸਮੇਂ ਵਿੱਚ ਯੂਥ ਕਾਂਗਰਸ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਲੋਕਾਂ ਦੀ ਆਵਾਜ਼ ਬਣ ਕੇ ਉਨ੍ਹਾਂ ਦੇ ਹੱਕਾਂ ਲਈ ਸੰਘਰਸ਼ ਕਰੇ ਤੇ ਕਾਂਗਰਸ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਏ।ਯੂਥ ਕਾਂਗਰਸ ਦੇ ਸੂਬਾ ਜਨਰਲ ਸਕੱਤਰ ਅਰੁਣ ਪ੍ਰਤਾਪ ਸਿੰਘ ਢਿੱਲੋਂ ਨੇ ਕਿਹਾ ਕਿ ਕਾਂਗਰਸ ਪਾਰਟੀ ਹੀ ਹਰ ਵਰਗ ਦੇ ਹਿੱਤਾਂ ਲਈ ਨਿਰੰਤਰ ਸੰਘਰਸ਼ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਹਾਈਕਮਾਨ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਧਿਆਨ ਵਿੱਚ ਰੱਖਦਿਆਂ ਵਿਧਾਨ ਸਭਾ ਹਲਕਾ ਮਹਿਲ ਕਲਾਂ ਦੇ ਪਿੰਡ ਪਿੰਡ ਯੂਥ ਕਾਂਗਰਸ ਦੀਆਂ 31 ਮੈਂਬਰੀ ਕਮੇਟੀਆਂ ਦਾ ਗਠਨ ਕੀਤਾ ਜਾਵੇਗਾ।ਇਨ੍ਹਾਂ ਕਮੇਟੀਆਂ ਰਾਹੀਂ ਵੱਧ ਤੋਂ ਵੱਧ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਿਆ ਜਾਵੇਗਾ ਤੇ ਪਿੰਡ-ਪਿੰਡ ਸੰਗਠਨ ਨੂੰ ਮਜ਼ਬੂਤ ਕੀਤਾ ਜਾਵੇਗਾ।ਇਸ ਮੌਕੇ ਹਲਕਾ ਮਹਿਲ ਕਲਾਂ ਯੂਥ ਕਾਂਗਰਸ ਦੇ ਪ੍ਰਧਾਨ ਗੁਰਪ੍ਰੀਤ ਸਿੰਘ ਗੁਰੀ ਠੀਕਰੀਵਾਲ, ਬਲਾਕ ਮੀਤ ਪ੍ਰਧਾਨ ਗੁਰਦੀਪ ਸਿੰਘ ਰਾਏਸਰ, ਹਲਕਾ ਬਰਨਾਲਾ ਦੇ ਪ੍ਰਧਾਨ ਮਨੀ ਗੁਰਮ, ਪ੍ਰਧਾਨ ਪਰਮਜੀਤ ਸਿੰਘ ਪੰਨੂ, ਅਰਸ਼ਦੀਪ ਸਿੰਘ ਵਜੀਦਕੇ, ਜਸਕਰਨ ਸਿੰਘ ਉਗੋਕੇ, ਵਿੱਕੀ ਭਦੌੜ, ਸੁਖਦੀਪ ਸਿੰਘ ਰਾਏਸਰ, ਜੱਸਾ ਸਿੰਘ ਭੱਦਲ ਵੱਢ ਤੇ ਖੁਸ਼ਪ੍ਰੀਤ ਸਿੰਘ ਬਰਨਾਲਾ ਨੂੰ ਸਿਰੋਪਾਓ ਤੇ ਨੋਟਾਂ ਦੇ ਹਾਰਾਂ ਨਾਲ ਵਿਸ਼ੇਸ਼ ਸਨਮਾਨ ਦਿੱਤਾ ਗਿਆ।

## ਟ੍ਰੈਫਿਕ ਨਿਯਮ ਤੋੜਨ ਵਾਲੇ ਵਾਹਨ ਚਾਲਕਾਂ ਦੇ ਕੱਟੇ ਚਲਾਨ



**ਭਵਾਨੀਗੜ੍ਹ (ਰਾਜ ਖੁਰਮੀ)**-ਸਥਾਨਕ ਟ੍ਰੈਫਿਕ ਇੰਚਾਰਜ ਰਣਧੀਰ ਸਿੰਘ ਦੀ ਅਗਵਾਈ ਹੇਠ ਮੇਨ ਬਾਜ਼ਾਰ ਵਿੱਚ ਟ੍ਰੈਫਿਕ ਨਿਯਮਾਂ ਦੀ ਉਲੰਘਣਾ ਕਰਨ ਵਾਲੇ ਦੋਪਹੀਆ ਤੇ ਚਾਰ- ਪਹੀਆ ਵਾਹਨ ਚਾਲਕਾਂ ਖ਼ਿਲਾਫ਼ ਵਿਸ਼ੇਸ਼ ਮੁਹਿੰਮ ਚਲਾਈ ਗਈ।ਇਸ ਦੌਰਾਨ ਕਈ ਵਾਹਨਾਂ ਦੇ ਚਲਾਨ ਕੱਟੇ ਗਏ।ਟ੍ਰੈਫਿਕ ਇੰਚਾਰਜ ਰਣਧੀਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਿਨਾਂ ਦਸਤਾਵੇਜ਼ਾਂ ਦੇ ਵਾਹਨ ਚਲਾਉਣ, ਨੰਬਰ ਪਲੇਟ ਨਾ ਲਗਾਉਣ, ਮੇਨ ਬਾਜ਼ਾਰ ਵਿੱਚ ਗਲਤ ਢੰਗ ਨਾਲ ਵਾਹਨ ਪਾਰਕ ਕਰਨ, ਮੋਟਰਸਾਈਕਲਾਂ ਨੂੰ ਸੜਕ ਦੇ ਕਿਨਾਰੇ ਸਹੀ ਢੰਗ ਨਾਲ ਨਾ ਖੜ੍ਹਾ ਕਰਨ, ਇੱਕ ਮੋਟਰਸਾਈਕਲ 'ਤੇ ਤਿੰਨ ਸਵਾਰੀਆਂ ਬਿਠਾਉਣ ਤੇ ਬੁਲੇਟ ਮੋਟਰਸਾਈਕਲਾਂ 'ਤੇ ਪਟਾਕੇ ਮਾਰਨ ਵਾਲਿਆਂ ਦੇ ਚਲਾਨ ਕੀਤੇ ਗਏ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਦੇ ਹੋਏ ਸਾਵਧਾਨੀ ਵਰਤਣ, ਆਪਣੀ ਤੇ ਹੋਰਨਾਂ ਦੀ ਜਾਨ ਦੀ ਸੁਰੱਖਿਆ ਨੂੰ ਪਹਿਲ ਦੇਣ ਤੇ ਵਾਹਨ ਨਿਰਧਾਰਤ ਪਾਰਕਿੰਗ ਵਿੱਚ ਹੀ ਖੜ੍ਹੇ ਕਰਨ।ਇਸ ਤੋਂ ਇਲਾਵਾ ਉਨ੍ਹਾਂ ਰੇਹੜੀ ਚਾਲਕਾਂ ਨੂੰ ਵੀ ਚੇਤਾਵਨੀ ਦਿੱਤੀ ਕਿ ਉਹ ਮੇਨ ਬਾਜ਼ਾਰ ਵਿੱਚ ਇੱਕੋ ਥਾਂ 'ਤੇ ਰੇਹੜੀਆਂ ਖੜ੍ਹੀਆਂ ਨਾ ਕਰਨ।ਦੁਕਾਨਦਾਰਾਂ ਨੂੰ ਵੀ ਹਦਾਇਤ ਕੀਤੀ ਗਈ ਕਿ ਉਹ ਆਪਣਾ ਸਾਮਾਨ ਦੁਕਾਨਾਂ ਤੋਂ ਬਾਹਰ ਨਾ ਰੱਖਣ, ਨਹੀਂ ਤਾਂ ਉਨ੍ਹਾਂ ਖ਼ਿਲਾਫ਼ ਵੀ ਕਾਰਵਾਈ ਕੀਤੀ ਜਾਵੇਗੀ।ਇਸ ਮੌਕੇ ਏ ਐੱਸ ਆਈ ਬਲਵਿੰਦਰ ਸਿੰਘ, ਏ ਐੱਸ ਆਈ ਰਾਮ ਪ੍ਰਤਾਪ, ਹੌਲਦਾਰ ਰਣਜੀਤ ਸਿੰਘ, ਕਾਂਸਟੇਬਲ ਅਮਨਦੀਪ ਸਿੰਘ, ਕਾਂਸਟੇਬਲ ਸਰਬਜੀਤ ਕੌਰ ਤੇ ਟ੍ਰੈਫਿਕ ਪੁਲਸ ਦੀ ਟੀਮ ਹਾਜ਼ਰ ਸੀ।

# 9.31 ਕਰੋੜ ਰੁਪਏ ਦੀ ਲਾਗਤ ਨਾਲ ਬਣ ਰਹੀ ਸਾਈਡ ਡਰੇਨ ਦੇ ਕੰਮ ਦਾ ਈ ਟੀ ਓ ਨੇ ਲਿਆ ਜਾਇਜ਼ਾ



ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਪੰਜਾਬ ਦੇ ਲੋਕ ਨਿਰਮਾਣ ਮੰਤਰੀ ਹਰਭਜਨ ਸਿੰਘ ਈ.ਟੀ.ਓ. ਨੇ ਜੰਡਿਆਲਾ ਗੁਰੂ ਸ਼ਹਿਰ ਵਿਖੇ ਨੈਸ਼ਨਲ ਹਾਈਵੇ ਦੇ ਨਾਲ-ਨਾਲ ਪਾਣੀ ਦੇ ਸੁਚਾਰੂ ਨਿਕਾਸ ਲਈ ਬਣਾਈ ਜਾ ਰਹੀ ਸਾਈਡ ਡਰੇਨ ਦੇ ਕੰਮ ਦਾ ਮੌਕੇ ਤੇ ਪਹੁੰਚ ਕੇ ਜਾਇਜ਼ਾ ਲਿਆ। ਇਸ ਮੌਕੇ ਉਨ੍ਹਾਂ ਨੇ ਸਬੰਧਤ ਅਧਿਕਾਰੀਆਂ ਨੂੰ ਕੰਮ ਨਿਰਧਾਰਤ ਸਮੇਂ ਅੰਦਰ ਅਤੇ ਉੱਚ ਗੁਣਵੱਤਾ ਨਾਲ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ।ਕੈਬਨਿਟ ਮੰਤਰੀ ਹਰਭਜਨ ਸਿੰਘ ਈ. ਟੀ. ਓ. ਨੇ ਦੱਸਿਆ ਕਿ ਆਫ ਸਾਈਡ ਡਰੇਨ ਅਲੋਂਗ ਫਲਾਈਓਵਰ ਐਟ ਜੰਡਿਆਲਾ ਗੁਰੂ, ਜ਼ਿਲ੍ਹਾ ਅੰਮ੍ਰਿਤਸਰ ਪ੍ਰੋਜੈਕਟ ਨੂੰ ਨੈਸ਼ਨਲ ਹਾਈਵੇ ਅਥਾਰਟੀ ਆਫ ਇੰਡੀਆ (ਐੱਨ.ਐੱਚ.ਏ.ਆਈ.) ਵੱਲੋਂ 5 ਮਾਰਚ 2026 ਨੂੰ 9.31 ਕਰੋੜ ਰੁਪਏ ਦੀ ਪ੍ਰਸ਼ਾਸਕੀ ਪ੍ਰਵਾਨਗੀ ਪ੍ਰਾਪਤ ਹੋਈ ਸੀ।ਇਸ ਪ੍ਰੋਜੈਕਟ ਅਧੀਨ 9.31 ਕਰੋੜ ਰੁਪਏ ਦੀ ਲਾਗਤ ਨਾਲ ਸਾਈਡ ਡਰੇਨ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ।ਉਨ੍ਹਾਂ ਦੱਸਿਆ ਕਿ ਇਸ ਪ੍ਰੋਜੈਕਟ ਨੂੰ ਛੇ ਮਹੀਨਿਆਂ ਦੀ ਸਮਾਂ ਸੀਮਾ ਅੰਦਰ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ।ਉਨ੍ਹਾਂ ਕਿਹਾ ਕਿ ਜੰਡਿਆਲਾ ਗੁਰੂ ਵਿਖੇ ਜੀ. ਟੀ. ਰੋਡ ਤੇ ਬਰਸਾਤਾਂ ਦੌਰਾਨ ਪਾਣੀ ਖੜ੍ਹਨ ਕਾਰਨ ਲੋਕਾਂ ਨੂੰ ਕਾਫੀ ਮੁਸ਼ਕਿਲਾਂ ਦਾ ਸਾਹਮਣਾ ਕਰਨਾ ਪੈਂਦਾ ਸੀ।ਸਾਈਡ ਡਰੇਨ ਬਣਨ ਉਪਰੰਤ ਬਰਸਾਤੀ ਪਾਣੀ ਦਾ ਨਿਕਾਸ ਸੁਚਾਰੂ ਢੰਗ ਨਾਲ ਹੋਵੇਗਾ ਅਤੇ ਅੱਡਾ ਸਰਾਂ ਸਮੇਤ ਆਲੇ-ਦੁਆਲੇ ਦੇ ਦੁਕਾਨਦਾਰਾਂ, ਰਾਹਗੀਰਾਂ ਅਤੇ ਸਥਾਨਕ ਵਸਨੀਕਾਂ ਨੂੰ ਇਸ ਲੰਬੇ ਸਮੇਂ ਤੋਂ ਚੱਲੀ ਆ ਰਹੀ ਸਮੱਸਿਆ ਤੋਂ ਵੱਡੀ ਰਾਹਤ ਮਿਲੇਗੀ।

ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਲੋਕਾਂ ਨੂੰ ਬਿਹਤਰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ ਅਤੇ ਸੂਬੇ ਭਰ ਵਿੱਚ ਵਿਕਾਸ ਕਾਰਜਾਂ ਨੂੰ ਤੇਜ਼ੀ ਨਾਲ ਅੱਗੇ ਵਧਾਇਆ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਲੋਕ ਹਿੱਤ ਨਾਲ ਜੁੜੇ ਹਰ ਪ੍ਰੋਜੈਕਟ ਨੂੰ ਨਿਰਧਾਰਤ ਸਮੇਂ ਅੰਦਰ ਪੂਰਾ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।

# ਪੈਂਡਿੰਗ ਪਏ ਮਾਮਲਿਆਂ ਦੇ ਨਿਪਟਾਰੇ ਲਈ ਵਿਸ਼ੇਸ਼ ਲੋਕ ਅਦਾਲਤ 21 ਤੋਂ 23 ਅਗਸਤ ਤੱਕ

ਬਟਾਲਾ, (ਡਾ. ਮਲਵਿੰਦਰ ਸਿੰਘ)-ਭਾਰਤ ਦੀ ਮਾਣਯੋਗ ਸੁਪਰੀਮ ਕੋਰਟ 21, 22 ਅਤੇ 23 ਅਗਸਤ 2026 ਨੂੰ ਵਿਸ਼ੇਸ਼ ਲੋਕ ਅਦਾਲਤ ਲਗਾ ਰਹੀ ਹੈ, ਜਿਸਦਾ ਉਦੇਸ਼ ਅਦਾਲਤ ਦੇ ਸਾਹਮਣੇ ਕਾਫ਼ੀ ਸਮੇਂ ਤੋਂ ਲੰਬਿਤ ਪਏ ਮਾਮਲਿਆਂ ਦੇ ਸੁਹਿਰਦ ਨਿਪਟਾਰੇ ਅਤੇ ਤੇਜ਼ੀ ਨਾਲ ਨਿਪਟਾਰੇ ਨੂੰ ਸੁਵਿਧਾਜਨਕ ਬਣਾਉਣਾ ਹੈ।ਮਾਣਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਕਮ-ਚੇਅਰਮੈਨ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦਿਲਬਾਗ ਸਿੰਘ ਜੌਹਲ ਦੀ ਰਹਿਨੁਮਾਈ ਹੇਠ ਹਰਪ੍ਰੀਤ ਸਿੰਘ, ਸਿਵਲ ਜੱਜ (ਸੀਨੀਅਰ ਡਵੀਜ਼ਨ)/ਸੀ.ਜੇ.ਐੱਮ-ਕਮ-ਸਕੱਤਰ ਜ਼ਿਲ੍ਹਾ ਕਾਨੂੰਨੀ ਸੇਵਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਲੋਕਾਂ ਨੂੰ ਇਸ ਸਪੈਸ਼ਲ ਲੋਕ ਅਦਾਲਤ ਸਬੰਧੀ ਲੋਕਾਂ ਨੂੰ ਜਾਗਰੂਕ ਕਰਨ ਲਈ ਵੱਖ-ਵੱਖ ਉਪਰਾਲੇ ਕੀਤੇ ਜਾ ਰਹੇ ਹਨ।ਵਿਸ਼ੇਸ਼ ਲੋਕ ਅਦਾਲਤ ਦੌਰਾਨ, ਆਪਸੀ ਸਹਿਮਤੀ ਅਤੇ ਸੁਲ੍ਹਾ-ਸਫਾਈ ਰਾਹੀਂ ਨਿਪਟਾਰੇ ਲਈ ਯੋਗ ਮਾਮਲਿਆਂ ਨੂੰ ਹੱਲ ਕੀਤਾ ਜਾਵੇਗਾ।ਅਜਿਹੇ ਮਾਮਲਿਆਂ ਵਿੱਚ ਵਿਆਹ ਸੰਬੰਧੀ ਵਿਵਾਦ, ਮੋਟਰ ਦੁਰਘਟਨਾ ਦਾਅਵੇ ਦੇ ਮਾਮਲੇ, ਸੇਵਾ ਵਿਵਾਦ, ਜ਼ਮੀਨ ਪ੍ਰਾਪਤੀ ਮਾਮਲੇ, ਖਪਤਕਾਰ ਮਾਮਲੇ, ਅਤੇ ਹੋਰ ਸਿਵਲ ਵਿਵਾਦ ਸ਼ਾਮਲ ਹੋ ਸਕਦੇ ਹਨ ਜੋ ਲੋਕ ਅਦਾਲਤ ਕਾਰਵਾਈਆਂ ਰਾਹੀਂ ਨਿਪਟਾਰੇ ਲਈ ਕਾਨੂੰਨ ਅਧੀਨ ਆਗਿਆਯੋਗ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਵੱਲੋਂ ਪ੍ਰੀ-ਲੋਕ ਅਦਾਲਤਾਂ ਲਗਾਈਆਂ ਜਾ ਰਹੀਆਂ ਹਨ। ਇਨ੍ਹਾਂ ਪ੍ਰੀ-ਲੋਕ ਅਦਾਲਤਾਂ ਰਾਹੀਂ ਦੋਵੇਂ ਧਿਰਾਂ ਦੀ ਸਹਿਮਤੀ ਪ੍ਰਗਟਾਉਣ ਉਪਰੰਤ ਰਿਪੋਰਟ ਮਾਨਯੋਗ ਮੁੱਖ ਦਫਤਰ ਐੱਸ. ਏ. ਐੱਸ ਨਗਰ ਨੂੰ ਭੇਜੀ ਜਾਵੇਗੀ ਤਾਂ ਜੋ ਮਾਨਯੋਗ ਸੁਪਰੀਮ ਕੋਰਟ ਆਫ ਇੰਡਿਆ ਵਿਖੇ ਮਿਤੀ 21, 22 ਤੇ 23 ਅਗਸਤ ਨੂੰ ਇੱਕ ਵਿਸ਼ੇਸ ਲੋਕ ਅਦਾਲਤ ਵਿੱਚ ਅੰਤਿਮ ਨਿਪਟਾਰਾ ਕੀਤਾ ਜਾ ਸਕੇ।ਇਸ ਵਿਸ਼ੇਸ਼ ਲੋਕ ਅਦਾਲਤ ਦੇ ਸਬੰਧ ਵਿੱਚ ਲੋਕਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਜਿਨ੍ਹਾਂ ਲੋਕਾਂ ਦੇ ਕੇਸ ਸੁਪਰੀਮ ਕੋਰਟ ਵਿੱਚ ਲੰਬਿਤ ਹਨ ਤੇ ਗੁਰਦਾਸਪੁਰ ਜ਼ਿਲ੍ਹੇ ਨਾਲ ਸਬੰਧਿਤ ਹਨ ਉਨ੍ਹਾਂ ਕੇਸਾਂ ਨੂੰ ਪ੍ਰੀਅ-ਲੋਕ ਅਦਾਲਤ ਵਿੱਚ ਲਗਾ ਕੇ ਵੱਧ ਤੋਂ ਵੱਧ ਲਾਭ ਲੈਣ।



# ਐੱਸ ਆਈ ਆਰ ਸੰਬੰਧੀ ਵਿਦਿਆਰਥੀਆਂ ਲਈ ਲਾਇਆ ਜਾਗਰੂਕਤਾ ਸੈਮੀਨਾਰ



ਪਠਾਨਕੋਟ, (ਦਵਿੰਦਰ ਸਿੰਘ)-ਭਾਰਤ ਚੋਣ ਕਮਿਸ਼ਨ ਵੱਲੋਂ ਚਲਾਈ ਜਾ ਰਹੀ ਐੱਸ. ਆਈ. ਆਰ. ਮੁਹਿੰਮ ਤਹਿਤ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਵੀਪ ਨੋਡਲ ਅਧਿਕਾਰੀ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਦੀ ਅਗਵਾਈ ਹੇਠ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲੜਕੀਆਂ ਫਿਰੋਜਾ ਵਿਖੇ ਜ਼ਿਲ੍ਹਾ ਸਵੀਪ ਟੀਮ ਵੱਲੋਂ ਐਸ.ਆਈ.ਆਰ. ਸਬੰਧੀ ਇੱਕ ਪ੍ਰਭਾਵਸ਼ਾਲੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਨੂੰ ਸਫਲ ਬਣਾਉਣ ਵਿੱਚ ਜ਼ਿਲ੍ਹਾ ਸਵੀਪ ਟੀਮ ਦੇ ਸਹਾਇਕ ਨੋਡਲ ਅਧਿਕਾਰੀ ਸੋਸ਼ਲ ਮੀਡੀਆ ਇੰਚਾਰਜ ਬਲਕਾਰ ਅੱਤਰੀ ਅਤੇ ਸਹਾਇਕ ਨੋਡਲ ਅਧਿਕਾਰੀ ਸਵੀਪ ਟੀਮ ਤੇ ਜਾਗਰੂਕਤਾ ਸੈਲ ਸੰਜੀਵ ਕੁਮਾਰ ਨੇ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਵੋਟਰ ਸੂਚੀ ਦਾ ਸ਼ੁੱਧ ਅਤੇ ਅੱਪਡੇਟ ਹੋਣਾ ਬਹੁਤ ਜ਼ਰੂਰੀ ਹੈ।

ਉਨ੍ਹਾਂ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਵੋਟਰ ਸੂਚੀ ਵਿੱਚ ਨਵਾਂ ਨਾਮ ਦਰਜ ਕਰਵਾਉਣ, ਨਾਮ ਵਿੱਚ ਸੋਧ, ਪਤੇ ਦੀ ਤਬਦੀਲੀ, ਨਾਮ ਹਟਾਉਣ ਅਤੇ ਲੋੜੀਂਦੇ ਦਸਤਾਵੇਜ਼ਾਂ ਸੰਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ।ਇਸ ਮੌਕੇ ਵਿਦਿਆਰਥੀਆਂ ਦੇ ਐੱਸ ਆਈ ਆਰ ਦੇ ਜਾਗਰੂਕਤਾ ਸਬੰਧੀ ਸਲੋਗਨ ਤੇ ਪੇਂਟਿੰਗ ਮੁਕਾਬਲੇ ਵੀ ਕਰਵਾਏ ਗਏ ਸਕੂਲ ਦੇ ਪ੍ਰਿੰਸੀਪਲ ਰਮੇਸ਼ ਕੁਮਾਰ ਨੇ ਜ਼ਿਲ੍ਹਾ ਸਵੀਪ ਟੀਮ ਦਾ ਧੰਨਵਾਦ ਕਰਦਿਆਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਮਾਪਿਆਂ, ਪਰਿਵਾਰਕ ਮੈਂਬਰਾਂ ਅਤੇ ਆਲੇ-ਦੁਆਲੇ ਦੇ ਯੋਗ ਨਾਗਰਿਕਾਂ ਨੂੰ ਵੀ ਐੱਸ. ਆਈ. ਆਰ. ਮੁਹਿੰਮ ਬਾਰੇ ਜਾਗਰੂਕ ਕਰਨ, ਤਾਂ ਜੋ ਕੋਈ ਵੀ ਯੋਗ ਵੋਟਰ ਆਪਣੇ ਸੰਵਿਧਾਨਕ ਅਧਿਕਾਰ ਤੋਂ ਵਾਂਝਾ ਨਾ ਰਹੇ।ਇਸ ਮੌਕੇ ਵਿਦਿਆਰਥੀਆਂ ਨੂੰ ਐੱਸ. ਆਈ. ਆਰ. ਸਬੰਧੀ ਜਾਗਰੂਕਤਾ ਪੈਂਫਲਿਟ ਵੀ ਵੰਡੇ ਗਏ ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਅਮਿਤ ਡੋਗਰਾ, ਹਰਸਿਮਰਨਜੀਤ ਸਿੰਘ, ਵਿਵੇਕ ਡੋਗਰਾ ਅਤੇ ਨਿਧਿ ਭਾਰਤੀ, ਸਕੂਲ ਸਵੀਪ ਇੰਚਾਰਜ ਇੰਦਰਜੀਤ ਸਿੰਘ ਆਦਿ ਹਾਜ਼ਰ ਸਨ।

# ਸਾਥੀ ਸਤਵਿੰਦਰ ਸਿੰਘ ਨਹੀਂ ਰਹੇ



ਛੇਹਰਟਾ/ਖਾਸਾ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ)-ਗੌਰਮਿੰਟ ਪੈਨਸ਼ਨ ਯੂਨੀਅਨ ਪੰਜਾਬ ਜ਼ਿਲ੍ਹਾ ਅੰਮ੍ਰਿਤਸਰ ਦੇ ਮੀਤ ਪ੍ਰਧਾਨ ਸਾਥੀ ਸਤਵਿੰਦਰ ਸਿੰਘ ਨਹੀਂ ਰਹੇ।

ਪਿਛਲੇ ਦਿਨੀਂ ਸੰਖੇਪ ਬਿਮਾਰੀ ਉਪਰੰਤ ਉਹ ਸਦਾ ਲਈ ਵਿਛੋੜਾ ਦੇ ਗਏ। ਉਨ੍ਹਾਂ ਨਮਿਤ ਅੰਤਿਮ ਅਰਦਾਸ ਗੁਰਦੁਆਰਾ ਬਾਬਾ ਬਿਧੀਚੰਦ, ਮਜੀਠਾ ਰੋਡ ਵਿਖੇ 17 ਜੁਲਾਈ ਨੂੰ ਦੁਪਹਿਰ 12 ਵਜੇ ਤੋਂ ਲੈ ਕੇ 2 ਵਜੇ ਤਕ ਹੋਵੇਗੀ।

ਇਸ ਦੁੱਖ ਦੀ ਘੜੀ ਵਿਚ ਕਾਮਰੇਡ ਸੁੱਚਾ ਸਿੰਘ ਅਜਨਾਲਾ ਸੂਬਾ ਮੀਤ ਪ੍ਰਧਾਨ ਸੀਟੂ, ਪ੍ਰਧਾਨ ਨਰਿੰਦਰ ਪਾਲ ਚਮਿਆਰੀ, ਦਲਬੀਰ ਨਾਗ, ਸੁਲੱਖਣ ਸਿੰਘ, ਦਲਜੀਤ ਭੋਮਾ, ਸਵਿੰਦਰ ਸਿੰਘ ਕਸ਼ਮੀਰ ਐਵਨਿਊ, ਜਰਨੈਲ ਸਿੰਘ ਢਿੱਲੋਂ ਆਦਿ ਸਾਥੀਆਂ ਨੇ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਹੈ।

## ਸੋਨੂੰ ਭਲਾਈਪੁਰ ਨੇ ਬੱਚਿਆਂ ਨੂੰ ਖੇਡਣ ਲਈ ਦਿੱਤਾ ਸਮਾਨ



ਬਿਆਸ (ਪਰਮਜੀਤ ਸਿੰਘ ਰੱਖੜਾ) ਬਿਆਸ ਗਰਾਉਂਡ ਵਿੱਚ ਕਾਂਗਰਸ ਦੇ ਜਨਰਲ ਸਕੱਤਰ ਪੰਜਾਬ ਐੱਸ ਸੀ ਮੋਰਚਾ ਸੁਰਜਨ ਸਿੰਘ ਸੋਨੂੰ ਭਲਾਈਪੁਰ ਵੱਲੋਂ ਛੋਟੇ ਬੱਚਿਆਂ ਨੂੰ ਬਾਲ ਅਤੇ ਗੋਲ ਵਾਲਾ ਨੈੱਟ ਦਿੱਤਾ ਗਿਆ।

ਸੋਨੂੰ ਭਲਾਈਪੁਰ ਨੇ ਕਿਹਾ ਕਿ ਸੁਖਦੇਵ ਸਿੰਘ, ਜੋਤੀ ਢਿੱਲੋਂ ਬਿਆਸ ਅਤੇ ਉਹਨਾ ਦੇ ਸਾਥੀਆਂ ਵੱਲੋਂ ਛੋਟੇ ਬੱਚਿਆਂ ਨੂੰ ਜਾਗਰੂਕ ਕਰਕੇ ਬਹੁਤ ਵਧੀਆ ਉਪਰਾਲਾ ਕੀਤਾ ਜਾ ਰਿਹਾ ਹੈ। ਇਸ ਨਾਲ ਬੱਚਿਆਂ ਦਾ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵੱਲ ਵੀ ਧਿਆਨ ਜਾਵੇਗਾ ਤੇ ਆਉਣ ਵਾਲੇ ਸਮੇਂ ਵਿੱਚ ਇਹ ਬੱਚੇ ਵੱਡੀਆਂ ਉਪਲੱਬਧੀਆਂ ਪ੍ਰਾਪਤ ਕਰਨਗੇ ਤੇ ਆਪਣੇ ਮਾਤਾ, ਪਿਤਾ, ਸਕੂਲ, ਕੋਚ ਅਤੇ ਇਲਾਕੇ ਦਾ ਨਾਂਅ ਰੋਸ਼ਨ ਕਰਨਗੇ। ਇਸ ਮੌਕੇ ਕਿਸਾਨ ਸੈੱਲ ਦੇ ਜਨਰਲ ਸਕੱਤਰ ਦਲਜੀਤ ਸਿੰਘ ਬੱਗਾ, ਵਰਿੰਦਰ ਸਿੰਘ ਜੋਤੀ ਢਿੱਲੋਂ ਬਿਆਸ, ਹਰਵਿੰਦਰ ਸਿੰਘ ਬਿਆਸ, ਜਗਤਾਰ ਸਿੰਘ ਠੇਕੇਦਾਰ ਰਈਆ, ਪਲਵਿੰਦਰ ਸੁਖਦੇਵ ਸਿੰਘ, ਨਵਤੇਜ ਸੋਨੀ, ਗੁਰਚਰਨ ਸਿੰਘ ਬੱਬੀ, ਦਵਿੰਦਰ ਸਿੰਘ ਬੱਬੀ, ਜਤਿੰਦਰ ਸਿੰਘ ਕਾਲੂ, ਗੁਰਪ੍ਰੀਤ ਬੱਬਲੂ, ਸਾਬੀ ਢਿੱਲੋਂ, ਜਸਵਿੰਦਰ ਸਿੰਘ ਢਿੱਲੋਂ, ਲਵ ਬਿਆਸ, ਸ਼ਰਨ ਬਿਆਸ, ਨੂਰ ਵਰਦਾਨ, ਨੋਬਲ, ਲੱਕੀ, ਬੱਬੂ ਫੌਜੀ, ਏਕਮਕਾਰ, ਬਿੱਲਾ ਤੇ ਅਰਮਾਨ ਆਦਿ ਮੌਜੂਦ ਸਨ।

## ਖੋਦੇ ਬਾਂਗਰ ਵਿਖੇ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਤਕਸੀਮ



ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)-ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਖੋਦੇ ਬਾਂਗਰ ਵਿਖੇ ਮਾਨ ਸਰਕਾਰ ਦੀ ਮੇਰੀ ਰਸੋਈ ਯੋਜਨਾ ਤਹਿਤ ਹਲਕਾ ਇੰਚਾਰਜ ਬਲਬੀਰ ਸਿੰਘ ਪਨੂੰ ਵੱਲੋਂ ਲੋੜਵੰਦ ਪਰਿਵਾਰਾਂ ਨੂੰ ਰਾਸ਼ਨ ਕਿੱਟਾਂ ਵੰਡੀਆਂ ਗਈਆਂ।ਪਨੂੰ ਨੇ ਕਿਹਾ ਕਿ ਸਾਡਾ ਮਕਸਦ ਹੈ ਇਲਾਕੇ ਦੇ ਹਰ ਹੱਕਦਾਰ ਪਰਿਵਾਰ ਤੱਕ ਪੌਸ਼ਟਿਕ ਅਤੇ ਸੰਤੁਲਿਤ ਆਹਾਰ ਦੀ ਪਹੁੰਚ ਯਕੀਨੀ ਬਣਾਉਣੀ ਤਾਂ ਜੋ ਕੋਈ ਵੀ ਪਰਿਵਾਰ ਵਾਂਝਾ ਨਾ ਰਹੇ। ਇਸ ਮੌਕੇ ਸਰਪੰਚ ਸੁਖਪ੍ਰੀਤ ਕੌਰ, ਗੁਰਪ੍ਰੀਤ ਸਿੰਘ, ਅਵਤਾਰ ਸਿੰਘ ਸੂਬੇਦਾਰ, ਚਰਨ ਸਿੰਘ ਫੌਜੀ, ਕਰਮ ਸਿੰਘ, ਰਣਜੋਤ ਸਿੰਘ, ਕੇਵਲ ਸਿੰਘ, ਜਰਨੈਲ ਸਿੰਘ, ਅੰਗਰੇਜ਼ ਸਿੰਘ, ਗੁਰਪ੍ਰੀਤ ਸਿੰਘ, ਮੈਡਮ ਹਰਪ੍ਰੀਤ ਕੌਰ ਡਿਪੂ ਹੋਲਡਰ, ਗੁਰਬਾਜ ਸਿੰਘ, ਦੀਵਾਨ ਸਿੰਘ ਅਤੇ ਪਿੰਡ ਦੀਆਂ ਹੋਰ ਮੋਹਤਬਰ ਸ਼ਖ਼ਸੀਅਤਾਂ ਵੀ ਹਾਜ਼ਰ ਰਹੀਆਂ।

# ਹਲਕਾ ਰਾਜਾਸਾਂਸੀ ਨੂੰ ਸੁੱਖ ਸਰਕਾਰੀਆ ਦੀ ਲੋੜ : ਕੱਕੜ



ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਹਲਕਾ ਰਾਜਾਸਾਂਸੀ ਦੀ ਜਨਤਾ ਨੂੰ ਵਿਕਾਸ ਪੁਰਸ਼ ਸੁੱਖਬਿੰਦਰ ਸਿੰਘ ਸਰਕਾਰੀਆ ਚਾਹੀਦੇ ਹਨ ਜੋ ਹਲਕੇ ਦਾ ਰੁਕਿਆ ਹੋਇਆ ਵਿਕਾਸ ਪੂਰਾ ਕਰਵਾ ਸਕਣ।ਉਕਤ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਰਾਜਾਸਾਂਸੀ ਦੇ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਦੇ ਮੀਡੀਆ ਸਲਾਹਕਾਰ ਅਮਨਦੀਪ ਸਿੰਘ ਕੱਕੜ ਨੇ ਆਪਣੇ ਗ੍ਰਹਿ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਆਪਣੇ ਕਾਰਜਕਾਲ ਦੌਰਾਨ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਹਲਕਾ ਰਾਜਾਸਾਂਸੀ ਦੇ ਵਿਕਾਸ ਦੀ ਥਾਂ ਸਗੋਂ ਵਿਨਾਸ਼ ਕਰਵਾਇਆ।ਚੋਗਾਵਾਂ ਤੋਂ ਅਜਨਾਲਾ ਜਾਂਦੀ ਸੜਕ ਦਾ ਬੁਰਾ ਹਾਲ ਹੈ।ਕੋਕੇ ਵਿਖੇ ਪਟਵਾਰੀਆਂ ਦੇ ਦਫਤਰ ਵਿੱਚ ਜਾਣਾ ਵੀ ਬਹੁਤ ਮੁਸ਼ਕਲ ਹੈ।ਉਲਟਾ ਲੋਕਾਂ ਦੀਆਂ ਜ਼ਮੀਨਾਂ ਤੇ ਧੱਕੇ ਨਾਲ ਕਬਜ਼ੇ ਜ਼ਰੂਰ ਕੀਤੇ ਗਏ ਹਨ।ਸ੍ਰੀ ਕੱਕੜ ਨੇ ਕਿਹਾ ਕਿ ਹਲਕਾ ਰਾਜਾਸਾਂਸੀ ਵਿੱਚ ਅੱਜ ਤੱਕ ਜੋ ਵੀ ਵਿਕਾਸ ਕਾਰਜ ਹੋਏ ਹਨ ਉਹ ਵਿਧਾਇਕ ਸੁੱਖਬਿੰਦਰ ਸਿੰਘ ਸਰਕਾਰੀਆ ਨੇ ਹੀ ਕਰਵਾਏ ਹਨ।ਉਨ੍ਹਾਂ ਕਿਹਾ ਕਿ ਹਲਕਾ ਰਾਜਾਸਾਂਸੀ ਦੀ ਜਨਤਾ ਬੜੀ ਬੇਸਬਰੀ ਨਾਲ ਪੰਜਾਬ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਨ ਦਾ ਇੰਤਜ਼ਾਰ ਕਰ ਰਹੀ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਪੰਜਾਬ ਦੀ ਜਨਤਾ ਨਾਲ ਵਿਸ਼ਵਾਸਘਾਤ ਕੀਤਾ ਹੈ।ਔਰਤਾਂ ਦਾ ਬਣਦਾ 60 ਹਜ਼ਾਰ ਰੁਪਿਆ ਨਾ ਦੇ ਕੇ ਆਪਣੇ ਆਖਰੀ ਸਾਲ ਵੋਟਾਂ ਦੇ ਨਜ਼ਦੀਕ 3000, 4500 ਦੇਣ ਦੀ ਗੱਲ ਕਰਕੇ ਔਰਤਾਂ ਨੂੰ ਖੁਸ਼ ਕਰਨ ਦੀ ਕੋਸ਼ਿਸ਼ ਕੀਤੀ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੀ ਰੰਗਲਾ ਜਨਤਾ ਹੁਣ ਆਪ ਸਰਕਾਰ ਦੀਆਂ ਗੱਲਾਂ ਵਿੱਚ ਨਹੀਂ ਆਵੇਗੀ।2027 ਦੀਆਂ ਚੋਣਾਂ ਵਿੱਚ ਆਮ ਆਦਮੀ ਪਾਰਟੀ ਨੂੰ ਕਰਾਰਾ ਸਬਕ ਸਿਖਾਵੇਗੀ। ਇਸ ਮੌਕੇ ਉਨ੍ਹਾਂ ਨਾਲ ਜਸਕਰਨ ਸਿੰਘ ਕੋਹਰੀ, ਜਸਪਾਲ ਸਿੰਘ ਭੱਟੀ ਪ੍ਰਧਾਨ ਰਾਜਾਸਾਂਸੀ, ਗੁਰਚੇਤ ਸਿੰਘ ਵਣੀਏਕੇ ਬਲਾਕ ਪ੍ਰਧਾਨ ਚੋਗਾਵਾਂ, ਲਖਵਿੰਦਰ ਸਿੰਘ ਭੱਟੀ ਬਲਾਕ ਪ੍ਰਧਾਨ ਹਰਸਾ ਛੀਨਾ, ਗੁਰਮੇਜ ਸਿੰਘ ਬਬਲਾ ਕੋਟਲਾ, ਸਰਪੰਚ ਸੋਨਾ ਸਿੱਧੂ ਬਲੱਗਣ, ਰਿੰਕੂ ਚੋਗਾਵਾਂ, ਕੁਲਦੀਪ ਸਿੰਘ ਔਲੱਖ ਚੋਗਾਵਾਂ, ਡਾਕਟਰ ਪ੍ਰਗਟ ਸਿੰਘ ਭੁੱਲਰ, ਨਿਰਵੈਲ ਸਿੰਘ ਚੋਗਾਵਾਂ, ਰਣਜੀਤ ਸਿੰਘ ਕੋਟਲਾ, ਸਮੀਰ ਸਿੰਘ ਕੋਟਲਾ, ਸੁਖਦੇਵ ਸਿੰਘ ਨੱਥੂਪੁਰ, ਦਲਬੀਰ ਸਿੰਘ ਕੋਹਾਲੀ, ਬਲਵਿੰਦਰ ਸਿੰਘ ਕੋਹਾਲੀ ਆਦਿ ਹਾਜ਼ਰ ਸਨ।

## ਗੋਦਾਵਨ ਸਿੰਗਲ ਮਾਲਟ ਵਿਸਕੀ ਨੇ ਜਿੱਤੇ ਦੋ ਅੰਤਰਰਾਸ਼ਟਰੀ ਖਿਤਾਬ

ਅੰਮ੍ਰਿਤਸਰ-ਰਾਜਸਥਾਨ ਵਿੱਚ ਤਿਆਰ ਕੀਤੀ ਜਾਣ ਵਾਲੀ ਗੋਦਾਵਨ ਆਰਟੀਜ਼ਨਲ ਸਿੰਗਲ ਮਾਲਟ ਵ੍ਹਿਸਕੀ ਨੇ ਅਮਰੀਕਾ ਦੇ ਸ਼ਿਕਾਗੋ ਵਿੱਚ ਹੋਏ ਬਾਰਟੈਂਡਰ ਸਪਿਰਿਟਸ ਐਵਾਰਡਜ਼-2026 ਵਿੱਚ ਦੋ ਵੱਡੇ ਅੰਤਰਰਾਸ਼ਟਰੀ ਸਨਮਾਨ ਆਪਣੇ ਨਾਮ ਕੀਤੇ ਹਨ।ਗੋਦਾਵਨ 02 ਫਰੂਟ ਐਂਡ ਸਪਾਇਸ ਨੂੰ 'ਸਪਿਰਿਟ ਆਫ ਦਿ ਯੀਅਰ - ਇੰਡੀਆ' ਅਤੇ 'ਇੰਡੀਅਨ ਸਿੰਗਲ ਮਾਲਟ ਵ੍ਹਿਸਕੀ ਆਫ ਦਿ ਯੀਅਰ' ਦਾ ਖਿਤਾਬ ਮਿਲਿਆ।ਇਸ ਨਾਲ ਬ੍ਰਾਂਡ ਦੇ ਅੰਤਰਰਾਸ਼ਟਰੀ ਐਵਾਰਡਾਂ ਦੀ ਗਿਣਤੀ 125 ਤੋਂ ਵੱਧ ਹੋ ਗਈ ਹੈ।ਇਸ ਮੁਕਾਬਲੇ ਵਿੱਚ ਗੋਦਾਵਨ 02 ਫਰੂਟ ਐਂਡ ਸਪਾਇਸ ਨੂੰ ਡਬਲ ਗੋਲਡ ਮੈਡਲ ਅਤੇ ਗੋਦਾਵਨ 01 ਰਿਚ ਐਂਡ ਰਾਊਂਡ ਨੂੰ ਗੋਲਡ ਮੈਡਲ ਵੀ ਦਿੱਤਾ ਗਿਆ।ਜੱਜਿੰਗ ਬਾਰਟੈਂਡਰਾਂ ਅਤੇ ਹਾਸਪਿਟੈਲਿਟੀ ਮਾਹਿਰਾਂ ਵੱਲੋਂ ਬਲਾਈਂਡ ਟੈਸਟਿੰਗ ਰਾਹੀਂ ਕੀਤੀ ਗਈ, ਜਿਸ ਵਿੱਚ ਸੁਗੰਧ, ਸੁਆਦ, ਗੁਣਵੱਤਾ ਅਤੇ ਸੰਤੁਲਨ ਨੂੰ ਪਰਖਿਆ ਗਿਆ।ਡਿਆਜੀਓ ਇੰਡੀਆ ਦੇ ਚੀਫ ਇਨੋਵੇਸ਼ਨ ਅਫਸਰ ਵਿਕਰਮ ਦਾਮੋਦਰਨ ਨੇ ਕਿਹਾ ਕਿ ਇਹ ਸਨਮਾਨ ਗੋਦਾਵਨ ਦੀ ਵਿਲੱਖਣ ਗੁਣਵੱਤਾ ਅਤੇ ਭਾਰਤੀ ਪਛਾਣ ਨੂੰ ਦਰਸਾਉਂਦਾ ਹੈ।2022 ਵਿੱਚ ਲਾਂਚ ਹੋਣ ਤੋਂ ਬਾਅਦ ਇਹ ਬ੍ਰਾਂਡ ਕਈ ਅੰਤਰਰਾਸ਼ਟਰੀ ਐਵਾਰਡ ਹਾਸਲ ਕਰ ਚੁੱਕਾ ਹੈ।

# ਪੰਜਾਬ ਮੰਡੀ ਬੋਰਡ ਫੀਲਡ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੀ ਚੋਣ

## ਟੇਕ ਸਿੰਘ ਪ੍ਰਧਾਨ ਤੇ ਮਨੀਸ਼ ਕੁਮਾਰ ਜਨਰਲ ਸਕੱਤਰ ਬਣੇ



ਧਾਰੀਵਾਲ (ਮਨਦੀਪ ਵਿੱਕੀ)-ਪੰਜਾਬ ਮੰਡੀ ਬੋਰਡ ਫੀਲਡ ਇੰਪਲਾਈਜ਼ ਯੂਨੀਅਨ ਜ਼ਿਲ੍ਹਾ ਗੁਰਦਾਸਪੁਰ ਦੀ ਚੋਣ ਮੀਟਿੰਗ ਹੋਈ।ਇਸ ਮੌਕੇ ਪੰਜਾਬ ਮੰਡੀ ਬੋਰਡ ਡਵੀਜ਼ਨ ਦਫਤਰ ਗੁਰਦਾਸਪੁਰ ਵਿਖੇ ਇਸ ਮੀਟਿੰਗ ਵਿੱਚ ਸੂਬਾ ਪ੍ਰਧਾਨ ਗੁਰਮੀਤ ਸਿੰਘ (ਕੋਟ ਈਸੇ ਖਾਂ) ਮੋਗਾ, ਸਰਪ੍ਰਸਤ ਖੁਸ਼ਵੰਤ ਸਿੰਘ ਬਾਜਵਾ ਲੁਧਿਆਣਾ, ਯਾਦਵਿੰਦਰ ਸਿੰਘ ਬਰਾੜ ਸੂਬਾ ਖਜਾਨਚੀ ਫਰੀਦਕੋਟ ਅਤੇ ਮਨਪ੍ਰੀਤ ਸਿੰਘ ਜ਼ਿਲ੍ਹਾ ਫਰੀਦਕੋਟ, ਮੀਤ ਪ੍ਰਧਾਨ ਬੇਅੰਤ ਸਿੰਘ ਗੁਰਦਾਸਪੁਰ ਨੇ ਵਿਸ਼ੇਸ਼ ਤੌਰ ਤੇ ਸ਼ਮੂਲੀਅਤ ਕੀਤੀ।ਇਸ ਮੀਟਿੰਗ ਵਿੱਚ ਸਰਬਸੰਮਤੀ ਨਾਲ ਜ਼ਿਲ੍ਹਾ ਪ੍ਰਧਾਨ ਟੇਕ ਸਿੰਘ, ਸੀਨੀਅਰ ਮੀਤ ਪ੍ਰਧਾਨ ਵਿਸ਼ਾਲ, ਮੀਤ ਪ੍ਰਧਾਨ ਜਸਕਰਨ ਸਿੰਘ, ਮੀਤ ਪ੍ਰਧਾਨ ਗੁਰਪ੍ਰੀਤ ਕੌਰ , ਜਨਰਲ ਸਕੱਤਰ ਮਨੀਸ਼ ਕੁਮਾਰ, ਖਜ਼ਾਨਚੀ ਸਤਨਾਮ ਸਿੰਘ, ਪ੍ਰੈੱਸ ਸਕੱਤਰ ਸਮੀਰ, ਪ੍ਰੋਪੇਗੰਡਾ ਸਕੱਤਰ ਕਵੀ ਰਾਜ, ਸਲਾਹਕਾਰ ਰਵਿੰਦਰ ਸਿੰਘ/ਸ਼ੋਭ ਰਾਜ, ਕਾਰਜਕਾਰੀ ਮੈਂਬਰ ਕੋਮਲਪ੍ਰੀਤ ਕੌਰ, ਕਾਰਜਕਾਰੀ ਮੈਂਬਰ ਗੁਰਜੰਟ ਸਿੰਘ, ਕਾਰਜਕਾਰੀ ਮੈਂਬਰ ਮਲਕੀਤ ਸਿੰਘ, ਕਾਰਜਕਾਰੀ ਮੈਂਬਰ ਮੇਜਰ ਸਿੰਘ ਚੁਣੇ ਗਏ।ਇਸ ਮੀਟਿੰਗ ਵਿੱਚ ਪੰਜਾਬ ਮੰਡੀ ਬੋਰਡ ਦੀ ਮੈਨੇਜਮੈਂਟ ਤੋਂ ਮੰਗ ਕੀਤੀ ਗਈ ਕਿ ਵਿੰਗ ਸਾਈਡ, ਡੀ.ਐਮ.ਓ ਦਫਤਰਾਂ ਅਤੇ ਮਾਰਕੀਟ ਕਮੇਟੀ ਦਫਤਰਾਂ, ਸਿਵਿਲ ਵਿੰਗ, ਜਨ ਸਿਹਤ ਵਿੰਗ, ਬਿਜਲੀ ਵਿੰਗ ਵਿੱਚ ਕੰਮ ਕਰਦੇ ਕੱਚੇ ਕਰਮਚਾਰੀਆਂ ਨੂੰ ਰੈਗੂਲਰ ਕੀਤਾ ਜਾਵੇ, ਕੱਚੇ ਕਰਮਚਾਰੀਆਂ ਨੂੰ ਈ. ਐੱਸ. ਆਈ ਨੰਬਰ ਅਤੇ ਈ. ਪੀ. ਐੱਫ. ਨੰਬਰ ਜਾਰੀ ਕੀਤੀ ਜਾਣ, ਕੱਚੇ ਕਰਮਚਾਰੀਆਂ ਦੀ ਸਰਕਾਰ ਵੱਲੋਂ ਵਧਾਈ ਗਈ 15% ਤਨਖਾਹ ਰਿਲੀਜ਼ ਕੀਤੀ ਜਾਵੇ ਅਤੇ ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਰਿਵਰਟ ਕੀਤੇ 24 ਇਲੈਕਟ੍ਰੀਸ਼ਨਾਂ ਨੂੰ 2011 ਤੋਂ ਬਹਾਲ ਕੀਤਾ ਜਾਵੇ, ਸੁਪਰਵਾਈਜ਼ਰ ਕੈਟਾਗਰੀ ਕੋਟੇ ਦੀਆਂ ਖਾਲੀ ਪਈਆਂ ਪੋਸਟਾਂ ਤੇ ਹੈਲਪਰਾਂ ਨੂੰ ਪਦਉਨਤ ਕੀਤਾ ਜਾਵੇ, ਮੁਲਾਜ਼ਮਾਂ ਦਾ ਸਰਕਾਰ ਵੱਲੋਂ ਰੋਕਿਆ ਗਿਆ 18% ਡੀ ਏ ਰਿਲੀਜ਼ ਕੀਤਾ ਜਾਵੇ, ਠੇਕੇਦਾਰ ਵੱਲੋਂ ਮੰਡੀਆਂ ਵਿੱਚ ਰੱਖੇ ਹੋਏ ਕਰਮਚਾਰੀਆਂ ਦਾ ਸ਼ੋਸ਼ਣ ਬੰਦ ਕੀਤਾ ਜਾਵੇ।ਇਸ ਮੌਕੇ ਯੂਨੀਅਨ ਨੇ ਮੰਡੀ ਬੋਰਡ ਦੀ ਮੈਨੇਜਮੈਂਟ ਅਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਕਿ ਕਰਮਚਾਰੀਆਂ ਦੀਆਂ ਪਿਛਲੇ ਲੰਮੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਨੂੰ ਲਾਗੂ ਕੀਤਾ ਜਾਵੇ। ਇਸ ਮੀਟਿੰਗ ਵਿੱਚ ਸਰਬਜੀਤ ਸਿੰਘ, ਲਵਪ੍ਰੀਤ ਸਿੰਘ, ਹਰਜੀਤ ਕੌਰ, ਬਲਰਾਜ ਕੌਰ, ਅਨਾਮਿਕਾ, ਮਨਪ੍ਰੀਤ ਸਿੰਘ, ਆਕਾਸ਼ਦੀਪ ਸਿੰਘ, ਅਮਿਤ ਕੁਮਾਰ, ਹਰਮਨਪ੍ਰੀਤ ਸਿੰਘ, ਧਨਪ੍ਰੀਤ ਸਿੰਘ ਆਦਿ ਹਾਜ਼ਰ ਸਨ।

## ਜੀਵਨਜੋਤ ਕੌਰ ਨੇ 11 ਕੇ. ਵੀ. ਗੋਕਲ ਕਾ ਬਾਗ ਫੀਡਰ ਦਾ ਕੀਤਾ ਉਦਘਾਟਨ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੀ ਵਿਧਾਇਕਾ ਜੀਵਨਜੋਤ ਕੌਰ ਨੇ 132 ਕੇ.ਵੀ. ਜੀ. ਟੀ. ਰੋਡ ਸਬ-ਸਟੇਸ਼ਨ, ਅੰਮ੍ਰਿਤਸਰ ਵਿਖੇ 11 ਕੇ. ਵੀ. ਈਸਟ ਮੋਹਨ ਨਗਰ ਫੀਡਰ ਨੂੰ ਬਾਈਫਰਕੇਟ ਕਰਕੇ ਨਵੇਂ ਬਣਾਏ ਗਏ 11 ਕੇ.ਵੀ. ਗੋਕਲ ਕਾ ਬਾਗ ਫੀਡਰ ਦਾ ਉਦਘਾਟਨ ਕੀਤਾ।ਇਸ ਮੌਕੇ ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਸੂਬੇ ਦੇ ਲੋਕਾਂ ਨੂੰ ਨਿਰਵਿਘਨ, ਭਰੋਸੇਯੋਗ ਅਤੇ ਗੁਣਵੱਤਾ ਭਰੀਆਂ ਬਿਜਲੀ ਸੇਵਾਵਾਂ ਪ੍ਰਦਾਨ ਕਰਨ ਲਈ ਲਗਾਤਾਰ ਬੁਨਿਆਦੀ ਢਾਂਚੇ ਨੂੰ ਮਜ਼ਬੂਤ ਕਰ ਰਹੀ ਹੈ।ਵਿਧਾਇਕਾ ਨੇ ਦੱਸਿਆ ਕਿ ਨਵੇਂ ਫੀਡਰ ਦੇ ਚਾਲੂ ਹੋਣ ਨਾਲ ਈਸਟ ਮੋਹਨ ਨਗਰ, ਗੋਕਲ ਕਾ ਬਾਗ, ਸੁਦਰਸ਼ਨ ਨਗਰ, 100 ਫੁੱਟੀ ਰੋਡ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਬਿਜਲੀ ਸਪਲਾਈ ਹੋਰ ਮਜ਼ਬੂਤ, ਨਿਰਵਿਘਨ ਅਤੇ ਭਰੋਸੇਯੋਗ ਬਣੇਗੀ।ਇਸ ਨਾਲ ਫੀਡਰ ਤੇ ਪੈਣ ਵਾਲਾ ਲੋਡ ਘਟੇਗਾ, ਬਿਜਲੀ ਸਪਲਾਈ ਵਿੱਚ ਆਉਣ ਵਾਲੀਆਂ ਰੁਕਾਵਟਾਂ ਵਿੱਚ ਕਮੀ ਆਵੇਗੀ ਅਤੇ ਉਦਯੋਗਿਕ ਇਕਾਈਆਂ ਦੇ ਨਾਲ-ਨਾਲ ਆਮ ਖਪਤਕਾਰਾਂ ਨੂੰ ਵੀ ਬਿਹਤਰ ਸੇਵਾ ਪ੍ਰਾਪਤ ਹੋਵੇਗੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਬਿਜਲੀ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕਰਨ ਲਈ ਲਗਾਤਾਰ ਨਿਵੇਸ਼ ਕਰ ਰਹੀ ਹੈ ਤਾਂ ਜੋ ਉਦਯੋਗਾਂ ਨੂੰ ਨਿਰਵਿਘਨ ਬਿਜਲੀ ਮਿਲੇ ਅਤੇ ਆਮ ਲੋਕਾਂ ਨੂੰ ਵੀ ਬਿਹਤਰ ਸੇਵਾਵਾਂ ਉਪਲਬਧ ਹੋ ਸਕਣ।ਉਨ੍ਹਾਂ ਕਿਹਾ ਕਿ ਅਜਿਹੇ ਵਿਕਾਸ ਕਾਰਜਾਂ ਨਾਲ ਇਲਾਕੇ ਦੇ ਉਦਯੋਗਿਕ ਵਿਕਾਸ ਨੂੰ ਹੁਲਾਰਾ ਮਿਲੇਗਾ ਅਤੇ ਖਪਤਕਾਰਾਂ ਨੂੰ ਵੀ ਵੱਡਾ ਲਾਭ ਹੋਵੇਗਾ।ਇਸ ਮੌਕੇ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਿਟਡ (ਪੀ.ਐੱਸ.ਪੀ.ਸੀ.ਐੱਲ.) ਦੇ ਸਿਟੀ ਸਰਕਲ, ਅੰਮ੍ਰਿਤਸਰ ਦੇ ਉੱਪ ਮੁੱਖ ਇੰਜੀਨੀਅਰ ਇੰਜੀ. ਅਜੀਤ ਪਾਲ ਸਿੰਘ ਮੁਲਤਾਨੀ, ਐਕਸੀਅਨ ਉਦਯੋਗਿਕ ਮੰਡਲ ਅੰਮ੍ਰਿਤਸਰ ਇੰਜੀ. ਐੱਚ. ਐੱਸ. ਸੇਖੋਂ, ਉਪ ਮੰਡਲ ਅਫ਼ਸਰ ਸੁਲਤਾਨਵਿੰਡ ਇੰਜੀ. ਰਜਵੰਤ ਸਿੰਘ, ਇਲਾਕੇ ਦੇ ਉਦਯੋਗਪਤੀ ਅਤੇ ਹੋਰ ਪਤਵੰਤੇ ਵੀ ਹਾਜ਼ਰ ਸਨ।

# ਸ਼ੈਰੀ ਕਲਸੀ ਨੇ ਸਟਰੀਟ ਲਾਈਟਾਂ ਦਾ ਕੀਤਾ ਉਦਘਾਟਨ



ਬਟਾਲਾ, (ਤਰਲੋਕ ਬੱਗਾ)-ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਨੌਜਵਾਨ ਵਿਧਾਇਕ ਅਮਨਸ਼ੇਰ ਸ਼ਿੰਘ, ਸ਼ੈਰੀ ਕਲਸੀ ਵੱਲੋਂ ਬਟਾਲਾ ਸ਼ਹਿਰ ਨੂੰ ਸੁੰਦਰ ਬਣਾਉਣ ਲਈ ਖਾਸ ਉਪਰਾਲੇ ਕੀਤੇ ਜਾ ਰਹੇ ਹਨ, ਜਿਸ ਦੇ ਚੱਲਦਿਆਂ ਉਨ੍ਹਾਂ ਵੱਲੋਂ ਸ਼ਹਿਰ ਵਾਸੀਆਂ ਦੀ ਮੌਜੂਦਗੀ ਵਿੱਚ ਬਾਬਾ ਬਲਾਕ ਨਾਥ ਦੇ ਮੰਦਰ ਸਾਹਮਣੇ ਸਟ੍ਰੀਟ ਲਾਈਟਸ ਦਾ ਉਦਘਾਟਨ ਕੀਤਾ।

ਸ਼ਹਿਰ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਦੱਸਿਆ ਕਿ ਇਤਿਹਾਸਕ ਤੇ ਧਾਰਮਿਕ ਸ਼ਹਿਰ ਬਟਾਲਾ ਨੂੰ ਹੋਰ ਖ਼ੂਬਸੂਰਤ ਬਣਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ ਅਤੇ ਪਾਰਦਰਸ਼ੀ ਢੰਗ ਨਾਲ ਵਿਕਾਸ ਕੰਮ ਤੇਜਗਤੀ ਨਾਲ ਚੱਲ ਰਹੇ ਹਨ।ਉਨ੍ਹਾਂ ਦੱਸਿਆ ਕਿ ਸ਼ਹਿਰ ਦੀਆਂ ਵੱਖ-ਵੱਖ ਵਾਰਡਾਂ ਵਿੱਚ ਵਿਕਾਸ ਕੰਮ ਬਿਨਾਂ ਪੱਖਪਾਤ ਦੇ ਕਰਵਾਏ ਜਾ ਰਹੇ ਹਨ। ਸ਼ਹਿਰ ਅੰਦਰ ਚੌਂਕਾਂ ਨੂੰ ਚੋੜਾ ਕਰਕੇ ਖ਼ੂਬਸੂਰਤ ਬਣਾਇਆ ਗਿਆ ਹੈ। ਬੀਤੀ ਰਾਤ ਸ਼ਹੀਦ ਭਾਈ ਸੁੱਖਾ ਸਿੰਘ ਭਾਈ ਮਹਿਤਾਬ ਦੀ ਯਾਦ ਵਿੱਚ ਉਸਾਰੇ ਨਵੇਂ ਚੌਂਕ ਦਾ ਉਦਘਾਟਨ ਕਰਕੇ ਲੋਕ ਸਮਰਪਿਤ ਕੀਤਾ ਗਿਆ ।ਇਸ ਚੌਂਕ ਵਿੱਚ ਸ਼ਾਨਦਾਰ ਲਾਈਟਾਂ ਵੀ ਲਗਾਈਆਂ ਗਈਆਂ ਹਨ।ਇਸ ਤੋਂ ਪਹਿਲਾਂ ਵੀ ਸ਼ਹੀਦ ਭਗਤ ਸਿੰਘ ਚੌਂਕ ਅਗਰਸੈਨ ਚੌਂਕ ਆਦਿ ਦੀ ਉਸਾਰੀ ਕੀਤੀ ਜਾ ਚੁੱਕੀ ਹੈ।ਵਿਧਾਇਕ ਸ਼ੈਰੀ ਕਲਸੀ ਨੇ ਅੱਗੇ ਕਿਹਾ ਕਿ ਉਨ੍ਹਾਂ ਦਾ ਮੁੱਖ ਉਦੇਸ਼ ਬਟਾਲੇ ਦਾ ਸਰਬਪੱਖੀ ਵਿਕਾਸ ਕਰਵਾਉਣਾ ਤੇ ਦਹਾਕਿਆਂ ਤੋਂ ਮੁਸ਼ਕਿਲਾਂ ਨਾਲ ਜੂਝ ਰਹੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕਰਨਾ ਹੈ, ਜਿਸ ਲਈ ਉਹ ਦਿਨ ਰਾਤ ਲੋਕਾਂ ਦੀ ਸੇਵਾ ਵਿੱਚ ਲੱਗੇ ਹੋਏ ਹਨ।

ਇਸ ਮੌਕੇ ਸਿਟੀ ਰੋਡ ਦੇ ਦੁਕਾਨਦਾਰਾਂ ਤੇ ਵਸਨੀਕਾਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਲਾਈਟਾਂ ਲੱਗਣ ਨਾਲ ਉਨ੍ਹਾਂ ਨੂੰ ਬਹੁਤ ਰਾਹਤ ਮਿਲੀ ਹੈ ਅਤੇ ਸਵੇਰੇ ਤੜਕਸਾਰ ਅਤੇ ਰਾਤ ਸਮੇਂ ਸਟਰੀਟ ਲਾਈਟਾਂ ਲੱਗਣ ਨਾਲ ਬਹੁਤ ਲਾਭ ਮਿਲੇਗਾ। ਉਨ੍ਹਾਂ ਅੱਗੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਖ਼ੂਬਸੂਰਤ ਬਣਾਉਣ ਲਈ ਵਿਧਾਇਕ ਸ਼ੈਰੀ ਕਲਸੀ ਵੱਲੋਂ ਜ਼ਿਕਰਯੋਗ ਉਪਰਾਲੇ ਕੀਤੇ ਗਏ ਹਨ ਅਤੇ ਉਨ੍ਹਾਂ ਲੋਕਾਂ ਨੂੰ ਲਗਾਤਾਰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਦਾ ਨਿਪਟਾਰਾ ਕੀਤਾ ਜਾ ਰਿਹਾ ਹੈ, ਜੋ ਕਿ ਪਹਿਲਾਂ ਵੇਖਣ ਨੂੰ ਨਹੀਂ ਮਿਲਦਾ ਸੀ।

## ਸ਼ੰਟੀ 19 ਨੂੰ ਬਾਬਾ ਬਕਾਲਾ ਸਾਹਿਬ 'ਚ ਕਰਨਗੇ ਲੋਕਾਂ ਦੀ ਸੁਣਵਾਈ

**ਬਿਆਸ (ਪਰਮਜੀਤ ਸਿੰਘ ਰੱਖੜਾ)** ਪੰਜਾਬ ਰਾਜ ਮਨੁੱਖੀ ਅਧਿਕਾਰ ਕਮਿਸ਼ਨ 'ਆਪ ਕੇ ਦੁਆਰ' ਦੇ ਲੋਕ ਪੱਖੀ ਮਨੋਰਥ ਨੂੰ ਲੈਕੇ ਪੀੜਤਾਂ ਨੂੰ ਆਪਣੇ ਕੋਲ ਸੱਦਣ ਦੀ ਬਜਾਏ ਪੀੜਤਾਂ ਤੱਕ ਪਹੁੰਚ ਕਰ ਰਿਹਾ ਹੈ।

19 ਜੁਲਾਈ ਨੂੰ ਜਤਿੰਦਰ ਸਿੰਘ ਸ਼ੰਟੀ ਜ਼ਿਲਾ ਅੰਮ੍ਰਿਤਸਰ ਦੇ ਬਲਾਕ ਮਜੀਠਾ ਅਤੇ ਬਾਬਾ ਬਕਾਲਾ ਸਾਹਿਬ ਵਿਖੇ ਸੰਗਤ ਦਰਸ਼ਨ ਦੀ ਤਰਜ਼ 'ਤੇ ਆਯੋਜਿਤ ਕੀਤੇ ਜਾ ਰਹੇ ਪ੍ਰੋਗਰਾਮ 'ਚ ਪਹੁੰਚ ਰਹੇ ਹਨ। ਬਾਬਾ ਬਕਾਲਾ ਸਾਹਿਬ ਵਿਖੇ 2 ਵਜੇ ਕਮਿਸ਼ਨ ਦੇ ਮੈਂਬਰ ਪਹੁੰਚਣਗੇ। ਜੋ ਲੋਕ ਕਮਿਸ਼ਨ ਦੇ ਮਾਣਯੋਗ ਮੈਂਬਰ ਨਾਲ ਮੁਲਾਕਾਤ ਕਰਨਾ ਚਾਹੁੰਦੇ ਹਨ, ਉਹ ਉਪ ਮੰਡਲ ਮੈਜਿਸਟ੍ਰੇਟ ਬਾਬਾ ਬਕਾਲਾ ਦੇ ਦਫਤਰ 'ਚ ਆਪਣੇ ਵੇਰਵੇ ਦਰਜ ਕਰਵਾਉਣ ਜਾਂ ਫਿਰ ਘੱਟ ਗਿਣਤੀ ਲੋਕ ਭਲਾਈ ਸੰਸਥਾ ਨੂੰ ਆਪਣੇ ਵੇਰਵੇ ਭੇਜਣ, ਤਾਂ ਕਿ ਲੜੀਵਾਰ ਮਿਲਣ ਵਾਲੀਆਂ ਸ਼ਿਕਾਇਤਾਂ ਨੂੰ ਕਮਿਸ਼ਨ 'ਚ ਸੁਣਵਾਈ ਅਧੀਨ ਲਿਆਉਣ ਲਈ ਦਸਤਾਵੇਜ਼ਾਂ ਸਮੇਤ ਰਿਕਾਰਡ ਤਿਆਰ ਕੀਤਾ ਜਾ ਸਕੇ।

# ਬਿਰਧ ਆਸ਼ਰਮ ਝਾਖੋਲਾਹੜੀ ਨੇ ਇੱਕ ਹੋਰ ਬੇਸਹਾਰਾ ਬਜ਼ੁਰਗ ਨੂੰ ਦਿੱਤਾ ਸਹਾਰਾ



ਦੀਨਾਨਗਰ (ਬਲਵਿੰਦਰ ਸਿੰਘ ਬਿੱਲਾ)-ਸਮਾਜ ਸੇਵਾ ਦੇ ਖੇਤਰ ਵਿੱਚ ਲਗਾਤਾਰ ਕਾਰਜ ਕਰ ਰਹੇ ਆਦਰਸ਼ ਬਿਰਧ ਆਸ਼ਰਮ ਝਾਖੋਲਾਹੜੀ ਵੱਲੋਂ ਇੱਕ ਹੋਰ ਬੇਸਹਾਰਾ ਬਜ਼ੁਰਗ ਨੂੰ ਆਸ਼ਰਮ ਵਿੱਚ ਸਹਾਰਾ ਦੇ ਕੇ ਮਨੁੱਖਤਾ ਦੀ ਮਿਸਾਲ ਪੇਸ਼ ਕੀਤੀ ਗਈ। ਆਸ਼ਰਮ ਵਿੱਚ ਪਹੁੰਚੇ ਅਸ਼ੋਕ ਕੁਮਾਰ ਪੁੱਤਰ ਪ੍ਰਕਾਸ਼ ਚੰਦ, ਉਮਰ 62 ਸਾਲ, ਵਾਸੀ ਪਿੰਡ ਗੋਹਤ ਖੁਰਦ, ਕਾਦੀਆਂ (ਜ਼ਿਲ੍ਹਾ ਗੁਰਦਾਸਪੁਰ) ਨੇ ਦੱਸਿਆ ਕਿ ਉਨ੍ਹਾਂ ਦੀ ਇੱਕ ਧੀ ਅਤੇ ਇੱਕ ਪੁੱਤਰ ਹੈ।ਧੀ ਵਿਆਹੀ ਹੋਈ ਹੈ, ਜਦਕਿ ਪੁੱਤਰ ਗੁਜਰਾਤ ਵਿੱਚ ਨੌਕਰੀ ਕਰਦਾ ਹੈ।ਉਨ੍ਹਾਂ ਨੇ ਦੱਸਿਆ ਕਿ ਹਾਰਟ ਅਟੈਕ ਆਉਣ ਅਤੇ ਵੱਧ ਉਮਰ ਕਾਰਨ ਉਹ ਹੁਣ ਕੋਈ ਵੀ ਕੰਮ ਕਰਨ ਦੇ ਸਮਰੱਥ ਨਹੀਂ ਰਹੇ।ਘਰ ਵਿੱਚ ਇਕੱਲੇ ਹੋਣ ਕਰਕੇ ਉਨ੍ਹਾਂ ਨੂੰ ਰੋਟੀ, ਦਵਾਈ ਅਤੇ ਦੇਖਭਾਲ ਲਈ ਕਾਫ਼ੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ।ਬਜ਼ੁਰਗ ਨੇ ਇੱਛਾ ਪ੍ਰਗਟਾਈ ਕਿ ਉਹ ਆਪਣਾ ਬਾਕੀ ਜੀਵਨ ਆਦਰਸ਼ ਬਿਰਧ ਆਸ਼ਰਮ ਵਿੱਚ ਸੁਰੱਖਿਅਤ ਅਤੇ ਸਨਮਾਨ ਨਾਲ ਬਤੀਤ ਕਰਨਾ ਚਾਹੁੰਦੇ ਹਨ।ਉਨ੍ਹਾਂ ਦੀ ਸਥਿਤੀ ਨੂੰ ਵੇਖਦਿਆਂ ਆਸ਼ਰਮ ਦੇ ਪ੍ਰਧਾਨ ਸਤਨਾਮ ਸਿੰਘ ਨੇ ਤੁਰੰਤ ਉਨ੍ਹਾਂ ਨੂੰ ਆਸ਼ਰਮ ਵਿੱਚ ਰਹਿਣ ਦੀ ਮਨਜ਼ੂਰੀ ਦੇ ਦਿੱਤੀ ਅਤੇ ਹਰ ਸੰਭਵ ਸਹੂਲਤ ਮੁਹੱਈਆ ਕਰਵਾਉਣ ਦਾ ਭਰੋਸਾ ਦਿੱਤਾ।

ਆਸ਼ਰਮ ਪ੍ਰਧਾਨ ਨੇ ਕਿਹਾ ਕਿ ਆਦਰਸ਼ ਬਿਰਧ ਆਸ਼ਰਮ ਦਾ ਉਦੇਸ਼ ਹਰ ਬੇਸਹਾਰਾ, ਲੋੜਵੰਦ ਅਤੇ ਇਕੱਲੇ ਬਜ਼ੁਰਗ ਨੂੰ ਸੁਰੱਖਿਅਤ ਆਸਰਾ, ਭੋਜਨ, ਇਲਾਜ ਅਤੇ ਸਨਮਾਨ ਭਰਿਆ ਜੀਵਨ ਪ੍ਰਦਾਨ ਕਰਨਾ ਹੈ।ਇਸ ਮੌਕੇ ਆਸ਼ਰਮ ਦਾ ਸਮੂਹ ਸਟਾਫ਼ ਸਵਿਤਾ, ਮਮਤਾ ਦੇਵੀ, ਆਸ਼ਾ ਰਾਣੀ, ਸੁਰਜੀਤ ਕੌਰ, ਓਮ ਰਾਜ ਅਤੇ ਵਿਪਨ ਕੁਮਾਰ ਵੀ ਹਾਜ਼ਰ ਸਨ।

## ਰੰਧਾਵਾ ਨੇ ਸ਼ਾਹਪੁਰ ਜਾਜਨ ਵਿਖੇ ਲੋਕਾਂ ਦੀਆਂ ਮੁਸ਼ਕਲਾਂ ਸੁਣ ਕੇ ਕੀਤੀਆਂ ਹੱਲ



ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)-ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਸ਼ਾਹਪੁਰ ਜਾਜਨ ਵਿਖੇ ਨੇੜਲੇ ਪਿੰਡਾਂ ਤੋਂ ਆਏ ਲੋਕਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਗਈਆਂ।ਇਸ ਮੌਕੇ ਪਿੰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਇਤਿਹਾਸਕ ਅਤੇ ਧਾਰਮਿਕ ਹਲਕੇ ਡੇਰਾ ਬਾਬਾ ਨਾਨਕ ਵਿਖੇ ਸਰਬਪੱਖੀ ਵਿਕਾਸ ਕੰਮ ਤੇਜ਼ੀ ਨਾਲ ਚੱਲ ਰਹੇ ਹਨ ਅਤੇ ਉਹ ਲੋਕਾਂ ਦੀ ਸੇਵਾ ਵਿੱਚ 24 ਘੰਟੇ ਹਾਜ਼ਰ ਹਨ।ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਲੋਕਾਂ ਦੀ ਸਹੂਲਤ ਲਈ ਗੰਦੇ ਪਾਣੀ ਦੀ ਨਿਕਾਸੀ, ਗਲੀਆਂ ਤੇ ਪਾਰਕਾਂ ਸਮੇਤ ਵੱਖ-ਵੱਖ ਵਿਕਾਸ ਕਾਰਜ ਕਰਵਾਏ ਗਏ ਹਨ।ਹਲਕੇ ਅੰਦਰ ਸੜਕਾਂ ਦੀ ਉਸਾਰੀ ਦੇ ਕੰਮ ਚੱਲ ਰਹੇ ਹਨ।

ਉਨ੍ਹਾਂ ਅੱਗੇ ਕਿਹਾ ਕਿ ਨੌਜਵਾਨਾਂ ਨੂੰ ਖੇਡਾਂ ਵੱਲ ਉਤਸ਼ਾਹਤ ਕਰਨ ਲਈ ਖੇਡ ਮੈਦਾਨ ਤਿਆਰ ਕੀਤੇ ਗਏ ਹਨ।ਨੌਜਵਾਨਾਂ ਨੂੰ ਸਪੋਰਟਸ ਕਿੱਟਾਂ ਵੰਡੀਆਂ ਗਈਆਂ ਤਾਂ ਜੋ ਨੌਜਵਾਨ ਵੱਧ ਤੋਂ ਵੱਧ ਖੇਡਾਂ ਨਾਲ ਜੁੜ ਸਕਣ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਲੋਕ ਹਿੱਤ ਵਿੱਚ ਵੱਡੇ ਉਪਰਾਲੇ ਕੀਤੇ ਗਏ ਹਨ।ਉਨ੍ਹਾਂ ਦੱਸਿਆ ਪਿਛਲੇ ਚਾਰ ਸਾਲਾਂ ਦੇ ਕਾਰਜਕਾਲ ਦੌਰਾਨ ਲੋਕਾਂ ਨੂੰ 600 ਯੂਨਿਟ ਬਿਜਲੀ ਮੁਫ਼ਤ, ਮੁਹੱਲਾ ਕਲੀਨਿਕ, ਸਕੂਲ ਆਫ ਐਮੀਨੈਂਸ, ਮੁੱਖ ਮੰਤਰੀ ਮਾਵਾਂ ਧੀਆਂ ਸਤਿਕਾਰ ਯੋਜਨਾ ਸ਼ੁਰੂ ਕੀਤੀ ਗਈ ਹੈ,10 ਲੱਖ ਰੁਪਏ ਤੱਕ ਦਾ ਸਿਹਤ ਇਲਾਜ ਕਰਵਾਉਣ ਸਮੇਤ ਵੱਖ-ਵੱਖ ਲੋਕ ਭਲਾਈ ਸਕੀਮਾਂ ਨੂੰ ਲਾਗੂ ਕੀਤਾ ਗਿਆ ਹੈ।

## ਮੁੱਖ ਖੇਤੀਬਾੜੀ ਅ.ਫ਼ਸਰ ਵੱਲੋਂ ਖਾਦ ਦੇ ਹੋਲਸੇਲ ਡੀਲਰਾਂ ਨਾਲ ਮੀਟਿੰਗ



ਬਿਆਸ (ਪਰਮਜੀਤ ਸਿੰਘ ਰੱਖੜਾ) ਮੁੱਖ ਖੇਤੀਬਾੜੀ ਅਫ਼ਸਰ ਅੰਮ੍ਰਿਤਸਰ ਡਾ. ਅਮਰਜੀਤ ਸਿੰਘ ਦੁਸਾਂਝ ਵੱਲੋਂ ਜ਼ਿਲ੍ਹੇ ਦੇ ਸਮੂਹ ਖਾਦ ਹੋਲਸੇਲ ਡੀਲਰਾਂ ਨਾਲ ਮੀਟਿੰਗ ਕਰਕੇ ਖਾਦ ਦੀ ਨਿਰਵਿਘਨ ਸਪਲਾਈ, ਪਾਰਦਰਸ਼ੀ ਵੰਡ ਅਤੇ ਕਿਸਾਨਾਂ ਨੂੰ ਸਮੇਂ ਸਿਰ ਖਾਦ ਉਪਲੱਬਧ ਕਰਵਾਉਣ ਸੰਬੰਧੀ ਲੋੜੀਂਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ। ਡਾ. ਦੁਸਾਂਝ ਨੇ ਕਿਹਾ ਕਿ ਜ਼ਿਲ੍ਹੇ ਦੇ ਹਰੇਕ ਖੇਤਰ ਵਿੱਚ ਰਿਟੇਲਰਾਂ ਨੂੰ ਲੋੜ ਅਨੁਸਾਰ ਖਾਦ ਦੀ ਸਪਲਾਈ ਯਕੀਨੀ ਬਣਾਈ ਜਾਵੇ, ਤਾਂ ਜੋ ਕਿਸਾਨਾਂ ਨੂੰ ਸਮੇਂ ਸਿਰ ਖਾਦ ਮਿਲ ਸਕੇ।

ਉਨ੍ਹਾ ਸਪੱਸ਼ਟ ਕੀਤਾ ਕਿ ਰਿਟੇਲਰ ਦੀ ਮੰਗ ਤੋਂ ਬਿਨਾਂ ਖਾਦ ਦੇ ਨਾਲ ਕਿਸੇ ਹੋਰ ਖੇਤੀ ਇਨਪੁਟ ਦੀ ਟੈਗਿੰਗ ਨਾ ਕੀਤੀ ਜਾਵੇ ਅਤੇ ਨਾ ਹੀ ਕਿਸੇ ਤਰ੍ਹਾਂ ਦੀ ਜਮ੍ਹਾਂਖੋਰੀ ਜਾਂ ਕਾਲਾਬਾਜ਼ਾਰੀ ਬਰਦਾਸ਼ਤ ਕੀਤੀ ਜਾਵੇਗੀ। ਉਹਨਾ ਕਿਸਾਨਾਂ ਨੂੰ ਵੀ ਅਪੀਲ ਕੀਤੀ ਕਿ ਖਾਦ, ਬੀਜ ਅਤੇ ਦਵਾਈਆਂ ਦੀ ਖਰੀਦ ਸਮੇਂ ਹਮੇਸ਼ਾ ਪੱਕਾ ਬਿੱਲ ਜ਼ਰੂਰ ਪ੍ਰਾਪਤ ਕਰਨ।

ਜੇਕਰ ਕੋਈ ਵਿਕਰੇਤਾ ਬਿੱਲ ਦੇਣ ਤੋਂ ਇਨਕਾਰ ਕਰਦਾ ਹੈ ਜਾਂ ਕਿਸੇ ਹੋਰ ਕਿਸਮ ਦੀ ਸਮੱਸਿਆ ਪੈਦਾ ਕਰਦਾ ਹੈ ਤਾਂ ਉਸ ਸੰਬੰਧੀ ਲਿਖਤੀ ਸ਼ਿਕਾਇਤ ਆਪਣੇ ਸੰਬੰਧਤ ਬਲਾਕ ਖੇਤੀਬਾੜੀ ਅਫ਼ਸਰ ਜਾਂ ਨਜ਼ਦੀਕੀ ਖੇਤੀਬਾੜੀ ਦਫ਼ਤਰ ਵਿੱਚ ਦਰਜ ਕਰਵਾਈ ਜਾਵੇ, ਤਾਂ ਜੋ ਬਣਦੀ ਕਾਰਵਾਈ ਕੀਤੀ ਜਾ ਸਕੇ।

# ਅਮਰਪਾਲ ਸਿੰਘ ਨੇ ਮਾੜੀ ਪੰਨਵਾਂ 'ਚ ਪਿੰਡ ਵਾਸੀਆਂ ਦੀਆਂ ਮੁਸ਼ਕਲਾਂ ਸੁਣੀਆਂ



ਸ੍ਰੀ ਹਰਗੋਬਿੰਦਪੁਰ ਸਾਹਿਬ/ਬਟਾਲਾ, ਜੁਲਾਈ (ਡਾ. ਮਲਵਿੰਦਰ ਸਿੰਘ)ਵਿਧਾਇਕ ਅਮਰਪਾਲ ਸਿੰਘ ਕਿਸ਼ਨਕੋਟ ਪਿੰਡ ਮਾੜੀ ਪੰਨਵਾਂ ਪਹੁੰਚੇ ਅਤੇ ਪਿੰਡ ਵਾਸੀਆਂ ਦੀ ਮੁਸ਼ਕਿਲਾਂ ਸੁਣਕੇ ਹੱਲ ਕੀਤੀਆਂ ਗਈਆਂ। ਉਨ੍ਹਾਂ ਕਿਹਾ ਕਿ ਹਲਕਾ ਦੇ ਹਰ ਪਿੰਡ ਵਿੱਚ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਨੂੰ ਭਰਵਾਂ ਸਮਰਥਨ ਮਿਲ ਰਿਹਾ ਹੈ, ਜੋ ਇਸ ਗੱਲ ਦਾ ਸਬੂਤ ਹੈ ਕਿ ਲੋਕ ਵਿਕਾਸ ਅਤੇ ਜਨ-ਭਲਾਈ ਦੀ ਰਾਜਨੀਤੀ 'ਤੇ ਭਰੋਸਾ ਜਤਾਉਂਦੇ ਹਨ।ਲੋਕਾਂ ਵੱਲੋਂ ਮਿਲ ਰਿਹਾ ਪਿਆਰ ਅਤੇ ਸਹਿਯੋਗ ਦੱਸਦਾ ਹੈ ਕਿ ਉਹ ਵਿਕਾਸ ਦੇ ਇਸ ਸਫ਼ਰ ਨੂੰ ਅੱਗੇ ਵੀ ਜਾਰੀ ਰੱਖਣਾ ਚਾਹੁੰਦੇ ਹਨ।ਇਸ ਮੌਕੇ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਕਸਬਿਆਂ ਤੋਂ ਆਏ ਲੋਕਾਂ ਨੇ ਵਿਧਾਇਕ ਅਮਰਪਾਲ ਸਿੰਘ ਨਾਲ ਸਿੱਧੀ ਮੁਲਾਕਾਤ ਕਰਕੇ ਵੱਖ ਵੱਖ ਮੁੱਦਿਆਂ ਸਬੰਧੀ ਆਪਣੀਆਂ ਸਮੱਸਿਆਵਾਂ ਰੱਖੀਆਂ। ਵਿਧਾਇਕ ਨੇ ਧਿਆਨ ਨਾਲ ਹਰ ਸ਼ਿਕਾਇਤ ਸੁਣੀ ਅਤੇ ਸਬੰਧਤ ਵਿਭਾਗੀ ਅਧਿਕਾਰੀਆਂ ਨੂੰ ਸਮੇਂ-ਬੱਧ ਨਿਪਟਾਰੇ ਲਈ ਮੌਕੇ 'ਤੇ ਹੀ ਦਿਸ਼ਾ-ਨਿਰਦੇਸ਼ ਜਾਰੀ ਕੀਤੇ।ਉਨ੍ਹਾਂ ਨੇ ਕਿਹਾ ਕਿ ਪਿਛਲੇ ਚਾਰ ਸਾਲਾਂ ਤੋਂ ਲੋਕ ਮਿਲਣੀਆਂ ਕਰ ਰਹੇ ਹਨ, ਜਿਸ ਨੂੰ ਲੋਕਾਂ ਵੱਲੋਂ ਬੇਹੱਦ ਚੰਗਾ ਹੁੰਗਾਰਾ ਮਿਲਿਆ ਹੈ।ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਸਰਕਾਰ ਦੀ ਦੂਰਦਰਸ਼ੀ ਸੋਚ ਅਧੀਨ ਸਰਕਾਰ ਤੁਹਾਡੇ ਦੁਆਰ ਵਰਗੀਆਂ ਕਈ ਲੋਕ-ਹਿਤੈਸ਼ੀ ਪਹਿਲਕਦਮੀਆਂ ਲਾਗੂ ਕੀਤੀਆਂ ਗਈਆਂ ਹਨ। ਇਨ੍ਹਾਂ ਪਹਿਲਕਦਮੀਆਂ ਰਾਹੀਂ ਉਹ ਖੁਦ ਹਲਕੇ ਦੇ ਸੈਂਕੜੇ ਪਿੰਡਾਂ ਦਾ ਦੌਰਾ ਕਰ ਚੁੱਕੇ ਹਨ ਤਾਂ ਜੋ ਵਸਨੀਕਾਂ ਨਾਲ ਸਿੱਧਾ ਸੰਪਰਕ ਬਣਾਇਆ ਜਾ ਸਕੇ। ਉਨ੍ਹਾਂ ਕਿਹਾ ਕਿ ਇਨ੍ਹਾਂ ਮੁਲਾਕਾਤਾਂ ਨਾਲ ਸਰਕਾਰ ਨੂੰ ਜ਼ਮੀਨੀ ਪੱਧਰ ਦੇ ਮੁੱਦਿਆਂ ਦੀ ਸਮਝ ਬਣੀ ਹੈ ਅਤੇ ਵਿਕਾਸ ਲਈ ਤਰਜੀਹਾਂ ਨਿਰਧਾਰਤ ਕਰਨ ਵਿੱਚ ਮਦਦ ਮਿਲੀ ਹੈ। ਉਨ੍ਹਾਂ ਦੁਹਰਾਇਆ ਕਿ ਉਹ ਹਲਕੇ ਦੇ ਸਰਬਪੱਖੀ ਵਿਕਾਸ ਲਈ ਵਚਨਬੱਧ ਹਨ ਅਤੇ 24 ਘੰਟੇ ਲੋਕਾਂ ਦੀ ਸੇਵਾ ਵਿੱਚ ਹਾਜ਼ਰ ਹਨ।

## ਸੁਖਮਨਜੋਤ ਕੌਰ ਨੇ ਜ਼ੀ ਟੀ ਵੀ ਦੇ 'ਸਾ ਰੇ ਗਾ ਮਾ ਪਾ' ਆਡੀਸ਼ਨ 'ਚ ਜਗ੍ਹਾ ਬਣਾਈ



ਬਟਾਲਾ, (ਡਾ. ਮਾਲਵਿੰਦਰ ਸਿੰਘ)-ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੀ ਵਿਦਿਆਰਥਣ ਸੁਖਮਨਜੋਤ ਕੌਰ ਨੇ ਜ਼ੀ ਟੀ. ਵੀ ਦੇ ਪ੍ਰਸਿੱਧ ਗਾਇਕੀ ਰਿਐਲਿਟੀ ਸ਼ੋਅ 'ਸਾ ਰੇ ਗਾ ਮਾ ਪਾ' ਦੇ ਆਡੀਸ਼ਨ ਵਿੱਚ ਸ਼ਾਨਦਾਰ ਪ੍ਰਦਰਸ਼ਨ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ।ਦੇਸ਼ ਭਰ ਤੋਂ 500 ਤੋਂ ਵੱਧ ਭਾਗੀਦਾਰਾਂ ਨੇ ਚੰਡੀਗੜ੍ਹ ਦੇ ਆਡੀਸ਼ਨ ਸੈਂਟਰ ਵਿੱਚ ਹਿੱਸਾ ਲਿਆ।ਸੁਖਮਨਜੋਤ ਨੇ ਆਪਣੀ ਸੁਰੀਲੀ ਆਵਾਜ਼ ਅਤੇ ਆਤਮਵਿਸ਼ਵਾਸ ਨਾਲ ਪਹਿਲਾ ਰਾਊਂਡ ਸਫਲਤਾਪੂਰਵਕ ਪਾਸ ਕੀਤਾ।ਫਿਰ ਉਸਨੇ ਸ਼ਾਨਦਾਰ ਪ੍ਰਦਰਸ਼ਨ ਨਾਲ ਦੂਜਾ ਅਤੇ ਤੀਜਾ ਰਾਊਂਡ ਪੂਰਾ ਕੀਤਾ। ਅੰਤ ਵਿੱਚ ਸਟੂਡੀਓ ਰਾਊਂਡ ਲਈ ਚੁਣੇ ਜਾਣ ਨਾਲ ਉਸਦੇ ਸਕੂਲ ਅਤੇ ਉਸਦੇ ਪਰਿਵਾਰ ਨੂੰ ਮਾਣ ਮਹਿਸੂਸ ਹੋਇਆ।ਆਡੀਸ਼ਨ ਦੌਰਾਨ ਜੱਜਾਂ ਨੇ ਉਸਦੀ ਗਾਇਕੀ ਦੀ ਪ੍ਰਸ਼ੰਸਾ ਕੀਤੀ ਅਤੇ ਕਿਹਾ ਕਿ ਉਸ ਵਿੱਚ ਇੱਕ ਸਫਲ ਗਾਇਕਾ ਬਣਨ ਅਤੇ ਅੱਗੇ ਵਧਣ ਦੀ ਅਥਾਹ ਸੰਭਾਵਨਾ ਹੈ।ਜੱਜਾਂ ਦੇ ਸਵਾਲਾਂ ਦੇ ਜਵਾਬ ਵਿੱਚ ਸੁਖਮਨਜੋਤ ਕੌਰ ਨੇ ਆਪਣੀ ਸਫਲਤਾ ਦਾ ਸਿਹਰਾ ਆਪਣੇ ਸਕੂਲ ਨੂੰ ਦਿੰਦੇ ਹੋਏ ਕਿਹਾ ਕਿ ਉਹ ਇਕ ਮਾਣ ਮੱਤੇ ਸਕੂਲ ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ ਬਟਾਲਾ ਦੀ ਵਿਦਿਆਰਥਣ ਹੈ ਅਤੇ ਸਕੂਲ ਦੁਆਰਾ ਪ੍ਰਦਾਨ ਕੀਤੀਆਂ ਜਾਂਦੀਆਂ ਸਹੂਲਤਾਂ ਅਤੇ ਉਸਦੇ ਅਣਥੱਕ ਯਤਨਾਂ ਸਦਕਾ ਹੀ ਇਸ ਮੁਕਾਮ ਤੱਕ ਪਹੁੰਚੀ ਹੈ।ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ ਅਤੇ ਪ੍ਰਿੰ. ਡਾ. ਬਿੰਦੂ ਭੱਲਾ ਨੇ ਸੁਖਮਨਜੋਤ ਕੌਰ ਨੂੰ ਇਸ ਪ੍ਰਾਪਤੀ 'ਤੇ ਦਿਲੋਂ ਵਧਾਈ ਦਿੱਤੀ ਅਤੇ ਕਿਹਾ ਕਿ ਉਨ੍ਹਾਂ ਨੂੰ ਵਿਸ਼ਵਾਸ ਹੈ ਕਿ ਉਹ ਸਟੂਡੀਓ ਰਾਊਂਡ ਵਿੱਚ ਵੀ ਆਪਣੀ ਪ੍ਰਤਿਭਾ ਨਾਲ ਸਕੂਲ, ਸ਼ਹਿਰ ਅਤੇ ਰਾਜ ਦਾ ਨਾਮ ਰੌਸ਼ਨ ਕਰੇਗੀ। ਸੰਗੀਤ ਅਧਿਆਪਕਾ ਰਾਜਵਿੰਦਰ ਕੌਰ ਅਤੇ ਅਧਿਆਪਕ ਲਵਨੀਸ਼ ਮਹਾਜਨ ਨੂੰ ਇਸ ਸਫਲਤਾ ਲਈ ਵਧਾਈ ਦਿੱਤੀ ਗਈ।

## ਵੰਦੇ ਮਾਤਰਮ ਦਾ ਮੰਚਣ ਭਲਕੇ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਸਭਿਆਚਾਰਕ ਮਾਮਲੇ ਵਿਭਾਗ, ਭਾਰਤ ਸਰਕਾਰ ਅਤੇ ਸੰਗੀਤ ਨਾਟਕ ਅਕਾਦਮੀ (ਨਵੀਂ ਦਿੱਲੀ) ਵੱਲੋਂ ਵਿਰਸਾ ਵਿਹਾਰ ਅੰਮ੍ਰਿਤਸਰ ਦੇ ਸਹਿਯੋਗ ਨਾਲ 'ਵੰਦੇ ਮਾਤਰਮ' ਰਾਸ਼ਟਰੀ ਗੀਤ ਦੇ 150 ਸਾਲਾਂ ਸਮਾਰੋਹ ਨੂੰ ਸਮਰਪਿਤ ਮਹਾਂਕਵੀ ਕਾਲੀਦਾਸ ਦੀ ਜੈਂਯਤੀ ਮੌਕੇ ਨੈਸ਼ਨਲ ਥੀਏਟਰ ਫੈਸਟੀਵਲ 2026 ਪ੍ਰਸਿੱਧ ਨਾਟ ਸੰਸਥਾ ਮੰਚ-ਰੰਗਮੰਚ ਅੰਮ੍ਰਿਤਸਰ ਦੀ ਟੀਮ ਵੱਲੋਂ ਨਾਟਕ 'ਵੰਦੇ ਮਾਤਰਮ ਜੰਗ-ਏ-ਅਜ਼ਾਦੀ' ਦਾ ਮੰਚਣ 15 ਜੁਲਾਈ ਨੂੰ ਸ਼ਾਮ 6 ਵਜੇ ਕਰਤਾਰ ਸਿੰਘ ਦੁੱਗਲ ਆਡੀਟੋਰੀਅਮ 'ਚ ਮੰਚਣ ਕੀਤਾ ਜਾ ਰਿਹਾ ਹੈ।

15 ਜੁਲਾਈ ਨੂੰ ਵੰਦੇ ਮਾਤਰਮ ਥੀਮ 'ਤੇ ਅਧਾਰਿਤ 150 ਨਾਟਕਾਂ ਦਾ ਸ਼ੋਅ ਪੂਰੇ ਭਾਰਤ ਦੇ ਵੱਖ-ਵੱਖ ਰਾਜਾਂ ਵਿੱਚ ਇਕੋ ਟਾਈਮ ਤੇ ਹੋਵੇਗਾ। ਇਹ ਸਾਰਾ ਸਮਾਗਮ ਲਾਇਵ ਪ੍ਰਸਾਰਣ ਵੀ ਕੀਤਾ ਜਾਵੇਗਾ।

# ਸ਼ਹੀਦ ਭਾਈ ਤਾਰੂ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਤ ਕਰਵਾਏ ਧਾਰਮਿਕ ਮੁਕਾਬਲੇ



**ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)**-ਸ਼ਹੀਦ ਭਾਈ ਤਾਰੂ ਸਿੰਘ ਗੁਰਮਤਿ ਪ੍ਰਚਾਰ ਐਂਡ ਵੈੱਲਫੇਅਰ ਸੁਸਾਇਟੀ ਰਜਿ. ਪੰਜਾਬ ਵੱਲੋਂ ਕਿਰਤੀ ਗੁਰਸਿੱਖ, ਨਾਮ ਬਾਣੀ ਦੇ ਰਸੀਏ, ਸਿੱਖੀ ਕੇਸਾਂ ਸੁਆਸਾਂ ਸੰਗ ਨਿਭਾਉਣ ਵਾਲੇ ਮਹਾਨ ਸੂਰਬੀਰ ਭਾਈ ਤਾਰੂ ਸਿੰਘ ਦੇ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਗੁਰਦੁਆਰਾ ਸ਼ਹੀਦ ਭਾਈ ਤਾਰੂ ਸਿੰਘ ਜੀ ਪਿੰਡ ਪੂਹਲਾ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਬਾਬਾ ਹਰਮਹਿੰਦਰ ਸਿੰਘ ਦੇ ਭਰਪੂਰ ਸਹਿਯੋਗ ਸਦਕਾ ਬੱਚਿਆਂ ਦੇ ਦਸਤਾਰ, ਦੁਮਾਲਾ, ਗੁਰਬਾਣੀ ਕੰਠ ਅਤੇ ਕਵੀਸ਼ਰੀ ਮੁਕਾਬਲੇ ਕਰਵਾਏ ਗਏ ਜਿਸ ਵਿੱਚ ਇਲਾਕੇ ਦੇ ਗੁਰੂ ਨਾਨਕ ਡੀ ਏ ਵੀ ਪਬਲਿਕ ਸਕੂਲ, ਸ਼ਹੀਦ ਭਗਤ ਸਿੰਘ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ, ਗੁਰੂ ਕੁਲ ਸਕੂਲ ਮਾੜੀ ਗੌੜ ਸਿੰਘ, ਆਈ. ਟੀ. ਆਈ. ਸਕੂਲ ਲੜਕੀਆਂ ਭਗਵਾਨਪੁਰਾ, ਰੈਡੀਅਨਸ਼ ਸਕੂਲ, ਬਾਬਾ ਦੀਪ ਸਿੰਘ ਪਬਲਿਕ ਸਕੂਲ ਪਹੂਵਿੰਡ ਅਤੇ ਇਲਾਕੇ ਦੇ ਲਗਭਗ 200 ਬੱਚਿਆਂ ਤੇ ਸੰਗਤਾਂ ਨੇ ਸ਼ਮੂਲੀਅਤ ਕੀਤੀ।ਦਸਤਾਰ, ਦੁਮਾਲਾ ਮੁਕਾਬਲੇ ਵਿੱਚ ਚਾਰ ਗਰੁੱਪ, ਗੁਰਬਾਣੀ ਕੰਠ ਮੁਕਾਬਲੇ ਵਿੱਚ ਦੋ ਗਰੁੱਪ ਅਤੇ ਕਵੀਸ਼ਰੀ ਮੁਕਾਬਲੇ ਵਿੱਚ ਦੋ ਗਰੁੱਪ ਬਣਾ ਕੇ ਬੱਚਿਆਂ ਦੇ ਮੁਕਾਬਲੇ ਕਰਵਾਏ ਗਏ। ਦਸਤਾਰ ਦੁਮਾਲਾ ਮੁਕਾਬਲੇ ਵਿੱਚ ਸਮੂਹ ਸਕੂਲਾਂ ਦੇ ਬੱਚਿਆਂ ਨੇ ਪਹਿਲਾ, ਦੂਸਰਾ, ਤੀਸਰਾ ਸਥਾਨ, ਗੁਰਬਾਣੀ ਕੰਠ ਮੁਕਾਬਲੇ ਦੇ ਜੂਨੀਅਰ ਗਰੁੱਪ ਵਿੱਚ ਗੁਰਲੀਨ ਕੌਰ ਪਹਿਲਾ, ਸ਼ਬਨਾਜ ਕੌਰ ਦੂਸਰਾ ਰੈਡੀਅਨਸ਼ ਸਕੂਲ ਪਹੂਵਿੰਡ, ਰਨਦੀਪ ਸਿੰਘ ਸ਼ਹੀਦ ਭਗਤ ਸਿੰਘ ਸਕੂਲ ਨੇ ਤੀਸਰਾ ਅਤੇ ਸੀਨੀਅਰ ਗਰੁੱਪ ਵਿੱਚ ਵਿਸ਼ਾਲ ਪ੍ਰੀਤ ਸਿੰਘ ਨੇ ਪਹਿਲਾ, ਗੁਰਨੂਰ ਕੌਰ ਜਪਜੀਤ ਕੌਰ ਆਈ ਟੀ ਆਈ ਸਕੂਲ ਨੇ ਲਗਾਤਾਰ ਦੂਸਰਾ ਅਤੇ ਤੀਸਰਾ ਸਥਾਨ ਹਾਸਲ ਕੀਤਾ।ਇਸੇ ਤਰ੍ਹਾਂ ਕਵੀਸ਼ਰੀ ਮੁਕਾਬਲੇ ਦੇ ਜੂਨੀਅਰ ਅਤੇ ਸੀਨੀਅਰ ਗਰੁੱਪ ਵਿੱਚ ਪਹਿਲਾ ਸਥਾਨ ਆਈ. ਟੀ. ਆਈ. ਸਕੂਲ ਭਗਵਾਨਪੁਰਾ ਅਤੇ ਦੂਸਰਾ ਸਥਾਨ ਸ਼ਹੀਦ ਭਗਤ ਸਿੰਘ ਸਕੂਲ ਨੇ ਪ੍ਰਾਪਤ ਕਰਕੇ ਅਧਿਆਪਕ ਮਾਪੇ ਅਤੇ ਇਲਾਕੇ ਦਾ ਨਾਮ ਰੌਸ਼ਨ ਕੀਤਾ।ਇਨ੍ਹਾਂ ਸਾਰੇ ਜੇਤੂ ਬੱਚਿਆਂ ਨੂੰ ਸ਼ੀਲਡਾਂ ਅਤੇ ਧਾਰਮਿਕ ਸਾਹਿਤ ਦੇ ਕੇ ਸਨਮਾਨਿਤ ਕੀਤਾ ਗਿਆ। ਸੁਸਾਇਟੀ ਵੱਲੋ ਉਚੇਚੇ ਤੌਰ ਤੇ ਮੀਤ ਪ੍ਰਧਾਨ ਭਾਈ ਹੀਰਾ ਸਿੰਘ ਸੋਹਲ, ਮੁੱਖ ਬੁਲਾਰੇ ਭਾਈ ਸੁਖਵਿੰਦਰ ਸਿੰਘ ਖਾਲੜਾ, ਖਜਾਨਚੀ ਭਾਈ ਗੁਰਜੰਟ ਸਿੰਘ ਭਿੱਖੀਵਿੰਡ, ਪ੍ਰੋਗਰਾਮ ਕੋਆਡੀਨੇਟਰ ਹਰਜੀਤ ਸਿੰਘ ਲਹਿਰੀ, ਭਾਈ ਮਨਦੀਪ ਸਿੰਘ ਘੋਲੀਆਂ ਕਲਾਂ ਅਤੇ ਸਿੱਖ ਪ੍ਰਚਾਰਕ ਭਾਈ ਜਗਜੀਤ ਸਿੰਘ ਅਹਿਮਦਪੁਰ ਵੱਲੋਂ ਸ਼ਿਰਕਤ ਕੀਤੀ ਗਈ।ਇਸ ਮੌਕੇ ਆਈ. ਟੀ. ਆਈ. ਕਾਲਜ ਭਗਵਾਨਪੁਰਾ ਦੇ ਡਾਇਰੈਕਟਰ ਭਾਈ ਇੰਦਰਜੀਤ ਸਿੰਘ ਬਾਗਾਂ ਵਾਲੇ, ਬਾਬਾ ਹਰਮੋਹਿੰਦਰ ਸਿੰਘ ਬੀਬੀ ਕੌਲਾਂ ਭਲਾਈ ਕੇਂਦਰ, ਗੁਰਦੁਆਰਾ ਸਾਹਿਬ ਦੇ ਮੈਨੇਜਰ ਭਾਈ ਜਗੀਰ ਸਿੰਘ, ਰਿਸੀਵਰ ਭਾਈ ਜਸਪਾਲ ਸਿੰਘ ਅਤੇ ਗੁਰਦੁਆਰਾ ਸਾਹਿਬ ਦੀ ਹੈੱਡ ਗ੍ਰੰਥੀ ਭਾਈ ਮਨਦੀਪ ਸਿੰਘ ਨੇ ਸੁਸਾਇਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕਰਦਿਆਂ ਸਮੁੱਚੀ ਟੀਮ ਨੂੰ ਗੁਰੂ ਦੀ ਬਖਸ਼ਿਸ਼ ਸਿਰਪਾਓ ਨਾਲ ਸਨਮਾਨਿਤ ਕੀਤਾ ਅਤੇ ਨਾਲ ਹੀ ਗੁਰਦੁਆਰਾ ਸਾਹਿਬ ਵੱਲੋਂ ਇਨਾਮਾਂ ਲਈ ਸੱਤ ਹਜ਼ਾਰ ਰੁਪਏ ਦੀ ਰਾਸ਼ੀ ਵੀ ਪ੍ਰਦਾਨ ਕੀਤੀ ਗਈ।

ਗੁਰਬਾਣੀ ਕੰਠ ਮੁਕਾਬਲੇ ਵਿੱਚ ਜਜਮੈਂਟ ਦੀਆਂ ਸੇਵਾਵਾਂ ਭਾਈ ਭਗਵਾਨ ਸਿੰਘ ਇੰਚਾਰਜ ਸਿੱਖ ਮਿਸ਼ਨਰੀ ਕਾਲਜ ਸਰਕਲ ਭਿੱਖੀਵਿੰਡ, ਭਾਈ ਮਨਦੀਪ ਸਿੰਘ ਹੈੱਡ ਗ੍ਰੰਥੀ ਗੁਰਦੁਆਰਾ ਭਾਈ ਤਾਰੂ ਸਿੰਘ ਜੀ ਕਵੀਸ਼ਰੀ ਮੁਕਾਬਲੇ ਵਿੱਚ ਭਾਈ ਸੁਖਵਿੰਦਰ ਸਿੰਘ ਜੀ ਖਾਲੜਾ ਵੱਲੋਂ ਨਿਭਾਈ ਗਈ।ਇਸ ਮੌਕੇ ਵੱਖ-ਵੱਖ ਸਕੂਲਾਂ ਤੋਂ ਬੱਚੇ ਲੈ ਕੇ ਪਹੁੰਚੇ ਅਧਿਆਪਕ ਸਾਹਿਬਾਨ ਅਤੇ ਸਹਿਯੋਗੀ ਸੱਜਣਾਂ ਦਾ ਸਨਮਾਨ ਕੀਤਾ ਗਿਆ।ਸੁਸਾਇਟੀ ਦੇ ਕਨਵੀਨਰ ਭਾਈ ਸੰਦੀਪ ਸਿੰਘ ਖਾਲੜਾ, ਸਕੱਤਰ ਭਾਈ ਨਿਰਮਲ ਸਿੰਘ ਸੁਰ ਸਿੰਘ, ਮੀਤ ਸਕੱਤਰ ਭਾਈ ਹਰਚਰਨ ਸਿੰਘ ਉਬੋਕੇ, ਦਸਤਾਰ ਕੋਆਰਡੀਨੇਟਰ ਹਰਪ੍ਰੀਤ ਸਿੰਘ ਵੱਲੋਂ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਸਹਿਯੋਗ ਕਰਨ ਵਾਲੀਆਂ ਤਮਾਮ ਸ਼ਖਸੀਅਤਾਂ, ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕਾ ਨਿਵਾਸੀ ਸੰਗਤਾਂ ਦਾ ਧੰਨਵਾਦ ਕੀਤਾ ਗਿਆ।

## ਕਾਂਗਰਸ 2027 ਦੀਆਂ ਚੋਣਾਂ 'ਚ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰੇਗੀ : ਪੱਖੋਕੇ, ਸਰਜਾ



ਝਬਾਲ (ਹਰਜਿੰਦਰ ਸਿੰਘ ਸੋਨੀ)-ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਾਂਗਰਸ ਪਾਰਟੀ ਪੰਜਾਬ ਦੇ ਮੀਤ ਪ੍ਰਧਾਨ ਰਾਜਬੀਰ ਸਿੰਘ ਪੱਖੋਕੇ ਤੇ ਆੜਤੀਆਂ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਤੇ ਸੀਨੀਅਰ ਕਾਂਗਰਸੀ ਆਗੂ ਮਨਜਿੰਦਰ ਸਿੰਘ ਸਰਜਾ ਨੇ ਕਿਹਾ ਕਿ 2027 ਦੀਆਂ ਚੋਣਾਂ ਚ ਕਾਂਗਰਸ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰੇਗੀ। ਉਨ੍ਹਾਂ ਕਿਹਾ ਕਿ ਕਾਂਗਰਸ ਸਰਕਾਰ ਵੇਲੇ ਪੰਜਾਬ ਵਿੱਚ ਬਹੁਤ ਵਿਕਾਸ ਹੋਇਆ ਹੈ, ਜਿਸ ਨੂੰ ਲੋਕ ਅਜੇ ਤੱਕ ਯਾਦ ਕਰਦੇ ਹਨ। ਆਮ ਆਦਮੀ ਪਾਰਟੀ ਦੀ ਸਰਕਾਰ ਵਿੱਚ ਹਰ ਰੋਜ਼ ਲੁੱਟਾਂ ਖੋਹਾਂ ਹੋ ਰਹੀਆਂ ਹਨ,ਸਾਰਾ ਪੰਜਾਬ ਸੇਮਿਆ ਪਿਆ ਹੈ, ਲੋਕ ਘਰਾਂ ਚੋਂ ਬਾਹਰ ਨਿਕਲ ਤੋਂ ਡਰ ਰਹੇ ਹਨ, ਲੋਕਾਂ ਦੀ ਜਾਨ ਮਾਲ ਦੀ ਰਾਖੀ ਕਰਨ ਵਿੱਚ ਆਪ ਸਰਕਾਰ ਫੇਲ ਹੋ ਚੁੱਕੀ ਹੈ, ਗਗੈਸਟਰਾਂ ਦਾ ਬੋਲ ਬਾਲਾ ਹੈ ਸਰਕਾਰ ਨੂੰ ਚਾਹੀਦਾ ਹੈ ਕਿ ਤੁਰੰਤ ਲੋਕਾਂ ਦੀ ਜਾਨ ਮਾਲ ਸੁਰੱਖਿਆ ਲਈ ਕੋਈ ਵੱਡੇ ਕਦਮ ਚੁੱਕੇ ਜਾਣ। ਦੋਵਾਂ ਆਗੂਆਂ ਨੇ ਕਿਹਾ ਕਿ ਹਰ ਨੁੱਕਰ ਮੋੜ 'ਤੇ ਲੋਕ ਕਾਂਗਰਸ ਪਾਰਟੀ ਦੀ ਹੀ ਗੱਲ ਕਰਦੇ ਹਨ। ਜਨਤਾ ਚਾਹੁੰਦੀ ਹੈ ਕਿ 2027 ਚ ਕਾਂਗਰਸ ਪਾਰਟੀ ਦੀ ਸਰਕਾਰ ਬਣੇ ਲੋਕਾਂ ਨੂੰ ਕਾਂਗਰਸ ਪਾਰਟੀ ਤੋਂ ਬਹੁਤ ਉਮੀਦਾਂ ਹਨ ਤੇ ਸਰਕਾਰ ਆਉਣ ਤੇ ਲੋਕਾਂ ਦੀ ਜਾਨ ਮਾਲ ਦੀ ਰੱਖਿਆ ਲਈ ਅਹਿਮ ਉਪਰਾਲੇ ਕਰੇਗੀ।ਇਸ ਮੌਕੇ ਰਾਜਪਾਲ ਸਿੰਘ ਬਸੰਬਰਪੁਰਾ,ਗੁਰਪਾਲ ਸਿੰਘ ਚੋਹਾਨ, ਬਿਕਰਮਜੀਤ ਸਿੰਘ ਬੁਰਸ,ਪਰਮਿੰਦਰ ਸਿੰਘ ਰਿਪਨ,ਵਿਕਾਸ ਕੁਮਾਰ, ਦੀਪੂ, ਮੋਟੀ ਆੜਤੀਆਂ, ਨਵਦੀਪ ਸਿੰਘ ਨੀਟਾ, ਸੰਜੀਵ ਕੁਮਾਰ ਗੋਰਾ ਜੰਡਿਆਲਾ ਗੁਰੂ,ਜਿੰਦੀ ਸ਼ਾਹ, ਰਮਨ ਬਸੀ, ਰੋਮੀ ਜੀ, ਸੁਰਤਾ ਸਿੰਘ ਠੱਠੀਆਂ, ਪ੍ਰਿਤਪਾਲ ਸਿੰਘ ਠੱਠੀਆਂ, ਕੁਲਵਿੰਦਰ ਸਿੰਘ ਠੱਠੀਆਂ ਜਸਬੀਰ ਸਿੰਘ ਸਫੀਪੁਰ ਮਨਜਿੰਦਰ ਸਿੰਘ ਮੱਲੀਆਂ ਸ਼ਮਿੰਦਰ ਸਿੰਘ ਮੱਲੀਆਂ ਅਮਰਜੀਤ ਸਿੰਘ ਗਹਿਰੀ ਮੰਡੀ ਹਾਜ਼ਰ ਸਨ।

ਜਨਮ ਦਿਨ ਮੁਬਾਰਕ



ਫਤਿਹ ਸਿੰਘ
ਫਿਰੋਜ਼ਪੁਰ

# ਜਾਅਲੀ ਆਈ ਪੀ ਐੱਸ ਕਾਬੂ

**ਸ਼ਾਹਕੋਟ (ਅਮਨਦੀਪ ਸੈਦਪੁਰੀ)**

ਸੋਮਵਾਰ ਡੀ.ਐਸ.ਪੀ. ਸ਼ਾਹਕੋਟ ਸਰਵਣ ਸਿੰਘ ਬੱਲ ਅਤੇ ਐਸ.ਐਚ.ਓ. ਅਮਨ ਸੈਣੀ ਨੇ ਇੱਕ ਵਿਸ਼ੇਸ਼ ਪ੍ਰੈਸ ਕਾਨਫਰੰਸ ਕੀਤੀ। ਪ੍ਰੈਸ ਕਾਨਫਰੰਸ ਮੌਕੇ ਉਨ੍ਹਾਂ ਅਹਿਮ ਜਾਣਕਾਰੀ ਦਿੰਦਿਆਂ ਦੱਸਿਆ ਕਿ ਅਨਮੋਲ ਰਤਨ ਨਾਂਅ ਦਾ ਇੱਕ ਵਿਅਕਤੀ ਹੈ ਜੋ ਕਿ ਜ਼ਿਲ੍ਹਾ ਫਤਿਹਗੜ੍ਹ ਸਾਹਿਬ, ਸਰਹਿੰਦ ਦੇ ਨਜ਼ਦੀਕ ਪਿੰਡ ਸ਼ਲੋਮਾਨ ਦਾ ਰਹਿਣ ਵਾਲਾ ਹੈ, ਵਿਰੁੱਧ ਪਿਛਲੇ ਸਾਲ 164 ਨੰਬਰ ਐਫ.ਆਰ.ਆਈ ਦਰਜ ਕੀਤੀ ਗਈ ਸੀ। ਡੀ. ਐਸ.ਪੀ. ਬੱਲ ਨੇ ਦੱਸਿਆ ਕਿ ਇਸਪੈਕਟਰ ਅਮਨ ਸੈਣੀ ਅਤੇ ਸੀ.ਆਈ.ਏ ਸਟਾਫ ਦੇ ਸਾਂਝੇ ਉਪਰੇਸ਼ਨ ਨਾਲ ਅਨਮੋਲ ਰਤਨ ਨੂੰ ਉਸ ਦੀ ਪਤਨੀ ਸਮੇਤ ਜਲਾਲਾਬਾਦ ਤੋਂ ਗ੍ਰਿਫ਼ਤਾਰ ਕੀਤਾ ਗਿਆ । ਉਨ੍ਹਾਂ ਦੱਸਿਆ ਕਿ ਅਨਮੋਲ ਰਤਨ ਵੱਲੋਂ ਸ਼ਾਹਕੋਟ ਦੇ ਨਾਲ ਲੱਗਦੇ ਪਿੰਡ ਸ਼ਾਹਪੁਰ ਢੋਟ ਦੀ ਇੱਕ ਲੜਕੀ ਨੂੰ ਡੀ.ਐਸ.ਪੀ ਅਤੇ ਲੜਕੀ ਦੇ ਭਰਾ ਨੂੰ ਹੈਡਕਾਂਸਟੇਬਲ ਬਣਾਉਣ ਲਈ 31.50 ਲੱਖ ਠੱਗੀ ਮਾਰੀ ਗਈ ਸੀ।ਉਨ੍ਹਾਂ ਦੱਸਿਆ ਕਿ ਕੁਝ ਪੈਸੇ ਬੈਂਕ ਰਾਹੀਂ ਟਰਾਂਸਫਰ ਹੋਏ ਸਨ। ਇਸ ਵਿਚੋਂ ਤਿੰਨ ਲੱਖ ਰੁਪਏ ਉਸ ਨੇ ਆਪਣੇ ਪਿਤਾ ਬਲਜੀਤ ਸਿੰਘ ਉਰਫ਼ ਬਲਵਿੰਦਰ ਸਿੰਘ ਦੇ ਖਾਤੇ ਵਿੱਚ ਜਮ੍ਹਾ ਕਰਵਾਏ ਸਨ। ਬਲਜੀਤ ਸਿੰਘ ਨੂੰ ਵੀ ਗ੍ਰਿਫ਼ਤਾਰ ਕੀਤਾ ਗਿਆ ਹੈ। ਅਨਮੋਲ ਰਤਨ ਕੋਲੋਂ ਜਾਅਲੀ ਆਈ.ਪੀ.ਐਸ. ਦਾ ਰਿਕਾਰਡ ਅਤੇ ਲੈਪਟਾਪ ਬਰਾਮਦ ਕੀਤਾ ਗਿਆ। ਇਸ ਤੋਂ ਇਲਾਵਾ ਸ਼ਾਹਕੋਟ ਵਿਖੇ ਇਕ ਰੈਡੀਮੇਡ ਕੱਪੜੇ ਦੀ ਦੁਕਾਨ ਜੋ ਠਾਠ ਬਾਠ ਦੇ ਨਾਂਅ ਨਾਲ ਅਨਮੋਲ ਰਤਨ ਆਪਣੇ ਰਿਸ਼ਤੇਦਾਰ ਦੇ ਨਾਲ ਚਲਾ ਰਿਹਾ ਹੈ, ਉਸ ਵਿੱਚ 17 ਲੱਖ ਰੁਪਏ ਇਨਵੈਸਟ ਕੀਤੇ ਗਏ ਸਨ, ਇੱਕ ਮਰੂਤੀ ਦੀ ਸਿਆਜ਼ ਕਾਰ ਖਰੀਦੀ ਅਤੇ ਨਕੋਦਰ ਰੋਡ ਵਿੱਚ ਆਪਣੀ ਮਾਤਾ ਦੇ ਨਾਂਅ ਨਾਲ 10 ਲੱਖ ਦੀ ਕੋਠੀ ਖਰੀਦੀ ਹੈ। ਡੀ.ਐਸ.ਪੀ. ਬੱਲ ਨੇ ਦੱਸਿਆ ਕਿ ਅਨਮੋਲ ਰਤਨ ਅਤੇ ਉਸ ਦੀ ਪਤਨੀ ਦਾ ਕੋਰਟ ਕੋਲੋਂ ਪੁਲਸ ਰਿਮਾਂਡ ਲੈ ਕੇ ਹੋਰ ਪੁੱਛਗਿੱਛ ਕੀਤੀ ਜਾਵੇਗੀ ਅਤੇ ਜਿੱਥੇ ਜਿੱਥੇ ਲੋਕਾਂ ਨਾਲ ਠੱਗੀਆਂ ਮਾਰ ਕੇ ਪੈਸੇ ਵਰਤੇ ਹਨ, ਉਨ੍ਹਾਂ ਦੀ ਵੀ ਪੁੱਛਗਿੱਛ ਕਰਕੇ ਅਗਲੀ ਕਾਰਵਾਈ ਕੀਤੀ ਜਾਵੇਗੀ।



# ਨਿਤਿਨ ਕੋਹਲੀ ਸਾਥੀਆਂ ਸਮੇਤ ਖਾਟੂ ਸ਼ਿਆਮ ਤੇ ਸਾਲਾਸਰ ਧਾਮ ਹੋਏ ਨਤਮਸਤਕ

**ਜਲੰਧਰ (ਸ਼ੈਲੀ ਐਲਬਰਟ)**-ਆਮ ਆਦਮੀ ਪਾਰਟੀ ਦੇ ਜਲੰਧਰ ਸੈਂਟਰਲ ਹਲਕਾ ਇੰਚਾਰਜ ਨਿਤਿਨ ਕੋਹਲੀ ਵੱਲੋਂ ਆਪਣੇ ਕਰੀਬੀ ਦੋਸਤਾਂ ਨਾਲ ਮਿਲ ਕੇ ਖਾਟੂ ਸ਼ਿਆਮ ਦੀ ਇੱਕ ਵਿਸ਼ੇਸ਼ ਅਧਿਆਤਮਕ ਯਾਤਰਾ ਕੀਤੀ ਗਈ।ਯਾਤਰਾ ਦੌਰਾਨ ਨਿਤਿਨ ਕੋਹਲੀ ਸਾਲਾਸਰ ਸ੍ਰੀ ਬਾਲਾਜੀ ਗਊਸ਼ਾਲਾ ਵਿਖੇ ਵੀ ਗਏ। ਉੱਥੇ ਉਨ੍ਹਾਂ ਆਪਣੇ ਸਾਥੀਆਂ ਸਮੇਤ ਗਊਸ਼ਾਲਾ ਵਿਚ ਗਊਆਂ ਦੀ ਸੇਵਾ ਕੀਤੀ ਅਤੇ ਪ੍ਰਸ਼ਾਦ ਚੜ੍ਹਾਇਆ। ਇਸ ਯਾਤਰਾ ਦੌਰਾਨ ਨਿਤਿਨ ਕੋਹਲੀ ਨੇ ਕਿਹਾ ਕਿ ਉਨ੍ਹਾਂ ਨੂੰ ਅੱਜ ਇਨ੍ਹਾਂ ਪਵਿੱਤਰ ਸਥਾਨਾਂ ਦੀ ਯਾਤਰਾ ਕਰਨ ਦਾ ਸੁਭਾਗ ਪ੍ਰਾਪਤ ਹੋਇਆ ਹੈ। ਅਜਿਹੇ ਪਵਿੱਤਰ ਸਥਾਨਾਂ 'ਤੇ ਆ ਕੇ ਮਨ ਨੂੰ ਅਥਾਹ ਸ਼ਾਂਤੀ ਅਤੇ ਨਵੀਂ ਊਰਜਾ ਮਿਲਦੀ ਹੈ। ਇਸ ਯਾਤਰਾ ਵਿਚ ਉਨ੍ਹਾਂ ਦੇ ਨਾਲ ਨਜ਼ਦੀਕੀ ਦੋਸਤ ਪਵਨ ਸੇਤੀਆ, ਡਾਕਟਰ ਅਮਿਤ ਮੱਟੂ, ਅਸ਼ਵਨੀ ਅਗਰਵਾਲ, ਨਮਨ ਅਗਰਵਾਲ ਤੇ ਸੰਦੀਪ ਥਾਪਰ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।



# ਰਿਹਾਇਸ਼ੀ ਮਕਾਨਾਂ ਦੇ ਸਾਹਮਣੇ ਲਟਕ ਰਹੀਆਂ ਨੰਗੀਆਂ ਤਾਰਾਂ, ਪਿੰਡ ਵਾਸੀਆਂ 'ਚ ਭਾਰੀ ਰੋਸ

**ਡੇਰਾਬੱਸੀ (ਵਿਨੈ ਕੁਮਾਰ ਜੈਨ)**

ਸਥਾਨਕ ਹਲਕੇ ਦੇ ਅਧੀਨ ਪੈਂਦੇ ਪਿੰਡ ਤ੍ਰਿਵੇਦੀ ਕੈਂਪ ਵਿੱਚ ਪਾਵਰਕਾਮ ਦੀ ਇੱਕ ਵੱਡੀ ਲਾਪਰਵਾਹੀ ਸਾਹਮਣੇ ਆਈ ਹੈ। ਪਿੰਡ ਦੀਆਂ ਅੰਦਰੂਨੀ ਗਲੀਆਂ ਅਤੇ ਰਿਹਾਇਸ਼ੀ ਮਕਾਨਾਂ ਦੇ ਐਨ ਸਾਹਮਣੇ ਨੀਵੀਆਂ ਲਟਕ ਰਹੀਆਂ ਨੰਗੀਆਂ ਤਾਰਾਂ ਸਥਾਨਕ ਲੋਕਾਂ ਲਈ ਵੱਡੀ ਮੁਸੀਬਤ ਬਣ ਚੁੱਕੀਆਂ ਹਨ, ਜਿਸ ਕਾਰਨ ਇੱਥੇ ਕਿਸੇ ਵੀ ਵੇਲੇ ਕੋਈ ਭਿਆਨਕ ਹਾਦਸਾ ਵਾਪਰ ਸਕਦਾ ਹੈ। ਤਾਰਾਂ ਇੰਨੀਆਂ ਨੀਵੀਆਂ ਹਨ ਕਿ ਗਲੀਆਂ ਵਿੱਚੋਂ ਲੰਘਣ ਵੇਲੇ ਰਾਹਗੀਰਾਂ, ਮਹਿਲਾਵਾਂ ਅਤੇ ਖੇਡਣ ਵਾਲੇ ਮਾਸੂਮ ਬੱਚਿਆਂ ਦੇ ਸਿਰਾਂ ਉੱਤੇ ਹਰ ਵੇਲੇ ਮੌਤ ਦਾ ਖ਼ਤਰਾ ਮੰਡਰਾਉਂਦਾ ਰਹਿੰਦਾ ਹੈ।ਪਿੰਡ ਵਿੱਚ ਬਿਜਲੀ ਦੇ ਮੀਟਰਾਂ ਵਾਲੇ ਬਕਸਿਆਂ (ਮੀਟਰ ਬਾਕਸਾਂ) ਦੀ ਹਾਲਤ ਬੇਹੱਦ ਖ਼ਰਾਬ ਹੋ ਚੁੱਕੀ ਹੈ। ਇਹ ਬਕਸੇ ਲਗਭਗ ਜ਼ਮੀਨ ਨੂੰ ਛੂਹ ਰਹੇ ਹਨ, ਜਿਸ ਕਾਰਨ ਪੂਰੇ ਪਿੰਡ ਦੀ ਬਿਜਲੀ ਸਪਲਾਈ ਦਾ ਪ੍ਰਬੰਧ ਰਾਮ ਭਰੋਸੇ ਚੱਲ ਰਿਹਾ ਹੈ। ? ਪਿੰਡ ਵਾਸੀਆਂ ਨੇ ਦੱਸਿਆ ਕਿ ਉਹ ਪਿਛਲੇ ਕਈ ਮਹੀਨਿਆਂ ਤੋਂ ਇਸ ਸਮੱਸਿਆ ਦੇ ਹੱਲ ਲਈ ਬਿਜਲੀ ਬੋਰਡ ਦੇ ਦਫ਼ਤਰਾਂ ਦੇ ਗੇੜੇ ਕੱਟ-ਕੱਟ ਕੇ ਥੱਕ ਚੁੱਕੇ ਹਨ। ਵਿਭਾਗ ਦੇ ਛੋਟੇ ਮੁਲਾਜ਼ਮਾਂ ਤੋਂ ਲੈ ਕੇ ਉੱਚ ਅਧਿਕਾਰੀਆਂ ਤੱਕ ਕਈ ਵਾਰ ਲਿਖਤੀ ਅਤੇ ਜ਼ੁਬਾਨੀ ਰੂਪ ਵਿੱਚ ਗੁਹਾਰ ਲਗਾਈ ਜਾ ਚੁੱਕੀ ਹੈ, ਪਰ



ਕਿਸੇ ਵੀ ਜ਼ਿੰਮੇਵਾਰ ਅਧਿਕਾਰੀ ਨੇ ਅਜੇ ਤੱਕ ਮੌਕੇ ਦਾ ਦੌਰਾ ਕਰਕੇ ਸਥਿਤੀ ਦਾ ਜਾਇਜ਼ਾ ਲੈਣਾ ਵੀ ਮੁਨਾਸਿਬ ਨਹੀਂ ਸਮਝਿਆ। ਇਸ ਕਾਰਨ ਲੋਕਾਂ ਵਿੱਚ ਪ੍ਰਸ਼ਾਸਨ ਖ਼ਿਲਾਫ਼ ਭਾਰੀ ਗੁੱਸਾ ਹੈ। ਪਿੰਡ ਦੇ ਲੋਕਾਂ ਨੇ ਬਿਜਲੀ ਮਹਿਕਮੇ ਦੇ ਐਕਸੀਅਨ ਤੇ ਐੱਸ ਡੀ ਓ ਨੂੰ ਅਪੀਲ ਕੀਤੀ ਹੈ ਕਿ ਕਿਸੇ ਦੀ ਜਾਨ ਜਾਣ ਤੋਂ ਪਹਿਲਾਂ ਇਨ੍ਹਾਂ ਖ਼ਸਤਾਹਾਲ ਤਾਰਾਂ ਤੇ ਬਕਸਿਆਂ ਨੂੰ ਫੌਰੀ ਤੌਰ 'ਤੇ ਠੀਕ ਕੀਤਾ ਜਾਵੇ।

# ਬੇਕਾਬੂ ਮੋਟਰਸਾਈਕਲ ਡਿਵਾਈਡਰ ਪਾਰ ਕਰਕੇ ਨਹਿਰ ਵੱਲ ਡਿੱਗਿਆ



**ਬਲਾਚੌਰ (ਜਸਵਿੰਦਰ ਬੈਂਸ)**-ਰੋਪੜ-ਬਲਾਚੌਰ ਮੁੱਖ ਮਾਰਗ 'ਤੇ ਸਥਿਤ ਸਾਹਿਬ ਢਾਬਾ (ਨੇੜੇ ਸੁੱਧਾ ਮਾਜਰਾ) ਕੋਲ ਇੱਕ ਦਰਦਨਾਕ ਸੜਕ ਹਾਦਸਾ ਵਾਪਰਨ ਦਾ ਸਮਾਚਾਰ ਪ੍ਰਾਪਤ ਹੋਇਆ ਹੈ। ਜਾਣਕਾਰੀ ਮੁਤਾਬਕ ਇੱਕ ਮੋਟਰਸਾਈਕਲ, ਜਿਸ ਨੂੰ ਰਣਜੀਤ ਨਿਵਾਸੀ ਓਢਕਾ ਚਲਾ ਰਿਹਾ ਸੀ, ਰੋਪੜ ਤੋਂ ਬਲਾਚੌਰ ਵੱਲ ਜਾ ਰਿਹਾ ਸੀ। ਮੋਟਰਸਾਈਕਲ ਦਾ ਸੰਤੁਲਨ ਵਿਗੜ ਗਿਆ। ਸੰਤੁਲਨ ਵਿਗੜਨ ਕਾਰਨ ਮੋਟਰਸਾਈਕਲ ਤੇਜ਼ੀ ਨਾਲ ਡਿਵਾਈਡਰ ਨੂੰ ਪਾਰ ਕਰਦਾ ਹੋਇਆ ਦੂਜੇ ਪਾਸੇ ਨਹਿਰ ਵੱਲ ਜਾ ਡਿੱਗਿਆ। ਇਸ ਹਾਦਸੇ ਵਿੱਚ ਮੋਟਰਸਾਈਕਲ ਸਵਾਰ ਰਣਜੀਤ ਗੰਭੀਰ ਰੂਪ ਵਿੱਚ ਜ਼ਖ਼ਮੀ ਹੋ ਗਿਆ। ਹਾਦਸੇ ਦੀ ਸੂਚਨਾ ਮਿਲਦੇ ਹੀ ਐੱਸ ਐੱਸ ਐੱਫ ਦੀ ਟੀਮ ਤੁਰੰਤ ਮੌਕੇ 'ਤੇ ਪਹੁੰਚੀ।ਟੀਮ ਨੇ ਮੁਸਤੈਦੀ ਦਿਖਾਉਂਦੇ ਹੋਏ 108 ਐਂਬੂਲੈਂਸ ਦੀ ਮਦਦ ਨਾਲ ਜ਼ਖ਼ਮੀ ਨੌਜਵਾਨ ਨੂੰ ਇਲਾਜ ਲਈ ਸਿਵਲ ਹਸਪਤਾਲ ਬਲਾਚੌਰ ਵਿਖੇ ਭਰਤੀ ਕਰਵਾਇਆ।ਇਸ ਤੋਂ ਇਲਾਵਾ ਐੱਸ ਐੱਸ ਐੱਫ ਵੱਲੋਂ ਸੜਕ ਤੋਂ ਹਾਦਸਾਗ੍ਰਸਤ ਵਾਹਨ ਹਟਾ ਕੇ ਟ੍ਰੈਫਿਕ (ਰੋਡ) ਕਲੀਅਰ ਕਰਵਾਇਆ।

# ਡਾ. ਮਨਮੋਹਨ ਨੂੰ ਮਿਲੇਗਾ 'ਭੂਸ਼ਨ ਧਿਆਨਪੁਰੀ ਯਾਦਗਾਰੀ ਲਾਈਫ ਟਾਈਮ ਅਚੀਵਮੈਂਟ ਐਵਾਰਡ'

**ਚੰਡੀਗੜ੍ਹ (ਸੁਰਜੀਤ ਸੁਮਨ)**-ਸਵਪਨ ਫਾਊਂਡੇਸ਼ਨ ਪਟਿਆਲਾ ਵੱਲੋਂ ਹਰ ਸਾਲ 'ਭੂਸ਼ਨ ਧਿਆਨਪੁਰੀ ਯਾਦਗਾਰੀ ਵਾਰਤਕ ਪੁਰਸਕਾਰ' ਦਿੱਤਾ ਜਾਂਦਾ ਹੈ। ਹੁਣ ਇਸ ਨੂੰ ਬਦਲੇ ਰੂਪ ਵਿੱਚ 'ਭੂਸ਼ਨ ਧਿਆਨਪੁਰੀ ਲਾਈਫ ਟਾਈਮ ਅਚੀਵਮੈਂਟ ਐਵਾਰਡ' ਵਜੋਂ ਪ੍ਰਦਾਨ ਕੀਤਾ ਜਾਵੇਗਾ। ਇਸ ਸਨਮਾਨ ਵਿੱਚ 51 ਹਜ਼ਾਰ ਰੁਪਏ ਨਕਦ, ਦੋਸ਼ਾਲਾ ਅਤੇ ਸਨਮਾਨ ਚਿੰਨ੍ਹ ਭੇਟ ਕੀਤਾ ਜਾਵੇਗਾ। ਇਸ ਸਨਮਾਨ ਦੀ ਖ਼ਾਸੀਅਤ ਇਹ ਹੋਵੇਗੀ ਕਿ ਸਨਮਾਨਿਤ ਲੇਖਕ ਦੇ ਸਾਹਿਤਕ ਕਾਰਜ ਨੂੰ ਪੂਰੇ ਸਾਲ ਸਮਾਗਮਾਂ ਤੇ ਚਰਚਾਵਾਂ ਦੇ ਰੂਪ ਵਿੱਚ ਅੱਗੇ ਲਿਆਂਦਾ ਜਾਵੇਗਾ। ਇਹ ਪਹਿਲਾ ਸਨਮਾਨ ਉੱਘੇ ਕਵੀ, ਨਾਵਲਕਾਰ, ਚਿੰਤਕ ਅਤੇ ਆਲੋਚਕ ਡਾ. ਮਨਮੋਹਨ ਨੂੰ ਦਿੱਤਾ ਜਾਵੇਗਾ। ਵੱਖ-ਵੱਖ ਵਿਧਾਵਾਂ ਵਿੱਚ ਉਨ੍ਹਾਂ ਦੀਆਂ 43 ਕਿਤਾਬਾਂ ਪ੍ਰਕਾਸ਼ਿਤ ਹੋ ਚੁੱਕੀਆਂ ਹਨ। ਉਨ੍ਹਾਂ ਨੂੰ ਨਾਵਲ 'ਨਿਰਵਾਣ' ਲਈ ਭਾਰਤੀ ਸਾਹਿਤ ਅਕਾਦਮੀ ਦਾ ਸਨਮਾਨ ਵੀ ਪ੍ਰਾਪਤ ਹੋ ਚੁੱਕਿਆ ਹੈ। ਪੰਜਾਬੀ ਅਕਾਦਮੀ, ਦਿੱਲੀ ਅਤੇ ਭਾਸ਼ਾ ਵਿਭਾਗ ਵੱਲੋਂ ਵੀ ਉਨ੍ਹਾਂ ਨੂੰ ਸ਼੍ਰੋਮਣੀ ਸਾਹਿਤਕਾਰ ਸਨਮਾਨ ਨਾਲ ਸਨਮਾਨਤ ਕੀਤਾ ਗਿਆ ਹੈ।ਇਹ ਸਨਮਾਨ ਚੰਡੀਗੜ੍ਹ ਵਿਖੇ ਸਤੰਬਰ ਦੇ ਪਹਿਲੇ ਹਫ਼ਤੇ ਡਾ. ਮਨਮੋਹਨ ਨੂੰ ਪ੍ਰਦਾਨ ਕੀਤਾ ਜਾਵੇਗਾ।



# ਪੰਜਾਬ ਕਾਂਗਰਸ ਨੂੰ ਮਜ਼ਬੂਤ ਬਣਾਉਣ ਲਈ ਰਾਹੁਲ ਗਾਂਧੀ ਤੇ ਖੜਗੇ ਨੂੰ ਉਸਾਰੂ ਸੁਝਾਅ ਭੇਜੇ : ਆਸ਼ੂ

**ਫਿਲੌਰ (ਨਿਰਮਲ)**

ਸਾਬਕਾ ਜਨਰਲ ਸਕੱਤਰ, ਜ਼ਿਲ੍ਹਾ ਕਾਂਗਰਸ ਕਮੇਟੀ ਜਲੰਧਰ ਦਿਹਾਤੀ ਅਤੇ ਸਾਬਕਾ ਵਾਇਸ ਪ੍ਰਧਾਨ, ਨਗਰ ਕੌਂਸਲ ਫਿਲੌਰ ਅਸ਼ਵਨੀ ਕੁਮਾਰ ਆਸ਼ੂ ਨੇ ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਅਤੇ ਭਾਰਤੀ ਰਾਸ਼ਟਰੀ ਕਾਂਗਰਸ ਦੇ ਰਾਸ਼ਟਰੀ ਪ੍ਰਧਾਨ ਮੱਲਿਕਾਰਜੁਨ ਖੜਗੇ ਨੂੰ ਇੱਕ ਪੱਤਰ ਭੇਜ ਕੇ ਪੰਜਾਬ ਕਾਂਗਰਸ ਨੂੰ ਹੋਰ ਮਜ਼ਬੂਤ ਅਤੇ ਪੁਨਰ ਸੰਗਠਿਤ ਕਰਨ ਲਈ ਕਈ ਮਹੱਤਵਪੂਰਨ ਸੁਝਾਅ ਦਿੱਤੇ ਹਨ।ਆਸ਼ੂ ਨੇ ਕਿਹਾ ਕਿ ਪੰਜਾਬ ਵਿੱਚ ਕਾਂਗਰਸ ਦੀ ਮੁੜ ਸੱਤਾ ਵਿੱਚ ਵਾਪਸੀ ਦੀਆਂ ਮਜ਼ਬੂਤ ਸੰਭਾਵਨਾਵਾਂ ਹਨ, ਪਰ ਇਸ ਲਈ ਸੰਗਠਨਾਤਮਕ ਢਾਂਚੇ ਨੂੰ ਮਜ਼ਬੂਤ ਕਰਨਾ, ਸੀਨੀਅਰ ਲੀਡਰਸ਼ਿਪ ਵਿੱਚ ਏਕਤਾ ਲਿਆਉਣਾ ਅਤੇ ਜ਼ਮੀਨੀ ਪੱਧਰ ਦੇ ਵਰਕਰਾਂ ਦਾ ਮਨੋਬਲ ਬਹਾਲ ਕਰਨਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਧੜੇਬੰਦੀ ਅਤੇ ਆਪਸੀ ਮਤਭੇਦ ਸੰਗਠਨ ਨੂੰ ਕਮਜ਼ੋਰ ਕਰਦੇ ਹਨ, ਜਿਸ ਦਾ ਸਿੱਧਾ ਨੁਕਸਾਨ ਪਾਰਟੀ ਨੂੰ ਹੁੰਦਾ ਹੈ।ਉਨ੍ਹਾਂ ਕਿਹਾ ਕਿ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੀ ਨਿਰਪੱਖ ਸਮੀਖਿਆ ਕੀਤੀ ਜਾਣੀ ਚਾਹੀਦੀ ਹੈ। ਉਨ੍ਹਾਂ ਅਨੁਸਾਰ, ਸੰਗਠਨ ਵਿੱਚ ਕੁਝ ਅਜਿਹੀਆਂ ਨਿਯੁਕਤੀਆਂ ਹੋਈਆਂ ਹਨ ਜਿਨ੍ਹਾਂ ਬਾਰੇ ਜ਼ਮੀਨੀ ਪੱਧਰ ਦੇ ਵਰਕਰਾਂ ਵਿੱਚ ਸਵਾਲ ਉੱਠ ਰਹੇ ਹਨ। ਉਨ੍ਹਾਂ ਕਿਹਾ ਕਿ ਕੁਝ ਅਹੁਦੇਦਾਰ ਅਜਿਹੇ ਹਨ, ਜਿਨ੍ਹਾਂ ਦੀ ਆਪਣੇ ਪਿੰਡ ਜਾਂ ਇਲਾਕੇ ਵਿੱਚ ਵੀ ਕੋਈ ਖ਼ਾਸ ਪਛਾਣ ਜਾਂ ਜਨ ਆਧਾਰ ਨਹੀਂ ਹੈ। ਉਨ੍ਹਾਂ ਦਾ ਮੰਨਣਾ ਹੈ ਕਿ ਅਜਿਹੀਆਂ ਨਿਯੁਕਤੀਆਂ ਨਾਲ ਸੰਗਠਨ ਨੂੰ ਮਜ਼ਬੂਤੀ ਨਹੀਂ ਮਿਲ ਸਕਦੀ। ਉਨ੍ਹਾਂ ਹਾਈਕਮਾਂਡ ਨੂੰ ਅਪੀਲ ਕੀਤੀ ਕਿ ਭਵਿੱਖ ਵਿੱਚ ਅਜਿਹੀਆਂ ਬੇਲੋੜੀਆਂ ਨਿਯੁਕਤੀਆਂ ਤੋਂ ਗੁਰੇਜ਼ ਕੀਤਾ ਜਾਵੇ ਅਤੇ ਜ਼ਿੰਮੇਵਾਰੀਆਂ ਸਿਰਫ਼ ਉਨ੍ਹਾਂ ਆਗੂਆਂ ਨੂੰ ਦਿੱਤੀਆਂ ਜਾਣ ਜਿਨ੍ਹਾਂ ਕੋਲ ਜਨ ਆਧਾਰ, ਯੋਗਤਾ, ਸਰਗਰਮੀ ਅਤੇ ਪਾਰਟੀ ਪ੍ਰਤੀ ਸਮਰਪਣ ਦਾ ਸਾਬਤ ਰਿਕਾਰਡ ਹੋਵੇ।ਆਸ਼ੂ ਨੇ ਆਪਣੇ ਪੱਤਰ ਵਿੱਚ ਇਹ ਵੀ ਸੁਝਾਅ ਦਿੱਤਾ ਕਿ ਪੜ੍ਹੇ-ਲਿਖੇ, ਮਿਹਨਤੀ ਅਤੇ ਸਮਰਪਿਤ ਨੌਜਵਾਨ ਵਰਕਰਾਂ ਨੂੰ ਉਨ੍ਹਾਂ ਦੀ ਯੋਗਤਾ ਅਤੇ ਕਾਰਗੁਜ਼ਾਰੀ ਦੇ ਆਧਾਰ 'ਤੇ ਸੰਗਠਨ ਅਤੇ ਚੋਣੀ ਜ਼ਿੰਮੇਵਾਰੀਆਂ ਵਿੱਚ ਮੌਕੇ ਦਿੱਤੇ ਜਾਣ। ਉਨ੍ਹਾਂ ਕਿਹਾ ਕਿ ਪਰਵਾਰਵਾਦ ਅਤੇ ਪੱਖਪਾਤ ਤੋਂ ਉੱਪਰ ਉੱਠ ਕੇ ਹਰ ਸਮਰਪਤ ਵਰਕਰ ਨੂੰ ਬਰਾਬਰ ਦਾ ਮੌਕਾ ਮਿਲਣਾ ਚਾਹੀਦਾ ਹੈ।



# ਲਾਇਨਜ਼ ਕਲੱਬ ਹੁਸ਼ਿਆਰਪੁਰ ਪਰਲ ਵੱਲੋਂ ਨਵੀਂ ਕਾਰਜਕਾਰਨੀ ਦਾ ਐਲਾਨ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**

ਲਾਇਨਜ਼ ਕਲੱਬ ਹੁਸ਼ਿਆਰਪੁਰ ਪਰਲ ਵੱਲੋਂ ਪ੍ਰਧਾਨ ਵਿਜੇ ਅਰੋੜਾ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਮੀਟਿੰਗ ਦਾ ਆਯੋਜਨ ਕੀਤਾ ਗਿਆ। ਇਸ ਦੌਰਾਨ ਸਾਲ 2026-27 ਲਈ ਕਲੱਬ ਦੀ ਨਵੀਂ ਕਾਰਜਕਾਰਨੀ ਦਾ ਐਲਾਨ ਕੀਤਾ ਗਿਆ ਅਤੇ ਆਉਣ ਵਾਲੇ ਸੇਵਾ ਪ੍ਰੋਜੈਕਟਾਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ। ਮੀਟਿੰਗ ਦਾ ਉਦੇਸ਼ ਨਵੀਂ ਟੀਮ ਦੇ ਸਹਿਯੋਗ ਨਾਲ ਸਮਾਜ ਸੇਵਾ ਦੇ ਕਾਰਜਾਂ ਨੂੰ ਹੋਰ ਪ੍ਰਭਾਵਸ਼ਾਲੀ ਅਤੇ ਵਿਆਪਕ ਪੱਧਰ 'ਤੇ ਅੱਗੇ ਵਧਾਉਣਾ ਸੀ।ਮੀਟਿੰਗ ਦੌਰਾਨ ਸਰਬਸੰਮਤੀ ਨਾਲ ਨਵੀਂ ਕਾਰਜਕਾਰਨੀ ਦਾ ਗਠਨ ਕੀਤਾ ਗਿਆ। ਹਰੀਸ਼ ਚੁੱਘ ਅਤੇ ਅਨਿਲ ਕੁਮਾਰ ਨੂੰ ਸੀਨੀਅਰ ਉਪ ਪ੍ਰਧਾਨ, ਕੁਮਾਰ ਗੌਰਵ ਨੂੰ ਉਪ ਪ੍ਰਧਾਨ, ਰਾਜੇਸ਼ ਨੰਦਾ ਨੂੰ ਸੰਯੁਕਤ ਸਕੱਤਰ, ਵਿਜੇ ਗੁਪਤਾ ਨੂੰ ਵਿੱਤ ਸਕੱਤਰ, ਡਾ. ਰਾਜਿੰਦਰ ਗੁਪਤਾ ਨੂੰ ਟੇਲ ਟਵਿਸਟਰ ਤੇ ਉਮੇਸ਼ ਰਾਣਾ ਨੂੰ ਮੈਂਬਰਸ਼ਿਪ ਗ੍ਰੋਥ ਚੇਅਰਮੈਨ ਦੀ ਜ਼ਿੰਮੇਵਾਰੀ ਸੌਂਪੀ ਗਈ। ਹਾਜ਼ਰ ਮੈਂਬਰਾਂ ਨੇ ਨਵ-ਨਿਯੁਕਤ ਅਹੁਦੇਦਾਰਾਂ ਦਾ ਸਵਾਗਤ ਕਰਦਿਆਂ ਉਨ੍ਹਾਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ। ਇਸ ਮੌਕੇ ਕਲੱਬ ਦੇ ਪੀ ਆਰ ਓ ਅਤੇ ਪ੍ਰਮੁੱਖ ਸਮਾਜਸੇਵੀ ਲਾਇਨ ਸੰਜੀਵ ਅਰੋੜਾ ਨੇ ਦੱਸਿਆ ਕਿ ਕਲੱਬ ਵੱਲੋਂ ਸਾਲ ਭਰ ਖ਼ੂਨਦਾਨ ਕੈਂਪ, ਅੱਖਾਂ ਅਤੇ ਸਿਹਤ ਜਾਂਚ ਕੈਂਪ, ਨੇਤਰਦਾਨ ਅਤੇ ਅੰਗਦਾਨ ਜਾਗਰੂਕਤਾ ਮੁਹਿੰਮਾਂ, ਵਾਤਾਵਰਣ ਸੰਭਾਲ ਅਤੇ ਜਲ ਸੰਰੱਖਣ ਸਬੰਧੀ ਜਾਗਰੂਕਤਾ ਪ੍ਰੋਗਰਾਮ, ਲੋੜਵੰਦ ਵਿਦਿਆਰਥੀਆਂ ਨੂੰ ਵਿਦਿਅਕ ਸਹਾਇਤਾ, ਦਿਵਿਆਂਗ ਅਤੇ ਸੀਨੀਅਰ ਨਾਗਰਿਕਾਂ ਦੀ ਸੇਵਾ, ਸਫ਼ਾਈ ਅਭਿਆਨ, ਆਫ਼ਤ ਰਾਹਤ ਅਤੇ ਹੋਰ ਸਮਾਜਿਕ ਤੇ ਮਾਨਵਤਾ ਭਲਾਈ ਦੇ ਪ੍ਰੋਜੈਕਟ ਕਰਵਾਏ ਜਾਣਗੇ।ਮੀਟਿੰਗ ਦੇ ਅੰਤ ਵਿੱਚ ਸਾਰੇ




ਮੈਂਬਰਾਂ ਨੇ ਆਉਣ ਵਾਲੇ ਸੇਵਾ ਪ੍ਰੋਜੈਕਟਾਂ ਨੂੰ ਸਫਲ ਬਣਾਉਣ ਦਾ ਸੰਕਲਪ ਲਿਆ ਅਤੇ ਸਮਾਜ ਸੇਵਾ ਦੇ ਕਾਰਜਾਂ ਨੂੰ ਨਿਰੰਤਰ ਜਾਰੀ ਰੱਖਣ ਦਾ ਵਿਸ਼ਵਾਸ ਪ੍ਰਗਟ ਕੀਤਾ। ਇਸ ਮੌਕੇ ਰਾਜੇਸ਼ ਨੰਦਾ, ਸਿੱਖਿਆ ਸ਼ਾਸਤਰੀ ਅਸ਼ਵਨੀ ਕੁਮਾਰ ਦੱਤਾ, ਵਿਜੇ ਗੁਪਤਾ, ਐਚ. ਕੇ. ਨਾਕੜਾ, ਕੁਮਾਰ ਗੌਰਵ, ਪੰਕਜ ਕੁਮਾਰ, ਸੁਖਵੰਤ ਸਿੰਘ, ਡਾ. ਰਾਜਿੰਦਰ ਗੁਪਤਾ, ਕੁਲਵੰਤ ਰਾਏ, ਸੁਖਵਿੰਦਰ ਸਿੰਘ, ਅਨਿਲ ਕੁਮਾਰ, ਉਮੇਸ਼ ਰਾਣਾ ਤੇ ਹੋਰ ਮੈਂਬਰ ਹਾਜ਼ਰ ਸਨ।

# ਗੰਨ ਪੁਆਇੰਟ 'ਤੇ ਖੋਹੀ ਕਾਰ ਪਿੰਡ ਨੌਰਾ ਤੋਂ ਬਰਾਮਦ

**ਬੰਗਾ (ਅਵਤਾਰ ਕਲੇਰ)**

ਹਾਈਵੇ ਤੇ ਸਥਿਤ ਪਿੰਡ ਮੱਲਾ ਸੋਢੀਆਂ ਦੇ ਕੋਲ ਪੈਂਦੇ ਪੈਟਰੋਲ ਪੰਪ ਦੇ ਸਾਹਮਣੇ ਤੋਂ ਦੋ ਮੋਟਰਸਾਈਕਲ ਸਵਾਰ ਲੁਟੇਰਿਆਂ ਵੱਲੋਂ ਗੰਨ ਪੁਆਇੰਟ ਤੇ ਇੱਕ ਕਾਰ ਖੋਹ ਕੇ ਫਰਾਰ ਹੋ ਗਏ।



ਕਾਰ ਦੇ ਮਾਲਕ ਰਾਜ ਕੁਮਾਰ ਪੁੱਤਰ ਮੂਲ ਚੰਦ ਨਿਵਾਸੀ ਨੰਗਲ ਸਲੀਮਪੁਰ ਜਲੰਧਰ ਨੇ ਦੱਸਿਆ ਕਿ ਉਹ ਨਵਾਂਸ਼ਹਿਰ ਤੋਂ ਆਪਣੀ ਕਾਰ ਨੰਬਰ ਪੀਬੀ 08 ਬੀਡੀ 6644 ਤੇ ਸਵਾਰ ਹੋ ਕੇ ਆਪਣੇ ਘਰ ਜਲੰਧਰ ਨੂੰ ਜਾ ਰਿਹਾ ਸੀ। ਜਿਵੇਂ ਹੀ ਉਹ ਘਟਨਾ ਸਥਲ ਤੇ ਪੁੱਜਾ ਤਾਂ ਉਸ ਨੂੰ ਅਚਾਨਕ ਨੀਂਦ ਆਉਣ ਲੱਗ ਗਈ ਤਾਂ ਉਸ ਨੇ ਆਪਣੀ ਗੱਡੀ ਨੂੰ ਰੋਡ ਦੇ ਇੱਕ ਸਾਈਡ ਤੇ ਖੜ੍ਹਾ ਕਰ ਲਿਆ ਅਤੇ ਕੁਝ ਹੀ ਮਿੰਟਾਂ ਬਾਅਦ ਦੋ ਨੌਜਵਾਨ ਬਿਨਾਂ ਨੰਬਰੀ ਮੋਟਰਸਾਈਕਲ ਤੇ ਸਵਾਰ ਹੋ ਕੇ ਆਏ ਅਤੇ ਉਸ ਤੇ ਪਿਸਤੌਲ ਤਾਣ ਲਿਆ ਅਤੇ ਕਿਹਾ ਕਿ ਉਨ੍ਹਾਂ ਨੂੰ ਗੱਡੀ ਚਾਹੀਦੀ ਹੈ। ਉਨ੍ਹਾਂ ਦੱਸਿਆ ਕਿ ਉਹ ਇੰਨਾ ਡਰ ਗਿਆ ਕਿ ਉਸ ਨੇ ਬਿਨਾਂ ਕਿਸੇ ਗੱਲਬਾਤ ਤੋਂ ਉਨ੍ਹਾਂ ਨੂੰ ਗੱਡੀ ਦੇ ਦਿੱਤੀ। ਉਹ ਦੋਵੇਂ ਲੁਟੇਰੇ ਉਸ ਦੀ ਗੱਡੀ ਲੈ ਕੇ ਮੌਕੇ ਤੋਂ ਫਰਾਰ ਹੋ ਗਏ ਅਤੇ ਜਾਂਦੇ ਜਾਂਦੇ ਆਪਣਾ ਮੋਟਰਸਾਈਕਲ ਜੋ ਬਿਨਾਂ ਨੰਬਰੀ ਹੈ, ਉੱਥੇ ਹੀ ਛੱਡ ਗਏ ਅਤੇ ਉਹ ਉਨ੍ਹਾਂ ਦਾ ਮੋਟਰਸਾਇਕਲ ਲੈ ਕੇ ਆਪਣੇ ਘਰ ਨੂੰ ਆ ਗਿਆ। ਉਸ ਨੇ ਪੁਲਿਸ ਥਾਣਾ ਬਹਿਰਾਮ ਨੂੰ ਜਾਣਕਾਰੀ ਦਿੱਤੀ। ਰਾਜ ਕੁਮਾਰ ਨੇ ਦੱਸਿਆ ਪਿੰਡ ਨੌਰਾ ਤੋਂ ਕਿਸੇ ਨੇ ਉਨ੍ਹਾਂ ਦੀ ਗੱਡੀ ਵਿਚ ਪਏ ਉਨ੍ਹਾਂ ਦੇ ਫੋਨ ਤੋਂ ਫੋਨ ਕਰਕੇ ਦੱਸਿਆ ਕਿ ਉਨ੍ਹਾਂ ਦੀ ਗੱਡੀ ਪਿੰਡ ਨੌਰਾ ਦੇ ਇੱਕ ਧਾਰਮਿਕ ਡੇਰੇ ਦੇ ਮੌਕੇ ਬਾਹਰ ਸੜਕ ਕਿਨਾਰੇ ਖੜੀ ਹੋਈ ਹੈ ਜਿਸ ਤੋਂ ਬਾਅਦ ਉਹ ਬਹਿਰਾਮ ਪੁਲਸ ਨੂੰ ਨਾਲ ਲੈ ਕੇ ਮੌਕੇ ਤੇ ਪੁੱਜ ਗਏ। ਪੁਲਸ ਨੇ ਗੱਡੀ ਅਤੇ ਲੁੱਟ ਦੌਰਾਨ ਲੁਟੇਰਿਆਂ ਵੱਲੋਂ ਤੇ ਛੱਡਿਆ ਮੋਟਰਸਾਈਕਲ ਕਬਜ਼ੇ ਵਿਚ ਲੈ ਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ। ਪੀੜਤ ਨੇ ਪ੍ਰਸ਼ਾਸਨ ਤੋਂ ਮੰਗ ਕਰਦੇ ਹੋਏ ਲੁਟੇਰਿਆਂ ਨੂੰ ਜਲਦ ਤੋਂ ਜਲਦ ਕਾਬੂ ਕਰਕੇ ਸਖਤ ਤੋਂ ਸਖਤ ਕਾਰਵਾਈ ਦੀ ਮੰਗ ਕੀਤੀ।

# ਰਹੱਲੀ ਵਿਖੇ ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**-ਪਿੰਡ ਰਹੱਲੀ ਵਿਖੇ ਦਰਬਾਰ ਸਯੱਦ ਪੀਰ ਅਲੀ ਅਹਿਮਦ ਸ਼ਾਹ ਦੇ ਅਸਥਾਨ 'ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਸਯੱਦ ਪੀਰ ਅਲੀ ਅਹਿਮਦ ਸ਼ਾਹ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ ਡੇਰੇ ਦੇ ਮੁੱਖ ਸੇਵਾਦਾਰ ਬੀਬੀ ਸਰੋਜ ਰਾਣੀ ਦੀ ਅਗਵਾਈ ਹੇਠ ਕਰਵਾਇਆ ਗਿਆ। ਬੀਬੀ ਸਰੋਜ ਰਾਣੀ ਨੇ ਪੱਤਰਕਾਰਾਂ ਨੂੰ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਪੰਜਾਬ ਦੇ ਨਾਮਵਰ ਕਲਾਕਾਰ ਪੀਰਾਂ ਦੀ ਮਹਿਫ਼ਲ ਸਜਾਈ ਗਈ। ਉਨ੍ਹਾਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਵੱਖ ਵੱਖ ਦਰਬਾਰਾਂ ਤੋਂ ਫੱਕਰ ਫਕੀਰਾਂ ਹਾਜ਼ਰੀ ਭਰੀ।



ਇਸ ਮੌਕੇ ਫੱਕਰ ਫਕੀਰਾਂ, ਪ੍ਰਮੁੱਖ ਸ਼ਖ਼ਸੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਜੋੜ ਮੇਲੇ ਦੌਰਾਨ ਇਲਾਕੇ ਭਰ ਤੋਂ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ।ਇਸ ਮੌਕੇ ਛਬੀਲ, ਚਾਹ ਪਕੌੜੇ ਅਤੇ ਦਾਤਾ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਪ੍ਰੋਗਰਾਮ ਦੀ ਜਾਣਕਾਰੀ ਰਾਜਾ ਰਹੱਲੀ ਨੇ ਪ੍ਰੈਸ ਨੂੰ ਦਿੱਤੀ।

# ਮੁਫ਼ਤ ਡੇਅਰੀ ਸਿਖਲਾਈ ਕੋਰਸ 3 ਤੋਂ ਸ਼ੁਰੂ

**ਮੁਹਾਲੀ (ਗੁਰਜੀਤ ਬਿੱਲਾ)**-ਪਸ਼ੂ ਪਾਲਣ, ਮੱਛੀ ਪਾਲਣ ਅਤੇ ਡੇਅਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਸ. ਗੁਰਮੀਤ ਸਿੰਘ ਖੁੱਡੀਆਂ ਦੇ ਦਿਸ਼ਾ-ਨਿਰਦੇਸ਼ਾਂ ਅਤੇ ਡਾਇਰੈਕਟਰ, ਡੇਅਰੀ ਵਿਕਾਸ ਵਿਭਾਗ, ਪੰਜਾਬ, ਵਰਿਆਮ ਸਿੰਘ ਦੀ ਯੋਗ ਅਗਵਾਈ ਹੇਠ ਡੇਅਰੀ ਵਿਕਾਸ ਵਿਭਾਗ/ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਅਨੁਸੂਚਿਤ ਜਾਤੀ (ਐੱਸ ਸੀ) ਦੇ ਲਾਭਪਾਤਰੀਆਂ ਲਈ ਦੋ ਹਫ਼ਤਿਆਂ ਦਾ ਮੁਫ਼ਤ ਡੇਅਰੀ ਸਿਖਲਾਈ ਕੋਰਸ 3 ਅਗਸਤ ਤੋਂ ਡੇਅਰੀ ਸਿਖਲਾਈ ਕੇਂਦਰ, ਚਤਾਮਲੀ ਵਿਖੇ ਸ਼ੁਰੂ ਕੀਤਾ ਜਾ ਰਿਹਾ ਹੈ।ਇਹ ਜਾਣਕਾਰੀ ਦਿੰਦਿਆਂ ਡਿਪਟੀ ਡਾਇਰੈਕਟਰ ਡੇਅਰੀ, ਐੱਸ ਏ ਐੱਸ ਨਗਰ, ਹਰਵੰਤ ਸਿੰਘ ਨੇ ਦੱਸਿਆ ਕਿ ਇਸ ਸਿਖਲਾਈ ਲਈ ਸਿਰਫ਼ ਉਹੀ ਉਮੀਦਵਾਰ ਯੋਗ ਹੋਣਗੇ, ਜਿਨ੍ਹਾਂ ਦੀ ਉਮਰ 18 ਤੋਂ 55 ਸਾਲ ਦੇ ਵਿਚਕਾਰ ਹੋਵੇ, ਉਹ ਘੱਟੋ-ਘੱਟ ਪੰਜਵੀਂ ਪਾਸ ਹੋਣ ਅਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਹੋਣ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਇਹ ਸਿਖਲਾਈ ਪੂਰੀ ਤਰ੍ਹਾਂ ਮੁਫ਼ਤ ਕਰਵਾਈ ਜਾ ਰਹੀ ਹੈ ਅਤੇ ਇਸ ਲਈ ਕਿਸੇ ਵੀ ਤਰ੍ਹਾਂ ਦੀ ਫੀਸ ਨਹੀਂ ਲਈ ਜਾਵੇਗੀ। ਇਸ ਤੋਂ ਇਲਾਵਾ, ਸਿਖਲਾਈ ਸਫ਼ਲਤਾਪੂਰਵਕ ਪੂਰੀ ਕਰਨ ਵਾਲੇ ਹਰੇਕ ਸਿਖਿਆਰਥੀ ਨੂੰ 3500 ਰੁਪਏ ਦਾ ਵਜ਼ੀਫ਼ਾ ਵੀ ਦਿੱਤਾ ਜਾਵੇਗਾ। ਉਨ੍ਹਾਂ ਇਹ ਵੀ ਦੱਸਿਆ ਕਿ ਸਿਖਲਾਈ ਪ੍ਰਾਪਤ ਕਰਨ ਉਪਰੰਤ ਡੇਅਰੀ ਫਾਰਮ ਸਥਾਪਤ ਕਰਨ ਲਈ ਲਏ ਜਾਣ ਵਾਲੇ ਕਰਜ਼ੇ 'ਤੇ 33 ਫ਼ੀਸਦੀ ਸਬਸਿਡੀ ਦੀ ਸਹੂਲਤ ਵੀ ਪ੍ਰਦਾਨ ਕੀਤੀ ਜਾਵੇਗੀ।

# ਸਫਾਈ ਕਰਮਚਾਰੀਆਂ ਦੀ ਹੜਤਾਲ ਦਾ ਵਿਰੋਧ ਕਰਨ ਵਾਲਿਆਂ ਨਾਲ ਸਾਡਾ ਕੋਈ ਸੰਬੰਧ ਨਹੀਂ : ਪ.ਸ.ਸ.ਫ



**ਜਲੰਧਰ (ਰਾਜੇਸ਼ ਥਾਪਾ)**

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ (1406, 22 ਬੀ) ਦੇ ਸੂਬਾ ਪ੍ਰਧਾਨ ਸਤੀਸ਼ ਰਾਣਾ , ਜਨਰਲ ਸਕੱਤਰ ਤੀਰਥ ਸਿੰਘ ਬਾਸੀ ਤੇ ਵਿੱਤ ਸਕੱਤਰ ਗੁਰਦੀਪ ਸਿੰਘ ਬਾਜਵਾ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਆਖਿਆ ਕਿ ਪੰਜਾਬ ਅੰਦਰ ਸਫਾਈ ਸੇਵਕਾਂ ਦੀ 8 ਜੁਲਾਈ ਤੋਂ ਚਲ ਰਹੀ ਹੜਤਾਲ ਦਾ ਉਹਨਾਂ ਦੀ ਫੈਡਰੇਸ਼ਨ ਪੂਰਨ ਰੂਪ ਵਿੱਚ ਲਗਾਤਾਰ ਸਮਰਥਨ ਕਰ ਰਹੀ ਹੈ ਅਤੇ ਹੜਤਾਲੀ ਸਫਾਈ ਸੇਵਕਾਂ ਵਲੋਂ ਹੜਤਾਲ ਦੌਰਾਨ ਕੀਤੇ ਜਾ ਰਹੇ ਐਕਸ਼ਨਾਂ ਵਿੱਚ ਵੀ ਸ਼ਮੂਲੀਅਤ ਕਰ ਰਹੀ ਹੈ। ਆਗੂਆਂ ਆਖਿਆ ਕੁਝ ਵਿਅਕਤੀਆਂ ਵੱਲੋਂ ਸਾਡੀ ਫੈਡਰੇਸ਼ਨ ਦਾ ਨਾਂਅ ਵਰਤ ਕੇ ਹੜਤਾਲ ਦਾ ਵਿਰੋਧ ਕੀਤਾ ਜਾ ਰਿਹਾ ਹੈ, ਜਿਸ ਦਾ ਅਸੀਂ ਪੂਰਨ ਰੂਪ ਵਿੱਚ ਖੰਡਨ ਕਰਦੇ ਹਾਂ ਅਤੇ ਇਹ ਦੱਸਣਾ ਚਾਹੁੰਦੇ ਹਾਂ ਕਿ ਇਹਨਾਂ ਹੜਤਾਲ ਵਿਰੋਧੀ ਵਿਅਕਤੀਆਂ ਦਾ ਸਾਡੀ ਫੈਡਰੇਸ਼ਨ ਨਾਲ ਕੋਈ ਸਬੰਧ ਨਹੀਂ ਹੈ। ਉਕਤ ਆਗੂਆਂ ਨੇ ਪ੍ਰੈੱਸ ਬਿਆਨ ਜਾਰੀ ਰੱਖਦਿਆ ਆਖਿਆ ਕਿ ਅਸੀਂ ਜਿੱਥੇ ਪੰਜਾਬ ਦੇ ਆਮ ਲੋਕਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਇਸ ਹੜਤਾਲ ਦਾ ਸਮਰਥਨ ਕਰਨ,ਉਥੇ ਸਮੂਹ ਸਫਾਈ ਕਰਮਚਾਰੀਆਂ ਨੂੰ ਅਪੀਲ ਕਰਦੇ ਹਾਂ ਕਿ ਇਹ ਜੋ ਸਫਾਈ ਕਰਮਚਾਰੀ ਆਪਣੀਆਂ ਹੱਕੀ ਤੇ ਜਾਇਜ਼ ਮੰਗਾਂ ਲਈ 8 ਜੁਲਾਈ ਤੋਂ ਹੜਤਾਲ ਤੇ ਬੈਠੇ ਹਨ ਉਹ ਵੀ ਇਹਨਾਂ ਦੀ ਹੜਤਾਲ ਵਿੱਚ ਸ਼ਾਮਿਲ ਹੋਣ ਤਾਂ ਜੋ ਸਰਕਾਰ ਅਤੇ ਲੋਕਲ ਬਾਡੀ ਮਹਿਕਮੇ ਦੀ ਮੈਨੇਜਮੈਂਟ ਵਲੋਂ ਮਨੀਆ ਮੰਗਾਂ ਨੂੰ ਵਿਸ਼ਾਲ ਏਕਤਾ ਅਤੇ ਸਾਂਝੇ ਘੋਲਾਂ ਰਾਹੀਂ ਮਨਾਇਆ ਜਾ ਸਕੇ। ਉਕਤ ਆਗੂਆਂ ਵੱਲੋਂ ਸਰਕਾਰ ਅਤੇ ਲੋਕਲ ਬਾਡੀ ਦੀ ਮੈਨੇਜਮੈਂਟ ਨੂੰ ਵੀ ਅਪੀਲ ਕੀਤੀ ਕਿ ਉਹ ਤੁਰੰਤ ਦੋ ਧਿਰੀ ਗੱਲਬਾਤ ਰਾਹੀਂ ਮਨੀਆ ਮੰਗਾਂ ਨੂੰ ਲਾਗੂ ਕਰੇ।

# ਸਿਲਵਰ ਓਕ ਸਕੂਲ ਦੇ ਖਿਡਾਰੀਆਂ ਰਾਈਫਲ ਐਂਡ ਪਿਸਟਲ ਸ਼ੂਟਿੰਗ ਚੈਂਪੀਅਨਸ਼ਿਪ 'ਚ ਕੀਤਾ ਕੁਆਲੀਫਾਈ



**ਟਾਂਡਾ ਉੜਮੁੜ (ਜਸਵਿੰਦਰ ਸੰਧੂ, ਪੰਡਿਤ ਮਿਥਲੇਸ਼)**

ਇਲਾਕੇ ਦੀ ਪ੍ਰਮੁੱਖ ਸਿੱਖਿਆ ਅਤੇ ਖੇਡ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਦੀ ਸ਼ੂਟਿੰਗ ਟੀਮ ਦੇ ਖਿਡਾਰੀਆਂ ਨੇ ਪੰਜਾਬ ਸਟੇਟ ਰਾਈਫਲ ਐਂਡ ਪਿਸਟਲ ਸ਼ੂਟਿੰਗ ਚੈਂਪੀਅਨਸ਼ਿਪ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਪ੍ਰੀ ਨੈਸ਼ਨਲ ਲਈ ਕੁਆਲੀਫਾਈ ਕੀਤਾ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਚੰਡੀਗੜ੍ਹ ਵਿਖੇ ਹੋਈ ਰਾਜ ਪੱਧਰੀ ਰਾਈਫਲ ਸ਼ੂਟਿੰਗ ਚੈਂਪੀਅਨਸ਼ਿਪ 2026 ਵਿੱਚ ਸਕੂਲ ਦੀ ਸ਼ੂਟਿੰਗ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕੀਤਾ ਜਿਸ ਵਿੱਚ ਹਰਕੀਰਤ ਸਿੰਘ ਨੇ ਟਾਪ 5 ਵਿੱਚ ਜਗ੍ਹਾ ਬਣਾਈ। ਇਸ ਤੋਂ ਇਲਾਵਾ ਏਕਮਨੂਰ ਕੌਰ, ਅੰਗਦਜੋਤ ਸਿੰਘ ਅਤੇ ਸਿਮਰਨਪ੍ਰੀਤ ਸਿੰਘ ਨੇ ਟਾਪ 10 ਵਿੱਚ ਜਗ੍ਹਾ ਬਣਾ ਕੇ ਸਕੂਲ, ਆਪਣੇ ਮਾਪਿਆਂ ਅਤੇ ਟਾਂਡਾ ਇਲਾਕੇ ਦਾ ਨਾਂਅ ਚਮਕਾਇਆ।ਚੇਅਰਮੈਨ ਤਰਲੋਚਨ ਸਿੰਘ ਨੇ ਸਕੂਲ ਦੇ ਕੋਚ ਪੰਕਜ ਕੁਮਾਰ ਦੀ ਮਿਹਨਤ ਦੀ ਸਰਾਹਨਾ ਕੀਤੀ ਅਤੇ ਦੱਸਿਆ ਕਿ ਇਹ ਉਪਲਬਧੀ ਕੋਚ ਅਤੇ ਬੱਚਿਆਂ ਦੀ ਦਿਨ ਰਾਤ ਕੀਤੇ ਹੋਏ ਮਿਹਨਤ ਦਾ ਨਤੀਜਾ ਹੈ ਅਤੇ ਅਸੀਂ ਉਮੀਦ ਕਰਦੇ ਹਾਂ ਕਿ ਬੱਚੇ ਪ੍ਰੀ ਨੈਸ਼ਨਲ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਨੈਸ਼ਨਲ ਲੈਵਲ ਖੇਡਾਂ ਦੇ ਵਿੱਚ ਮੈਡਲ ਜਿੱਤ ਕੇ ਲਿਆਉਣਗੇ। ਚੇਅਰਮੈਨ ਤਰਲੋਚਨ ਸਿੰਘ ਅਤੇ ਪ੍ਰਿੰਸੀਪਲ ਮੁਨੀਸ਼ਾ ਸੰਗਰ ਵੱਲੋਂ ਸਮੁੱਚੀ ਸ਼ੂਟਿੰਗ ਟੀਮ ਨੂੰ ਉਚੇਚੇ ਤੌਰ 'ਤੇ ਸਨਮਾਨਤ ਕੀਤਾ ਗਿਆ। ਪ੍ਰਿੰਸੀਪਲ ਸੰਗਰ ਨੇ ਬੱਚਿਆਂ ਦੇ ਇਸ ਬਾ-ਕਮਾਲ ਪ੍ਰਦਰਸ਼ਨ ਤੇ ਸਮੂਹ ਸਟਾਫ ਨੂੰ ਅਤੇ ਖੇਡ ਵਿਭਾਗ ਨੂੰ ਇਸ ਉਪਲਬਧੀ ਤੇ ਮੁਬਾਰਕਬਾਦ ਦਿੱਤੀ।ਇਸ ਮੌਕੇ ਤੇ ਸੰਸਥਾ ਦੇ ਮੈਨੇਜਰ ਗਜਿੰਦਰ ਪਾਲ ਸਿੰਘ ਅਤੇ ਤਰਨ ਸੈਣੀ, ਬਿਕਰਮਜੀਤ ਸਿੰਘ ਭੇਲਾ, ਅਮਰਜੀਤ ਕੌਰ ਸੈਣੀ, ਜਗਬੰਧਨ ਸਿੰਘ, ਸੁਰੇਸ਼, ਸੁਸ਼ੀਲ, ਬਲਦੇਵ, ਰੁਪਿੰਦਰ, ਬਲਜੀਤ, ਅਰਚਨਾ, ਵਿਸ਼ਾਲੀ, ਗੁਰਪ੍ਰੀਤ, ਨੇਹਾ, ਸੁਮਨ, ਰਾਜਵਿੰਦਰ, ਬਲਜੀਤ, ਪਰਮਜੀਤ, ਰਾਜਵੀਰ, ਇਕਬਾਲ, ਵਿਨੇ, ਸ਼ਿਲਪਾ, ਰਮਨ, ਸੋਨੂ, ਰਜਮੀਤ, ਹਰਮਿੰਦਰ, ਹਰਜੀਤ, ਗੁਰਦੇਵ, ਹਰਕਮਲ, ਅਜੇ, ਕੁਲਬੀਰ, ਕੁਲਦੀਪ ਅਤੇ ਹੋਰ ਸਟਾਫ ਮੌਜੂਦ ਸੀ।

# ਵਿਦਿਆਰਥੀਆਂ ਵੱਲੋਂ ਰੇਲਵੇ ਸਟੇਸ਼ਨ 'ਤੇ ਜਲ ਸੇਵਾ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**

ਪਿਛਲੇ 40 ਸਾਲਾਂ ਤੋਂ ਫਗਵਾੜਾ ਰੇਲਵੇ ਸਟੇਸ਼ਨ 'ਤੇ ਯਾਤਰੀਆਂ ਨੂੰ ਮੁਫ਼ਤ ਜਲ ਸੇਵਾ ਪ੍ਰਦਾਨ ਕਰ ਰਹੀ ਸੰਸਥਾ ਜਨਤਾ ਸੇਵਾ ਸਮਿਤੀ ਦੇ ਸਹਿਯੋਗ ਨਾਲ ਖ਼ੂਨਦਾਨ ਖੇਤਰ ਦੀ ਅਗੇਤੀ ਸੰਸਥਾ ਹਿੰਦੁਸਤਾਨ ਵੈਲਫੇਅਰ ਬਲੱਡ ਡੋਨਰਜ਼ ਕਲੱਬ (ਰਜਿ.) ਫਗਵਾੜਾ ਦੇ ਬੈਨਰ ਹੇਠ ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨਾਲ ਸੰਬੰਧਤ ਕਮਿਊਨਿਟੀ ਡਿਵੈਲਪਮੈਂਟ ਪ੍ਰੋਜੈਕਟ ਦੇ ਵਿਦਿਆਰਥੀਆਂ ਨੇ ਭਾਗ ਲਿਆ। ਕਲੱਬ ਦੇ ਉਪ ਪ੍ਰਧਾਨ ਲੈਕਚਰਾਰ ਹਰਜਿੰਦਰ ਗੋਗਨਾ ਅਤੇ ਸਮਿਤੀ ਦੇ ਪ੍ਰਧਾਨ ਵਿਪਨ ਖੁਰਾਨਾ ਦੀ ਰਹਿਨੁਮਾਈ ਅਤੇ ਪ੍ਰੋਜੈਕਟ ਡਾਇਰੈਕਟਰ ਅਸ਼ਵਨੀ ਸ਼ਰਮਾ ਅਤੇ ਰਣਵੀਰ ਪਰਮਾਰ ਦੀ ਅਗਵਾਈ ਹੇਠ ਯਾਤਰੀਆਂ ਨੂੰ ਠੰਢੇ ਪਾਣੀ ਦੀਆਂ ਬੋਤਲਾਂ ਵੰਡੀਆਂ ਗਈਆਂ। ਸਮਿਤੀ ਦੇ ਸਰਪ੍ਰਸਤ ਮਲਕੀਤ ਸਿੰਘ ਰਘਬੋਤਰਾ ਨੇ ਸੰਸਥਾ ਦੇ 40 ਸਾਲਾਂ ਦੇ ਇਤਿਹਾਸ ਬਾਰੇ ਜਾਣਕਾਰੀ ਦਿੱਤੀ। ਵਿਦਿਆਰਥੀਆਂ ਪ੍ਰਨਵੀ ਕਪੂਰ, ਆਰਿਮਾ ਭਾਰਦਵਾਜ, ਨਮਨ ਕ੍ਰਿਸ਼ਨ ਗੁਪਤਾ, ਹਰਪ੍ਰੀਤ, ਆਸਥਾ, ਅਗਮਜੋਤ ਸਿੰਘ, ਤਰੁਣ ਠਾਕੁਰ, ਅਕਸ਼ਿਤਾ, ਅਮਿਤ ਕੁਮਾਰ, ਯਸ਼ਵੰਤ, ਯਕਸ਼ਿਤਾ, ਮਾਧਵ ਸ਼ਰਮਾ, ਰੇਵਾ, ਅਦਿਤੀ, ਖੁਸ਼ੀ, ਵੈਭਵ ਚੋਪੜਾ, ਹਰਸਿਮਰਨ ਸਿੰਘ, ਅਦਿਤੀ, ਸੁਖਪ੍ਰੀਤ ਕੌਰ ਅਤੇ ਰੇਵਾ ਨੇ ਦੱਸਿਆ ਕਿ ਇਸ ਸੇਵਾ ਕਾਰਜ ਵਿੱਚ ਭਾਗ ਲੈ ਕੇ ਉਨ੍ਹਾਂ ਨੂੰ ਮਾਨਸਿਕ ਸਕੂਨ ਅਤੇ ਸੰਤੁਸ਼ਟੀ ਦਾ ਅਹਿਸਾਸ ਹੋਇਆ।ਇਸ ਮੌਕੇ ਲੈਕਚਰਾਰ ਹਰਜਿੰਦਰ ਗੋਗਨਾ, ਰਾਕੇਸ਼ ਵਢੇਰਾ, ਲੈਕਚਰਾਰ ਰਣਵੀਰ ਪਰਮਾਰ ਅਤੇ ਕੁੰਵਰ ਪਰਮਾਰ ਵੀ ਹਾਜ਼ਰ ਸਨ।

# ਨਵੋਦਿਆ ਸਕੂਲਾਂ 'ਚ ਦਾਖਲੇ ਲਈ ਤਿਆਰੀ ਵਾਸਤੇ ਖੋਲ੍ਹੇ ਸੈਂਟਰਾਂ ਦੇ ਅਧਿਆਪਕ ਸਨਮਾਨਤ

**ਚੰਡੀਗੜ੍ਹ (ਸੁਰਜੀਤ ਸੁਮਨ)**

ਮੈਨੇਜਿੰਗ ਟਰੱਸਟੀ ਹਰਪਾਲ ਸਿੰਘ ਦੀ ਦੇਖਰੇਖ ਵਿੱਚ ਸੈਕਟਰ 28 ਚੰਡੀਗੜ੍ਹ ਵਿਖੇ ਚੱਲ ਰਹੇ ਭਾਈ ਜੈਤਾ ਜੀ ਫਾਊਂਡੇਸ਼ਨ ਇੰਡੀਆ ਵੱਲੋਂ ਸਰਕਾਰੀ ਸਮਾਰਟ ਪ੍ਰਾਇਮਰੀ ਸਕੂਲ ਕੁਰਾਲੀ ਵਿਖੇ ਇਕ ਸ਼ਾਨਦਾਰ ਸਮਾਗਮ ਕਰਵਾਇਆ ਗਿਆ। ਇਹ ਸਮਾਗਮ ਨਵੋਦਿਆ ਸਕੂਲਾਂ ਦੇ ਦਾਖਲੇ ਲਈ ਤਿਆਰੀ ਵਾਸਤੇ ਖੋਲ੍ਹੇ ਗਏ ਸੈਂਟਰਾਂ ਦੇ ਅਧਿਆਪਕਾਂ ਨੂੰ ਮਾਣ-ਭੱਤੇ ਦੇ ਚੈੱਕ ਤੇ ਸਨਮਾਨ ਦੇਣ ਲਈ ਵਿਸ਼ੇਸ਼ ਤੌਰ ਤੇ ਉਲੀਕਿਆ ਗਿਆ ਸੀ। ਇਸ ਸਮਾਗਮ ਵਿੱਚ ਸੰਸਥਾ ਵਲੋਂ ਪ੍ਰੋਜੈਕਟ ਇੰਚਾਰਜ ਪ੍ਰਿੰ. ਬਹਾਦਰ ਸਿੰਘ ਗੋਸਲ ਨੇ ਮੁੱਖ ਮਹਿਮਾਨ ਦੇ ਤੌਰ 'ਤੇ ਸ਼ਿਰਕਤ ਕੀਤੀ ਅਤੇ ਉਨ੍ਹਾਂ ਨਾਲ ਚੰਡੀਗੜ੍ਹ ਤੋਂ ਕੋਆਰਡੀਨੇਟਰ ਸੰਦੀਪ ਸਿੰਘ ਅਤੇ ਰੇਸ਼ਮ ਸਿੰਘ ਵੀ ਸ਼ਾਮਲ ਹੋਏ। ਉਨ੍ਹਾਂ ਦੱਸਿਆ ਕਿ ਸੰਸਥਾ ਹੁਣ ਤੱਕ 22 ਹਜ਼ਾਰ ਤੋਂ ਵੱਧ ਬੱਚਿਆਂ ਨੂੰ ਕੋਚਿੰਗ ਦੇ ਚੁੱਕੀ ਹੈ ਅਤੇ 1680 ਬੱਚੇ ਨਵੋਦਿਆਂ ਸਕੂਲਾਂ ਵਿੱਚ ਦਾਖਲ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਦੱਸਿਆ ਕਿ ਸੰਸਥਾ ਵਲੋਂ ਪੂਰੇ ਪੰਜਾਬ ਵਿੱਚ ਅਜਿਹੇ 125 ਮੁਫਤ ਕੋਚਿੰਗ ਸੈਂਟਰ ਬੱਚਿਆਂ ਦੀ ਭਲਾਈ ਲਈ ਕੰਮ ਕਰ ਰਹੇ ਹਨ। ਸਮਾਗਮ ਵਿੱਚ ਪ੍ਰਿੰ. ਬਹਾਦਰ ਸਿੰਘ ਗੋਸਲ ਵਲੋਂ ਸਕੂਲ ਅਧਿਆਪਕਾ ਸਿਮਰਨਜੀਤ ਕੌਰ ਨੂੰ ਵਿਸ਼ੇਸ਼ ਤੌਰ 'ਤੇ ਮਾਣ-ਭੱਤੇ ਦਾ ਚੈੱਕ, ਮਮੈਂਟੋ ਕਿਤਾਬਾਂ ਦਾ ਸੈੱਟ ਅਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ। ਇਸੇ ਤਰ੍ਹਾਂ ਮਾਪਿਆਂ ਤੇ ਅਧਿਆਪਕਾਂ ਦੀ ਹਾਜ਼ਰੀ ਵਿੱਚ ਨਵੋਦਿਆਂ ਸਕੂਲ ਲਈ ਚੁਣੇ ਗਏ 7 ਬੱਚਿਆਂ ਨੂੰ ਵੀ ਮੈਡਲ ਤੇ ਪੁਸਤਕਾਂ ਦੇ ਕੇ ਸਨਮਾਨਤ ਕੀਤਾ। ਸਕੂਲ ਦੀ ਸੈਂਟਰ ਹੈੱਡ ਟੀਚਰ ਰੁਬਲੀਨ ਕੌਰ ਤੇ ਹੈੱਡ ਟੀਚਰ ਰਵਿੰਦਰ ਸਿੰਘ ਨੂੰ ਵੀ ਮੋਮੈਂਟੋ ਅਤੇ ਪੁਸਤਕਾਂ ਦੇ ਕੇ ਸਨਮਾਨਿਤ ਕੀਤਾ। ਦੂਜੇ ਹਾਜ਼ਰ ਅਧਿਆਪਕ ਰਜਨ ਪਟਿਆਲ, ਅਮ੍ਰਿਤਾ ਸਿਡਾਨਾ, ਸ਼ਿਵਾਨੀ ਭਟੇਜਾ, ਮਨਪ੍ਰੀਤ ਕੌਰ, ਸੁਖਦੀਪ ਕੌਰ




ਅਤੇ ਸ਼ਿਵਾਨੀ ਨੂੰ ਵੀ ਪ੍ਰਿੰ. ਗੋਸਲ ਰਚਿਤ ਪੁਸਤਕਾਂ ਦੇ ਕੇ ਸਨਮਾਨਤ ਕੀਤਾ ਗਿਆ। ਬਹੁਤ ਸਾਰੇ ਬੱਚਿਆਂ ਅਤੇ ਉਨ੍ਹਾਂ ਦੇ ਮਾਪਿਆਂ ਸਮੇਤ ਪ੍ਰਸਿੱਧ ਪੱਤਰਕਾਰ ਰਾਮਲੋਕ ਸਿੰਘ ਬਿੱਲਾ, ਅਨੰਦ ਕੁਮਾਰ, ਮਾਵੀ ਕੁਮਾਰ, ਪਰਮਜੀਤ ਕੌਰ, ਗੁਰਸੀਰਤ ਕੌਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਨਵੇਂ ਸੈਸ਼ਨ ਲਈ ਬੱਚਿਆਂ ਨੂੰ ਮੁਫਤ ਕਿਤਾਬਾਂ ਵੀ ਦਿੱਤੀਆਂ ਗਈਆਂ। ਅੰਤ ਵਿੱਚ ਸਕੂਲ ਦੀ ਸੈਂਟਰ ਹੈੱਡ ਟੀਚਰ ਰੁਬਲੀਨ ਕੌਰ ਨੇ ਸੰਸਥਾ ਵਲੋਂ ਚਲਾਏ ਜਾ ਰਹੇ ਪ੍ਰੋਜੈਕਟਾਂ ਦੀ ਪ੍ਰਸ਼ੰਸਾ ਕਰਦੇ ਹੋਏ ਪ੍ਰਿੰ. ਬਹਾਦਰ ਸਿੰਘ ਗੋਸਲ, ਸੰਦੀਪ ਸਿੰਘ ਅਤੇ ਰੇਸ਼ਮ ਸਿੰਘ ਸਮੇਤ ਹਾਜ਼ਰ ਪਤਵੰਤਿਆਂ ਦਾ ਧੰਨਵਾਦ ਕੀਤਾ।

# ਵਿਸ਼ਵ ਆਬਾਦੀ ਦਿਵਸ 'ਤੇ ਵਿਸ਼ੇਸ਼ ਸਭਾ ਕਰਵਾਈ

**ਗੁਰਾਇਆ (ਬਿੰਦਰ ਸੁਮਨ)**

ਐੱਸ ਟੀ ਐੱਸ ਵਰਲਡ ਸਕੂਲ ਵਿੱਚ ਵਿਸ਼ਵ ਆਬਾਦੀ ਦਿਵਸ ਦੇ ਮੌਕੇ 'ਤੇ ਜਮਾਤ ਗਿਆਰਵੀਂ-ਸੀ ਦੇ ਵਿਦਿਆਰਥੀਆਂ ਵੱਲੋਂ ਰੀਨਾ ਵਾਲੀਆ ਦੀ ਯੋਗ ਅਗਵਾਈ ਹੇਠ ਇੱਕ ਪ੍ਰੇਰਨਾਦਾਇਕ ਅਤੇ ਗਿਆਨ ਵਧਾਊ ਵਿਸ਼ੇਸ਼ ਸਭਾ ਦਾ




ਆਯੋਜਨ ਕੀਤਾ ਗਿਆ। 'ਵਿਸ਼ਵ ਆਬਾਦੀ ਦਿਵਸ' ਵਿਸ਼ੇ ਨੂੰ ਸਮਰਪਿਤ ਇਸ ਸਭਾ ਦਾ ਉਦੇਸ਼ ਵੱਧ ਰਹੀ ਆਬਾਦੀ, ਟਿਕਾਊ ਵਿਕਾਸ, ਜ਼ਿੰਮੇਵਾਰ ਨਾਗਰਿਕਤਾ ਅਤੇ ਧਰਤੀ ਦੇ ਕੀਮਤੀ ਸਰੋਤਾਂ ਦੀ ਸੰਭਾਲ ਪ੍ਰਤੀ ਜਾਗਰੂਕਤਾ ਫੈਲਾਉਣਾ ਸੀ। ਗਿਆਨਵਰਧਕ ਵਿਸ਼ੇਸ਼ ਸਭਾ ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਵਿਦਿਆਰਥੀਆਂ ਨੇ ਵੱਖ-ਵੱਖ ਪੇਸ਼ਕਾਰੀਆਂ ਰਾਹੀਂ ਵੱਧ ਰਹੀ ਆਬਾਦੀ ਦੇ ਪ੍ਰਭਾਵ, ਟਿਕਾਊ ਵਿਕਾਸ ਦੀ ਲੋੜ, ਜ਼ਿੰਮੇਵਾਰ ਨਾਗਰਿਕਤਾ ਤੇ ਕੁਦਰਤੀ ਸਰੋਤਾਂ ਦੀ ਸੰਭਾਲ ਦਾ ਮਹੱਤਵ ਬਹੁਤ ਹੀ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ। ਸਭਾ ਦੀ ਸ਼ੁਰੂਆਤ ਅਵਨੀਤ ਅਤੇ ਵਿਸ਼ਾਲੀ ਵੱਲੋਂ ਬੇਹੱਦ ਆਤਮਵਿਸ਼ਵਾਸ ਤੇ ਸੁਚੱਜੇ ਅੰਦਾਜ਼ ਵਿੱਚ ਮੰਚ ਸੰਚਾਲਨ ਨਾਲ ਕੀਤੀ ਗਈ। ਉਨ੍ਹਾਂ ਦੇ ਪ੍ਰਭਾਵਸ਼ਾਲੀ ਸੰਚਾਲਨ ਨੇ ਸਮੁੱਚੇ ਪ੍ਰੋਗਰਾਮ ਨੂੰ ਸੁਚਾਰੂ ਅਤੇ ਰੌਚਕ ਬਣਾਈ ਰੱਖਿਆ। ਚੇਤਨਾ ਨੇ 'ਆਪਣਾ ਵਿਚਾਰ' ਪੇਸ਼ ਕਰਦਿਆਂ ਸਾਰਿਆਂ ਨੂੰ ਜ਼ਿੰਮੇਵਾਰ ਨਾਗਰਿਕ ਬਣਨ, ਸੂਝ-ਬੂਝ ਨਾਲ ਫ਼ੈਸਲੇ ਲੈਣ ਅਤੇ ਸਮਾਜ ਪ੍ਰਤੀ ਆਪਣੀਆਂ ਜ਼ਿੰਮੇਵਾਰੀਆਂ ਨਿਭਾਉਣ ਲਈ ਪ੍ਰੇਰਿਤ ਕੀਤਾ। ਸਿਮਰਪ੍ਰੀਤ ਨੇ 'ਅੱਜ ਦਾ ਸ਼ਬਦ' ਪੇਸ਼ ਕਰਕੇ ਵਿਦਿਆਰਥੀਆਂ ਦੇ ਸ਼ਬਦ-ਭੰਡਾਰ ਵਿੱਚ ਵਾਧਾ ਕੀਤਾ, ਜਦਕਿ ਖੁਸ਼ਪ੍ਰੀਤ ਨੇ ਦੇਸ਼-ਵਿਦੇਸ਼ ਦੀਆਂ ਮਹੱਤਵਪੂਰਨ ਖ਼ਬਰਾਂ ਸਾਂਝੀਆਂ ਕਰਦਿਆਂ ਵਿਦਿਆਰਥੀਆਂ ਨੂੰ ਸਮਕਾਲੀ ਘਟਨਾਵਾਂ ਨਾਲ ਜੋੜਿਆ।ਸਭਾ ਨੂੰ ਹੋਰ ਵੀ ਰੁਚਿਕਰ ਬਣਾਉਂਦਿਆਂ ਅਵਨੀਤ ਅਤੇ ਵਿਸ਼ਾਲੀ ਨੇ ਵਿਸ਼ੇ ਨਾਲ ਸੰਬੰਧਿਤ ਇੱਕ ਗਿਆਨਵਰਧਕ ਪ੍ਰਸ਼ਨੋਤਰੀ ਕਰਵਾਈ, ਜਿਸ ਵਿੱਚ ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ ਅਤੇ ਆਪਣੇ ਗਿਆਨ ਦਾ ਪ੍ਰਦਰਸ਼ਨ ਕੀਤਾ।ਸਭਾ ਦਾ ਮੁੱਖ ਆਕਰਸ਼ਣ ਅਵਨੀਤ, ਇਸ਼ਮੀਤ, ਸਿਮਰ, ਵਿਸ਼ਾਲੀ, ਰੂਹਾਨੀ, ਖੁਸ਼ਪ੍ਰੀਤ, ਮਨਵੀਰ, ਚੇਤਨਾ, ਹਰਮਨ, ਰੋਹਨ ਅਤੇ ਮਹਿਤਾਬ ਵੱਲੋਂ ਪੇਸ਼ ਕੀਤਾ ਗਿਆ ਇੱਕ ਪ੍ਰਭਾਵਸ਼ਾਲੀ ਨਾਟਕ ਸੀ।

# ਜ਼ਿਲ੍ਹਾ ਮੈਜਿਸਟਰੇਟ ਵੱਲੋਂ ਆਵਾਜ਼ ਪ੍ਰਦੂਸ਼ਨ ਦੀ ਰੋਕਥਾਮ ਲਈ ਹੁਕਮ ਜਾਰੀ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**

ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵਲੋਂ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਪ੍ਰਾਪਤ ਅਧਿਕਾਰਾਂ ਤਹਿਤ ਜਾਰੀ ਹੁਕਮ ਅਨੁਸਾਰ ਜ਼ਿਲ੍ਹੇ ਵਿਚ ਕੋਈ ਵੀ ਆਵਾਜ਼ੀ ਪ੍ਰਦੂਸ਼ਣ/ਜ਼ਿਆਦਾ ਸ਼ੋਰ ਕਰਨ ਵਾਲੇ ਯੰਤਰਾਂ, ਸੰਗੀਤ ਵਾਲੇ ਅਤੇ ਕਿਸੇ ਤਰ੍ਹਾਂ ਦੇ ਆਵਾਜ਼ੀ ਪ੍ਰਦੂਸ਼ਣ, ਸ਼ੋਰ, ਧਮਕ ਪੈਦਾ ਕਰਨ ਕਰਨ 'ਤੇ ਪਾਬੰਦੀ ਰਹੇਗੀ।ਇਹ ਪਾਬੰਦੀ ਕੇਵਲ ਰੰਗ ਪੈਦਾ ਕਰਨ ਵਾਲੇ ਪਟਾਖਿਆਂ ਅਤੇ ਫੁਲਝੜੀਆਂ 'ਤੇ ਲਾਗੂ ਨਹੀਂ ਹੋਵੇਗੀ। ਇਸੇ ਤਰ੍ਹਾਂ ਗੱਡੀਆਂ ਆਦਿ ਵਿੱਚ ਕਿਸੇ ਤਰ੍ਹਾਂ ਦੇ ਪ੍ਰੈਸ਼ਰ ਹਾਰਨ, ਵੱਖ-ਵੱਖ ਸੰਗੀਤ ਵਾਲੇ ਅਤੇ ਕਿਸੇ ਤਰ੍ਹਾਂ ਦਾ ਆਵਾਜ਼ੀ ਪ੍ਰਦੂਸ਼ਣ, ਸ਼ੋਰ, ਧਮਕ, ਜ਼ਿਆਦਾ ਆਵਾਜ਼ ਪੈਦਾ ਕਰਨ ਵਾਲੇ ਹਾਰਨ ਨੂੰ ਵਜਾਉਣ 'ਤੇ ਵੀ ਪੂਰਨ ਤੌਰ 'ਤੇ ਪਾਬੰਦੀ ਹੋਵੇਗੀ। ਸਿਰਫ ਸਰਕਾਰ ਵਲੋਂ ਨਿਰਧਾਰਤ ਕੀਤੇ ਗਏ ਹਾਰਨ ਜੋ ਆਵਾਜ਼ੀ ਪ੍ਰਦੂਸ਼ਣ ਤੋਂ ਰਹਿਤ ਹੋਣ, ਹੀ ਨਿਰਧਾਰਤ ਆਵਾਜ਼ ਵਿਚ ਵਜਾਏ ਜਾ ਸਕਦੇ ਹਨ।ਇਸ ਤੋਂ ਇਲਾਵਾ ਕਿਸੇ ਵੀ ਗੈਰ ਸਰਕਾਰੀ ਇਮਾਰਤਾਂ, ਵਪਾਰਕ ਦੁਕਾਨਾਂ, ਜਨਤਕ ਥਾਵਾਂ, ਸਿਨੇਮਿਆਂ, ਮਾਲਜ਼, ਹੋਟਲ ਰੈਸਟੋਰੈਂਟ ਅਤੇ ਮੇਲਿਆਂ ਆਦਿ ਵਿਚ ਉੱਚੀ ਆਵਾਜ਼ ਅਤੇ ਧਮਕ ਪੈਦਾ ਕਰਨ ਵਾਲੇ ਮਿਊਜ਼ਿਕ ਅਤੇ ਅਸ਼ਲੀਲ ਗੀਤ ਚਲਾਏ ਜਾਣ 'ਤੇ ਪੂਰਨ ਤੌਰ 'ਤੇ ਪਾਬੰਦੀ ਹੈ। ਸਾਇਲੈਂਸ ਜ਼ੋਨ ਜਿਵੇਂ ਕਿ ਮੰਤਰਾਲਾ, ਜੰਗਲਾਤ, ਹਸਪਤਾਲਾਂ, ਵਿਦਿਅਕ ਸੰਸਥਾਵਾਂ, ਅਦਾਲਤਾਂ, ਧਾਰਮਿਕ ਸੰਸਥਾਵਾਂ ਜਾਂ ਕੋਈ ਇਲਾਕਾ ਜਿਹੜਾ ਕਿ ਸਮਰੱਥ ਅਧਿਕਾਰੀ ਵਲੋਂ ਸਾਇਲੈਂਸ ਜ਼ੋਨ ਐਲਾਨਿਆ ਗਿਆ ਹੋਵੇ, ਦੇ 100 ਮੀਟਰ ਦੇ ਘੇਰੇ ਅੰਦਰ ਆਤਿਸ਼ਬਾਜ਼ੀ/ਪਟਾਖਿਆਂ/ਲਾਊਡ ਸਪੀਕਰਾਂ/ਪ੍ਰੈਸ਼ਰ ਹਾਰਨਾਂ ਅਤੇ ਸ਼ੋਰ ਪੈਦਾ ਕਰਨ ਵਾਲੇ ਯੰਤਰਾਂ ਦੇ ਚਲਾਉਣ/ਲਗਾਉਣ 'ਤੇ ਪੂਰਨ ਪਾਬੰਦੀ ਹੋਵੇਗੀ। ਇਸੇ ਤਰ੍ਹਾਂ ਖਾਸ ਹਾਲਤਾਂ ਅਤੇ ਮੌਕਿਆਂ ਸਮੇਂ ਪ੍ਰਬੰਧਕ, ਧਾਰਮਿਕ ਸਥਾਨਾਂ/ਪੰਡਾਲਾਂ ਵਿਚ ਲਾਊਡ ਸਪੀਕਰ ਅਤੇ ਅਧਿਕਾਰਤ ਮੈਰਿਜ ਪੈਲਸਾਂ ਵਿਚ ਡੀ ਜੇ/ਆਰਕੈਸਟਰਾ, ਸਬੰਧਤ ਉਪ ਮੰਡਲ ਮੈਜਿਸਟਰੇਟ ਪਾਸੋਂ ਪੰਜਾਬ ਇੰਸਟਰੂਮੈਂਟਸ (ਕੰਟਰੋਲ ਆਫ ਨੋਆਇਸ) ਐਕਟ 1956 ਵਿਚ ਦਰਜ ਸ਼ਰਤਾਂ ਸਹਿਤ ਲਿਖਤੀ ਪ੍ਰਵਾਨਗੀ ਤੋਂ ਬਿਨਾਂ ਨਹੀਂ ਚਲਾਉਣਗੇ।ਇਹ ਹੁਕਮ 7 ਸਤੰਬਰ 2026 ਤੱਕ ਲਾਗੂ ਰਹੇਗਾ।



# ਸਿੱਖਿਅਕ ਪ੍ਰੋਗਰਾਮਾਂ ਨਾਲ ਸੰਬੰਧਤ ਕੰਮਾਂ 'ਚ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ : ਹਰਜਿੰਦਰ ਕੌਰ

**ਹੁਸ਼ਿਆਰਪੁਰ (ਓ ਪੀ ਰਾਣਾ)**

ਸਿੱਖਿਆ ਵਿਭਾਗ ਵੱਲੋਂ ਨਿਰਧਾਰਤ ਟੀਚਿਆਂ ਅਤੇ ਯੋਜਨਾਵਾਂ ਨੂੰ ਸਮੇਂ ਸਿਰ ਪੂਰਾ ਕਰਨ ਦੇ ਉਦੇਸ਼ ਨਾਲ ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ ਸਿੱਖਿਆ ਅਤੇ ਐਲੀਮੈਂਟਰੀ ਸਿੱਖਿਆ) ਹੁਸ਼ਿਆਰਪੁਰ ਹਰਜਿੰਦਰ ਕੌਰ ਨੇ ਜ਼ਿਲ੍ਹੇ ਦੇ ਸਮੂਹ ਬਲਾਕ ਨੋਡਲ ਅਧਿਕਾਰੀਆਂ ਅਤੇ ਵੱਖ-ਵੱਖ ਕੰਪੋਨੈਂਟ ਇੰਚਾਰਜਾਂ ਨਾਲ ਇੱਕ ਵਿਸ਼ੇਸ਼ ਸਮੀਖਿਆ ਮੀਟਿੰਗ ਕੀਤੀ। ਮੀਟਿੰਗ ਦੌਰਾਨ ਵਿਭਾਗੀ ਕੰਮਾਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ ਅਤੇ ਸਾਰੇ ਅਧਿਕਾਰੀਆਂ ਨੂੰ ਵਿਭਾਗੀ ਹਦਾਇਤਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਉਣ ਲਈ ਕਿਹਾ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਹਰਜਿੰਦਰ ਕੌਰ ਨੇ ਕਿਹਾ ਕਿ ਸਿੱਖਿਆ ਵਿਭਾਗ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਅਤੇ ਸਿੱਖਿਆ ਦੀ ਗੁਣਵੱਤਾ ਵਿੱਚ ਸੁਧਾਰ ਲਈ ਲਗਾਤਾਰ ਨਵੀਆਂ ਯੋਜਨਾਵਾਂ ਲਾਗੂ ਕਰ ਰਿਹਾ ਹੈ। ਇਨ੍ਹਾਂ ਯੋਜਨਾਵਾਂ ਦਾ ਅਸਲ ਲਾਭ ਉਸ ਵੇਲੇ ਹੀ ਵਿਦਿਆਰਥੀਆਂ ਤੱਕ ਪਹੁੰਚ ਸਕਦਾ ਹੈ ਜਦੋਂ ਮੈਦਾਨੀ ਪੱਧਰ 'ਤੇ ਤਾਇਨਾਤ ਅਧਿਕਾਰੀ ਅਤੇ ਕਰਮਚਾਰੀ ਪੂਰੀ ਜ਼ਿੰਮੇਵਾਰੀ ਅਤੇ ਇਮਾਨਦਾਰੀ ਨਾਲ ਆਪਣੇ ਫਰਜ਼ ਨਿਭਾਉਣ। ਉਨ੍ਹਾਂ ਖ਼ਾਸ ਤੌਰ 'ਤੇ ਮਿਸ਼ਨ ਸਮਰੱਥ ਤਹਿਤ ਵੰਡੇ ਗਏ ਅਧਿਐਨ ਸਮੱਗਰੀ ਦੀ ਪ੍ਰਭਾਵਸ਼ਾਲੀ ਵਰਤੋਂ 'ਤੇ ਜ਼ੋਰ ਦਿੰਦਿਆਂ ਹਦਾਇਤ ਕੀਤੀ ਕਿ ਸਾਰੇ ਸਕੂਲਾਂ ਵਿੱਚ ਵਿਦਿਆਰਥੀਆਂ ਨੂੰ ਇਸ ਸਮੱਗਰੀ ਦੀ ਨਿਯਮਿਤ ਵਰਤੋਂ ਕਰਵਾਈ ਜਾਵੇ, ਤਾਂ ਜੋ ਉਨ੍ਹਾਂ ਦੀ ਸਿੱਖਣ ਸਮਰੱਥਾ ਅਤੇ ਅਕਾਦਮਿਕ ਪ੍ਰਾਪਤੀਆਂ ਵਿੱਚ ਉਮੀਦ ਅਨੁਸਾਰ ਸੁਧਾਰ ਲਿਆਂਦਾ ਜਾ ਸਕੇ। ਜ਼ਿਲ੍ਹਾ ਸਿੱਖਿਆ ਅਫ਼ਸਰ ਨੇ ਕਿਹਾ ਕਿ ਵਿਭਾਗ ਦੀਆਂ ਵੱਖ-ਵੱਖ ਯੋਜਨਾਵਾਂ, ਪੋਰਟਲਾਂ ਅਤੇ ਸਿੱਖਿਅਕ ਪ੍ਰੋਗਰਾਮਾਂ ਨਾਲ ਸੰਬੰਧਤ ਕੰਮਾਂ ਵਿੱਚ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਨ੍ਹਾਂ ਸਾਰੇ ਬਲਾਕ ਨੋਡਲ ਅਧਿਕਾਰੀਆਂ ਨੂੰ ਆਪਣੇ-ਆਪਣੇ ਖੇਤਰ ਦੇ ਸਕੂਲਾਂ ਦੀ ਨਿਯਮਿਤ ਨਿਗਰਾਨੀ ਕਰਨ ਅਤੇ ਵਿਭਾਗੀ ਹੁਕਮਾਂ ਦੀ ਸੌ ਫ਼ੀਸਦੀ ਪਾਲਣਾ ਯਕੀਨੀ ਬਣਾਉਣ ਲਈ ਕਿਹਾ। ਇਸ ਮੌਕੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਅਮਨਦੀਪ ਸ਼ਰਮਾ ਨੇ ਕਿਹਾ ਕਿ ਬਲਾਕ ਪੱਧਰ 'ਤੇ ਨਿਯੁਕਤ ਕਰਮਚਾਰੀ ਅਤੇ ਨੋਡਲ ਅਧਿਕਾਰੀ ਵਿਭਾਗ ਅਤੇ ਸਕੂਲਾਂ ਵਿਚਕਾਰ ਇੱਕ ਮਹੱਤਵਪੂਰਨ ਕੜੀ ਹਨ। ਉਨ੍ਹਾਂ ਦੱਸਿਆ ਕਿ ਵਿਭਾਗ ਦੇ ਉੱਚ ਅਧਿਕਾਰੀਆਂ ਵੱਲੋਂ ਸਮੇਂ-ਸਮੇਂ 'ਤੇ ਨਿਰੀਖਣ ਗਤੀਵਿਧੀਆਂ ਤੇਜ਼ ਕੀਤੀਆਂ ਜਾ ਰਹੀਆਂ ਹਨ, ਇਸ ਲਈ ਸਾਰੇ ਸਕੂਲਾਂ ਅਤੇ ਦਫ਼ਤਰਾਂ ਦਾ ਰਿਕਾਰਡ ਅਪਡੇਟ ਅਤੇ ਮੁਕੰਮਲ ਰੂਪ ਵਿੱਚ ਤਿਆਰ ਰੱਖਿਆ ਜਾਵੇ।ਮੀਟਿੰਗ ਦੌਰਾਨ ਵੱਖ-ਵੱਖ ਵਿਭਾਗੀ ਯੋਜਨਾਵਾਂ ਦੀ ਪ੍ਰਗਤੀ, ਸਕੂਲ ਰਿਕਾਰਡ, ਸਿੱਖਿਅਕ ਗਤੀਵਿਧੀਆਂ ਅਤੇ ਪ੍ਰਸ਼ਾਸਨਿਕ ਕੰਮਾਂ ਦੀ ਸਮੀਖਿਆ ਵੀ ਕੀਤੀ ਗਈ। ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਰਜਨੀਸ਼ ਕੁਮਾਰ ਗੁਲਿਆਨੀ, ਸਹਾਇਕ ਕੋਆਰਡੀਨੇਟਰ ਅਮਿਤ ਕੁਮਾਰ, ਰਮਸਾ ਸਟਾਫ਼ ਅਤੇ ਜ਼ਿਲ੍ਹੇ ਦੇ ਸਮੂਹ ਬਲਾਕ ਨੋਡਲ ਅਧਿਕਾਰੀ ਅਤੇ ਕੰਪੋਨੈਂਟ ਇੰਚਾਰਜ ਹਾਜ਼ਰ ਸਨ।

